31-OCT-PAGE-1.qxd 10/30/2025 10:22 PM Page 1

ਸ਼ੁੱਕਰਵਾਰ, 31 ਅਕਤੂਬਰ, 2025
15 ਕੱਤਕ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 150

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 31 OCTOBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਚੀਨ 'ਤੇ 10 ਫੀਸਦੀ ਟੈਰਿਫ ਘਟਾਵਾਂਗੇ : ਟਰੰਪ

### ਸ਼ੀ ਜਿਨ ਨਾਲ ਮੀਟਿੰਗ ਤੋਂ ਬਾਅਦ ਕੀਤਾ ਐਲਾਨ



**ਬੁਸਾਨ (ਦੱਖਣੀ ਕੋਰੀਆ)**

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੀਰਵਾਰ ਨੂੰ ਦੱਖਣੀ ਕੋਰੀਆ ਦੇ ਏਅਰ ਬੇਸ 'ਤੇ ਚੀਨ ਦੇ ਆਪਣੇ ਹਮਰੁਤਬਾ ਸ਼ੀ ਜਿਨਪਿੰਗ ਨੂੰ ਮਿਲੇ। ਇਕ ਘੰਟਾ ਤੇ 40 ਮਿੰਟ ਦੇ ਕਰੀਬ ਚੱਲੀ ਇਸ ਬੈਠਕ ਮਗਰੋਂ ਟਰੰਪ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੇ ਟੈਰਿਫਾਂ ਵਿਚ ਕਟੌਤੀ ਲਈ ਚੀਨ ਨਾਲ ਇੱਕ ਸਮਝੌਤਾ ਕੀਤਾ ਹੈ।

ਅਮਰੀਕੀ ਸਦਰ ਨੇ ਕਿਹਾ ਕਿ ਇਸ ਦੇ ਬਦਲੇ ਵਿੱਚ ਪੇਈਚਿੰਗ ਅਮਰੀਕੀ ਸੋਇਆਬੀਨ ਦੀ ਖਰੀਦਦਾਰੀ ਮੁੜ ਸ਼ੁਰੂ ਕਰੇਗਾ, ਦੁਰਲੱਭ ਧਰਤੀ ਖਣਿਜਾਂ ਦੀ ਬਰਾਮਦ ਨੂੰ ਜਾਰੀ ਰੱਖੇਗਾ ਅਤੇ ਫੈਂਟਾਨਿਲ ਦੇ ਗੈਰਕਾਨੂੰਨੀ ਵਪਾਰ ਖਿਲਾਫ਼ ਕਾਰਵਾਈ ਕਰੇਗਾ। ਸੂਤਰਾਂ ਮੁਤਾਬਕ ਸਮਝੌਤੇ ਤਹਿਤ ਚੀਨੀ ਦਰਾਮਦਾਂ 'ਤੇ ਲੱਗਦੇ 57 ਫੀਸਦ ਟੈਰਿਫ ਵਿਚ ਦਸ ਫੀਸਦ ਦੀ ਕਟੌਤੀ ਕੀਤੀ ਜਾਵੇਗੀ। ਦੋਵਾਂ ਆਗੂਆਂ ਦਰਮਿਆਨ ਬੈਠਕ ਦੌਰਾਨ ਟੈਰਿਫ਼, ਕੰਪਿਊਟਰ ਚਿੱਪ, ਦੁਰਲੱਭ ਧਰਤੀ ਖਣਿਜਾਂ ਤੇ ਟਕਰਾਅ ਵਾਲੇ ਹੋਰਨਾਂ ਮੁੱਦਿਆਂ 'ਤੇ ਚਰਚਾ ਕੀਤੀ। ਸ਼ੀ ਨਾਲ ਮੁਲਾਕਾਤ ਮਗਰੋਂ ਟਰੰਪ ਵਾਸ਼ਿੰਗਟਨ ਲਈ ਰਵਾਨਾ ਹੋ ਗਏ। ਸਾਲ 2019 ਮਗਰੋਂ ਟਰੰਪ ਤੇ ਸ਼ੀ ਦੀ ਇਹ ਪਹਿਲੀ ਆਹਮੋ ਸਾਹਮਣੀ ਮੀਟਿੰਗ ਹੈ। ਏਸ਼ੀਆ-ਪ੍ਰਸ਼ਾਂਤ ਆਰਥਿਕ ਸਹਿਯੋਗ (ਏਪੇਕ) ਸੰਮੇਲਨ ਤੋਂ ਇਕ ਪਾਸੇ ਹੋਈ ਇਹ ਮੀਟਿੰਗ ਦੋ ਘੰਟੇ (ਇਕ ਘੰਟਾ ਤੇ 40 ਮਿੰਟ) ਦੇ ਕਰੀਬ ਚੱਲੀ। ਟਰੰਪ ਨੇ ਹੱਥ ਮਿਲਾਇਆ ਅਤੇ ਸ਼ੀ ਨੂੰ ਆਪਣੀ ਕਾਰ ਤੱਕ ਲੈ ਗਏ। ਅਮਰੀਕੀ ਰਾਸ਼ਟਰਪਤੀ ਨੂੰ ਹਵਾਈ ਅੱਡੇ 'ਤੇ ਰੈੱਡ ਕਾਰਪੈਟ ਵਿਛਾ ਕੇ ਵਿਦਾਇਗੀ ਦਿੱਤੀ ਗਈ। ਬੈਠਕ ਤੋਂ ਪਹਿਲਾਂ ਟਰੰਪ ਨੇ ਸ਼ੀ ਨਾਲ ਹੱਥ ਮਿਲਾਉਂਦੇ ਹੋਏ ਕਿਹਾ, "ਸਾਡੀ ਇਹ ਮੁਲਾਕਾਤ ਬਹੁਤ ਸਫ਼ਲ ਹੋਣ ਜਾ ਰਹੀ ਹੈ, ਤੇ ਮੈਨੂੰ ਇਸ ਵਿਚ ਕੋਈ ਸ਼ੱਕ ਨਹੀਂ ਹੈ। ਪਰ ਉਹ (ਸ਼ੀ) ਇੱਕ ਬਹੁਤ ਹੀ ਸਖ਼ਤ ਵਾਰਤਾਕਾਰ ਹਨ।" ਦੋਵੇਂ ਆਗੂ ਜਦੋਂ ਗੱਲਬਾਤ ਸ਼ੁਰੂ ਕਰਨ ਲਈ ਆਪਣੇ ਵਫ਼ਦਾਂ ਨਾਲ ਬੈਠੇ, ਤਾਂ ਸ਼ੀ ਨੇ ਇੱਕ ਅਨੁਵਾਦਕ ਰਾਹੀਂ ਟਰੰਪ ਨੂੰ ਦੱਸਿਆ ਕਿ ਦੁਨੀਆ ਦੇ ਦੋ ਪ੍ਰਮੁੱਖ ਅਰਥਚਾਰਿਆਂ ਵਿੱਚ ਕਦੇ-ਕਦੇ ਟਕਰਾਅ ਹੋਣਾ ਸੁਭਾਵਕ ਤੇ ਆਮ ਗੱਲ ਹੈ। ਚੀਨੀ ਸਦਰ ਨੇ ਕਿਹਾ, "ਕੁਝ ਦਿਨ ਪਹਿਲਾਂ... ਸਾਡੀਆਂ ਦੋ ਆਰਥਿਕ ਅਤੇ ਵਪਾਰਕ ਟੀਮਾਂ ਆਪਣੀਆਂ ਮੁੱਖ ਚਿੰਤਾਵਾਂ ਨੂੰ ਹੱਲ ਕਰਨ ਬਾਰੇ ਬੁਨਿਆਦੀ ਸਹਿਮਤੀ 'ਤੇ ਪਹੁੰਚੀਆਂ। ਇਹ ਮੀਟਿੰਗ ਉਤਸ਼ਾਹਜਨਕ ਰਹੀ... ਮੈਂ ਚੀਨ-ਅਮਰੀਕਾ ਸੰਬੰਧਾਂ ਲਈ ਇੱਕ ਠੋਸ ਨੀਂਹ ਤਿਆਰ ਕਰਨ ਵਾਸਤੇ ਤੁਹਾਡੇ ਨਾਲ ਕੰਮ ਕਰਨਾ ਜਾਰੀ ਰੱਖਣ ਲਈ ਤਿਆਰ ਹਾਂ।"

## ਚਿੱਤਰਕਲਾ, ਫੋਟੋ ਕਲਾ ਤੇ ਪੁਸਤਕ ਪ੍ਰਦਰਸ਼ਨੀ ਨਾਲ ਮੇਲੇ ਦਾ ਆਗਾਜ਼

### ਪਾਬੰਦੀਸ਼ੁਦਾ ਕਿਤਾਬਾਂ ਤੇ ਪੁਸਤਕ ਸੱਭਿਆਚਾਰ 'ਤੇ ਚਰਚਾ





**ਜਲੰਧਰ (ਕੇਸਰ, ਰਾਜੇਸ਼ ਥਾਪਾ)**

ਗ਼ਦਰੀ ਗੁਲਾਬ, ਬੀਬੀ ਗੁਲਾਬ ਕੌਰ ਨੂੰ ਸਮਰਪਤ 34ਵਾਂ ਤਿੰਨ ਰੋਜ਼ਾ ਮੇਲਾ ਗ਼ਦਰੀ ਬਾਬਿਆਂ ਦਾ ਵੀਰਵਾਰ ਪਿਛਲੇ ਸਾਰੇ ਮੇਲਿਆਂ ਤੋਂ ਵੀ ਲੰਮੀ ਅਤੇ ਉਚੇਰੀ ਪੁਲਾਂਘ ਭਰਦਾ ਹੋਇਆ ਜੋਸ਼ੋ-ਖ਼ਰੋਸ਼ ਨਾਲ ਸ਼ੁਰੂ ਹੋਇਆ।

ਅੱਜ ਚਿੱਤਰਕਲਾ ਅਤੇ ਫੋਟੋ ਕਲਾ ਪ੍ਰਦਰਸ਼ਨੀ ਦਾ ਉਦਘਾਟਨ ਕਰਨ ਦੀ ਰਸਮ ਪ੍ਰਮੁੱਖ ਤੌਰ 'ਤੇ ਪ੍ਰਦਰਸ਼ਨੀ ਲਾਉਣ ਵਾਲੇ ਕਲਾਕਾਰ ਸਾਥੀਆਂ ਇੰਦਰਜੀਤ ਸਿੰਘ ਆਰਟਿਸਟ ਜਲੰਧਰ, ਮੰਜ਼ਿਲ ਯਰਫ਼, ਗੁਰਦੀਸ਼ ਪੰਨੂ, ਗੁਰਪ੍ਰੀਤ ਸਿੰਘ ਬਠਿੰਡਾ, ਰਵਿੰਦਰ ਰਵੀ ਲੁਧਿਆਣਾ, ਗੀਤ ਆਰਟ, ਵਰੁਣ ਟੰਡਨ, ਇੰਦਰਜੀਤ ਸਿੰਘ ਮਾਨਸਾ, ਕੰਵਰਦੀਪ ਸਿੰਘ ਥਿੰਦ, ਸੁਖਵਿੰਦਰ ਸਿੰਘ, ਮਨਜੀਤ ਕੌਰ, ਸੋਹਣ ਲਾਲ, ਪਾਰਸ, ਕੁਲਜੀਤ ਹੀਰ, ਧਰਮਿੰਦਰ ਮੁਕੇਰੀਆਂ, ਡਾ. ਸੈਲੇਸ਼ ਦੇ ਵਿਸ਼ੇਸ਼ ਉੱਦਮ ਨਾਲ ਫ਼ਲਸਤੀਨ ਦੇ ਨਸਲਘਾਤ ਅਤੇ ਲਾਮਿਸਾਲ ਸੰਗਰਾਮ ਬਾਰੇ ਵਿਸ਼ੇਸ਼ ਪ੍ਰਦਰਸ਼ਨੀ ਲਾਉਣ ਵਾਲਿਆਂ ਨੇ ਅਦਾ ਕੀਤੀ।

ਸਮੂਹ ਕਲਾਕਾਰਾਂ ਨੇ ਭਰੋਸਾ ਦੁਆਇਆ ਕਿ ਉਹ ਆਪਣੀਆਂ ਕਲਾ-ਕ੍ਰਿਤਾਂ ਰਾਹੀਂ ਗ਼ਦਰ ਲਹਿਰ ਦੇ ਇਤਿਹਾਸ, ਵਿਰਾਸਤ ਅਤੇ ਸਾਡੇ ਸਮਿਆਂ ਅੰਦਰ ਇਹਨਾਂ ਦੀ ਪ੍ਰਸੰਗਿਕਤਾ ਅਤੇ ਮਹੱਤਵ ਵਾਲੇ ਸਰੋਕਾਰਾਂ ਨਾਲ ਚਾਨਣ ਵੰਡਦੇ ਰਹਿਣਗੇ।

ਸਮੂਹ ਕਲਾਕਾਰਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਖ਼ਮ, ਸੰਵੇਦਨਸ਼ੀਲ ਮਨੁੱਖੀ ਮਨ ਦੀਆਂ ਪਰਤਾਂ ਨੂੰ ਛੂੰਹਦੀਆਂ ਕਲਾ ਕਿਰਤਾਂ ਨੂੰ ਸਦਾ ਪਹਿਲ ਦਿਆਂਗੇ ਅਤੇ ਹਾਸ਼ੀਏ ਤੋਂ ਪਾਰ ਧੱਕੇ ਜਾ ਰਹੇ ਕਿਰਤੀ ਵਰਗ ਦੀ ਪੀੜ ਅਤੇ ਆਵਾਜ਼ ਸਾਡੀਆਂ ਕਲਾ ਕ੍ਰਿਤਾਂ ਦਾ ਆਧਾਰ ਬਣੇਗੀ।

ਇਸ ਉਪਰੰਤ ਇੰਗਲੈਂਡ ਤੋਂ ਆਏ ਸਾਥੀਆਂ ਕੁਲਬੀਰ ਸੰਘੇੜਾ, ਤਾਰੀ ਅਟਵਾਲ, ਸ਼ੀਰਾ ਜੌਹਲ, ਸੁਰਿੰਦਰਪਾਲ ਵਿਰਦੀ, ਲਵਕੇਸ਼ ਪਰਾਸ਼ਰ, ਭਗਵੰਤ ਸਿੰਘ, ਬਲਬੀਰ ਕੌਰ, ਅੰਬਰ, ਸੁਰਿੰਦਰ ਕੌਰ, ਕੁਲਵੰਤ ਸਿੰਘ ਕਮਲ, ਹਰਪਿੰਦਰ ਸਿੰਘ, ਜਸਵਿੰਦਰ ਕੌਰ, ਜਗਰੂਪ ਸਿੰਘ, ਤਜਿੰਦਰ ਕੌਰ, ਭਾਰਤ ਭੂਸ਼ਣ, ਹਰਜੀਤ ਸਿੰਘ ਕਾਹਮਾ, ਚਰਨਜੀਵ ਕੌਰ, ਕੈਪਟਨ ਨਯੀਅਰ, ਲੱਖਾ ਸਿੰਘ, ਰਾਜਿੰਦਰ ਦੁੱਲੇ, ਬਲਜੀਤ ਕੌਰ, ਜਸਵੀਰ ਕੌਰ, ਕੁਲਦੀਪ ਕੌਰ ਸਮੇਤ ਵੱਡੀ ਗਿਣਤੀ 'ਚ ਆਏ ਗ਼ਦਰ ਲਹਿਰ ਦੇ ਵਾਰਸਾਂ ਨਾਲ ਰੂਬਰੂ ਹੋਇਆ ਅਤੇ ਇਸ ਅਮੁੱਲੇ ਵਿਚਾਰਾਂ ਦੇ ਆਦਾਨ-ਪ੍ਰਦਾਨ ਦਾ ਅਗਲੇ ਮੇਲਿਆਂ ਉਪਰ ਚੜ੍ਹਿਆ ਗੂਹੜਾ ਰੰਗ ਦਿਖਾਈ ਦੇਵੇਗਾ।

ਮੇਲੇ ਦੇ ਪਹਿਲੇ ਦਿਨ ਅਗਲਾ ਸੈਸ਼ਨ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਰਵਿੰਦਰ ਭੰਡਾਲ ਦੀ ਮੰਚ ਸੰਚਾਲਨ 'ਚ ਹੋਇਆ, 'ਪੁਸਤਕ ਸੱਭਿਆਚਾਰ ਦੀ ਸ਼ਾਮ; ਪਾਬੰਦੀਸ਼ੁਦਾ ਪੁਸਤਕਾਂ ਦੇ ਨਾਂਅ।' ਇਸ ਸੈਸ਼ਨ ਦੇ ਸੰਚਾਲਕ ਹਰਵਿੰਦਰ ਭੰਡਾਲ ਨੇ ਇਸ ਸੈਸ਼ਨ ਦੀ ਮਹੱਤਤਾ ਉਪਰ ਰੌਸ਼ਨੀ ਪਾਈ। ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਸਭ ਨੂੰ ਜੀ ਆਇਆਂ

• ਬਾਕੀ ਸਫਾ 2 'ਤੇ

## ਕੈਨੇਡਾ 'ਚ ਕਾਰ 'ਤੇ ਪਿਸ਼ਾਬ ਕਰਨ ਤੋਂ ਰੋਕਣ 'ਤੇ ਹੋਈ ਪੰਜਾਬੀ ਕਾਰੋਬਾਰੀ ਦੀ ਹੱਤਿਆ

**ਕੈਲਗਰੀ :** ਐਡਮਿੰਟਨ ਦੇ ਡਾਊਨ ਟਾਊਨ ਵਿਚ ਇਕ ਅਜਨਬੀ ਵੱਲੋਂ ਕੀਤੇ ਹਮਲੇ ਵਿਚ ਭਾਰਤੀ ਮੂਲ ਦੇ 55 ਸਾਲਾ ਕਾਰੋਬਾਰੀ ਆਰਵੀ ਸਿੰਘ ਸੱਗੂ ਦੀ ਮੌਤ ਹੋ ਗਈ। ਸੱਗੂ ਨੇ ਇਕ ਅਜਨਬੀ ਨੂੰ 109 ਸਟਰੀਟ 'ਤੇ ਦਿ ਕੌਮਨ ਰੈਸਟੋਰੈਂਟ ਨੇੜੇ ਆਪਣੀ ਕਾਰ 'ਤੇ ਪਿਸ਼ਾਬ ਕਰਨ ਤੋਂ ਰੋਕਿਆ ਸੀ। ਐਡਮਿੰਟਨ ਪੁਲਸ ਸਰਵਿਸ ਮੁਤਾਬਕ ਸੱਗੂ ਤੇ ਉਸ ਦੀ ਮਹਿਲਾ ਮਿੱਤਰ ਰਾਤ ਦੇ ਖਾਣੇ ਮਗਰੋਂ ਆਪਣੇ ਵਾਹਨ ਕੋਲ ਵਾਪਸ ਆ ਰਹੇ ਸਨ ਜਦੋਂ ਉਨ੍ਹਾਂ ਅਜਨਬੀ ਨੂੰ ਆਪਣੀ ਕਾਰ 'ਤੇ ਪਿਸ਼ਾਬ ਕਰਦਿਆਂ ਦੇਖਿਆ। ਜਦੋਂ ਸੱਗੂ ਨੇ ਉਸ ਨੂੰ ਸਵਾਲ ਕੀਤਾ ਤਾਂ ਮਸ਼ਕੂਕ ਨੇ ਕਥਿਤ ਉਸ ਦੇ ਸਿਰ 'ਤੇ ਵਾਰ ਕੀਤਾ। ਸੱਗੂ ਜ਼ਮੀਨ 'ਤੇ ਡਿੱਗ ਪਿਆ ਤੇ ਬੇਹੋਸ਼ ਹੋ ਗਿਆ। ਉਸ ਨੂੰ ਗੰਭੀਰ ਸੱਟਾਂ ਨਾਲ ਫੌਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਨੂੰ ਜੀਵਨ ਰੱਖਿਅਕ ਪ੍ਰਣਾਲੀ 'ਤੇ ਰੱਖਿਆ ਗਿਆ। ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਸੱਗੂ ਦੀ ਮੌਤ ਹੋ ਗਈ। ਪੁਲਸ ਨੇ ਦੋਸ਼ੀ 40 ਸਾਲਾ ਕਾਇਲੇ ਪੈਪਿਨ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਤਫ਼ਤੀਸ਼ਕਾਰਾਂ ਦਾ ਕਹਿਣਾ ਹੈ ਕਿ ਸੱਗੂ ਅਤੇ ਪੈਪਿਨ ਹਮਲੇ ਤੋਂ ਪਹਿਲਾਂ ਇੱਕ-ਦੂਜੇ ਨੂੰ ਨਹੀਂ ਜਾਣਦੇ ਸਨ।

## ਸਾਬਕਾ ਡੀ ਐੱਸ ਪੀ ਗ੍ਰਿਫ਼ਤਾਰ

**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਆਪ ਦੇ ਆਗੂ ਨਿਤਿਨ ਨੰਦਾ 'ਤੇ ਗੋਲੀਆਂ ਚਲਾਉਣ ਦੇ ਮਾਮਲੇ ਵਿੱਚ ਵੀਰਵਾਰ ਪੁਲਸ ਨੇ ਸਾਬਕਾ ਡੀ ਐਸ ਪੀ ਦਿਲਸ਼ੇਰ ਸਿੰਘ ਰਾਣਾ ਨੂੰ ਗ੍ਰਿਫ਼ਤਾਰ ਕਰ ਲਿਆ। ਐੱਸ ਐੱਸ ਪੀ ਰੂਪਨਗਰ ਗੁਲਨੀਤ ਖੁਰਾਣਾ ਨੇ ਦੱਸਿਆ ਕਿ ਨਿਤਿਨ ਨੰਦਾ ਅਤੇ ਦਿਲਸ਼ੇਰ ਸਿੰਘ ਰਾਣਾ ਵਿਚਕਾਰ ਜ਼ਮੀਨ ਨੂੰ ਲੈ ਕੇ ਆਪਸੀ ਵਿਵਾਦ ਚੱਲ ਰਿਹਾ ਸੀ।ਨਿਤਿਨ ਨੰਦਾ ਨੇ ਦਿਲਸ਼ੇਰ ਸਿੰਘ ਤੋਂ ਜ਼ਮੀਨ ਖਰੀਦਣ ਲਈ ਬਿਆਨਾ ਕੀਤਾ ਸੀ, ਪਰ ਬਾਅਦ ਵਿੱਚ ਸੌਦਾ ਪੂਰਾ ਨਹੀਂ ਹੋਇਆ, ਜਿਸ ਸੰਬੰਧੀ ਕੇਸ ਅਦਾਲਤ ਵਿੱਚ ਚੱਲ ਰਿਹਾ ਸੀ।ਗੋਲੀ ਕਾਂਡ ਵਿੱਚ ਕੁੱਲ ਚਾਰ ਵਿਅਕਤੀਆਂ ਦੇ ਖ਼ਿਲਾਫ ਐੱਫ ਆਈ ਆਰ ਦਰਜ ਕੀਤੀ ਗਈ ਹੈ, ਜਿਨ੍ਹਾਂ ਵਿੱਚ ਦਿਲਸ਼ੇਰ ਸਿੰਘ ਰਾਣਾ, ਰਣ ਬਹਾਦਰ, ਰਾਮ ਸਿੰਘ, ਡਾਕਟਰ ਅਜੇ ਰਾਣਾ ਸ਼ਾਮਲ ਹੈ।ਦਿਲਸ਼ੇਰ ਸਿੰਘ ਰਾਣਾ ਨੂੰ ਅਦਾਲਤ ਵਿੱਚ ਆਤਮ ਸਮਰਪਣ ਲਈ ਜਾਂਦੇ ਸਮੇਂ ਰਸਤੇ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ।

## ਚਾਬਹਾਰ ਬੰਦਰਗਾਹ ਪ੍ਰਾਜੈਕਟ ਲਈ ਭਾਰਤ ਨੂੰ 6 ਮਹੀਨਿਆਂ ਲਈ ਪਾਬੰਦੀਆਂ ਤੋਂ ਛੋਟ

**ਨਵੀਂ ਦਿੱਲੀ :** ਵਿਦੇਸ਼ ਮੰਤਰਾਲੇ ਨੇ ਵੀਰਵਾਰ ਕਿਹਾ ਕਿ ਅਮਰੀਕਾ ਨੇ ਚਾਬਹਾਰ ਬੰਦਰਗਾਹ ਪ੍ਰਾਜੈਕਟ 'ਤੇ ਅਮਰੀਕੀ ਪਾਬੰਦੀਆਂ ਤੋਂ ਭਾਰਤ ਨੂੰ ਛੇ ਮਹੀਨਿਆਂ ਦੀ ਛੋਟ ਦਿੱਤੀ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇਹ ਵੀ ਕਿਹਾ ਕਿ ਵਪਾਰ ਸਮਝੌਤੇ ਲਈ ਅਮਰੀਕਾ ਨਾਲ ਭਾਰਤ ਦੀ ਗੱਲਬਾਤ ਜਾਰੀ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਭਾਰਤ ਰੂਸੀ ਤੇਲ ਕੰਪਨੀਆਂ 'ਤੇ ਹਾਲ ਹੀ ਵਿੱਚ ਲਗਾਈਆਂ ਗਈਆਂ ਅਮਰੀਕੀ ਪਾਬੰਦੀਆਂ ਦੇ ਪ੍ਰਭਾਵਾਂ ਦਾ ਅਧਿਐਨ ਕਰ ਰਿਹਾ ਹੈ। ਉਨ੍ਹਾ ਕਿਹਾ, 'ਅਸੀਂ ਰੂਸੀ ਤੇਲ ਕੰਪਨੀਆਂ 'ਤੇ ਹਾਲ ਹੀ ਵਿੱਚ ਲਗਾਈਆਂ ਗਈਆਂ ਅਮਰੀਕੀ ਪਾਬੰਦੀਆਂ ਦੇ ਪ੍ਰਭਾਵਾਂ ਦਾ ਅਧਿਐਨ ਕਰ ਰਹੇ ਹਾਂ। ਸਾਡੇ ਫੈਸਲੇ ਕੁਦਰਤੀ ਤੌਰ 'ਤੇ ਵਿਸ਼ਵ ਬਾਜ਼ਾਰ ਦੇ ਬਦਲਦੇ ਰੁਝਾਨਾਂ ਨੂੰ ਧਿਆਨ ਵਿੱਚ ਰੱਖਦੇ ਹਨ।' ਜੈਸਵਾਲ ਨੇ ਅੱਗੇ ਕਿਹਾ, 'ਊਰਜਾ ਸਰੋਤ ਦੇ ਵੱਡੇ ਸਵਾਲ 'ਤੇ ਸਾਡਾ ਰੁਖ ਚੰਗੀ ਤਰ੍ਹਾਂ ਜਾਣਿਆ ਜਾਂਦਾ ਹੈ। ਇਸ ਯਤਨ ਵਿੱਚ ਅਸੀਂ ਆਪਣੇ 1.4 ਅਰਬ ਲੋਕਾਂ ਦੀ ਊਰਜਾ ਸੁਰੱਖਿਆ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕਈ ਸਰੋਤਾਂ ਤੋਂ ਕਿਫਾਇਤੀ ਊਰਜਾ ਨੂੰ ਸੁਰੱਖਿਅਤ ਕਰਨ ਦੀ ਲੋੜ ਰਾਹੀਂ ਸੇਧਿਤ ਹਾਂ।'

## ਮੋਦੀ 'ਚ ਟਰੰਪ ਦਾ ਸਾਹਮਣਾ ਕਰਨ ਦੀ ਹਿੰਮਤ ਨਹੀਂ : ਰਾਹੁਲ

**ਨਾਲੰਦਾ :** ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਵੀਰਵਾਰ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿੱਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਸਾਹਮਣਾ ਕਰਨ ਦੀ ਹਿੰਮਤ ਨਹੀਂ ਹੈ, ਜਿਸ ਵਿੱਚ ਅਮਰੀਕਾ ਨੇ ਭਾਰਤ-ਪਾਕਿਸਤਾਨ ਸੰਘਰਸ਼ ਨੂੰ ਰੋਕਣ ਦਾ ਦਾਅਵਾ ਕੀਤਾ ਸੀ। ਨਾਲੰਦਾ ਵਿੱਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਗਾਂਧੀ ਨੇ ਦੋਸ਼ ਲਾਇਆ ਕਿ ਬਿਹਾਰ ਹੁਣ ਪੇਪਰ ਲੀਕ ਅਤੇ ਮਾੜੇ ਸਿਹਤ ਢਾਂਚੇ ਦਾ ਪ੍ਰਤੀਕ ਬਣ ਕੇ ਰਹਿ ਗਿਆ ਹੈ। ਉਨ੍ਹਾ ਜ਼ੋਰ ਦੇ ਕੇ ਕਿਹਾ, 'ਅਮਰੀਕੀ ਰਾਸ਼ਟਰਪਤੀ ਨੇ ਕਈ ਵਾਰ ਦਾਅਵਾ ਕੀਤਾ ਹੈ ਕਿ ਉਨ੍ਹਾਂ ਕਰਕੇ ਹੀ ਭਾਰਤ ਅਤੇ ਪਾਕਿਸਤਾਨ ਵਿਚਕਾਰ ਸੰਘਰਸ਼ ਰੁਕਿਆ... ਪਰ, ਸਾਡੇ ਪ੍ਰਧਾਨ ਮੰਤਰੀ ਵਿੱਚ ਉਨ੍ਹਾਂ ਦਾ ਸਾਹਮਣਾ ਕਰਨ ਦੀ ਹਿੰਮਤ ਨਹੀਂ।' ਗ੍ਰਹਿ ਮੰਤਰੀ ਅਮਿਤ ਸ਼ਾਹ ਦੀਆਂ ਟਿੱਪਣੀਆਂ ਕਿ 'ਬਿਹਾਰ ਵਿੱਚ ਕੋਈ ਜ਼ਮੀਨ ਉਪਲੱਬਧ ਨਹੀਂ ਹੈ' ਦੀ ਆਲੋਚਨਾ ਕਰਦਿਆਂ, ਗਾਂਧੀ ਨੇ ਦੋਸ਼ ਲਾਇਆ ਕਿ ਰਾਜ ਸਰਕਾਰ ਵੱਲੋਂ ਇੱਕ ਉਦਯੋਗਿਕ ਘਰਾਣੇ ਨੂੰ ਕੌਡੀਆਂ ਦੇ ਭਾਅ ਪਲਾਟ ਦਿੱਤੇ ਗਏ। ਗਾਂਧੀ ਨੇ ਦਾਅਵਾ ਕੀਤਾ, "ਐੱਨ ਡੀ ਏ ਨੇ ਪਿਛਲੀਆਂ ਲੋਕ ਸਭਾ ਚੋਣਾਂ ਦੌਰਾਨ 'ਵੋਟ ਚੋਰੀ' ਰਾਹੀਂ ਸਰਕਾਰ ਬਣਾਈ।

ਐੱਨ ਡੀ ਏ ਅਤੇ ਪ੍ਰਧਾਨ ਮੰਤਰੀ ਭੀਮ ਰਾਓ ਅੰਬੇਡਕਰ ਵੱਲੋਂ ਤਿਆਰ ਕੀਤੇ ਗਏ ਸੰਵਿਧਾਨ ਨੂੰ ਤਬਾਹ ਕਰਨ 'ਤੇ ਤੁਲੇ ਹੋਏ ਹਨ।" ਕਾਂਗਰਸ ਨੇਤਾ ਨੇ ਕਿਹਾ ਕਿ ਜੇ ਬਿਹਾਰ 'ਇੰਡੀਆ' ਗਠਜੋੜ ਨੂੰ ਸੱਤਾ ਵਿੱਚ ਲਿਆਉਂਦਾ ਹੈ ਤਾਂ ਇਹ ਕਿਸਾਨਾਂ, ਮਜ਼ਦੂਰਾਂ, ਦਲਿਤਾਂ ਅਤੇ ਕਮਜ਼ੋਰ ਵਰਗਾਂ ਦੀ ਸਰਕਾਰ ਹੋਵੇਗੀ, ਜਿਸ ਵਿੱਚ ਸਾਰੇ ਭਾਈਚਾਰਿਆਂ ਦੀ ਪ੍ਰਤੀਨਿਧਤਾ ਹੋਵੇਗੀ।

## ਕਾਰ-ਮੋਟਰਸਾਈਕਲ ਟੱਕਰ 'ਚ ਨੌਜਵਾਨ ਦੀ ਮੌਤ

**ਬਰੇਟਾ (ਰੀਤਵਾਲ)**-ਵੀਰਵਾਰ ਬਾਅਦ ਦੁਪਹਿਰ ਲੱਗਭੱਗ 3 ਵਜੇ ਜਾਖਲ ਰੋਡ 'ਤੇ ਮੈਦਾ ਮਿੱਲ ਕੋਲ ਕਾਰ ਤੇ ਮੋਟਰਸਾਈਕਲ ਵਿਚਾਲੇ ਟੱਕਰ ਕਾਰਨ 18 ਸਾਲਾ ਗੁਰਸੇਵਕ ਸਿੰਘ ਬਖਸ਼ੀਵਾਲਾ ਦੀ ਮੌਕੇ 'ਤੇ ਮੌਤ ਹੋ ਗਈ, ਜਦਕਿ ਅਵਤਾਰ ਸਿੰਘ ਜ਼ਖ਼ਮੀ ਹੋ ਗਿਆ। ਕਾਰ ਚਾਲਕ ਮੰਗਤ ਰਾਮ ਦਾ ਬਚਾਅ ਰਿਹਾ, ਪਰ ਵਿੱਚ ਬੈਠੀ ਮਹਿਲਾ ਦੇ ਸਿਰ 'ਤੇ ਸੱਟ ਲੱਗੀ। ਮੋਟਰਸਾਈਕਲ ਬਖਸ਼ੀਵਾਲਾ ਤੋਂ ਬਰੇਟਾ ਵੱਲ ਆ ਰਿਹਾ ਸੀ, ਜਦਕਿ ਕਾਰ ਜਾਖਲ ਵੱਲ ਜਾ ਰਹੀ ਸੀ। ਕਾਰ ਟੋਹਾਣਾ ਦੀ ਦੱਸੀ ਜਾਂਦੀ ਹੈ।

## ਜਲੰਧਰ 'ਚ ਸਰਾਫਾ ਦੁਕਾਨ 'ਚ ਵੱਡਾ ਡਾਕਾ

**ਜਲੰਧਰ :** ਭਾਰਗੋ ਕੈਂਪ ਥਾਣੇ ਦੇ ਅਧੀਨ ਆਉਂਦੇ ਖੇਤਰ ਵਿੱਚ ਉਸ ਵੇਲੇ ਤਰਥੱਲੀ ਮਚ ਗਈ, ਜਦੋਂ ਸਵੇਰ ਵੇਲੇ ਵਿਜੇ ਜਿਊਲਰਜ਼ ਦੀ ਦੁਕਾਨ 'ਤੇ ਤਿੰਨ ਹਥਿਆਰਬੰਦ ਲੁਟੇਰੇ ਦਿਨ-ਦਿਹਾੜੇ ਆਏ ਤੇ ਬੰਦੂਕ ਦੀ ਨੋਕ 'ਤੇ ਲੱਖਾਂ ਰੁਪਏ ਦੀ ਨਕਦੀ ਅਤੇ ਕੀਮਤੀ ਗਹਿਣੇ ਲੁੱਟ ਕੇ ਫਰਾਰ ਹੋ ਗਏ। ਘਟਨਾ ਦੀ ਖ਼ਬਰ ਮਿਲਦੇ ਹੀ ਏ ਸੀ ਪੀ, ਸੀ ਆਈ ਏ ਸਟਾਫ ਅਤੇ ਥਾਣਾ ਭਾਰਗੋ ਕੈਂਪ ਪੁਲਸ ਦੀ ਟੀਮ ਮੌਕੇ 'ਤੇ ਪਹੁੰਚ ਗਈ। ਪੁਲਸ ਵੱਲੋਂ ਸੀ ਸੀ ਟੀ ਵੀ ਫੁਟੇਜ ਹਾਸਲ ਕੀਤੀ ਗਈ ਹੈ। ਸੀ ਸੀ ਟੀ ਵੀ ਫੁਟੇਜ ਵਿੱਚ ਸਪੱਸ਼ਟ ਦਿਖਾਈ ਦੇ ਰਿਹਾ ਹੈ ਕਿ ਤਿੰਨ ਲੁਟੇਰੇ ਪਿਸਤੌਲ ਅਤੇ ਹੋਰ ਹਥਿਆਰਾਂ ਨਾਲ ਦੁਕਾਨ ਵਿੱਚ ਦਾਖਲ ਹੋ ਰਹੇ ਹਨ। ਉਨ੍ਹਾਂ ਦੇ ਦਾਖਲ ਹੋਣ ਨਾਲ ਹੀ ਦੁਕਾਨ ਮਾਲਕ ਦਾ ਪੁੱਤਰ ਘਬਰਾ ਗਿਆ ਅਤੇ ਉੱਚੀ ਆਵਾਜ਼ ਵਿੱਚ ਚੀਕਣਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਇਕ ਲੁਟੇਰੇ ਨੇ ਤੇਜ਼ਧਾਰ ਹਥਿਆਰ ਨਾਲ ਕਾਊਂਟਰ ਦਾ ਸ਼ੀਸ਼ਾ ਤੋੜ ਦਿੱਤਾ, ਜਦ

• ਬਾਕੀ ਸਫਾ 2 'ਤੇ

## ਸਰਕਾਰ ਮਜੀਠੀਆ ਦੀ ਦੁਬਾਰਾ ਜਾਂਚ ਨਹੀਂ ਕਰਾ ਸਕਦੀ : ਕੈਪਟਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਸਾਬਕਾ ਮੁੱਖ ਮੰਤਰੀ ਅਤੇ ਭਾਜਪਾ ਆਗੂ ਕੈਪਟਨ ਅਮਰਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਾਅਵਾ ਕੀਤਾ ਕਿ 2027 ਵਿੱਚ ਪੰਜਾਬ 'ਚ ਆਪਣੇ ਬਲਬੂਤੇ ਸਰਕਾਰ ਸਥਾਪਤ ਕਰੇਗੀ ਅਤੇ ਸੂਬੇ ਦੀ ਨੁਹਾਰ ਬਦਲਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾ ਇਹ ਵੀ ਕਿਹਾ ਕਿ ਮੁੱਖ ਮੰਤਰੀ ਹੁੰਦਿਆਂ ਉਨ੍ਹਾ ਦੀ ਸਰਕਾਰ ਨੇ ਇੱਕ ਲੱਖ ਦੇ ਕਰੀਬ ਨਸ਼ਾ ਤਸਕਰਾਂ ਨੂੰ ਡੱਕਿਆ ਸੀ ਅਤੇ ਬਿਕਰਮ ਸਿੰਘ ਮਜੀਠੀਆ ਦੀ ਵੀ ਜਾਂਚ ਕਰਕੇ ਉਹ ਜਾਂਚ ਰਿਪੋਰਟ ਹਾਈ ਕੋਰਟ ਵਿੱਚ ਪੇਸ਼ ਕਰ ਚੁੱਕੇ ਹਨ। ਕੋਈ ਵੀ ਅਜਿਹਾ ਕਾਨੂੰਨ ਨਹੀਂ ਕਿ ਜਿਸ ਮਾਮਲੇ ਦੀ ਜਾਂਚ ਰਿਪੋਰਟ ਹਾਈ ਕੋਰਟ ਵਿੱਚ ਪੇਸ਼ ਕਰ ਦਿੱਤੀ ਗਈ ਹੋਵੇ, ਉਸ ਦੀ ਮੁੜ ਤੋਂ ਜਾਂਚ ਕਰਵਾਈ ਜਾ ਸਕੇ। ਉਨ੍ਹਾ ਕਿਹਾ ਕਿ ਪਿਛਲੇ ਦਿਨਾਂ 'ਚ ਉਨ੍ਹਾ ਦੀ ਸਿਹਤ ਨਾਸਾਜ਼ ਸੀ ਤੇ ਉਹ ਇਲਾਜ ਕਰਵਾ ਰਹੇ ਸਨ, ਪਰ ਹੁਣ ਉਹ ਪੂਰੀ ਤਰ੍ਹਾਂ ਤੰਦਰੁਸਤ ਹਨ ਤੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਪੰਜਾਬ ਦੇ ਜ਼ਿਲ੍ਹਿਆਂ, ਕਸਬਿਆਂ ਅਤੇ ਪਿੰਡਾਂ ਦਾ ਦੌਰਾ ਕਰਕੇ ਭਾਜਪਾ ਦੇ ਪ੍ਰਚਾਰ, ਪ੍ਰਸਾਰ ਅਤੇ ਸਰਕਾਰ ਸਥਾਪਤ ਕਰਨ ਲਈ ਯਤਨਸ਼ੀਲ ਰਹਿਣਗੇ। ਮੋਗਾ ਦੇ ਭਾਜਪਾ ਦਫਤਰ ਪੁੱਜਣ 'ਤੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਤੇ ਹੋਰਨਾਂ ਆਗੂਆਂ ਵੱਲੋਂ ਉਨ੍ਹਾ ਦਾ ਨਿੱਘਾ ਸਵਾਗਤ ਕੀਤਾ ਗਿਆ।

## ਅਕਾਲੀਆਂ ਨੇ ਨਸ਼ਾ ਤਸਕਰ ਪਾਲੇ ਤੇ ਕੈਪਟਨ ਨੇ ਬਚਾਏ : ਨੀਲ ਗਰਗ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ 'ਤੇ ਵੱਡੇ ਨਸ਼ਾ ਤਸਕਰਾਂ ਨੂੰ ਬਚਾਉਣ, ਪੰਜਾਬ ਦੇ ਨੌਜਵਾਨਾਂ ਨਾਲ ਵਿਸ਼ਵਾਸਘਾਤ ਕਰਨ ਅਤੇ ਗੁਟਕਾ ਸਾਹਿਬ ਦੀ ਪਵਿੱਤਰ ਸਹੁੰ ਤੋੜਨ ਦਾ ਦੋਸ਼ ਲਗਾਇਆ ਹੈ।

ਗਰਗ ਨੇ ਕਿਹਾ ਕਿ ਜਦੋਂ ਕਿ ਅਕਾਲੀ-ਭਾਜਪਾ ਸਰਕਾਰ ਨੇ ਨਸ਼ਾ ਤਸਕਰਾਂ ਨੂੰ ਪਾਲਿਆ ਸੀ, ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ ਸਰਕਾਰ ਨੇ ਬਾਅਦ ਵਿੱਚ ਉਨ੍ਹਾਂ ਨੂੰ ਬਚਾਇਆ। ਉਨ੍ਹਾ ਯਾਦ ਦਿਵਾਇਆ ਕਿ ਈ ਡੀ ਅਧਿਕਾਰੀ ਨਿਰੰਜਨ ਸਿੰਘ ਅਤੇ ਪੰਜਾਬ ਦੇ ਸਾਬਕਾ ਡੀ ਜੀ ਪੀ ਸਿਧਾਰਥ ਚਟੋਪਾਧਿਆਏ ਨੇ ਜਨਤਕ ਤੌਰ 'ਤੇ ਕਿਹਾ ਸੀ ਕਿ ਕੈਪਟਨ ਸਰਕਾਰ ਨੇ ਠੋਸ ਸਬੂਤ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਨਸ਼ੀਲੇ ਪਦਾਰਥਾਂ ਦੇ ਵਪਾਰ ਦੀ ਸੁਤੰਤਰ ਅਤੇ ਨਿਰਪੱਖ ਜਾਂਚ ਕਰਨ ਦੀ ਕਦੇ ਵੀ ਇਜਾਜ਼ਤ ਨਹੀਂ ਦਿੱਤੀ। ਗਰਗ ਨੇ ਕਿਹਾ ਕਿ ਉਨ੍ਹਾ ਦੇ ਖੁਲਾਸੇ ਇਹ ਸਪੱਸ਼ਟ ਕਰਦੇ ਹਨ ਕਿ ਕੈਪਟਨ ਸਰਕਾਰ ਨੇ ਜਾਣਬੁੱਝ ਕੇ ਵੱਡੀਆਂ ਮੱਛੀਆਂ ਦਾ ਪਰਦਾ ਫਾਸ਼ ਕਰਨ ਦੀ ਹਰ ਕੋਸ਼ਿਸ਼ ਨੂੰ ਰੋਕਿਆ।

ਉ ਨ੍ਹ ਾ

• ਬਾਕੀ ਸਫਾ 2 'ਤੇ

## ਬੱਚਿਆਂ ਨੂੰ ਬੰਧਕ ਬਣਾਉਣ ਵਾਲਾ ਮਾਰਿਆ ਗਿਆ, ਬੱਚੇ ਸੁਰੱਖਿਅਤ

**ਮੁੰਬਈ :** ਇੱਥੋਂ ਦੇ ਪੋਵਈ ਦੇ ਇੱਕ ਸਟੂਡੀਓ ਵਿਚ ਇੱਕ ਵਿਅਕਤੀ ਵਲੋਂ ਬੰਦੀ ਬਣਾਏ ਗਏ 20 ਤੋਂ ਵੱਧ ਬੱਚਿਆਂ ਨੂੰ ਪੁਲੀਸ, ਕਮਾਂਡੋਜ਼ ਅਤੇ ਫਾਇਰ ਬ੍ਰਿਗੇਡ ਟੀਮਾਂ ਨੇ ਸੁਰੱਖਿਅਤ ਕੱਢ ਲਿਆ ਹੈ ਜਦ ਕਿ ਇਸ ਸਾਂਝੀ ਕਾਰਵਾਈ ਵਿੱਚ ਦੋਸ਼ੀ ਰੋਹਿਤ ਆਰੀਆ ਮਾਰਿਆ ਗਿਆ। ਸੰਯੁਕਤ ਪੁਲਿਸ ਕਮਿਸ਼ਨਰ ਸੱਤਿਆਨਾਰਾਇਣ ਨੇ ਕਿਹਾ ਕਿ ਸਾਰੇ ਬੱਚੇ ਸੁਰੱਖਿਅਤ ਹਨ।

ਵੀਰਵਾਰ ਦੁਪਹਿਰ ਨੂੰ ਐਲ ਐਂਡ ਟੀ ਇਮਾਰਤ ਦੇ ਨੇੜੇ ਆਰ ਏ ਸਟੂਡੀਓ ਵਿੱਚ ਉਸ ਸਮੇਂ ਨਾਟਕੀ ਸਥਿਤੀ ਪੈਦਾ ਹੋਈ ਜਦੋਂ ਬੱਚਿਆਂ ਜਿਨ੍ਹਾਂ ਵਿਚ ਮੁੰਡੇ ਤੇ ਕੁੜੀਆਂ ਸ਼ਾਮਲ ਸੀ, ਨੂੰ ਆਡੀਸ਼ਨ ਲਈ ਬੁਲਾਇਆ ਗਿਆ।

ਇਸ ਤੋਂ ਬਾਅਦ ਰੋਹਿਤ ਆਰੀਆ ਨੇ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਜਾਰੀ ਕੀਤਾ ਜਿਸ ਵਿੱਚ ਕਿਹਾ ਗਿਆ ਸੀ ਕਿ ਉਹ ਖੁਦਕੁਸ਼ੀ ਕਰਨਾ ਚਾਹੁੰਦਾ ਸੀ ਪਰ ਉਸ ਨੇ ਖੁਦਕੁਸ਼ੀ ਨਾ ਕਰਕੇ ਇਕ ਹੋਰ ਯੋਜਨਾ ਬਣਾਈ ਤੇ ਬੱਚਿਆਂ ਨੂੰ ਬੰਦੀ ਬਣਾ ਲਿਆ ਹੈ। ਉਸ ਨੇ ਕਿਹਾ ਕਿ ਉਹ ਦਹਿਸ਼ਤਗਰਦ ਨਹੀਂ ਹੈ ਤੇ ਜੇ ਉਸ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਤੇ ਉਸ ਨੂੰ ਉਕਸਾਇਆ ਗਿਆ ਤਾਂ ਉਹ ਸਟੂਡੀਓ ਨੂੰ ਅੱਗ ਲਾ ਦੇਵੇਗਾ।

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸਤੀਸ਼ ਭੀਰੀ
ਜੈਤੋ
94176-12036



ਦਰਸ਼ਨ ਜਿੰਦਲ
ਰਾਮਪੁਰਾ ਫੂਲ
94172-27460



ਜਸਵੀਰ ਕਾਜਲ
ਅੱਡਾ ਸਰਾਂ
99151-17589



ਨਿਰਮਲ ਸਿੰਘ ਮੁੱਗੋਵਾਲ
ਜੇਜੋ (ਹੁਸ਼ਿਆਰਪੁਰ)
82888-45926

**ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ** ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

*-ਜਨਰਲ ਮੈਨੇਜਰ*

## ਆਟੋਮੈਟਿਕ ਵਰਕ ਪਰਮਿਟ ਵਧਣ ਦੀ ਸਹੂਲਤ ਖ਼ਤਮ

**ਵਾਸ਼ਿੰਗਟਨ :** ਐਚ- ਏ ਬੀ ਵੀਜ਼ਾ ਫੀਸ 100,000 ਅਮਰੀਕੀ ਡਾਲਰ ਤੱਕ ਵਧਾਉਣ ਤੋਂ ਕੁਝ ਹਫ਼ਤਿਆਂ ਬਾਅਦ, ਅਮਰੀਕੀ ਅਧਿਕਾਰੀਆਂ ਨੇ ਪਰਵਾਸੀਆਂ ਲਈ ਵਰਕ ਪਰਮਿਟਾਂ ਦੀ ਆਟੋਮੈਟਿਕ ਐਕਸਟੈਂਸ਼ਨ ਦੀ ਸਹੂਲਤ ਨੂੰ ਖਤਮ ਕਰਨ ਦਾ ਐਲਾਨ ਕੀਤਾ ਹੈ। ਇਸ ਫੈਸਲੇ ਨਾਲ ਵੱਡੀ ਗਿਣਤੀ ਭਾਰਤੀ ਪਰਵਾਸੀਆਂ ਅਤੇ ਕਾਮਿਆਂ ਦੇ ਅਸਰਅੰਦਾਜ਼ ਹੋਣ ਦੀ ਸੰਭਾਵਨਾ ਹੈ। ਇਮੀਗ੍ਰੇਸ਼ਨ ਦੀ ਨਕੇਲ ਕੱਸਣ ਲਈ ਕੀਤੇ ਜਾ ਰਹੇ ਯਤਨਾਂ ਦੀ ਲੜੀ ਵਿਚ ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਨੇ ਬੁੱਧਵਾਰ ਨੂੰ ਇਹ ਐਲਾਨ ਕੀਤਾ ਹੈ। ਵਿਦੇਸ਼ੀ ਨਾਗਰਿਕਾਂ ਦੇ ਰੁਜ਼ਗਾਰ ਅਧਿਕਾਰ ਦਸਤਾਵੇਜ਼ਾਂ ਦੀ ਵੈਧਤਾ ਨੂੰ ਵਧਾਉਣ ਤੋਂ ਪਹਿਲਾਂ ਹੁਣ ਪਰਵਾਸੀਆਂ ਦੀ ਸਹੀ ਸਕਰੀਨਿੰਗ ਤੇ ਜਾਂਚ ਨੂੰ ਤਰਜੀਹ ਦਿੱਤੀ ਜਾਵੇਗੀ। ਗ੍ਰਹਿ ਸੁਰੱਖਿਆ ਵਿਭਾਗ ਨੇ ਇੱਕ ਪ੍ਰੈੱਸ ਰਿਲੀਜ਼ ਵਿੱਚ ਕਿਹਾ ਕਿ ਨਵੇਂ ਨਿਯਮ ਅਨੁਸਾਰ, 30 ਅਕਤੂਬਰ, 2025 ਨੂੰ ਜਾਂ ਇਸ ਤੋਂ ਬਾਅਦ ਆਪਣੇ ਈ ਏ ਡੀ ਨੂੰ ਰੀਨਿਊ ਲਈ ਫਾਈਲ ਕਰਨ ਵਾਲੇ ਪਰਵਾਸੀਆਂ ਨੂੰ ਹੁਣ ਆਟੋਮੈਟਿਕ ਐਕਸਟੈਂਸ਼ਨ ਨਹੀਂ ਮਿਲੇਗੀ। ਇਸ ਫੈਸਲੇ ਨਾਲ ਸਭ ਤੋਂ ਵੱਧ ਅਸਰ ਐੱਚ ਏ ਬੀ ਮੁੱਖ ਗੈਰ-ਪ੍ਰਵਾਸੀ ਦੇ ਜੀਵਨ ਸਾਥੀ ਅਤੇ ਸ਼ਰਨਾਰਥੀ ਜਾਂ ਸ਼ਰਨਾਰਥੀ ਸਥਿਤੀ ਵਾਲੇ ਪਰਵਾਸੀਆਂ 'ਤੇ ਪਏਗਾ। ਬਾਇਡਨ ਪ੍ਰਸ਼ਾਸਨ ਦੇ ਪੁਰਾਣੇ ਨਿਯਮ ਮੁਤਾਬਕ ਜਿਹੜੇ ਪਰਵਾਸੀ ਆਪਣੇ ਈ

• ਬਾਕੀ ਸਫਾ 2 'ਤੇ

## ਸ੍ਰੀ ਕਾਲੀ ਮਾਤਾ ਮੰਦਰ ਦੇ 75 ਕਰੋੜ ਦੇ ਵਿਕਾਸ ਕਾਰਜਾਂ ਦਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਪਟਿਆਲਾ ਸਥਿਤ ਕਾਲੀ ਮਾਤਾ ਮੰਦਰ ਵਿਚ 75 ਕਰੋੜ ਤੋਂ ਵੱਧ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਮਾਨ ਨੇ ਕਿਹਾ ਕਿ ਸ੍ਰੀ ਕਾਲੀ ਮਾਤਾ ਮੰਦਰ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਦੂਰ ਤੋਂ ਆਉਣ ਵਾਲੇ ਸ਼ਰਧਾਲੂਆਂ ਲਈ ਰਹਿਣ ਦਾ ਪ੍ਰਬੰਧ ਸਮੇਤ ਹੋਰ ਵਿਕਾਸ ਕਾਰਜਾਂ ਲਈ ਕਰੀਬ 75 ਕਰੋੜ ਦਾ ਪ੍ਰਾਜੈਕਟ ਬਣਾਇਆ ਗਿਆ ਹੈ।ਉਨ੍ਹਾ ਕਿਹਾ ਕਿ ਇਸ ਅਹਿਮ ਪ੍ਰਾਜੈਕਟ ਦੀ ਮਾਤਾ ਰਾਣੀ ਦੀ ਆਗਿਆ ਨਾਲ ਸ਼ੁਰੂਆਤ ਹੋ ਗਈ ਹੈ। ਮੁੱਖ ਮੰਤਰੀ ਨੇ ਕਿਹਾ ਮੰਦਰ ਦਾ ਪੁਰਾਤਨ ਸਮੇਂ ਅਨੁਸਾਰ ਪਹਿਲਾਂ ਵਾਲੇ ਦਰਵਾਜ਼ੇ ਤੋਂ ਦਾਖਲਾ ਹੋਵੇਗਾ ਤੇ 300 ਕਾਰਾਂ ਦੀ ਪਾਰਕਿੰਗ ਬਣਾਈ ਜਾਵੇਗੀ। ਮੰਦਰ ਦੇ ਅੰਦਰ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ ਵੀ ਕੀਤੀ ਗਈ ਹੈ। ਮੁੱਖ ਮੰਤਰੀ ਨੇ ਕਿਹਾ ਮੰਦਰ ਕਮੇਟੀ ਦੀ ਸਲਾਹ ਤੇ ਮੰਗ ਅਨੁਸਾਰ ਭਵਿੱਖ ਵਿਚ ਹੋਰ ਵੀ ਕਾਰਜ ਕੀਤੇ ਜਾਣਗੇ। ਕੇਜਰੀਵਾਲ ਨੇ ਕਿਹਾ ਕਿ ਸ੍ਰੀ ਕਾਲੀ ਮਾਤਾ ਮੰਦਰ ਆਉਣ ਵਾਲੇ ਭਗਤਾਂ ਨੂੰ ਹਰ ਤਰ੍ਹਾਂ ਦੀ ਸਹੂਲਤ ਲਈ ਹਰ ਕੰਮ ਕੀਤਾ ਜਾਵੇਗਾ। ਉਹਨਾ ਕਿਹਾ ਕਿ ਮੰਦਰ ਦੇ ਸਾਰੇ ਕਾਰਜ ਇਕ ਸਾਲ ਦੇ ਵਿਚ ਪੂਰੇ ਹੋਣ ਦੀ ਆਸ ਹੈ।

## ਹਿਮਾਚਲ 'ਚ ਵਾਹਨ ਡੂੰਘੀ ਖੱਡ 'ਚ ਡਿੱਗਾ, 3 ਮੌਤਾਂ

**ਸ਼ਿਮਲਾ :** ਹਿਮਾਚਲ ਦੇ ਚੰਬਾ ਜ਼ਿਲ੍ਹੇ ਵਿਚ ਚੁਰਾ ਅਸੈਂਬਲੀ ਹਲਕੇ ਵਿਚ ਬੁੱਧਵਾਰ ਦੇਰ ਰਾਤ ਇਕ ਵਾਹਨ ਦੇ 200 ਮੀਟਰ ਡੂੰਘੀ ਖੱਡ ਵਿਚ ਡਿੱਗਣ ਨਾਲ ਤਿੰਨ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦੋਂ ਕਿ ਦੋ ਜਣੇ ਗੰਭੀਰ ਜ਼ਖ਼ਮੀ ਹੋ ਗਏ। ਵਾਹਨ ਵਿਚ ਸਵਾਰ ਵਿਅਕਤੀ ਇਕ ਵਿਆਹ ਸਮਾਗਮ ਤੋਂ ਪਰਤ ਰਹੇ ਸਨ, ਜਦੋਂ ਦੇਵੀਕੋਟੀ-ਤੇਪਾ ਰੋਡ 'ਤੇ ਹਾਦਸਾ ਵਾਪਰ ਗਿਆ। ਮ੍ਰਿਤਕਾਂ ਦੀ ਪਛਾਣ ਡਰਾਈਵਰ ਰਾਜਿੰਦਰ ਕੁਮਾਰ, ਪੰਮੀ ਕੁਮਾਰ ਤੇ ਸਚਿਨ ਵਜੋਂ ਹੋਈ ਹੈ। ਦੋ ਜ਼ਖਮੀਆਂ ਅਮਰ ਸਿੰਘ ਤੇ ਧਰਮ ਸਿੰਘ ਨੂੰ ਤੀਸਾ ਦੇ ਸਿਵਲ ਹਸਪਤਾਲ ਤੋਂ ਚੰਬਾ ਮੈਡੀਕਲ ਕਾਲਜ ਵਿਚ ਰੈਫਰ ਕੀਤਾ ਗਿਆ ਹੈ। ਇਹ ਸਾਰੇ ਚੰਬਾ ਦੇ ਸਥਾਨਕ ਵਸਨੀਕ ਹਨ।

## ਅੱਜ-ਨਾਮਾ

ਅਮਰਿੰਦਰ ਸਿੰਘ ਨੇ ਮਸਾਂ ਈ ਚੁੱਪ ਤੋੜੀ,
ਅਗਲੀਆਂ ਚੋਣਾਂ ਦੀ ਬਾਤ ਹੈ ਛੋਹੀ ਬੇਲੀ।
ਚੇਲੇ-ਚਾਟਿਆਂ ਥੀਂ ਮਿਲਣ ਆਉਣ ਲੱਗਾ,
ਖੁਦ ਫਿਰ ਨਬਜ਼ ਹਾਲਾਤ ਦੀ ਟੋਹੀ ਬੇਲੀ।
ਚੋਣ ਮਾਹਰਾਂ ਦੀ ਰਾਏ ਉਹ ਸੁਣਨ ਲੱਗਾ,
ਸੱਤਾ ਸ਼ਰੀਕ ਤੋਂ ਜਾਏ ਕਿੰਜ ਖੋਹੀ ਬੇਲੀ।
ਅਕਾਲੀ-ਭਾਜਪਾ ਜੋੜ ਲਈ ਪੁੱਛਿਆ ਤਾਂ,
ਦਿੱਤਾ ਜਵਾਬ ਪੁਰਾਣਾ ਜਿਹਾ ਓਹੀ ਬੇਲੀ।
ਨਾ ਉਸ ਕੱਟੀ ਨਾ ਜੁੜਨ ਦੀ ਭਰੀ ਹਾਮੀ,
ਛੱਡੀ ਕੈਪਟਨ ਨੇ ਬਾਤ ਫਿਰ ਟਾਲ ਬੇਲੀ।
ਕਹਿੰਦਾ ਭਾਜਪਾ ਹੋਊ ਜਦ ਆਪ ਤਕੜੀ,
ਜੁੜਨ ਦੀ ਲੋੜ ਨਾ ਕਿਸੇ ਦੇ ਨਾਲ ਬੇਲੀ।

-ਤੀਸ ਮਾਰ ਖਾਂ

## ਚੀਮਾ ਵੱਲੋਂ 7 ਜਥੇਬੰਦੀਆਂ ਨਾਲ ਮੀਟਿੰਗਾਂ, ਜਾਇਜ਼ ਮੰਗਾਂ ਮੰਨਣ ਦਾ ਭਰੋਸਾ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ 'ਸਿੱਖਿਆ ਕ੍ਰਾਂਤੀ' ਪ੍ਰੋਗਰਾਮ ਤਹਿਤ ਕੀਤੇ ਜਾ ਰਹੇ ਬੁਨਿਆਦੀ ਢਾਂਚੇ ਦੇ ਵਿਆਪਕ ਅਪਗ੍ਰੇਡਾਂ, ਅਧਿਆਪਕਾਂ ਦੀ ਗਿਣਤੀ ਵਧਾਉਣ ਅਤੇ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਤੇ ਮੁੱਦਿਆਂ ਨੂੰ ਹੱਲ ਕਰਨ ਲਈ ਚੁੱਕੇ ਗਏ ਕਦਮਾਂ ਕਾਰਨ ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਇੱਕ ਵੱਡੇ ਬਦਲਾਅ ਦੀ ਗਵਾਹੀ ਭਰ ਰਿਹਾ ਹੈ।ਵਿੱਤ ਮੰਤਰੀ ਚੀਮਾ ਨੇ ਇਹ ਟਿੱਪਣੀਆਂ ਵੀਰਵਾਰ ਇਥੇ ਸਿੱਖਿਆ ਵਿਭਾਗ ਦੀਆਂ 7 ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਵਿਸਥਾਰਤ ਵਿਚਾਰ-ਵਟਾਂਦਰਾ ਕਰਨ ਦੌਰਾਨ ਕੀਤੀਆਂ। ਇਨ੍ਹਾਂ ਜਥੇਬੰਦੀਆਂ ਵਿੱਚ ਸਪੈਸ਼ਲ ਕਾਡਰ ਅਧਿਆਪਕ ਫਰੰਟ, ਕੰਪਿਊਟਰ ਅਧਿਆਪਕ ਯੂਨੀਅਨ, ਕੰਪਿਊਟਰ ਅਧਿਆਪਕ ਸੰਘਰਸ਼ ਕਮੇਟੀ, ਬੇਰੁਜ਼ਗਾਰ ਬੀ ਐੱਡ ਟੈੱਟ ਪਾਸ ਅਧਿਆਪਕ ਯੂਨੀਅਨ, ਈ ਟੀ ਟੀ ਟੈੱਟ ਪਾਸ ਅਧਿਆਪਕ ਯੂਨੀਅਨ (ਸੁਨੀਲ ਫਾਜ਼ਿਲਕਾ) ਅਤੇ ਈ ਟੀ ਟੀ ਟੈੱਟ ਪਾਸ ਅਧਿਆਪਕ ਯੂਨੀਅਨ (ਜੈ ਸਿੰਘ ਵਾਲਾ) ਸ਼ਾਮਲ ਸਨ। ਵਿੱਤ ਮੰਤਰੀ ਨੇ ਉਨ੍ਹਾਂ ਦੀਆਂ ਮੰਗਾਂ ਦੀ ਵਿਆਪਕ ਸਮੀਖਿਆ ਕੀਤੀ ਅਤੇ ਜਥੇਬੰਦੀਆਂ ਦੇ ਮੈਂਬਰਾਂ ਨੂੰ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰਾਂ ਨੂੰ ਹੋਰ ਉੱਚਾ ਚੁੱਕਣ ਲਈ ਹੋਰ ਸਮਰਪਣ ਕਰਨ ਲਈ ਉਤਸ਼ਾਹਤ ਕੀਤਾ।

ਇਸ ਮੌਕੇ ਸਿੱਖਿਆ ਸਕੱਤਰ ਅਨਿੰਦਿਤਾ ਮਿਤਰਾ ਨੇ ਵਿੱਤ ਮੰਤਰੀ ਨੂੰ ਦੱਸਿਆ ਕਿ ਯੂਨੀਅਨਾਂ ਦੀਆਂ ਜ਼ਿਆਦਾਤਰ ਮੰਗਾਂ ਦਾ ਹੱਲ ਜਾਂ ਤਾਂ ਅੰਤਿਮ ਪੜਾਅ 'ਤੇ ਹੈ ਜਾਂ ਇਨ੍ਹਾਂ 'ਤੇ ਕਾਰਵਾਈ ਚੱਲ ਰਹੀ ਹੈ। ਉਨ੍ਹਾ ਭਰੋਸਾ ਦਿੱਤਾ ਕਿ ਯੂਨੀਅਨ ਵੱਲੋਂ ਉਠਾਈਆਂ ਗਈਆਂ ਹੋਰ ਜਾਇਜ਼ ਮੰਗਾਂ ਨੂੰ ਵੀ ਜਲਦੀ ਹੀ ਹੱਲ ਕਰ ਦਿੱਤਾ ਜਾਵੇਗਾ। ਇਸ ਦੇ ਜਵਾਬ ਵਿੱਚ ਵਿੱਤ ਮੰਤਰੀ ਨੇ ਸਿੱਖਿਆ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਜਾਇਜ਼ ਮੰਗਾਂ ਨਾਲ ਜੁੜੀਆਂ ਵਿੱਤੀ ਜ਼ਿੰਮੇਵਾਰੀਆਂ ਨੂੰ ਵਿੱਤ ਵਿਭਾਗ ਨਾਲ ਸਾਂਝਾ ਕਰੇ ਤਾਂ ਜੋ ਬਿਨਾਂ ਕਿਸੇ ਦੇਰੀ ਦੇ ਜ਼ਰੂਰੀ ਕਾਰਵਾਈ ਬਾਰੇ ਫੈਸਲਾ ਲਿਆ ਜਾ ਸਕੇ।

ਇੱਕ ਵੱਖਰੀ ਮੀਟਿੰਗ ਵਿੱਚ, ਵਿੱਤ ਮੰਤਰੀ ਚੀਮਾ ਨੇ ਆਲ ਪੰਜਾਬ ਡੀ ਐੱਸ ਟੀ / ਸੀ ਟੀ ਐੱਫ ਕੰਟਰੈਕਟ ਵਰਕਰਜ਼ ਯੂਨੀਅਨ ਨਾਲ ਵੀ ਇੱਕ ਸਾਰਥਕ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਸੁਖਾਵੇਂ ਢੰਗ ਨਾਲ ਹੱਲ ਕਰਨ ਦਾ ਭਰੋਸਾ ਦਿੱਤਾ। ਇਨ੍ਹਾਂ ਮੀਟਿੰਗਾਂ ਦੌਰਾਨ ਵਿਸ਼ੇਸ਼ ਸਕੱਤਰ (ਪਰਸੋਨਲ) ਉਪਕਾਰ ਸਿੰਘ ਅਤੇ ਵਿਸ਼ੇਸ਼ ਸਕੱਤਰ (ਵਿੱਤ) ਅਜੈ ਅਰੋੜਾ ਨੇ ਵਿੱਤ ਮੰਤਰੀ ਨੂੰ ਜਥੇਬੰਦੀਆਂ ਵੱਲੋਂ ਰੱਖੀਆਂ ਗਈਆਂ ਮੰਗਾਂ ਦੀ ਆਪਣੇ ਸੰਬੰਧਤ ਵਿਭਾਗ ਦੀ ਸਥਿਤੀ ਬਾਰੇ ਜਾਣੂ ਕਰਵਾਇਆ।

ਮੀਟਿੰਗ ਦੌਰਾਨ ਸਪੈਸ਼ਲ ਕਾਡਰ ਅਧਿਆਪਕ ਫਰੰਟ ਤੋਂ ਵੀਰਪਾਲ ਕੌਰ ਸਿਧਾਣਾ, ਮਨਪ੍ਰੀਤ ਸਿੰਘ ਮੋਗਾ, ਪਰਮਜੀਤ ਕੌਰ ਪੱਖੋਵਾਲ, ਕੰਪਿਊਟਰ ਅਧਿਆਪਕ ਯੂਨੀਅਨ ਤੋਂ ਗੁਰਵਿੰਦਰ ਸਿੰਘ, ਰਾਖੀ ਮਨਨ, ਹਰਪ੍ਰੀਤ

• ਬਾਕੀ ਸਫਾ 2 'ਤੇ

## ਪਾਲਤੂ ਕੁੱਤਿਆਂ ਵੱਲੋਂ ਖੁੱਲ੍ਹੇ 'ਚ ਸ਼ੌਚ 'ਤੇ ਲੱਗੇਗਾ 10,000 ਦਾ ਜੁਰਮਾਨਾ

**ਚੰਡੀਗੜ੍ਹ :** ਚੰਡੀਗੜ੍ਹ ਪ੍ਰਸ਼ਾਸਨ ਨੇ ਪਾਲਤੂ ਜਾਨਵਰਾਂ ਅਤੇ ਕੁੱਤਿਆਂ ਬਾਰੇ ਸੋਧੇ ਹੋਏ ਉਪ-ਨਿਯਮਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਨਵੇਂ ਨਿਯਮਾਂ ਤਹਿਤ ਪੰਜ ਮਰਲੇ ਤੋਂ ਘੱਟ ਵਾਲੇ ਘਰਾਂ ਵਿਚ ਇਕ ਕੁੱਤਾ ਰੱਖਣ ਦੀ ਹੀ ਇਜਾਜ਼ਤ ਹੋਵੇਗੀ। ਨਵੇਂ ਬਾਇਲਾਜ ਵਿਚ ਕੁੱਤਿਆਂ ਦੀਆਂ ਹਮਲਾਵਰ ਮੰਨੀਆਂ ਜਾਂਦੀਆਂ 6 ਨਸਲਾਂ 'ਤੇ ਪਾਬੰਦੀ ਰਹੇਗੀ। ਕੁੱਤਿਆਂ ਨੂੰ ਖੁੱਲ੍ਹੇ ਵਿਚ ਜਾਂ ਜਨਤਕ ਥਾਵਾਂ 'ਤੇ ਸ਼ੌਚ ਕਰਵਾਉਣ 'ਤੇ ਦਸ ਹਜ਼ਾਰ ਰੁਪਏ ਦਾ ਜੁਰਮਾਨਾ ਲੱਗੇਗਾ। ਅਵਾਰਾ ਕੁੱਤਿਆਂ ਨੂੰ ਨਿਰਧਾਰਿਤ ਥਾਵਾਂ 'ਤੇ ਖਾਣਾ ਪਾਇਆ ਜਾ ਸਕੇਗਾ। ਉਪ-ਨਿਯਮਾਂ ਵਿੱਚ ਆਵਾਰਾ ਕੁੱਤਿਆਂ ਦੇ ਪ੍ਰਬੰਧਨ ਬਾਰੇ ਸੁਪਰੀਮ ਕੋਰਟ ਵੱਲੋਂ ਅਗਸਤ ਵਿਚ ਕੀਤੇ ਹੁਕਮ ਵੀ ਸ਼ਾਮਲ ਹਨ। ਚੰਡੀਗੜ੍ਹ ਨਗਰ ਨਿਗਮ ਨੇ ਲੋਕਾਂ ਦੇ ਇਤਰਾਜ਼ਾਂ ਅਤੇ ਸੁਝਾਵਾਂ ਅਤੇ ਜਨਰਲ ਹਾਊਸ ਦੀ ਪ੍ਰਵਾਨਗੀ ਤੋਂ ਬਾਅਦ ਇਸ ਸਾਲ ਮਈ ਵਿੱਚ ਪ੍ਰਸ਼ਾਸਨ ਨੂੰ ਉਪ-ਨਿਯਮਾਂ ਸੰਬੰਧੀ ਖਰੜਾ ਭੇਜਿਆ ਸੀ। ਕੁੱਤਿਆਂ ਸੰਬੰਧੀ ਨਿਯਮਾਂ ਦੀਆਂ ਵੱਖ-ਵੱਖ ਉਲੰਘਣਾਵਾਂ ਲਈ ਨਗਰ ਨਿਗਮ 500 ਰੁਪਏ ਦਾ ਜੁਰਮਾਨਾ ਲਗਾਏਗਾ। ਜੇਕਰ ਕੁੱਤਿਆਂ ਨੂੰ ਜਨਤਕ ਥਾਵਾਂ 'ਤੇ ਮਲ-ਮੂਤਰ ਕਰਦੇ ਪਾਇਆ ਗਿਆ ਤਾਂ ਮਾਲਕ ਨੂੰ 10,000 ਰੁਪਏ ਦਾ ਜੁਰਮਾਨਾ ਦੇਣਾ ਪਵੇਗਾ। ਇਹ ਵੀ ਯਕੀਨੀ ਬਣਾਇਆ ਜਾਵੇਗਾ ਕਿ ਫੀਡਿੰਗ ਵਾਲੀਆਂ ਥਾਵਾਂ 'ਤੇ ਕੋਈ ਕੂੜਾ ਨਾ ਸੁੱਟਿਆ ਜਾਵੇ। ਜੇਕਰ ਇਨ੍ਹਾਂ ਥਾਵਾਂ 'ਤੇ ਕੂੜਾ ਪਾਇਆ ਜਾਂਦਾ ਹੈ ਤਾਂ ਲੋਕਾਂ ਦਾ 10,000 ਰੁਪਏ ਦਾ ਚਲਾਨ ਕੀਤਾ ਜਾਵੇਗਾ। ਲੋਕਾਂ ਦੀ ਸੁਰੱਖਿਆ ਦੇ ਮੱਦੇਨਜ਼ਰ ਨਗਰ ਨਿਗਮ ਨੇ ਅਮਰੀਕਨ ਬੁੱਲਡੌਗ, ਅਮਰੀਕਨ ਪਿਟਬੁੱਲ, ਬੁੱਲ ਟੈਰੀਅਰ, ਕੇਨ ਕੋਰਸੋ, ਡੋਗੋ ਅਰਜਨਟੀਨੋ ਅਤੇ ਰੋਟਵੀਲਰ ਰੱਖਣ 'ਤੇ ਪਾਬੰਦੀ ਲਾ ਦਿੱਤੀ ਹੈ।

## ਸੀ ਐੱਚ ਸੀ ਵਿਖੇ ਐੱਸ ਐੱਮ ਓ ਨੇ ਫੀਲਡ ਸਟਾਫ਼ ਨਾਲ ਕੀਤੀ ਮੀਟਿੰਗ



**ਜਗਰਾਉਂ (ਸੰਜੀਵ ਅਰੋੜਾ)**-ਸੀ ਐੱਚ ਸੀ ਸਿੱਧਵਾਂ ਬੇਟ ਵਿਖੇ ਸੀਨੀਅਰ ਮੈਡੀਕਲ ਅਫਸਰ ਹਰਕੀਰਤ ਕੌਰ ਗਿੱਲ ਵੱਲੋਂ ਫੀਲਡ ਸਟਾਫ ਨਾਲ ਮੀਟਿੰਗ ਕੀਤੀ ਗਈ ਤੇ ਸਾਰੇ ਫੀਲਡ ਸਟਾਫ ਵੱਲੋਂ ਸੀਨੀਅਰ ਮੈਡੀਕਲ ਅਫ਼ਸਰ ਦਾ ਸਵਾਗਤ ਕੀਤਾ ਅਤੇ ਜੀ ਆਇਆਂ ਕਿਹਾ ਗਿਆ। ਮੈਡਮ ਨੇ ਸਾਰੇ ਸਟਾਫ ਦਾ ਧੰਨਵਾਦ ਕੀਤਾ ਤੇ ਕੰਮ ਪ੍ਰਤੀ ਪੂਰੀ ਤਨਦੇਹੀ ਨਾਲ ਕਰਨ ਲਈ ਪ੍ਰੇਰਤ ਕੀਤਾ। ਇਸ ਸਮੇਂ ਹਰਪਾਲ ਕੌਰ ਸਿੱਧਵਾਂ ਬੇਟ, ਪਿੰਦਰਜੀਤ ਕੌਰ, ਕਰਮਜੀਤ ਕੌਰ, ਸੁਖਜਿੰਦਰ ਕੌਰ, ਪਰਮਜੀਤ ਕੌਰ, ਮਹਿੰਦਰ ਕੌਰ ਤੇ ਪਰਮਜੀਤ ਕੌਰ, ਰਿੰਪੀ ਰਾਣੀ, ਸਰਬਜੀਤ ਕੌਰ, ਇਕਬਾਲ ਕੌਰ, ਗੁਰਜੀਤ ਕੌਰ, ਨਰਿੰਦਰ ਕੌਰ, ਸਤਵੰਤ ਕੌਰ, ਪ੍ਰਦੀਪ ਕੌਰ ਤੇ ਸਮੂਹ ਫੀਲਡ ਸਟਾਫ ਹਾਜ਼ਰ ਸੀ।

## ਸੜਕੀ ਹਾਦਸਾ ਰੋਕਣ ਲਈ ਮੁਕਤੀਸਰ ਸੰਸਥਾ ਦੇ ਮੈਂਬਰ ਰਾਤ ਨੂੰ ਪਹੁੰਚੇ ਨੈਸ਼ਨਲ ਹਾਈਵੇ 'ਤੇ

### ਸੜਕ ਵਿਚਕਾਰ ਖੜ੍ਹੇ ਖਰਾਬ ਵਾਹਨ 'ਤੇ ਲਗਾਈਆਂ ਰੇਡੀਅਮ ਟੇਪਾਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਲੋਕਾਂ ਦੀ ਜਾਨਾਂ ਬਚਾਉਣ ਲਈ ਵੱਡੇ ਪੱਧਰ 'ਤੇ ਸੜਕ ਸੁਰੱਖਿਆ ਉੱਪਰ ਕੰਮ ਕਰ ਰਹੀ ਨੈਸ਼ਨਲ ਅਵਾਰਡੀ ਸੰਸਥਾ ਮੁਕਤੀਸਰ ਵੈੱਲਫੇਅਰ ਕਲੱਬ ਵੱਲੋਂ ਬੀਤੇ ਰਾਤ ਜਾਣਕਾਰੀ ਮਿਲਦੇ ਹੀ ਕੋਟਕਪੂਰਾ ਨੈਸ਼ਨਲ ਹਾਈਵੇ ਉੱਪਰ ਖੜੇ ਖਰਾਬ ਟਰੱਕ ਜੋ ਕਿ ਸੜਕ ਦੇ ਵਿਚਕਾਰ ਖੜਾ ਸੀ, ਰਾਤ ਸਮੇਂ ਟਰੱਕ ਉੱਪਰ ਰਿਫਲੈਕਟਰ ਨਾ ਲੱਗੇ ਹੋਣ ਕਰਕੇ ਕੋਈ ਵੱਡਾ ਸੜਕੀ ਹਾਦਸਾ ਹੋ ਸਕਦਾ ਸੀ, ਜਿਸ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਮੁਕਤੀਸਰ ਵੈੱਲਫੇਅਰ ਕਲੱਬ ਦੀ ਟੀਮ ਵੱਲੋਂ ਰਾਤ 11 ਵਜੇ ਇੱਥੇ ਪਹੁੰਚ ਕੇ ਟਰੱਕ ਦੇ ਦੋਨੋਂ ਪਾਸੇ ਰੇਡੀਅਮ ਰਿਫਲੈਕਟਰ ਟੇਪਾਂ ਲਗਾਈਆਂ ਗਈਆਂ ਅਤੇ ਇੱਥੇ ਪਏ ਖੰਭਿਆਂ ਉੱਪਰ ਵੀ ਰੇਡੀਅਮ ਟੇਪਾਂ ਲਗਾਈਆਂ ਤਾਂ ਜੋ ਸੜਕੀ ਹਾਦਸਾ ਹੋਣ ਤੋਂ ਬਚ ਸਕੇ।ਉਨ੍ਹਾਂ ਕਿਹਾ ਕਿ ਕੀਮਤੀ ਜਾਨਾਂ ਬਚਾਉਣ ਲਈ ਸਾਡੀ ਸੰਸਥਾ ਵੱਡੇ ਪੱਧਰ 'ਤੇ ਉਪਰਾਲੇ ਕਰ ਰਹੀ ਹੈ।ਇਸ ਮੌਕੇ ਦੀਪਾਂਸ਼ੂ ਕੁਮਾਰ, ਰਾਜ ਕੁਮਾਰ ਕਾਤੀ, ਅਜੇ ਕੁਮਾਰ ਪਾਸੀ, ਨਵਦੀਪ ਸਿੰਘ ਆਦਿ ਹਾਜ਼ਰ ਸਨ।

## ਮਾਤਾ ਗੁਜਰੀ ਸਕੂਲ ਦੇ ਖਿਡਾਰੀਆਂ ਵਾਲੀਬਾਲ ਮੁਕਾਬਲਿਆਂ 'ਚ ਮਾਰੀ ਬਾਜ਼ੀ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਘੁਮਾਣਾ ਦੇਵੀਗੜ੍ਹ ਦੇ ਖਿਡਾਰੀਆਂ ਨੇ ਸਹੋਦਿਆ ਵੱਲੋਂ ਕਰਵਾਏ ਗਏ ਵਾਲੀਬਾਲ ਟੂਰਨਾਮੈਂਟ, ਜੋ ਨਵਨੀਤ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨਿਰਵਾਣਾ ਵਿਖੇ ਹੋਇਆ, ਵਿੱਚ ਵਿੱਚ ਅੰਡਰ-19 ਖਿਡਾਰੀਆਂ ਨੇ ਬਰੌਨਜ਼ ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਮਾਤਾ ਗੁਜਰੀ ਸਕੂਲ ਦੇ ਖਿਡਾਰੀਆਂ ਨੇ ਕੋਚ ਅਰਸ਼ਦੀਪ ਦੀ ਅਗਵਾਈ ਵਿੱਚ ਟੂਰਨਾਮੈਂਟ 'ਚ ਭਾਗ ਲਿਆ।ਇਸ ਟੂਰਨਾਮੈਂਟ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਦੇ ਅੰਡਰ-19 ਲੜਕਿਆਂ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਬਰੌਨਜ਼ ਤਮਗੇ ਜਿੱਤ ਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਨ੍ਹਾਂ ਜੇਤੂ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਲਈ ਸਕੂਲ ਦੇ ਨਿਰਦੇਸ਼ਕ ਸ੍ਰ: ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਮੈਡਮ ਰਵਿੰਦਰ ਕੌਰ, ਪ੍ਰਿੰਸੀਪਲ ਮੈਡਮ ਮਮਤਾ ਮੱਕੜ ਤੇ ਅਕਾਦਮਿਕ ਡਾਇਰੈਕਟਰ ਮੈਡਮ ਤਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਉਪਲਬਧੀ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਣ ਵਾਲੀਆਂ ਪ੍ਰਤੀਯੋਗਤਾਵਾਂ ਲਈ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ।

## 'ਆਪ' ਨੇ ਔਰਤਾਂ ਨੂੰ ਹਜ਼ਾਰ ਰੁਪਏ ਵਾਲਾ ਡਰਾਮਾ ਕੀਤਾ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਕਾਂਗਰਸ ਦੇ ਸੀਨੀਅਰ ਆਗੂ ਹਰੀ ਸਿੰਘ ਖਾਈ ਤੇ ਅਵਤਾਰ ਸਿੰਘ ਤਾਰੀ ਮਾਛੀਕੇ ਅਗਜੈਕਟਿਵ ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ ਨੇ ਕਿਹਾ ਕਿ ਜੋ ਸਰਕਾਰ ਬਣਨ ਤੋਂ ਪਹਿਲਾਂ 'ਆਪ' ਨੇ ਕਿਹਾ ਸੀ ਕਿ ਪੰਜਾਬ ਦੀ ਹਰੇਕ ਔਰਤ ਦੇ ਖਾਤੇ ਵਿੱਚ ਇੱਕ-ਇੱਕ ਹਜ਼ਾਰ ਰੁਪਏ ਆਉਣਗੇ। ਕਰੀਬ 4 ਸਾਲ ਦਾ ਸਮਾਂ ਹੋਣ ਵਾਲਾ ਹੈ, ਪਰ ਪੰਜਾਬ ਦੇ ਕਿਸੀ ਵੀ ਔਰਤ ਦੇ ਖਾਤੇ ਵਿੱਚ ਇੱਕ-ਇੱਕ ਹਜ਼ਾਰ ਰੁਪਏ ਆਏ ਹੀ ਨਹੀਂ। ਕਾਂਗਰਸ ਦੇ ਸੀਨੀਅਰ ਆਗੂ ਹਰੀ ਸਿੰਘ ਖਾਈ ਤੇ ਅਵਤਾਰ ਸਿੰਘ ਤਾਰੀ ਨੇ ਕਿਹਾ ਕਿ ਔਰਤਾਂ ਨੂੰ ਇੱਕ ਇੱਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਸਿਰਫ਼ ਸਿਆਸੀ ਡਰਾਮਾ ਲੱਗ ਰਿਹਾ ਹੈ।

## ਸ਼ਿਆਮ ਬਾਬਾ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬਾਲਾ ਜੀ ਖਾਟੂ ਸ਼ਿਆਮ ਮੰਦਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਸ਼ਿਆਮ ਬਾਬਾ ਜੀ ਦਾ ਜਨਮ ਦਿਹਾੜਾ 1 ਨਵੰਬਰ ਨੂੰ ਸ੍ਰੀ ਬਾਲਾ ਜੀ ਖਾਟੂ ਸ਼ਿਆਮ ਮੰਦਰ ਵਿਖੇ ਬੜੀ ਸ਼ਰਧਾ ਤੇ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸ਼ਿਆਮ ਬਾਬਾ ਜੀ ਦਾ ਸ਼ਿੰਗਾਰ ਸਵੇਰੇ 5:15 ਵਜੇ ਕਲਕੱਤਾ ਤੋਂ ਆਏ ਫੁੱਲਾਂ ਨਾਲ ਆਰੰਭ ਕੀਤਾ ਜਾਵੇਗਾ ਤੇ ਸਵੇਰੇ 8:00 ਵਜੇ ਆਰਤੀ, ਭੋਗ ਪ੍ਰਸ਼ਾਦ ਤੋਂ ਬਾਅਦ ਸ਼ਰਧਾਲੂਆਂ ਲਈ ਦਰਸ਼ਨ ਸ਼ੁਰੂ ਹੋ ਜਾਣਗੇ ਤੇ ਮੰਦਰ ਦੇ ਪੱਟ ਸਾਰਾ ਦਿਨ ਖੁੱਲ੍ਹੇ ਰਹਿਣਗੇ।ਉਨ੍ਹਾਂ ਦੱਸਿਆ ਕਿ ਰਾਤ 8:15 ਵਜੇ ਸ਼ਿਆਮ ਬਾਬਾ ਦਾ ਜਾਗਰਣ ਹੋਵੇਗਾ, ਜਿਸ ਵਿੱਚ ਭਜਨ ਪ੍ਰਵਾਹਕ ਜਤਿਨ ਛਾਬੜਾ ਤੇ ਸੁਨਾਮ ਦੇ ਮੁਨੀਸ਼ ਅਰੋੜਾ ਸ਼ਰਧਾਲੂਆਂ ਨੂੰ ਸ਼ਿਆਮ ਬਾਬਾ ਦੇ ਭਜਨ ਸੁਣਾ ਕੇ ਨਿਹਾਲ ਕਰਨਗੇ।ਉਨ੍ਹਾਂ ਦੱਸਿਆ ਕਿ ਸ਼ਿਆਮ ਬਾਬਾ ਦੇ ਸ਼ਿੰਗਾਰ ਦੇ ਨਾਲ-ਨਾਲ ਭੋਲੇ ਬਾਬਾ ਦਾ ਸਿੰਗਾਰ ਤੇ ਮੰਦਰ ਦੀ ਸਜਾਵਟ ਦੇਖਣ ਯੋਗ ਹੋਵੇਗੀ।ਉਨ੍ਹਾਂ ਦੱਸਿਆ ਕਿ ਸ੍ਰੀ ਬਾਲਾ ਜੀ ਟਰੱਸਟ ਵੱਲੋਂ ਆਉਣ ਵਾਲੀਆਂ ਸੰਗਤਾਂ ਲਈ ਰਾਤ ਸਮੇਂ ਭੰਡਾਰੇ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ।ਮੰਦਰ ਦੇ ਸਾਰੇ ਮੈਂਬਰ ਸ਼ਿਆਮ ਬਾਬਾ ਦੇ ਜਨਮ ਦਿਹਾੜੇ ਦੀਆਂ ਤਿਆਰੀਆਂ 'ਚ ਜੁਟੇ ਹੋਏ ਹਨ।

## ਕੈਂਬਰਿਜ ਕਾਨਵੈਂਟ ਸਕੂਲ 'ਚ ਵਿਜੀਲੈਂਸ ਬਿਊਰੋ ਵੱਲੋਂ ਸੈਮੀਨਾਰ



**ਕੋਟ ਈਸੇ ਖਾ (ਅਰੋੜਾ)**-ਕੈਂਬਰਿਜ ਕਾਨਵੈਂਟ ਸਕੂਲ ਵੱਲੋਂ ਵਿਜੀਲੈਂਸ ਜਾਗਰੂਕਤਾ ਹਫਤੇ ਮੌਕੇ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸਮਾਰੋਹ ਦਾ ਮੁੱਖ ਵਿਸ਼ਾ ਚੌਕਸੀ ਸਾਡੀ ਸਾਂਝੀ ਜ਼ਿੰਮੇਵਾਰੀ ਸੀ।ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ 'ਚ ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਪੈਦਾ ਕਰਨਾ ਅਤੇ ਸੱਚਾਈ ਤੇ ਇਮਾਨਦਾਰੀ ਦੀ ਮਹੱਤਤਾ ਬਾਰੇ ਸੁਨੇਹਾ ਦੇਣਾ ਸੀ।ਇਸ ਮੌਕੇ ਕਈ ਵਿਜੀਲੈਂਸ ਅਧਕਾਰੀ ਤੇ ਹੋਰ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ 'ਚ ਇੰਸਪੈਕਟਰ ਸੁਰਿੰਦਰਪਾਲ ਸਿੰਘ, ਸਬ ਇੰਸਪੈਕਟਰ ਗੁਰਜਿੰਦਰ ਸਿੰਘ, ਏ ਐੱਸ ਆਈ ਗੁਰਪ੍ਰੀਤ ਸਿੰਘ, ਹਰਬੇਲ ਸਿੰਘ, ਹਰਜਿੰਦਰ ਸਿੰਘ, ਸੁਰਜੀਤ ਸਿੰਘ, ਸਾਬਕਾ ਡਿਪਟੀ ਵੀਰਪ੍ਰਤਾਪ ਸਿੰਘ, ਪਰਜਿੰਦਰ ਸਿੰਘ, ਰਾਜਿੰਦਰ ਸਿੰਘ, ਸ਼ਿਵਰਾਜ ਸਿੰਘ ਸਰਪੰਚ ਘਲੋਟੀ, ਚਰਨਜੀਤ ਸਿੰਘ, ਸਨਦੀਪ ਮਾਲੜਾ, ਪ੍ਰਿੰਸੀਪਲ ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।ਸਮਾਰੋਹ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਨਾਅਰੇ ਤੇ ਪੋਸਟਰ ਰਾਹੀਂ ਭ੍ਰਿਸ਼ਟਾਚਾਰ ਖ਼ਿਲਾਫ਼ ਆਪਣੀ ਸੋਚ ਪ੍ਰਗਟ ਕੀਤੀ।ਕੁੱਝ ਵਿਦਿਆਰਥੀਆਂ ਦਿਲੀਸ਼ਾ ਛਾਬੜਾ, ਜਸਰੀਨ ਕੌਰ, ਯਾਦਵੀ, ਅਨੁਰੀਤ ਅਰਸ਼ਦੀਪ ਕੌਰ ਤੇ ਭਵਨੀਤ ਸ਼ਰਮਾ ਨੇ ਮੰਚ 'ਤੇ ਆ ਕੇ ਆਪਣੇ ਭਾਸ਼ਣਾਂ ਰਾਹੀਂ ਸਭ ਦਾ ਮਨ ਮੋਹ ਲਿਆ।ਉਨ੍ਹਾਂ ਦੱਸਿਆ ਕਿ ਇਮਾਨਦਾਰੀ, ਸੱਚਾਈ ਤੇ ਜ਼ਿੰਮੇਵਾਰੀ ਹੀ ਇੱਕ ਮਜ਼ਬੂਤ ਰਾਸ਼ਟਰ ਦੀ ਨੀਂਹ ਹੁੰਦੀ ਹੈ।ਇਸ ਮੌਕੇ ਸਰਕਾਰੀ ਵਿਭਾਗ ਦੇ ਅਧਿਕਾਰੀਆਂ ਨੇ ਹਾਜ਼ਰੀ ਲਾਈ ਅਤੇ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਦੇ ਖ਼ਿਲਾਫ਼ ਸੱਚੇ ਮਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਹਰ ਨਾਗਰਿਕ ਦਾ ਫ਼ਰਜ਼ ਹੈ ਕਿ ਉਹ ਦੇਸ਼ ਨੂੰ ਭ੍ਰਿਸ਼ਟਾਚਾਰ ਰਹਿਤ ਬਣਾਉਣ 'ਚ ਯੋਗਦਾਨ ਪਾਵੇ।ਸਕੂਲ ਪ੍ਰਬੰਧਕ ਮੰਡਲ ਨੇ ਸਭ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸਮਾਰੋਹ ਵਿਦਿਆਰਥੀਆਂ ਵਿੱਚ ਨੈਤਿਕਤਾ ਤੇ ਜਾਗਰੂਕਤਾ ਦੀ ਚੇਤਨਾ ਜਗਾਉਣ ਵਾਲਾ ਸਾਬਤ ਹੋਇਆ।

## ਵਿਦਿਆਰਥੀਆਂ ਨੇ ਕੀਤਾ ਪੰਜਾਬੀ 'ਵਰਸਿਟੀ ਦਾ ਦੌਰਾ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ ਦੇ ਵਿਦਿਆਰਥੀਆਂ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਦੌਰਾ ਕੀਤਾ ਗਿਆ, ਜਿਸ ਦਾ ਮਕਸਦ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਸੰਸਥਾਵਾਂ ਨਾਲ ਜਾਣੂ ਕਰਾਇਆ ਗਿਆ ਅਤੇ ਉਨ੍ਹਾਂ ਦੇ ਗਿਆਨ ਤੇ ਅਨੁਭਵ ਵਿੱਚ ਵਾਧਾ ਕੀਤਾ। ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ, ਜਿਸ ਵਿੱਚ ਪੰਜਾਬੀ ਵਿਭਾਗ, ਕਲਾ ਗੈਲਰੀ, ਕੇਂਦਰੀ ਪੁਸਤਕਾਲਾ ਤੇ ਵਿਗਿਆਨ ਪ੍ਰਯੋਗਸ਼ਾਲਾਵਾਂ ਸ਼ਾਮਲ ਸਨ।ਯੂਨੀਵਰਸਿਟੀ ਦੇ ਪ੍ਰੋਫੈਸਰਾਂ ਵੱਲੋਂ ਵਿਦਿਆਰਥੀਆਂ ਨਾਲ ਸੰਵਾਦ ਕਰਕੇ ਉਨ੍ਹਾਂ ਨੂੰ ਉੱਚ ਸਿੱਖਿਆਂ ਦੇ ਮੌਕਿਆਂ ਅਤੇ ਖੋਜ ਦੇ ਖੇਤਰਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਕਾਲਜ ਦੇ ਪ੍ਰਿੰਸੀਪਲ ਨੇ ਕਿਹਾ ਕਿ ਇਸ ਤਰ੍ਹਾਂ ਦੇ ਦੌਰੇ ਵਿਦਿਆਰਥੀਆਂ ਨੂੰ ਪ੍ਰੇਰਤ ਕਰਦੇ ਹਨ ਅਤੇ ਉਨ੍ਹਾਂ ਦੇ ਅਕਾਦਮਿਕ ਤੇ ਵਿਅਕਤੀਗਤ ਵਿਕਾਸ ਵਿੱਚ ਸਹਾਇਕ ਸਾਬਤ ਹੁੰਦੇ ਹਨ।ਦੌਰੇ ਦੌਰਾਨ ਵਿਦਿਆਰਥੀਆਂ ਨੇ ਸਮੂਹਿਕ ਤਸਵੀਰਾਂ ਵੀ ਖਿਚਵਾਈਆਂ ਤੇ ਯਾਦਗਾਰੀ ਪਲ ਬਿਤਾਏ।

# ਕੈਬਨਿਟ ਮੰਤਰੀ ਖੁੱਡੀਆਂ ਵੱਲੋਂ ਦਿਉਣ ਖੇੜਾ ਦਾਣਾ ਮੰਡੀ ਦਾ ਜਾਇਜ਼ਾ

**ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ : ਖੁੱਡੀਆਂ**



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸੇਖੂ/ਪੂਜਾ)**-ਕੈਬਨਿਟ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਹਲਕੇ ਦੀ ਮੰਡੀ ਦਿਉਣ ਖੇੜਾ ਦੌਰਾ ਕਰਕੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੇ ਦਿਨ ਤੱਕ ਕੁੱਲ 471651 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ ਤੇ 436204 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋ ਚੁੱਕੀ ਹੈ।ਉਨ੍ਹਾਂ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋਂ ਕੁੱਲ 189868 ਮੀਟ੍ਰਿਕ ਟਨ, ਮਾਰਕਫ਼ੈੱਡ ਵੱਲੋਂ ਕੁੱਲ 95631 ਮੀਟ੍ਰਿਕ ਟਨ, ਪਨਸਪ ਵੱਲੋਂ ਕੁੱਲ 91196 ਮੀਟ੍ਰਿਕ ਟਨ ਤੇ ਵੇਅਰ ਹਾਊਸ ਵੱਲੋਂ ਕੁੱਲ 59509 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਨੂੰ ਮੰਡੀਆਂ ਵਿੱਚੋਂ ਚੁੱਕਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਫਸਲ ਆਉਣ ਉਪਰੰਤ ਖਰੀਦ ਕੀਤੀ ਜਾ ਰਹੀ ਹੈ ਤੇ ਕਿਸਾਨਾਂ ਨੂੰ ਮਿੱਥੇ ਸਮੇਂ ਵਿੱਚ ਖਰੀਦ ਕੀਤੀ ਗਈ ਫਸਲ ਦੀ ਅਦਾਇਗੀ ਵੀ ਆਨਲਾਈਨ ਉਨ੍ਹਾਂ ਦੇ ਖਾਤਿਆਂ ਵਿੱਚ ਕੀਤੀ ਜਾ ਰਹੀ ਹੈ।ਇਸ ਮੌਕੇ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਲਈ ਪੀਣ ਵਾਲੇ ਸਾਫ਼ ਪਾਣੀ ਦਾ ਪ੍ਰਬੰਧ, ਬਾਰਦਾਨੇ ਦਾ ਪ੍ਰਬੰਧ, ਸਾਫ਼-ਸਫਾਈ ਦਾ ਪ੍ਰਬੰਧ ਤੇ ਹੋਰ ਮੁੱਢਲੀਆਂ ਸਹੂਲਤਾਂ ਲਗਾਤਾਰ ਮੁਹੱਈਆ ਕਰਵਾਉਣੀਆਂ ਯਕੀਨੀ ਬਣਾਈਆਂ ਜਾਣ ਤੇ ਡਿਊਟੀ ਦੌਰਾਨ ਕੁਤਾਹੀ ਵਰਤਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਮੌਕੇ ਗੁਰਵਿੰਦਰ ਸਿੰਘ, ਗੁਰਪ੍ਰੀਤ ਸਿੰਘ ਪੀਤੂ ਮਾਨ, ਦਵਿੰਦਰ ਮਾਨ ਸਿੰਘ, ਹਰਬੰਸ ਸਿੰਘ ਮਾਨ, ਸਰਪੰਚ ਹਰਜਿੰਦਰ ਸਿੰਘ ਦੰਦੀਵਾਲ, ਮਹੀਂਦਾ ਰਾਮ ਸਰਪੰਚ, ਗੁਰਬਾਜ ਸਿੰਘ ਵਣਵਾਲਾ ਤੋਂ ਇਲਾਵਾ ਮੰਡੀ ਬੋਰਡ, ਮਾਰਕਿਟ ਕਮੇਟੀ ਤੇ ਖਰੀਦ ਏਜੰਸੀਆਂ ਦੇ ਅਧਿਕਾਰੀ, ਆੜ੍ਹਤੀ ਤੇ ਕਿਸਾਨ ਹਾਜ਼ਰ ਸਨ।

## ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮ 3 ਤੋਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰਦੁਆਰਾ ਹਵੇਲੀ ਸਾਹਿਬ ਪਿੰਡ ਲੋਹਗੜ੍ਹ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 3 ਤੋਂ 5 ਨਵੰਬਰ ਨੂੰ ਸ਼ਰਧਾ ਭਾਵਨਾ ਨਾਲ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਮਨਾਇਆ ਜਾ ਰਿਹਾ ਹੈ। ਗੁਰਚਰਨ ਸਿੰਘ ਬੱਡੋ ਵਾਲੇ, ਮੇਹਤ ਨਛੱਤਰ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਧਾਰਮਿਕ ਸਮਾਗਮ 3 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। 5 ਨਵੰਬਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਢਾਡੀ, ਕਥਾਵਾਚਕ ਗੁਰੂ ਇਤਿਹਾਸ ਪੇਸ਼ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ। ਪ੍ਰਬੰਧਕਾਂ ਅਨੁਸਾਰ ਇਸ ਮੌਕੇ ਹਰ ਸਾਲ ਦੀ ਤਰ੍ਹਾਂ ਸਾਹ, ਦਮੇ ਦੇ ਮਰੀਜ਼ਾਂ ਨੂੰ ਮੁਫ਼ਤ ਦੇਸੀ ਦਵਾਈ ਪੂਰਨਮਾਸੀ ਵਾਲੇ ਦਿਨ 5 ਨਵੰਬਰ ਨੂੰ ਸਵੇਰੇ 4 ਵਜੇ ਖੀਰ 'ਚ ਦਿੱਤੀ ਜਾਵੇਗੀ। ਉਨ੍ਹਾਂ ਲੋੜਵੰਦ ਮਰੀਜ਼ਾਂ ਨੂੰ ਕਾਂਸੀ ਦੇ ਬਰਤਨ ਲੈ ਕੇ 4 ਨਵੰਬਰ ਨੂੰ ਸ਼ਾਮ ਤੱਕ ਗੁਰਦੁਆਰਾ ਹਵੇਲੀ ਸਾਹਿਬ ਪਿੰਡ ਲੋਹਗੜ੍ਹ (ਬਰਨਾਲਾ) ਵਿਖੇ ਪਹੁੰਚਣ ਦੀ ਅਪੀਲ ਕੀਤੀ।

## ਭਾਈ ਗੁਰਦਾਸ ਜੀ ਦੇ ਡੇਰੇ ਕੋਲ ਕੂੜੇ ਦੇ ਮੁੜ ਤੋਂ ਲੱਗੇ ਅੰਬਾਰ



**ਮਾਨਸਾ (ਆਤਮਾ ਸਿੰਘ ਪਮਾਰ)**-ਪਿਛਲੇ ਸਮਿਆਂ ਦੌਰਾਨ ਸਥਾਨਕ ਬਾਬਾ ਭਾਈ ਗੁਰਦਾਸ ਜੀ ਦੇ ਡੇਰੇ ਨਜ਼ਦੀਕ ਨਗਰ ਪਾਲਿਕਾ ਮਾਨਸਾ ਵੱਲੋਂ ਸ਼ਹਿਰ ਦਾ ਕੂੜਾ ਸੁੱਟਣ ਲਈ ਜੋ ਥਾਂ ਨਿਸਚਿਤ ਕੀਤੀ ਗਈ, ਉੱਥੇ ਕੂੜੇ ਦੇ ਵੱਡੇ ਅੰਬਾਰ ਲੱਗਣ ਕਾਰਨ ਸ਼ਹਿਰ ਦੀਆਂ ਵੱਖ ਵੱਖ ਜਥੇਬੰਦੀਆਂ ਵੱਲੋਂ ਸਵਾਲ ਉਠਾਏ ਜਾਂਦੇ ਰਹੇ ਸਨ, ਜਿਸ ਕਾਰਨ ਸਿਰਫ਼ ਸਥਾਨਕ ਜਥੇਬੰਦੀਆਂ ਜਾਂ ਪਾਰਟੀਆਂ ਦੇ ਆਗੂ ਹੀ ਨਹੀਂ, ਸਗੋਂ ਸੂਬੇ ਦੀਆਂ ਵਿਰੋਧੀ ਧਿਰਾਂ ਦੇ ਸੀਨੀਅਰ ਆਗੂਆਂ ਵੱਲੋਂ ਇਸ ਮਸਲੇ ਨੂੰ ਖੂਬ ਉਛਾਲਿਆ ਗਿਆ ਸੀ, ਜਿਸ ਦੇ ਦਬਾਅ ਸਦਕਾ ਸਥਾਨਕ ਵਿਧਾਇਕ, ਨਗਰ ਕੌਂਸਲ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਯਤਨਾਂ ਸਦਕਾ ਇਸ ਕੂੜੇ ਨੂੰ ਪੂਰੀ ਤਰ੍ਹਾਂ ਉੱਥੋਂ ਹਟਾ ਦਿੱਤਾ ਗਿਆ ਸੀ, ਜਿਸ ਕਾਰਨ ਰਾਹਗੀਰਾਂ ਤੇ ਆਮ ਸ਼ਹਿਰੀਆਂ ਨੇ ਕੁੱਝ ਦੇਰ ਤੱਕ ਸੁਖ ਦਾ ਸਾਹ ਲਿਆ ਸੀ।ਪ੍ਰੰਤੂ ਅਫ਼ਸੋਸ ਹੁਣ ਉੱਥੇ ਮੁੜ ਤੋਂ ਫਿਰ ਕੂੜੇ ਦੇ ਅੰਬਾਰ ਲੱਗ ਗਏ ਹਨ, ਜਿਸ ਕਾਰਨ ਆਲੇ ਦੁਆਲੇ ਦੇ ਲੋਕ ਤੇ ਰਾਹਗੀਰ ਇਸ ਕੂੜੇ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ।ਅਜਿਹਾ ਹੋਣ ਨਾਲ ਗੰਭੀਰ ਬਿਮਾਰੀਆਂ ਦਾ ਖ਼ਤਰਾ ਵੀ ਮੰਡਰਾ ਰਿਹਾ ਹੈ।ਉਧਰ ਦੂਜੇ ਪਾਸੇ ਇਸਦੇ ਆਲੇ ਦੁਆਲੇ ਤੇ ਡੇਰੇ ਨਾਲ ਸ਼ਹਿਰ ਨਿਵਾਸੀਆਂ ਦੇ ਖੂਬ ਤੁਰ੍ਹ ਆਪਣੇ ਲਪੇਟ 'ਚ ਲਿਆ ਹੋਇਆ ਹੈ।ਅਜਿਹੇ ਰੋਗਾਂ ਤੋਂ ਪੀੜਤ ਲੋਕਾਂ ਦੀਆਂ ਡਾਕਟਰਾਂ ਕੋਲ ਵੱਡੀਆਂ ਭੀੜਾਂ ਲੱਗੀਆਂ ਹੋਈਆਂ ਹਨ।ਇਸ ਤੋਂ ਇਲਾਵਾ ਵੱਡੀ ਗਿਣਤੀ ਅਵਾਰਾ ਪਸ਼ੂ ਵੀ ਇੱਥੇ ਫਿਰਦੇ ਦੇਖੇ ਜਾ ਸਕਦੇ ਹਨ, ਜੋ ਆਪਸ 'ਚ ਭਿੜਦੇ ਰਹਿੰਦੇ ਹਨ, ਜੋ ਕਿ ਉਥੋਂ ਲੰਘਣ ਵਾਲੇ ਲੋਕਾਂ ਲਈ ਹਰ ਸਮੇਂ ਖਤਰਾ ਬਣੇ ਰਹਿੰਦੇ ਹਨ।ਸ਼ਹਿਰ ਵਾਸੀਆਂ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਕੌਂਸਲ ਮਾਨਸਾ ਦੇ ਜ਼ਿੰਮੇਵਾਰ ਅਧਿਕਾਰੀਆਂ ਤੋਂ ਇਸ ਜਨਤਕ ਹਿੱਤ ਦੇ ਕਾਰਜ ਵੱਲ ਗੰਭੀਰਤਾ ਨਾਲ ਧਿਆਨ ਦੇਣ ਦੀ ਮੰਗ ਕੀਤੀ ਹੈ।

# ਵਰਲਡ 'ਵਰਸਿਟੀ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਤੇ ਸੰਸਕ੍ਰਿਤਕ ਸਮਾਗਮ ਸ਼ੁਰੂ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਦਾ ਚਾਰ ਦਿਨਾਂ ਸਮਾਰੋਹ ਕੀਤਾ ਜਾ ਰਿਹਾ ਹੈ।ਇਸ ਸਮਾਰੋਹ ਦੀ ਸ਼ੁਰੂਆਤ 'ਟਿਕਾਊ ਵਿਕਾਸ ਦੇ ਨਵੀਨਤਮ ਵਿਚਾਰ' ਵਾਲੀਆਂ ਚਰਚਾਵਾਂ ਨਾਲ ਹੋਈ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਦੇ ਹਵਾਲੇ ਨਾਲ ਗੱਲ ਕੀਤੀ ਗਈ।ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਸਾਨੂੰ ਦਇਆ, ਬਰਾਬਰੀ ਤੇ ਨਿਸ਼ਕਾਮ ਸੇਵਾ ਦੇ ਸਿਧਾਂਤਾਂ 'ਤੇ ਚੱਲਣ ਲਈ ਪ੍ਰੇਰਿਤ ਕਰਦੀਆਂ ਹਨ, ਜਿਸ ਨਾਲ ਇੱਕ ਸੁਹਜ ਤੇ ਤਰੱਕੀਪਸੰਦ ਸਮਾਜ ਸਿਰਜਿਆ ਜਾ ਸਕਦਾ ਹੈ।ਇਸ ਸਮਾਰੋਹ ਵਿੱਚ ਸੋਲਾਂ ਟੀਮਾਂ ਨੇ ਭਾਗ ਲਿਆ, ਜਿਸ ਦਾ ਆਯੋਜਨ ਡਾ. ਰੁਪਿੰਦਰ ਕੌਰ ਮੁਖੀ ਬਾਇਓਟੈਕਨੋਲੋਜੀ ਵਿਭਾਗ ਨੇ ਕੀਤਾ।ਪਹਿਲਾ ਸਥਾਨ ਬੀ.ਐੱਸ.ਸੀ. ਕੇਮਿਸਟਰੀ ਦੀ ਵਿਦਿਆਰਥਣ ਤਸਰੀਨ ਕੌਰ ਨੇ, ਦੂਜਾ ਸਥਾਨ ਬਾਇਓਟੈਕਨੋਲੋਜੀ ਵਿਭਾਗ ਦੀਆਂ ਵਿਦਿਆਰਥਣਾਂ ਸਾਹਿਲਪ੍ਰੀਤ ਕੌਰ ਤੇ ਰੁਪਿੰਦਰ ਕੌਰ ਨੇ ਪ੍ਰਾਪਤ ਕੀਤਾ ਅਤੇ ਤੀਜਾ ਸਥਾਨ ਫੂਡ ਪ੍ਰੋਸੈਸਿੰਗ ਟੈਕਨੋਲੋਜੀ ਵਿਭਾਗ ਦੀ ਟੀਮ-ਮਨਕੀਰਤ ਸਿੰਘ, ਕਸ਼ਿਸ਼ ਬੱਸੀ ਤੇ ਜਸ਼ਨਪ੍ਰੀਤ ਕੌਰ ਨੇ ਜਿਤਿਆ।

ਸਮਾਰੋਹ ਵਿੱਚ ਵੱਖ-ਵੱਖ ਪ੍ਰੋਗਰਾਮ ਸ਼ਾਮਲ ਸਨ, ਜੋ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ਼ ਨੂੰ ਸੇਵਾ ਅਤੇ ਭਗਤੀ ਦੇ ਜਜ਼ਬੇ ਨਾਲ ਜੋੜਨ ਲਈ ਤਿਆਰ ਕੀਤੇ ਗਏ ਹਨ। ਯੂਨੀਵਰਸਿਟੀ ਨੇ ਬਲੱਡ ਸੈਂਟਰ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਦੀ ਸਮਰਪਤ ਮੈਡੀਕਲ ਟੀਮ ਦੇ ਸਹਿਯੋਗ ਨਾਲ ਸਾਲਾਨਾ ਖ਼ੂਨ ਦਾਨ ਕੈਂਪ ਵੀ ਆਯੋਜਿਤ ਕੀਤਾ। ਯੂਨੀਵਰਸਿਟੀ ਦੇ ਮੈਂਬਰ ਟਰੱਸਟ ਅਡਵੋਕੇਟ ਸ੍ਰ. ਅਮਰਦੀਪ ਸਿੰਘ ਧਾਰਨੀ ਨੇ ਕੈਂਪ ਦਾ ਉਦਘਾਟਨ ਕੀਤਾ।ਖ਼ੂਨਦਾਨ ਕੈਂਪ ਲਈ 100 ਤੋਂ ਵੱਧ ਪਾਠਕਾਂ ਨੇ ਰਜਿਸਟਰੇਸ਼ਨ ਕਰਵਾਈ ਤੇ 52 ਯੂਨਿਟ ਖ਼ੂਨ ਸੁਰੱਖਿਅਤ ਕੀਤੇ ਗਏ।ਡਾ. ਪੰਕਜਪ੍ਰੀਤ ਸਿੰਘ ਡੀਨ ਫੈਕਲਟੀ ਆਫ ਮੈਡੀਕਲ ਸਾਇੰਸਜ਼ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਤੋਂ ਇਲਾਵਾ ਡਾ. ਸੁਪ੍ਰੀਤ ਬਿੰਦਰਾ, ਫਿਜ਼ੀਓਥੈਰੇਪੀ ਵਿਭਾਗ ਦੇ ਮੁਖੀ ਵੱਲੋਂ ਇੱਕ ਮੁਫ਼ਤ ਫਿਜ਼ੀਓਥੈਰੇਪੀ ਕੈਂਪ ਵੀ ਲਾਇਆ ਗਿਆ, ਜਿਸ ਵਿੱਚ ਸਟ੍ਰੋਕ ਰੋਕਥਾਮ, ਰਿਹੈਬਿਲੀਟੇਸ਼ਨ ਤੇ ਪ੍ਰਬੰਧਨ ਬਾਰੇ ਵਿਅਕਤੀਗਤ ਸੰਭਾਲ ਤੇ ਸਲਾਹ ਦਿੱਤੀ ਗਈ।ਯੂਨੀਵਰਸਿਟੀ ਨੇ ਡਾ. ਮੋਨਿਕਾ ਐਰੀ ਦੀ ਅਗਵਾਈ ਵਿੱਚ ਇੱਕ ਵਿਦਿਆਰਥੀ ਸੈਮੀਨਾਰ ਦਾ ਵੀ ਆਯੋਜਨ ਕੀਤਾ, ਜਿਸ 'ਚ ਵਿਦਿਆਰਥਣ ਸੁਖਲੀਨ ਕੌਰ ਤੇ ਰਾਜਨਦੀਪ? ਕੌਰ ਨੂੰ ਪਹਿਲਾ ਤੇ ਦੂਜਾ ਇਨਾਮ ਮਿਲਿਆ, ਜਦਕਿ ਧਰਮ ਅਧਿਐਨ ਵਿਭਾਗ ਤੋਂ ਸਿਮਰਨ ਕੌਰ ਨੇ ਤੀਜਾ ਇਨਾਮ ਪ੍ਰਾਪਤ ਕੀਤਾ।

## ਟੀ ਐੱਸ ਯੂ ਉੱਪ-ਮੰਡਲ ਮਹਿਲ ਕਲਾਂ ਦੀ ਜਥੇਬੰਦਕ ਚੋਣ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਟੈਕਨੀਕਲ ਸਰਵਿਸਿਜ਼ ਯੂਨੀਅਨ ਉੱਪ-ਮੰਡਲ ਮਹਿਲ ਕਲਾਂ ਦੀ ਜਥੇਬੰਦਕ ਚੋਣ ਸਰਕਲ ਪ੍ਰਧਾਨ ਸਤਵਿੰਦਰ ਸਿੰਘ ਤੇ ਦਰਸ਼ਨ ਸਿੰਘ ਦਸੌਂਦਾ ਸਿੰਘ, ਰਾਜ ਸਿੰਘ ਡਵੀਜ਼ਨ ਮੀਤ ਪ੍ਰਧਾਨ ਸਹਿਰੀ ਮੰਡਲ ਬਰਨਾਲਾ ਦੀ ਦੇਖ ਰੇਖ ਹੇਠ ਉੱਪ-ਮੰਡਲ ਮਹਿਲ ਕਲਾਂ ਵਿਖੇ ਹੋਈ।ਇਸ ਮੌਕੇ ਆਗੂਆਂ ਕੁਲਵੀਰ ਸਿੰਘ ਔਲਖ, ਸਤਿੰਦਰਪਾਲ ਸਿੰਘ ਜੱਸੜ ਨੇ ਪਾਵਰਕਾਮ ਦੀ ਸਮੁੱਚੀ ਹਾਲਤ ਦੀ ਵਿਆਖਿਆ ਕੀਤੀ।ਕੇਂਦਰ ਸਰਕਾਰ ਵੱਲੋਂ ਬਿਜਲੀ ਸੋਧ ਬਿਲ 2025 ਰਾਹੀਂ ਨਿਗਮੀਕਰਨ ਤੋਂ ਅੱਗੇ ਨਿੱਜੀਕਰਨ ਵੱਲ ਕਦਮ ਵਧਾਏ ਜਾ ਰਹੇ ਹਨ।ਅਜਿਹਾ ਹੋਣ ਨਾਲ ਬਿਜਲੀ ਕਾਮਿਆਂ ਸਮੇਤ ਸਮੁੱਚੇ ਪੰਜਾਬ ਦੀ ਲੋਕਾਈ ਦੇ ਹਿੱਤ ਪ੍ਰਭਾਵਿਤ ਹੋਣਗੇ।ਪੰਜਾਬ ਤੇ ਕੇਂਦਰ ਸਰਕਾਰ ਦੀ ਇਸ ਨੀਤੀ ਦਾ ਵਿਰੋਧ ਕਰਨ ਲਈ ਪਾਵਰਕਾਮ ਅੰਦਰ ਕੰਮ ਕਰਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ 2 ਨਵੰਬਰ ਨੂੰ ਲੁਧਿਆਣਾ ਵਿਖੇ ਸਾਂਝਾ ਵਿਸ਼ਾਲ ਸੂਬਾਈ ਧਰਨਾ/ਪ੍ਰਦਰਸ਼ਨ ਕਰਨ ਜਾ ਰਹੀਆਂ ਹਨ।ਇਸ ਸਮੇਂ ਭਰਾਤਰੀ ਜਥੇਬੰਦੀ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਭਾਕਿਯੂ ਡਕੌਂਦਾ (ਧਨੇਰ) ਦੇ ਸੂਬਾਈ ਆਗੂ ਗੁਰਦੇਵ ਸਿੰਘ ਮਾਂਗੇਵਾਲ ਨੇ ਬਿਜਲੀ ਕਾਮਿਆਂ ਨੂੰ ਸੰਘਰਸ਼ ਪ੍ਰਤੀ ਸੁਹਿਰਦ ਰਹਿਣ, ਜਥੇਬੰਦਕ ਏਕਤਾ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।ਸਰਬਸੰਮਤੀ ਨਾਲ ਹੋਈ ਜਥੇਬੰਦਕ ਚੋਣ 'ਚ ਪ੍ਰਧਾਨ ਜਸਵਿੰਦਰ ਸਿੰਘ ਸਿੱਧੂ ਚੰਨਣਵਾਲ, ਮੀਤ ਪ੍ਰਧਾਨ ਸੁਖਵਿੰਦਰ ਸਿੰਘ ਚੁਹਾਣਕੇ ਕਲਾਂ, ਸਕੱਤਰ ਮਨਦੀਪ ਸਿੰਘ ਗਹਿਲ, ਸਹਾਇਕ ਸਕੱਤਰ ਗਗਨਦੀਪ ਸਿੰਘ, ਖਜ਼ਾਨਚੀ ਗੁਰਪ੍ਰੀਤ ਸਿੰਘ ਛੀਨੀਵਾਲ ਕਲਾਂ ਚੁਣੇ ਗਏ।ਸਰਕਲ ਆਗੂ ਪ੍ਰਗਟ ਸਿੰਘ ਕੋਟਦੁੱਨਾ, ਕੁਲਵੰਤ ਸਿੰਘ ਢਿੱਲਵਾਂ, ਜਰਨੈਲ ਸਿੰਘ ਖ਼ਾਲਸਾ ਨੇ ਨਵੀਂ ਚੁਣੀ ਟੀਮ ਨੂੰ ਸੰਗਰਾਮੀ ਮੁਬਾਰਕ ਦਿੱਤੀ।

# 'ਆਪ' ਸਰਕਾਰ ਪੰਜਾਬ ਨੂੰ ਪ੍ਰਗਤੀ ਦੀ ਨਵੀਂ ਰਾਹ 'ਤੇ ਲੈ ਜਾ ਰਹੀ : ਸੁਖਾਨੰਦ

**ਕਿਹਾ : ਪੰਜਾਬ ਸਰਕਾਰ ਦੀ ਕੈਬਨਿਟ ਮੀਟਿੰਗ 'ਚ ਮਹੱਤਵਪੂਰਨ ਫੈਸਲੇ, ਪੰਜਾਬ ਦੇ ਵਿਕਾਸ ਲਈ ਇਕ ਹੋਰ ਵੱਡਾ ਕਦਮ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬੀਤੇ ਦਿਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਪੰਜਾਬ ਸਰਕਾਰ ਦੀ ਕੈਬਨਿਟ ਮੀਟਿੰਗ ਵਿੱਚ ਕਈ ਅਹਿਮ ਤੇ ਲੋਕ ਹਿਤੈਸ਼ੀ ਫੈਸਲਿਆਂ ਨੂੰ ਪ੍ਰਵਾਨਗੀ ਦਿੱਤੀ ਗਈ।ਇਸ ਮੀਟਿੰਗ ਨੂੰ ਪੰਜਾਬ ਦੇ ਵਿਕਾਸ ਲਈ ਇੱਕ ਹੋਰ ਵੱਡਾ ਕਦਮ ਦੱਸਦਿਆਂ ਹਲਕਾ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਰਾਜ ਦੇ ਲੋਕਾਂ ਪ੍ਰਤੀ ਵਚਨਬੱਧ ਹਨ ਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਲਈ ਹਰ ਪੱਧਰ 'ਤੇ ਤੁਰੰਤ ਤੇ ਦੂਰਗਾਮੀ ਫੈਸਲੇ ਲਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਕੈਬਨਿਟ ਮੀਟਿੰਗ ਦੌਰਾਨ ਲੁਧਿਆਣਾ ਉੱਤਰੀ ਵਿੱਚ ਇੱਕ ਨਵੀਂ ਤਹਿਸੀਲ ਬਣਾਉਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ, ਜਿਸ ਨਾਲ ਸਥਾਨਕ ਲੋਕਾਂ ਨੂੰ ਪ੍ਰਸ਼ਾਸਕੀ ਸਹੂਲਤਾਂ ਨੇੜੇ ਮਿਲਣਗੀਆਂ ਤੇ ਕੰਮਾਂ ਦੀ ਗਤੀ ਤੇਜ਼ ਹੋਵੇਗੀ।ਇਸ ਤੋਂ ਇਲਾਵਾ, ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਬਿਲਡਿੰਗ ਯੂਨੀਫਾਈਡ ਰੂਲਜ਼ 2025 ਨੂੰ ਵੀ ਮਨਜ਼ੂਰੀ ਦਿੱਤੀ ਗਈ ਹੈ, ਜੋ ਸ਼ਹਿਰੀ ਵਿਕਾਸ ਵਿਭਾਗ ਦੀਆਂ ਪ੍ਰਕਿਰਿਆਵਾਂ ਨੂੰ ਹੋਰ ਆਸਾਨ ਤੇ ਲੋਕ-ਕੇਂਦਰਿਤ ਬਣਾਉਂਦੇ ਹਨ।ਵਿਧਾਇਕ ਸੁਖਾਨੰਦ ਨੇ ਦੱਸਿਆ ਕਿ ਨਵੇਂ ਨਿਯਮਾਂ ਦੇ ਤਹਿਤ ਘਰ ਨਿਰਮਾਣ ਲਈ ਪ੍ਰਵਾਨਗੀ ਪ੍ਰਕਿਰਿਆ ਹੁਣ ਕਾਫੀ ਸੁਗਮ ਹੋਵੇਗੀ।ਘੱਟ ਉਚਾਈ ਵਾਲੀਆਂ ਇਮਾਰਤਾਂ ਲਈ ਉਚਾਈ ਸੀਮਾ 15 ਮੀਟਰ ਤੋਂ ਵਧਾ ਕੇ 21 ਮੀਟਰ ਕੀਤੀ ਗਈ ਹੈ, ਜਿਸ ਨਾਲ ਘਰੇਲੂ ਤੇ ਛੋਟੇ ਵਿਕਾਸਕਾਰਾਂ ਨੂੰ ਵੱਡਾ ਲਾਭ ਮਿਲੇਗਾ।ਇਸ ਨਾਲ ਲੋਕ ਆਪਣੇ ਆਰਕੀਟੈਕਟਾਂ ਦੁਆਰਾ ਬਣਵਾਏ ਨਕਸ਼ਿਆਂ ਨੂੰ ਸਵੈ-ਪ੍ਰਮਾਣੀਕਰਨ ਦੇ ਅਧਾਰ 'ਤੇ ਮਨਜ਼ੂਰ ਕਰਵਾ ਸਕਣਗੇ, ਜਿਸ ਨਾਲ ਦਫ਼ਤਰਾਂ ਦੇ ਚੱਕਰਾਂ ਤੋਂ ਛੁਟਕਾਰਾ ਮਿਲੇਗਾ ਤੇ ਸਮਾਂ ਬਚੇਗਾ।ਉਨ੍ਹਾਂ ਕਿਹਾ ਕਿ ਕੈਬਨਿਟ ਮੀਟਿੰਗ ਵਿੱਚ 100 ਫੁੱਟ ਦੇ ਪਲਾਟਾਂ ਲਈ ਜ਼ਮੀਨੀ ਕਵਰੇਜ, ਪਾਰਕਿੰਗ ਤੇ ਹੋਰ ਨਿਯਮਾਂ ਨੂੰ ਵੀ ਅਧੁਨਿਕ ਲੋੜਾਂ ਅਨੁਸਾਰ ਤਬਦੀਲ ਕੀਤਾ ਗਿਆ ਹੈ।ਇਸ ਨਾਲ ਸ਼ਹਿਰੀ ਖੇਤਰਾਂ ਵਿੱਚ ਇਮਾਰਤਾਂ ਦਾ ਵਿਕਾਸ ਵਿਗਿਆਨਕ ਤੇ ਸੁਵਿਧਾਜਨਕ ਢੰਗ ਨਾਲ ਹੋ ਸਕੇਗਾ। ਵਿਧਾਇਕ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਪ੍ਰਗਤੀ ਦੀ ਨਵੀਂ ਰਾਹ 'ਤੇ ਲੈ ਜਾ ਰਹੀ ਹੈ।ਮੁੱਖ ਮੰਤਰੀ ਭਗਵੰਤ ਮਾਨ ਦਾ ਹਰ ਫੈਸਲਾ ਪੰਜਾਬ ਦੇ ਲੋਕਾਂ ਦੀ ਸਹੂਲਤ, ਪਾਰਦਰਸ਼ਤਾ ਤੇ ਵਿਕਾਸ ਨੂੰ ਧਿਆਨ ਵਿਚ ਰੱਖ ਕੇ ਲਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਅਜਿਹੇ ਕਦਮ ਚੁੱਕੇ ਜਾਣਗੇ, ਜੋ ਪੰਜਾਬ ਦੇ ਲੋਕਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆਉਣਗੇ।

## ਭਾਰਤ-ਪਾਕਿ ਸਰਹੱਦ 'ਤੇ ਡੀਜੇਆਈ ਮਾਵਿਕ-3 ਕਲਾਸਿਕ ਡਰੋਨ ਬਰਾਮਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)**-ਬੀ ਐੱਸ ਐੱਫ ਦੇ 159 ਬਟਾਲੀਅਨ ਦੇ ਜਵਾਨਾਂ ਨੇ ਨਸ਼ਾ ਤਸਕਰੀ ਦੇ ਨਾਪਾਕ ਮਨਸੂਬਿਆਂ ਨੂੰ ਇਕ ਵਾਰ ਫਿਰ ਅਸਫ਼ਲ ਕਰ ਦਿੱਤਾ ਹੈ।ਬੀਐੱਸਐੱਫ ਦੀ 'ਈ' ਕੰਪਨੀ, 159 ਬਟਾਲੀਅਨ, ਗੱਟੀ ਹਯਾਤ ਦੇ ਕਮਾਂਡਰ 'ਈ' ਕੰਪਨੀ ਪ੍ਰਮੋਦ ਕੁਮਾਰ ਨਾਇਕ, ਏਸੀ ਦੀ ਅਗਵਾਈ ਹੇਠ ਫੋਰਸ ਨੇ ਪਾਕਿਸਤਾਨੀ ਸਰਹੱਦ ਨੇੜੇ ਭਾਰਤੀ ਖੇਤਰ ਵਿੱਚੋਂ ਇਕ ਡੀਜੇਆਈ. ਮਾਵਿਕ-3 ਕਲਾਸਿਕ ਡਰੋਨ ਬਰਾਮਦ ਕੀਤਾ ਹੈ।ਇਸ ਸਬੰਧੀ ਪੁਲਿਸ ਨੇ ਅਣਪਛਾਤੇ ਵਿਅਕਤੀ ਖਿਲਾਫ 10, 11, 12 ਏਅਰ ਕਰਾਫਟ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।ਡਰੋਨ ਦੀ ਬਰੀਕੀ ਨਾਲ ਕੀਤੀ ਗਈ। ਜਾਂਚ ਵਿਚ ਸਾਹਮਣੇ ਆਇਆ ਕਿ ਇਸਦੇ ਕੈਮਰੇ ਦਾ ਇੱਕ ਹਿੱਸਾ ਗੁੰਮ ਹੈ।ਡਰੋਨ ਵਿੱਚੋਂ ਇੱਕ ਡਰੌਪਿੰਗ ਅਸੰਬਲੀ ਵੀ ਬਰਾਮਦ ਕੀਤੀ ਗਈ ਹੈ, ਜਿਸਦਾ ਕੁੱਲ ਭਾਰ 40 ਗ੍ਰਾਮ ਹੈ।ਡਰੋਨ ਦਾ ਬੈਟਰੀ ਤੋਂ ਬਿਨਾਂ ਭਾਰ ਲਗਭਗ 478 ਗ੍ਰਾਮ ਹੈ ਤੇ ਬੈਟਰੀ ਸਮੇਤ ਡਰੌਪਿੰਗ ਅਸੈਂਬਲੀ ਦਾ ਭਾਰ ਤਕਰੀਬਨ 848 ਗ੍ਰਾਮ ਹੈ।ਡਰੋਨ ਦਾ ਖੱਬੇ ਪਾਸੇ ਦਾ ਅਗਲਾ ਪੱਖਾ ਟੁੱਟਿਆ ਹੋਇਆ ਅਤੇ ਖਿਲਰਿਆ ਹੋਇਆ ਪਾਇਆ ਗਿਆ ਹੈ, ਜਿਸ ਤੋਂ ਅੰਦਾਜ਼ਾ ਲਾਇਆ ਜਾ ਰਿਹਾ ਹੈ ਕਿ ਇਹ ਖਰਾਬੀ ਕਾਰਨ ਜ਼ਮੀਨ 'ਤੇ ਡਿੱਗਿਆ ਹੋਵੇਗਾ।ਪੁਲਿਸ ਨੇ ਮਾਮਲਾ ਦਰਜ ਕਰਕੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

## ਸਰਕਾਰੀ ਸਕੂਲ ਗੋਬਿੰਦਪੁਰਾ ਵਿਖੇ ਆਰਥਿਕ ਸਮੱਸਿਆਵਾਂ ਬਾਰੇ ਸੈਮੀਨਾਰ




**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ (ਬਠਿੰਡਾ) ਵਿਖੇ ਸਕੂਲ ਵਿੱਚ ਚੱਲ ਰਹੇ ਕੌਮੀ ਸੇਵਾ ਯੋਜਨਾ ਯੂਨਿਟ ਅਧੀਨ ਡਾ. ਮਲਕੀਤ ਸਿੰਘ ਮਾਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਬਠਿੰਡਾ ਦੀਆਂ ਹਦਾਇਤਾਂ ਅਨੁਸਾਰ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਦੀ ਪ੍ਰਧਾਨਗੀ ਤੇ ਡਾ. ਰਣਜੋਧ ਸਿੰਘ ਲੈਕਚਰਾਰ ਅਰਥਸ਼ਾਸਤਰ, ਪ੍ਰੋਗਰਾਮ ਅਫਸਰ ਕੌਮੀ ਸੇਵਾ ਯੋਜਨਾ ਯੂਨਿਟ ਦੀ ਅਗਵਾਈ ਅਧੀਨ ਦੇਸ਼ ਤੇ ਵਿਦੇਸ਼ ਵਿੱਚ ਉੱਭਰ ਰਹੀਆਂ ਆਰਥਿਕ ਸਮੱਸਿਆਵਾਂ ਵਿਸ਼ੇ 'ਤੇ ਸੈਮੀਨਾਰ ਕੀਤਾ ਗਿਆ। ਇਸ ਦੌਰਾਨ ਡਾ. ਰਣਜੋਧ ਸਿੰਘ ਨੇ ਦੱਸਿਆ ਕਿ ਇਸ ਸੈਮੀਨਾਰ ਦਾ ਮੁੱਖ ਮੰਤਵ ਸਕੂਲ ਦੇ ਕੌਮੀ ਸੇਵਾ ਯੋਜਨਾ ਯੂਨਿਟ ਦੇ ਵਲੰਟੀਅਰਾਂ ਨੂੰ ਦੇਸ਼ ਤੇ ਵਿਦੇਸ਼ਾਂ ਵਿੱਚ ਉੱਭਰ ਰਹੀਆਂ ਆਰਥਿਕ ਸਮੱਸਿਆਵਾਂ ਪ੍ਰਤੀ ਜਾਗਰੂਕ ਕਰਨਾ ਸੀ। ਸੈਮੀਨਾਰ ਵਿੱਚ 11ਵੀਂ ਤੇ 12ਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਆਪਣੀ ਪੇਸ਼ਕਾਰੀ ਕੀਤੀ। ਸਮੁੱਚੀਆਂ ਪੇਸ਼ਕਾਰੀਆਂ 'ਚੋਂ ਕੋਮਲਪ੍ਰੀਤ ਕੌਰ (12ਵੀਂ ਬੀ) ਨੇ 150 ਅੰਕਾਂ 'ਚੋਂ 142 ਅੰਕਾਂ ਨਾਲ ਪਹਿਲਾ, ਅੰਜਲੀ ਸਿੰਗਲਾ (12ਵੀਂ ਏ) ਨੇ 140 ਅੰਕਾਂ ਨਾਲ ਦੂਜਾ ਤੇ ਜਸ਼ਨਦੀਪ ਕੌਰ (11ਵੀਂ ਏ) ਨੇ 137 ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਨੇ ਨੇ ਜੇਤੂ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਹਾਜ਼ਰ ਸਟਾਫ ਮੈਂਬਰਾਂ ਸਮੇਤ ਉਨ੍ਹਾਂ ਦੀ ਹੌਂਸਲਾ ਅਫਜ਼ਾਈ ਕਰਨ ਹਿੱਤ ਮੋਮੈਂਟੋ ਤਕਸੀਮ ਕੀਤੇ। ਜੱਜਮੈਂਟ ਟੀਮ ਦੀ ਭੂਮਿਕਾ ਮਨਜੋਤ ਕੌਰ ਲੈਕ. ਅੰਗਰੇਜ਼ੀ, ਚਮਕੌਰ ਸਿੰਘ ਲੈਕ. ਰਾਜਨੀਤੀ ਸ਼ਾਸਤਰ ਤੇ ਰਾਜਪ੍ਰੀਤ ਕੌਰ ਵੋਕੇਸ਼ਨਲ ਟ੍ਰੇਨਰ ਨੇ ਨਿਭਾਈ। ਇਸ ਸਮੇਂ ਗਲੋਰੀ ਲੈਕ. ਗਣਿਤ, ਜਗਜੀਤ ਸਿੰਘ ਗਣਿਤ ਮਾਸਟਰ, ਸੰਤੋਸ਼ ਕੁਮਾਰ ਕੰਪਿਊਟਰ ਟੀਚਰ ਤੇ ਅੰਮ੍ਰਿਤਪਾਲ ਸਿੰਘ ਵੋਕੇਸ਼ਨਲ ਟ੍ਰੇਨਰ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ। ਅਖੀਰ ਵਿੱਚ ਵਿਪਨ ਕੁਮਾਰ ਹਿਸਾਬ ਮਾਸਟਰ ਤੇ ਸਹਾਇਕ ਪ੍ਰੋਗਰਾਮ ਅਫਸਰ ਕੌਮੀ ਸੇਵਾ ਯੋਜਨਾ ਇਕਾਈ ਨੇ ਸਮੂਹ ਸਟਾਫ ਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ।

## ...ਸਫ਼ਾ 1 ਦੇ ਬਾਕੀ

### ਚਿੱਤਰਕਲਾ, ਫੋਟੋ ਕਲਾ...

ਕਿਹਾ ਅਤੇ ਪਹਿਲੇ ਦਿਨ ਹੀ ਵੱਡੀ ਗਿਣਤੀ 'ਚ ਜੁੜੇ ਲੋਕਾਂ ਨੂੰ ਮੁਬਾਰਕਬਾਦ ਦਿੱਤੀ। ਕਮੇਟੀ ਮੈਂਬਰ ਗੁਰਮੀਤ ਸਿੰਘ ਨੇ ਦੇਸ਼ ਭਗਤ ਯਾਦਗਾਰ ਹਾਲ ਅਤੇ ਵਿਸ਼ੇਸ਼ ਕਰਕੇ ਇਸ ਦੇ ਸਾਹਿਤਕ/ਸੱਭਿਆਚਾਰਕ ਪਰਵਾਰ ਨਾਲ ਜੁੜੇ ਹਰਜਿੰਦਰ ਸਿੰਘ ਅਟਵਾਲ ਦੇ ਦਰਦਨਾਕ ਵਿਛੋੜੇ ਦਾ ਜ਼ਿਕਰ ਕਰਦਿਆਂ ਉਹਨਾ ਨੂੰ ਸ਼ਰਧਾਂਜਲੀ ਦਿੱਤੀ ਅਤੇ ਮੇਲੇ 'ਚ ਉਹਨਾ ਦੀ ਰੜਕਦੀ ਘਾਟ ਦਾ ਜ਼ਿਕਰ ਕੀਤਾ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਇਸ ਮੌਕੇ ਮੰਚ ਤੋਂ ਸੰਬੋਧਨ ਕਰਦੇ ਕਿਹਾ ਕਿ ਕਿਤਾਬਾਂ ਉਪਰ ਪਾਬੰਦੀ ਮੜ੍ਹਨਾ ਬਹੁਤ ਹੀ ਗੰਭੀਰ ਕਦਮ ਹੈ ਅਤੇ ਇਸ ਦੇ ਭਵਿੱਖ ਵਿੱਚ ਬਹੁਤ ਹੀ ਖ਼ਤਰਨਾਕ ਨਤੀਜੇ ਸਾਹਮਣੇ ਆਉਣਗੇ। ਉਹਨਾ ਕਿਹਾ ਕਿ ਕਿਤਾਬਾਂ ਉਪਰ ਪਾਬੰਦੀ ਮੜ੍ਹਨਾ ਅਤੇ 'ਦੁਨੀਆ' ਚੈਨਲ ਦੇ ਪੱਤਰਕਾਰ ਮਨਦੀਪ ਧਾਲੀਵਾਲ ਰਸੂਲਪੁਰ ਨੂੰ ਨਸ਼ਾ ਤਸਕਰਾਂ ਅਤੇ ਪੁਲਸ ਗਠਜੋੜ ਵੱਲੋਂ ਧਮਕੀਆਂ ਮਿਲਣਾ ਇਹ ਅਲੱਗ-ਅਲੱਗ ਜਾਂ ਟੁਟਵੀਆਂ ਘਟਨਾਵਾਂ ਨਹੀਂ, ਇਹ ਜੁੜਦੀਆਂ ਲੜੀਆਂ ਅਤੇ ਕੜੀਆਂ ਸਮਝਣ ਦੀ ਲੋੜ ਹੈ, ਨਹੀਂ ਤਾਂ ਇਹ ਫਾਸ਼ੀ ਪੰਜੇ ਹੋਰ ਅੱਗੇ ਵਧਣਗੇ ਅਤੇ ਜੇ ਹਵਾ ਇਹੋ ਰਹੀ ਤਾਂ ਇੱਕ ਦਿਨ ਦੇਸ਼ ਭਗਤ ਯਾਦਗਾਰ ਹਾਲ ਦੀ ਆਵਾਜ਼ ਬੰਦ ਕਰਨ ਲਈ ਵੀ ਯਤਨ ਕੀਤੇ ਜਾਣਗੇ।

ਪੁਸਤਕ ਸੱਭਿਆਚਾਰ ਦੀ ਸ਼ਾਮ: ਪਾਬੰਦੀਸ਼ੁਦਾ ਕਿਤਾਬਾਂ ਦੇ ਨਾਮ ਦੀ ਵਿਚਾਰ-ਚਰਚਾ ਬਹੁਤ ਹੀ ਮੁੱਲਵਾਨ ਬਣ ਗਈ, ਜਿਸ ਵਿੱਚ ਜਨਚੇਤਨਾ ਦੀ ਵਿਰਸਾਲੀ, ਪ੍ਰੀਤੀ ਸ਼ੈਲੀ, ਵਰਿੰਦਰ ਦੀਵਾਨਾ, ਵਿਸ਼ਾਲ ਤੇ ਪ੍ਰੋ. ਗੋਪਾਲ ਬੁੱਟਰ ਨੇ ਭਾਗ ਲਿਆ। ਕਮੇਟੀ ਪ੍ਰਧਾਨ ਅਜਮੇਰ ਸਿੰਘ ਨੇ ਸਭਨਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦੁਆਇਆ ਕਿ ਕਮੇਟੀ ਅਤੇ ਮੇਲਾ ਗ਼ਦਰੀ ਬਾਬਿਆਂ ਦਾ ਗ਼ਦਰੀ ਦੇਸ਼ ਭਗਤਾਂ ਦੇ ਦਰਸਾਏ ਮਾਰਗ ਉਪਰ ਅਡੋਲਤਾ ਨਾਲ ਸਦਾ ਸਫ਼ਰ 'ਤੇ ਰਹੇਗਾ। ਪਹਿਲੇ ਦਿਨ ਦੇ ਹੀ ਇਸ ਮੇਲੇ 'ਚ ਲੱਗੇ ਪੁਸਤਕ ਮੇਲੇ 'ਚ ਪੰਜਾਬ, ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼, ਉੱਤਰਾਖੰਡ, ਰਾਜਸਥਾਨ, ਲਖਨਊ ਆਦਿ ਤੋਂ ਕੋਈ 80 ਤੋਂ ਵੱਧ ਪੁਸਤਕ ਸਟਾਲਾਂ ਲੱਗੀਆਂ, ਜਿਨ੍ਹਾਂ 'ਤੇ ਪੰਜਾਬੀ, ਹਿੰਦੀ, ਅੰਗਰੇਜ਼ੀ ਅਤੇ ਉਰਦੂ ਦੀਆਂ ਬੇਹਤਰੀਨ ਕਿਤਾਬਾਂ ਸਜਾਈਆਂ ਗਈਆਂ ਹਨ। ਪਹਿਲੇ ਦਿਨ ਹੀ ਮੇਲੇ 'ਚ ਪ੍ਰਭਾਵਸ਼ਾਲੀ ਇਕੱਠ ਹੋਣਾ ਦਰਸਾਉਂਦਾ ਹੈ ਕਿ ਸਿਖਰਲੇ ਦਿਨ ਪਹਿਲੀ ਨਵੰਬਰ ਸਵੇਰੇ 10 ਵਜੇ ਤੋਂ ਹੀ ਬੁਲੰਦੀਆਂ ਛੋਹੇਗਾ। ਅੱਜ ਵੰਨ-ਸੁਵੰਨੇ ਸਮਾਗਮਾਂ ਨੂੰ ਕਮੇਟੀ ਦੇ ਅਹੁਦੇਦਾਰਾਂ ਨੇ ਸੰਬੋਧਨ ਕੀਤਾ ਅਤੇ ਦਰਜਨ ਦੇ ਕਰੀਬ ਕਮੇਟੀ ਮੈਂਬਰ ਹਾਜ਼ਰ ਸਨ। ਮੇਲੇ 'ਤੇ ਵਲੰਟੀਅਰ ਡਿਊਟੀਆਂ ਅਦਾ ਕਰਨ ਲਈ ਆ ਰਹੀ ਪੰਜਾਬ ਸਟੂਡੈਂਟਸ ਯੂਨੀਅਨ ਦੀ ਵਿਦਿਆਰਥਣ ਹਰਜਿੰਦਰ ਕੌਰ ਪਿੰਡ ਸੰਗਰਾਣਾ (ਮੁਕਤਸਰ) ਅਤੇ ਨਵਦੀਪ ਕੌਰ ਪਿੰਡ ਚੜ੍ਹੇਵਾਨ (ਮੁਕਤਸਰ) ਦੇ ਸੜਕ ਹਾਦਸੇ ਦੌਰਾਨ ਜ਼ਖ਼ਮੀ ਹੋਣ 'ਤੇ ਦੇਸ਼ ਭਗਤ ਯਾਦਗਾਰ ਕਮੇਟੀ ਨੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਿਆਂ ਉਨ੍ਹਾਂ ਦੀ ਜਲਦੀ ਸਿਹਤਯਾਬੀ ਦੀ ਕਾਮਨਾ ਕੀਤੀ।

### ਅਕਾਲੀਆਂ ਨੇ ਨਸ਼ਾ ...

ਕਿਹਾ ਕਿ ਅਮਰਿੰਦਰ ਨੂੰ ਹਟਾਉਣ ਤੋਂ ਬਾਅਦ ਕਾਂਗਰਸ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਰਾਜਨੀਤਕ ਲਾਭ ਲਈ 20 ਦਸੰਬਰ, 2021 ਨੂੰ ਬਿਕਰਮ ਸਿੰਘ ਮਜੀਠੀਆ ਵਿਰੁੱਧ ਇੱਕ ਕਮਜ਼ੋਰ ਐੱਨ ਡੀ ਪੀ ਐੱਸ ਕੇਸ ਦਾਇਰ ਕੀਤਾ, ਇਹ ਕੇਸ ਏਨਾ ਮਾੜਾ ਸੀ ਕਿ ਸੁਪਰੀਮ ਕੋਰਟ ਨੇ ਜਲਦੀ ਹੀ ਜ਼ਮਾਨਤ ਦੇ ਦਿੱਤੀ। ਫਿਰ ਵੀ ਮਜੀਠੀਆ ਕਈ ਵਾਰ ਐੱਸ ਆਈ ਟੀ ਅੱਗੇ ਪੇਸ਼ ਨਹੀਂ ਹੋਏ। ਕਾਂਗਰਸ ਨੇ ਇਸ ਨੂੰ ਸੱਚੀ ਕਾਰਵਾਈ ਦੀ ਬਜਾਏ ਰਾਜਨੀਤਕ ਨਾਟਕ ਵਿੱਚ ਬਦਲ ਦਿੱਤਾ।25 ਜੂਨ ਨੂੰ ਪੰਜਾਬ ਵਿਜੀਲੈਂਸ ਬਿਊਰੋ ਨੇ ਬਿਕਰਮ ਮਜੀਠੀਆ ਨੂੰ ਇੱਕ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਗ੍ਰਿਫਤਾਰ ਕੀਤਾ, ਉਸ ਦੀ ਸੈਂਕੜੇ ਕਰੋੜਾਂ ਦੀ ਅਣ-ਵੰਡੀ ਦੌਲਤ ਦੇ ਸਰੋਤ ਅਤੇ ਡਰੱਗ ਮਨੀ ਨਾਲ ਇਸ ਦੇ ਸੰਭਾਵੀ ਸੰਬੰਧਾਂ ਦੀ ਜਾਂਚ ਕੀਤੀ ਗਰਗ ਨੇ ਕਿਹਾ ਕਿ ਮਜੀਠੀਆ ਉਦੋਂ ਤੋਂ ਨਿਆਂਇਕ ਹਿਰਾਸਤ ਵਿੱਚ ਹੈ ਅਤੇ ਕਈ ਕਾਨੂੰਨੀ ਕੋਸ਼ਿਸ਼ਾਂ ਦੇ ਬਾਵਜੂਦ ਉਸ ਨੂੰ ਜ਼ਮਾਨਤ ਨਹੀਂ ਦਿੱਤੀ ਗਈ ਹੈ, ਜੋ ਸਾਬਤ ਕਰਦਾ ਹੈ ਕਿ 'ਆਪ' ਸਰਕਾਰ ਦਾ ਮਾਮਲਾ ਮਜ਼ਬੂਤ ? ?ਸਬੂਤਾਂ ਤੇ ਇਮਾਨਦਾਰੀ ਨਾਲ ਸਮਰਥਤ ਹੈ।ਉਨ੍ਹਾ ਕਿਹਾ ਕਿ ਪੰਜਾਬ ਭਾਜਪਾ ਨੂੰ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ, ਕਿਉਂਕਿ ਭਾਜਪਾ ਨੇ ਇੱਕ ਵਾਰ ਕੈਪਟਨ 'ਤੇ ਡਰੱਗ ਮਾਫੀਆ ਨੂੰ ਬਚਾਉਣ ਅਤੇ ਭ੍ਰਿਸ਼ਟਾਚਾਰ ਨੂੰ ਨਜ਼ਰਅੰਦਾਜ਼ ਕਰਨ ਦਾ ਦੋਸ਼ ਲਗਾਇਆ ਸੀ। ਹੁਣ ਜਦੋਂ ਉਹ ਉਨ੍ਹਾਂ ਦੀ ਪਾਰਟੀ ਵਿੱਚ ਹਨ, ਤਾਂ ਕੀ ਉਹ ਉਨ੍ਹਾਂ ਨੂੰ ਬੇਕਸੂਰ ਮੰਨਦੇ ਹਨ? ਕੀ ਭਾਜਪਾ ਨੇ ਇਮਾਨਦਾਰੀ ਦੀ ਆਪਣੀ ਪਰਿਭਾਸ਼ਾ ਬਦਲ ਦਿੱਤੀ ਹੈ?

### ਜਲੰਧਰ 'ਚ ਸਰਾਫਾ...

ਕਿ ਹੋਰ ਦੋ ਲੁਟੇਰੇ ਸ਼ੋਅ-ਕੇਸਾਂ ਵਿੱਚੋਂ ਗਹਿਣੇ ਸਮੇਟਣ ਲੱਗ ਪਏ। ਲੁਟੇਰਿਆਂ ਨੇ ਕਾਊਂਟਰ ਦਾ ਸ਼ੀਸ਼ਾ ਤੋੜ ਕੇ ਅੰਦਰੋਂ ਗਹਿਣੇ ਕੱਢੇ ਤੇ ਦੁਕਾਨ ਮਾਲਕ ਨੂੰ ਪਿਸਤੌਲ ਤਾਣ ਕੇ ਤਿਜੌਰੀ ਖੋਲ੍ਹਣ ਲਈ ਮਜਬੂਰ ਕੀਤਾ। ਤਿਜੌਰੀ ਵਿੱਚੋਂ ਨਕਦੀ ਕੱਢਣ ਤੋਂ ਬਾਅਦ ਉਹ ਸੋਨੇ ਦੇ ਗਹਿਣਿਆਂ ਸਮੇਤ ਮੋਟਰਸਾਇਕਲ 'ਤੇ ਫਰਾਰ ਹੋ ਗਏ। ਸਾਰੀ ਵਾਰਦਾਤ ਸਿਰਫ਼ ਦੋ ਮਿੰਟਾਂ ਦੇ ਅੰਦਰ ਹੋਈ। ਪੀੜਤ ਸੁਨਿਆਰੇ ਨੇ ਦੱਸਿਆ ਕਿ ਲੁਟੇਰੇ ਲੱਗਭੱਗ ਦੋ ਲੱਖ ਰੁਪਏ ਦੀ ਨਕਦੀ ਤੇ ਵੱਡੀ ਮਾਤਰਾ ਵਿੱਚ ਸੋਨੇ ਦੇ ਗਹਿਣੇ ਲੈ ਕੇ ਚਲੇ ਗਏ। ਘਟਨਾ ਤੋਂ ਬਾਅਦ ਇਲਾਕੇ 'ਚ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ ਹੈ। ਲੋਕਾਂ ਦਾ ਕਹਿਣਾ ਹੈ ਕਿ ਦਿਨ-ਦਿਹਾੜੇ ਭਰੇ ਬਜ਼ਾਰ ਵਿੱਚ ਬੰਦੂਕ ਦੀ ਨੋਕ 'ਤੇ ਲੁੱਟ ਦੀ ਇਹ ਘਟਨਾ ਪੁਲਸ ਪ੍ਰਬੰਧਾਂ ਦੀ ਨਾਕਾਮੀ ਨੂੰ ਬੇਨਕਾਬ ਕਰਦੀ ਹੈ। ਸੁਨਿਆਰਾ ਭਾਈਚਾਰਾ ਤੇ ਵਪਾਰ ਮੰਡਲਾਂ ਨੇ ਪੁਲਸ ਵਿਰੁੱਧ ਗੁੱਸਾ ਜ਼ਾਹਰ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਲਾਕੇ ਵਿੱਚ ਅਪਰਾਧਕ ਤੱਤ ਬੇਖੌਫ਼ ਹੋ ਚੁੱਕੇ ਹਨ ਤੇ ਹੁਣ ਕੋਈ ਵੀ ਵਪਾਰੀ ਸੁਰੱਖਿਅਤ ਨਹੀਂ ਹੈ। ਇੱਕ ਦੁਕਾਨਦਾਰ ਨੇ ਦੱਸਿਆ ਕਿ ਲੁਟੇਰੇ ਕੁੱਲ ਪੰਜ ਸਨ, ਜਿਨ੍ਹਾਂ ਵਿਚੋਂ ਤਿੰਨ ਦੁਕਾਨ ਦੇ ਅੰਦਰ ਦਾਖਲ ਹੋਏ, ਜਦ ਕਿ ਦੋ ਬਾਹਰ ਖੜ੍ਹੇ ਰਹੇ। ਅੰਦਰ ਦਾਖਲ ਹੋਏ ਲੁਟੇਰਿਆਂ ਦੇ ਹੱਥਾਂ ਵਿੱਚ ਪਿਸਤੌਲ ਸਨ ਅਤੇ ਉਨ੍ਹਾਂ ਨੇ ਦੁਕਾਨਦਾਰ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ। ਇਸੇ ਦੌਰਾਨ ਪੁਲਸ ਵੱਲੋਂ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਤੋਂ ਇੱਕ ਲੁਟੇਰੇ ਦੀ ਪਛਾਣ ਕਰ ਲਈ ਗਈ ਹੈ ਜੋ ਕਿ ਦੁਕਾਨ ਦੇ ਬਿਲਕੁਲ ਨੇੜੇ ਹੀ ਰਹਿੰਦਾ ਹੈ। ਪੁਲਸ ਵੱਲੋਂ ਉਸ ਦੇ ਘਰ ਵਿੱਚ ਛਾਪਾਮਾਰੀ ਕੀਤੀ ਗਈ, ਪਰ ਉਹ ਘਰ ਵਿੱਚ ਨਹੀਂ ਮਿਲਿਆ। ਫਿਲਹਾਲ ਕਿਸੇ ਪੁਲਸ ਅਧਿਕਾਰੀ ਵੱਲੋਂ ਇਸ ਦੀ ਪੁਸ਼ਟੀ ਨਹੀਂ ਕੀਤੀ ਗਈ।

## ਗਿਆਨ ਸਾਗਰ ਸਕੂਲ ਦੇ ਬੱਚਿਆਂ ਨੇ ਗੋਲਡ ਮੈਡਲ ਜਿੱਤੇ

**ਬਰੇਟਾ (ਰੀਤਵਾਲ)**-ਪਿਛਲੇ ਦਿਨਾਂ ਤੋਂ ਪੰਜਾਬ ਸਕੂਲ ਸਿੱਖਿਆ ਵਿਭਾਗ ਦੁਆਰਾ ਅੰਡਰ-11 ਦੀਆਂ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲੀ ਖੇਡਾਂ ਚੱਲ ਰਹੀਆਂ ਹਨ।ਇਨ੍ਹਾਂ ਵੱਖ-ਵੱਖ ਖੇਡਾਂ ਵਿੱਚ ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ ਦੇ ਬੱਚੇ ਹਿੱਸਾ ਲੈ ਰਹੇ ਹਨ।ਆਪਣੀ ਮਿਹਨਤ ਸਦਕਾ ਇਨ੍ਹਾਂ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਹੋਏ ਜਿੱਤਾਂ ਪ੍ਰਾਪਤ ਕਰ ਰਹੇ ਹਨ।ਪਿਛਲੇ ਦਿਨੀਂ ਹੋਈ ਰੱਸਾਕਸੀ ਜ਼ਿਲ੍ਹਾ ਪੱਧਰ ਵਿੱਚ ਵੱਖ-ਵੱਖ ਟੀਮਾਂ ਨੂੰ ਪਛਾੜਦੇ ਹੋਏ ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ ਦੇ ਬੱਚਿਆਂ ਨੇ ਗੋਲਡ ਮੈਡਲ ਹਾਸਲ ਕੀਤੇ।ਇਨ੍ਹਾਂ ਬੱਚਿਆਂ ਦੀ ਚੋਣ ਸਟੇਟ ਪੱਧਰ ਲਈ ਹੋਈ।

### ਆਟੋਮੈਟਿਕ ਵਰਕ...

ਏ ਡੀ ਨੂੰ ਰੀਨਿਊ ਕਰਨ ਲਈ ਸਮੇਂ ਸਿਰ ਫਾਰਮ ਆਈ- ਜੀ ਐੱਫ ਈ ਦਾਇਰ ਕਰਦੇ ਸਨ, ਉਨ੍ਹਾਂ ਨੂੰ 540 ਦਿਨਾਂ ਦੀ ਆਟੋਮੈਟਿਕ ਐਕਸਟੈਂਸ਼ਨ ਮਿਲਦੀ ਸੀ। ਅਮਰੀਕੀ ਜਨਗਣਨਾ ਬਿਊਰੋ ਦੇ ਅੰਕੜਿਆਂ ਅਨੁਸਾਰ, 2022 ਤੱਕ ਅਮਰੀਕਾ ਕਰੀਬ 48 ਲੱਖ ਭਾਰਤੀ ਅਮਰੀਕੀਆਂ ਦਾ ਘਰ ਸੀ। ਇਸ ਵਿੱਚੋਂ 66 ਫੀਸਦ ਭਾਰਤੀ ਅਮਰੀਕੀ ਪ੍ਰਵਾਸੀ ਹਨ, ਜਦੋਂ ਕਿ 34 ਫੀਸਦ ਅਮਰੀਕਾ ਵਿੱਚ ਜਨਮੇ ਹਨ।

### ਚੀਮਾ ਵੱਲੋਂ 7 ...

ਸਿੰਘ, ਕੰਪਿਊਟਰ ਅਧਿਆਪਕ ਸੰਘਰਸ਼ ਕਮੇਟੀ ਤੋਂ ਜੌਨੀ ਸਿੰਗਲਾ, ਨਰਦੀਪ ਸ਼ਰਮਾ, ਸੁਨੀਤ ਸਰੀਨ, ਬੇਰੁਜ਼ਗਾਰ ਬੀ ਐੱਡ ਟੈੱਟ ਪਾਸ ਅਧਿਆਪਕ ਯੂਨੀਅਨ ਤੋਂ ਜਸਵੰਤ ਘੁਬਾਇਆ, ਹਰਦੀਪ ਸਿੰਘ, ਸੰਦੀਪ ਸਿੰਘ; ਈ ਟੀ ਟੀ ਟੈੱਟ ਪਾਸ ਅਧਿਆਪਕ ਯੂਨੀਅਨ (ਸੁਨੀਲ ਫਾਜ਼ਿਲਕਾ) ਤੋਂ ਸੁਨੀਲ ਕੁਮਾਰ, ਸਲਵਿੰਦਰ ਸਿੰਘ, ਰਣਜੀਤ ਸਿੰਘ, ਈ ਟੀ ਟੀ ਟੈੱਟ ਪਾਸ ਅਧਿਆਪਕ ਯੂਨੀਅਨ (ਜੈ ਸਿੰਘ ਵਾਲਾ) ਤੋਂ ਕਮਲ ਠਾਕੁਰ, ਸੋਹਨ ਸਿੰਘ ਅਤੇ ਗੁਰਮੁੱਖ ਸਿੰਘ, ਅਤੇ ਆਲ ਪੰਜਾਬ ਡੀ ਐੱਸ ਟੀ / ਸੀ ਟੀ ਐੱਫ ਕੰਟਰੈਕਟ ਵਰਕਰਜ਼ ਯੂਨੀਅਨ ਤੋਂ ਸੰਦੀਪ ਸਿੰਘ, ਕਿਰਨਦੀਪ ਸਿੰਘ ਅਤੇ ਪ੍ਰਦੀਪ ਸਿੰਘ ਨੇ ਆਪਣੇ ਮੁੱਦੇ ਉਠਾਏ।

## ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੂਬਾ ਮੀਤ ਪ੍ਰਧਾਨ ਮੁਖਤਿਆਰ ਸਿੰਘ ਦੀਨਾ ਸਾਹਿਬ ਦੀ ਅਗਵਾਈ ਹੇਠ ਐਸ.ਡੀ.ਐਮ, ਐਸ ਐਚ ਓ ਪੂਰਨ ਸਿੰਘ, ਬਲਾਕ ਖੇਤੀ ਬਾੜੀ ਅਫਸਰ ਤਰਨਜੀਤ ਸਿੰਘ ਰੰਧਾਵਾ ਨੂੰ ਪਰਾਲੀ ਸਾਂਭ ਸੰਭਾਲ ਲਈ ਉਚੇਚੇ ਤੌਰ 'ਤੇ ਮੰਗ ਪੱਤਰ ਦਿੱਤੇ ਗਏ। ਯੂਨੀਅਨ ਆਗੂਆਂ ਨੇ ਕਿਹਾ ਕਿ ਝੋਨੇ ਦੀ ਫਸਲ ਦੇ ਸੀਜ਼ਨ ਸਮੇਂ ਹੀ ਸਰਕਾਰਾਂ ਨੂੰ ਪਰਾਲੀ ਪ੍ਰਦੂਸ਼ਣ ਦੀ ਯਾਦ ਆਉਂਦੀ ਹੈ, ਪਰ ਹਾਲੇ ਤੱਕ ਸਰਕਾਰ ਵੱਲੋਂ ਇਸ ਨੂੰ ਨਜਿੱਠਣ ਲਈ ਕੋਈ ਠੋਸ ਉਪਰਾਲੇ ਨਹੀਂ ਕੀਤੇ ਗਏ। ਆਪ ਸੁਪਰੀਮੋ ਕੇਜਰੀਵਾਲ ਨੇ ਪਰਾਲੀ ਸਬੰਧੀ ਵਧੀਆ ਕੈਮੀਕਲ ਸਪਰੇਅ ਦੀ ਕਾਢ ਕਿਸਾਨਾਂ ਦੀ ਭਲਾਈ ਲਈ ਕੱਢੀ ਸੀ, ਜੋ ਅਠਤਾਲੀ ਘੰਟਿਆਂ ਵਿੱਚ ਹੀ ਸਪਰੇਅ ਤੋਂ ਬਾਅਦ ਉਸ ਨੂੰ ਗਾਲ਼ ਦਿੰਦਾ ਹੈ, ਪਰ ਕਿਸਾਨਾਂ ਦੀ ਮਾੜੀ ਕਿਸਮਤ ਕਿ ਉਨ੍ਹਾਂ ਤੀਕਰ ਪਹੁੰਚ ਹੀ ਨਹੀਂ ਸਕਿਆ। ਖੇਤ ਵਿੱਚ ਪਰਾਲੀ ਨੂੰ ਸਮੇਟਣ ਲਈ ਏਨੀ ਮਹਿੰਗੀ ਮਸ਼ੀਨਰੀ ਹਰੇਕ ਕਿਸਾਨਾਂ ਦੇ ਵੱਸ ਨਹੀ, ਉਂਝ ਵੀ ਉਹ ਮਸ਼ੀਨਾਂ ਛੋਟੇ ਟਰੈਕਟਰਾਂ ਨਾਲ ਨਹੀਂ ਚੱਲ ਸਕਦੀਆਂ। ਇਨ੍ਹਾਂ ਲਈ ਵੱਡੇ-ਵੱਡੇ ਟਰੈਕਟਰਾਂ ਦੀ ਲੋੜ ਹੈ, ਜੋ ਛੋਟੇ ਕਿਸਾਨਾਂ ਦੇ ਵੱਸ ਦੀ ਗੱਲ ਨਹੀਂ। ਸਰਕਾਰ ਤੇ ਪ੍ਰਸ਼ਾਸਨ ਨੂੰ ਇਸ ਸਬੰਧੀ ਸਖਤੀ ਫੈਸਲਾ ਲੈ ਕੇ ਹਰ ਪਿੰਡ ਦੀਆਂ ਕੋਆਪ੍ਰੇਟਿਵ ਸੁਸਾਇਟੀਆਂ ਵਿੱਚ ਬੇਲਰ ਜੋ ਪਰਾਲੇ ਦੀਆਂ ਗੱਠਾਂ ਬਣਾਉਂਦੇ ਹਨ, ਜ਼ਰੂਰੀ ਕੀਤੇ ਜਾਣ ਅਤੇ ਨੱਬੇ ਪਰਸੈਂਟ ਸਬਸਿਡੀਆਂ ਦਿੱਤੀਆਂ ਜਾਣ ਤਾਂ ਜੁ ਹਰ ਛੋਟੇ ਤੇ ਦਰਮਿਆਨੇ ਕਿਸਾਨਾਂ ਨੂੰ ਸੌਖਿਆਂ ਉਪਲਬਧ ਹੋ ਸਕਣ ਹਰ ਕੋਆਪ੍ਰੇਟਿਵ ਸਭਾਵਾਂ ਲਈ ਖਰੀਦਣਾਂ ਯਕੀਨੀ ਬਣਾਇਆ ਜਾਵੇ ਤਾਂ ਹੀ ਪਰਾਲੀ ਨੂੰ ਸੌਖਿਆਂ ਸਮੇਟਿਆ ਜਾ ਸਕਦਾ ਹੈ।ਕਿਸਾਨ ਨਹੀਂ ਚਾਹੁੰਦੇ ਕਿ ਪ੍ਰਦੂਸ਼ਣ ਹੋਵੇ ਬਿਜਾਈ ਸਮੇਂ ਟਾਈਮ ਥੋੜ੍ਹਾ ਹੋਣ ਕਾਰਨ ਕਿਸਾਨਾਂ ਦੀ ਮਜਬੂਰੀ ਬਣ ਜਾਂਦੀ ਹੈ, ਕਿਉਂਕਿ ਪ੍ਰਦੂਸ਼ਣ ਦੀ ਮਾਰ ਸਭ ਤੋਂ ਵੱਧ ਕਿਸਾਨਾਂ ਤੇ ਉਸ ਦੇ ਪਰਵਾਰ ਨੂੰ ਝੱਲਣੀ ਪੈਂਦੀ ਹੈ। ਇਸ ਸਮੇਂ ਸੁਖਦਰਸ਼ਨ ਸਿੰਘ, ਬਲਵੀਰ ਸਿੰਘ ਪੱਤੋ, ਪ੍ਰਿਤਪਾਲ ਸਿੰਘ ਪੱਤੋ, ਪ੍ਰਧਾਨ ਰੁਪਿੰਦਰ ਸਿੰਘ ਦੀਦਾਰੇ ਵਾਲਾ, ਸਰਪੰਚ ਪੂਰਨ ਸਿੰਘ, ਹਰਮੰਦਰ ਸਿੰਘ ਭਾਗੀਕੇ, ਪ੍ਰਧਾਨ ਡਕੌਂਦਾ ਬਲਬਹਾਦਰ ਸਿੰਘ ਦੀਨਾ, ਪ੍ਰਧਾਨ ਡਕੌਂਦਾ ਅਮ੍ਰਿਤਪਾਲ ਸਿੰਘ ਬਲਜੀਤ ਸਿੰਘ ਪੱਤੋ ਆਦਿ ਹਾਜ਼ਰ ਸਨ।

## ਹੁਕਮਰਾਨ ਪਾਕਿਸਤਾਨ 'ਚ ਸਿੱਖ ਗੁਰਧਾਮਾਂ ਦੀ ਯਾਤਰਾ ਲਈ ਰੁਕਾਵਟਾਂ ਕਿਉਂ ਖੜੀਆਂ ਕਰ ਰਹੇ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜਦੋਂ ਕੌਮਾਂਤਰੀ ਕਾਨੂੰਨ, ਨਿਯਮ ਤੇ ਇੰਡੀਅਨ ਵਿਧਾਨ ਦੇ ਕਾਨੂੰਨ ਤੇ ਨਿਯਮ ਹਰ ਵਰਗ, ਫਿਰਕੇ, ਕੌਮ ਨਾਲ ਸੰਬੰਧਤ ਨਿਵਾਸੀਆਂ ਨੂੰ ਪੂਰਨ ਰੂਪ 'ਚ ਆਪਣੀ ਧਾਰਮਿਕ ਆਜ਼ਾਦੀ ਦਾ ਆਨੰਦ ਮਾਨਣ ਤੇ ਆਪਣੇ ਧਰਮ ਵਿਚ ਸ਼ਰਧਾ ਤੇ ਵਿਸ਼ਵਾਸ ਪ੍ਰਗਟ ਕਰਨ ਦੀ ਪੂਰਨ ਖੁੱਲ੍ਹ ਦਿੰਦੇ ਹਨ ਤਾਂ ਹਿੰਦੂਤਵ ਫਿਰਕੂ ਸਟੇਟ ਦੇ ਹੁਕਮਰਾਨ ਸਿੱਖ ਕੌਮ ਦੇ ਪਾਕਿਸਤਾਨ 'ਚ ਸਥਿਤ ਗੁਰਧਾਮਾਂ ਦੀ ਯਾਤਰਾ ਉਤੇ ਜਾਣ ਲਈ 'ਕਦੀ ਚਿੜੀਓ ਮਰ ਜਾਓ, ਕਦੇ ਜੀਅ ਪਵੋ' ਦੀ ਮਨੁੱਖਤਾ ਵਿਰੋਧੀ ਨੀਤੀ ਅਧੀਨ ਇਹ ਯਾਤਰਾਵਾਂ 'ਤੇ ਜਾਣ ਲਈ ਪਾਬੰਦੀਆਂ ਲਾ ਦਿੰਦੇ ਹਨ ਅਤੇ ਕਦੀ ਖੋਲ੍ਹ ਦਿੰਦੇ ਹਨ।ਕੀ ਅਜਿਹਾ ਅਮਲ ਕਰਕੇ ਸਾਡੇ ਧਾਰਮਿਕ ਆਜ਼ਾਦੀ ਦੇ ਮਿਲੇ ਹੱਕ ਉਤੇ ਹੁਕਮਰਾਨ ਡਾਕਾ ਮਾਰਕੇ ਸਿੱਖ ਕੌਮ ਨਾਲ ਨਿਰੰਤਰ ਵਿਤਕਰੇ ਤੇ ਬੇਇਨਸਾਫ਼ੀ ਨਹੀ ਕਰਦੇ ਆ ਰਹੇ? ਅਜਿਹਾ ਅਮਲ ਸਿੱਖ ਕੌਮ ਨਾਲ ਹੀ ਕਰਨਾ ਪ੍ਰਤੱਖ ਕਰਦਾ ਹੈ ਕਿ ਹੁਕਮਰਾਨ ਸੌੜੀ ਮੰਦਭਾਵਨਾ ਅਧੀਨ ਸਾਡੀਆ ਯਾਤਰਾਵਾ ਵਿਚ ਰੁਕਾਵਟਾਂ ਖੜੀਆਂ ਕਰਕੇ ਸਿੱਖ ਕੌਮ ਨੂੰ ਨਮੋਸ਼ੀ ਵੱਲ ਧਕੇਲਣ ਦੇ ਦੁਖਦਾਇਕ ਅਮਲ ਕਰਕੇ ਇੰਡੀਆ ਦੇ ਸਮਾਜਿਕ ਮਾਹੌਲ ਨੂੰ ਖੁਦ ਹੀ ਵਿਸਫੋਟਕ ਬਣਾ ਰਹੇ ਹਨ, ਜਿਸਦੇ ਨਤੀਜੇ ਕਦਾਚਿਤ ਇਥੋਂ ਦੇ ਜਮਹੂਰੀਅਤ ਤੇ ਅਮਨਪੱਖੀ ਨਹੀ ਹੋ ਸਕਣਗੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

31 Oct Page 3.qxd 10/30/2025 10:40 PM Page 1



## ਨਿਤਿਨ ਨੇ 'ਵਰਸਿਟੀ ਦੀ ਫ੍ਰੀ ਸਟਾਈਲ ਰੈਸਲਿੰਗ 'ਚ ਕਾਂਸੀ ਦਾ ਤਮਗਾ ਜਿੱਤਿਆ



**ਪਠਾਨਕੋਟ (ਦਵਿੰਦਰ ਸਿੰਘ)**- ਏ ਬੀ ਕਾਲਜ ਪਠਾਨਕੋਟ ਦੇ ਵਿਦਿਆਰਥੀ ਨਿਤਿਨ ਨੇ ਫ੍ਰੀ ਸਟਾਈਲ ਰੈਸਲਿੰਗ ਦੇ 70 ਕਿਲੋਗ੍ਰਾਮ ਭਾਰ ਵਰਗ ਵਿੱਚ ਕਾਂਸੀ ਦਾ ਤਮਗਾ ਜਿੱਤ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਅਤੇ ਨੰਦੀ ਨੇ 78 ਕਿਲੋਗ੍ਰਾਮ ਭਾਰ ਵਰਗ ਵਿੱਚ ਗ੍ਰੀਕੋ-ਰੋਮਨ ਕੁਸ਼ਤੀ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੈਮੀਫਾਈਨਲ ਤੱਕ ਪਹੁੰਚ ਬਣਾਈ।ਦੋਵਾਂ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਤੇ ਸਾਰੇ ਕਾਲਜ ਵਿੱਚ ਖੁਸ਼ੀ ਦਾ ਮਾਹੌਲ ਰਿਹਾ।ਪ੍ਰਿੰਸੀਪਲ ਕੁਲਦੀਪ ਗੁਪਤਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਲਗਨ ਲਈ ਵਧਾਈ ਦਿੱਤੀ।ਪ੍ਰੋ. ਸਿਮਰਜੀਤ ਸਿੰਘ ਨੇ ਕਿਹਾ ਕਿ ਅਜਿਹੇ ਖਿਡਾਰੀ ਕਾਲਜ ਦਾ ਮਾਣ ਹਨ।ਉਨ੍ਹਾਂ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਕਾਲਜ ਦੇ ਪ੍ਰਿੰਸੀਪਲ ਕੁਲਦੀਪ ਗੁਪਤਾ ਅਤੇ ਪ੍ਰੋ. ਸਿਮਰਜੀਤ ਸਿੰਘ ਨੇ ਬੀ. ਏ. ਪਹਿਲੇ ਸਮੈਸਟਰ ਦੇ ਵਿਦਿਆਰਥੀ ਨਿਤਿਨ ਅਤੇ ਨੰਦੀ ਨੂੰ ਸਨਮਾਨਿਤ ਕੀਤਾ ਗਿਆ।ਇਹ ਮੁਕਾਬਲਾ 27 ਅਕਤੂਬਰ ਨੂੰ ਜੀਐੱਨਡੀਯੂ ਕੈਂਪਸ, ਅੰਮ੍ਰਿਤਸਰ ਵਿੱਚ ਆਯੋਜਿਤ ਕੀਤਾ ਗਿਆ ਸੀ।

## ਸਬ-ਡਵੀਜ਼ਨ ਬਟਾਲਾ ਵਿਖੇ ਅੱਜ ਛੁੱਟੀ ਦਾ ਐਲਾਨ



**ਬਟਾਲਾ, ਡੇਰਾ ਬਾਬਾ ਨਾਨਕ (ਤਰਲੋਕ ਬੱਗਾ, ਰਮੇਸ਼ ਸ਼ਰਮਾ)**- ਸ਼੍ਰੀ ਅਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਸ਼੍ਰੀ ਅਚਲੇਸ਼ਵਰ ਧਾਮ ਵਿਖੇ ਸੰਗਤਾਂ ਦੀ ਸ਼ਰਧਾ ਭਾਵਨ ਨੂੰ ਵੇਖਦੇ ਹੋਏ ਸ਼੍ਰੀ ਅਚਲੇਸ਼ਵਰ ਧਾਮ ਬਟਾਲਾ ਦੀ ਨੌਮੀ 'ਤੇ 31 ਅਕਤੂਬਰ ਨੂੰ ਸਬ-ਡਵੀਜ਼ਨ ਬਟਾਲਾ ਵਿਚ ਲੋਕਲ ਛੁੱਟੀ ਐਲਾਨੀ ਗਈ ਹੈ।ਇਸ ਦਿਨ ਬੋਰਡ, ਯੂਨੀਵਰਸਿਟੀ ਅਤੇ ਵਿੱਦਿਅਕ ਸੰਸਥਾਵਾਂ ਵੱਲੋਂ ਲਈਆਂ ਜਾ ਰਹੀਆਂ ਪ੍ਰੀਖਿਆਵਾਂ ਪਹਿਲਾਂ ਦੀ ਤਰਾਂ ਹੀ ਹੋਣਗੀਆਂ।



## ਦੇਸ਼ ਸੂਬੇਦਾਰ ਨਿਰਮਲ ਸਿੰਘ ਵਰਗੇ ਕਾਰਗਿਲ ਯੋਧਿਆਂ ਦੀਆਂ ਕੁਰਬਾਨੀਆਂ ਦਾ ਸਦਾ ਰਿਣੀ ਰਹੇਗਾ : ਸ਼ਮਸ਼ੇਰ ਸਿੰਘ

**ਗੁਰਦਾਸਪੁਰ (ਜਨਕ ਮਹਾਜਨ)**- ਕਾਰਗਿਲ ਯੁੱਧ ਦੇ ਵੀਰ ਚੱਕਰ ਜੇਤੂ ਪਿੰਡ ਛੀਨਾ ਬੇਟ ਦੇ ਵਸਨੀਕ ਸ਼ਹੀਦ ਸੂਬੇਦਾਰ ਨਿਰਮਲ ਸਿੰਘ ਦੀ ਯਾਦ ਵਿੱਚ 10 ਲੱਖ ਰੁਪਏ ਦੀ ਲਾਗਤ ਨਾਲ ਬਣੇ ਯਾਦਗਾਰੀ ਗੇਟ ਦਾ ਉਦਘਾਟਨ ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ ਵੱਲੋਂ ਕੀਤਾ ਗਿਆ। ਸ਼ਹੀਦ ਸੈਨਿਕ ਪਰਿਵਾਰ ਸੁਰੱਖਿਆ ਪ੍ਰੀਸ਼ਦ ਦੇ ਜਨਰਲ ਸਕੱਤਰ ਸਰਪੰਚ ਗੁਰਪ੍ਰੀਤ ਸਿੰਘ ਅਤੇ ਕੁੰਵਰ ਰਵਿੰਦਰ ਸਿੰਘ ਵਿੱਕੀ ਦੀ ਸਾਂਝੀ ਪ੍ਰਧਾਨਗੀ ਹੇਠ ਹੋਏ ਸ਼ਰਧਾਂਜਲੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਉਨ੍ਹਾਂ ਲਈ ਮਾਣ ਵਾਲਾ ਦਿਨ ਹੈ ਕਿ ਉਨ੍ਹਾਂ ਨੂੰ ਭਾਰਤ ਮਾਤਾ ਦੇ ਇਕ ਬਹਾਦਰ ਪੁੱਤਰ ਦੀ ਯਾਦ ਵਿਚ ਬਣੇ ਯਾਦਗਾਰੀ ਗੇਟ ਦਾ ਉਦਘਾਟਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ, ਜਿਸ ਨੇ 26 ਸਾਲ ਪਹਿਲਾਂ ਕਾਰਗਿਲ ਯੁੱਧ ਵਿੱਚ ਬਹਾਦਰੀ ਦਾ ਇਤਿਹਾਸ ਰਚਿਆ, ਆਪਣੀ ਜਾਨ ਕੁਰਬਾਨ ਕਰ ਦਿੱਤੀ ਤੇ ਦੇਸ਼ ਭਰ ਵਿਚ ਇਸ ਪਿੰਡ ਤੇ ਜ਼ਿਲ੍ਹੇ ਦਾ ਮਾਣ ਵਧਾਇਆ। ਉਹ ਅਜਿਹੇ ਬਹਾਦਰ ਪੁੱਤਰ ਨੂੰ ਜਨਮ ਦੇਣ ਵਾਲੇ ਮਾਪਿਆਂ ਨੂੰ ਵੀ ਦਿਲੋਂ ਸ਼ਰਧਾਂਜਲੀ ਭੇਟ ਕਰਦੇ ਹਨ। ਉਨ੍ਹਾਂ ਕਿਹਾ ਪਿੰਡ ਦੇ ਖੇਡ ਮੈਦਾਨ ਨੂੰ ਸਟੇਡੀਅਮ ਵਿਚ ਬਦਲਿਆ ਜਾਵੇਗਾ ਅਤੇ ਸ਼ਹੀਦ ਸੂਬੇਦਾਰ ਨਿਰਮਲ ਸਿੰਘ ਦੇ ਨਾਮ 'ਤੇ ਰੱਖਿਆ ਜਾਵੇਗਾ। ਇਸ ਤੋਂ ਇਲਾਵਾ ਪਿੰਡ ਦੀਆਂ ਕੱਚੀਆਂ ਸੜਕਾਂ ਨੂੰ ਵੀ ਪੱਕਾ ਕੀਤਾ ਜਾਵੇਗਾ। ਇਸ ਮੌਕੇ ਕੌਂਸਲ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਸਿੰਘ ਨੇ ਸੂਬੇਦਾਰ ਨਿਰਮਲ ਸਿੰਘ ਦੀ ਯਾਦ ਵਿੱਚ ਯਾਦਗਾਰੀ ਗੇਟ ਬਣਾਉਣ ਲਈ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਿੱਥੇ ਸ਼ਹੀਦ ਦੇਸ਼ ਦਾ ਮਾਣ ਹਨ, ਉਥੇ ਉਨ੍ਹਾਂ ਦੀ ਯਾਦ ਵਿੱਚ ਬਣੀਆਂ ਯਾਦਗਾਰਾਂ ਨੌਜਵਾਨ ਪੀੜ੍ਹੀ ਵਿੱਚ ਦੇਸ਼ ਭਗਤੀ ਦੀ ਲਾਟ ਜਗਾਉਂਦੀਆਂ ਹਨ, ਉਨ੍ਹਾਂ ਵਿੱਚ ਦੇਸ਼ ਲਈ ਆਤਮ-ਬਲੀਦਾਨ ਦੀ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਦੇਸ਼ ਹਮੇਸ਼ਾ ਸੂਬੇਦਾਰ ਨਿਰਮਲ ਸਿੰਘ ਵਰਗੇ ਬਹਾਦਰ ਸੈਨਿਕਾਂ ਦਾ ਰਿਣੀ ਰਹੇਗਾ।

## ਪ੍ਰੋ. ਕਿਰਪਾਲ ਸਿੰਘ ਯੋਗੀ ਚੌਥਾ ਯਾਦਗਾਰੀ ਸਨਮਾਨ ਗਜ਼ਲਗੋ ਪਾਲ ਗੁਰਦਾਸਪੁਰੀ ਦੀ ਝੋਲੀ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਪੰਜਾਬੀ ਸਾਹਿਤ ਸਭਾ ਗੁਰਦਾਸਪੁਰ ਵੱਲੋਂ ਪ੍ਰੋਫੈਸਰ ਕਿਰਪਾਲ ਸਿੰਘ ਯੋਗੀ ਚੌਥਾ ਯਾਦਗਾਰੀ ਸਨਮਾਨ ਸਮਾਗਮ ਸਥਾਨਕ ਗੋਲਡਨ ਗਰੁੱਪ ਆਫ਼ ਇਸਟੀਟਿਊਸ਼ਨਜ਼ ਵਿੱਚ ਕਰਵਾਇਆ ਗਿਆ। ਇਸ ਮੌਕੇ ਪ੍ਰੋਫੈਸਰ ਕਿਰਪਾਲ ਸਿੰਘ ਯੋਗੀ ਯਾਦਗਾਰੀ ਸਨਮਾਨ ਉੱਘੇ ਗਜ਼ਲਗੋ ਪਾਲ ਗੁਰਦਾਸਪੁਰੀ ਨੂੰ ਦਿੱਤਾ ਗਿਆ। ਇਸ ਮੌਕੇ ਸਭਾ ਦੇ ਪ੍ਰਧਾਨ ਤਰਸੇਮ ਸਿੰਘ ਭੰਗੂ, ਕਨਵੀਨਰ ਮੁਖਤਿਆਰ ਸਿੰਘ ਦੀਵਾਨਾ ਅਤੇ ਪ੍ਰੋਫੈਸਰ ਰਾਜ ਕੁਮਾਰ ਨੇ ਪ੍ਰੋਫੈਸਰ ਯੋਗੀ ਦੇ ਜੀਵਨ ਉੱਤੇ ਚਾਨਣਾ ਪਾਇਆ।ਮੁਖਤਿਆਰ ਸਿੰਘ ਦੀਵਾਨਾ ਦੀ ਤੇਰ੍ਹਵੀਂ ਪੁਸਤਕ ਗਜ਼ਲ ਸੰਗ੍ਰਹਿ 'ਮਿੱਟੀ ਤੋਂ ਮਿੱਟੀ ਤੱਕ' ਲੋਕ ਅਰਪਣ ਕੀਤੀ ਗਈ। ਪੁਸਤਕ 'ਤੇ ਪਰਚਾ ਸੀਤਲ ਸਿੰਘ ਗੁੰਨੋਪੁਰੀ ਨੇ ਪੜ੍ਹਿਆ। ਵਿਚਾਰ ਚਰਚਾ ਵਿੱਚ ਡਾਕਟਰ ਲੇਖਰਾਜ ਨੇ ਹਿੱਸਾ ਲਿਆ।ਉਪਰੰਤ ਮਸ਼ਹੂਰ ਕਵੀ ਵਿਜੇ ਅਗਨੀਹੋਤਰੀ ਦੀ ਕਵਿਤਾ ਨਾਲ ਕਵੀ ਦਰਬਾਰ ਦਾ ਆਗਾਜ਼ ਕੀਤਾ ਗਿਆ।ਕਵੀ ਦਰਬਾਰ ਵਿੱਚ ਵਿਦੇਸ਼ ਵਿੱਚ ਬੈਠੇ ਗੁਰਦੇਵ ਸਿੰਘ ਭੁੱਲਰ ਨੇ ਆਪਣੀ ਲਾਈਵ ਰਚਨਾ ਰਾਹੀਂ ਪ੍ਰੋ. ਯੋਗੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸਰਦੂਲਗੜ੍ਹ ਤੋਂ ਚਾਹਲ, ਸੁਨੀਲ ਕੁਮਾਰ, ਹਰਪਾਲ ਬੈਂਸ, ਮਾਸਟਰ ਨਵਨੀਤ ਕੁਮਾਰ, ਪਵਨ ਘਰੋਟੀਆਂ, ਜਸਵਿੰਦਰ ਅਨਮੋਲ, ਡਾ. ਸੁਰਿੰਦਰ ਸ਼ਾਂਤ, ਸੁਖਵਿੰਦਰ ਰੰਧਾਵਾ, ਰਜਨੀਸ਼



ਉਚੇਚੇ ਤੌਰ ਤੇ ਇਸ ਪ੍ਰੋਗਰਾਮ ਵਿੱਚ ਪਹੁੰਚੇ ਵਿਜੇ ਕੁਮਾਰ ਦਾ ਸਨਮਾਨ ਵੀ ਕੀਤਾ ਗਿਆ। ਅਸ਼ਵਨੀ ਕੁਮਾਰ, ਸੁਲਤਾਨ ਭਾਰਤੀ, ਜਸਵੰਤ ਹਾਂਸ, ਬਲਵੀਰ ਕਲਸੀ, ਬਲਦੇਵ ਸਿੰਘ ਸਿੱਧੂ, ਹਰਪ੍ਰੀਤ ਸਿੰਮੀ, ਹਰਪਾਲ ਬੈਂਸ, ਰਾਜਨ ਤਰੇੜੀਆ, ਰਣਬੀਰ ਆਕਾਸ਼, ਲਖਨ ਮੇਘੀਆਂ, ਵਿਜੇ ਤਾਲਬ, ਅਤਰ ਸਿੰਘ, ਬਟਾਲਾ, ਰਜਿੰਦਰ ਸਿੰਘ ਛੀਨਾ, ਕੁਲਦੀਪ ਸਿੰਘ ਧਾਂਦਰਾ, ਹੀਰਾ ਸਿੰਘ, ਰਘਬੀਰ ਸਿੰਘ ਵਸ਼ਿਸ਼ਟ, ਰਾਜ ਗੁਰਦਾਸਪੁਰੀ, ਮਲਕੀਤ ਸੋਹਲ, ਗੋਪਾਲ ਸ਼ਰਮਾ, ਅਸ਼ੋਕ ਚਿੱਤਰਕਾਰ, ਸੋਹਣ ਸਿੰਘ, ਬੂਟਾ ਰਾਮ ਆਜ਼ਾਦ, ਮਹੇਸ਼ ਚੰਦਰਭਾਨੀ, ਸੁੱਚਾ ਸਿੰਘ ਪਸਨਾਵਾਲ, ਚੰਦਰਕਾਂਤ ਗਾਂਧੀ, ਬਿਸ਼ਨ ਦਾਸ, ਪਾਲ ਗੁਰਦਾਸਪੁਰੀ, ਪ੍ਰਤਾਪ ਪਾਰਸ, ਕੇ ਪੀ ਸਿੰਘ, ਨੇ ਆਪਣੇ ਆਪਣੇ ਕਲਾਮ ਪੇਸ਼ ਕੀਤੇ। ਇਸ ਸਮੇਂ ਸਟੇਜ ਦੀ ਭੂਮਿਕਾ ਜਨਰਲ ਸਕੱਤਰ ਪ੍ਰਤਾਪ ਪਾਰਸ ਨੇ ਬਾਖ਼ੂਬੀ ਨਿਭਾਈ।

## ਆਸ਼ਾ ਵਰਕਰ ਅਤੇ ਫੈਸਿਲੀਟੇਟਰਜ਼ ਵੱਲੋਂ ਭਲਕੇ ਰੋਸ ਪ੍ਰਦਰਸ਼ਨ ਦਾ ਐਲਾਨ



**ਪੱਟੀ (ਬਲਦੇਵ ਸਿੰਘ ਸੰਧੂ)**- ਆਸ਼ਾ ਵਰਕਰ ਅਤੇ ਫੈਸਿਲੀਟੇਟਰਜ਼ ਵੱਲੋਂ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਅਹਿਮ ਮੀਟਿੰਗ ਗੁਰਦੁਆਰਾ ਬਾਬਾ ਬੀਰ ਸਿੰਘ ਪੱਟੀ ਮੋੜ ਵਿਖੇ ਹੋਈ। ਮੀਟਿੰਗ 'ਚ ਚੰਡੀਗੜ੍ਹ ਗਰੁੱਪ ਏਟਕ ਦੇ ਜ਼ਿਲਾ ਪ੍ਰਧਾਨ ਨੇ ਲਮਕ ਅਵਸਥਾ ਵਿਚ ਪਈਆ ਮੰਗਾਂ ਅਤੇ ਮੁਸ਼ਕਲਾਂ ਹੁਣ ਤਕ ਹੱਲ ਨਾ ਹੋਣ 'ਤੇ ਗਹਿਰਾ ਦੁੱਖ ਪ੍ਰਗਟਾਇਆ। ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦਾ ਸਮਾਂ ਚਾਰ ਸਾਲ ਬੀਤ ਜਾਣ ਤੋਂ ਬਾਅਦ ਵੀ ਪੰਜਾਬ ਭਰ ਦੀਆਂ ਆਸ਼ਾ ਵਰਕਰਜ਼ ਤੇ ਫੈਸਿਲੀਟੇਟਰਜ਼ ਵਰਕਰਾਂ ਦੀਆਂ ਮੰਗਾਂ ਵੱਲ ਰਤਾ ਧਿਆਨ ਨਹੀਂ ਦਿੱਤਾ ਜਾ ਰਿਹਾ।ਪੰਜਾਬ ਸਰਕਾਰ ਦੇ ਸਿਹਤ ਮੰਤਰੀ ਬਲਵੀਰ ਸਿੰਘ, ਪੰਜਾਬ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮੀਟਿੰਗ ਕਰਨ ਦੇ ਬਾਵਜੂਦ ਮੰਨੀਆ ਮੰਗਾਂ ਜਿਵੇਂ ਕਿ ਕਰੋਨਾ ਮਹਾਂਮਾਰੀ ਵਾਲਾ ਕੱਟਿਆ ਭੱਤਾ ਮੁੜ ਤੋਂ ਚਾਲੂ ਕਰਨਾ, ਆਨਲਾਈਨ ਕੰਮਾਂ ਲਈ ਟੈਬ ਰਹਿੰਦੀਆਂ ਮੰਗਾਂ ਉਜਰਤਾਂ ਅਤੇ ਕਾਨੂੰਨ ਅਨੁਸਾਰ ਰੈਗੂਲਰ ਕਰਦਿਆਂ 26000 ਰੁਪਏ ਲਾਗੂ ਕਰਨਾ, ਸੇਵਾ ਮੁਕਤ ਵਰਕਰਾਂ ਨੂੰ ਗੁਆਂਢੀ ਰਾਜ ਹਰਿਆਣਾ ਦੀ ਤਰਜ਼ 'ਤੇ ਸਹਾਇਤਾ ਫੰਡ 5 ਲੱਖ ਰੁਪਏ ਦੇਣਾ ਤੇ ਪੈਨਸ਼ਨ ਦਾ ਪ੍ਰਬੰਧ ਕਰਨਾ, ਫੈਸਿਲੀਟੇਟਰਜ਼ ਨੂੰ ਕੇਂਦਰ ਤੋਂ ਮਿਲਣ ਵਾਲਾ ਭੱਤਾ, ਟੂ ਮਨੀ ਵਿੱਚ ਵਾਧਾ, ਕੱਟੇ ਭੱਤੇ ਬਹਾਲ ਕਰਨਾ ਆਦਿ। ਉਪਰੋਕਤ ਮੰਗਾਂ ਨੂੰ ਮੰਨਣ ਦੀ ਬਜਾਏ ਮੀਟਿੰਗਾਂ ਬੁਲਾ ਕੇ ਵਾਰ ਵਾਰ ਗੱਲਬਾਤ ਰਾਹੀਂ ਟਾਲਿਆ ਜਾ ਰਿਹਾ ਹੈ।ਇਸ ਰੋਸ ਵਜੋਂ ਪੰਜਾਬ ਭਰ ਦੀਆਂ ਵਰਕਰਾਂ 1 ਨਵੰਬਰ ਨੂੰ ਆਮ ਆਦਮੀ ਪਾਰਟੀ ਦੇ ਦਫ਼ਤਰ ਤਰਨਤਾਰਨ ਵਿਖੇ ਰੋਸ ਪ੍ਰਦਰਸ਼ਨ ਅਤੇ ਮੁਜ਼ਾਹਰਾ ਕਰਨਗੀਆਂ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ, ਮੀਤ ਪ੍ਰਧਾਨ ਸਰਬਜੀਤ ਕੌਰ, ਸੱਕਤਰੀ ਵੀਰਪਾਲ ਕੌਰ, ਖਜਾਨਚੀ ਰਾਜਵਿੰਦਰ ਕੌਰ, ਅਮਨਦੀਪ ਕੌਰ, ਬਲਾਕ ਪ੍ਰਧਾਨ ਰਾਜਬੀਰ ਕੌਰ, ਵਾਈਸ ਚੇਅਰਮੈਨ ਕੁਲਵੰਤ ਕੌਰ ਮੀਆਂ ਪਿੰਡ, ਬਲਾਕ ਪ੍ਰਧਾਨ ਗੁਰਵੰਤ ਕੌਰ ਝਬਾਲ ਆਦਿ ਹਾਜ਼ਰ ਸਨ।

## ਰੇਲ ਗੱਡੀ ਹੇਠਾਂ ਆਉਣ ਨਾਲ ਅਣਪਛਾਤੇ ਵਿਅਕਤੀ ਦੀ ਮੌਤ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਰੇਲਵੇ ਸ਼ਟੇਸ਼ਨ ਧਾਰੀਵਾਲ ਤੋਂ ਥੋੜੀ ਦੂਰੀ 'ਤੇ ਨਹਿਰ ਦੇ ਲੋਹੇ ਵਾਲੇ ਪੁਲ ਅਤੇ ਪਾਵਰਕੌਮ ਐਕਸੀਅਨ ਦਫਤਰ ਧਾਰੀਵਾਲ ਦੇ ਸਾਹਮਣੇ ਰੇਲਵੇ ਪੁੱਲ (ਅੰਡਰਬ੍ਰਿਜ) ਦਰਮਿਆਨ ਪਠਾਨਕੋਟ ਤੋਂ ਅੰਮ੍ਰਿਤਸਰ ਨੂੰ ਜਾ ਰਹੀ ਡੀਐੱਮਯੂ ਰੇਲ ਗੱਡੀ ਦੀ ਹੇਠਾਂ ਆਉਣ ਨਾਲ ਲਗਭਗ 35/40 ਸਾਲਾ ਦੀ ਧੌਣ ਕੱਟੀ ਜਾਣ ਕਾਰਨ ਇਕ ਅਣਪਛਾਤੇ ਵਿਅਕਤੀ ਦੀ ਮੌਤ ਹੋ ਗਈ। ਇਸ ਸਬੰਧੀ ਰੇਲਵੇ ਪੁਲੀਸ ਚੌਂਕੀ ਧਾਰੀਵਾਲ ਦੇ ਇੰਚਾਰਜ ਏਐੱਸਆਈ ਤਲਵਿੰਦਰ ਸਿੰਘ ਘੁੰਮਣ ਅਤੇ ਏਐੱਸਆਈ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਵਿਭਾਗੀ ਕਾਰਵਾਈ ਕਰਦਿਆਂ ਮ੍ਰਿਤਕ ਦੀ ਲਾਸ਼ ਨੂੰ ਸਨਾਖਤ



ਵਾਸਤੇ 72 ਘੰਟੇ ਲਈ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਮੋਰਚਰੀ ਵਿੱਚ ਰੱਖ ਦਿੱਤਾ ਹੈ। ਮ੍ਰਿਤਕ ਸਿਰ ਤੋਂ ਮੋਨਾ ਤੇ ਦਾੜ੍ਹੀ ਕੱਟੀ ਹੋਈ, ਨੀਲੇ ਫਿੱਕੇ ਰੰਗ ਅਸਮਾਨੀ ਡੱਬੀਦਾਰ ਕਮੀਜ਼ ਤੇ ਨੀਲਾ ਪਜਾਮਾ ਪਾਇਆ ਹੋਇਆ ਹੈ ਅਤੇ ਸੱਜੀ ਲੱਤ ਕਮਜ਼ੋਰ ਤੇ ਕਾਲੀਆਂ ਚੱਪਲਾਂ ਪਾਈਆਂ ਤੇ ਲਾਠੀ ਨਾਲ ਤੁਰਦਾ ਸੀ।

## ਪ੍ਰੈਜ਼ੈਂਟੇਸ਼ਨ ਪਬਲਿਕ ਸਕੂਲ 'ਚ 69ਵਾਂ ਅੰਤਰ ਜ਼ਿਲ੍ਹਾ ਰਾਜ ਪੱਧਰੀ ਟੇਬਲ ਟੈਨਿਸ ਮੁਕਾਬਲਾ ਜਾਰੀ

### ਦੂਜੇ ਦਿਨ ਮੁੱਖ ਮਹਿਮਾਨ ਵਜੋਂ ਪਹੁੰਚੇ ਕੈਬਨਿਟ ਮੰਤਰੀ ਕਟਾਰੂਚੱਕ ਨੇ ਮੁਕਾਬਲੇ ਦਾ ਕੀਤਾ ਉਦਘਾਟਨ

**ਪਠਾਨਕੋਟ (ਦਵਿੰਦਰ ਸਿੰਘ)**- ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਆਯੋਜਿਤ 69ਵਾਂ ਅੰਤਰ-ਜ਼ਿਲ੍ਹਾ ਰਾਜ-ਪੱਧਰੀ ਟੇਬਲ ਟੈਨਿਸ ਮੁਕਾਬਲਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਕੁਮਾਰ ਦੀ ਪ੍ਰਧਾਨਗੀ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਅਰੁਣ ਕੁਮਾਰ ਦੀ ਨਿਗਰਾਨੀ ਹੇਠ ਪ੍ਰੈਜ਼ੈਂਟੇਸ਼ਨ ਪਬਲਿਕ ਸਕੂਲ ਵਿਖੇ ਦੂਜੇ ਦਿਨ ਵੀ ਜਾਰੀ ਰਿਹਾ।ਕੈਬਨਿਟ ਮੰਤਰੀ ਲਾਲਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਹਾਜ਼ਰ ਸਨ, ਜਦੋਂ ਕਿ ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਅਤੇ ਮਾਰਕੀਟ ਕਮੇਟੀ ਪਠਾਨਕੋਟ ਦੇ ਚੇਅਰਮੈਨ ਵਿਕਾਸ ਸੈਣੀ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ।ਮਹਿਮਾਨਾਂ ਨੇ ਦੂਜੇ ਦਿਨ ਦੇ ਮੁਕਾਬਲੇ ਦਾ ਉਦਘਾਟਨ ਕੀਤਾ।ਮਹਿਮਾਨਾਂ ਦਾ ਸਵਾਗਤ ਪ੍ਰੈਜ਼ੈਂਟੇਸ਼ਨ ਪਬਲਿਕ ਸਕੂਲ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਡੀ. ਪੀ. ਸ਼ਰਮਾ, ਚੇਅਰਪਰਸਨ ਰੇਣੂ ਸ਼ਰਮਾ, ਵਾਈਸ ਚੇਅਰਪਰਸਨ ਨਿਵੇਦਿਤਾ ਸੰਧੂ, ਜਗਬੀਰ ਸੰਧੂ, ਪ੍ਰਿੰਸੀਪਲ ਰਵਿੰਦਰ ਕੌਰ ਅਤੇ ਵਾਈਸ ਪ੍ਰਿੰ. ਰੇਣੂਕਾ ਤ੍ਰਿਖਾ ਨੇ ਗੁਲਦਸਤੇ ਭੇਟ ਕਰਕੇ ਕੀਤਾ।ਲੜਕਿਆਂ ਦੇ ਅੰਡਰ-17 ਵਰਗ ਦੇ ਕੁਆਰਟਰ ਫਾਈਨਲ ਮੈਚ ਵਿੱਚ ਜ਼ਿਲ੍ਹਾ ਅੰਮ੍ਰਿਤਸਰ, ਜ਼ਿਲ੍ਹਾ ਫਾਜ਼ਿਲਕਾ, ਜ਼ਿਲ੍ਹਾ ਜਲੰਧਰ, ਜ਼ਿਲ੍ਹਾ ਪਟਿਆਲਾ, ਜ਼ਿਲ੍ਹਾ ਫਿਰੋਜ਼ਪੁਰ, ਜ਼ਿਲ੍ਹਾ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਜ਼ਿਲ੍ਹਾ ਲੁਧਿਆਣਾ ਅਤੇ ਜ਼ਿਲ੍ਹਾ ਰੂਪਨਗਰ ਕੁਆਰਟਰ ਫਾਈਨਲ ਪੂਲ ਵਿੱਚ ਪਹੁੰਚ ਗਈਆਂ।ਇਸੇ ਤਰ੍ਹਾਂ ਅੰਡਰ-19 ਵਰਗ ਦੇ ਕੁਆਰਟਰ ਫਾਈਨਲ ਪੂਲ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਨੇ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਟੀਮ ਨਾਲ ਮੁਕਾਬਲਾ ਹੋਇਆ ਜਿਸ ਵਿੱਚ ਅੰਮ੍ਰਿਤਸਰ ਦੀ ਟੀਮ ਜੇਤੂ ਰਹੀ। ਜ਼ਿਲ੍ਹਾ ਪਠਾਨਕੋਟ ਨੇ ਜ਼ਿਲ੍ਹਾ ਲੁਧਿਆਣਾ ਦੀ ਟੀਮ ਨਾਲ ਮੁਕਾਬਲਾ ਕੀਤਾ ਜਿਸ ਵਿੱਚ ਲੁਧਿਆਣਾ ਦੀ ਟੀਮ ਜੇਤੂ ਰਹੀ।ਜ਼ਿਲ੍ਹਾ ਜਲੰਧਰ ਨੇ ਜ਼ਿਲ੍ਹਾ ਬਰਨਾਲਾ ਦੀ ਟੀਮ ਨਾਲ ਮੁਕਾਬਲਾ ਕੀਤਾ ਜਿਸ ਵਿੱਚ ਜਲੰਧਰ ਦੀ ਟੀਮ ਜੇਤੂ ਰਹੀ।ਜਦੋਂ ਕਿ ਪਟਿਆਲਾ ਅਤੇ ਫਤਿਹਗੜ੍ਹ ਸਾਹਿਬ ਦੀਆਂ ਟੀਮਾਂ ਵਿਚਕਾਰ ਕੁਆਰਟਰ ਫਾਈਨਲ ਮੈਚ ਜਾਰੀ ਰਿਹਾ।ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਮੁੱਖ ਅਧਿਆਪਕਾ ਰਵਿੰਦਰ ਕੌਰ, ਸੁਮਨ ਬਾਲਾ, ਮੋਨਿਕਾ ਮਹਾਜਨ, ਹੈੱਡਮਾਸਟਰ ਰਵੀ ਕਾਂਤ, ਤਕਨੀਕੀ ਮੈਂਬਰ ਹਰੀਸ਼ ਕੁਮਾਰ, ਸੰਜੀਵ ਕੁਮਾਰ, ਮਨਦੀਪ ਸਿੰਘ, ਕੁਲਵਿੰਦਰ ਸਿੰਘ, ਹਰਸਿਮਰਨਜੀਤ ਸਿੰਘ, ਸੁਮੇਸ਼ ਸ਼ਰਮਾ, ਮਾਸਟਰ ਭਜਨ ਦਾਸ ਅਵਤਾਰ ਸਿੰਘ, ਸੁਲਕਸ਼ਣਾ ਸ਼ਰਮਾ, ਪੂਜਾ ਪਠਾਨੀਆ, ਮ੍ਰਿਦੂ ਭਾਸ਼ੀਨੀ, ਸੁਸ਼ੀਲ ਕੁਮਾਰ, ਪਵਨ ਸਵਾਮੀ, ਮਦਨ ਲਾਲ, ਅੰਮ੍ਰਿਤਪਾਲ ਕੌਰ, ਮਨਜੀਤ ਸਿੰਘ, ਨੇਹਾ ਹਾਜ਼ਰ ਸਨ।ਮਹਾਜਨ, ਰਾਜਕੁਮਾਰ, ਨੀਰਜ ਪਰਾਸ਼ਰ, ਪਵਨ ਕਾਲੀਆ, ਅਸ਼ਵਨੀ ਕੁਮਾਰ ਕਥਲੌਰ, ਅਨੂ ਅਤੇ ਸੋਨੂੰ ਆਦਿ ਹਾਜ਼ਰ ਸਨ।

## ਯੂਪੀ ਵਿੱਚ ਗੰਨੇ ਦੇ ਭਾਅ 'ਚ 30 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ

**ਚੰਡੀਗੜ੍ਹ** : ਗੰਨਾ ਕਿਸਾਨਾਂ ਨੂੰ ਲਾਭ ਪਹੁੰਚਾਉਣ ਵਾਲੇ ਇੱਕ ਵੱਡੇ ਫੈਸਲੇ ਵਿੱਚ ਯੋਗੀ ਆਦਿੱਤਿਆਨਾਥ ਸਰਕਾਰ ਨੇ 2025-26 ਪਿੜਾਈ ਸੀਜ਼ਨ ਲਈ ਗੰਨੇ ਦੇ ਭਾਅ ਵਿੱਚ 30 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੀਤਾ ਹੈ।ਜਿਵੇਂ ਕਿ ਉੱਤਰ ਪ੍ਰਦੇਸ਼ ਦੇ ਗੰਨਾ ਵਿਕਾਸ ਅਤੇ ਖੰਡ ਉਦਯੋਗ ਮੰਤਰੀ, ਲਕਸ਼ਮੀ ਨਰਾਇਣ ਚੌਧਰੀ ਦੁਆਰਾ ਐਲਾਨ ਕੀਤਾ ਗਿਆ ਹੈ, ਗੰਨੇ ਦੀਆਂ ਸ਼ੁਰੂਆਤੀ ਕਿਸਮਾਂ ਲਈ ਨਵੀਂ ਦਰ 400 ਰੁਪਏ ਪ੍ਰਤੀ ਕੁਇੰਟਲ ਅਤੇ ਆਮ ਕਿਸਮਾਂ ਲਈ 390 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤੀ ਗਈ ਹੈ।ਇਹ ਵਾਧਾ ਗੰਨਾ ਕਿਸਾਨਾਂ ਨੂੰ 3,000 ਕਰੋੜ ਰੁਪਏ ਦਾ ਵਾਧੂ ਲਾਭ ਦੇਵੇਗਾ, ਜੋ ਕਿ ਯੋਗੀ ਸਰਕਾਰ ਦੇ ਅਧੀਨ ਚੌਥਾ ਵਾਧਾ ਹੈ। ਉੱਤਰ ਪ੍ਰਦੇਸ਼ ਵਿੱਚ ਇਸ ਸਮੇਂ 122 ਚਾਲੂ ਖੰਡ ਮਿੱਲਾਂ ਹਨ, ਜਿਨ੍ਹਾਂ ਵਿੱਚੋਂ ਚਾਰ ਨਵੀਆਂ ਸਥਾਪਿਤ ਹੋਈਆਂ ਹਨ ਅਤੇ ਛੇ ਪਹਿਲਾਂ ਬੰਦ ਪਈਆਂ ਮਿੱਲਾਂ ਮੁੜ ਸੁਰਜੀਤ ਹੋਈਆਂ ਹਨ।

## ਖ਼ਾਲਸਾ ਕਾਲਜ ਆਫ ਨਰਸਿੰਗ ਵਿਖੇ ਫੇਅਰਵੈੱਲ ਪਾਰਟੀ ਆਯੋਜਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਕਾਲਜ ਆਫ਼ ਨਰਸਿੰਗ ਵਿਖੇ ਫ਼ੇਅਰਵੈਲ ਪਾਰਟੀ ਕਰਵਾਈ ਗਈ, ਜਿਸ ਦੌਰਾਨ ਵਿਦਿਆਰਥੀਆਂ ਦੇ ਵੱਖ-ਵੱਖ ਮੁਕਾਬਲੇ ਵੀ ਆਯੋਜਿਤ ਕੀਤੇ ਗਏ। ਕਾਲਜ



ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਰਸਿੰਗ ਕੋਰਸ ਦੀ ਟ੍ਰੇਨਿੰਗ ਸੰਪੂਰਨ ਕਰਨ 'ਤੇ ਵਿਦਿਆਰਥੀਆਂ ਲਈ ਆਯੋਜਿਤ ਕੀਤੇ ਗਏ ਉਕਤ ਪ੍ਰੋਗਰਾਮ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਪ੍ਰੋਗਰਾਮ ਦਾ ਆਗਾਜ਼ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕਰਕੇ ਕੀਤਾ ਗਿਆ।ਉਪਰੰਤ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਆਏ ਹੋਏ ਮਹਿਮਾਨ ਅਤੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਨਰਸਿੰਗ ਕੋਰਸ ਪੂਰਾ ਕਰ ਰਹੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਕਾਲਜ ਲੋੜੀਂਦੀਆਂ ਸਫ਼ਲਤਾਪੂਰਵਕ ਗਤੀਵਿਧੀਆਂ ਸਦਕਾ ਪ੍ਰੋਫ਼ੈਸ਼ਨਲ ਸਿਖਲਾਈ ਦੇ ਮਿਆਰ ਨੂੰ ਹੋਰ ਉੱਚਾ ਚੁੱਕਿਆ ਹੈ।ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਉਕਤ ਟ੍ਰੇਨਿੰਗ ਮੁਕੰਮਲ ਕਰ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਜਵਲ ਭਵਿੱਖ ਦੀ ਕਾਮਨਾ ਕੀਤੀ।ਇਸ ਮੌਕੇ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਕਿਹਾ ਕਿ ਪ੍ਰੋਗਰਾਮ ਦੌਰਾਨ ਕਰਵਾਏ ਮੁਕਾਬਲਿਆਂ 'ਚ ਮਾਡਲਿੰਗ ਪ੍ਰਤੀਯੋਗਤਾ 'ਚ ਮਿਸ ਫ਼ੇਅਰਵੈਲ ਜਸਮੀਤ ਕੌਰ, ਮਿਸਟਰ ਫ਼ੇਅਰਵੈਲ ਹਰਵਿੰਦਰ ਸਿੰਘ, ਮਿਸ ਚਾਰਮਿੰਗ ਜਸਪ੍ਰੀਤ ਕੌਰ ਅਤੇ ਮਿਸਟਰ ਹੈਂਡਸਮ ਸਚਿਨ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਦੀ ਪੜਾਈ 'ਚ ਚੰਗੀ ਕਾਰਗੁਜਾਰੀ ਅਤੇ ਵੱਖ-ਵੱਖ ਮੁਕਾਬਲਿਆਂ 'ਚ ਇਨਾਮ ਜਿੱਤਣ ਦੀ ਸ਼ਲਾਘਾ ਕਰਦਿਆਂ ਭਵਿੱਖ 'ਚ ਵੀ ਬੁਲੰਦੀਆਂ ਛੂੰਹਦੇ ਹੋਏ ਨਾਮਣਾ ਖੱਟਣ ਲਈ ਉਤਸ਼ਾਹਿਤ ਕੀਤਾ।ਇਸ ਦੌਰਾਨ ਵਿਦਿਆਰਥੀਆਂ ਦੇ ਗੀਤ—ਸੰਗੀਤ ਨੇ ਪਾਰਟੀ ਦਾ ਖ਼ੂਬ ਰੰਗ ਬੰਨ੍ਹਿਆ।

## ਕਾਂਗਰਸ ਅਤੇ 'ਆਪ' ਨੇ ਪੰਜਾਬੀਆਂ ਨਾਲ ਧੋਖਾ ਕੀਤਾ : ਬਾਦਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ (ਆਪ) ਦੋਵਾਂ ਨੇ ਪੰਜਾਬੀਆਂ ਨੂੰ ਧੋਖਾ ਦਿੱਤਾ ਹੈ ਤੇ ਉਨ੍ਹਾਂ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਅਕਾਲੀ ਦਲ 'ਤੇ ਭਰੋਸਾ ਕਰਨ ਤਾਂ ਜੋ ਪੰਜਾਬ ਨੂੰ ਮੁੜ ਵਿਕਾਸ ਤੇ ਖੁਸ਼ਹਾਲੀ ਦੇ ਰਾਹ 'ਤੇ ਲਿਆਂਦਾ ਜਾ ਸਕੇ।ਇਥੇ ਹਲਕੇ ਵਿਚ ਭਰਵੇਂ ਚੋਣ ਜਲਸਿਆਂ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅਸੀਂ ਸ੍ਰੀ ਦਰਬਾਰ ਸਾਹਿਬ 'ਤੇ ਹਮਲੇ ਲਈ ਕਾਂਗਰਸ ਨੂੰ ਕਦੇ ਵੀ ਭੁੱਲ ਜਾਂ ਮੁਆਫ ਨਹੀਂ ਕਰ ਸਕਦੇ।ਉਨ੍ਹਾਂ ਕਿਹਾ ਕਿ ਇਹ ਸਾਡੇ ਲਈ ਬਹੁਤ ਹੀ ਅਪਮਾਨ ਵਾਲੀ ਗੱਲ ਹੈ ਕਿ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਅੱਜ ਵੀ ਇੰਦਰਾ ਗਾਂਧੀ ਦੇ ਸੋਹਲੇ ਗਾ ਰਿਹਾ ਹੈ ਤੇ ਮਾਣ ਨਾਲ ਉਸਨੂੰ ਆਪਣੀ ਮਾਂ ਦੱਸਦਾ ਹੈ।ਉਨ੍ਹਾਂ ਕਿਹਾ ਕਿ ਇਸੇ ਸੋਚ ਕਾਰਨ ਸੂਬੇ ਵਿਚ ਖੂਨ ਖਰਾਬਾ ਹੋਇਆ ਤੇ ਇਸਦੀ ਸ਼ਖਤ ਨਿਖੇਧੀ ਕਰਨੀ ਚਾਹੀਦੀ ਹੈ।ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਗੱਲ ਕਰਦਿਆਂ ਸਰਦਾਰ ਸੁਖਬੀਰ ਬਾਦਲ ਨੇ ਕਿਹਾ ਕਿ ਇਹ ਸਰਕਾਰ ਭ੍ਰਿਸ਼ਟਾਚਾਰ ਤੇ ਕਾਨੂੰਨ ਹੀਣਤਾ ਵਿਚ ਡੁੱਬੀ ਹੈ।ਉਨ੍ਹਾਂ ਨੇ ਅਫਸਰਾਂ ਨੂੰ ਅਪੀਲ ਕੀਤੀ ਕਿ ਉਹ ਆਪ ਸਰਕਾਰ



ਦੇ ਦਬਾਅ ਹੇਠ ਅਕਾਲੀ ਵਰਕਰਾਂ ਖਿਲਾਫ ਝੂਠੇ ਕੇਸ ਦਾਇਰ ਕਰਨ ਤੋਂ ਗੁਰੇਜ਼ ਕਰਨ। ਉਨ੍ਹਾਂ ਕਿਹਾ ਕਿ ਜਿਹੜੇ ਅਫਸਰਾਂ ਨੇ ਝੂਠੇ ਕੇਸ ਦਾਇਰ ਕੀਤੇ ਹਨ, ਉਨ੍ਹਾਂ ਸਾਰਿਆਂ ਨੂੰ ਕਾਨੂੰਨ ਮੁਤਾਬਕ ਆਪਣੀਆਂ ਗੈਰ ਕਾਨੂੰਨੀ ਕਾਰਵਾਈਆਂ ਦੀ ਸਜ਼ਾ ਭੁਗਤਣੀ ਪਵੇਗੀ।ਅਕਾਲੀ ਦਲ ਦੇ ਪ੍ਰਧਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਕਾਲੀ ਦਲ 'ਤੇ ਭਰੋਸਾ ਕਰਨ ਜਿਸਨੇ ਇਕ ਸਦੀ ਤੱਕ ਪੂਰਨ ਸਮਰਪਣ ਦੀ ਭਾਵਨਾ ਨਾਲ ਉਨਾਂ ਦੀ ਸੇਵਾ ਕੀਤੀ ਹੈ।ਉਨ੍ਹਾਂ ਕਿਹਾ ਕਿ ਸੱਚਾਈ ਇਹ ਹੈ ਕਿ ਅਕਾਲੀ ਦਲ ਨੇ ਹਮੇਸ਼ਾ ਕਿਸਾਨਾਂ ਅਤੇ ਗਰੀਬਾਂ ਦੇ ਹਿੱਤਾਂ ਨੂੰ ਤਰਜੀਹ ਦਿੱਤੀ।ਇਸੇ ਪਾਰਟੀ ਨੇ ਕਿਸਾਨਾਂ ਨੂੰ ਟਿਊਬਵੈੱਲਾਂ ਵਾਸਤੇ ਬਿਜਲੀ ਮੁਫਤ ਦਿੱਤੀ।ਇਸੇ ਨੇ ਹੀ ਬੁਢਾਪਾ ਪੈਨਸ਼ਨ, ਆਟਾ ਦਾਲ ਸਕੀਮ ਅਤੇ ਸ਼ਗਨ ਸਕੀਮ ਵਰਗੀਆਂ ਨਿਵੇਕਲੀਆਂ ਸਮਾਜ ਭਲਾਈ ਸਕੀਮਾਂ ਲਿਆਂਦੀਆਂ।ਉਨ੍ਹਾਂ ਕਿਹਾ ਕਿ ਸਾਨੂੰ ਤੁਹਾਡੀ ਹਮਾਇਤ ਦੀ ਜ਼ਰੂਰਤ ਹੈ।ਪਿੰਡ ਭਗਆਿੜੀ, ਕਸੇਲ, ਸਵਰਗਾਪੁਰੀ, ਅੱਡਾ ਝਬਾਲ, ਝਬਾਲ ਖਾਮ, ਪੰਜਵੜ ਖੁਰਦ ਦੇ ਦੌਰਿਆਂ ਦੌਰਾਨ ਅਕਾਲੀ ਦਲ ਦੇ ਪ੍ਰਧਾਨ ਦੇ ਨਾਲ ਪਾਰਟੀ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਵੀ ਸਨ ਜਿਨ੍ਹਾਂ ਨੇ ਚੋਣ ਜਲਸਿਆਂ ਨੂੰ ਸੰਬੋਧਨ ਕੀਤਾ।ਇਸ ਮੌਕੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ, ਤੇਜਿੰਦਰ ਸਿੰਘ ਮਿੱਡੂਖੇੜਾ, ਪਰਮਬੰਸ ਸਿੰਘ ਰੋਮਾਣਾ, ਕਮਲਜੀਤ ਚਾਵਲਾ, ਰਵੀਪ੍ਰੀਤ ਸਿੱਧੂ ਅਤੇ ਜਗਸੀਰ ਸਿੰਘ ਕਲਿਆਣ ਵੀ ਹਾਜ਼ਰ ਸਨ।

## ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਦੀ ਬਿਜਾਈ ਲਈ ਬੀਜ ਦੇ ਪੰਜ ਸੌ ਮੁਫਤ ਬੈਗ ਵੰਡੇ

**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਮੁੱਖ ਮੰਤਰੀ ਪੰਜਾਬ ਵੱਲੋਂ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕੀਤੇ ਗਏ ਵਾਅਦੇ ਅਨੁਸਾਰ ਮੁਫ਼ਤ ਬੀਜ ਦੇਣ ਦੀ ਸ਼ੁਰੂਆਤ ਰਮਨ



ਬਹਿਲ, ਹਲਕਾ ਇੰਚਾਰਜ ਗੁਰਦਾਸਪੁਰ ਵੱਲੋਂ ਖੇਤੀਬਾੜੀ ਦਫ਼ਤਰ ਗੁਰਦਾਸਪੁਰ ਵਿਖੇ ਕੀਤੀ ਗਈ ਤੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ 500 ਬੈਗ ਕਣਕ ਦੇ ਬੀਜ ਦੇ ਵੰਡੇ ਗਏ।ਇਸ ਮੌਕੇ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਕਣਕ ਦੇ ਬੀਜ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹੜ੍ਹ ਪ੍ਰਭਾਵਿਤ ਕਿਸਾਨ ਨੂੰ ਮੁਫਤ ਬੀਜ ਮੁਹੱਈਆ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਪੰਜਾਬ ਸਰਕਾਰ ਵੱਲੋਂ ਪਹਿਲਾਂ ਵੀ ਹੜ੍ਹ ਪੀੜਤਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਮਦਦ ਮੁਹੱਈਆ ਕਰਵਾਈ ਗਈ ਸੀ ਅਤੇ ਪ੍ਰਭਾਵਿਤ ਕਿਸਾਨਾਂ ਨੂੰ ਸਮੇਂ ਸਿਰ ਮੁਆਵਜ਼ਾ ਰਾਸ਼ੀ ਵੰਡੀ ਗਈ ਸੀ।ਇਸ ਮੌਕੇ ਡਾ. ਰਣਧੀਰ ਸਿੰਘ ਠਾਕੁਰ, ਮੁੱਖ ਖੇਤੀਬਾੜੀ ਅਫਸਰ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਮੁਫਤ ਬੀਜ ਮੁਹੱਈਆ ਕਰਵਾਇਆ ਜਾ ਰਿਹਾ ਹੈ ਅਤੇ ਅੱਜ ਉਨਤ ਕਿਸਮ ਦਾ 500 ਬੈਗ ਬੀਜ ਵੰਡਿਆ ਗਿਆ ਹੈ।ਉਨ੍ਹਾਂ ਦੱਸਿਆ ਅਨਾਜ ਪੋਰਟਲ ਤੇ ਪ੍ਰਭਾਵਿਤ ਕਿਸਾਨ ਅਪਲਾਈ ਕਰਨ, ਜਿਸ ਦੀ ਮਾਲ ਮਹਿਕਮੇ ਵੱਲੋਂ ਤਸਦੀਕ ਕਰਨ ਉਪਰੰਤ ਬੀਜ ਵੰਡਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਹਰ ਕਿਸਾਨ ਨੂੰ ਮੁਫਤ ਬੀਜ ਮੁਹੱਈਆ ਕਰਵਾਇਆ ਜਾਵੇਗਾ। ਇਸ ਮੌਕੇ ਅਗਾਂਹਵਧੂ ਕਿਸਾਨ ਸੁੱਚਾ ਸਿੰਘ ਮੁਲਤਾਨੀ, ਮਨਜੀਤ ਸਿੰਘ ਤੇ ਹਰਮਨਜੀਤ ਸਿੰਘ ਏਡੀਓ, ਹਰਮਨਪ੍ਰੀਤ ਸਿੰਘ, ਪਰਮਜੀਤ ਸਿੰਘ ਤੇ ਮਨਜੀਤ ਕੌਰ ਏਈਓ ਅਤੇ ਕਿਸਾਨ ਮੌਜੂਦ ਸਨ।

## ਹਰਮੀਤ ਸਿੰਘ ਸੰਧੂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ : ਬੋਪਾਰਾਏ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਰਵਾਇਤੀ ਸਿਆਸੀ ਪਾਰਟੀਆ ਜਿਵੇਂ ਕਾਂਗਰਸ ਅਤੇ ਅਕਾਲੀ ਦਲ ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਤੋਂ ਬਾਅਦ ਕੇਂਦਰ ਅਤੇ ਰਾਜਾਂ 'ਚ ਵਾਰੋ ਵਾਰੀ ਰਾਜ ਕੀਤਾ ਉਨ੍ਹਾਂ ਤੋਂ ਪੰਜਾਬ ਦੇ ਲੋਕਾਂ ਦਾ ਮੋਹ ਪੂਰੀ ਤਰ੍ਹਾਂ ਭੰਗ ਹੋ ਚੁੱਕਾ ਹੈ ਅਤੇ ਹੁਣ ਕਦੀ ਵੀ ਇਹ ਪਾਰਟੀਆਂ ਰਾਜ ਸਤਾ ਵਿੱਚ ਨਹੀਂ ਆਉਣਗੀਆਂ। ਪੰਜਾਬ ਦੇ ਲੋਕ ਬਹੁਤ ਸੂਝਵਾਨ ਤੇ ਸਿਆਣੇ ਹਨ ਜੋ ਪੰਜਾਬ ਦਾ ਵਿਕਾਸ ਚਾਹੁੰਦੇ ਹਨ, ਇਸ ਲਈ 2027 ਵਿੱਚ ਵੀ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ਜਿਸ ਦਾ ਮੁੱਢ ਤਰਨ ਤਾਰਨ ਦੀ ਹੋ ਰਹੀ ਜ਼ਿਮਨੀ ਚੋਣ ਵਿੱਚ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਵੱਡੀ ਲੀਡ ਨਾਲ ਜਿੱਤ ਕੇ ਬੰਨ੍ਹਣਗੇ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਪੰਚ ਬਲਬੀਰ ਸਿੰਘ ਬੋਪਾਰਾਏ ਨੇ ਆਪਣੇ ਸਾਥੀਆਂ ਨਾਲ ਹਲਕਾ ਤਰਨ ਤਾਰਨ ਤੋਂ ਆਮ ਆਦਮੀ ਦੇ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਵੱਖ-ਵੱਖ ਪਿੰਡਾਂ ਤੇ ਚੋਣ ਪ੍ਰਚਾਰ ਕਰਨ ਉਪਰੰਤ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

## ਪ੍ਰਣਯਾ 'ਬੈਸਟ ਪਰਫਾਰਮਰ ਐਵਾਰਡ' ਨਾਲ ਸਨਮਾਨਿਤ

**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਦੀ ਪ੍ਰਤਿਭਾਵਾਨ ਵਿਦਿਆਰਥਣ ਪ੍ਰਣਯਾ ਨੂੰ ਨਵਾਂਸ਼ਹਿਰ,



ਪੰਜਾਬ ਵਿੱਚ ਆਯੋਜਿਤ ਇੱਕ ਪ੍ਰਤਿਸ਼ਠਿਤ ਸੱਭਿਆਚਾਰਕ ਸਮਾਰੋਹ ਵਿੱਚ 'ਬੈਸਟ ਪਰਫਾਰਮਰ ਐਵਾਰਡ' ਨਾਲ ਸਨਮਾਨਿਤ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਪ੍ਰਸਿੱਧ ਪੰਜਾਬੀ ਫ਼ਿਲਮ ਅਦਾਕਾਰਾ ਨਿਰਮਲ ਰਿਸ਼ੀ ਮੁੱਖ ਮਹਿਮਾਨ ਵਜੋਂ ਹਾਜ਼ਰ ਸਨ। ਉਨ੍ਹਾਂ ਨੇ ਪ੍ਰਣਯਾ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਆਤਮਵਿਸ਼ਵਾਸ ਦੀ ਖੂਬ ਸਰਾਹਨਾ ਕੀਤੀ।ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਨੇ ਕਿਹਾ ਕਿ ਸਾਡਾ ਵਿਸ਼ਵਾਸ ਹੈ ਕਿ ਅਸਲ ਸਿੱਖਿਆ ਸਿਰਫ਼ ਕਿਤਾਬਾਂ ਤੱਕ ਸੀਮਿਤ ਨਹੀਂ। ਇਹ ਵਿਦਿਆਰਥੀਆਂ ਨੂੰ ਰਚਨਾਤਮਕਤਾ, ਆਤਮਵਿਸ਼ਵਾਸ ਅਤੇ ਜ਼ਿੰਮੇਵਾਰੀ ਨਾਲ ਆਪਣੇ ਆਪ ਨੂੰ ਪ੍ਰਗਟ ਕਰਨ ਦੀ ਸਿੱਖ ਦਿੰਦੀ ਹੈ।ਪ੍ਰਣਯਾ ਦੀ ਇਹ ਸਫਲਤਾ ਸਾਡੇ ਸਕੂਲ ਦੇ ਸੰਤੁਲਿਤ ਵਿਕਾਸ ਅਤੇ ਹਾਈ ਵਿਜ਼ਨ ਦਾ ਪ੍ਰਤੀਕ ਹੈ।ਡਾਇਰੈਕਟਰ ਓਸ਼ਿਨ ਮਹਾਜਨ ਨੇ ਕਿਹਾ ਕਿ ਸਾਨੂੰ ਆਪਣੇ ਵਿਦਿਆਰਥੀਆਂ ਦੀਆਂ ਉਪਲਬਧੀਆਂ 'ਤੇ ਬਹੁਤ ਮਾਣ ਹੈ। ਪ੍ਰਣਯਾ ਦੀ ਲਗਨ, ਸ਼ਾਲੀਨਤਾ ਅਤੇ ਮੰਚ 'ਤੇ ਉਸਦਾ ਪ੍ਰਦਰਸ਼ਨ ਪ੍ਰਤਾਪ ਵਰਲਡ ਸਕੂਲ ਦੇ ਉਨ੍ਹਾਂ ਮੁੱਲਾਂ ਨੂੰ ਦਰਸਾਉਂਦਾ ਹੈ ਜਿਨ੍ਹਾਂ ਨੂੰ ਅਸੀਂ ਆਪਣੇ ਵਿਦਿਆਰਥੀਆਂ ਵਿੱਚ ਵਿਕਸਤ ਕਰਦੇ ਹਾਂ।ਉਨ੍ਹਾਂ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਆਪਣੇ ਵਿਦਿਆਰਥੀਆਂ ਨੂੰ ਅਜਿਹੇ ਮੌਕੇ ਪ੍ਰਦਾਨ ਕਰਨ ਲਈ ਨਿਰੰਤਰ ਪ੍ਰਤੀਬੱਧ ਹੈ, ਜਿੱਥੇ ਉਹ ਆਪਣੀ ਸਮਰੱਥਾ ਨੂੰ ਪਛਾਣ ਸਕਣ, ਆਪਣੀ ਵਿਸ਼ੇਸ਼ਤਾ ਨੂੰ ਸਵੀਕਾਰ ਕਰਨ ਅਤੇ ਜੀਵਨ ਦੇ ਹਰ ਖੇਤਰ ਵਿੱਚ ਉਤਕ੍ਰਿਸ਼ਟਤਾ ਹਾਸਲ ਕਰ ਸਕਣ।

## ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਦਾ ਮਾਕਾ ਟਰਾਫ਼ੀ ਲਈ ਸ਼ਾਨਦਾਰ ਪ੍ਰਦਰਸ਼ਨ

### ਜੇਤੂ ਵਿਦਿਆਰਥੀ ਟਰਾਫ਼ੀ ਅਤੇ 2 ਲੱਖ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਖੇਡਾਂ 'ਚ ਇਕ ਵਾਰ ਫਿਰ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਯੂਨੀਵਰਸਿਟੀ ਵੱਲੋਂ ਮਾਕਾ ਟਰਾਫੀ ਜਿੱਤਣ ਲਈ ਅਹਿਮ ਯੋਗਦਾਨ ਪਾਉਂਦਿਆਂ ਸ਼ਹੀਦ ਭਗਤ ਸਿੰਘ ਟਰਾਫੀ ਲਗਾਤਾਰ ਇਸ ਸਾਲ ਵੀ 8ਵੀਂ ਵਾਰ ਜਿੱਤ ਕੇ ਕਾਲਜ, ਜ਼ਿਲ੍ਹੇ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਜਦਕਿ ਸੈਸ਼ਨ 2024-25 ਦੌਰਾਨ ਲੜਕੀਆਂ ਦਾ ਖੇਡ ਪ੍ਰਦਰਸ਼ਨ ਵੀ ਬਹੁਤ ਵਧੀਆ ਰਿਹਾ, ਜਿਸ ਕਰਕੇ ਕਾਲਜ ਲੜਕੀਆਂ ਦੇ ਸੈਕਸ਼ਨ 'ਚ ਵੀ ਸੈਕਿੰਡ ਰਨਰ ਅੱਪ ਰਿਹਾ ਹੈ।ਇਸ ਜਿੱਤ 'ਤੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਦੱਸਿਆ ਕਿ ਕਾਲਜ ਖੇਡਾਂ ਦੇ ਖੇਤਰ 'ਚ ਪੰਜਾਬ ਦੀ ਮੋਹਰੀ ਸੰਸਥਾ ਹੈ ਅਤੇ ਇਸ ਨੇ ਆਪਣਾ ਇਹ ਸਥਾਨ ਇਸ ਸਾਲ ਵੀ ਬਰਕਰਾਰ ਰੱਖਿਆ ਹੈ। ਉਨ੍ਹਾਂ ਕਿਹਾ ਕਿ



ਸੈਸ਼ਨ 2024-25 ਦੇ ਲੇਖੇ ਜੋਖੇ ਅਨੁਸਾਰ ਯੂਨੀਵਰਸਿਟੀ ਪੱਧਰ 'ਤੇ ਵੱਖ-ਵੱਖ ਖੇਡਾਂ 'ਚ 32 ਟੀਮਾਂ ਨੇ ਭਾਗ ਲਿਆ ਜਿਸ 'ਚੋਂ 25 ਟੀਮਾਂ ਪਹਿਲੇ ਸਥਾਨ 'ਤੇ ਜੇਤੂ ਰਹੀਆਂ। ਉਨ੍ਹਾਂ ਕਿਹਾ ਕਿ 6 ਟੀਮਾਂ ਰਨਰਅੱਪ ਰਹੀਆਂ, ਜਦਕਿ ਸਿਰਫ ਇਕ ਟੀਮ ਤੀਜੇ ਸਥਾਨ 'ਤੇ ਰਹੀ। ਇਸ ਤਰ੍ਹਾਂ ਕੁੱਲ 14800 ਨੰਬਰ ਪ੍ਰਾਪਤ ਕਰਕੇ ਲੜਕਿਆਂ ਦੀ ਏ ਡਵੀਜ਼ਨ ਟਰਾਫੀ ਲਗਾਤਾਰ 5ਵੀਂ ਵਾਰ ਜਿੱਤ ਕੇ ਕਾਲਜ ਨੇ ਰਿਕਾਰਡ ਬਣਾਇਆ ਹੈ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਸਪੋਰਟਸ ਵਿਭਾਗ ਦੇ ਮੁੱਖੀ ਡਾ. ਦਲਜੀਤ ਸਿੰਘ ਸੁਚੱਜੀ ਅਗਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਾਲਜ ਆਪਣੀ ਸਥਾਪਨਾ ਦੇ ਮੁੱਢਲੇ ਦਿਨਾਂ ਤੋਂ ਹੀ ਪੰਜਾਬ ਦੇ ਖਿਡਾਰੀਆਂ ਦੀ ਪਹਿਲੀ ਪਸੰਦ ਬਣਿਆ ਰਿਹਾ ਹੈ। ਉਨ੍ਹਾਂ ਕਿਹਾ ਕਿ ਖ਼ਾਲਸਾ ਯੂਨੀਵਰਸਿਟੀ ਦੇ ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸ: ਸੱਤਿਆਜੀਤ ਸਿੰਘ ਮਜੀਠੀਆ ਅਤੇ 'ਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਵੱਲੋਂ ਖਿਡਾਰੀਆਂ ਦੀਆਂ ਲੋੜਾਂ ਅਨੁਸਾਰ ਉਚਿੱਤ ਫੰਡ ਦੇਣ 'ਚ ਕਦੇ ਵੀ ਹਿਚਕਚਾਹਟ ਨਹੀਂ ਦਿਖਾਈ ਗਈ, ਜਿਨ੍ਹਾਂ ਦੀ ਹੱਲ੍ਹਾਸ਼ੇਰੀ ਸਦਕਾ ਕੋਚ ਅਤੇ ਅਧਿਆਪਕ ਪੂਰੀ ਸ਼ਿੱਦਤ ਨਾਲ ਵਿਦਿਆਰਥੀਆਂ ਨੂੰ ਮਿਹਨਤ ਕਰਵਾਕੇ ਟੀਮਾਂ ਤਿਆਰ ਕਰਕੇ ਕਾਲਜ ਲਈ ਮਾਣਮੱਤੀਆਂ ਪ੍ਰਾਪਤ ਕਰ ਰਹੇ ਹਨ, ਜੋ ਕਿ ਬਹੁਤ ਹੀ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ 'ਵਰਸਿਟੀ ਨੇ ਟਰਾਫੀ ਨਾਲ ਵਿਦਿਆਰਥੀਆਂ ਦੀ ਹੌਂਸਲਾ ਅਫ਼ਜਾਈ ਅਤੇ ਖੇਡਾਂ ਦੇ ਸਾਜੋ-ਸਮਾਨ ਲਈ 2 ਲੱਖ ਰੁਪਏ ਵੀ ਦਿੱਤੇ ਹਨ, ਜੋ ਖਿਡਾਰੀਆਂ ਅਤੇ ਸਟਾਫ ਦੀ ਮਿਹਨਤ ਦੇ ਨਾਲ-ਨਾਲ ਕਾਲਜ ਪ੍ਰਸ਼ਾਸਨ ਕਰਕੇ ਸੰਭਵ ਹੋਇਆ ਹੈ।ਇਸ ਮੌਕੇ ਡਾ. ਦਲਜੀਤ ਸਿੰਘ ਨੇ ਸ: ਮਜੀਠੀਆ, ਸ: ਛੀਨਾ ਅਤੇ ਪ੍ਰਿੰ: ਡਾ. ਰੰਧਾਵਾ ਦੁਆਰਾ ਦਿੱਤੇ ਜਾ ਰਹੇ ਸਹਿਯੋਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਰਤ ਦੇ ਰਾਸ਼ਟਰਪਤੀ ਵੱਲੋਂ ਹਰ ਸਾਲ ਖੇਡਾਂ 'ਚ ਵਧੀਆ ਕਾਰਗੁਜ਼ਾਰੀ ਕਰਨ ਵਾਲੀ ਯੂਨੀਵਰਸਿਟੀ ਨੂੰ ਦਿੱਤੀ ਜਾਣ ਵਾਲੀ ਰਾਸ਼ਟਰੀ ਪੱਧਰ ਦੀ ਮਾਕਾ ਟਰਾਫੀ ਜਿੱਤਣ ਲਈ ਕਾਲਜ ਹਰ ਸਾਲ ਸਭ ਤੋਂ ਵੱਧ ਯੋਗਦਾਨ ਪਾਉਂਦਾ ਹੈ।ਇਸ ਮੌਕੇ ਡਾ. ਦਵਿੰਦਰ ਸਿੰਘ, ਡਾ. ਤਮਿੰਦਰ ਸਿੰਘ ਭਾਟੀਆ, ਪ੍ਰੋ. ਮਨਜੋਤ ਕੌਰ, ਪ੍ਰੋ ਪਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਸਰਕਾਰੀ ਸਕੂਲਾਂ ਦਰਮਿਆਨ ਕਰਵਾਈ ਜ਼ਿਲ੍ਹਾ ਪੱਧਰੀ ਸਾਇੰਸ ਡਰਾਮਾ ਪ੍ਰਤੀਯੋਗਤਾ ਸਾਲ 2025-26

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਬਾਬਾ ਸ਼੍ਰੀ ਚੰਦ ਜੀ ਆਡੀਟੋਰੀਅਮ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਡੇਰਾ ਬਾਬਾ ਨਾਨਕ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਮੈਡਮ ਪਰਮਜੀਤ ਦੀ ਯੋਗ ਅਗਵਾਈ ਹੇਠ ਨੈਸ਼ਨਲ ਸਾਇੰਸ ਮਨਿਸਟਰੀ ਆਫ਼ ਕਲਚਰ ਭਾਰਤ ਸਰਕਾਰ ਨਵੀ ਦਿੱਲੀ ਵੱਲੋਂ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਸਾਇੰਸ ਡਰਾਮਾ ਪ੍ਰਤੀਯੋਗਤਾ 2025-2026 ਕਰਵਾਈ ਗਈ ।ਇਸ ਮੌਕੇ ਜਿਲੇ ਦੇ ਵੱਖ-ਵੱਖ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ, ਹਾਈ ਸਕੂਲਾਂ ਅਤੇ ਮਿਡਲ ਸਕੂਲਾਂ ਵਿੱਚ ਬਲਾਕ ਪੱਧਰੀ ਕਰਵਾਏ ਗਏ ਸਾਇੰਸ ਡਰਾਮਾ ਮੁਕਾਬਲਿਆਂ ਵਿੱਚੋਂ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ 19 ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ।ਇਸ ਮੌਕੇ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਦੇ ਵਿਦਿਆਰਥੀਆਂ ਵੱਲੋਂ ਸਾਇੰਸ ਐਂਡ ਟੈਕਨੋਲੋਜੀ ਤੇ ਵੱਖ-ਵੱਖ ਡਰਾਮੇ ਖੇਡ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਕੇ ਅਜੋਕੇ ਸਮੇਂ ਦੇ ਹਾਣੀ ਬਣਾ ਕੇ ਦਰਸ਼ਕਾਂ ਦਾ ਮਨੋਰੰਜਨ ਕੀਤਾ ਗਿਆ।ਇਸ ਮੌਕੇ ਨਰੇਸ਼ ਕੁਮਾਰ ਸੋਢੀ ਲੈਕ.ਫਿਜ਼ਿਕਸ ਫਤਿਹਗੜ੍ਹ ਚੂੜੀਆਂ, ਡਾ. ਸੁਰੇਸ਼ ਮਹਿਤਾ ਭਾਸ਼ਾ ਵਿਭਾਗ ਗੁਰਦਾਸਪੁਰ, ਬਲਜੀਤ ਸਿੰਘ ਸਾਇੰਸ ਮਾਸਟਰ ਕੋਟ ਟੋਡਰਮੱਲ ਅਤੇ ਅਮਨਦੀਪ ਕੌਰ



ਲੈਕ. ਕੈਮਿਸਟਰੀ ਨੌਸ਼ਹਿਰਾ ਮੱਝਾ ਸਿੰਘ ਵੱਲੋਂ ਜੱਜ ਦੀ ਅਹਿਮ ਭੂਮਿਕਾ ਨਿਭਾ ਕੇ ਡਰਾਮਾ ਪ੍ਰਤੀਯੋਗਤਾ ਵਿੱਚ ਹਿੱਸਾ ਲੈਣ ਵਾਲੀਆਂ ਟੀਮਾਂ ਵਿੱਚੋਂ ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਆਉਣ ਵਾਲੀਆਂ ਟੀਮਾਂ ਦੀ ਚੋਣ ਕਰਕੇ ਕ੍ਰਮਵਾਰ ਪਹਿਲੇ ਸਥਾਨ ਤੇ ਆਉਣ ਵਾਲੀ ਟੀਮ ਨੂੰ 3100, ਦੂਜੇ ਸਥਾਨ ਤੇ ਆਉਣ ਵਾਲੀ ਟੀਮ ਨੂੰ 2100ਅਤੇ ਤੀਸਰੇ ਸਥਾਨ ਤੇ ਆਉਣ ਵਾਲੀ ਟੀਮ ਨੂੰ 1100 ਰੁਪਏ ਨਗਦ ਇਨਾਮ ਅਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਸਟਰ ਪਲਵਿੰਦਰ ਸਿੰਘ ਰੰਧਾਵਾ ਤੇ ਮਾਸਟਰ ਰਮੇਸ਼ ਅਵੱਸਥੀ ਵੱਲੋਂ ਸਟੇਜ ਸਕੱਤਰ ਦੀ ਅਹਿਮ ਭੂਮਿਕਾ ਨਿਭਾਈ ਗਈ।ਇਸ ਮੌਕੇ ਸਾਇੰਸ ਗਤੀਵਿਧੀਆਂ ਜ਼ਿਲ੍ਹਾ ਨੋਡਲ ਅਫਸਰ ਗੀਤਿਕਾ ਗੋਸਵਾਮੀ, ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਅਸ਼ੋਕ ਕੁਮਾਰ, ਸਾਇੰਸ ਕੋਆਰਡੀਨੇਟਰ ਗੁਰਵਿੰਦਰ ਸਿੰਘ ਅਤੇ ਬਲਾਕ ਨੋਡਲ ਅਫ਼ਸਰ ਦਲਵਿੰਦਰ ਜੀਤ ਸਿੰਘ ਗਿੱਲ ਵੱਲੋਂ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕਰਕੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੱਤਾ ਗਿਆ । ਇਸ ਮੌਕੇ ਸਸੀਸੰਕੈ ਸਮਾਰਟ ਸਕੂਲ (ਲੜਕੇ) ਡੇਰਾ ਬਾਬਾ ਨਾਨਕ ਮੁਖੀ ਪਰਮਿੰਦਰ ਸਿੰਘ ਬੇਦੀ ਨੇ ਨੈਸ਼ਨਲ ਸਾਇੰਸ ਸੈਂਟਰ ਮਨਿਸਟਰੀ ਆਫ ਕਲਚਰ ਭਾਰਤ ਸਰਕਾਰ ਨਵੀਂ ਦਿੱਲੀ ਅਤੇ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਇੰਨਾਂ ਮੁਕਾਬਲਿਆਂ ਨਾਲ ਵਿਦਿਆਰਥੀਆਂ ਵਿੱਚ ਅੰਧ ਵਿਸ਼ਵਾਸ਼ ਤੋ ਦੂਰ ਰਹਿਣ ਅਤੇ ਡਿਜੀਟਲ ਟੈਕਨੋਲੋਜੀ ਨਾਲ ਜੁੜਨ ਦੀ ਸਮਰੱਥਾ ਪੈਦਾ ਹੋਈ ਹੈ। ਉਨ੍ਹਾਂ ਦੱਸਿਆ ਕਿ ਇੰਨਾਂ ਸਾਇੰਸ ਡਰਾਮਾ ਮੁਕਾਬਲਿਆਂ ਵਿੱਚ ਬਲਾਕ ਫਤਿਹਗੜ੍ਹ ਚੂੜੀਆਂ ਦੀ ਟੀਮ ਪਹਿਲੇ ਅਤੇ ਬਲਾਕ ਸ਼ੇਖੂਪੁਰ ਦੀ ਟੀਮ ਦੂਜੇ ਅਤੇ ਬਲਾਕ ਧਾਰੀਵਾਲ (ਅਠਵਾਲ) ਦੀ ਟੀਮ ਤੀਜੇ ਸਥਾਨ ਤੇ ਰਹੀ ਹੈ, ਪਹਿਲੇ ਸਥਾਨ ਤੇ ਆਉਣ ਵਾਲੀ ਟੀਮ ਸਟੇਟ ਪੱਧਰੀ ਸਾਇੰਸ ਡਰਾਮਾ ਪ੍ਰਤੀਯੋਗਤਾ ਵਿੱਚ ਹਿੱਸਾ ਲਵੇਗੀ। ਇਸ ਮੌਕੇ ਮਨਦੀਪ ਕੌਰ, ਪਰਮਿੰਦਰ ਕੌਰ, ਨੀਤਾ ਅਵੱਸਥੀ, ਬੀ ਆਰ ਪੀ ਸਤਿੰਦਰ ਪਾਲ ਸਿੰਘ, ਸੁਖਵਿੰਦਰ ਸਿੰਘ ਅਗਵਾਨ, ਸੰਦੀਪ ਸਹੋਤਰਾ ਸਹਾਰੀ, ਕਰਮਜੀਤ ਕੌਰ ਚੀਮਾ, ਮੀਨਾਕਸ਼ੀ ਸ਼ਰਮਾ, ਕੁਲਵਿੰਦਰ ਸਿੰਘ, ਸ਼ਰਨਜੀਤ ਕੌਰ, ਹਰਜੀਤ ਕੌਰ, ਸਤਿੰਦਰ ਪਾਲ ਸਿੰਘ, ਬਲਜਿੰਦਰ ਸਿੰਘ, ਪੀ. ਟੀ. ਅਨਿਲ ਕੁਮਾਰ, ਬਾਬੂ ਲਾਲ, ਅਮਨਦੀਪ ਕੌਰ, ਦੀਪਾ ਦੇਵੀ ਬਲਵਿੰਦਰ ਸਿੰਘ ਤੋਂ ਇਲਾਵਾ 19 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਤੋਂ ਇਲਾਵਾ ਉਨ੍ਹਾਂ ਦੇ ਅਧਿਆਪਕ ਹਾਜ਼ਰ ਸਨ।

## ਮਾਤਾ ਦਰਸ਼ਨ ਕੌਰ ਦੀ ਯਾਦ 'ਚ ਸਾਲਾਨਾ ਇਨਾਮ ਵੰਡ ਸਮਾਰੋਹ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸਰਕਾਰੀ ਹਾਈ ਸਕੂਲ ਬਸਰਾਏ ਵਿਖੇ ਮਾਤਾ ਦਰਸ਼ਨ ਕੌਰ ਦੀ ਯਾਦ ਵਿੱਚ ਸਾਲਾਨਾ ਇਨਾਮ ਵੰਡ ਸਮਾਰੋਹ ਹੋਇਆ।ਇਸ ਵਿੱਚ ਬੱਚਿਆਂ ਨੂੰ ਇਨਾਮ ਤਕਸੀਮ ਕਰਨ ਲਈ ਪੰਜਾਬੀ ਸਭਾ ਇਕਾਈ ਪੰਜਾਬ, ਹੈੱਡਮਾਸਟਰ ਨਿਰਮਲ ਸਿੰਘ, ਹੈੱਡਮਾਸਟਰ ਜਸਪਾਲ ਸਿੰਘ, ਹੈੱਡਮਾਸਟਰ ਬਲਵਿੰਦਰਜੀਤ ਸਿੰਘ, ਹੈੱਡਮਿਸਟਰੈੱਸ ਰਜਵੰਤ ਕੌਰ, ਗੁਰਨਾਮ ਸਿੰਘ ਮੰਡ



ਸਰਦਾਰ ਕੁਲਵੰਤ ਸਿੰਘ ਅਤੇ ਪ੍ਰਿੰਸੀਪਲ ਲਖਵਿੰਦਰ ਸਿੰਘ ਬਤੌਰ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਪਹੁੰਚੇ।ਬੁਲਾਰਿਆਂ ਵਿੱਚ ਮੁੱਖ ਤੌਰ ਤੇ ਪ੍ਰੋਫ਼ੈਸਰ ਧਿਆਨ ਸਿੰਘ, ਕੇਵਲ ਸਿੰਘ ਰਿਆੜ, ਰਣਜੋਧ ਸਿੰਘ ਪੱਡਾ ਮੁੱਖ ਪ੍ਰਬੰਧਕ ਬਾਬਾ ਫਤਿਹ ਸਿੰਘ ਹਾਕੀ ਅਕੈਡਮੀ ਹਰਚੋਵਾਲ, ਗੁਰਿੰਦਰਪਾਲ ਸਿੰਘ ਪ੍ਰਧਾਨ ਸੰਕਲਪ ਸਮਾਜ ਸੇਵੀ ਸੰਸਥਾ ਹਰਚੋਵਾਲ, ਮੁਕੇਸ਼ ਕੁਮਾਰ ਪ੍ਰਧਾਨ ਜਗਤ ,ਪਰਮਿੰਦਰ ਕੁਮਾਰ, ਹਰਦੀਪ ਸਿੰਘ ਖਾਰਾ ਇੰਚ. ਪ੍ਰਿਸੀਪਲ ਗੁਰਦਿਆਲ ਸਿੰਘ ਪ੍ਰਮੁੱਖ ਤੌਰ ਤੇ ਸ਼ਾਮਿਲ ਸਨ।ਸਮਾਗਮ ਵਿੱਚ ਦਸਵੀਂ, ਅਠਵੀਂ ਅਤੇ ਪੰਜਵੀਂ ਵਿੱਚ ਅੱਵਲ ਅੰਕ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਕ੍ਰਮਵਾਰ 3100,2100 ਅਤੇ 1100 ਰੁਪਏ ਦੇ ਇਨਾਮ ਤਕਸੀਮ ਕਰਨ ਦੇ ਨਾਲ ਨਾਲ ਬੱਚਿਆਂ ਨੂੰ ਮੋਮੈਂਟੋ ਅਤੇ ਸਟੇਸ਼ਨਰੀ ਵੀ ਦਿੱਤੀ ਗਈ।ਇਸ ਸਮੇਂ ਸਕੂਲ ਦੇ ਵਿਦਿਆਰਥੀਆਂ ਨੇ ਆਪਣੇ ਕਵਿਤਾ, ਗੀਤ ਅਤੇ ਭਾਸ਼ਣ ਬੜੇ ਵਧੀਆ ਢੰਗ ਨਾਲ ਪੇਸ਼ ਕੀਤੇ ।ਸਟੇਜ ਸਕੱਤਰ ਦੀ ਭੂਮਿਕਾ ਮੈਡਮ ਸ਼ਰਨਜੀਤ ਕੌਰ ਅਤੇ ਯੁਵਕ ਸੇਵਾਵਾਂ ਕਲੱਬ ਦੇ ਸਕੱਤਰ ਹਰਸਿਮਰਨ ਸਿੰਘ ਨੇ ਸਾਂਝੇ ਤੌਰ ਤੇ ਨਿਭਾਈ।ਅਖੀਰ ਵਿੱਚ ਸਕੂਲ ਦੇ ਹੈੱਡਮਾਸਟਰ ਅਤੇ ਬਲਾਕ ਨੋਡਲ ਅਫਸਰ ਕਾਦੀਆਂ-1ਵਿਜੈ ਕੁਮਾਰ ਨੇ ਆਪਣੇ ਭਾਸ਼ਣ ਦੌਰਾਨ ਸਾਰਿਆਂ ਦਾ ਧੰਨਵਾਦ ਕੀਤਾ।ਇਸ ਸਮੇਂ ਗ੍ਰਾਮ ਪੰਚਾਇਤ ਬਸਰਾਏ ਦੇ ਸਰਪੰਚ ਸਤਨਾਮ ਸਿੰਘ,ਮੈਂਬਰਾਨ ਬਲਵਿੰਦਰ ਸਿੰਘ ਕਾਕਾ ਤੇ ਜਸਬੀਰ ਸਿੰਘ ਟੋਨੀ, ਬਾਬਾ ਨਰਿੰਦਰ ਸਿੰਘ, ਬਲਵਿੰਦਰ ਸਿੰਘ ਬਿੱਲੂ, ਇੰਚ: ਪ੍ਰਿੰਸੀਪਲ ਰਾਜਵਿੰਦਰ ਕੌਰ ਬੁਟਰ ਕਲਾਂ, ਡਾ. ਅਮਰਜੀਤ ਸਿੰਘ ਧਾਲੀਵਾਲ,ਅਜੀਤ ਸਿੰਘ ਭੁੱਲਰ ਚੀਫ ਮੈਨੇਜਰ 8463 ਪੰਜਾਬ, ਕੁਲਭੂਸ਼ਨ ਸਲੋਤਰਾ, ਅਮਰਜੀਤ ਸਿੰਘ, ਕੁਲਬੀਰ ਸਿੰਘ, ਸਕੂਲ ਅਧਿਆਪਕ ਸਿਕੰਦਰ ਸਿੰਘ, ਜਰਨੈਲ ਸਿੰਘ ਤੇ ਸਮੂਹ ਸਟਾਫ ਹਾਈ ਸਕੂਲ, ਰੁਪਿੰਦਰਜੀਤ ਕੌਰ ਤੇ ਸਟਾਫ ਪ੍ਰਾਇਮਰੀ ਸਕੂਲ ਹਾਜ਼ਰ ਸਨ।

ਨਵਾਂ ਜ਼ਮਾਨਾ
ਸ਼ੁੱਕਰਵਾਰ, 31 ਅਕਤੂਬਰ 2025

# ਇੱਕ ਫੀਸਦੀ ਅਮੀਰ ਮਚਾ ਰਹੇ ਤਬਾਹੀ

*ਇੰਗਲੈਂਡ ਵਿੱਚ ਜੇਮਜ਼ ਵਾਟ ਨੇ ਚਾਹ ਦੀ ਕੇਤਲੀ ਤੋਂ ਉਠਦੇ ਢੱਕਣ ਪਿੱਛੇ ਭਾਫ ਦੀ ਸ਼ਕਤੀ ਦੇਖੀ। ਇਸੇ ਸਿਧਾਂਤ 'ਤੇ ਸਟੀਮ ਇੰਜਣ ਬਣਿਆ। ਫਿਰ ਦੌੜ ਸ਼ੁਰੂ ਹੋਈ-ਜ਼ਿਆਦਾ ਉਤਪਾਦਨ ਤੇ ਜ਼ਿਆਦਾ ਖਪਤ ਦੀ। ਫੈਕਟਰੀਆਂ ਲਈ ਨਵੇਂ-ਨਵੇਂ ਈਂਧਨ ਦੀ ਲੋੜ ਪਈ। ਕੱਚਾ ਮਾਲ ਤੇ ਬਾਜ਼ਾਰ ਦੀ ਲੜਾਈ ਨੇ ਬਸਤੀਵਾਦ ਨੂੰ ਜਨਮ ਦਿੱਤਾ। ਤਾਕਤਵਰਾਂ ਨੇ ਕਮਜ਼ੋਰਾਂ ਨੂੰ ਗੁਲਾਮ ਬਣਾਇਆ। ਦੋ ਸੰਸਾਰ ਜੰਗਾਂ ਹੋਈਆਂ, ਕਰੋੜਾਂ ਲੋਕ ਮਰੇ। ਹਵਸ ਨੇ ਇਨਸਾਨ ਦਾ ਮੱਥਾ ਗਰਮ ਕਰ ਦਿੱਤਾ ਤੇ ਇਸ ਦੇ ਨਾਲ ਧਰਤੀ ਦੀ ਗਰਮੀ ਵੀ ਵਧੀ। 1750 ਵਿੱਚ ਧਰਤੀ ਦਾ ਤਾਪਮਾਨ 13.5 ਡਿਗਰੀ ਸੈਂਟੀਗਰੇਡ ਸੀ। 1750 ਤੋਂ 1850 ਤੱਕ ਸਿਰਫ 0.2 ਡਿਗਰੀ ਸੈਂਟੀਗਰੇਡ ਵਧਿਆ। 1850 ਤੋਂ 2025 ਤੱਕ 1.2 ਡਿਗਰੀ ਸੈਂਟੀਗਰੇਡ ਹੋਰ ਵਧ ਗਿਆ। ਇਸ ਦਾ ਕਾਰਨ ਕੋਲਾ, ਤੇਲ ਤੇ ਫੈਕਟਰੀਆਂ ਰਹੀਆਂ। 2050 ਤੱਕ ਧਰਤੀ ਦਾ ਤਾਪਮਾਨ 15 ਡਿਗਰੀ ਸੈਂਟੀਗਰੇਡ ਹੋ ਸਕਦਾ ਹੈ। ਲੱਖਾਂ ਸਾਲਾਂ ਵਿੱਚ ਜੋ ਨਹੀਂ ਹੋਇਆ, ਦੋ ਸੌ ਸਾਲਾਂ ਵਿੱਚ ਹੋ ਗਿਆ ਹੈ। ਇਨਸਾਨ ਨੇ ਜੰਗਲ ਦੇ ਜੰਗਲ ਕੱਟ ਦਿੱਤੇ ਤੇ ਧਰਤੀ ਦਾ ਫੇਫੜਾ ਕਮਜ਼ੋਰ ਕਰ ਦਿੱਤਾ। ਅਮੇਜ਼ਨ ਜੰਗਲ ਦੱਖਣੀ ਅਮਰੀਕਾ ਦੇ 9 ਦੇਸ਼ਾਂ ਵਿੱਚ ਫੈਲਿਆ ਹੋਇਆ ਹੈ। ਇਸ ਦਾ 60 ਫੀਸਦੀ ਬ੍ਰਾਜ਼ੀਲ ਵਿੱਚ ਹੈ। 67 ਲੱਖ ਵਰਗ ਕਿੱਲੋਮੀਟਰ, ਭਾਰਤ ਨਾਲੋਂ ਦੁੱਗਣੇ ਹਿੱਸੇ ਵਿੱਚ ਇਹ ਜੰਗਲ ਹੈ। ਇਹ ਜੰਗਲ ਕਾਰਬਨਡਾਇਅਕਸਾਈਡ ਸੋਕ ਕੇ ਆਕਸੀਜਨ ਬਣਾਉਂਦਾ ਹੈ। ਹਰ ਸਾਲ 20 ਫੀਸਦੀ ਨਵੀਂ ਆਕਸੀਜਨ, ਸਾਡੇ ਸਾਹ ਦਾ ਪੰਜਵਾਂ ਹਿੱਸਾ ਇੱਥੇ ਹੀ ਬਣਦਾ ਹੈ, ਪਰ 2025 ਤੱਕ ਇਹ ਜੰਗਲ 20 ਫੀਸਦੀ ਕੱਟ ਚੁੱਕਾ ਹੈ। 25 ਫੀਸਦੀ ਹੋਰ ਕੱਟਿਆ ਤਾਂ ਧਰਤੀ ਨੂੰ ਸਾਹ ਲੈਣ ਵਿੱਚ ਮੁਸ਼ਕਲ ਹੋ ਜਾਵੇਗੀ।*

*ਧਰਤੀ ਦਾ ਤਾਪਮਾਨ ਵਧਣ ਨਾਲ ਮੌਸਮ 'ਚ ਆ ਰਹੀ ਤਬਦੀਲੀ ਕਾਰਨ ਗਰਮੀ ਇਸ ਕਦਰ ਵਧਦੀ ਹੈ ਕਿ ਬਾਹਰ ਨਿਕਲਣਾ ਮੁਸ਼ਕਲ ਹੋ ਜਾਂਦਾ ਹੈ। ਸੋਕਾ ਪੈਂਦਾ ਹੈ ਤਾਂ ਪਾਣੀ ਦੀ ਬੂੰਦ ਨਹੀਂ ਮਿਲਦੀ। ਹੜ੍ਹ ਆਉਂਦੇ ਹਨ ਤਾਂ ਲੱਖਾਂ ਜ਼ਿੰਦਗੀਆਂ ਤਬਾਹ ਹੋ ਜਾਂਦੀਆਂ ਹਨ। ਜੰਗਲ ਵਿੱਚ ਅੱਗ ਲੱਗਦੀ ਹੈ ਤਾਂ ਬੁਝਦੀ ਨਹੀਂ। ਇਕੱਲੇ ਅਮਰੀਕਾ 'ਚ ਅੱਗ ਨਾਲ 2025 ਵਿੱਚ 61 ਅਰਬ ਰੁਪਏ ਦਾ ਨੁਕਸਾਨ ਹੋ ਚੁੱਕਾ ਹੈ। ਇਸ ਮੌਸਮ ਤਬਦੀਲੀ ਦਾ ਮੁੱਖ ਕਾਰਨ ਹੈ, ਕਾਰਬਨ ਦੀ ਪੈਦਾਇਸ਼। ਸਭ ਤੋਂ ਜ਼ਰੂਰੀ ਸਵਾਲ ਹੈ ਕਿ ਕਾਰਬਨਡਾਇਅਕਸਾਈਡ ਪੈਦਾ ਕਰਨ ਲਈ ਜ਼ਿੰਮੇਵਾਰ ਕੌਣ ਹੈ? ਕਲਾਈਮੇਟ ਇਨਇਕੁਐਲਿਟੀ ਰਿਪੋਰਟ-2025 ਕਹਿੰਦੀ ਹੈ ਕਿ ਧਰਤੀ ਨੂੰ ਬਰਬਾਦ ਕਰਨ ਵਿੱਚ ਅਮੀਰ ਲੋਕ ਸਭ ਤੋਂ ਅੱਗੇ ਹਨ। ਦੁਨੀਆ ਦੇ ਇੱਕ ਫੀਸਦੀ ਅਮੀਰ (7 ਕਰੋੜ) 15 ਫੀਸਦੀ ਕਾਰਬਨਡਾਇਅਕਸਾਈਡ ਲਈ ਜ਼ਿੰਮੇਵਾਰ ਹਨ, ਜਿਨ੍ਹਾਂ ਦੇ ਪ੍ਰਾਈਵੇਟ ਜੈੱਟ, ਵੱਡੀਆਂ ਕਾਰਾਂ, ਏ ਸੀ, ਫਰਿੱਜ ਇਹ ਕਾਰਬਨ ਪੈਦਾ ਕਰਦੇ ਹਨ। ਉਨ੍ਹਾਂ ਵੱਲੋਂ ਵਰਤੀਆਂ ਜਾਂਦੀਆਂ ਇਨ੍ਹਾਂ ਚੀਜ਼ਾਂ ਨਾਲੋਂ ਵੱਧ ਉਨ੍ਹਾਂ ਦੀ ਸੰਪਤੀ ਕਿਤੇ ਵੱਧ ਕਾਰਬਨ ਪੈਦਾ ਕਰਦੀ ਹੈ। ਉਹ ਤੇਲ ਕੰਪਨੀਆਂ ਵਿੱਚ ਨਿਵੇਸ਼ ਕਰਦੇ ਹਨ। ਸ਼ੇਅਰ ਖਰੀਦਦੇ ਹਨ ਤੇ ਕੰਪਨੀਆਂ ਕੋਲਾ ਜਲਾਉਂਦੀਆਂ ਹਨ। ਰਿਪੋਰਟ ਕਹਿੰਦੀ ਹੈ ਕਿ ਇੱਕ ਫੀਸਦੀ ਅਮੀਰਾਂ ਦੀ ਸੰਪਤੀ ਨਾਲ 41 ਫੀਸਦੀ ਕਾਰਬਨ ਪੈਦਾ ਹੁੰਦੀ ਹੈ! ਇੱਕ ਅਮੀਰ ਇੱਕ ਗਰੀਬ ਨਾਲੋਂ 680 ਗੁਣਾ ਵੱਧ ਕਾਰਬਨ ਪੈਦਾ ਕਰਦਾ ਹੈ। ਯਾਨੀ ਕਿ ਅਮੀਰੀ ਧਰਤੀ ਦਾ ਸੰਕਟ ਬਣ ਰਹੀ ਹੈ। ਅਮੀਰਾਂ ਨੇ ਆਦਤਾਂ ਨਾ ਸੁਧਾਰੀਆਂ ਤੇ 2050 ਤੱਕ ਤਾਪਮਾਨ ਵਿੱਚ 2 ਡਿਗਰੀ ਸੈਂਟੀਗਰੇਡ ਵਿੱਚ ਵਾਧਾ ਹੋਣ ਦਾ ਖਦਸ਼ਾ ਸੱਚ ਸਾਬਤ ਹੋ ਗਿਆ ਤਾਂ ਡੇਢ ਕਰੋੜ ਹੋਰ ਮੌਤਾਂ ਹੋਣਗੀਆਂ ਅਤੇ ਸਾਢੇ 12 ਲੱਖ ਕਰੋੜ ਡਾਲਰ ਦਾ ਨੁਕਸਾਨ ਵਿਸ਼ਵ ਅਰਥਵਿਵਸਥਾ ਨੂੰ ਹੋਵੇਗਾ।*

*ਪਰ ਅਮੀਰ ਤਾਂ ਚੰਨ 'ਤੇ ਬਸਤੀਆਂ ਵਸਾਉਣ ਦੇ ਸੁਫਨੇ ਦੇਖ ਰਹੇ ਹਨ। ਉਂਜ ਖਤਰੇ ਵਿੱਚ ਧਰਤੀ ਨਹੀਂ, ਇਨਸਾਨ ਹੈ। ਧਰਤੀ ਘੁੰਮਦੀ ਰਹੇਗੀ, ਇਨਸਾਨ ਡਾਇਨਾਸੋਰ ਵਾਂਗ ਲੁਪਤ ਹੋ ਜਾਣਗੇ। ਮਹਾਤਮਾ ਗਾਂਧੀ ਦਾ ਕਥਨ ਚੇਤੇ ਆਉਂਦਾ ਹੈ-ਧਰਤੀ ਸਭ ਦੀ ਲੋੜ ਪੂਰੀ ਕਰ ਸਕਦੀ ਹੈ, ਸਭ ਦਾ ਲਾਲਚ ਨਹੀਂ।*


# ਹਿੰਦੂਤਵੀ ਹੁਕਮਰਾਨਾਂ, ਏਜੰਸੀਆਂ ਤੇ ਕੱਟੜਪੰਥੀਆਂ ਦਾ ਹੱਲਾ

ਸੁਤੰਤਰਤਾ ਪ੍ਰਾਪਤੀ ਤੋਂ ਪਿਛੋਂ ਭਾਰਤ 'ਚ ਧਾਰਮਿਕ ਘੱਟ ਗਿਣਤੀਆਂ ਦੇ ਅਧਿਕਾਰਾਂ 'ਤੇ ਮਾਰੇ ਜਾਂਦੇ ਛਾਪਿਆਂ ਅਤੇ ਹਾਕਮ ਧਿਰਾਂ ਵੱਲੋਂ ਉਨ੍ਹਾਂ ਨਾਲ ਕੀਤੇ ਜਾਂਦੇ ਵਿਤਕਰਿਆਂ ਬਾਰੇ ਲਗਾਤਾਰ ਚਰਚਾ ਹੁੰਦੀ ਆ ਰਹੀ ਹੈ। ਇਓਂ ਹੀ ਦੇਸ਼ ਦੇ ਸੰਘਾਤਮਕ (ਫੈਡਰਲ) ਢਾਂਚੇ ਤੇ ਧਰਮ ਨਿਰਪੱਖ ਸਰੋਕਾਰਾਂ ਖ਼ਿਲਾਫ਼ ਵੀ ਹੁਕਮਰਾਨਾਂ ਦੀ ਟੇਢੀ ਨਜ਼ਰ ਵਿਰੁੱਧ ਜਮਹੂਰੀ ਧਿਰਾਂ ਵੱਲੋਂ ਸਮੇਂ-ਸਮੇਂ 'ਤੇ ਅਨੇਕਾਂ ਕਿੰਤੂ-ਪ੍ਰੰਤੂ ਕੀਤੇ ਜਾਂਦੇ ਰਹੇ ਹਨ।

ਸਾਲ 1925 'ਚ ਹੋਂਦ 'ਚ ਆਏ ਰਾਸ਼ਟਰੀ ਸੋਇਮ ਸੇਵਕ ਸੰਘ (ਆਰ ਐੱਸ ਐੱਸ) ਨੇ 15 ਅਗਸਤ 1947 ਨੂੰ ਅੰਗਰੇਜ਼ ਸਾਮਰਾਜੀਆਂ ਦੀ ਗੁਲਾਮੀ ਤੋਂ ਮਿਲੀ ਆਜ਼ਾਦੀ ਨੂੰ ਕਦੀ ਵੀ ਦਿਲੋਂ ਸਵੀਕਾਰ ਨਹੀਂ ਕੀਤਾ। ਆਰ ਐੱਸ ਐੱਸ ਅਨੁਸਾਰ ਭਾਰਤ ਸਹੀ ਅਰਥਾਂ 'ਚ ਉਦੋਂ ਪੂਰਨ ਆਜ਼ਾਦ ਦੇਸ਼ ਮੰਨਿਆ ਜਾਵੇਗਾ, ਜਦੋਂ ਇੱਥੇ ਬਹੁ-ਗਿਣਤੀ ਧਰਮ ਦਾ ਰਾਜ, ਭਾਵ ਹਿੰਦੂਤਵੀ ਰਾਸ਼ਟਰ ਕਾਇਮ ਹੋ ਜਾਵੇਗਾ। ਉਸੇ ਅਨੁਸਾਰ ਮੌਜੂਦਾ ਸੰਵਿਧਾਨ ਦੀ ਥਾਂ ਤਾਨਾਸ਼ਾਹੀ ਤਰਜ਼ ਦਾ ਗੈਰ ਲੋਕਰਾਜੀ, ਮਨੂੰਵਾਦੀ ਵਿਵਸਥਾ ਦੀ ਤਰਜ਼ਮਾਨੀ ਕਰਦਾ ਨਵਾਂ ਸੰਵਿਧਾਨ ਲਿਖਿਆ ਜਾਵੇਗਾ। ਉਸ ਰਾਜ ਪ੍ਰਬੰਧ 'ਚ ਧਾਰਮਿਕ ਘੱਟ ਗਿਣਤੀਆਂ ਨੂੰ ਦੂਜੇ ਦਰਜੇ ਦੇ ਸ਼ਹਿਰੀ ਬਣ ਕੇ ਰਹਿਣਾ ਪਵੇਗਾ ਜਾਂ ਫਿਰ ਦੇਸ਼ 'ਚੋਂ ਬਾਹਰ ਜਾਣ ਦਾ ਫਤਵਾ ਮਨਜ਼ੂਰ ਕਰਨਾ ਹੋਵੇਗਾ। ਅਜੋਕੇ ਸੰਵਿਧਾਨ 'ਚ ਉਨ੍ਹਾਂ ਨੂੰ ਹਾਸਲ ਆਜ਼ਾਦੀਆਂ ਤੇ ਮੌਲਿਕ ਅਧਿਕਾਰਾਂ ਤੋਂ ਵਾਂਝੇ ਰੱਖਣ ਦੇ ਇਰਾਦੇ ਆਰ ਐੱਸ ਐੱਸ ਦੇ ਨੇਤਾ ਅਨੇਕਾਂ ਮੌਕਿਆਂ 'ਤੇ ਜ਼ਾਹਿਰ ਕਰ ਚੁੱਕੇ ਹਨ।

ਆਜ਼ਾਦੀ ਪ੍ਰਾਪਤੀ ਤੋਂ ਪਿੱਛੋਂ ਦੇਸ਼ 'ਚ ਘੱਟ ਗਿਣਤੀਆਂ ਨਾਲ ਹੋਈਆਂ ਜ਼ਿਆਦਤੀਆਂ ਤੇ ਵਿਤਕਰਿਆਂ ਦੀ ਲੰਮੀ ਸੂਚੀ ਹੈ। ਇਸ 'ਚ ਦੇਸ਼ ਦੇ ਵੱਖੋ-ਵੱਖ ਭਾਗਾਂ 'ਚ ਵੱਖੋ-ਵੱਖ ਸਮਿਆਂ 'ਤੇ ਹੋਏ ਫਿਰਕੂ ਫਸਾਦਾਂ 'ਚ ਮੁਸਲਮਾਨਾਂ ਵਿਰੁੱਧ ਕੀਤੀ ਗਈ ਯੋਜਨਾਬੱਧ ਹਿੰਸਾ ਸ਼ਾਮਲ ਹੈ। ਗੁਜਰਾਤ ਦੇ ਗੋਧਰਾ ਰੇਲ ਕਾਂਡ ਦੀ ਪਿੱਠਭੂਮੀ 'ਚ ਸਾਲ 2002 'ਚ ਮੁਸਲਮਾਨਾਂ ਦੀ ਨਸਲਕੁਸ਼ੀ ਲਈ ਕੀਤੀ ਗਈ ਖੌਫਨਾਕ ਫਿਰਕੂ ਹਿੰਸਾ ਇਸ ਅਮਾਨਵੀ ਵਰਤਾਰੇ ਦੀ ਉੱਘੜਵੀਂ ਮਿਸਾਲ ਹੈ। ਇਓਂ ਹੀ ਸਾਲ 1984 'ਚ ਵੇਲੇ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਉਸ ਦੇ ਦੋ ਸਿੱਖ ਅੰਗ ਰੱਖਿਅਕਾਂ ਵੱਲੋਂ ਕੀਤੇ ਗਏ ਘ੍ਰਿਣਾਜਨਕ ਕਤਲ ਤੋਂ ਪਿਛੋਂ ਕੌਮੀ ਰਾਜਧਾਨੀ ਦਿੱਲੀ ਦੀਆਂ ਸੜਕਾਂ 'ਤੇ ਅਤੇ ਦੇਸ਼ ਦੇ ਹੋਰਨਾਂ ਭਾਗਾਂ 'ਚ ਗਿਣ-ਮਿਥ ਕੇ ਕੀਤੇ ਗਏ ਹਜ਼ਾਰਾਂ ਸਿੱਖਾਂ ਦੇ ਨਰਸੰਘਾਰ ਵਰਗੇ ਡਰਾਉਣੇ ਤੇ ਅਸੱਭਿਅਕ ਘਟਨਾਕ੍ਰਮ ਵੀ ਵਾਪਰ ਚੁੱਕੇ ਹਨ। ਪੰਜਾਬ ਨਾਲ ਸੰਬੰਧਤ ਮੁੱਦਿਆਂ, ਜਿਵੇਂ ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨਾ, ਦਰਿਆਈ ਪਾਣੀਆਂ ਦੀ ਨਿਆਈਂ ਵੰਡ ਕਰਨੀ, ਪੰਜਾਬੀ ਬੋਲਦੇ ਇਲਾਕੇ ਪੰਜਾਬ 'ਚ ਸ਼ਾਮਲ ਕਰਨੇ ਤੇ ਪੰਜਾਬੀ ਬੋਲੀ ਨੂੰ ਗੁਆਂਢੀ ਰਾਜਾਂ 'ਚ ਸਨਮਾਨਯੋਗ ਥਾਂ ਦੇਣਾ ਆਦਿ ਦਾ ਨਿਪਟਾਰਾ ਨਹੀਂ ਕੀਤਾ ਗਿਆ। ਇਨ੍ਹਾਂ ਮੁੱਦਿਆਂ ਦਾ ਹੱਲ ਨਾ ਕਰਨਾ, ਹਾਲਾਂਕਿ ਸਮੂਹ ਪੰਜਾਬੀਆਂ ਨਾਲ ਬੇਇਨਸਾਫ਼ੀ ਹੈ, ਪ੍ਰੰਤੂ ਸੂਬੇ ਅੰਦਰ ਸਿੱਖਾਂ ਦੀ ਬਹੁ-ਗਿਣਤੀ ਹੋਣ ਕਰਕੇ ਕੁਝ ਲੋਕਾਂ ਵੱਲੋਂ ਇਨ੍ਹਾਂ ਮੁੱਦਿਆਂ ਨੂੰ ਸਿੱਖ ਮਸਲਿਆਂ ਵਜੋਂ ਵੀ ਪ੍ਰਭਾਸ਼ਿਤ ਕੀਤਾ ਜਾਂਦਾ ਹੈ।

ਸਾਲ 2014 'ਚ ਜਦੋਂ ਤੋਂ ਆਰ ਐੱਸ ਐੱਸ, ਆਪਣੇ ਸਿਆਸੀ ਵਿੰਗ ਭਾਜਪਾ ਰਾਹੀਂ ਦੇਸ਼ ਦੀ ਕੇਂਦਰੀ ਸੱਤਾ 'ਤੇ ਕਾਬਜ਼ ਹੋਇਆ ਹੈ, ਉਦੋਂ ਤੋਂ ਹੀ ਸਥਿਤੀ 'ਚ ਇਕ ਬੁਨਿਆਦੀ, ਮਹੱਤਵਪੂਰਨ ਤਬਦੀਲੀ ਆ ਗਈ ਹੈ। ਭਾਰਤ ਦੀ ਸੱਤਾ 'ਤੇ ਉਹ ਰਾਜਸੀ ਧਿਰ ਆਣ ਬੈਠੀ ਹੈ, ਜਿਸ ਨੇ ਸੁਤੰਤਰਤਾ ਸੰਗਰਾਮ 'ਚ ਭਾਗ ਲੈਣ ਦੀ ਥਾਂ ਬਸਤੀਵਾਦੀ ਅੰਗਰੇਜ਼ ਸਾਮਰਾਜੀਆਂ ਦਾ ਸਾਥ ਦਿੱਤਾ ਸੀ। ਇਸ ਧਿਰ ਨੇ 1925 'ਚ ਆਪਣੀ ਕਾਇਮੀ ਸਮੇਂ ਹੀ ਤੈਅ ਕਰ ਲਿਆ ਸੀ ਕਿ ਮੁਸਲਮਾਨ ਹਮਲਾਵਰ ਵਜੋਂ ਭਾਰਤ 'ਚ ਆਏ ਵਿਦੇਸ਼ੀ ਹਨ, ਇਸ ਲਈ ਉਨ੍ਹਾਂ ਨੂੰ ਦੇਸ਼ 'ਚੋਂ ਬਾਹਰ ਕੱਢ ਕੇ ਜਾਂ ਅਤਿ ਨੀਵੇਂ ਪੱਧਰ ਦੀ ਜ਼ਿੰਦਗੀ ਭੋਗਣ ਲਈ ਮਜਬੂਰ ਕਰਕੇ ਭਾਰਤ ਨੂੰ ਇਕ ਧਰਮ ਅਧਾਰਤ 'ਹਿੰਦੂਤਵੀ' ਦੇਸ਼ ਬਣਾਇਆ ਜਾਵੇਗਾ। ਇਸ ਸੇਧ 'ਚ ਅੱਗੇ ਵਧਦਿਆਂ ਮੋਦੀ ਦੇ ਲੰਘੇ 11 ਸਾਲਾਂ ਦੇ ਸ਼ਾਸਨ ਨੇ ਦੇਸ਼ 'ਚ ਮੁਸਲਿਮ ਵਿਰੋਧੀ ਏਜੰਡਾ ਸੈੱਟ ਕਰਕੇ ਇਹ ਬਿਰਤਾਂਤ ਸਿਰਜਣ ਲਈ ਘਾਤਕ ਹੱਲਾ ਵਿੱਢਿਆ ਹੋਇਆ ਹੈ ਕਿ 'ਦੇਸ਼ ਦੇ ਹਿੰਦੂਆਂ ਨੂੰ ਮੁਸਲਮਾਨਾਂ ਤੋਂ ਵੱਡਾ ਖਤਰਾ ਹੈ।' ਆਰ ਐਸ ਐਸ ਨੇ 'ਘੁਸਪੈਠੀਏ','ਦੇਸ਼ ਧ੍ਰੋਹੀ' 'ਜੇਹਾਦੀ', 'ਅੱਤਵਾਦੀ' ਆਦਿ ਝੂਠੇ ਇਲਜ਼ਾਮ ਲਾ ਕੇ ਸਮੁੱਚੇ ਮੁਸਲਿਮ ਭਾਈਚਾਰੇ ਨੂੰ ਨਿੰਦਣ 'ਚ ਕੋਈ ਕਸਰ ਬਾਕੀ ਨਹੀਂ ਛੱਡੀ। ਆਰ ਐੱਸ ਐੱਸ ਨਾਲ ਜੁੜੇ ਖਰੂਦੀ ਸੰਗਠਨਾਂ ਵੱਲੋਂ ਮੁਸਲਮਾਨਾਂ ਵਿਰੁੱਧ 'ਹਜੂਮੀ ਹਿੰਸਾ' ਦਾ ਪ੍ਰਯੋਗ ਵੀ ਰੱਜ ਕੇ ਕੀਤਾ ਜਾਂਦਾ ਹੈ। ਇਸ ਕਰਤੂਤ 'ਚ ਦੇਸ਼ ਦੇ ਬਿਜਲਈ ਮੀਡੀਏ, ਨਿਆਂ ਪਾਲਕਾ ਤੇ ਰਾਜਕੀ ਮਸ਼ੀਨਰੀ ਦੇ ਅਨੇਕਾਂ ਅੰਗਾਂ ਨੇ ਵੀ 'ਭਰਪੂਰ ਯੋਗਦਾਨ' ਪਾਇਆ ਹੈ। 'ਸੰਘੀਆਂ' ਵੱਲੋਂ ਈਸਾਈ ਭਾਈਚਾਰੇ ਨੂੰ ਨਿਸ਼ਾਨਾ ਬਣਾਏ ਜਾਣ ਦੀਆਂ ਵੀ ਢੇਰ ਵਾਰਦਾਤਾਂ ਕੀਤੀਆਂ ਗਈਆਂ ਹਨ। ਇਹੋ ਨਹੀਂ ਸੰਘੀ ਗ੍ਰੋਹਾਂ ਨੇ ਸਿੱਖ ਭਾਈਚਾਰੇ ਖਿਲਾਫ਼ ਵੀ ਲੁਕਵਾਂ ਨਫ਼ਰਤੀ ਪ੍ਰਚਾਰ ਵਿੱਢਿਆ ਹੋਇਆ ਹੈ। ਇਸ ਕੰਮ ਲਈ ਪਹਿਲਾਂ ਸਿੱਖਾਂ ਦੀਆਂ ਰਾਜਸੀ-ਧਾਰਮਿਕ ਸੰਸਥਾਵਾਂ 'ਚ ਸੰਘੀ ਏਜੰਟਾਂ ਦੀ ਘੁਸਪੈਠ ਕਰਵਾਈ ਗਈ ਤੇ ਹੁਣ ਪੰਜਾਬ 'ਚ ਸ਼ਹਿਰੀ ਹਿੰਦੂਆਂ ਤੇ ਦਲਿਤ ਵਸੋਂ, ਖਾਸ ਕਰਕੇ ਬਾਲਮੀਕੀ ਸਮਾਜ ਨੂੰ ਲਾਲਚ ਤੇ ਲਾਰਿਆਂ ਰਾਹੀਂ ਭਾਜਪਾ 'ਚ ਸ਼ਾਮਿਲ ਕੀਤੇ ਜਾਣ ਦੀ ਮੁਹਿੰਮ ਵਿੱਢੀ ਹੋਈ ਹੈ। ਇਹ ਉਚੇਚਾ ਨੋਟ ਕਰਨ ਯੋਗ ਹੈ ਕਿ ਮਨੂੰਵਾਦੀ ਵਿਵਸਥਾ ਸ਼ੂਦਰਾਂ ਤੇ ਕਥਿਤ ਨੀਵੀਆਂ ਜਾਤੀਆਂ ਦੇ ਲੋਕਾਂ ਨੂੰ ਸਾਂਝੇ ਧਾਰਮਕ ਸਥਾਨਾਂ 'ਚ ਦਾਖ਼ਲ ਹੋਣ, ਪਾਣੀ ਦੇ ਸਾਂਝੇ ਸਰੋਤਾਂ ਦੀ ਵਰਤੋਂ ਕਰਨ, ਇੱਥੋਂ ਤੱਕ ਕਿ ਸਾਂਝੇ ਸ਼ਮਸ਼ਾਨਘਾਟਾਂ 'ਚ ਮ੍ਰਿਤਕਾਂ ਦਾ ਅੰਤਮ ਸਸਕਾਰ ਕਰਨ ਤੋਂ ਵੀ ਵਰਜਦੀ ਹੈ। ਉਸੇ ਮਨੂੰਵਾਦੀ ਵਿਵਸਥਾ ਦੇ ਕੱਟੜ ਮੁੱਦਈ ਸੱਤਾ 'ਤੇ ਆਪਣਾ ਕਬਜ਼ਾ ਬਰਕਰਾਰ ਰੱਖਣ ਲਈ ਕਥਿਤ ਨੀਵੀਆਂ ਜਾਤਾਂ ਦੇ ਲੋਕਾਂ ਨੂੰ ਮੰਦਰ ਬਣਵਾ ਕੇ ਦੇਣ, ਮੁਫ਼ਤ ਧਾਰਮਕ ਯਾਤਰਾਵਾਂ ਕਰਵਾਉਣ ਤੇ ਹੋਰ ਅਨੇਕਾਂ ਤਰ੍ਹਾਂ ਦੇ ਪ੍ਰਲੋਭਨਾਂ ਨਾਲ ਭੁਚਲਾਉਣ ਦਾ ਯਤਨ ਕਰ ਰਹੇ ਹਨ। ਸਿੱਖਾਂ ਦੀ ਧਾਰਮਿਕ ਤੇ ਸਿਆਸੀ


ਮੰਗਤ ਰਾਮ ਪਾਸਲਾ

ਲੀਡਰਸ਼ਿਪ ਵਿਚਲੇ ਸੱਤਾ ਦੇ ਭੁੱਖੇ ਤੇ ਮਾਇਆ ਦੇ ਲੋਭੀ ਭ੍ਰਿਸ਼ਟ ਤੱਤਾਂ ਨੂੰ ਸਰਕਾਰੀ ਵਿਭਾਗਾਂ ਤੇ ਏਜੰਸੀਆਂ ਦਾ ਡਰ ਦਿਖਾ ਕੇ ਭਾਜਪਾ 'ਚ ਸ਼ਰਨ ਲੈਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਅਤੀਤ ਦੀਆਂ ਲੋਕ ਵਿਰੋਧੀ ਨੀਤੀਆਂ ਤੇ ਆਪਣੇ ਕਾਰਜਕਾਲਾਂ ਦੌਰਾਨ ਕੀਤੇ ਭ੍ਰਿਸ਼ਟ ਕਾਰਿਆਂ ਸਦਕਾ ਬੁਰੀ ਤਰ੍ਹਾਂ ਬਦਨਾਮ ਹੋਏ ਅਕਾਲੀ ਦਲ ਦੇ ਸਾਰੇ ਧੜੇ ਹੀ ਅੱਜ ਕਾਫ਼ੀ ਕਮਜ਼ੋਰ ਹੋ ਚੁੱਕੇ ਹਨ, ਪ੍ਰੰਤੂ ਕਿਸੇ ਵੀ ਅਕਾਲੀ ਧੜੇ ਨਾਲ ਰਾਜਸੀ ਗੰਢ-ਤੁੱਪ ਕਰਨ ਦਾ ਨਿਸ਼ਾਨਾ ਭਾਜਪਾ ਨੇ ਅਜੇ ਵੀ ਤਿਆਗਿਆ ਨਹੀਂ।

ਉਪਰੋਕਤ ਵਰਤਾਰਾ ਜਿੱਥੇ ਦੇਸ਼ ਦੀਆਂ ਸਮੁੱਚੀਆਂ ਘੱਟ ਗਿਣਤੀਆਂ ਲਈ ਖਤਰੇ ਦੀ ਘੰਟੀ ਹੈ, ਉੱਥੇ ਪੰਜਾਬ ਦੇ ਦੇਸ਼ ਭਗਤੀ ਦੇ ਜੁਝਾਰੂ ਵਿਰਸੇ ਤੇ ਨਾਬਰੀ ਦੇ ਸੁਭਾਅ ਦੇ ਖਾਤਮੇ ਵੱਲ ਵੀ ਸੇਧਤ ਹੈ। ਇਨ੍ਹਾਂ ਖਤਰਿਆਂ ਬਾਰੇ ਜੇਕਰ ਜਨ-ਸਾਧਾਰਨ, ਖਾਸ ਕਰਕੇ ਸਿੱਖ ਸਮਾਜ ਸਾਵਧਾਨ ਨਾ ਹੋਇਆ ਤਾਂ ਇਸ ਦੇ ਬਹੁਤ ਭਿਆਨਕ ਨਤੀਜੇ ਭੁਗਤਣੇ ਪੈਣੇ ਹਨ।

ਮੌਜੂਦਾ ਪ੍ਰਸਥਿਤੀਆਂ ਦੇ ਮੱਦੇ ਨਜ਼ਰ ਦੇਸ਼ 'ਚ ਕਿਸੇ ਵੀ ਧਾਰਮਿਕ ਘੱਟ ਗਿਣਤੀ ਨਾਲ ਸੰਬੰਧਤ ਆਮ ਲੋਕਾਂ ਲਈ ਇਹ ਲਾਜ਼ਮੀ ਹੈ ਕਿ ਉਹ ਉਨ੍ਹਾਂ ਸਾਰੇ ਭਟਕਾਵਾਂ ਬਾਰੇ ਸੁਚੇਤ ਰਹਿਣ, ਜਿਨ੍ਹਾਂ ਨਾਲ ਉਨ੍ਹਾਂ ਨੂੰ ਬਾਕੀ ਦੇਸ਼ ਵਾਸੀਆਂ ਦੀਆਂ ਨਜ਼ਰਾਂ 'ਚ ਬੱਦੂ ਕੀਤੇ ਜਾ ਸਕਦਾ ਹੋਵੇ। ਸਾਲ 1978 'ਚ ਅੰਮ੍ਰਿਤਸਰ ਸ਼ਹਿਰ 'ਚ ਦਮਦਮੀ ਟਕਸਾਲ ਦੇ ਅਨੁਆਈਆਂ ਤੇ ਨਿਰੰਕਾਰੀਆਂ ਵਿਚਕਾਰ ਹੋਈ ਖ਼ੂਨੀ ਝੜਪ ਬਾਰੇ ਜੇਕਰ ਅੱਜ ਧੀਰਜ ਤੇ ਸਿਆਣਪ ਨਾਲ ਆਪਾ ਪੜਚੋਲ ਕੀਤੀ ਜਾਵੇ ਤਾਂ ਇਹ ਸੌਖਿਆਂ ਹੀ ਸਮਝ ਪੈ ਜਾਂਦੀ ਹੈ ਕਿ ਇਹ ਟਕਰਾਅ ਨਾ ਕੇਵਲ ਬੇਲੋੜਾ ਸੀ, ਬਲਕਿ ਸਿੱਖਾਂ ਦੇ ਵਡੇਰੇ ਹਿੱਤਾਂ ਦੇ ਵੀ ਖਿਲਾਫ਼ ਸੀ। ਇਸ ਕਿਸਮ ਦੇ ਟਕਰਾਅ ਸ਼ਾਤਰ ਹਾਕਮ ਜਮਾਤਾਂ ਵੱਲੋਂ ਯੋਜਨਾਬੱਧ ਘੜੇ ਜਾਂਦੇ ਹਨ। ਬਹੁ-ਗਿਣਤੀ ਧਰਮ ਨਾਲ ਸੰਬੰਧਤ ਲੋਕਾਂ ਦੀ ਵੱਡੀ ਤੋਂ ਵੱਡੀ ਗਲਤੀ ਵੀ ਛੁਪਾ ਦਿੱਤੀ ਜਾਂਦੀ ਹੈ, ਪ੍ਰੰਤੂ ਕਿਸੇ ਵੀ ਘੱਟ ਗਿਣਤੀ ਭਾਈਚਾਰੇ ਵੱਲੋਂ ਕੀਤੀ ਗਈ ਕੋਈ ਛੋਟੀ ਜਿਹੀ ਇਤਰਾਜ਼ਯੋਗ ਕਾਰਵਾਈ ਜਾਂ ਗੈਰ-ਮਿਆਰੀ ਬੋਲ-ਕੁਬੋਲ ਸਮਾਜ 'ਚ ਤੇਜ਼ੀ ਨਾਲ ਫੈਲਦੇ ਹਨ। ਸਿੱਟੇ ਵਜੋਂ ਧਾਰਮਕ ਘੱਟ ਗਿਣਤੀਆਂ ਨੂੰ ਅਨੇਕਾਂ ਵਾਰ ਰਾਜਸੀ ਹਮਲਿਆਂ, ਜਿਸਮਾਨੀ ਹਿੰਸਾ ਤੇ ਮਾਨਸਿਕ ਪਰਤਾੜਨਾ ਸਹਾਰਨੀ ਪੈਂਦੀ ਹੈ।

ਸਾਲ 1977 ਦੀਆਂ ਲੋਕ ਸਭਾ ਚੋਣਾਂ 'ਚ ਕਾਂਗਰਸ ਪਾਰਟੀ ਦੀ ਸ਼ਰਮਨਾਕ ਹਾਰ ਤੋਂ ਪਿੱਛੋਂ ਖੱਬੀਆਂ-ਜਮਹੂਰੀ ਤਾਕਤਾਂ ਲੁਟੇਰੀਆਂ ਹਾਕਮ ਜਮਾਤਾਂ ਦੀਆਂ ਨੀਤੀਆਂ ਵਿਰੁੱਧ ਪੂਰੇ ਦੇਸ਼ 'ਚ ਸ਼ਾਂਤੀਪੂਰਨ ਜਨ-ਸੰਘਰਸ਼ਾਂ 'ਚ ਕੁੱਦੀਆਂ ਹੋਈਆਂ ਸਨ। ਜਨ-ਸਧਾਰਨ ਦੇ ਮਨਾਂ 'ਚ ਵੀ ਸੰਘਰਸ਼ਾਂ ਦੇ ਰਾਹ ਪੈਣ ਦਾ 'ਨਵਾਂ ਚਾਅ' ਉਗਮ ਰਿਹਾ ਸੀ। ਇਹ ਸੁਵੱਲਾ ਵਰਤਾਰਾ ਉਦੋਂ ਪੰਜਾਬ 'ਚ ਵੀ ਜ਼ੋਰ ਫੜ ਰਿਹਾ ਸੀ।, ਪ੍ਰੰਤੂ 1978 ਦੇ ਅੰਮ੍ਰਿਤਸਰ ਦੇ ਖ਼ੂਨੀ ਕਾਂਡ ਤੋਂ ਪਿੱਛੋਂ ਦੂਜੇ ਕਈ ਐਸੇ ਧਾਰਮਿਕ, ਸਿਆਸੀ ਤੇ ਵਿਚਾਰਧਾਰਕ ਬਿਰਤਾਂਤ ਸਿਰਜੇ ਗਏ, ਜੋ ਪਹਿਲਾਂ ਦੇਸ਼ ਦੀ ਰਾਜਨੀਤੀ ਤੇ ਸਮਾਜਿਕ ਵਿਵਸਥਾ 'ਚੋਂ ਨਦਾਰਦ ਸਨ। 'ਸਿੱਖਾਂ ਨਾਲ ਧੱਕੇਸ਼ਾਹੀ, ਸਿੱਖਾਂ ਨਾਲ ਵਿਤਕਰਾ ਤੇ ਸਿੱਖਾਂ ਦੀ ਆਜ਼ਾਦੀ' ਵਰਗੇ ਨਾਅਰੇ ਪੰਜਾਬ ਦੇ ਹਰ ਕੋਨੇ 'ਚ ਸੁਣੇ ਜਾਣ ਲੱਗੇ। ਇਹੋ ਨਾਅਰੇ ਅੱਗੋਂ ਜਾ ਕੇ 'ਵੱਖਰੇ ਸਿੱਖ ਰਾਜ' ਯਾਨਿ 'ਖਾਲਿਸਤਾਨ' ਦੀ ਮੰਗ ਨਾਲ ਇਕ-ਮਿੱਕ ਹੋ ਗਏ। ਬਿਨਾਂ ਸ਼ੱਕ ਇਸ ਸਾਰੀ ਪ੍ਰਕਿਰਿਆ 'ਚ ਸਧਾਰਨ ਸਿੱਖ ਵੀ ਸ਼ਾਮਲ ਸਨ, ਜੋ ਇਨ੍ਹਾਂ ਨਾਅਰਿਆਂ ਪਿੱਛੇ ਲੁਕੇ ਖਤਰਿਆਂ ਤੇ ਸਰਕਾਰੀ ਛੜਯੰਤਰਾਂ ਤੋਂ ਅਣਜਾਣ ਹੁੰਦੇ ਹੋਏ ਇਨ੍ਹਾਂ 'ਚੋਂ ਸਿਰਫ ਸਿੱਖ ਹਿੱਤਾਂ ਦੀ ਰਾਖੀ ਦਾ ਸੰਕਲਪ ਹੀ ਖੋਜਦੇ ਸਨ।

ਕੀ ਕਿਸੇ ਸਿੱਖ ਵਿਦਵਾਨ ਜਾਂ ਵੱਡੇ ਸਿਆਸੀ ਆਗੂ ਨੇ ਜ਼ੋਰਦਾਰ ਢੰਗ ਨਾਲ ਖਾਲਿਸਤਾਨ (ਵੱਖਰੇ ਸਿੱਖ ਰਾਜ), ਜੋ ਮੌਜੂਦਾ ਹਾਲਤਾਂ 'ਚ ਨਾ ਸੰਭਵ ਹੈ ਤੇ ਨਾ ਹੀ ਲਾਭਕਾਰੀ, ਦੀ ਮੰਗ ਦਾ ਤਰਕਸੰਗਤ ਵਿਰੋਧ ਕੀਤਾ? ਇਹ ਰਾਜਸ਼ਾਹੀ ਦੀ ਮੁੜ ਬਹਾਲੀ ਦਾ ਇਕ ਪਿਛਾਖੜੀ ਨਾਅਰਾ ਹੈ, ਜੋ ਲੋਕ ਰਾਜੀ ਪ੍ਰਣਾਲੀ ਤੇ ਮਨੁੱਖੀ ਆਜ਼ਾਦੀਆਂ ਦੇ ਸੰਕਲਪ ਨੂੰ ਆਪਣੇ ਪੈਰਾਂ ਹੇਠ ਮਧੋਲ ਸੁੱਟੇਗਾ। ਕੀ ਸਾਲ 1978 'ਚ ਵਿਸਾਖੀ ਵਾਲੇ ਦਿਨ ਅੰਮ੍ਰਿਤਸਰ ਵਿਖੇ ਹੋਈ ਖ਼ੂਨੀ ਝੜਪ ਤੋਂ ਪਹਿਲਾਂ ਸਿੱਖਾਂ ਪ੍ਰਤੀ ਭਾਰਤੀ ਲੋਕਾਂ ਦੇ ਮਨਾਂ ਅੰਦਰ ਅਥਾਹ ਭਰੋਸਾ ਤੇ ਮੁਹੱਬਤ ਨਹੀਂ ਸੀ? ਕੀ ਆਮ ਲੋਕ, ਖਾਸ ਕਰਕੇ ਔਰਤਾਂ ਸਿੱਖਾਂ ਸੰਗ ਸਫਰ ਕਰਦਿਆਂ ਜਾਂ ਉਨ੍ਹਾਂ ਦੀ ਮੌਜੂਦਗੀ 'ਚ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਸੀ ਕਰਦੇ? ਕੀ ਸਿੱਖਾਂ ਨੂੰ ਵੀ ਬਾਕੀ ਭਾਈਚਾਰਿਆਂ ਵਾਂਗ ਦੇਸ਼ ਦੇ ਸਰਵ ਉਚ ਅਹੁਦਿਆਂ 'ਤੇ ਬੈਠਣ ਦਾ ਮੌਕਾ ਨਹੀਂ ਮਿਲਿਆ? ਕੀ ਧਰਮ ਦੇ ਆਧਾਰ 'ਤੇ ਦੋ ਕੌਮਾਂ ਦੇ ਸਿਧਾਂਤ ਤਹਿਤ 1947 'ਚ ਹੋਈ ਪਾਕਿਸਤਾਨ ਦੀ ਕਾਇਮੀ ਉਥੋਂ ਦੇ ਬਹੁਗਿਣਤੀ ਮੁਸਲਮਾਨਾਂ ਲਈ ਅੱਜ ਇਕ ਸਰਾਪ ਸਿੱਧ ਨਹੀਂ ਹੋ ਰਹੀ? ਕੀ ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨ, ਪੰਜਾਬੀ ਬੋਲਦੇ ਇਲਾਕੇ ਪੰਜਾਬ 'ਚ ਸ਼ਾਮਿਲ ਕਰਨ, ਦਰਿਆਈ ਪਾਣੀਆਂ ਦੀ 'ਰੀਪੇਅਰਨ ਅਸੂਲ' ਮੁਤਾਬਕ ਨਿਆਈਂ ਵੰਡ ਕਰਨ ਤੇ ਮਾਂ ਬੋਲੀ ਪੰਜਾਬੀ ਨੂੰ ਪੰਜਾਬ, ਚੰਡੀਗੜ੍ਹ ਤੇ ਗੁਆਂਢੀ ਰਾਜਾਂ 'ਚ ਸਨਮਾਨਜਨਕ ਸਥਾਨ ਦੇਣ ਵਰਗੀਆਂ ਮੰਗਾਂ ਸਿਰਫ ਪੰਜਾਬ ਦੇ ਸਿੱਖਾਂ ਨਾਲ ਹੀ ਸੰਬੰਧਤ ਹਨ ਜਾਂ ਸਮੂਹ ਪੰਜਾਬੀਆਂ ਨਾਲ? ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨ ਤੇ ਦਰਿਆਈ ਪਾਣੀਆਂ ਦੀ ਨਿਆਈਂ ਵੰਡ ਬਾਰੇ ਤਾਂ ਸ਼ਾਇਦ ਚੰਡੀਗੜ੍ਹ ਤੇ ਹਰਿਆਣਾ-ਰਾਜਸਥਾਨ 'ਚ ਵੱਸਦੇ ਵੱਡੀ ਗਿਣਤੀ ਸਿੱਖਾਂ ਦੀ ਵੀ ਪੰਜਾਬੀਆਂ ਨਾਲ ਸਹਿਮਤੀ ਨਾ ਹੋਵੇ। ਲੋੜ ਇਸ ਗੱਲ ਦੀ ਸੀ ਤੇ ਅੱਜ ਵੀ ਹੈ ਕਿ ਪੰਜਾਬ ਦੇ ਸਾਰੇ ਮੁੱਦਿਆਂ ਬਾਰੇ, ਵਿਸ਼ੇਸ਼ ਤੌਰ 'ਤੇ ਸਿੱਖਾਂ ਨਾਲ ਹੋਈਆਂ ਵਧੀਕੀਆਂ ਵਿਰੁੱਧ ਸਾਰੇ ਪੰਜਾਬੀ ਇਕਜੁੱਟ ਹੋ ਕੇ ਸੰਘਰਸ਼ ਕਰਨ, ਜੋ ਕਿ ਕੇਂਦਰ ਦੇ ਮੌਜੂਦਾ ਹਾਕਮ ਕਦਾਚਿਤ ਨਹੀਂ ਚਾਹੁੰਦੇ। ਪੰਜਾਬੀਆਂ ਦੇ ਇਕਜੁੱਟ ਸੰਘਰਸ਼ ਨੂੰ ਭਾਰਤ ਦੇ ਸਮੁੱਚੇ ਲੋਕਾਂ ਤੇ ਜਮਹੂਰੀ ਹਲਕਿਆਂ ਦੀ ਪੂਰਨ ਹਮਾਇਤ ਹਾਸਲ ਹੋ ਸਕਦੀ ਹੈ।

(ਬਾਕੀ ਕੱਲ੍ਹ)

# ਸੰਪਰਕ : 98141-82998

# ...ਜਦੋਂ ਅੰਧਵਿਸ਼ਵਾਸੀ ਪਰਵਾਰ ਨੂੰ ਵਿਗਿਆਨ ਦੇ ਚਾਨਣ 'ਚ ਲਿਆਂਦਾ

ਅੱਜ ਦਾ ਯੁੱਗ ਵਿਗਿਆਨ ਦਾ ਯੁੱਗ ਹੈ, ਵਿਗਿਆਨ ਨੇ ਮਨੁੱਖ ਨੂੰ ਹਰ ਖੇਤਰ ਵਿੱਚ ਗਿਣਨਯੋਗ, ਸਹੂਲਤਾਂ ਨਾਲ ਲੈਸ ਕਰ ਦਿੱਤਾ ਹੈ । ਸੰਚਾਰ, ਆਵਾਜਾਈ, ਮਨੋਰੰਜਨ, ਰੋਜ਼ਾਨਾ ਜ਼ਿੰਦਗੀ ਦੇ ਹਰ ਖੇਤਰ ਦੀਆਂ ਸਹੂਲਤਾਂ ਵਿੱਚ ਵਿਗਿਆਨਕ ਖੋਜਾਂ ਦੀ ਬੱਲੇ-ਬੱਲੇ ਹੋ ਰਹੀ ਹੈ।ਇਹ ਵੱਖਰੀ ਗੱਲ ਹੈ ਕਿ ਬਹੁਤ ਵਾਰੀ ਵਿਗਿਆਨਕ ਖੋਜਾਂ, ਕਾਢਾਂ ਦੀ ਦੁਰਵਰਤੋਂ ਹੁੰਦੀ ਹੈ। ਟੈਲੀਵਿਜ਼ਨ ਲੈ ਲਵੋ, ਇਸ ਨੂੰ ਦੇਖਣ, ਸੁਣਨ ਲਈ ਦੋ ਗਿਆਨ ਇੰਦਰੀਆਂ ਅੱਖਾਂ ਤੇ ਕੰਨ ਕੰਮ ਕਰਦੇ ਹਨ, ਇਸ ਲਈ ਇਹ ਸਾਡੇ ਦਿਲ-ਦਿਮਾਗ ਨੂੰ ਬਹੁਤ ਛੇਤੀ ਪ੍ਰਭਾਵਿਤ ਕਰਦੇ ਹਨ, ਪਰ ਅਕਸਰ ਕਾਰਪੋਰੇਟ, ਸਰਮਾਏਦਾਰ, ਸੱਤਾ 'ਤੇ ਕਾਬਜ਼ ਘਰਾਣੇ ਵਿਗਿਆਨ ਦੀਆਂ ਖੋਜਾਂ, ਤਕਨੀਕਾਂ ਨੂੰ ਹਮੇਸ਼ਾ ਆਪਣੇ ਮਕਸਦ ਲਈ ਵਰਤਦੇ ਹਨ ਤੇਅੰਧ- ਵਿਸ਼ਵਾਸ ਫੈਲਾਉਂਦੇ ਹਨ।

ਇਲੈਕਟ੍ਰੋਨਿਕ ਮੀਡੀਆ ਲੈ ਲਵੋ, ਚੈਨਲਾਂ 'ਤੇ ਆਉਂਦੇ ਬਹੁਤੇ ਪ੍ਰੋਗਰਾਮ ਅਸਲੀਅਤ ਤੋਂ ਕੋਹਾਂ ਦੂਰ, ਅਸ਼ਲੀਲਤਾ ਤੇ ਮਨਘੜਤ, ਗੈਰ-ਵਿਗਿਆਨਕ, ਅਰਥਹੀਣ ਕਹਾਣੀਆਂ ਨਾਲ ਸੰਬੰਧਤ ਹੁੰਦੇ ਹਨ।ਇਸ ਲਈ ਸਾਡਾ ਲੋਕਾਂ ਦਾ ਸੋਚਣ ਢੰਗ ਵਿਗਿਆਨਕ ਨਹੀਂ ਬਣ ਰਿਹਾ।ਲੋਕ ਸੁਣੀ-ਸੁਣਾਈ ਗੱਲ 'ਤੇ ਬਹੁਤ ਛੇਤੀ ਵਿਸ਼ਵਾਸ ਕਰ ਲੈਂਦੇ ਹਨ।ਕੀ, ਕਿਉਂ,ਕਿਵੇਂ ਆਦਿ ਵਿਗਿਆਨਕ ਗੁਣ ਪੱਲੇ ਨਹੀਂ ਬੰਨ੍ਹ ਰਹੇ।

ਮੈਂ ਇੱਕ ਕੇਸ ਦਾ ਜ਼ਿਕਰ ਕਰਨਾ ਚਾਹੁੰਦਾ ਹਾਂ। ਪਿਛਲੇ ਕਈ ਸਾਲ ਪਹਿਲਾਂ ਲਹਿਰਾਗਾਗਾ ਇਲਾਕੇ ਦੇ ਇੱਕ ਪਿੰਡ ਵਿਖੇ ਇੱਕ ਜੋੜੇ ਦੇ 7-8 ਕੁੜੀਆਂ ਮਗਰੋਂ ਮੁੰਡੇ ਦਾ ਜਨਮ ਹੋਇਆ । ਦੋ ਕੁ ਮਹੀਨਿਆਂ ਮਗਰੋਂ ਮੁੰਡਾ ਬਿਮਾਰ ਹੋ ਗਿਆ। ਪਿੰਡ ਦੇ ਡਾਕਟਰ ਤੋਂ ਦਵਾਈਆਂ ਲਈਆਂ, ਪਰ ਮੁੰਡਾ ਠੀਕ ਨਾ ਹੋਇਆ । ਮੁੰਡਾ ਗੰਭੀਰ ਹਾਲਤ ਵਿੱਚ ਆ ਗਿਆ । ਪਰਵਾਰ ਅੰਧਵਿਸ਼ਵਾਸੀ ਸੀ। ਪਿੰਡ ਦੀਆਂ ਔਰਤਾਂ ਆ ਕੇ ਕਹਿਣ ਲੱਗੀਆਂ- ਮੁੰਡੇ ਨੂੰ ਓਪਰੀ ਕਸਰ ਨਾ ਹੋਵੇ, ਆਪਣੇ ਪਿੰਡ ਦੇ ਡੇਰੇ ਵਾਲਾ ਜਿਹੜਾ ਪੁੱਛਾਂ ਕੱਢਦਾ ਹੈ, ਉਸ ਕੋਲ ਜਾ ਕੇ ਪੁੱਛ ਕਢਵਾ ਕੇ ਲਿਆਵੋ । ਅਤਿ ਗੰਭੀਰ ਹੋਣ 'ਤੇ ਉਹ ਮੁੰਡੇ ਨੂੰ ਲੈ ਕੇ ਉਸ ਕੋਲ ਪੁੱਛ ਕਢਵਾਉਣ ਗਏ। ਮੁੰਡੇ ਨੇ ਉਥੇ ਆਖ਼ਰੀ ਸਾਹ ਲਿਆ। ਅਖੌਤੀ ਸਿਆਣੇ ਨੇ ਕਿਹਾ । ਤੁਹਾਡੇ ਮੁੰਡੇ ਦੀ ਆਪਣੇ ਪਿੰਡ ਦੇ ਫਲਾਣੇ ਸਿਆਣੇ ਨੇ ਜਾਨ ਲੈ ਕੇ ਉਸ ਦਾ ਗੁਆਂਢੀ ਪਿੰਡ ਵਿੱਚ ਜਨਮ ਦਵਾ ਦਿੱਤਾ ਹੈ । ਪਰਵਾਰ ਏਨਾ ਲਾਈਲੱਗ, ਅੰਧ-ਵਿਸ਼ਵਾਸੀ, ਵਹਿਮੀ ਸੀ ਕਿ ਉਸ ਨੇ ਅਖੌਤੀ ਸਿਆਣੇ ਦੀ ਕਹੀ ਇਸ ਸ਼ਰਾਰਤਮਈ, ਝੂਠੀ ਮਨਘੜਤ ਗੱਲ ਨੂੰ ਵੀ ਇੱਕ ਦਮ ਸੱਚ ਮੰਨ ਲਿਆ । ਗੁੱਸੇ ਨਾਲ ਭਰੇ-ਪੀਤੇ ਪਰਵਾਰਕ ਮੈਂਬਰ ਉਸ ਅਖੌਤੀ ਸਿਆਣੇ ਕੋਲ ਗਏ, ਬਿਨਾਂ ਗੱਲਬਾਤ ਕੀਤਿਆਂ ਉਸ ਨੂੰ ਦਰੱਖਤ ਨਾਲ ਬੰਨ੍ਹ ਦਿੱਤਾ । ਦਰੱਖ਼ਤ ਨਾਲ਼ ਬੰਨ੍ਹਣ ਤੋਂ ਬਾਅਦ ਕਹਿੰਦੇ-ਸਾਡੇ ਜਵਾਕ ਦੀ ਜਾਨ ਲੈ ਕੇ ਤੂੰ ਫਲਾਣੇ ਪਿੰਡ ਉਸ ਦਾ ਜਨਮ ਕਿਉਂ ਦਵਾਇਆ । ਉਹ ਕਹਿੰਦਾ- ਮੈਂ ਕੁਝ ਨਹੀਂ ਕੀਤਾ, ਮੈਨੂੰ ਕੁਝ ਨਹੀਂ ਪਤਾ, ਮੈਂ ਸੱਚ ਬੋਲਦਾ ਆਂ ।ਪਰਿਵਾਰਕ ਮੈਂਬਰਾਂ 'ਤੇ ਇਸ ਦਾ ਕੋਈ ਅਸਰ ਨਹੀਂ ਹੋਇਆ, ਸਗੋਂ ਉਨ੍ਹਾਂ ਉਸ 'ਤੇ ਜੁੱਤੀ ਟੰਗ ਦਿੱਤੀ।ਆਖਰ ਉਸ ਨੇ ਮੁਆਫੀ ਮੰਗ ਕੇ ਜਾਨ ਬਚਾਈ । ਅਗਲੇ ਦਿਨ ਉਸ ਨੇ ਆਪਣੇ ਜਾਤੀ ਦੇ


ਮਾਸਟਰ ਪਰਮਵੇਦ

ਬੰਦਿਆਂ ਨੂੰ ਨਾਲ ਲੈ ਕੇ ਇਕੱਠ ਕੀਤਾ। ਪਿੰਡ ਵਿੱਚ ਕਾਫੀ ਝਗੜਾ ਵਧ ਗਿਆ । ਦੋ ਫਿਰਕਿਆਂ ਵਿੱਚ ਲੜਾਈ ਹੋਣ ਜਾ ਰਹੀ ਸੀ । ਮਸਲਾ ਤਰਕਸ਼ੀਲ ਸੁਸਾਇਟੀ ਕੋਲ ਆ ਗਿਆ । ਅਸੀਂ ਮਸਲੇ ਨੂੰ ਡੂੰਘਾਈ ਨਾਲ ਵਿਚਾਰਿਆ ।ਕਾਰਨ ਇਹ ਸੀ ਕਿ ਪਿੰਡ ਵਿੱਚ ਦੋ-ਹਮ ਪੇਸ਼ਾਵਰਾਂ ਦੀ ਆਪਸੀ ਰੰਜਿਸ਼ ਸੀ। ਦੋਵੇਂ ਅਖੌਤੀ ਸਿਆਣਪ ਦਾ ਕੰਮ ਕਰਦੇ ਸੀ।ਇੱਕ ਡੇਰੇ ਵਿੱਚ ਕਰਦਾ ਸੀ, ਦੂਜਾ ਆਪਣੇ ਘਰ। ਦੋਵੇਂ ਇੱਕ ਦੂਜੇ ਦੀ ਬੁਰਾਈ ਕਰਦੇ ਸੀ, ਕਹਿ ਲਵੋ ਇੱਕ-ਦੂਜੇ 'ਤੇ ਲੱਗਦੇ ਸੀ। ਪਹਿਲਾ ਅਖੌਤੀ ਸਿਆਣਾ ਮੌਕੇ ਦਾ ਫਾਇਦਾ ਉਠਾਉਣਾ ਚਾਹੁੰਦਾ ਸੀ।ਸਾਡੀ ਪੰਜ ਮੈਂਬਰੀ ਟੀਮ ਪਿੰਡ ਪਹੁੰਚੀ। ਪਿੰਡ ਦੇ ਲੋਕਾਂ ਦਾ ਇਕੱਠ ਕੀਤਾ। ਸਭ ਤੋਂ ਪਹਿਲਾਂ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ, ਦੁੱਖ ਸਾਂਝਾ ਕੀਤਾ । ਉਸ ਤੋਂ ਬਾਅਦ ਸਮਝਾਇਆ ਕਿ ਇਹ ਦੋਵੇਂ ਹਮ-ਪੇਸ਼ਾਵਰ ਹਨ, ਵਿਰੋਧਤਾ ਕੁਦਰਤੀ ਹੈ । ਬਿਨਾਂ ਖੁਵਾਏ, ਬਿਨਾਂ ਹੱਥ ਲਾਏ ਕਿਸੇ ਨੂੰ ਮਾਰਿਆ ਨਹੀਂ ਜਾ ਸਕਦਾ। ਇਸ ਤੋਂ ਅੱਗੇ ਕਿਸੇ ਕੋਲ ਅਜਿਹੀ ਕੋਈ ਸ਼ਕਤੀ ਨਹੀਂ, ਜਿਸ ਸ਼ਕਤੀ ਨਾਲ ਕਿਸੇ ਬੱਚੇ ਨੂੰ ਮਾਰ ਕੇ ਉਸ ਦਾ ਕਿਸੇ ਹੋਰ ਦੇ ਘਰ ਜਨਮ ਦਵਾਇਆ ਜਾ ਸਕੇ ।

ਅਸੀਂ ਪਿੰਡ ਦੇ ਮੋਹਤਬਰਾਂ ਨੂੰ ਕਿਹਾ ਕਿ ਉਸ ਸਿਆਣੇ ਨੂੰ ਜਿਹੜਾ ਕਹਿੰਦਾ ਕਿ ਫਲਾਣੇ ਸਿਆਣੇ ਨੇ ਮੁੰਡੇ ਨੂੰ ਮਾਰ ਕੇ ਅਗਲੇ ਪਿੰਡ ਜਨਮ ਦਵਾ ਦਿੱਤਾ ਹੈ, ਸਾਡੇ ਕੋਲ ਬੁਲਾਓ ਤੇ ਕਹੋ ਕਿ ਉਹ ਜਿਸ ਚਮਤਕਾਰੀ ਸ਼ਕਤੀ ਨਾਲ ਉਸ ਨੂੰ ਇਹ ਸਾਰਾ ਕੁਝ ਪਤਾ ਲੱਗਿਆ ਹੈ, ਉਸ ਸ਼ਕਤੀ ਨਾਲ ਉਹ ਸਾਡੀਆਂ 23 ਸ਼ਰਤਾਂ ਵਿਚੋਂ ਇੱਕ ਵੀ ਪੂਰੀ ਕਰਕੇ ਦਿਖਾਵੇ, ਫਿਰ ਆਪਾਂ ਸਾਰੇ ਉਸ ਦੀ ਸ਼ਕਤੀ ਮੰਨ ਲਵਾਂਗੇ । ਇੱਕ ਛੋਟੀ ਸ਼ਰਤ, ਸਾਡੀ ਮੁੱਠੀ ਵਿੱਚ ਬੰਦ ਕਰੰਸੀ ਨੋਟ ਦਾ ਨੰਬਰ ਪੜ੍ਹ ਕੇ ਆਪਣੀ ਸ਼ਕਤੀ ਦਾ ਪ੍ਰਦਰਸ਼ਨ ਕਰ ਕੇ ਦਿਖਾਵੇ । ਉਸ ਨੂੰ ਪੰਜ ਲੱਖ ਰੁਪਏ ਦਾ ਇਨਾਮ ਦੇਵਾਂਗੇ ਤੇ ਉਸ ਦੀ ਚਮਤਕਾਰੀ ਸ਼ਕਤੀ ਮੰਨਾਂਗੇ ।ਉਸ ਤੋਂ ਪੁੱਛ ਲਵੋ, ਆਪਾਂ ਉਸ ਕੋਲ ਜਾ ਆਉਂਦੇ ਹਾਂ। ਉਸ ਕੋਲ ਜਾਣ ਦਾ ਫੈਸਲਾ ਹੋਇਆ।ਅਸੀਂ ਸਾਰੇ ਉਸ ਕੋਲ ਜਾ ਰਹੇ ਸਾਂ । ਉਸ ਨੂੰ ਪਤਾ ਲੱਗ ਗਿਆ ਕਿ ਪਿੰਡ ਵਾਲੇ ਤਰਕਸ਼ੀਲਾਂ ਨੂੰ ਲੈ ਕੇ ਆ ਰਹੇ ਹਨ। ਉਹ ਸਾਡੇ ਮੱਥੇ ਨਹੀਂ ਲੱਗਿਆ, ਇੱਧਰ-ਉੱਧਰ ਹੋ ਗਿਆ । ਅਸੀਂ ਫਿਰ ਪਿੰਡ ਦੇ ਲੋਕਾਂ ਤੇ ਪੀੜਤਾਂ ਨੂੰ ਕਿਹਾ ਕਿ ਕਿਸੇ ਵੀ ਕੋਲ ਕੋਈ ਸ਼ਕਤੀ ਨਹੀਂ , ਜਿਸ ਨਾਲ ਅਜਿਹਾ ਕੀਤਾ ਜਾ ਸਕੇ। ਪੀੜਤ ਪਰਵਾਰ ਸੰਤੁਸ਼ਟ ਸੀ ।ਉਨ੍ਹਾਂ ਕਿਹਾ-ਅਸੀਂ ਉਸ ਦੀਆਂ ਗੱਲਾਂ ਵਿੱਚ ਆ ਗਏ ।ਤੁਸੀਂ ਆ ਗਏ ਵਧੀਆ ਕੀਤਾ, ਸਾਡੀ ਲੜਾਈ ਹੋਣੋਂ ਬਚ ਗਈ । ਅਸੀਂ ਲੋਕਾਂ ਨੂੰ ਸੁਣੀਆਂ-ਸੁਣਾਈਆਂ ਗੱਲਾਂ 'ਤੇ ਵਿਸ਼ਵਾਸ ਨਾ ਕਰਨ,ਅੰਧਵਿਸ਼ਵਾਸਾਂ ਦੀ ਦਲਦਲ ਵਿਚੋਂ ਨਿਕਲਣ ਲਈ ਪ੍ਰੇਰਿਆ।

ਅਸੀਂ ਕਿਹਾ-ਇਨ੍ਹਾਂ ਅਖੌਤੀ ਸਿਆਣਿਆਂ ਕੋਲ ਲੋਕਾਂ ਨੂੰ ਅੰਧਵਿਸ਼ਵਾਸਾਂ ਦੇ ਭਰਮ ਜਾਲ ਵਿੱਚ ਪਾ ਕੇ ਉਨ੍ਹਾਂ ਦੀ ਲੁੱਟ ਕਰਨ ਤੋਂ ਬਿਨਾਂ ਕੁਝ ਨਹੀਂ ।

ਬੀਮਾਰੀਆਂ ਵੇਲੇ ਮਾਹਰ ਡਾਕਟਰਾਂ ਕੋਲ ਜਾਣ , ਲਾਈਲੱਗਤਾ ਤੇ ਅੰਧਵਿਸ਼ਵਾਸਾਂ ਵਿੱਚੋਂ ਨਿਕਲ ਕੇ ਵਿਗਿਆਨਕ ਵਿਚਾਰਾਂ ਦੇ ਚਾਨਣ ਵਿੱਚ ਆਉਣ ਦਾ ਸੱਦਾ ਦੇ ਕੇ ਅਸੀਂ ਵਾਪਸ ਆ ਗਏ।

# ਸੰਪਰਕ : 94174-22349

# ਗਾਜ਼ਾ 'ਚ ਸਥਾਈ ਜੰਗਬੰਦੀ ਦੇ ਖਦਸ਼ੇ !

ਜੰਗਬੰਦੀ ਕਾਰਨ ਗਾਜ਼ਾ ਵਿਚ ਕੁਝ ਦਿਨਾਂ ਦੀ ਸ਼ਾਂਤੀ ਤੋਂ ਬਾਅਦ ਇਜ਼ਰਾਈਲ-ਫਲਸਤੀਨ ਦੀ ਲੜਾਕੂ ਜਥੇਬੰਦੀ ਹਮਾਸ ਦੇ ਇਜ਼ਰਾਈਲੀ ਨੌਜਵਾਨਾਂ 'ਤੇ ਹਮਲਿਆਂ ਦੇ ਬਹਾਨੇ ਇਜ਼ਰਾਈਲ ਫੌਜ ਵੱਲੋਂ ਗਾਜ਼ਾ 'ਤੇ ਮੁੜ ਹਮਲੇ ਸ਼ੁਰੂ ਕਰ ਦਿੱਤੇ ਹਨ।ਇਜ਼ਰਾਈਲੀ ਬੰਬਾਰੀ ਵਿਚ 11 ਫਲਸਤੀਨੀ ਮਾਰੇ ਗਏ।ਕੁਝ ਲੋਕਾਂ ਨੇ ਕਿਹਾ ਕਿ ਖਾਨ ਯੂਨਿਸ ਨੇੜੇ ਅੱਬਾਸਾ ਕਸਬੇ ਵਿਚ ਇਜ਼ਰਾਈਲੀ ਫੌਜ ਵੱਲੋਂ ਭਾਰੀ ਗੋਲੀਬਾਰੀ ਕੀਤੀ ।ਇਜ਼ਰਾਈਲੀ ਫੌਜ ਗੋਲੀਬਾਰੀ ਸਮਝੌਤਾ ਹੋਣ ਮਗਰੋਂ 47 ਵਾਰ ਉਸ ਦੀ ਉਲੰਘਣਾ ਕਰ ਚੁੱਕੀ ਹੈ।ਜਿਸ ਦੌਰਾਨ 30 ਮੌਤਾਂ ਹੋ ਚੁੱਕੀਆਂ ਹਨ।ਗੋਲੀਬੰਦੀ ਸਮਝੌਤਾ ਟੁੱਟਣ ਦਾ ਖਦਸ਼ਾ ਹੈ ।

ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਪਹਿਲ ਕਰਕੇ ਇਜ਼ਰਾਈਲ-ਹਮਾਸ ਵਿਚਾਲੇ ਜੰਗਬੰਦੀ ਸਮਝੌਤਾ ਅਮਲ 'ਚ ਆਇਆ ਸੀ ।ਲੜਾਕੂ ਜਥੇਬੰਦੀ 'ਹਮਾਸ' ਨੇ ਕੁਝ ਸ਼ਰਤਾਂ ਮੰਨ ਲਈਆਂ ਸੀ ।ਹਮਾਸ ਗਾਜ਼ਾ ਪ੍ਰਸਾਸ਼ਨ 'ਤੇ ਕਬਜ਼ਾ ਛੱਡੇਗਾ, ਇਹ ਸਵਾਲ ਹਵਾ ਵਿਚ ਹੀ ਹੈ।ਯੁੱਧਬੰਦੀ ਸਮਝੌਤੇ ਦੇ ਤਹਿਤ ਕੈਦੀਆਂ ਅਤੇ ਬੰਧਕਾਂ ਦੀ ਅਦਲਾ-ਬਦਲੀ ਹੋਵੇਗੀ, ਜਿਸ 'ਤੇ ਅਮਲ ਵੀ ਸ਼ੁਰੂ ਹੋ ਗਿਆ।ਹਮਾਸ ਨੇ 20 ਬੰਦੀਆਂ ਦੀਆਂ ਲਾਸ਼ਾਂ ਇਜ਼ਰਾਈਲ਼ ਭੇਜੀਆਂ, ਜਿਸ ਦੇ ਬਦਲੇ ਇਜ਼ਰਾਈਲ ਦੀਆਂ ਜੇਲ੍ਹਾਂ ਵਿਚ ਬੰਦ 2000 ਕੈਦੀਆਂ, ਜਿਨ੍ਹਾਂ ਵਿਚੋਂ 250 ਉਮਰ ਕੈਦ ਕੱਟ ਰਹੇ ਸਨ, ਦੀ ਰਿਹਾਈ ਸੰਭਵ ਹੋ ਸਕੀ।ਇਨ੍ਹਾਂ ਕੈਦੀਆਂ ਦਾ ਸਵਾਗਤ ਹੋ ਰਿਹਾ ਹੈ।'ਸਾਡੇ ਬੱਚੇ ਪਰਤ ਆਏ ਹਨ'।ਗਾਜ਼ਾ ਵਿਚ ਜਸ਼ਨ ਦਾ ਮਾਹੌਲ਼ ਹੈ। ਖੁਸ਼ੀਆਂ ਹੀ ਖੁਸ਼ੀਆਂ।ਫਲਸਤੀਨ ਦੇ ਹਿਜਰਤ ਕਰ ਸੁਰੱਖਿਅਤ ਖੇਤਰਾਂ ਵਿਚ ਜਾਣ ਵਾਲੇ ਆਮ ਨਾਗਰਿਕ ਪਰਤ ਰਹੇ ਹਨ, ਪਰ ਉਨ੍ਹਾਂ ਘਰਾਂ ਦੀ ਥਾਂ ਮਲਬੇ ਦੇ ਢੇਰ ਦਿਖਾਈ ਦੇ ਰਹੇ ਹਨ।

ਟਰੰਪ ਦੇ 20 ਸੂਤਰੀ ਯੋਜਨਾ ਤੋਂ ਸ਼ਾਂਤੀ ਬਹਾਲੀ ਕਿਵੇਂ? ਇਹ ਪ੍ਰਸਤਾਵ ਤਾਂ ਇਜ਼ਰਾਈਲ ਦੀਆਂ ਮੰਗਾਂ ਦੀ ਹਮਾਇਤ ਕਰਦਾ ਹੈ। ਕੁਝ ਪੱਛਮੀ ਕੂਟਨੀਤਕ ਮਾਹਰਾਂ ਮੁਤਾਬਕ ਜਦ ਤੱਕ ਹਮਾਸ ਕੋਲ ਹਥਿਆਰ ਹਨ, ਤਦ ਤੱਕ ਸ਼ਾਂਤੀ ਨਹੀਂ ਹੋਵੇਗੀ।ਇਨ੍ਹਾਂ ਅਨੁਸਾਰ ਕਤਰ, ਮਿਸਰ ਤੁਰਕੀ ਜਾਂ ਜੋ ਵੀ ਅਰਬ ਦੇਸ਼ ਗਾਜ਼ਾ ਵਿਚ ਫੌਜ ਭੇਜਣ ਨੂੰ ਤਿਆਰ ਹਨ, ਉਨ੍ਹਾਂ ਨੂੰ ਟਰੰਪ ਨੂੰ ਇਹ ਕਹਿਣਾ ਚਾਹੀਦਾ ਹੈ ਕਿ,'ਕੀ ਤੁਸੀਂ ਹਮਾਸ ਨੂੰ ਹਥਿਆਰ ਸੁੱਟਣ ਲਈ ਕਹੋਗੇ ਅਤੇ ਕੀ ਫਲਸਤੀਨ ਇਕਾਈ ਗਾਜ਼ਾ ਨੂੰ ਸੌਂਪ ਦਿਓਗੇ, ਕਿਉਂਕਿ ਗਾਜ਼ਾ ਦਾ ਨਾਗਰਿਕ ਸ਼ਾਸਨ ਕਿਸੇ ਫਲਸਤੀਨ ਇਕਾਈ ਨੂੰ ਸੌਂਪਣ ਦੀ ਮੰਗ ਕਰਦਾ ਹੈ।' ਉਸ ਨੇ ਇਹ ਨਹੀਂ ਕਿਹਾ ਕਿ ਉਹ ਸਰਵਜਨਕ ਰੂਪ 'ਚ ਹਥਿਆਰ ਸੁੱਟ ਦੇਵੇਗਾ।ਮਿਸਰ ਦੇ ਰਾਸ਼ਟਰਪਤੀ ਅਲ ਸੀ ਸੀ ਨੇ ਕਿਹਾ, 'ਦੋ ਰਾਸ਼ਟਰਾਂ ਵਿਚਾਲੇ ਜੰਗਬੰਦੀ ਸਮਝੌਤਾ ਹੀ ਸਥਾਈ ਹੱਲ ਹੈ ।'

ਮੁਖ਼ਤਾਰ ਗਿੱਲ

ਪਿਛਲੇ ਦੋ ਸਾਲਾਂ ਵਿਚ ਇਜ਼ਰਾਈਲ ਦੇ ਹਮਲਿਆਂ 'ਚ ਹੁਣ ਤੱਕ ਤਕਰੀਬਨ 68 ਹਜ਼ਾਰ ਫਲਸਤੀਨੀ ਮਾਰੇ ਜਾ ਚੁੱਕੇ ਹਨ ਤੇ ਗਾਜ਼ਾ ਦਾ 90 ਪ੍ਰਤੀਸ਼ਤ ਬੁਨਿਆਦੀ ਢਾਂਚਾ ਨਸ਼ਟ ਹੋ ਗਿਆ ਹੈ।ਸੰਯੁਕਤ ਰਾਸ਼ਟਰ ਦੀਆਂ ਏਜੰਸੀਆਂ, ਮਾਨਵੀ ਅਦਾਰਿਆਂ ਅਤੇ ਮੁਕਾਮੀ ਅਧਿਕਾਰੀਆਂ ਮੁਤਾਬਿਕ ਤਕਰੀਬਨ 20 ਲੱਖ ਫਲਸਤੀਨੀ (ਕੁਲ ਅਬਾਦੀ 50 ਲੱਖ ਵਿਚੋਂ) ਬੇਘਰ ਕਰ ਦਿੱਤੇ ਗਏ।

ਟਰੰਪ ਦੀ ਇਸ ਯੋਜਨਾ ਤਹਿਤ ਗਾਜ਼ਾ ਵਿਚ ਜੰਗ ਨੂੰ ਤਤਕਾਲ ਸਮਾਪਤ ਕਰਨ ਅਤੇ ਹਮਾਸ 48 ਮੁਰਦਾ ਜਾਂ ਜਿਉਂਦੇ ਬੰਧਕਾਂ ਨੂੰ ਰਿਹਾਅ ਕਰੇਗਾ ਅਤੇ ਅਤੇ ਮਰੇ ਬੰਧਕਾਂ ਦੀਆਂ ਲਾਸ਼ਾਂ ਵਾਪਸ ਕਰੇਗਾ।ਬੰਧਕਾਂ ਨੂੰ 72 ਘੰਟਿਆਂ ਦੇ ਅੰਦਰ ਰਿਹਾਅ ਕਰਨ ਦਾ ਪ੍ਰਸਤਾਵ ਹੈ।ਹਮਾਸ ਵੱਲੋਂ ਪ੍ਰਸਤਾਵ ਦੀਆਂ ਸ਼ਰਤਾਂ ਮੰਨ ਲੈਣ ਦੇ ਨਾਲ ਹੀ ਸਮਝੌਤਾ ਲਾਗੂ ਹੋ ਗਿਆ ਹੈ। ਅਮਰੀਕਾ ਨੇ ਯੁਧਗ੍ਰਸਤ ਗਾਜ਼ਾ ਵਿਚ ਸ਼ਾਂਤੀ ਲਈ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਦੂਰਦਰਸ਼ੀ ਯੋਜਨਾ ਨੂੰ ਕੌਮਾਂਤਰੀ ਹਮਾਇਤ ਮਿਲੀ ਹੈ।ਇਜ਼ਰਾਈਲ, ਫਲਸਤੀਨ, ਭਾਰਤ, ਰੂਸ, ਚੀਨ, ਜਪਾਨ, ਇੰਡੋਨੇਸ਼ੀਆ, ਪਾਕਿਸਤਾਨ, ਤੁਰਕੀ ਅਤੇ 8 ਅਰਬ ਦੇਸ਼ਾਂ ਜਾਰਡਨ, ਕਤਰ, ਸਾਊਦੀ ਅਰਬ, ਸੰਯੁਕਤ ਅਰਬ ਅਮੀਰਾਤ ਅਤੇ ਮਿਸਰ ਆਦਿ ਨੇ ਇਸ ਯੋਜਨਾ ਦਾ ਸਵਾਗਤ ਕੀਤਾ ਹੈ ।ਕੌਮਾਂਤਰੀ ਪੱਧਰ 'ਤੇ ਆਸਟ੍ਰੇਲੀਆ ਦੀ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼, ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਨੀ, ਯੂਰਪੀ ਸੰਘ ਦੀ ਮੁਖੀ ਓਰਸੁਲਾ ਵਾਨਡੇਰ ਲੇਏਨ, ਫਰਾਂਸ ਦੇ ਰਾਸ਼ਟਰਪਤੀ ਏਮੈਨੂਅਲ ਮੈਂਕਰੋ, ਇਟਲੀ ਦੀ ਪ੍ਰਧਾਨ ਮੰਤਰੀ ਜਾਰਜੀਆ ਮੇਲੋਨੀ, ਜਪਾਨ ਦੇ ਪ੍ਰਧਾਨ ਮੰਤਰੀ ਸ਼ਿਗੇਸ ਇਸ਼ਿਬਾ, ਬ੍ਰਿਟਨ ਦੇ ਪ੍ਰਧਾਨ ਮੰਤਰੀ ਕੇ ਆਰ ਸਟਾਮਰ, ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਸਮਰਥਨ ਕੀਤਾ ।ਇਸ ਤੋਂ ਪਹਿਲਾਂ ਬਰਤਾਨੀਆ, ਆਸਟ੍ਰੇਲੀਆ, ਕੈਨੇਡਾ, ਫਰਾਂਸ, ਪੁਰਤਗਾਲ, ਬੈਲਜੀਅਮ, ਲਗਜ਼ਮਰਗ, ਮਾਲਟਾ ਅਤੇ ਕਈ ਹੋਰ ਦੇਸ਼ਾਂ ਫਲਸਤੀਨ ਨੂੰ ਰਾਸ਼ਟਰ ਵਜੋਂ ਅਧਿਕਾਰਤ ਤੌਰ 'ਤੇ ਮਾਨਤਾ ਦੇਣ ਨਾਲ ਹੀ ਫਲਸਤੀਨ ਸਟੇਟ ਨੂੰ ਕਾਨੰਨੀ ਰੂਪ 'ਚ ਸਵੀਕਾਰ ਕਰਨ ਵਾਲੇ ਸੰਯੁਕਤ ਰਾਸ਼ਟਰ ਦੇ ਮੈਂਬਰ ਦੇਸ਼ਾਂ ਦੀ ਗਿਣਤੀ ਤਿੰਨ ਚੌਥਾਈ ਤੋਂ ਵਧ ਸਕਦੀ ਹੈ।ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜੰਗਬੰਦੀ ਦਾ ਸਵਾਗਤ ਕਰਦਿਆਂ ਕਿਹਾ ਕਿ ਅਸੀਂ ਸ਼ਾਂਤੀ ਬਹਾਲੀ ਦੀ ਹਮਾਇਤ ਕਰਾਂਗੇ।ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਨੇ 29 ਸਤੰਬਰ ਨੂੰ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਵ੍ਹਾਈਟ ਹਾਊਸ 'ਚ ਮੁਲਾਕਾਤ ਕੀਤੀ ਸੀ, ਜਿਸ ਤੋਂ ਮਗਰੋ ਇਸ ਸ਼ਾਂਤੀ ਯੋਜਨਾ ਨੂੰ ਸਰਵਜਨਕ ਕੀਤਾ ਗਿਆ ਸੀ, ਜਿਸ ਵਿਚ ਯੁੱਧਬੰਦੀ ਦਾ ਜ਼ਿਕਰ ਸੀ।

ਟਰੰਪ ਦੀ ਸ਼ਾਂਤੀ ਯੋਜਨਾ ਮੁਤਾਬਕ ਗਾਜ਼ਾ ਨੂੰ ਕੱਟੜਵਾਦ ਰਹਿਤ ਅਤੇ ਅੱਤਵਾਦ ਮੁਕਤ ਖਿੱਤਾ ਬਣਾਇਆ ਜਾਵੇਗਾ, ਜਿਹੜਾ ਆਪਣੇ ਗੁਆਂਢੀਆਂ ਲਈ ਕੋਈ ਖਤਰਾ ਨਹੀਂ ਹੋਵੇਗਾ।ਗਾਜ਼ਾ ਦਾ ਪੁਨਰ-ਨਿਰਮਾਣ ਉਥੋਂ ਦੇ ਨਾਗਰਿਕਾਂ ਦੇ ਹਿੱਤਾਂ ਵਿਚ ਕੀਤਾ ਜਾਵੇਗਾ, ਜਿਨ੍ਹਾਂ ਨੇ ਲੰਮੇ ਸਮੇਂ ਤੋਂ ਪੀੜਾ, ਬੇਚੈਨੀ ਤੇ ਭੁੱਖਮਰੀ ਨੂੰ ਸਹਾਰਿਆ ਹੈ।ਦੋਵਾਂ ਦੀ ਸਹਿਮਤੀ ਨਾਲ ਇਜ਼ਰਾਈਲ ਦੀ ਫੌਜ ਪਿੱਛੇ ਹਟੇਗੀ।ਇਜ਼ਰਾਈਲ 250 ਉਮਰ ਕੈਦ ਕੱਟ ਰਹੇ ਫਲਸਤੀਨ ਦੇ ਕੈਦੀਆਂ ਅਤੇ ਇਜ਼ਰਾਈਲ ਦੀ ਜੇਲ 'ਚ ਬੰਦ 2000 ਗਾਜ਼ਾ ਵਾਸੀਆਂ ਨੂੰ ਰਿਹਾਅ ਕਰੇਗਾ।ਟਰੰਪ ਵੱਲੋਂ ਗਾਜ਼ਾ ਵਿਚ ਜੰਗਬੰਦੀ ਲਈ ਜਿਹੜਾ 20 ਸੂਤਰੀ ਪ੍ਰਸਤਾਵ ਪੇਸ਼ ਕੀਤਾ ਹੈ, ਉਹ ਨਿਸਚਿਤ ਰੂਪ ਵਿਚ ਸ਼ਾਂਤੀ ਦੀ ਰਾਹ ਪੈਣ ਦੀ ਦਿਸ਼ਾ ਵਿਚ ਮਹੱਤਵਪੂਰਨ ਕਦਮ ਹੈ।ਬਹੁਤੇ ਅਮਨਪਸੰਦ ਦੇਸ਼ਾਂ ਨੇ ਇਸ ਯੋਜਨਾ ਪ੍ਰਸਤਾਵ ਦਾ ਸਵਾਗਤ ਕੀਤਾ ਹੈ, ਕਿਉਂਕਿ ਜ਼ਿਆਦਾਤਰ ਦੇਸ਼ ਗਾਜ਼ਾ ਵਿਚ ਸ਼ਾਂਤੀ ਦੇ ਸਮਰਥਕ ਹਨ।ਕੀ ਹਮਾਸ ਇਸ ਸ਼ਾਂਤੀ ਪ੍ਰਸਤਾਵ ਨੂੰ ਮੰਨ ਲਵੇਗਾ।ਇਹ ਸਵਾਲ ਇਸ ਲਈ ਵੀ ਬੜਾ ਅਹਿਮ ਹੈ ਕਿ ਕੀ ਹਮਾਸ ਵੱਲੋਂ ਅਜੇ ਤੱਕ ਕੋਈ ਉਤਸ਼ਾਹਜਨਕ ਪ੍ਰਤੀਕਿਰਿਆ ਨਹੀਂ ਸੀ ਆਈ।ਹਮਾਸ ਦਾ ਕਹਿਣਾ ਸੀ ਕਿ ਇਸ ਪ੍ਰਸਤਾਵ ਦੀਆਂ ਸ਼ਰਤਾਂ ਬਾਰੇ ਉਹ ਡੂੰਘੇ ਅਧਿਐਨ ਬਾਅਦ ਹੀ ਆਪਣਾ ਰੁਖ ਸਪੱਸ਼ਟ ਕਰੇਗਾ, ਪਰ ਹਥਿਆਰ ਨਹੀਂ ਸੁੱਟੇਗਾ।

ਬੇਸ਼ੱਕ ਇਜ਼ਰਾਈਲ ਨੇ ਵੀ ਇਸ ਸ਼ਾਂਤੀ ਪ੍ਰਸਤਾਵ ਦੀ ਪਹਿਲੀ ਨਜ਼ਰੇ ਸਹਿਮਤੀ ਪ੍ਰਗਟਾਈ ਹੋਵੇ, ਪ੍ਰੰਤੂ ਇਸ ਵਿਚ ਕਈ ਸ਼ਰਤਾਂ ਅਜਿਹੀਆਂ ਹਨ, ਜਿਨ੍ਹਾਂ ਦੇ ਦੂਰਗਾਮੀ ਪ੍ਰਭਾਵ ਨੂੰ ਵੇਖਦਿਆਂ ਇਜ਼ਰਾਈਲ ਮੌਜੂਦਾ ਰੁਖ ਵਿਚ ਬਦਲਾਅ ਕਰਨ ਬਾਰੇ ਵਿਚਾਰ ਕਰ ਸਕਦਾ ਹੈ।ਇਹ ਯੋਜਨਾ ਸਿਰੇ ਚੜ੍ਹ ਸਕੇਗੀ ਕਿ ਨਹੀਂ, ਅਜੇ ਇਸ ਸਬੰਧ ਵਿਚ ਕੋਈ ਵੀ ਕਿਆਸ ਲਗਾਉਣਾ ਜਲਦਬਾਜ਼ੀ ਹੋਵੇਗੀ।ਇਸ ਤੋਂ ਪਹਿਲਾਂ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਨੇ ਅਮੀਰਾਤ ਵਿਚ ਹਮਾਸ ਨਾਲ ਜੁੜੇ ਲੋਕਾਂ ਨੂੰ ਨਿਸ਼ਾਨਾ ਬਣਾ ਕੇ ਕੀਤੇ ਫੌਜੀ ਹਮਲੇ ਲਈ ਕਤਰ ਤੋਂ ਮੁਆਫੀ ਮੰਗੀ।

ਦੋ ਸਾਲ ਤੋਂ ਚੱਲ ਰਹੇ ਇਜ਼ਰਾਈਲ-ਹਮਾਸ ਯੁੱਧ ਦੇ ਬਾਅਦ ਬਦਹਾਲ ਫਲਸਤੀਨੀਆਂ ਨੂੰ ਸ਼ਾਂਤੀ ਬਹਾਲੀ ਦੀ 20 ਬਿੰਦੂਆਂ ਵਾਲੀਆਂ ਨਵੀਆਂ ਸ਼ਰਤਾਂ ਦੇ ਨਾਲ ਟਰੰਪ ਦੀ ਅਗਵਾਈ ਵਾਲੇ ਗੈਰ-ਸਥਾਨਕ ਬੋਰਡ ਦੀ ਦੇਖ-ਰੇਖ ਹੇਠ ਬੋਰਡ ਦੁਆਰਾ ਚੁਣੇ ਗਏ ਸਥਾਨਕ ਗੈਰ-ਸਿਆਸੀ ਲੋਕਾਂ ਦੀ ਕਮੇਟੀ ਦੇ ਪ੍ਰਸ਼ਾਸਨ 'ਚ ਜੀਣਾ ਹੋਵੇਗਾ। ਅਮਰੀਕਾ ਦੇ ਇਸ ਪ੍ਰਸਤਾਵ ਵਿਚ ਪਹਿਲੀ ਵਾਰ ਗੈਰ-ਫਲਸਤੀਨੀਆਂ ਨੂੰ ਗਾਜ਼ਾ ਤੋਂ ਨਾ ਜਾਣ ਅਤੇ ਆਪਣਾ ਸਵੈਪ੍ਰਭੂ ਰਾਜ ਚੁਣਨ ਦੀ ਪ੍ਰਕਿਰਿਆ ਬਹਾਲ ਕਰਨ ਦਾ ਜਿਕਰ ਕੀਤਾ ਗਿਆ ਹੈ।

ਨੇਤਨਯਾਹੂ ਉਪਰ ਇਹ ਮੰਨਣ ਲਈ ਏਨਾ ਦਬਾਅ ਸੀ ਕਿ ਵ੍ਹਾਈਟ 'ਚ ਟਰੰਪ ਨਾਲ ਮੁਲਾਕਾਤ ਦੌਰਾਨ ਉਸ ਨੇ ਕਤਰ ਦੇ ਪ੍ਰਧਾਨ ਮੰਤਰੀ ਨੂੰ ਫੋਨ ਕਰਕੇ ਪਿਛਲੇ ਹਮਲੇ ਲਈ ਮਾਫ਼ੀ ਮੰਗਣ ਲਈ ਮਜਬੂਰ ਕੀਤਾ।ਜੇਕਰ ਤਿੰਨ ਦਿਨ ਬਾਅਦ ਵੀ ਹਮਾਸ ਇਸ ਪ੍ਰਸਤਾਵ ਬਾਰੇ ਚੁੱਪ ਰਹਿੰਦਾ ਹੈ ਤਾਂ ਇਜ਼ਰਾਈਲ ਨੂੰ 'ਕੁਝ ਵੀ ਕਰਨ' ਦੀ ਖੁੱਲ੍ਹੀ ਛੋਟ ਹੋਵੇਗੀ।ਗਾਜ਼ਾ ਬਾਰੇ ਟਰੰਪ ਦੇ ਇਸ ਰੁਖ ਦੇ ਪਿਛੇ ਇਹ ਹੈ ਕਿ ਗਾਜ਼ਾ ਵਿਚ ਸ਼ਾਂਤੀ ਨੂੰ ਅਰਬ ਦੇਸ਼ ਹੀ ਨਹੀਂ, ਉਸ ਯੂਰਪ ਦੇ ਕਈ ਦੇਸ਼ਾਂ ਦਾ ਵੀ ਸਮਰਥਨ ਹਾਸਲ ਹੋਵੇਗਾ, ਜਿਨ੍ਹਾਂ ਨੇ ਫਲਸਤੀਨ ਦੇਸ਼ ਨੂੰ ਮਾਨਤਾ ਪ੍ਰਦਾਨ ਕੀਤੀ ਸੀ, ਕੁਝ ਦੇਣ ਵਾਲੇ ਸਨ।ਭਾਰਤ ਲਈ ਵੀ ਖਾੜੀ ਦੇਸ਼ਾਂ ਵਿਚ ਸ਼ਾਂਤੀ ਬੇਹੱਦ ਜ਼ਰੂਰੀ ਹੈ।ਉਮੀਦ ਕੀਤੀ ਜਾਣੀ ਚਾਹੀਦੀ ਹੈ ਕਿ ਇਜ਼ਰਾਈਲ ਤੇ ਹਮਾਸ ਇਸ ਸ਼ਾਂਤੀ ਪ੍ਰਸਤਾਵ 'ਤੇ ਅੱਗੇ ਵਧਣਗੇ ਅਤੇ ਗਾਜ਼ਾ ਵਿਚ ਫਿਰ ਤੋਂ ਅਮਨ-ਸ਼ਾਂਤੀ ਸਥਾਪਤ ਹੋ ਜਾਵੇਗੀ।

# ਸੰਪਰਕ : 98140-82217

# ਪੁਲਸ-ਸਿਆਸੀ-ਨਸ਼ਾ ਤਸਕਰ ਗੱਠਜੋੜ ਖਿਲਾਫ ਜਗਰਾਉਂ 'ਚ ਰੋਸ ਭਰਪੂਰ ਮੁਜ਼ਾਹਰਾ

**ਏ ਡੀ ਸੀ ਨੂੰ ਮੰਗ ਪੱਤਰ ਸੌਂਪ ਕੇ ਨਸ਼ਾ ਤਸਕਰ ਤੇ ਸ਼ਹਿ ਦੇ ਰਹੇ ਸਿਆਸਤਦਾਨਾਂ, ਪੁਲਸ ਅਫਸਰਾਂ ਖਿਲਾਫ ਸਖਤ ਕਾਰਵਾਈ ਮੰਗੀ**



**ਲੁਧਿਆਣਾ/ਜਗਰਾਉਂ (ਰੈਕਟਰ ਕਥੂਰੀਆ/ਸੰਜੀਵ ਅਰੋੜਾ, ਅਮਿਤ ਖੰਨਾ)**-ਸਮੂਹ ਪੱਤਰਕਾਰ ਤੇ ਜਨਤਕ ਸੰਘਰਸ਼ਸ਼ੀਲ ਜਥੇਬੰਦੀਆਂ ਵੱਲੋਂ ਪੁਲਸ-ਸਿਆਸੀ-ਨਸ਼ਾ ਤਸਕਰ ਗੱਠਜੋੜ ਵਿਰੁੱਧ ਤੇ ਪੱਤਰਕਾਰ ਮਨਦੀਪ ਨੂੰ ਨਸ਼ਾ ਤਸਕਰ ਵੱਲੋਂ ਦਿੱਤੀ ਗਈ ਗੋਲੀ ਮਾਰਨ ਦੀ ਧਮਕੀ ਖਿਲਾਫ ਜਗਰਾਉਂ ਸ਼ਹਿਰ ਵਿੱਚ ਰੋਹ ਭਰਪੂਰ ਮੁਜ਼ਾਹਰਾ ਕਰਕੇ ਏ ਡੀ ਸੀ ਦਫਤਰ ਵਿਖੇ ਧਰਨਾ ਦਿੱਤਾ ਗਿਆ।

ਬੁਲਾਰਿਆਂ ਨੇ ਮੰਗ ਕੀਤੀ ਕਿ ਪੱਤਰਕਾਰ ਮਨਦੀਪ ਤੇ ਮਜ਼ਦੂਰ ਆਗੂ ਅਵਤਾਰ ਸਿੰਘ ਤਾਰੀ ਨੂੰ ਧਮਕਾਉਣ ਵਾਲੇ ਐੱਸ ਐੱਚ ਹਠੂਰ, ਡੀ ਐੱਸ ਪੀ ਰਾਏਕੋਟ ਨੂੰ ਬਰਖਾਸਤ ਕਰੋ, ਨਸ਼ਿਆਂ ਖਿਲਾਫ ਸੁਹਿਰਦ ਕਾਰਵਾਈ ਕਰਦਿਆਂ ਨਸ਼ੇ ਤੋਂ ਪੀੜਤ ਨੌਜਵਾਨਾਂ ਨਾਲ ਮੁਜਰਮਾਨਾ ਰਵੱਈਆ ਅਪਣਾਉਣਾ ਬੰਦ ਕਰੋ, ਗ੍ਰਿਫਤਾਰ ਨਸ਼ਾ ਤਸਕਰਾਂ ਤੋਂ ਤਫਤੀਸ਼ ਕਰਕੇ ਸ਼ਾਮਲ ਵੱਡੇ ਨਸ਼ਾ ਤਸਕਰਾਂ, ਪੁਲਸ ਅਧਿਕਾਰੀਆਂ, ਸਿਆਸਤਦਾਨਾਂ ਦੇ ਨਾਮ ਨਸ਼ਰ ਕਰਕੇ ਮੁਕੱਦਮੇ ਦਰਜ ਕਰੋ, ਦੁਨੀਆ ਚੈਨਲ ਦੇ ਪੱਤਰਕਾਰ ਮਨਦੀਪ ਨੂੰ ਧਮਕੀਆਂ ਦੇਣ ਵਾਲੇ ਨਸ਼ਾ ਤਸਕਰਾਂ ਖਿਲਾਫ ਮੁਕੱਦਮੇ ਵਿੱਚ ਅਸਲਾ ਐਕਟ ਤੇ ਐੱਨ ਡੀ ਪੀ ਐੱਸ ਐਕਟ ਦੀਆਂ ਧਰਾਵਾਂ ਦਾ ਵਾਧਾ ਕਰੋ।ਪੱਤਰਕਾਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉ, ਨਸ਼ੇ ਦੀ ਜੜ੍ਹ ਬੇਰੁਜ਼ਗਾਰੀ ਨੂੰ ਖਤਮ ਕਰੋ।ਸਾਮਰਾਜੀ ਖੇਤੀ ਮਾਡਲ ਨੂੰ ਬਦਲ ਕੇ ਫਸਲੀ ਵਿਭਿੰਨਤਾ ਵਾਲਾ, ਪੰਜਾਬ ਪੱਖੀ ਖੇਤੀ ਮਾਡਲ ਲਾਗੂ, ਖੇਤੀ ਅਧਾਰਤ ਸਨਅਤ ਲਾ ਕੇ, ਸੇਵਾਵਾਂ ਖੇਤਰ ਵਿੱਚ ਠੇਕੇਦਾਰੀ ਪ੍ਰਥਾ ਖਤਮ ਕਰਕੇ ਰੁਜ਼ਗਾਰ ਦੇ ਮੌਕੇ ਪੈਦਾ ਕਰੋ, ਨਸ਼ਾ ਛਡਾਉ ਸੈਂਟਰਾਂ ਵਿੱਚ ਨਸ਼ੇ ਤੋਂ ਪੀੜਤ ਨੌਜਵਾਨਾਂ ਨਾਲ ਜਾਨਵਰਾਂ ਵਰਗਾ ਵਤੀਰਾ ਬੰਦ ਕਰੇ, ਮੈਡੀਕਲ ਇਲਾਜ ਦੇ ਨਾਲ, ਅਪਣੇ-ਪਣ ਵਾਲਾ ਵਿਹਾਰ ਕਰਕੇ ਮੁੜ ਵਸੇਬੇ ਦਾ ਪ੍ਰਬੰਧ ਕਰੋ।ਰੋਸ ਮੁਜ਼ਾਹਰੇ ਵਿੱਚ ਮਨਿੰਦਰਜੀਤ ਸਿੱਧੂ (ਲੋਕ ਆਵਾਜ਼ ਟੀ ਵੀ), ਜੱਸ ਗਰੇਵਾਲ (ਆਰ.ਐੱਮ.ਬੀ ਟੈਲੀਵਿਜ਼ਨ), ਬਲਰਾਜ ਮੌੜ (ਮੌੜ ਟੈਲੀਵਿਜ਼ਨ), ਸੁਖਪ੍ਰੀਤ ਮੌੜ (ਐੱਸ ਐੱਮ ਟੀ ਵੀ), ਸੁਖਵਿੰਦਰ ਸਿੰਘ (ਲੋਕ ਨਾਦ), ਕਲਪਨਾ, ਅਲੀਸ਼ਾ (ਦੁਨੀਆ ਚੈਨਲ), ਜਗਤਾਰ ਸਰਾਂ (ਹੈਵਨ ਇੰਡੀਆ ਟੀ ਵੀ), ਜਸਬੀਰ ਛੇਤਰਾ (ਪੰਜਾਬੀ ਟ੍ਰਿਬਿਊਨ), ਹਿੰਮਤਾਜ (ਲੋਕ ਆਵਾਜ਼ ਟੀ ਵੀ), ਗੁਰਦੀਪ ਮਲਕ (ਪੱਤਰਕਾਰ, ਅਜੀਤ), ਮੋਹਨ ਔਲਖ (ਪੱਤਰਕਾਰ), ਡਾ. ਬਖ਼ਸ਼ੀਸ਼ ਆਜ਼ਾਦ (ਲਾਈਵ ਸੱਚ ਟੀ.ਵੀ), ਅਰੁਣ (ਚਿੰਤਨ ਪ੍ਰਕਾਸ਼ਨ), ਹਰਪ੍ਰੀਤ ਸਿੰਘ ਕੈਹਲ (ਵਕਤ ਦੇ ਬੋਲ), ਜਸਵਿੰਦਰ ਛਿੰਦਾ, ਕੁਲਦੀਪ ਲੋਹਟ, ਗੁਰਦੀਪ ਸਿੰਘ ਮੋਤੀ (ਏਟਕ), ਨਿਰਭੈ ਸਿੰਘ ਢੁੱਡੀਕੇ (ਕਿਰਤੀ ਕਿਸਾਨ ਯੂਨੀਅਨ), ਕੰਵਲਜੀਤ ਖੰਨਾ (ਇਨਕਲਾਬੀ ਕੇਂਦਰ ਪੰਜਾਬ), ਕਰਮਜੀਤ ਮਾਣੂੰਕੇ (ਐੱਨ ਬੀ ਐੱਸ), ਪਵਨ ਕੁਮਾਰ (ਡੀ.ਐੱਮ.ਐੱਫ), ਸੁਖਪ੍ਰੀਤ ਕੌਰ (ਪੀ.ਐੱਸ.ਯੂ), ਗੁਰਦਿਆਲ ਭੱਟੀ, ਹਰਦੇਵ ਸੰਧੂ (ਕੇਕੇਯੂ ਪੰਜਾਬ), ਅਵਤਾਰ ਸਿੰਘ ਤਾਰੀ (ਪੀ.ਐੱਮ.ਯੂ), ਜੋਗਿੰਦਰ ਆਜ਼ਾਦ (ਲੋਕ ਚੇਤਨਾ ਵਰਗ), ਸੁਦਾਗਰ ਸਿੰਘ ਘੁਡਾਣੀ (ਬੀ.ਕੇ.ਯੂ. ਉਗਰਾਹਾਂ), ਜਗਤਾਰ ਸਿੰਘ ਦੇਹੜਕਾ (ਬੀ ਕੇ ਯੂ ਡਕੌਂਦਾ), ਜਸਵੰਤ ਜ਼ੀਰਖ (ਤਰਕਸ਼ੀਲ ਸੁਸਾਇਟੀ), ਸੁਰਿੰਦਰ ਸਿੰਘ (ਇਨਕਲਾਬੀ ਮਜ਼ਦੂਰ ਕੇਂਦਰ), ਜਸਦੇਵ ਸਿੰਘ ਲਲਤੋਂ, ਗੁਰਮੇਲ ਸਿੰਘ ਰੂਮੀ, ਅਸ਼ੋਕ ਭੰਡਾਰੀ, ਸੁੱਖ ਜਗਰਾਉਂ ਹਾਜ਼ਰ ਸਨ।ਸਟੇਜ ਸਕੱਤਰ ਦੀ ਭੂਮਿਕਾ ਦੁਨੀਆ ਚੈਨਲ ਦੇ ਪੱਤਰਕਾਰ ਸਾਹਿਲਦੀਪ ਸਿੰਘ ਨੇ ਨਿਭਾਈ।

# ਖੇਤੀਬਾੜੀ ਵਿਕਾਸ ਅਫ਼ਸਰਾਂ ਵੱਲੋਂ ਤਿੱਖੇ ਸੰਘਰਸ਼ ਦੀ ਚਿਤਾਵਨੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਖੇਤੀਬਾੜੀ ਵਿਕਾਸ ਅਫਸਰ ਤੇ ਬਾਗਬਾਨੀ ਵਿਕਾਸ ਅਫਸਰਾਂ ਦੀ ਸਾਂਝੀ ਐਸੋਸੀਏਸ਼ਨ ਪਲਾਂਟ ਡਾਕਟਰਜ਼ ਸਰਵਿਸਜ਼ ਐਸੋਸੀਏਸ਼ਨ ਪੰਜਾਬ ਦੇ ਸੱਦੇ 'ਤੇ ਪੰਜਾਬ ਭਰ ਵਿੱਚ ਸਮੂਹ ਜ਼ਿਲ੍ਹਿਆਂ ਦੇ ਮੁੱਖ ਖੇਤੀਬਾੜੀ ਅਫ਼ਸਰਾਂ ਰਾਹੀਂ ਪੰਜਾਬ ਸਰਕਾਰ ਨੂੰ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਸੰਬੰਧੀ ਪ੍ਰਬੰਧਕੀ ਸਕੱਤਰ ਖੇਤੀਬਾੜੀ ਵਿਭਾਗ ਦੇ ਨਾਮ ਦੇ ਮੰਗ ਪੱਤਰ ਸੌਂਪੇ ਗਏ।ਇਸ ਦੌਰਾਨ ਪੀ ਡੀ ਐੱਸ ਏ ਪੰਜਾਬ ਦੇ ਸੂਬਾ ਪ੍ਰਧਾਨ ਡਾ. ਹਰਮਨਦੀਪ ਸਿੰਘ ਘੁੰਮਣ ਨੇ ਕਿਹਾ ਕਿ ਕਿਸੇ ਵੀ ਮੁਲਾਜ਼ਮ ਦੀ ਪਦਉੱਨਤੀ ਸਮੇਂ ਸਿਰ ਹੋਣ ਨਾਲ ਉਸ ਦਾ ਮਨੋਬਲ ਉੱਚਾ ਹੁੰਦਾ ਹੈ ਤੇ ਉਹ ਹੋਰ ਤਨਦੇਹੀ ਨਾਲ ਲੋਕ ਹਿੱਤ ਵਿੱਚ ਕੰਮ ਕਰਦਾ ਹੈ, ਪ੍ਰੰਤੂ ਖੇਤੀਬਾੜੀ ਵਿਭਾਗ ਖੇਤੀਬਾੜੀ ਵਿਕਾਸ ਅਫ਼ਸਰ ਤੋਂ ਖੇਤੀਬਾੜੀ ਅਫ਼ਸਰ ਦੀ ਪਦਉੱਨਤੀ ਲਈ ਲੋੜੀਂਦੇ 6 ਸਾਲ ਦੇ ਉਲਟ 13 ਸਾਲ ਦਾ ਸਮਾਂ ਬੀਤਣ ਤੋਂ ਬਾਅਦ ਵੀ ਯੋਗ ਉਮੀਦਵਾਰ ਪਦਉੱਨਤੀ ਲਈ ਉਡੀਕ ਕਰ ਰਹੇ ਹਨ।ਪੰਜਾਬ ਸਰਕਾਰ ਦੀਆਂ ਸਖਤ ਹਦਾਇਤਾ ਵੀ ਹਨ ਕਿ ਹਰ ਸਾਲ ਪਦਉੱਨਤੀ ਲਈ ਨਾਮ ਵਿਚਾਰੇ ਜਾਣ, ਪ੍ਰੰਤੂ ਵਿਭਾਗ ਵਿੱਚ ਵੱਡੇ ਪੱਧਰ 'ਤੇ ਖੇਤੀਬਾੜੀ ਅਫ਼ਸਰ ਦੀਆਂ ਅਸਾਮੀਆਂ ਖਾਲੀ ਹੋਣ ਦੇ ਬਾਵਜੂਦ ਪਦਉਨਤੀ ਲਈ ਟਾਲਾ ਵੱਟਿਆ ਜਾ ਰਿਹਾ ਹੈ। ਆਗੂਆਂ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਦੇ ਤਨਖਾਹ ਸਕੇਲ ਜੋ ਕਿ ਵੈਟਨਰੀ ਅਫ਼ਸਰਾਂ ਦੇ ਬਰਾਬਰ 1/1/1986 ਤੋਂ ਚੱਲਦੇ ਆ ਰਹੇ, ਉਹ ਵੀ ਛੇਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਆਉਣ ਤੋਂ ਬਾਅਦ ਉੱਚ ਅਧਿਕਾਰੀਆ ਵੱਲੋਂ ਜਾਣ ਬੁੱਝ ਕੇ ਵਿੱਤ ਵਿਭਾਗ ਦੇ 4/3/2022 ਦੇ ਪੱਤਰ ਦਾ ਹਵਾਲਾ ਦੇ ਕੇ ਘਟਾਏ ਗਏ ਹਨ, ਜਿਸ ਕਾਰਨ ਸਮੂਹ ਕੇਡਰ ਦਾ ਮਨੋਬਲ ਡਿੱਗਿਆ ਹੈ।ਉਨ੍ਹਾਂ ਕਿਹਾ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਅਪਣੇ ਕੰਮ ਦੇ ਨਾਲ ਨਾਲ ਅਪਣੀ ਪੂਰੀ ਤਨਖਾਹ ਲੈਣ ਲਈ ਕੋਰਟ ਕੇਸ ਦਾ ਸਹਾਰਾ ਲੈਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਉਕਤ ਮੰਗਾਂ ਸਬੰਧੀ ਐਸੋਸੀਏਸ਼ਨ ਵੱਲੋਂ ਕਈ ਵਾਰੀ ਸਰਕਾਰ ਪੱਧਰ 'ਤੇ ਮਿਲਿਆ ਜਾ ਚੁੱਕਿਆ, ਪ੍ਰੰਤੂ ਸਾਡੇ ਮੁੱਦਿਆਂ ਨੂੰ ਅਣਗੌਲਿਆ ਹੀ ਕੀਤਾ ਜਾ ਰਿਹਾ ਹੈ।ਸਮੂਹ ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਨੂੰ ਸਾਡੀਆਂ ਉਕਤ ਜਾਇਜ਼ ਮੰਗਾਂ ਵੱਲ ਧਿਆਨ ਦੇ ਕੇ ਹੱਲ ਕਰਵਾਉਣਾ ਚਾਹੀਦਾ ਹੈ, ਨਹੀਂ ਤਾਂ ਐਸੋਸੀਏਸ਼ਨ ਵੱਲੋਂ ਸੰਘਰਸ਼ ਵਿੱਢਿਆ ਜਾਵੇਗਾ।

# ਟਰਾਈਡੈਂਟ ਗਰੁੱਪ ਦੇ ਮੁਫਤ ਮੈਗਾ ਮੈਡੀਕਲ ਕੈਂਪ ਨੇ ਕਾਇਮ ਕੀਤੀ ਨਵੀਂ ਮਿਸਾਲ

**ਸੀ.ਐੱਮ.ਸੀ. ਹਸਪਤਾਲ ਲੁਧਿਆਣਾ ਦੇ ਮਾਹਰ ਡਾਕਟਰਾਂ ਵੱਲੋਂ ਮੁਫ਼ਤ ਜਾਂਚ, ਦਵਾਈਆਂ ਤੇ ਮੋਤੀਆਬਿੰਦ ਆਪ੍ਰੇਸ਼ਨ ਸੇਵਾਵਾਂ**



**ਬਰਨਾਲਾ (ਰਾਜਿੰਦਰ ਬਰਾੜ)**-ਟਰਾਈਡੈਂਟ ਗਰੁੱਪ ਵੱਲੋਂ ਸਮਾਜ ਸੇਵਾ ਲਈ ਕੀਤੇ ਗਏ ਨੇਕ ਉਪਰਾਲੇ 'ਫਰੀ ਮੈਗਾ ਮੈਡੀਕਲ ਕੈਂਪ 2025' ਨੇ ਸਿਹਤ ਸੇਵਾ ਦੇ ਖੇਤਰ ਵਿੱਚ ਇਕ ਇਤਿਹਾਸਕ ਮਿਸਾਲ ਕਾਇਮ ਕੀਤੀ ਹੈ।ਕੇਵਲ ਦੋ ਦਿਨਾਂ (29 ਤੇ 30 ਅਕਤੂਬਰ) ਵਿੱਚ ਹੀ ਹਜ਼ਾਰਾਂ ਮਰੀਜ਼ਾਂ ਨੇ ਇਸ ਕੈਂਪ ਦਾ ਲਾਭ ਲੈ ਕੇ ਆਪਣੇ ਸਿਹਤ ਸੰਬੰਧੀ ਮੁਆਇਨੇ ਤੇ ਇਲਾਜ ਕਰਵਾਏ।ਇਹ ਮੈਡੀਕਲ ਕੈਂਪ ਟਰਾਈਡੈਂਟ ਗਰੁੱਪ ਦੇ ਸੰਸਥਾਪਕ ਤੇ ਮੈਂਬਰ ਰਾਜ ਸਭਾ ਪਦਮਸ਼੍ਰੀ ਰਜਿੰਦਰ ਗੁਪਤਾ, ਸੀ.ਐੱਸ.ਆਰ. ਹੈੱਡ ਮੈਡਮ ਮਧੂ ਗੁਪਤਾ ਤੇ ਸੀ.ਐਕਸ.ਓ. ਸ਼੍ਰੀ ਅਭਿਸ਼ੇਕ ਗੁਪਤਾ ਦੀ ਸਿਹਤਮੰਦ ਸਮਾਜ ਦੀ ਦੂਰਅੰਦੇਸ਼ੀ ਸੋਚ ਦਾ ਨਤੀਜਾ ਹੈ।

ਕੈਂਪ ਵਿੱਚ ਕ੍ਰਿਸਚੀਅਨ ਮੈਡੀਕਲ ਕਾਲਜ (ਸੀ.ਐੱਮ.ਸੀ.) ਲੁਧਿਆਣਾ ਦੇ ਮਾਹਿਰ ਡਾਕਟਰਾਂ ਦੀਆਂ ਟੀਮਾਂ ਵੱਲੋਂ ਮਰੀਜ਼ਾਂ ਦੀ ਆਮ ਸਿਹਤ ਜਾਂਚ, ਅੱਖਾਂ ਦੇ ਮੋਤੀਆਬਿੰਦ ਆਪ੍ਰੇਸ਼ਨ, ਦੰਦਾਂ ਦੀ ਸਕੇਲਿੰਗ ਤੇ ਫ਼ਿਲਿੰਗ, ਐਕਸ-ਰੇ, ਈ.ਸੀ.ਜੀ., ਲੈਬ ਟੈਸਟ ਤੇ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਲੋਕਾਂ ਨੂੰ ਉਹ ਸਹੂਲਤਾਂ ਆਪਣੇ ਸ਼ਹਿਰ 'ਚ ਹੀ ਮਿਲ ਰਹੀਆਂ ਹਨ, ਜੋ ਆਮ ਤੌਰ 'ਤੇ ਵੱਡੇ ਹਸਪਤਾਲਾਂ 'ਚ ਹੀ ਉਪਲਬਧ ਹੁੰਦੀਆਂ ਹਨ।ਟਰਾਈਡੈਂਟ ਗਰੁੱਪ ਦੇ ਐਡਮਿਨ ਹੈੱਡ ਸ਼੍ਰੀ ਰੁਪਿੰਦਰ ਗੁਪਤਾ ਨੇ ਦੱਸਿਆ ਕਿ ਇਹ ਕੈਂਪ 29 ਅਕਤੂਬਰ ਤੋਂ ਸ਼ੁਰੂ ਹੋਇਆ ਹੈ ਤੇ ਇਹ 30, 31 ਅਕਤੂਬਰ, 6, 7, 8, 12, 13, 14, 19, 20, 21, 26, 27, 28 ਨਵੰਬਰ ਤੇ 3, 4, 5 ਦਸੰਬਰ ਤੱਕ ਜਾਰੀ ਰਹੇਗਾ। ਰਜਿਸਟ੍ਰੇਸ਼ਨ ਦਾ ਸਮਾਂ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਨਿਰਧਾਰਤ ਹੈ ਤਾਂ ਜੋ ਹਰ ਮਰੀਜ਼ ਨੂੰ ਸਮੇਂ 'ਤੇ ਸੇਵਾ ਮਿਲ ਸਕੇ।ਕੈਂਪ ਵਿੱਚ ਸੀ.ਐੱਮ.ਸੀ. ਲੁਧਿਆਣਾ ਦੇ 65 ਮੈਂਬਰਾਂ ਦੀ ਟੀਮ ਸੇਵਾਵਾਂ ਦੇ ਰਹੀ ਹੈ, ਜਿਸ ਵਿੱਚ 22 ਅੱਖਾਂ ਦੇ ਮਾਹਰ ਡਾਕਟਰ, ਡੈਂਟਲ ਵਿਸ਼ੇਸ਼ਗਿਆਨ ਤੇ ਡਾਇਗਨੋਸਟਿਕ ਵਿਭਾਗ ਦੇ ਡਾਕਟਰ ਸ਼ਾਮਲ ਹਨ।ਇਨ੍ਹਾਂ ਦੇ ਨਾਲ 16 ਮੈਡੀਸਨ ਸਪੈਸ਼ਲਿਸਟ ਡਾਕਟਰ ਚਮੜੀ, ਨੱਕ, ਕੰਨ, ਜੋੜਾਂ ਤੇ ਮਹਿਲਾ ਰੋਗਾਂ ਦੀ ਜਾਂਚ ਕਰ ਰਹੇ ਹਨ।ਈ.ਸੀ.ਜੀ. ਤੇ ਐਕਸ-ਰੇ ਟੈਸਟ ਪੂਰੀ ਤਰ੍ਹਾਂ ਮੁਫ਼ਤ ਹਨ।ਸੀ.ਐੱਮ.ਸੀ. ਹਸਪਤਾਲ ਦੇ ਡਾਇਰੈਕਟਰ ਡਾ. ਵਿਲੀਅਮ ਭੱਟੀ, ਮੈਡੀਕਲ ਸੁਪਰੀਟੈਂਡੈਂਟ ਡਾ. ਐਲਨ ਜੋਜ਼ਫ਼, ਨਰਸਿੰਗ ਸੁਪਰੀਟੈਂਡੈਂਟ ਡਾ. ਸੰਗੀਤਾ ਨੀਕੋਲਸ ਤੇ ਐਡਮਿਨਿਸਟਰੇਟਰ ਮਿਸ ਮੇਘਲਾ ਰਾਮਾਸਵਾਮੀ ਦੀ ਅਗਵਾਈ ਹੇਠ ਟੀਮ ਮਰੀਜ਼ਾਂ ਨੂੰ ਉੱਚ ਪੱਧਰੀ ਇਲਾਜ ਮੁਹੱਈਆ ਕਰਵਾ ਰਹੀ ਹੈ।ਡਾ. ਵਿਨੇ ਵਿਲਸਨ, ਇੰਚਾਰਜ਼ ਡੋਲੀ, ਅਨੁਜ਼ ਤੇ ਹੀਰਾ ਦੀ ਟੀਮ ਵੱਲੋਂ ਹਰ ਮਰੀਜ਼ ਦੀ ਸਿਹਤ ਸਮੱਸਿਆ ਨੂੰ ਧਿਆਨ ਨਾਲ ਸੁਣ ਕੇ ਇਲਾਜ ਕੀਤਾ ਜਾ ਰਿਹਾ ਹੈ।ਮੈਡੀਕਲ ਕੈਂਪ ਵਿੱਚ ਆਏ ਮਰੀਜ਼ਾਂ ਨੇ ਟਰਾਈਡੈਂਟ ਗਰੁੱਪ ਦੀ ਇਸ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾ ਕਿਹਾ ਕਿ ਇਹ ਕੈਂਪ ਸਾਡੇ ਵਰਗੇ ਗਰੀਬਾਂ ਲਈ ਰੱਬ ਦਾ ਭੇਜਿਆ ਵਰਦਾਨ ਹੈ।ਉਨ੍ਹਾਂ ਕਿਹਾ ਕਿ ਟਰਾਈਡੈਂਟ ਗਰੁੱਪ ਦੇ ਪਦਮਸ਼੍ਰੀ ਰਾਜਿੰਦਰ ਗੁਪਤਾ ਜੀ ਨੇ ਸਾਡੇ ਲਈ ਅਸਲੀ ਸਿਹਤ ਵਰਦਾਨ ਭੇਟ ਕੀਤਾ ਹੈ।ਟਰਾਈਡੈਂਟ ਗਰੁੱਪ ਦਾ ਇਹ ਫਰੀ ਮੈਗਾ ਮੈਡੀਕਲ ਕੈਂਪ 2025 ਸਿਹਤ ਸੇਵਾ ਦੀ ਉਸ ਦ੍ਰਿਸ਼ਟੀ ਦਾ ਪ੍ਰਤੀਕ ਹੈ, ਜਿੱਥੇ ਕਾਰਪੋਰੇਟ ਜ਼ਿੰਮੇਵਾਰੀ ਸਮਾਜਕ ਭਲਾਈ ਨਾਲ ਜੁੜਦੀ ਹੈ।ਇਹ ਉਪਰਾਲਾ ਨਿਸ਼ਚਤ ਤੌਰ 'ਤੇ ਬਰਨਾਲਾ ਸਮੇਤ ਆਲੇ-ਦੁਆਲੇ ਦੇ ਇਲਾਕਿਆਂ ਲਈ ਸਿਹਤਕ੍ਰਾਂਤੀ ਦੀ ਸ਼ੁਰੂਆਤ ਸਾਬਿਤ ਹੋ ਰਿਹਾ ਹੈ।

## ਕਾਤਰਾਂ

### ਲੋਹਗੜ੍ਹ 'ਚ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ 3 ਤੋਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰਦੁਆਰਾ ਹਵੇਲੀ ਸਾਹਿਬ ਪਿੰਡ ਲੋਹਗੜ੍ਹ (ਬਰਨਾਲਾ) ਵਿਖੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ 3 ਤੋਂ 5 ਨਵੰਬਰ ਤੱਕ ਸ਼ਰਧਾ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਬਾਬਾ ਗੁਰਚਰਨ ਸਿੰਘ ਛੱਡੇ ਵਾਲੇ, ਮਹੰਤ ਨਛੱਤਰ ਸਿੰਘ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਧਾਰਮਿਕ ਸਮਾਗਮ ਦੌਰਾਨ 3 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, ਜਿਨ੍ਹਾਂ ਦੇ ਭੋਗ 5 ਨਵੰਬਰ ਨੂੰ ਸਵੇਰੇ 10 ਵਜੇ ਪਾਏ ਜਾਣਗੇ। ਇਸ ਉਪਰੰਤ ਉੱਘੇ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਮਹਿਲ ਕਲਾਂ ਗੁਰਇਤਿਹਾਸ ਪੇਸ਼ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ।ਪ੍ਰਬੰਧਕਾਂ ਅਨੁਸਾਰ ਇਸ ਮੌਕੇ ਹਰ ਸਾਲ ਦੀ ਤਰ੍ਹਾਂ ਸਾਹ ਦਮੇ ਦੇ ਮਰੀਜ਼ਾਂ ਨੂੰ ਮੁਫ਼ਤ ਦੇਸੀ ਦਵਾਈ ਪੂਰਨਮਾਸ਼ੀ ਵਾਲੇ ਦਿਨ 5 ਨਵੰਬਰ ਨੂੰ ਸਵੇਰੇ 4 ਵਜੇ ਖੀਰ 'ਚ ਖੁਆਈ ਜਾਵੇਗੀ।

### ਮਨਦੀਪ ਸਿੰਘ ਦੇ ਸਮਰਥਕਾਂ 'ਤੇ ਹਕੂਮਤੀ ਦਬਾਅ ਨਾਲ 'ਆਪ' ਨੇ ਹਾਰ ਪ੍ਰਵਾਨ ਕੀਤੀ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਭਗਵੰਤ ਸਿੰਘ ਮਾਨ ਦੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਸਮੇਂ ਉਥੋਂ ਦੇ ਬਹੁਗਿਣਤੀ ਵੋਟਰਾਂ ਵੱਲੋਂ ਮਨਦੀਪ ਸਿੰਘ ਦੇ ਪੱਖ ਵਿੱਚ ਚੱਲਣ ਨਾਲ ਜੋ ਪੰਥਕ ਸਮਰੱਥਕਾਂ ਉਤੇ ਗੈਰ ਕਾਨੂੰਨੀ ਝੂਠੇ ਕੇਸ ਦਰਜ ਕਰਨ ਜਾਂ ਜਬਰ ਢਾਹੁਣ ਦੀ ਗੈਰ ਅਸੂਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ, ਇਸ ਨੇ ਪ੍ਰਤੱਖ ਕਰ ਦਿੱਤਾ ਹੈ ਕਿ ਭਗਵੰਤ ਮਾਨ ਸਰਕਾਰ ਤੇ ਆਮ ਆਦਮੀ ਪਾਰਟੀ ਵੱਲੋ ਬੁਖਲਾਹਟ ਵਿਚ ਆ ਕੇ ਅਜਿਹੇ ਅਮਲ ਕੀਤੇ ਜਾ ਰਹੇ ਹਨ, ਜੋ ਹਲਕੇ ਦੀਆਂ ਵੋਟਾਂ ਪੈਣ ਤੋਂ ਪਹਿਲੇ ਹੀ ਆਪਣੀ ਹਾਰ ਨੂੰ ਕਬੂਲ ਕਰਨ ਦਾ ਵੀ ਪ੍ਰਤੱਖ ਸਬੂਤ ਹੈ।ਇਹ ਅਮਲ ਇਹੋ ਜਿਹਾ ਹੈ ਜਿਵੇਂ ਜੁਆਰੀਆਂ ਦੀ ਖੇਡ 'ਚ ਹਾਰਨ ਵਾਲਾ ਖਿਡਾਰੀ ਖੁਦ ਹੀ ਗੀਟੀ ਖਿਲਾਰ ਕੇ ਆਪਣੀ ਹਾਰ ਨੂੰ ਪ੍ਰਵਾਨ ਕਰ ਲੈਂਦਾ ਹੈ।ਇਸ ਲਈ ਸਰਕਾਰ ਦੇ ਇਸ ਜਬਰ ਵਾਲੇ ਹੱਥਕੰਡਿਆਂ ਦੀ ਬਦੌਲਤ ਪੰਥਕ ਉਮੀਦਵਾਰ ਮਨਦੀਪ ਸਿੰਘ ਪਹਿਲੇ ਨਾਲੋਂ ਵੀ ਵਧੇਰੇ ਲੀਡ ਨਾਲ ਇਸ ਚੋਣ ਮੈਦਾਨ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰਨਗੇ।ਪੰਜਾਬੀ ਤੇ ਸਿੱਖ ਕੌਮ ਸਰਕਾਰੀ ਜਬਰ ਨੂੰ ਕਤਈ ਪ੍ਰਵਾਨ ਨਹੀਂ ਕਰਨਗੇ।

### ਕਿਸਾਨਾਂ ਦੇ ਮਸਲਿਆਂ ਨੂੰ ਲੈ ਕੇ ਪਿੰਡਾਂ 'ਚ ਕੀਤੀਆਂ ਰੈਲੀਆਂ

**ਬੁਢਲਾਡਾ (ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਬੁਢਲਾਡਾ ਬਲਾਕ ਦੇ ਪਿੰਡ ਬਰੇ ਤੇ ਪਿਪਲੀਆ ਵਿੱਚ ਪਰਾਲੀ ਦੇ ਮਸਲੇ ਦੇ ਸੰਬੰਧ ਵਿੱਚ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੱਤਪਾਲ ਸਿੰਘ ਬਰੇ ਦੀ ਅਗਵਾਈ ਹੇਠ ਰੈਲੀ ਕੀਤੀ ਗਈ, ਜਿਸ ਵਿੱਚ ਪਿੰਡ ਦੇ ਕਿਸਾਨਾਂ ਨੇ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ। ਜਥੇਬੰਦੀ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤੇ ਰਾਜ ਸਰਕਾਰ ਤੋਂ ਮੰਗ ਕੀਤੀ ਕਿ ਪਰਾਲੀ ਨੂੰ ਸਮੇਟਣ ਲਈ ਜਲਦ ਤੋਂ ਜਲਦ ਮਸ਼ੀਨਰੀ ਦਾ ਪ੍ਰਬੰਧ ਕੀਤਾ ਜਾਵੇ ਜਾਂ ਆਪਣੀ ਪੱਧਰ ਉੱਤੇ ਖੇਤਾਂ ਵਿੱਚੋਂ ਪਰਾਲੀ ਦੀ ਚੁਕਾਈ ਕਰਾਈ ਜਾਵੇ ਤਾਂ ਜੁ ਕਿਸਾਨ ਆਪਣੀ ਕਣਕ ਦੀ ਬਿਜਾਈ ਸਮੇਂ ਸਿਰ ਕਰ ਸਕਣ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ, ਪਰਾਲੀ ਨੂੰ ਚੁੱਕਣ ਦਾ ਕੋਈ ਹੀਲਾ ਵਸੀਲਾ ਨਹੀਂ ਕਰਦੀ ਤੇ ਨਾ ਹੀ ਕਿਸਾਨਾਂ ਨੂੰ ਮਸ਼ੀਨਰੀ ਮੁਹੱਈਆ ਕਰਾਉਂਦੀ ਹੈ ਤੇ ਉਲਟਾ ਮਜਬੂਰਨ ਕਿਸਾਨਾਂ ਉੱਪਰ ਜੁਰਮਾਨੇ, ਗ੍ਰਿਫ਼ਤਾਰੀਆਂ ਤੇ ਹੋਰ ਪਾਬੰਦੀਆਂ ਲਾਉਂਦੀ ਹੈ ਤਾਂ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਕਿਸਾਨਾਂ ਦੀਆਂ ਮਜਬੂਰੀਆਂ ਨੂੰ ਦੇਖਦੇ ਹੋਏ, ਸਰਕਾਰ ਦੇ ਇਸ ਨਾਦਰਸ਼ਾਹੀ ਫ਼ੁਰਮਾਨ ਦਾ ਵਿਰੋਧ ਕਰੇਗੀ।

# ਰੇਡੀਐਂਟ ਪਬਲਿਕ ਸਕੂਲ ਦੀ ਮੰਨਤ ਦੀ ਰਾਸ਼ਟਰ ਪੱਧਰੀ ਖੇਡਾਂ ਲਈ ਚੋਣ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਰੇਡੀਐਂਟ ਪਬਲਿਕ ਸਕੂਲ ਮਾਹੂਆਣਾ ਬੋਦਲਾ ਦੀ ਹੋਣਹਾਰ ਵਿਦਿਆਰਥਣ ਮੰਨਤ ਕੰਬੋਜ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। [illegible] ਫੁੱਲਾਂ ਦੀ ਵਰਖਾ ਕਰਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਮੰਨਤ ਦੇ ਮਾਪਿਆਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਕੂਲ ਕੈਂਪਸ ਵਿਖੇ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਗਈ।ਸਕੂਲ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸ੍ਰੀ ਕਪਿਲ ਦਹੂਜਾ ਨੇ ਕਿਹਾ ਕਿ ਮੰਨਤ ਨੇ ਸਾਬਿਤ ਕਰ ਦਿੱਤਾ ਹੈ ਕਿ ਜੇ ਮਨ ਵਿੱਚ ਕੁਝ ਕਰਨ ਦਾ ਜਜ਼ਬਾ ਹੋਵੇ ਤਾਂ ਹਰ ਮੰਜ਼ਿਲ ਆਸਾਨ ਹੈ।ਉਸ ਦੀ ਪ੍ਰਾਪਤੀ ਸਕੂਲ ਦੇ ਉੱਚ ਸਿੱਖਿਆ ਪੱਧਰ ਤੇ ਮਜ਼ਬੂਤ ਖੇਡ ਸੱਭਿਆਚਾਰ ਦੀ ਝਲਕ ਹੈ। [illegible] ਕਿ ਮੰਨਤ ਦੀ ਮਿਹਨਤ, ਲਗਨ ਤੇ ਜਜ਼ਬੇ ਨੇ ਇਸ ਸਫਲਤਾ ਨੂੰ ਸੰਭਵ ਬਣਾਇਆ ਹੈ।ਅਕਾਦਮਿਕ ਮੁਖੀ ਡਾ. ਗੁਰਵੀਨ ਕੌਰ ਨੇ ਕਿਹਾ ਕਿ ਇਹ ਮੰਨਤ ਲਈ ਹੀ ਨਹੀਂ, ਸਗੋਂ ਪੂਰੇ ਸਕੂਲ ਪਰਵਾਰ ਲਈ ਮਾਣ ਦਾ ਪਲ ਹੈ।ਅਸੀਂ ਉਸ ਨੂੰ ਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਲਈ ਸ਼ੁੱਭ-ਕਾਮਨਾਵਾਂ ਦਿੰਦੇ ਹਾਂ। ਇਸ ਮੌਕੇ ਸਕੂਲ ਦੀ ਸਮੁੱਚੀ ਟੀਮ ਦੇ ਵੱਲੋਂ ਮੰਨਤ ਕੰਬੋਜ ਤੇ ਐਥਲੈਟਿਕਸ ਕੋਚ ਮੈਡਮ ਪ੍ਰਿਅੰਕਾ ਰਾਣੀ ਨੂੰ ਮੁਬਾਰਕਬਾਦ ਦਿੱਤੀ ਗਈ।

# ਸਰਕਾਰ ਦੀਆਂ ਟਰਾਂਸਪੋਰਟ ਨੀਤੀਆਂ ਖਿਲਾਫ ਮੁਲਾਜ਼ਮਾਂ 'ਚ ਭਾਰੀ ਰੋਸ

**ਏਟਕ ਨਾਲ ਸੰਬੰਧਤ ਯੂਨੀਅਨ ਨੇ ਕੀਤੀ ਮੁੜ ਮੀਟਿੰਗ**

**ਲੁਧਿਆਣਾ (ਰੈਕਟਰ ਕਥੂਰੀਆ)** ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰ ਯੂਨੀਅਨ (ਏਟਕ) ਪੰਜਾਬ ਰੋਡਵੇਜ਼ ਲੁਧਿਆਣਾ ਦੇ ਅਹੁਦੇਦਾਰਾਂ ਦੀ ਇਕੱਤਰਤਾ ਬੱਸ ਅੱਡਾ ਲੁਧਿਆਣਾ ਵਿਖੇ ਹੋਈ, [illegible] ਮੁਲਾਜ਼ਮ ਆਪਣੀਆਂ ਆਰਥਿਕ ਮੰਗਾਂ ਦੇ ਨਾਲ-ਨਾਲ ਪਬਲਿਕ ਅਦਾਰਿਆਂ ਨੂੰ ਬਚਾਉਣ ਦੀ ਲੜਾਈ ਵੀ ਲੜ ਰਹੇ ਹਨ।

ਪੰਜਾਬ ਸਰਕਾਰ ਠੇਕੇ 'ਤੇ ਰੱਖੇ ਕਾਮਿਆਂ ਨੂੰ ਛੇਤੀ ਪੱਕਾ ਕਰਨ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੇ ਨਾਮ ਉੱਪਰ ਸੱਤਾ ਵਿੱਚ ਆਈ, ਪਰ ਸਿਵਾਏ ਮੀਟਿੰਗਾਂ ਦੇ ਅਮਲੀ ਰੂਪ ਵਿੱਚ ਕੱਖ ਨਹੀਂ ਹੋਇਆ।ਲੰਘੇ ਚਾਰ ਸਾਲਾਂ [illegible] ਰਿਹਾ ਹੈ।ਮਹਿਕਮੇ ਦੀ ਵਿੱਤੀ ਹਾਲਤ ਐਨੀ ਨਿੱਘਰ ਚੁੱਕੀ ਹੈ ਕਿ ਨਵੀਆਂ ਟਿਕਟ ਮਸ਼ੀਨਾਂ ਦੀ ਖ਼ਰੀਦ ਕਰਨ ਲਈ ਕੋਈ ਪੈਸਾ ਮੌਜੂਦ ਨਹੀਂ, ਜਦਕਿ ਪੁਰਾਣੀਆਂ ਮਸ਼ੀਨਾਂ ਖਸਤਾ ਹੋ ਚੁੱਕੀਆਂ ਹਨ।ਇਸ ਤੋਂ ਇਲਾਵਾ ਦਫਤਰ ਦੀ ਮੈਨੇਜਮੈਂਟ ਕਮੇਟੀ ਦੀ ਲਿਖਤੀ ਸਿਫਾਰਸ਼ ਤੋਂ ਬਿਨਾਂ ਹੀ ਜੀ ਐੱਮ ਵੱਲੋਂ ਡਿੱਪੂ ਦੇ ਕਰਮਚਾਰੀਆਂ ਦੀ ਆਪਣੀ ਮਰਜ਼ੀ ਨਾਲ ਹੀ ਸੀਟਾਂ ਦੀ ਅਦਲਾ-ਬਦਲੀ ਕੀਤੀ ਜਾਂਦੀ ਹੈ, ਜਿਵੇਂ ਕਿ ਲੰਬੇ ਸਮੇਂ ਤੋਂ ਹੀ ਇਕ ਸਫਾਈ ਸੇਵਿਕਾ ਨੂੰ ਕਲਰਕ ਦੀ ਸੀਟ 'ਤੇ [illegible] ਜ਼ਾਹਰ ਹੈ ਕਿ ਸਿਆਸੀ ਤਾਕਤ ਦੀ ਦੁਰਵਰਤੋਂ ਕਰਦੇ ਹੋਏ ਲੋਕਤੰਤਰ ਤੇ ਮੁਲਾਜ਼ਮਾਂ ਦੇ ਬੁਨਿਆਦੀ ਹੱਕ ਮਧੋਲੇ ਜਾ ਰਹੇ ਹਨ।ਸਾਡੀ ਜਥੇਬੰਦੀ ਸਰਕਾਰ ਤੋਂ ਮੰਗ ਕਰਦੀ ਹੈ ਕਿ ਉਪਰੋਕਤ ਮੰਗਾਂ ਦਾ ਸੰਜੀਦਗੀ ਨਾਲ ਕੋਈ ਹੱਲ ਕੀਤਾ ਜਾਵੇ ਨਹੀਂ ਤਾਂ ਰੋਡਵੇਜ਼, ਪਨਬਸ ਦਾ ਸਮੁੱਚਾ ਕਾਮਾ ਸੜਕਾਂ 'ਤੇ ਆਉਣ ਲਈ ਮਜਬੂਰ ਹੋਵੇਗਾ।

# ਸਿੱਖ ਧਰਮ ਖਿਲਾਫ ਮਾੜੀ ਸ਼ਬਦਾਵਲੀ ਬੋਲਣ ਵਾਲਿਆਂ ਨੂੰ ਸਖਤ ਤਾੜਨਾ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਪ੍ਰੈੱਸ ਕਲੱਬ ਵਿਖੇ ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਦੇ ਸੇਵਾਦਾਰਾਂ ਸਿਮਰਜੀਤ ਸਿੰਘ ਸੰਧੂ ਜੰਗ ਤੇ ਸਾਰਜ [illegible] ਸੰਧੂ ਤੇ ਸਾਰਜ ਸਿੰਘ ਸੰਧੂ ਨੇ ਕਿਹਾ ਕਿ ਗੁਰੂਹਰਸਹਾਏ, ਜਲਾਲਾਬਾਦ ਫਾਜ਼ਿਲਕਾ, ਫਿਰੋਜ਼ਪੁਰ ਦਿਹਾਤੀ, ਫਿਰੋਜ਼ਪੁਰ ਸ਼ਹਿਰੀ, ਫ਼ਰੀਦਕੋਟ ਸ੍ਰੀ ਮੁਕਤਸਰ ਸਾਹਿਬ ਏਰੀਏ ਵਿੱਚ ਕਿਸੇ ਵੀ ਪਖੰਡੀ ਬਾਬੇ ਨੇ ਕੋਈ ਵੀ ਠੱਗੀ ਕਿਸੇ ਭੋਲੇ ਭਾਲੇ ਇਨਸਾਨ ਨਾਲ ਮਾਰੀ ਹੈ, ਉਹ ਸਾਡੇ ਨਾਲ ਸੰਪਰਕ ਜ਼ਰੂਰ ਕਰੇ।ਆਉਣ ਵਾਲੇ ਦਿਨਾਂ 'ਚ ਉਨ੍ਹਾਂ ਪਖੰਡਵਾਦ ਖਿਲਾਫ ਚੱਲ ਰਹੀ ਮੁਹਿੰਮ ਨੂੰ ਹੋਰ ਤੇਜ਼ ਕਰਨ ਦੀ ਗੱਲ ਕਹੀ।

# ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ 'ਵਰਸਿਟੀ ਦੇ ਵੀ ਸੀ ਵੱਲੋਂ ਬੀ ਸੀ ਐੱਲ ਦੇ ਮੈਨੇਜਿੰਗ ਡਾਇਰੈਕਟਰ ਮਿੱਤਲ ਦਾ ਸਨਮਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਦੇ ਵਾਈਸ ਚਾਂਸਲਰ ਤੇ ਹੋਰ ਸੀਨੀਅਰ ਮੈਨੇਜਮੈਂਟ ਵੱਲੋਂ ਬੀਸੀਐੱਲ ਇੰਡਸਟਰੀਜ਼ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਰਾਜਿੰਦਰ ਮਿੱਤਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਹ ਸਨਮਾਨ ਯੂਨੀਵਰਸਿਟੀ ਵਿਖੇ ਬੀਸੀਐੱਲ ਦੇ ਸਹਿਯੋਗ ਨਾਲ ਸਥਾਪਤ ਕੀਤੀ ਗਈ ਬੀਸੀਐੱਲ-ਏਆਈਸੀਟੀਈ ਆਈਡੀਆ ਲੈਬ ਤੇ ਹੋਰ ਖੇਤਰਾਂ 'ਚ ਪਾਏ ਗਏ ਅਹਿਮ ਯੋਗਦਾਨ ਲਈ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਸੰਜੀਵ ਕੁਮਾਰ ਸ਼ਰਮਾ ਤੇ ਮੈਨੇਜਿੰਗ ਡਾਇਰੈਕਟਰ ਰਾਜਿੰਦਰ ਮਿੱਤਲ ਤੋਂ ਇਲਾਵਾ ਕੰਪਨੀ ਦੇ ਜੁਆਇੰਟ ਮੈਨੇਜਿੰਗ ਡਾਇਰੈਕਟਰ ਕੁਸ਼ਲ ਮਿੱਤਲ ਦੀ ਅਗਵਾਈ ਹੇਠ ਦੋਵਾਂ ਧਿਰਾਂ ਵੱਲੋਂ ਇਕ ਅਹਿਮ ਮੀਟਿੰਗ ਕੀਤੀ ਗਈ ਤੇ ਭਵਿੱਖ 'ਚ ਵੀ ਇਕ ਸਾਂਝੇ ਪਲੇਟਫਾਰਮ 'ਤੇ ਮਿਲ ਕੇ ਸਿੱਖਿਆ ਦੇ ਖੇਤਰ 'ਚ ਹੋਰ ਕੰਮ ਕਰਨ ਸਬੰਧੀ ਵਿਚਾਰਾਂ ਕੀਤੀਆਂ ਗਈਆਂ।ਬੀਸੀਐੱਲ ਇੰਡਸਟਰੀਜ਼ ਵਿਖੇ ਵਾਈਸ ਚਾਂਸਲਰ ਪ੍ਰੋਫੈਸਰ ਸ਼ਰਮਾ ਤੋਂ ਇਲਾਵਾ ਯੂਨੀਵਰਸਿਟੀ ਦੇ ਆਈਕਿਊਏਸੀ ਦੇ ਡਾਇਰੈਕਟਰ ਡਾ. ਆਸ਼ੀਸ਼ ਬਾਲਦੀ, ਡੀਨ ਇੰਡਸਟਰੀਜ਼ ਐਂਡਲਿੰਕੇਜ ਡਾ. ਮਨਜੀਤ ਬਾਂਸਲ ਤੋਂ ਇਲਾਵਾ ਡਾਇਰੈਕਟਰ ਟ੍ਰੈਨਿੰਗ ਐਂਡ ਪਲੇਸਮੈਂਟ ਹਰਜੋਤ ਸਿੰਘ ਸਿੱਧੂ ਮੌਜੂਦ ਸਨ।ਇਸ ਮੌਕੇ ਵਾਈਸ ਚਾਂਸਲ ਪ੍ਰੋਫੈਸਰ ਸੰਜੀਵ ਕੁਮਾਰ ਸ਼ਰਮਾ ਨੇ ਦੱਸਿਆ ਕਿ ਪਿਛਲੇ ਸਮੇਂ 'ਚ ਯੂਨੀਵਰਸਿਟੀ ਕੈਂਪਸ ਅੰਦਰ, ਜੋ ਬੀਸੀਐੱਲ ਦੇ ਸਹਿਯੋਗ ਨਾਲ ਬੀਸੀਐੱਲ ਆਈਡੀਆ ਲੈਬ ਸਥਾਪਤ ਕੀਤੀ ਗਈ ਹੈ, ਉਸ ਨੂੰ ਹੁਣ ਤੱਕ ਪੰਜਾਬ ਦੇ ਵੱਖ-ਵੱਖ ਕਾਲਜ ਯੂਨੀਵਰਸਿਟੀਆਂ ਦੇ 20 ਹਜ਼ਾਰ ਤੋਂ ਜ਼ਿਆਦਾ ਵਿਦਿਆਰਥੀ ਦੇਖ ਚੁੱਕੇ ਹਨ, ਜਿਸ ਦਾ ਵਿਦਿਆਰਥੀਆਂ ਨੂੰ ਕਾਫੀ ਫਾਇਦਾ ਹੋ ਰਿਹਾ ਹੈ।ਉਨ੍ਹਾਂ ਇਸ ਮੌਕੇ ਕੰਪਨੀ ਦੇ ਐੱਮ ਡੀ ਰਾਜਿੰਦਰ ਮਿੱਤਲ ਨੂੰ ਜਿੱਥੇ ਸਨਮਾਨਤ ਕੀਤਾ, ਉਥੇ ਹੀ ਭਵਿੱਖ 'ਚ ਵੀ ਦੋਵਾਂ ਧਿਰਾਂ ਵੱਲੋਂ ਮਿਲ ਕੇ ਕੰਮ ਕਰਨ ਸਬੰਧੀ ਵਿਚਾਰਾਂ ਕੀਤੀਆਂ।ਇਸ ਮੌਕੇ ਬੀਸੀਐੱਲ ਦੇ ਜੁਆਇੰਟ ਮੈਨੇਜਿੰਗ ਡਾਇਰੈਕਟਰ ਕੁਸ਼ਲ ਮਿੱਤਲ ਵੱਲੋਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਤੇ ਹੋਰ ਉੱਚ ਅਧਿਕਾਰੀਆਂ ਦਾ ਬੀਸੀਐੱਲ ਵਿਖੇ ਪਹੁੰਚਣ 'ਤੇ ਧੰਨਵਾਦ ਕੀਤਾ।

# ਕੇਂਦਰੀ ਜੇਲ੍ਹ 'ਚੋਂ 27 ਮੋਬਾਇਲ ਫੋਨ, 5 ਡਾਟਾ ਕੇਬਲ ਤੇ ਨਸ਼ੀਲੇ ਪਦਾਰਥ ਬਰਾਮਦ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)**-ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ 'ਚ ਤਲਾਸ਼ੀ ਦੌਰਾਨ ਵੱਡੀ ਗਿਣਤੀ 'ਚ 27 ਮੋਬਾਇਲ ਫੋਨ, 5 ਡਾਟਾ ਕੇਬਲ, 1 ਅਡੈਪਟਰ, 1 ਬੈਟਰੀ, 1 ਚਾਰਜਰ, 159 ਪੁੜੀਆਂ ਜਰਦਾ ਤੇ 2 ਪੈਕੇਟ ਸਿਗਰੇਟ ਬਰਾਮਦ ਹੋਇਆ ਹੈ।ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇਸ ਮਾਮਲੇ ਵਿਚ ਅਣਪਛਾਤੇ ਵਿਅਕਤੀਆਂ ਖਿਲਾਫ 42, 52-ਏ ਪਰੀਜਨ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਥਾਣਾ ਸਿਟੀ ਫ਼ਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਵੱਲੋਂ ਪੱਤਰ ਨੰਬਰ 7565 ਮਿਤੀ 19 ਅਕਤੂਬਰ ਨੂੰ 1 ਕੀਪੈਡ ਮੋਬਾਇਲ ਫੋਨ ਸਮੇਤ ਬੈਟਰੀ, ਬਿਨਾਂ ਸਿੰਮ ਲਵਾਰਸ ਹਾਲਤ ਵਿੱਚ ਬਰਾਮਦ ਹੋਇਆ।ਪੱਤਰ ਨੰਬਰ 7570 ਮਿਤੀ 19 ਅਕਤੂਬਰ ਨੂੰ ਤਲਾਸ਼ੀ ਦੌਰਾਨ 2 ਟੱਚ ਸਕਰੀਨ ਮੋਬਾਇਲ ਫੋਨ ਸਮੇਤ ਸਿੰਮ ਲਾਵਾਰਸ ਹਾਲਤ ਵਿਚ ਬਰਾਮਦ ਹੋਏ।

ਪੱਤਰ ਨੰਬਰ 7631 ਮਿਤੀ 21 ਅਕਤੂਬਰ ਦੀ ਰਾਤ ਨੂੰ ਦੋ ਟੱਚ ਸਕਰੀਨ ਮੋਬਾਇਲ ਫੋਨ ਸਮੇਤ ਸਿੰਮ ਲਵਾਰਸ ਹਾਲਤ ਵਿਚ ਬਰਾਮਦ ਹੋਏ। ਜੇਲ੍ਹ ਅਧਿਕਾਰੀ ਨੇ ਦੱਸਿਆ ਕਿ ਪੱਤਰ ਨੰਬਰ 7841 ਮਿਤੀ 21 ਅਕਤੂਬਰ ਨੂੰ ਇਕ ਕੀਪੈਡ ਮੋਬਾਇਲ ਫੋਨ ਸਮੇਤ ਬੈਟਰੀ ਸਮੇਤ ਏਅਰਟੈੱਲ ਕੰਪਨੀ ਦੀ ਸਿੰਮ ਲਵਾਰਸ ਹਾਲਤ ਬਰਾਮਦ ਹੋਇਆ।ਪੱਤਰ ਨੰਬਰ 7851 ਮਿਤੀ 21-22 ਅਕਤੂਬਰ 2025 ਦੀ ਰਾਤ ਨੂੰ ਤਲਾਸ਼ੀ ਦੌਰਾਨ ਜੇਲ੍ਹ ਅੰਦਰੋਂ 5 ਕੀਪੈਡ ਮੋਬਾਇਨ, 1 ਚਾਰਜਰ, 1 ਬੈਟਰੀ ਤੇ 3 ਡਾਟਾ ਕੇਬਲ ਲਵਾਰਸ ਹਾਲਤ ਬਰਾਮਦ ਹੋਏ।ਪੱਤਰ ਨੰਬਰ 7934 ਮਿਤੀ 24 ਅਕਤੂਬਰ ਨੂੰ ਇਕ ਟੱਚ ਸਕਰੀਨ ਮੋਬਾਇਲ ਫੋਨ ਸਮੇਤ ਏਅਰਟੈੱਲ ਕੰਪਨੀ ਦੀ ਸਿੰਮ ਲਵਾਰਸ ਹਾਲਤ ਬਰਾਮਦ ਹੋਇਆ।ਪੱਤਰ ਨੰਬਰ 7946 ਮਿਤੀ 25 ਅਕਤੂਬਰ ਨੂੰ ਜੇਲ੍ਹ ਅੰਦਰੋਂ ਤਲਾਸ਼ੀ ਦੌਰਾਨ 1 ਕੀਪੈਡ ਮੋਬਾਇਲ ਫੋਲ ਸਮੇਤ ਸਿੰਮ ਤੇ ਬੈਟਰੀ ਸਮੇਤ ਡਾਟਾ ਕੇਬਲ ਲਵਾਰਿਸ ਹਾਲਤ ਬਰਾਮਦ ਹੋਏ।ਜੇਲ੍ਹ ਅਧਿਕਾਰੀ ਨੇ ਦੱਸਿਆ ਕਿ ਕੇਂਦਰੀ ਜੇਲ੍ਹ ਅੰਦਰ ਤਲਾਸ਼ੀ ਦੌਰਾਨ 15 ਹੋਰ ਮੋਬਾਇਲ ਫੋਨ, 2 ਡਾਟਾ ਕੇਬਲ, 159 ਪੁੜੀਆਂ ਜਰਦਾ, 2 ਪੈਕੇਟ ਸਿਗਰਟ ਬਰਾਮਦ ਹੋਏ।ਜਾਂਚਕਰਤਾ ਸ਼ਰਮਾ ਸਿੰਘ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ਼ ਮਾਮਲੇ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਲੋਕ ਸੇਵਾ ਮੇਰੀ ਸਭ ਤੋਂ ਵੱਡੀ ਤਰਜੀਹ : ਕੌਂਸਲਰ ਮਨਦੀਪ ਕੱਕੜ

**ਆਪਣੇ ਸਮਰਪਤ ਕੰਮਾਂ ਨਾਲ ਸ਼ਹਿਰ ਵਾਸੀਆਂ ਦੇ ਦਿਲਾਂ 'ਚ ਬਣਾਈ ਖਾਸ ਥਾਂ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਨਿਰਸਵਾਰਥ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਨ ਵਾਲੇ ਪ੍ਰਸਿੱਧ ਸਮਾਜ ਸੇਵੀ ਤੇ ਕੌਂਸਲਰ ਮਨਦੀਪ ਕੱਕੜ ਨੇ ਆਪਣੇ ਸਮਰਪਤ ਕੰਮਾਂ ਨਾਲ ਸ਼ਹਿਰ ਦੇ ਨਿਵਾਸੀਆਂ ਦੇ ਦਿਲਾਂ ਵਿੱਚ ਖਾਸ ਥਾਂ ਬਣਾਈ ਹੈ।ਮਨਦੀਪ ਕੱਕੜ ਨੇ ਕਿਹਾ ਕਿ ਉਨ੍ਹਾਂ ਲਈ ਰਾਜਨੀਤੀ ਜਾਂ ਪਾਰਟੀਵਾਦ ਨਹੀਂ, ਸਗੋਂ ਲੋਕ ਸੇਵਾ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਸਪੱਸ਼ਟ ਕਿਹਾ ਕਿ ਉਮੇਰਾ ਮੁੱਖ ਫਰਜ਼ ਸਿਰਫ ਆਪਣੇ ਵਾਰਡ ਤੱਕ ਸੀਮਤ ਨਹੀਂ, ਸਗੋਂ ਪੂਰੇ ਸ਼ਹਿਰ ਨੂੰ ਸਾਫ-ਸੁਥਰਾ ਤੇ ਸੁੰਦਰ ਬਣਾਉਣਾ ਹੈ।ਕੌਂਸਲਰ ਮਨਦੀਪ ਕੱਕੜ ਨੇ ਕਿਹਾ ਕਿ ਸਮਾਜ ਭਲਾਈ ਦੇ ਕੰਮਾਂ ਰਾਹੀਂ ਮਨੁੱਖ ਨੂੰ ਅਸਲੀ ਸੰਤੋਖ ਤੇ ਆਤਮਿਕ ਸ਼ਾਂਤੀ ਮਿਲਦੀ ਹੈ।ਉਨ੍ਹਾਂ ਦਾ ਮੰਨਣਾ ਹੈ ਕਿ ਜਦੋਂ ਕੋਈ ਵਿਅਕਤੀ ਲੋਕਾਂ ਦੀ ਭਲਾਈ ਲਈ ਬਿਨਾਂ ਕਿਸੇ ਸਵਾਰਥ ਦੇ ਕੰਮ ਕਰਦਾ ਹੈ, ਤਾਂ ਉਸ ਦਾ ਨਾਮ ਨਾ ਸਿਰਫ ਲੋਕਾਂ ਦੇ ਦਿਲਾਂ ਵਿੱਚ, ਸਗੋਂ ਸਮਾਜ ਦੇ ਇਤਿਹਾਸ ਵਿੱਚ ਵੀ ਦਰਜ ਹੋ ਜਾਂਦਾ ਹੈ।ਉਨ੍ਹਾਂ ਕਿਹਾ ਕਿ ਸੇਵਾ ਦਾ ਮਤਲਬ ਸਿਰਫ ਮਦਦ ਕਰਨਾ ਨਹੀਂ, ਸਗੋਂ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਵੀ ਹੈ ਤਾਂ ਜੋ ਹਰ ਨਾਗਰਿਕ ਆਪਣੇ ਸ਼ਹਿਰ ਦੀ ਸਫ਼ਾਈ, ਸਿਹਤ ਤੇ ਵਿਕਾਸ ਲਈ ਅੱਗੇ ਆਵੇ।ਮਨਦੀਪ ਕੱਕੜ ਨੇ ਕਿਹਾ ਕਿ ਉਹ ਆਪਣੇ ਵਾਰਡ ਵਿੱਚ ਹਰ ਗਲੀ-ਮੁਹੱਲੇ ਵਿੱਚ ਸਫਾਈ ਪ੍ਰਬੰਧ ਸੁਚਾਰੂ ਰੱਖਣ ਲਈ ਮਿਹਨਤ ਕਰ ਰਹੇ ਹਨ।ਉਨ੍ਹਾਂ ਕਈ ਥਾਵਾਂ 'ਤੇ ਗੰਦਾ ਪਾਣੀ ਰੁਕਣ, ਗਾਰਬੇਜ਼ ਡਿਸਪੋਜ਼ਲ ਤੇ ਸਟ੍ਰੀਟ ਲਾਈਟਾਂ ਦੇ ਮਸਲੇ ਹੱਲ ਕਰਵਾਏ ਹਨ।ਸ਼ਹਿਰ ਦੇ ਕਈ ਹਿੱਸਿਆਂ ਵਿੱਚ ਲੋਕਾਂ ਨੇ ਕੱਕੜ ਦੀ ਤਾਰੀਫ਼ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੇ ਸੱਦੇ 'ਤੇ ਤੁਰੰਤ ਹਾਜ਼ਰ ਹੁੰਦੇ ਹਨ ਤੇ ਹਰ ਸਮੱਸਿਆ ਦਾ ਹੱਲ ਵਿਹਾਰਕ ਤਰੀਕੇ ਨਾਲ ਲੱਭਦੇ ਹਨ।ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਸ਼ਹਿਰ ਨੂੰ ਮਾਡਲ ਸ਼ਹਿਰ ਬਣਾਉਣਾ ਉਨ੍ਹਾਂ ਦਾ ਸੁਪਨਾ ਹੈ, ਜਿਸ ਲਈ ਉਹ ਲਗਾਤਾਰ ਯਤਨਸ਼ੀਲ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਿਰਫ ਸਰਕਾਰ ਜਾਂ ਕੌਂਸਲ 'ਤੇ ਭਰੋਸਾ ਨਾ ਕਰੋ, ਸਗੋਂ ਹਰ ਨਾਗਰਿਕ ਆਪਣਾ ਯੋਗਦਾਨ ਪਾਏ।ਜੇ ਹਰ ਵਿਅਕਤੀ ਆਪਣੇ ਘਰ ਤੇ ਗਲੀ ਦੀ ਸਫਾਈ ਦੀ ਜ਼ਿੰਮੇਵਾਰੀ ਖੁਦ ਲਵੇ, ਤਾਂ ਪੂਰਾ ਸ਼ਹਿਰ ਸਾਫ਼ ਅਤੇ ਸੁੰਦਰ ਬਣ ਸਕਦਾ ਹੈ।

ਮਨਦੀਪ ਕੱਕੜ ਨੇ ਇਹ ਵੀ ਕਿਹਾ ਕਿ ਸਮਾਜਿਕ ਕੰਮਾਂ ਵਿਚ ਜੁੜਨਾ ਸਿਰਫ਼ ਕਿਸੇ ਅਹੁਦੇ ਦੀ ਜ਼ਿੰਮੇਵਾਰੀ ਨਹੀਂ, ਸਗੋਂ ਮਨੁੱਖਤਾ ਪ੍ਰਤੀ ਫ਼ਰਜ਼ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਕਈ ਸਮੇਂ ਤੋਂ ਪਾਰਟੀ ਰਾਜਨੀਤੀ ਤੋਂ ਉੱਪਰ ਉੱਠ ਕੇ ਹਮੇਸ਼ਾ ਲੋਕਾਂ ਦੀ ਸਹਾਇਤਾ ਕੀਤੀ ਹੈ, 'ਚਾਹੇ ਗਰੀਬਾਂ ਦੀ ਮੱਦਦ ਹੋਵੇ, ਬਿਮਾਰਾਂ ਲਈ ਦਵਾਈਆਂ ਦਾ ਪ੍ਰਬੰਧ ਜਾਂ ਸਫਾਈ ਤੇ ਜਲ ਸੰਭਾਲ ਦੇ ਯਤਨ।ਉਨ੍ਹਾਂ ਦੇ ਸ਼ਬਦਾਂ 'ਚ 'ਜਦੋਂ ਮੈਂ ਕਿਸੇ ਦੀ ਮਦਦ ਕਰਦਾ ਹਾਂ ਜਾਂ ਕਿਸੇ ਮੁਸ਼ਕਿਲ ਘੜੀ ਵਿੱਚ ਲੋਕਾਂ ਦੇ ਕੰਮ ਆਉਂਦਾ ਹਾਂ ਤਾਂ ਮੇਰੇ ਮਨ ਨੂੰ ਇਕ ਅਜਿਹੀ ਸ਼ਾਂਤੀ ਮਿਲਦੀ ਹੈ, ਜੋ ਕਿਸੇ ਹੋਰ ਤਰੀਕੇ ਨਾਲ ਨਹੀਂ ਮਿਲ ਸਕਦੀ।' ਸ਼ਹਿਰ ਦੇ ਕਈ ਨਿਵਾਸੀਆਂ ਨੇ ਕਿਹਾ ਕਿ ਮਨਦੀਪ ਕੱਕੜ ਵਰਗੇ ਸਮਰਪਤ ਲੋਕਾਂ ਕਾਰਨ ਹੀ ਅੱਜ ਬਾਘਾ ਪੁਰਾਣਾ ਵਿੱਚ ਸੇਵਾ ਤੇ ਸਮਾਜਿਕ ਭਲਾਈ ਦੀ ਚੇਤਨਾ ਵਧ ਰਹੀ ਹੈ।ਉਨ੍ਹਾਂ ਦੀ ਨਿਰਸਵਾਰਥ ਸੇਵਾ ਤੇ ਜ਼ਮੀਨੀ ਪੱਧਰ 'ਤੇ ਕੀਤੀ ਜਾ ਰਹੀ ਮਿਹਨਤ ਸ਼ਹਿਰ ਦੇ ਹੋਰ ਲੋਕ ਪ੍ਰਤੀਨਿਧੀਆਂ ਲਈ ਪ੍ਰੇਰਣਾ ਦਾ ਸਰੋਤ ਹੈ।

# ਸਰਕਾਰ ਪੰਜਾਬ ਵਾਸੀਆਂ ਨੂੰ ਦੇ ਰਹੀ ਬੇਸ਼ੁਮਾਰ ਸਹੂਲਤਾਂ : ਚੇਅਰਮੈਨ



**ਰਾਜਪੁਰਾ (ਰਮੇਸ਼ ਕਟਾਰੀਆ)**

ਭਗਵੰਤ ਮਾਨ ਸਰਕਾਰ ਪੰਜਾਬ ਦੀ ਹੁਣ ਤੱਕ ਦੀ ਸਭ ਤੋਂ ਹਰਮਨ ਪਿਆਰੀ ਸਰਕਾਰ ਹੈ, ਜਿਸ ਦਾ ਪ੍ਰਤੱਖ ਸਬੂਤ ਲੋਕਾਂ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ 92 ਵਿਧਾਇਕ ਜਿਤਾ ਕੇ ਪਹਿਲਾਂ ਹੀ ਦਿੱਤਾ ਹੋਇਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਰਕੀਟ ਕਮੇਟੀ ਰਾਜਪੁਰਾ ਦਾ ਚੇਅਰਮੈਨ ਦੀਪਕ ਸੂਦ ਨੇ ਕੀਤਾ।ਚੇਅਰਮੈਨ ਦੀਪਕ ਸੂਦ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਦੇ 90 ਫ਼ੀਸਦੀ ਲੋਕਾਂ ਨੂੰ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, ਪੰਜਾਬ ਦੇ 55000 ਤੋਂ ਉੱਪਰ ਲੋਕਾਂ ਨੂੰ ਸਰਕਾਰੀ ਨੌਕਰੀਆਂ ਤੇ ਨਿੱਜੀ ਖੇਤਰ ਵਿੱਚ 2.77 ਲੱਖ ਤੋਂ ਵੱਧ ਨੌਕਰੀਆਂ ਦਿੱਤੀਆਂ ਗਈਆਂ ਹਨ, ਯੁੱਧ ਨਸ਼ਿਆਂ ਵਿਰੁੱਧ ਤਹਿਤ 28 ਹਜਾਰ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਪੰਜਾਬ ਦੇ ਹਰ ਪਰਵਾਰ ਨੂੰ 10 ਲੱਖ ਦਾ ਮੁਫ਼ਤ ਸਿਹਤ ਬੀਮਾ ਦਿੱਤਾ ਗਿਆ ਹੈ, ਪੇਂਡੂ ਖੇਤਰ ਵਿੱਚ ਹਰ ਚਾਰ ਪਿੰਡਾਂ ਪਿੱਛੇ ਸਾਰੀਆਂ ਵਿਸ਼ਵ ਪੱਧਰੀ ਸਹੂਲਤਾਂ ਨਾਲ ਲੈਸ ਖੇਡ ਮੈਦਾਨ ਬਣਾਏ ਜਾ ਰਹੇ ਹਨ, ਲੋਕਾਂ ਨੂੰ ਘਰਾਂ ਦੇ ਨੇੜੇ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਲਈ 881 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਅਤੇ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਲਈ 118 ਨਵੇਂ ਸਕੂਲ ਆਫ ਐਮੀਨੈਂਸ ਖੋਲ੍ਹੇ ਗਏ ਹਨ।

ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਲਈ ਕੀਤੇ ਕੰਮਾਂ-ਕਾਜਾਂ ਕਾਰਨ ਹੁਣ ਤੱਕ ਹੋਈਆਂ ਸਾਰੀਆਂ ਜ਼ਿਮਨੀ ਚੋਣਾਂ ਵਿੱਚੋਂ ਬਰਨਾਲਾ ਸੀਟ ਨੂੰ ਛੱਡ ਕੇ ਬਾਕੀ ਸਾਰੀਆਂ ਸੀਟਾਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਜਿੱਤੀਆਂ ਹਨ ਤੇ ਹੁਣ ਤਰਨਤਾਰਨ ਦੀ ਜ਼ਿਮਨੀ ਚੋਣ ਵੀ ਆਮ ਆਦਮੀ ਪਾਰਟੀ ਦਾ ਉਮੀਦਵਾਰ ਹਰਮੀਤ ਸਿੰਘ ਸੰਧੂ ਵੱਡੇ ਫ਼ਰਕ ਨਾਲ ਜਿੱਤੇਗਾ।

# ਬੰਦੀ ਸਿੰਘਾਂ ਦੀ ਰਿਹਾਈ ਸੰਬੰਧੀ ਮਾਰਚ 'ਚ ਕੇ ਕੇ ਯੂ ਕਰੇਗੀ ਸ਼ਮੂਲੀਅਤ : ਆਗੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੱਖਾਂ ਤੇ ਹੋਰ ਸਿਆਸੀ ਕੈਦੀਆਂ ਨੂੰ ਰਿਹਾਅ ਕਰਾਉਣ ਲਈ ਕੌਮੀ ਇਨਸਾਫ ਮੋਰਚੇ ਦੇ ਸੱਦੇ 'ਤੇ 14 ਨਵੰਬਰ ਨੂੰ ਦਿੱਲੀ ਵੱਲ ਮਾਰਚ ਕੀਤਾ ਜਾਵੇਗਾ, ਜਿਸ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਇਸ ਸਬੰਧੀ ਵਿਚਾਰ ਚਰਚਾ ਕਰਨ ਲਈ ਕਿਰਤੀ ਕਿਸਾਨ ਯੂਨੀਅਨ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਦੀ ਅਗਵਾਈ ਹੇਠ ਭਾਈ ਮਹਾ ਸਿੰਘ ਹਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤੀ ਗਈ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ, ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਤੇ ਸੀਨੀਅਰ ਆਗੂ ਬਲਵਿੰਦਰ ਸਿੰਘ ਥਾਂਦੇਵਾਲ ਨੇ ਕਿਹਾ ਕਿ ਭਾਰਤ ਦੇ ਹੁਕਮਰਾਨ ਲਗਾਤਾਰ ਡੰਡੋਰਾ ਪਿੱਟਦੇ ਥੱਕਦੇ ਨਹੀਂ ਹਨ ਕਿ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਦੇਸ਼ ਹੈ, ਪਰ ਇਹ ਪ੍ਰਚਾਰ ਝੂਠ ਦੇ ਪੁਲੰਦੇ ਤੋਂ ਬਿਨਾਂ ਹੋਰ ਕੁਝ ਨਹੀਂ ਹੈ, ਉਲਟਾ ਹਰ ਰੋਜ਼ ਦੇਸ਼ ਅੰਦਰ ਲੋਕਾਂ ਉੱਪਰ ਕੀਤੇ ਜਾ ਰਹੇ ਜਬਰ ਜ਼ੁਲਮ ਤੋਂ ਇਹ ਸਾਫ ਹੋ ਜਾਂਦਾ ਹੈ ਕਿ ਸੰਵਿਧਾਨ ਦੀ ਪਾਲਣਾ ਕਰਨ ਦੀ ਕਾਈਦੇ ਕਾਨੂੰਨਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਹਾਲਾਤ ਇਸ ਤਰ੍ਹਾਂ ਬੱਦਤਰ ਹੋ ਗਏ ਹਨ ਕਿ ਦੇਸ਼ ਅੰਦਰ ਆਮ ਲੋਕਾਂ ਨੂੰ ਇਨਸਾਫ ਮਿਲਣਾ ਲਗਭਗ ਅਸੰਭਵ ਹੋ ਚੁੱਕਾ ਹੈ। ਇਸ ਦੀ ਪੁਖਤਾ ਉਦਾਹਰਨ ਪਿਛਲੇ 30-32 ਸਾਲਾਂ ਤੋਂ ਆਪਣੀਆਂ ਸਜ਼ਾਵਾਂ ਤੋਂ ਦੁੱਗਣਾ ਸਮਾਂ ਜੇਲ੍ਹਾਂ ਵਿੱਚ ਬੰਦ ਰਹਿਣ 'ਤੇ ਵੀ ਅਜੇ ਤੱਕ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਹਾਲਾਂਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪਰਬ ਮੌਕੇ ਮੋਦੀ ਸਰਕਾਰ ਵੱਲੋਂ ਇਹ ਫੈਸਲਾ ਕੀਤਾ ਗਿਆ ਸੀ ਕਿ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੰਘਾਂ ਨੂੰ ਜਲਦ ਰਿਹਾਅ ਕਰ ਦਿੱਤਾ ਜਾਵੇਗਾ, ਪਰ ਇਹ ਫੈਸਲਾ ਅੱਜ ਤੱਕ ਹਵਾ 'ਚ ਲਟਕ ਰਿਹਾ। ਇੱਥੇ ਹੀ ਬਸ ਨਹੀਂ ਅੱਜ ਭਾਰਤ ਦੀਆਂ ਜੇਲ੍ਹਾਂ ਵਿੱਚ ਬਹੁਤ ਸਾਰੇ ਬੁੱਧੀਜੀਵੀ, ਪੱਤਰਕਾਰ, ਹੱਕ ਸੱਚ ਦੀ ਆਵਾਜ਼ ਬੁਲੰਦ ਕਰਨ ਵਾਲੇ ਇਨਸਾਫ ਪਸੰਦ ਲੋਕ ਕਈ ਕਈ ਸਾਲਾਂ ਤੋਂ ਬਿਨਾਂ ਮੁਕੱਦਮਾ ਚਲਾਇਆ ਜੇਲ੍ਹਾਂ ਦੀਆਂ ਕਾਲ ਕੋਠੜੀਆਂ ਵਿੱਚ ਨਰਕ ਭੋਗ ਰਹੇ ਨੇ, ਜਿਨ੍ਹਾਂ ਦੀ ਕਿਸੇ ਕਿਸਮ ਦੀ ਸੁਣਵਾਈ ਨਹੀਂ ਹੋ ਰਹੀ।

ਦੂਸਰੇ ਪਾਸੇ ਘਨੌਣੇ ਅਪਰਾਧ ਕਰਨ ਵਾਲੇ, ਪਰ ਦੇਸ਼ ਦੇ ਹਾਕਮਾਂ ਦੀ ਵਿਚਾਰਧਾਰਾ ਨਾਲ ਮੇਲ ਰੱਖਣ ਵਾਲੇ ਸਜ਼ਾਵਾਂ ਭੁਗਤਣ ਦੀ ਬਜਾਏ ਨਾ ਸਿਰਫ ਜੇਲ੍ਹਾਂ ਤੋਂ ਬਾਹਰ ਹਨ, ਸਗੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ ਹੈ, ਜਿਸ ਦੀ ਪੁਖਤਾ ਉਦਾਹਣ ਬਿਲਕਿਸ ਬਾਨੋ ਕੇਸ ਵਿੱਚ ਮਿਲਦੀ ਹੈ। ਇਸ ਦੀਆਂ ਹੋਰ ਵੀ ਬਹੁਤ ਸਾਰੀਆਂ ਉਦਾਹਰਨਾਂ ਮਣੀਪੁਰ ਨਾਗਾਲੈਂਡ ਕਸ਼ਮੀਰ ਵਰਗੇ ਦੇਸ਼ ਦੇ ਬਹੁਤ ਸਾਰੇ ਸੂਬੇ ਵਿੱਚ ਨਿਤ ਰੋਜ ਵਾਪਰ ਰਹੀਆਂ ਹਨ, ਜੋ ਭਾਰਤੀ ਲੋਕਤੰਤਰ ਦੇ ਮੱਥੇ 'ਤੇ ਵੱਡਾ ਕਲੰਕ ਹਨ।

ਆਗੂਆਂ ਨੇ ਕਿਹਾ ਕਿ ਵੱਖ ਵੱਖ ਵਿਚਾਰਧਾਰਾ ਰੱਖਦਿਆਂ ਹੋਇਆਂ ਅੱਜ ਸਾਰੇ ਵਰਗਾਂ ਨੂੰ ਇੱਕਮੁੱਠ ਹੋ ਕੇ ਸਰਕਾਰਾਂ ਦੇ ਜਬਰ ਦਾ ਟਾਕਰਾ ਕਰਨਾ ਸਮੇਂ ਦੀ ਅਣਸਰਦੀ ਲੋੜ ਬਣਦੀ ਹੈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੈਸ਼ਨਲ ਗਰੀਨ ਟ੍ਰਿਬਿਊਨਲ ਤੇ ਸੁਪਰੀਮ ਕੋਰਟ ਵੱਲੋਂ ਜਿਸ ਵਿੱਚ ਪਰਾਲੀ ਦਾ ਪ੍ਰਬੰਧਨ ਕਰਨ ਲਈ ਛੋਟੇ ਕਿਸਾਨਾਂ ਨੂੰ ਫਰੀ ਵਿੱਚ ਮਸ਼ੀਨਰੀ ਮੁਹੱਈਆ ਕਰਨਾ ਜਾਂ 100 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਮੁਆਵਜ਼ਾ ਦੇਣ ਦਾ ਫੈਸਲਾ ਸੁਣਾਇਆ ਸੀ, ਉਸ ਨੂੰ ਲਾਗੂ ਕਰਨ ਦੀ ਬਜਾਏ ਜ਼ੋਰ ਜਬਰੀ ਕਿਸਾਨਾਂ 'ਤੇ ਕੇਸ ਦਰਜ ਕੀਤੇ ਜਾ ਰਹੇ ਹਨ ਤੇ ਜ਼ਮੀਨੀ ਰਿਕਾਰਡ ਵਿੱਚ ਰੈੱਡ ਐਂਟਰੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਨੂੰ ਜਥੇਬੰਦੀ ਵੱਲੋਂ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਸੰਬੰਧਤ ਅਧਿਕਾਰੀਆਂ ਦਾ ਘਿਰਾਓ ਕੀਤਾ ਜਾਵੇਗਾ।

ਅੰਤ ਵਿੱਚ ਜਥੇਬੰਦੀ ਦੇ ਆਗੂਆਂ ਵੱਲੋਂ ਪੰਜਾਬ ਦੇ ਸਮੁੱਚੇ ਇਨਸਾਫ ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ 14 ਨਵੰਬਰ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਇਕੱਠੇ ਹੋ ਕੇ ਬੰਦੀ ਸਿੰਘਾਂ ਤੇ ਹੋਰ ਜੇਲ੍ਹਾਂ 'ਚ ਬੰਦ ਸਿਆਸੀ ਕੈਦੀਆਂ ਨੂੰ ਰਿਹਾਅ ਕਰਵਾਉਣ ਲਈ ਜ਼ੋਰਦਾਰ ਆਵਾਜ਼ ਬੁਲੰਦ ਕਰਦੇ ਹੋਏ ਕਾਫਲੇ ਬੰਨ ਕੇ ਦਿੱਲੀ ਵੱਲ ਨੂੰ ਕੂਚ ਕਰੀਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਪਾਲ ਸਿੰਘ ਰਾਮਗੜ੍ਹ ਚੁੰਗਾ, ਜਗਮੀਤ ਸਿੰਘ ਕੋਟਲੀ ਵੱਲੋਂ ਜਸਵੰਤ ਸਿੰਘ ਡੋਡਾਂਵਾਲੀ, ਜਸਪਾਲ ਸਿੰਘ, ਜਗਸੀਰ ਸਿੰਘ ਸੱਕਾਂਵਾਲੀ, ਨਿਆਮਤ ਸਿੰਘ, ਕਵਰਜੀਤ ਸਿੰਘ, ਗੋਰਾ ਸਿੰਘ, ਜੱਗਾ ਸਿੰਘ, ਬੋਹੜ ਸਿੰਘ, ਸੁਖਪਾਲ ਸਿੰਘ, ਗੁਰਪਾਲ ਸਿੰਘ, ਜੁਗਰਾਜ ਸਿੰਘ, ਗੁਰਜੀਤ ਸਿੰਘ, ਗੁਰਤੇਜ ਸਿੰਘ ਆਦਿ ਹਾਜ਼ਰ ਸਨ।

# ਨੁਕਸਾਨੀਆਂ ਫ਼ਸਲਾਂ ਤੇ ਘਰਾਂ ਦੇ ਨੁਕਸਾਨ ਦਾ ਨਹੀਂ ਮਿਲਿਆ ਮੁਆਵਜ਼ਾ : ਰਾਹੁਲਇੰਦਰ ਸਿੰਘ ਸਿੱਧੂ ਭੱਠਲ



**ਦਿੜ੍ਹਬਾ (ਜਸਵੀਰ ਲਾਡੀ)**-ਇਸ ਵਾਰ ਹੋਈਆਂ ਬਰਸਾਤਾਂ ਤੇ ਹੜ੍ਹਾਂ ਕਾਰਨ ਬਹੁਤ ਸਾਰੇ ਲੋਕ ਪ੍ਰਭਾਵਤ ਹੋਏ, ਜਿਸ ਦੇ ਚੱਲਦਿਆਂ ਨੇੜਲੇ ਪਿੰਡ ਡਸਕਾ ਤੋਂ ਗੜ੍ਹਦਿਆਣੀ ਵਾਲੇ ਪਾਸੇ ਨੀਵੇਂ ਖੇਤਾਂ ਵਿੱਚ ਪਾਣੀ ਭਰ ਗਿਆ ਸੀ, ਜਿਸ ਕਾਰਨ ਕਿਸਾਨਾਂ ਦੀਆਂ ਫਸਲਾਂ ਪੂਰੀ ਤਰ੍ਹਾਂ ਬਰਬਾਦ ਹੋ ਗਈਆਂ ਸਨ, ਪ੍ਰੰਤੂ ਉਨ੍ਹਾਂ ਨੂੰ ਮੁਆਵਜ਼ੇ ਵਾਲੀ ਲਿਸਟ ਵਿੱਚ ਨਹੀਂ ਪਾਇਆ ਗਿਆ, ਜੋ ਸਰਾਸਰ ਧੱਕਾ ਹੈ।ਇਹ ਵਿਚਾਰ ਪੰਜਾਬ ਦੀ ਸਾਬਕਾ ਮੁੱਖ ਮੰਤਰੀ ਬੀਬੀ ਰਜਿੰਦਰ ਕੌਰ ਭੱਠਲ ਦੇ ਸਪੁੱਤਰ ਰਾਹੁਲਇੰਦਰ ਸਿੰਘ ਸਿੱਧੂ ਭੱਠਲ ਮੈਂਬਰ ਆਲ ਇੰਡੀਆ ਕਾਂਗਰਸ ਕਮੇਟੀ ਕਿਸਾਨ ਸੈਲ ਦੇ ਨੈਸ਼ਨਲ ਕੋਆਰਡੀਨੇਟਰ ਨੇ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਡਰੇਨਾਂ ਤੇ ਨਾਲੇ ਓਵਰਫਲੋਅ ਚੱਲਣ ਕਾਰਨ ਪਿੰਡ ਡਸਕਾ ਵਿੱਚ ਟੁੱਟਣ ਨਾਲ ਫਸਲਾਂ ਤੇ ਨੇੜਲੇ ਘਰ ਨੁਕਸਾਨੇ ਗਏ।ਪਿੰਡ ਵਿੱਚ ਗਰੀਬ ਘਰਾਂ ਦੀਆਂ ਛੱਤਾਂ ਤੇ ਕੰਧਾਂ ਪਸ਼ੂਆਂ ਦਾ ਬਹੁਤ ਭਾਰੀ ਨੁਕਸਾਨ ਹੋਇਆ ਸੀ, ਜਿਸ ਪਾਸੇ ਨਜ਼ਰ ਮਾਰੀ ਜਾਂਦੀ ਸੀ, ਪਾਣੀ ਹੀ ਖੜ੍ਹਾ ਨਜ਼ਰ ਆਉਂਦਾ ਸੀ।ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ ਆਪਣੇ ਚਹੇਤਿਆਂ ਨੂੰ ਹੀ ਖਰਾਬੇ ਦੇ ਚੈੱਕ ਪਾਏ ਹਨ।ਲੋੜਵੰਦ ਕਿਸਾਨਾਂ ਨਾਲ ਆਮ ਆਦਮੀ ਪਾਰਟੀ ਵੱਲੋਂ ਪੱਖਪਾਤ ਕੀਤਾ ਗਿਆ ਹੈ।ਪਿੰਡ ਡਸਕਾ ਦੇ ਕਿਸਾਨ ਜਰਨੈਲ ਸਿੰਘ ਪੁੱਤਰ ਪੂਰਨ ਸਿੰਘ, ਬੂਟਾ ਸਿੰਘ, ਗੁਰਦੇਵ ਸਿੰਘ, ਜਸਵੰਤ ਸਿੰਘ ਸਮੇਤ ਹੋਰ ਵੀ ਕਈ ਕਿਸਾਨਾਂ ਦੀ ਜਮੀਨ ਡਸਕੇ ਤੋਂ ਗੜ੍ਹਦਿਆਣੀ ਵਾਲੇ ਰਾਹ 'ਤੇ ਸਥਿਤ ਹੈ। ਇਨ੍ਹਾਂ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਨਹੀਂ ਦਿੱਤਾ ਗਿਆ।ਰਾਹੁਲਇੰਦਰ ਸਿੰਘ ਸਿੱਧੂ ਦੇ ਮੀਡੀਆ ਸਲਾਹਕਾਰ ਦਲਜੀਤ ਸਿੰਘ ਵਿਰਕ ਨੇ ਕਿਹਾ ਕਿ ਪਿੰਡ ਡਸਕਾ ਦੀ ਪੰਚਾਇਤ, ਨੰਬਰਦਾਰ, ਪਟਵਾਰੀ ਗਗਨਦੀਪ ਸਿੰਘ ਤੇ ਪਿੰਡ ਰੱਤਾ ਖੇੜਾ ਦੇ ਪਟਵਾਰੀ ਨਿਖੱਲ ਖੇਤੀਬਾੜੀ ਸਬੰਧਤ ਮਹਿਕਮੇ ਦੇ ਮੁਲਾਜ਼ਮਾਂ ਵੱਲੋਂ ਸਾਡੇ ਨਾਲ ਪੂਰਾ ਵਿਤਕਰਾ ਕੀਤਾ ਗਿਆ ਹੈ, ਕਿਉਂਕਿ ਜੋ ਸਾਡੀਆਂ ਫਸਲਾਂ ਨੁਕਸਾਨੀਆਂ ਸਨ, ਉਨ੍ਹਾਂ ਦਾ ਮੁਆਵਜ਼ਾ ਨਹੀਂ ਦਿੱਤਾ ਗਿਆ।ਅਸੀਂ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਇਨ੍ਹਾਂ ਦੀ ਪੂਰੀ ਜਾਂਚ ਪੜਤਾਲ ਕੀਤੀ ਜਾਵੇ ਤੇ ਸਹੀ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ।

## ਡੀ ਏ ਵੀ ਸੈਂਟਨਰੀ ਦੇ ਵਿਦਿਆਰਥੀਆਂ ਕੀਤੀ ਲੋੜਵੰਦਾਂ ਦੀ ਸਹਾਇਤਾ



ਜਗਰਾਉਂ (ਸੰਜੀਵ ਅਰੋੜਾ)-ਪ੍ਰਭ ਆਸਰਾ ਨਿਆਸਰਿਆਂ ਦੇ ਘਰ ਪਿੰਡ ਫੇਰੂਰਾਈ ਵਿਖੇ ਡੀ ਏ ਵੀ ਸਕੂਲ ਜਗਰਾਉਂ ਦੀ ਛੇਵੀਂ ਜਮਾਤ ਦੇ ਵਿਦਿਆਰਥੀਆਂ ਨੇ ਲੋੜਵੰਦ ਸਮੱਗਰੀ ਦੀ ਸੇਵਾ ਕਰਕੇ ਬਜ਼ੁਰਗਾਂ ਦਾ ਅਸ਼ੀਰਵਾਦ ਲਿਆ ਤੇ ਆਪਣੇ ਹੱਥੀਂ ਬਜ਼ੁਰਗਾਂ ਦੀ ਸੇਵਾ ਵੀ ਕੀਤੀ। ਪ੍ਰਿੰਸੀਪਲ ਵੇਦ ਵ੍ਰਤ ਪਲਾਹ ਨੇ ਦੱਸਿਆ ਕਿ ਡੀ.ਏ.ਵੀ. ਸਕੂਲ ਜਗਰਾਉਂ ਵਿੱਚ ਬੱਚਿਆਂ ਨੂੰ ਵਧੀਆ ਪੜ੍ਹਾਈ ਦੇ ਨਾਲ-ਨਾਲ ਮਾਤਾ-ਪਿਤਾ ਦੀ ਆਗਿਆ ਵਿੱਚ ਰਹਿਣ, ਬਜ਼ੁਰਗਾਂ ਦਾ ਸਤਿਕਾਰ ਤੇ ਸਮਾਜ ਭਲਾਈ ਦੇ ਕੰਮਾਂ ਵਿੱਚ ਵੀ ਯੋਗਦਾਨ ਪਾਉਣ ਸਿਖਾਇਆ ਜਾਂਦਾ ਹੈ। ਡੀ. ਏ. ਵੀ. ਸਕੂਲ ਦੇ ਵਿਦਿਆਰਥੀਆਂ ਨੇ ਹਰ ਪੀੜਤਾਂ ਲਈ ਵੀ ਲੋੜਵੰਦਾਂ ਦੀ ਸਹਾਇਤਾ ਕੀਤੀ ਹੈ। ਅੱਜ ਦੇ ਕਲਯੁਗੀ ਸਮੇਂ ਵਿੱਚ ਬੱਚਿਆਂ ਨੂੰ ਚੰਗੇ ਆਚਰਨ ਵਾਲੇ ਬਣਾਉਣਾ ਬਹੁਤ ਹੀ ਜ਼ਰੂਰੀ ਹੈ ਤਾਂ ਹੀ ਉਹ ਵੱਡੇ ਹੋ ਕੇ ਸਮਾਜ ਵਿੱਚ ਫੈਲ ਰਹੀਆਂ ਬੁਰਾਈਆਂ ਨੂੰ ਦੂਰ ਕਰਨ ਦੇ ਯੋਗ ਹੋਣਗੇ। ਮੈਡਮ ਲਖਵੀਰ ਕੌਰ ਤੇ ਹਰਦੀਪ ਸਿੰਘ ਬਿੰਜਲ ਨੇ ਦੱਸਿਆ ਕਿ ਡੀ ਏ ਵੀ ਸਕੂਲ ਵਿੱਚ ਬੱਚਿਆਂ ਨੇ ਆਪਣੇ ਜੇਬ ਖ਼ਰਚ ਵਿੱਚੋਂ ਰਾਸ਼ੀ ਇਕੱਠੀ ਕੀਤੀ। ਇਸ ਤੋਂ ਇਲਾਵਾ ਬੱਚਿਆਂ ਨੇ ਬਜ਼ੁਰਗਾਂ ਦੀ ਸੇਵਾ ਕਰਕੇ ਬਹੁਤ ਹੀ ਖੁਸ਼ੀ ਮਹਿਸੂਸ ਕੀਤੀ। ਬੱਚਿਆਂ ਨੇ ਪ੍ਰਭ ਆਸਰਾ ਵਿਖੇ ਬਜ਼ੁਰਗਾਂ ਦੀ ਸੇਵਾ ਕਰਕੇ ਬਹੁਤ ਹੀ ਖੁਸ਼ੀ ਲੋਗੀਆ। ਪ੍ਰਭ ਆਸਰਾ ਨਿਆਸਰਿਆਂ ਦਾ ਘਰ ਫੇਰੂਰਾਈ ਦੇ ਪ੍ਰਬੰਧਕ ਨੇ ਸਕੂਲ ਦੇ ਪ੍ਰਿੰਸੀਪਲ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮੈਡਮ ਲਖਵੀਰ ਕੌਰ, ਹਰਦੀਪ ਸਿੰਘ ਬਿੰਜਲ, ਕਲਵਿੰਦਰ ਸਿੰਘ ਬਿੰਜਲ, ਸੁਖਵਿੰਦਰ ਸਿੰਘ ਸੁੱਖਾਂ ਸੰਘ ਜੰਟਪੁਰਾ ਤੇ ਸੁਬੇਦਾਰ ਜਗਸੀਰ ਸਿੰਘ ਆਦਿ ਹਾਜ਼ਰ ਸਨ।

## ਸੰਤ ਕਬੀਰ ਸਕੂਲ ਦੇ ਹਰਵੀਰ ਨੇ ਕੁਸ਼ਤੀ 'ਚ ਜਿੱਤਿਆ ਚਾਂਦੀ ਤਮਗਾ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਅੰਮ੍ਰਿਤਸਰ ਵਿੱਚ ਹੋਈਆਂ 69ਵੀਆਂ ਪੰਜਾਬ ਰਾਜ ਸਕੂਲ ਖੇਡਾਂ ਵਿੱਚ ਬਠਿੰਡਾ ਜ਼ਿਲ੍ਹੇ ਦੀ ਨੁਮਾਇੰਦਗੀ ਕਰਦੇ ਹੋਏ ਸੰਤ ਕਬੀਰ ਸਕੂਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਹਰਵੀਰ ਸਿੰਘ ਨੇ 63 ਕਿਲੋਗ੍ਰਾਮ ਭਾਰ ਵਰਗ ਵਿੱਚ ਫ੍ਰੀਸਟਾਈਲ ਕੁਸ਼ਤੀ ਦਾ ਖਿਤਾਬ ਜਿੱਤਿਆ। ਉਸ ਨੇ ਆਪਣੀ ਖੇਡ ਮੁਹਾਰਤ ਦਾ ਪ੍ਰਦਰਸ਼ਨ ਕਰਦੇ ਹੋਏ ਚਾਂਦੀ ਦਾ ਤਮਗਾ ਜਿੱਤ ਕੇ ਸਾਰਿਆਂ ਨੂੰ ਮਾਣ ਦਿਵਾਇਆ। ਹਰਵੀਰ ਸਿੰਘ ਨੇ ਇਸ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਆਪਣੀ ਸਖ਼ਤ ਮਿਹਨਤ, ਆਪਣੇ ਮਾਪਿਆਂ ਦੇ ਆਸ਼ੀਰਵਾਦ ਤੇ ਵਾਹਿਗੁਰੂ ਦੀ ਕਿਰਪਾ ਨੂੰ ਦਿੱਤਾ। ਹਰਵੀਰ ਸਿੰਘ ਦੀ ਪ੍ਰਾਪਤੀ ਨੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਉਸ ਦੀ ਸਫਲਤਾ ਹੋਰ ਖਿਡਾਰੀਆਂ ਨੂੰ ਪ੍ਰੇਰਿਤ ਕਰਦੀ ਹੈ। ਉਨ੍ਹਾਂ ਨੂੰ ਆਪਣੀ ਖੇਡ ਵਿੱਚ ਸੁਧਾਰ ਕਰਨ ਲਈ ਉਤਸ਼ਾਹਤ ਕਰੇਗੀ। ਸਕੂਲ ਦੇ ਐੱਮ. ਡੀ. ਪ੍ਰੋਫੈਸਰ ਐੱਸ. ਐੱਸ. ਅਰੋੜਾ, ਡਾਇਰੈਕਟਰ ਡਾ. ਨੰਦਿਤਾ ਗਰੇਵਾਲ ਤੇ ਪ੍ਰਿੰਸੀਪਲ ਮੈਡਮ ਕੋਚ ਨੇ ਹਰਵੀਰ ਸਿੰਘ ਦੀ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦਿਆਂ ਉਸ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ 'ਚ ਰੈਗਿੰਗ ਵਿਰੋਧੀ ਪ੍ਰੋਗਰਾਮ




ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਮੰਡੀ ਗੋਬਿੰਦਗੜ੍ਹ ਨੇ ਵਿਦਿਆਰਥੀਆਂ ਨੂੰ ਸੁਰੱਖਿਅਤ ਤੇ ਸਤਿਕਾਰਯੋਗ ਕੈਂਪਸ ਜੀਵਨ ਨੂੰ ਯਕੀਨੀ ਤੇ ਸੰਵੇਦਨਸ਼ੀਲ ਬਣਾਉਣ ਲਈ ਇੱਕ ਐਂਟੀ-ਰੈਗਿੰਗ ਪ੍ਰੋਗਰਾਮ ਕਰਵਾਇਆ। ਇਸ ਮੌਕੇ ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਵਿੱਚ ਕੰਜ਼ਰਵੇਟਿਵ ਡੈਂਟਿਸਟਰੀ ਤੇ ਐਂਡੋਡੋਂਟਿਕਸ ਵਿਭਾਗ ਦੇ ਪ੍ਰੋਫੈਸਰ ਤੇ ਮੁਖੀ ਡਾ. ਸੁਨੀਲ ਮਲਹੋਤਰਾ ਤੇ ਡੈਂਟਲ ਕੌਂਸਲ ਆਫ਼ ਇੰਡੀਆ ਦੇ ਮੈਂਬਰ ਦੀ ਮੌਜੂਦਗੀ ਦੁਆਰਾ ਸਨਮਾਨਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਦੇ ਪ੍ਰਿੰਸੀਪਲ ਡਾ. ਵਿਕਰਮ ਬਾਲੀ ਦੁਆਰਾ ਮਹਿਮਾਨ ਦੇ ਸਵਾਗਤ ਤੇ ਸਨਮਾਨ ਨਾਲ ਕੀਤੀ ਗਈ। ਆਪਣੇ ਭਾਸ਼ਣ ਵਿੱਚ ਡਾ. ਬਾਲੀ ਨੇ ਸਾਰੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਤੇ ਸੰਸਥਾ ਦੇ ਰੈਗਿੰਗ ਵਿਰੋਧੀ ਯਤਨਾਂ ਤੇ ਐਂਟੀ-ਰੈਗਿੰਗ ਕਮੇਟੀ ਦੇ ਕੰਮਕਾਜ ਬਾਰੇ ਸੰਖੇਪ ਵਿੱਚ ਵਿਚਾਰ ਪ੍ਰਗਟ ਕੀਤੇ। ਪ੍ਰੋਗਰਾਮ ਡਾ. ਵਿਕਰਮ ਬਾਲੀ ਦੇ ਧੰਨਵਾਦ ਮਤੇ ਨਾਲ ਸਮਾਪਤ ਹੋਇਆ, ਜਿਨ੍ਹਾਂ ਨੇ ਮਹਿਮਾਨ ਦਾ ਆਉਣ ਲਈ ਧੰਨਵਾਦ ਕੀਤਾ ਤੇ ਜਾਗਰੂਕਤਾ ਪ੍ਰੋਗਰਾਮ ਨੂੰ ਸਫਲਤਾਪੂਰਵਕ ਚਲਾਉਣ ਵਿੱਚ ਪ੍ਰਬੰਧਕ ਕਮੇਟੀ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਪ੍ਰੋਗਰਾਮ ਬਹੁਤ ਜਾਣਕਾਰੀ ਭਰਪੂਰ ਤੇ ਸੰਸਥਾ ਦੇ ਰੈਗਿੰਗ-ਮੁਕਤ, ਵਿਦਿਆਰਥੀ-ਅਨੁਕੂਲ ਮਾਹੌਲ ਪ੍ਰਦਾਨ ਕਰਨ ਦੇ ਸੰਕਲਪ ਦੀ ਪੁਸ਼ਟੀ ਕਰਦਾ ਸੀ।

## ਸਰਸਵਤੀ ਮਾਡਲ ਸਕੂਲ ਦੇ ਵਿਦਿਆਰਥੀਆਂ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



ਦੋਰਾਹਾ (ਹਰਮਿੰਦਰ ਸੇਠ)-ਸਰਕਾਰੀ ਪ੍ਰਾਇਮਰੀ ਸਕੂਲ ਘੁਡਾਣੀ ਕਲਾਂ ਵਿਖੇ ਬਲਾਕ ਪੱਧਰੀ ਖੇਡਾਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੁਕਾਬਲੇ ਵਿੱਚ ਸਰਸਵਤੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚੈੱਸ ਮੁਕਾਬਲੇ ਵਿੱਚ ਮੁੰਡਿਆਂ ਤੇ ਕੁੜੀਆਂ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ, ਬੈਡਮਿੰਟਨ ਦੀ ਟੀਮ ਨੇ ਵੀ ਆਪਣੀ ਕਾਬਲੀਅਤ ਦਿਖਾਉਂਦਿਆਂ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਨਾਲ ਨਾਲ ਚੌਥੀ ਜਮਾਤ ਦੀ ਵਿਦਿਆਰਥਣ ਪਵਲੀਨ ਕੌਰ ਸਪੁੱਤਰੀ ਸ੍ਰ. ਦਵਿੰਦਰ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਚੋਣ ਯੋਗਤਾ ਹਾਸਲ ਕੀਤੀ। ਅੰਤ ਵਿੱਚ ਸਕੂਲ ਦੇ ਮੁੱਖੀ ਸ੍ਰੀ ਪ੍ਰੀਤਿਸ਼ ਗੁਸਾਈਂ ਨੇ ਸਾਰੇ ਜੇਤੂ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੂੰ ਦਿਲੋਂ ਵਧਾਈਆਂ ਦਿੱਤੀਆਂ ਅਤੇ ਭਵਿੱਖ ਵਿੱਚ ਹੋਰ ਵਧੀਆ ਪ੍ਰਦਰਸ਼ਨ ਦੀ ਕਾਮਨਾ ਕੀਤੀ।

## 'ਆਪ' ਤੋਂ ਅੱਕੇ ਲੋਕ ਕਾਂਗਰਸ ਨੂੰ ਅੱਗੇ ਲਿਆਉਣ ਦਾ ਮਨ ਬਣਾਈ ਬੈਠੇ ਹਨ : ਗੁਰਮੇਲ ਮੌੜ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਦੁਖੀ ਲੋਕ ਸੂਬੇ ਅੰਦਰ ਅਗਲੀ ਸਰਕਾਰ ਬਣਾਉਣ ਲਈ ਕਾਂਗਰਸ ਨੂੰ ਅੱਗੇ ਲਿਆਉਣ ਦਾ ਮਨ ਬਣਾਈ ਬੈਠੇ ਹਨ। ਇਹ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ ਮੈਂਬਰ ਸਟੇਟ ਕਮੇਟੀ ਨੇ ਹਲਕੇ ਦੇ ਵੱਖ-ਵੱਖ ਸਮਾਗਮਾਂ ਵਿੱਚ ਸ਼ਾਮਲ ਹੋਣ ਉਪਰੰਤ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਵੱਡੇ ਵੱਡੇ ਸਬਜ਼ਬਾਗ ਵਿਖਾ ਕੇ ਸਰਕਾਰ ਬਣਾਉਣ ਵਾਲੀ ਆਪ ਸਰਕਾਰ ਲੋਕਾਂ ਦੀਆਂ ਆਸਾਂ ਉਮੀਦਾਂ ਉੱਪਰ ਖਰਾ ਨਹੀਂ ਉੱਤਰੀ। ਇਸ ਵੇਲੇ ਫੈਲੇ ਅੰਧਾਧੁੰਦ ਭ੍ਰਿਸ਼ਟਾਚਾਰ ਨੇ ਲੋਕਾਂ ਦੇ ਨੱਕ ਵਿੱਚ ਦਮ ਕਰ ਰੱਖਿਆ ਹੈ। ਕੋਈ ਵੀ ਕੰਮ ਕਰਵਾਉਣ ਲਈ ਪਹਿਲਾਂ ਨਾਲੋਂ ਵੀ ਕਈ ਗੁਣਾਂ ਲੈਣ ਦੇਣ ਕਰਨਾ ਪੈਂਦਾ ਹੈ। ਲੋਕਾਂ ਦੇ ਦੁੱਖ ਦਰਦ ਭੁਲਾ ਸਮੇਂ ਦੇ ਹਾਕਮ ਆ ਰਹੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪੈਸਾ ਇਕੱਤਰ ਕਰਨ ਲਈ ਜੁਟੇ ਹੋਏ ਹਨ, ਤਾਂ ਜੋ ਮਾਇਆ ਦੇ ਜ਼ੋਰ ਨਾਲ ਦੁਬਾਰਾ ਸਰਕਾਰ ਬਣਾਈ ਜਾ ਸਕੇ, ਪਰ ਸੂਬੇ ਦੇ ਲੋਕ ਸਾਰਾ ਕੁਝ ਚੰਗੀ ਜਾਣ ਚੁੱਕੇ ਹਨ। ਕਾਂਗਰਸੀ ਆਗੂ ਮੌੜ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਢਿੱਲੋਂ ਵਿਧਾਇਕ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਤਿੰਨੇ ਵਿਧਾਨ ਸਭਾ ਹਲਕਿਆਂ ਭਦੌੜ, ਬਰਨਾਲਾ, ਮਹਿਲ ਕਲਾਂ ਵਿੱਚ ਪਾਰਟੀ ਵੱਲੋਂ ਲੋਕ ਚੇਤਨਾ ਮੁਹਿੰਮ ਚਲਾਈ ਗਈ ਹੈ, ਜਿਸ ਤਹਿਤ ਹਰ ਪਿੰਡ ਵਿੱਚ ਪੁਰਾਣੇ ਕਾਂਗਰਸੀ ਪਰਿਵਾਰਾਂ ਨੂੰ ਮੁੜ ਸਰਗਰਮ ਕਰਨ ਤੋਂ ਇਲਾਵਾ ਪਾਰਟੀ ਦੇ ਵੱਖ-ਵੱਖ ਵਿੰਗਾਂ ਨੂੰ ਮੁੜ ਜਥੇਬੰਦ ਕੀਤਾ ਜਾ ਰਿਹਾ ਹੈ। ਕਾਂਗਰਸ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਘਰ ਘਰ ਤੱਕ ਜਾਗਰੂਕ ਕਰਨ ਲਈ ਵੱਖ-ਵੱਖ ਟੀਮਾਂ ਦੇ ਰੂਪ ਵਿੱਚ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਸਮੂਹ ਲੋਕਾਂ ਨੂੰ ਆਪ ਸਰਕਾਰ ਦੀਆਂ ਮਾਰੂ ਨੀਤੀਆਂ ਦਾ ਮੂੰਹ ਤੋੜਵਾਂ ਜੁਆਬ ਦੇਣ ਲਈ ਕਾਂਗਰਸ ਧਾਰਟੀ ਦੀ ਅਗਵਾਈ ਹੇਠ ਲਾਮਬੰਦ ਹੋਣ ਦਾ ਸੱਦਾ ਦਿੱਤਾ।

## ਵਿਜੀਲੈਂਸ ਨੇ ਭ੍ਰਿਸ਼ਟਾਚਾਰ ਵਿਰੁੱਧ ਲੋਕਾਂ ਨੂੰ ਕੀਤਾ ਜਾਗਰੂਕ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਚੀਫ ਡਾਇਰੈਕਟਰ ਵਿਜੀਲੈਂਸ ਬਿਊਰੋ ਪੰਜਾਬ ਚੰਡੀਗੜ੍ਹ ਪ੍ਰਵੀਨ ਕਮਾਰ ਸਿਨਹਾ ਦੀ ਰਹਿਨੁਮਾਈ ਹੇਠ ਤੇ ਦਿਗਵਿਜੈ ਕਪਿਲ ਐੱਸ ਐੱਸ ਪੀ ਵਿਜੀਲੈਂਸ ਰੇਂਜ ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਭ੍ਰਿਸ਼ਟਾਚਾਰ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਸਬੰਧੀ ਸ੍ਰੀ ਮੁਕਤਸਰ ਸਾਹਿਬ ਵਿਖੇ ਵਿਜੀਲੈਂਸ ਬਿਊਰੋ ਦੇ ਨੁਮਾਇੰਦਿਆਂ ਵੱਲੋਂ ਬਾਬਾ ਮੋਢਾ ਜੀ ਦੀ ਸਮਾਧ ਬਰੀਵਾਲਾ ਮੰਡੀ ਵਿਖੇ ਭ੍ਰਿਸ਼ਟਾਚਾਰ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਸਰਕਾਰੀ ਕੰਮ ਕਰਵਾਉਣ ਬਦਲੇ ਕੋਈ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਇਸ ਦੀ ਸੂਚਨਾਂ ਵਿਜੀਲੈਂਸ ਵਿਭਾਗ ਨੂੰ ਜ਼ਰੂਰ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਵਿਭਾਗ ਵੱਲੋਂ ਐਂਟੀ ਕੁਰੱਪਸ਼ਨ ਐਕਸ਼ਨ ਲਾਈਨ ਨੰਬਰ 95012-00200 ਤੇ ਟੋਲ ਫਰੀ 1800-1800-1000 ਵੀ ਜਾਰੀ ਕੀਤਾ ਹੋਇਆ ਹੈ। ਵਿਭਾਗ ਵੱਲੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਸ੍ਰੀ ਮੁਕਤਸਰ ਸਾਹਿਬ ਸ਼ਹਿਰ ਦੀਆਂ ਵੱਖ-ਵੱਖ ਸਰਕਾਰੀ ਬਿਲਡਿੰਗਾਂ 'ਤੇ ਜਾਗਰੂਕਤਾ ਪੋਸਟਰ ਵੀ ਲਗਾਏ ਗਏ। ਇਸ ਮੌਕੇ ਦਫਤਰ ਵਿਜੀਲੈਂਸ ਬਿਊਰੋ ਦੇ ਨੁਮਾਇੰਦਿਆਂ ਇੰਸਪੈਕਟਰ ਰੁਪਿੰਦਰਪਾਲ ਕੌਰ, ਐੱਸ ਆਈ ਇਕਬਾਲ ਸਿੰਘ, ਐੱਮ ਐੱਚ ਸੀ ਗੁਰਤੇਜ ਸਿੰਘ, ਮਹਿਲਾ ਸੀਨੀਅਰ ਸਿਪਾਹੀ ਦਵਿੰਦਰ ਕੌਰ ਤੇ ਮੈਡਮ ਅਮਨਦੀਪ ਕੌਰ ਵੱਲੋਂ ਮੁਹਤਬਰ ਵਿਅਕਤੀਆਂ ਨੂੰ ਭ੍ਰਿਸ਼ਟਾਚਾਰ ਸਬੰਧੀ ਜਾਗਰੂਕ ਕਰਕੇ ਵਿਜੀਲੈਂਸ ਦੇ ਕੰਮਾਂ ਤੋਂ ਜਾਣੂ ਕਰਵਾਇਆ ਗਿਆ।

## ਲੁਟੇਰੇ ਔਰਤ ਦਾ ਪਰਸ ਖੋਹ ਕੇ ਹੋਏ ਫਰਾਰ

ਲੌਂਗੋਵਾਲ (ਕੁਲਦੀਪ ਔਤਰੀ, ਪ੍ਰਦੀਪ ਸੱਪਲ)-ਕਸਬਾ ਲੌਂਗੋਵਾਲ ਵਿੱਚ ਲੁਟੇਰਿਆਂ ਦੀ ਭਰਮਾਰ ਹੋਣ ਕਾਰਨ ਲੋਕਾਂ ਬੇਹੱਦ ਪ੍ਰੇਸ਼ਾਨ ਹਨ। ਬੁੱਧਵਾਰ ਦੁਪਹਿਰ ਦੋ ਮੋਟਰਸਾਈਕਲ ਸਵਾਰ ਜੈਨ ਮੰਦਰ ਚੌਕ ਸਥਿਤ ਐੱਚ.ਡੀ.ਐੱਫ.ਸੀ. ਬੈਂਕ ਕੋਲ ਪਿੰਡ ਸ਼ਾਹਪੁਰ ਤੋਂ ਆਏ ਹਰਦੀਪ ਸ਼ਰਮਾ ਦੀ ਪਤਨੀ ਦੇ ਹੱਥ ਵਿੱਚੋਂ ਪਰਸ ਖੋਹ ਕੇ ਫਰਾਰ ਹੋ ਗਏ। ਹਰਦੀਪ ਸ਼ਰਮਾ ਅਨੁਸਾਰ ਉਨ੍ਹਾਂ ਦੀ ਪਤਨੀ ਦੇ ਪਰਸ ਵਿੱਚ ਸੋਨੇ ਦੀਆਂ ਮੁਰਕੀਆਂ ਤੇ ਕੁਝ ਨਕਦੀ ਸੀ। ਇਸ ਘਟਨਾ ਦੀ ਸੂਚਨਾ ਮਿਲਣ ਹੀ ਥਾਣਾ ਲੌਂਗੋਵਾਲ ਦੇ ਪੁਲਸ ਮੁਲਾਜ਼ਮਾਂ ਨੇ ਮੌਕੇ 'ਤੇ ਪਹੁੰਚ ਕੇ ਜਾਂਚ-ਪੜਤਾਲ ਕਰਦੇ ਹੋਏ ਸੀ.ਸੀ.ਟੀ.ਵੀ. ਕੈਮਰਿਆਂ ਨੂੰ ਵੀ ਚੈੱਕ ਕੀਤਾ। ਇਨ੍ਹਾਂ ਮੋਟਰਸਾਈਕਲ ਸਵਾਰਾਂ ਬਾਰੇ ਕੁਝ ਪਤਾ ਨਹੀਂ ਚੱਲ ਸਕਿਆ। ਇਸ ਘਟਨਾ ਦੀ ਨਿੰਦਿਆ ਕਰਦਿਆਂ ਭਾਜਪਾ ਮੰਡਲ ਪ੍ਰਧਾਨ ਰਤਨ ਕੁਮਾਰ ਮੰਗੂ, ਸ਼੍ਰੋਮਣੀ ਅਕਾਲੀ ਦਲ (ਅ) ਅਮਰਜੀਤ ਸਿੰਘ ਨੇ ਕਿਹਾ ਕਿ ਪੁਲਸ ਵੱਲੋਂ ਇਨ੍ਹਾਂ ਲੁਟੇਰਿਆਂ 'ਤੇ ਨੱਥ ਪਾਉਣ ਲਈ ਪੁਲਸ ਗਸ਼ਤ ਵਧਾਈ ਜਾਵੇ।

## ਮਾਰਕੁੱਟ ਦਾ ਸ਼ਿਕਾਰ ਹੋਏ ਬੱਸ ਚਾਲਕ ਦੇ ਹੱਕ 'ਚ ਆਏ ਡਰਾਈਵਰ

### 4 ਵਿਅਕਤੀਆਂ ਖਿਲਾਫ਼ ਪੁਲਸ ਵੱਲੋਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਬੀਤੇ ਦਿਨੀਂ ਸਕੂਲੀ ਬੱਸ ਹੇਠਾਂ ਪਾਲਤੂ ਕੁੱਤਾ ਆ ਜਾਣ ਕਾਰਨ ਉਸ ਦੀ ਮੌਤ ਹੋ ਗਈ ਸੀ, ਜਿਸ 'ਤੇ ਭੜਕੇ ਪਰਵਾਰ ਵਾਲਿਆਂ ਨੇ ਡਰਾਈਵਰ ਦੀਦਾਰ ਸਿੰਘ ਦੀ ਬੇਰਹਿਮੀ ਨਾਲ ਕੁੱਟਮਾਰ ਕਰ ਜ਼ਖ਼ਮੀ ਕਰ ਦਿੱਤਾ ਸੀ। ਪੁਲਸ ਵੱਲੋਂ ਇਸ ਸਬੰਧੀ ਕਾਰਵਾਈ ਕਰਦਿਆਂ ਸਖ਼ਤ ਧਾਰਾਵਾਂ ਤਹਿਤ 4 ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕੀਤਾ ਹੈ ਤੇ ਮੁਲਜ਼ਮਾਂ ਦੀ ਪਹਿਚਾਣ ਲਵਪ੍ਰੀਤ ਸਿੰਘ, ਸੌਰਵ ਰਾਣਾ, ਮਨਪ੍ਰੀਤ ਸਿੰਘ, ਗੌਰਵ ਰਾਣਾ ਵਾਸੀ ਕੱਚਾ ਮਾਛੀਵਾੜਾ ਵਜੋਂ ਹੋਈ ਹੈ। ਇਸ ਤੋਂ ਇਲਾਵਾ ਮਾਛੀਵਾੜਾ ਇਲਾਕੇ ਦੇ ਭਾਰੀ ਗਿਣਤੀ 'ਚ ਸਕੂਲੀ ਬੱਸ ਡਰਾਈਵਰ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਤਹਿਸੀਲ ਪ੍ਰਧਾਨ ਨਿੰਦਰ ਸਿੰਘ ਖੇੜਾ ਜ਼ਖ਼ਮੀ ਹੋਏ ਦੀਦਾਰ ਸਿੰਘ ਦਾ ਹਾਲ ਪੁੱਛਣ ਲਈ ਹਸਪਤਾਲ ਪੁੱਜੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਨਿੰਦਰ ਸਿੰਘ ਖੇੜਾ ਨੇ ਕਿਹਾ ਕਿ ਕੁਦਰਤੀ ਵਾਪਰੇ ਹਾਦਸੇ ਕਾਰਨ ਬੱਚਿਆਂ ਨੂੰ ਜ਼ਖ਼ਮੀ ਹੋਣ ਤੋਂ ਬਚਾਉਣ ਲਈ ਬੱਸ ਅੱਗੇ ਆਏ ਕੁੱਤੇ ਦੀ ਮੌਤ ਤੋਂ ਬਾਅਦ ਜੋ ਡਰਾਈਵਰ ਦੀ ਕੁੱਟਮਾਰ ਕੀਤੀ ਗਈ ਹੈ, ਉਹ ਬਹੁਤ ਮੰਦਭਾਗੀ ਹੈ। ਉਨ੍ਹਾਂ ਕਿਹਾ ਕਿ ਕੁੱਟਮਾਰ ਕਰ ਡਰਾਈਵਰ ਦੀ ਵੀਡੀਓ ਵਾਇਰਲ ਕਰ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਿੱਖ ਡਰਾਈਵਰ ਦੀ ਦਸਤਾਰ ਵੀ ਕੁੱਟਮਾਰ ਦੌਰਾਨ ਉਤਾਰੀ ਗਈ, ਜੋ ਕਿ ਇੱਕ ਬੇਅਦਬੀ ਦੀ ਘਟਨਾ ਹੈ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਦੋਸ਼ੀਆਂ ਦੀ ਬੇਰਹਿਮੀ ਨਾਲ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰ ਉਨ੍ਹਾਂ ਨੂੰ ਗ੍ਰਿਫ਼ਤਾਰ ਕਰੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਮੁਖੀ ਨੇ ਕਿਹਾ ਕਿ ਪੁਲਸ ਵੱਲੋਂ ਡਰਾਈਵਰ ਦੀਦਾਰ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ 4 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ ਤੇ ਕਾਨੂੰਨ ਅਨੁਸਾਰ ਸਖ਼ਤ ਧਾਰਾਵਾਂ ਲਗਾਈਆਂ ਹਨ। ਉਨ੍ਹਾਂ ਕਿਹਾ ਕਿ ਜਲਦ ਹੀ ਇਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਚੇਅਰਮੈਨ ਹਡਾਣਾ ਨੇ ਹੜ੍ਹ ਪ੍ਰਭਾਵਤ ਕਿਸਾਨਾਂ ਨੂੰ ਮੁਆਵਜ਼ੇ ਦੇ ਦਸਤਾਵੇਜ਼ ਵੰਡੇ

### ਸਰਕਾਰ ਵੱਲੋਂ ਪਿੰਡ ਪੱਧਰ 'ਤੇ ਲੋਕਾਂ ਦੇ ਭਲੇ ਲਈ ਵਿੱਤੀ ਸਹਾਇਤਾ ਪਹੁੰਚ ਰਹੀ ਹੈ : ਹਡਾਣਾ



ਦੇਵੀਗੜ੍ਹ/ਪਟਿਆਲਾ (ਰਜਿੰਦਰ ਸਿੰਘ ਥਿੰਦ)-ਹਲਕਾ ਸਨੌਰ ਵਿੱਚ ਹੜ੍ਹ ਕਾਰਨ ਪ੍ਰਭਾਵਿਤ ਹੋਏ ਪਰਵਾਰਾਂ ਨੂੰ ਵੱਡੀ ਰਾਹਤ ਦਿੰਦਿਆਂ ਪੀ.ਆਰ.ਟੀ.ਸੀ. ਦੇ ਚੇਅਰਮੈਨ ਤੇ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਵੱਲੋਂ 4 ਪਿੰਡਾਂ ਦੇ ਕੁੱਲ 467 ਲਾਭਪਾਤਰੀਆਂ ਨੂੰ 2,83,05,125 ਰੁਪਏ ਦੀ ਮੁਆਵਜ਼ਾ ਰਾਸ਼ੀ ਦੇ ਦਸਤਾਵੇਜ਼ ਵੰਡੇ ਗਏ। ਇਹ ਦਸਤਾਵੇਜ਼ ਦੂਧਨਸਾਧਾਂ ਤਹਿਸੀਲ ਕੰਪਲੈਕਸ ਵਿਖੇ ਕਰਵਾਏ ਸਾਦੇ ਸਮਾਰੋਹ ਰਾਹੀਂ ਤਕਸੀਮ ਕੀਤੇ ਗਏ, ਜਿੱਥੇ ਇਲਾਕਾ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਚੇਅਰਮੈਨ ਹਡਾਣਾ ਦੇ ਨਾਲ ਜਤਿੰਦਰ ਸਿੰਘ ਨਾਇਬ ਤਹਿਸੀਲਦਾਰ ਤੇ ਦੂਧਨ ਸਾਧਾਂ ਦੇ ਸਮੂਹ ਪਟਵਾਰੀਆਂ ਤੋਂ ਇਲਾਵਾ ਸਨੌਰ ਨਗਰ ਕੌਂਸਲ ਦੇ ਪ੍ਰਧਾਨ ਪ੍ਰਦੀਪ ਜੋਸ਼ਨ, ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਦੂਧਨ ਸਾਧਾਂ ਤੇ ਹੋਰ ਆਪ ਆਗੂ ਮੌਜੂਦ ਸਨ। ਸਮਾਰੋਹ ਦੌਰਾਨ ਚੇਅਰਮੈਨ ਨੇ ਹੜ੍ਹ ਪੀੜਤ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਪ੍ਰਭਾਵਿਤ ਪਰਵਾਰ ਦੇ ਨਾਲ ਖੜੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਕਿਸਾਨਾਂ ਦੇ ਹੱਕਾਂ ਦੀ ਰੱਖਿਆ ਤੇ ਆਰਥਿਕ ਸਥਿਤੀ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਚੇਅਰਮੈਨ ਹਡਾਣਾ ਨੇ ਕਿਹਾ ਕਿ ਇਹ ਮਦਦ ਕੇਵਲ ਆਰਥਿਕ ਸਹਾਇਤਾ ਨਹੀਂ, ਸਗੋਂ ਕਿਸਾਨਾਂ ਲਈ ਮਨੋਵਿਗਿਆਨਕ ਤੌਰ 'ਤੇ ਭਰੋਸੇ ਦੀ ਕਾਰਵਾਈ ਹੈ। ਉਨ੍ਹਾਂ ਕਿਸਾਨਾਂ ਨਾਲ ਸਰਕਾਰ ਵੱਲੋਂ ਚੱਲ ਰਹੀਆਂ ਯੋਜਨਾਵਾਂ ਤੇ ਖੇਤੀ ਨਾਲ ਸਬੰਧਤ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ।

## ਆਰ ਐੱਮ ਪੀ ਆਈ ਸਰਦੂਲਗੜ੍ਹ ਦੇ ਪ੍ਰਧਾਨ ਸਾਥੀ ਰਣਬੀਰ ਕੁਮਾਰ ਜੈਨ ਦਾ ਦੇਹਾਂਤ

### ਪਾਸਲਾ ਤੇ ਸਾਥੀਆਂ ਨੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



ਸਰਦੂਲਗੜ੍ਹ (ਅਵਤਾਰ ਜਟਾਣਾ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਸਰਦੂਲਗੜ੍ਹ ਤਹਿਸੀਲ ਕਮੇਟੀ ਦੇ ਪ੍ਰਧਾਨ ਸਾਥੀ ਰਣਬੀਰ ਕੁਮਾਰ ਜੈਨ ਦੇ ਬੇਵਕਤੀ ਵਿਛੋੜੇ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਉਹ ਬੁੱਧਵਾਰ ਸਵੇਰੇ ਸਾਝਰੇ ਪਿਆ ਦਿਮਾਗ ਦਾ ਦੌਰਾ (ਬ੍ਰੇਨ ਹੈਮਰੇਜ) ਉਨ੍ਹਾਂ ਲਈ ਜਾਨਲੇਵਾ ਸਾਬਤ ਹੋਇਆ। ਮੂਲ ਰੂਪ 'ਚ ਨੇੜਲੇ ਪਿੰਡ ਖੈਰਾ ਕਲਾਂ ਦੇ ਜੰਮਪਲ ਸਾਥੀ ਰਣਵੀਰ ਕੁਮਾਰ ਜੈਨ ਲੰਮੀ ਸਦੀ ਦੇ ਅੰਤਲੇ ਦਹਾਕੇ 'ਚ ਸੀਪੀਆਈਐੱਮ (ਐੱਮ) ਨਾਲ ਜੁੜੇ ਸਨ। ਸੀਪੀਐੱਮ ਪੰਜਾਬ ਤੇ ਮਗਰੋਂ ਆਰ ਐੱਮ ਪੀ ਆਈ ਦੀ ਸਥਾਪਨਾ ਤੇ ਵਿਕਾਸ 'ਚ ਉਨ੍ਹਾਂ ਸ਼ਾਨਦਾਰ ਯੋਗਦਾਨ ਪਾਇਆ ਸੀ। ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਸਾਥੀ ਰਤਨ ਸਿੰਘ ਰੰਧਾਵਾ ਤੇ ਪ੍ਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ, ਬਜ਼ੁਰਗ ਰਹਿਬਰ ਸਾਥੀ ਛੱਜੂ ਰਾਮ ਰਿਸ਼ੀ, ਬਠਿੰਡਾ-ਮਾਨਸਾ ਜ਼ਿਲ੍ਹਾ ਕਮੇਟੀ ਦੇ ਸਕੱਤਰ ਸਾਥੀ ਲਾਲ ਚੰਦ, ਗੁਰਦੇਵ ਸਿੰਘ ਲੋਹਗੜ੍ਹ ਤੇ ਆਤਮਾ ਰਾਮ ਨੇ ਸਾਥੀ ਰਣਬੀਰ ਦੇ ਯੋਗਦਾਨ ਤੇ ਬੇਦਾਗ ਜੀਵਨ ਨੂੰ ਸਨਮਾਨ ਨਾਲ ਸਿਜਦਾ ਕਰਦਿਆਂ ਉਨ੍ਹਾਂ ਨੂੰ ਸੂਹੀ ਸ਼ਰਧਾਂਜਲੀ ਭੇਟ ਕੀਤੀ ਹੈ। ਪਾਰਟੀ ਆਗੂਆਂ ਨੇ ਵਿਛੜੇ ਸਾਥੀ ਦੇ ਪਰਵਾਰ ਨਾਲ ਆਪਣੀਆਂ ਸੰਵੇਦਨਾਵਾਂ ਵੀ ਸਾਂਝੀਆਂ ਕੀਤੀਆਂ ਹਨ।

## ਆਈ ਡੀ ਪੀ ਡੀ ਵੱਲੋਂ ਗਾਜ਼ਾ 'ਤੇ ਬੰਬ ਧਮਾਕਿਆਂ ਦੀ ਨਿੰਦਾ



ਲੁਧਿਆਣਾ (ਐੱਮ ਐੱਸ ਭਾਟੀਆ)-ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ) ਨੇ ਗਾਜ਼ਾ 'ਤੇ ਇਜ਼ਰਾਈਲ ਵੱਲੋਂ ਕੀਤੇ ਗਏ ਭਿਆਨਕ ਬੰਬ ਧਮਾਕਿਆਂ ਦੀ ਸਖ਼ਤ ਨਿੰਦਾ ਕੀਤੀ ਹੈ, ਜਿਸ ਵਿੱਚ 104 ਲੋਕ ਮਾਰੇ ਗਏ ਹਨ, ਜਿਨ੍ਹਾਂ ਵਿੱਚ 67 ਬੱਚੇ ਤੇ ਔਰਤਾਂ ਸ਼ਾਮਲ ਹਨ ਅਤੇ 250 ਤੋਂ ਵੱਧ ਜ਼ਖ਼ਮੀ ਹੋਏ ਹਨ। ਹਮਾਸ ਨੂੰ ਬਹਾਨੇ ਵਜੋਂ ਵਰਤਦੇ ਹੋਏ, ਇਜ਼ਰਾਈਲ ਇਹ ਬੰਬ ਧਮਾਕੇ ਕਰ ਰਿਹਾ ਹੈ ਤਾਂ ਜੋ ਕਿ ਅਸਥਾਈ ਸਮਝੌਤੇ ਦਾ ਸਿਰਫ ਇੱਕ ਹਿੱਸਾ ਹੀ ਲਾਗੂ ਕੀਤਾ ਗਿਆ ਹੈ। ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਇਜ਼ਰਾਈਲ ਖੇਤਰ ਵਿੱਚ ਸ਼ਾਂਤੀ ਵਿੱਚ ਦਿਲਚਸਪੀ ਨਹੀਂ ਰੱਖਦਾ। ਬਿਆਨ ਵਿੱਚ ਡਾ. ਅਰੁਣ ਮਿੱਤਰਾ ਪ੍ਰਧਾਨ ਤੇ ਡਾ. ਸ਼ਕੀਲ ਉਰ ਰਹਿਮਾਨ ਜਨਰਲ ਸਕੱਤਰ ਆਈ ਡੀ ਪੀ ਡੀ ਨੇ ਕਿਹਾ ਕਿ ਇਹ ਸਪੱਸ਼ਟ ਤੌਰ 'ਤੇ ਫਲਸਤੀਨੀਆਂ ਦੀ ਨਸਲਕੁਸ਼ੀ ਦਾ ਮਾਮਲਾ ਹੈ, ਜਿਸ ਵਿੱਚ ਵੱਡੇ ਅਮਰੀਕੀ ਤੇ ਇਜ਼ਰਾਈਲੀ ਕਾਰਪੋਰੇਸ਼ਨਾਂ ਦੇ ਸਵਾਰਥੀ ਹਿੱਤ ਸ਼ਾਮਲ ਹਨ। ਉਨ੍ਹਾਂ ਦਾ ਉਦੇਸ਼ ਗਾਜ਼ਾ ਨੂੰ ਅਤੀ ਧਨੀ ਵਰਗ ਲਈ ਇੱਕ ਸੈਰ-ਸਪਾਟਾ ਸਥਾਨ ਵਿੱਚ ਬਦਲਣਾ ਤੇ ਫਲਸਤੀਨੀਆਂ ਨੂੰ ਬਾਹਰ ਧੱਕਣਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਚਿੰਤਾਜਨਕ ਗੱਲ ਹੈ ਤੇ ਇਹ ਬਹੁਤ ਹੀ ਦੁਖਦਾਈ ਸਥਿਤੀ ਹੈ। ਪਿਛਲੇ ਸਮਿਆਂ ਵਿੱਚ, ਯੁੱਧ ਦੇ ਸਮੇਂ ਸਥਿਰਤਾ ਲਿਆਉਣ ਲਈ ਦੁਨੀਆ ਭਰ ਵਿੱਚ ਸ਼ਾਂਤੀ ਰੱਖਿਅਕ ਬਲ ਤਾਇਨਾਤ ਕੀਤੇ ਗਏ ਹਨ। ਆਈ ਡੀ ਪੀ ਡੀ ਨੇ ਮੰਗ ਕੀਤੀ ਕਿ ਇਜ਼ਰਾਈਲ ਨੂੰ ਤੁਰੰਤ ਰੋਕਣ ਲਈ ਹੁਣ ਇੱਕ ਅਜਿਹਾ ਹੀ ਵੱਡੇ ਪੱਧਰ ਦਾ ਸ਼ਾਂਤੀ ਮਿਸ਼ਨ ਭੇਜਿਆ ਜਾਵੇ।

## ਮਿਮਿਟ ਵਿਖੇ ਮਨਾਇਆ ਵਿਸ਼ਵਕਰਮਾ ਦਿਵਸ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਕਿਰਤ ਦੇ ਦੇਵਤਾ ਬਾਬਾ ਵਿਸ਼ਵਕਰਮਾ ਜੀ ਨੂੰ ਸਮਰਪਤ ਵਿਸ਼ਵਕਰਮਾ ਦਿਵਸ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ (ਮਿਮਿਟ) ਮਲੋਟ ਸੰਸਥਾ ਦੀ ਸੈਂਟਰਲ ਵਰਕਸ਼ਾਪ ਵਿੱਚ ਬੜੀ ਸ਼ਰਧਾ ਨਾਲ ਮਨਾਇਆ ਗਿਆ। ਸੈਂਟਰਲ ਵਰਕਸ਼ਾਪ ਦੇ ਇੰਚਾਰਜ ਡਾ. ਰੁਤਾਸ਼ ਮਿੱਤਲ ਤੇ ਸਮੂਹ ਵਰਕਸ਼ਾਪ ਸਟਾਫ ਵੱਲੋਂ ਬਾਬਾ ਵਿਸ਼ਵਕਰਮਾ ਜੀ ਦੀ ਪੂਜਾ ਕੀਤੀ ਗਈ ਤੇ ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਵੀ ਪਾਏ ਗਏ ਅਤੇ ਗੁਰੂ ਘਰ ਦੇ ਰਾਗੀ ਸਿੰਘਾਂ ਨੇ ਗੁਰਬਾਣੀ ਦਾ ਰਸਮਈ ਕੀਰਤਨ ਕੀਤਾ। ਇਸ ਮੌਕੇ ਵਰਕਸ਼ਾਪ ਦੇ ਇੰਚਾਰਜ ਡਾ. ਰੁਤਾਸ਼ ਮਿੱਤਲ ਨੇ ਇਸ ਦਿਨ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਅਤੇ ਸਮੂਹ ਫੈਕਲਟੀ ਤੇ ਸਟਾਫ ਮੈਂਬਰਾਂ ਨੂੰ ਇਸ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਸੰਸਥਾ ਦੇ ਡੀਨ, ਵੱਖ-ਵੱਖ ਵਿਭਾਗਾਂ ਮੁਖੀ/ਸੈਕਸ਼ਨਾਂ ਦੇ ਇੰਚਾਰਜ, ਫੈਕਲਟੀ, ਸਟਾਫ ਤੇ ਵਿਦਿਆਰਥੀ ਸ਼ਾਮਲ ਹੋਏ।


**AXIS BANK LTD.** Branch Office - Axis Bank Limited, SBB LOAN CENTER SCO-221, 2nd Floor, Paramjeet Tower, Sector-12, Karnal-132001

Corporate Office: 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025, Registered Office: 'Trishul', 3rd floor, opposite Samartheswar Temple, Law garden, Ellisbridge, Ahmedabad-380006

ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਪਤਾ | ਐੱਨ ਪੀ ਏ ਮਿਤੀ / ਡਿਮਾਂਡ ਨੋਟਿਸ ਦੀ ਮਿਤੀ / ਬਕਾਇਆ ਰਕਮ / ਕਰਜ਼ਾ ਰਕਮ |
|---|---|
| ਮੈਸਰਜ਼ ਕੌਰ ਚੰਦ ਪਵਨ ਕੁਮਾਰ ਰਾਹੀਂ ਇਸ ਦੇ ਮਾਲਕ ਸ੍ਰੀ ਪਵਨ ਕੁਮਾਰ ਪੁੱਤਰ ਸ੍ਰੀ ਨਰਾਤਾ ਰਾਮ ਰਨਿੰਗ ਐਟ ਸ਼ਾਪ ਨੰਬਰ 69, ਨਵੀਂ ਅਨਾਜ ਮੰਡੀ, ਕਾਲਾਂਵਾਲੀ, ਜ਼ਿਲ੍ਹਾ ਸਿਰਸਾ-125201-ਹਰਿਆਣਾ<br>2. ਸ੍ਰੀ ਪਵਨ ਕੁਮਾਰ ਪੁੱਤਰ ਸ੍ਰੀ ਨਰਾਤਾ ਰਾਮ ਵਾਸੀ ਪਿੰਡ ਕੋਰਿਆਣਾ ਜ਼ਿਲ੍ਹਾ ਬਠਿੰਡਾ-151302-ਪੰਜਾਬ<br>3. ਸ੍ਰੀ ਸਾਹਿਲ ਗੋਇਲ ਪੁੱਤਰ ਸ੍ਰੀ ਪਵਨ ਕੁਮਾਰ ਵਾਸੀ ਮਕਾਨ ਨੰਬਰ 82/1, ਪਿੰਡ-ਕੋਰਿਆਣਾ ਜ਼ਿਲ੍ਹਾ ਬਠਿੰਡਾ-151302-ਪੰਜਾਬ | 11 ਜੂਨ 2025<br>26 ਅਗਸਤ 2025<br>ਰੁਪਏ 19,42,437.28/- (ਰੁਪਏ ਉਨੀ ਲੱਖ ਬਤਾਲੀ ਹਜ਼ਾਰ ਚਾਰ ਸੌ ਸੈਂਤੀ ਤੇ ਅਠਾਈ ਪੈਸੇ ਕੇਵਲ)<br>ਰੁਪਏ 19,75,000/- (ਰੁਪਏ ਉੱਨੀ ਲੱਖ ਪਝੰਤਰ ਹਜ਼ਾਰ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ-ਸਮੁੱਚਾ ਰਿਹਾਇਸ਼ੀ ਮਕਾਨ ਦਾ ਹਿੱਸਾ, ਰਕਬਾ 0 ਕਨਾਲ 5 ਮਰਲੇ ਸਾਢੇ 4 ਸਰਸਾਈ ਖੇਵਟ/ਖਾਤਾ ਨੰਬਰ 984/1864, ਖਸਰਾ ਨੰ. 1276/2/2/23/1/2, ਰਕਬਾ 0-11 ਪਤਾ ਵਾਕਾ ਕਾਲਾਂਵਾਲੀ, ਜ਼ਿਲ੍ਹਾ ਸਿਰਸਾ-ਹਰਿਆਣਾ, ਮਾਲਕ ਸ੍ਰੀ ਸਾਹਿਲ ਗੋਇਲ ਵਾਈਡ ਟਰਾਂਸਫਰ ਡੀਡ ਨੰ. 3712 ਮਿਤੀ 16 ਫਰਵਰੀ 2018, ਹੱਦਬੰਦੀ: ਉੱਤਰ-ਡੀਡ ਅਨੁਸਾਰ, ਦੱਖਣ-ਡੀਡ ਅਨੁਸਾਰ, ਪੂਰਬ-ਡੀਡ ਅਨੁਸਾਰ, ਪੱਛਮ-ਡੀਡ ਅਨੁਸਾਰ।

ਉਪਰੋਕਤ ਦਰਸਾਏ ਹਾਲਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ।

ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 31.10.2025, ਸਥਾਨ : ਕਰਨਾਲ — ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ


## ਸਰਪੰਚ ਯੂਨੀਅਨ ਸੰਗਰੂਰ ਤੇ ਮਾਨਸਾ ਬਲਾਕ ਪ੍ਰਧਾਨਾਂ ਦੀ ਅਹਿਮ ਮੀਟਿੰਗ

### ਸਰਪੰਚਾਂ ਦੀ ਇੱਜ਼ਤ ਲਈ ਲੜਾਈ ਸੰਗਠਿਤ ਤਰੀਕੇ ਨਾਲ ਜਾਰੀ ਰਹੇਗੀ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ) ਜ਼ਿਲ੍ਹਾ ਪ੍ਰਧਾਨ ਸੰਗਰੂਰ ਸਰਪੰਚ ਮਨਿੰਦਰ ਸਿੰਘ ਲਖਮੀਰਵਾਲਾ ਤੇ ਜ਼ਿਲ੍ਹਾ ਪ੍ਰਧਾਨ ਮਾਨਸਾ ਸਰਪੰਚ ਜਸਵਿੰਦਰ ਸਿੰਘ ਰਿਆਉਂ ਦੀ ਅਗਵਾਈ ਹੇਠ ਬਲਾਕ ਪ੍ਰਧਾਨਾਂ ਦੀ ਇੱਕ ਮਹੱਤਵਪੂਰਨ ਮੀਟਿੰਗ ਸੁਨਾਮ ਵਿਖੇ ਹੋਈ, ਜਿਸ ਵਿੱਚ ਸੰਗਰੂਰ, ਮਾਨਸਾ ਦੇ ਬਲਾਕ ਪ੍ਰਧਾਨ ਸਾਹਿਬਾਨ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਮੀਟਿੰਗ ਦੌਰਾਨ ਵੱਖ-ਵੱਖ ਪ੍ਰਸ਼ਾਸਕੀ, ਸਮਾਜਿਕ ਤੇ ਸੰਗਠਨਕ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਖਾਸ ਤੌਰ 'ਤੇ ਗਾਇਕ ਗੁਲਾਬ ਸਿੱਧੂ ਦੇ ਗਾਣੇ ਸਣੇ ਸਰਪੰਚ ਸਾਰਾ ਪਿੰਡ ਕੁੱਟ ਦੂ ਦੇ ਵਿਰੋਧ ਵਿੱਚ ਸਰਪੰਚਾਂ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਤੇ ਇਕਸੁਰਤਾ ਨਾਲ ਨਿੰਦਾ ਕੀਤੀ ਗਈ। ਸਰਪੰਚਾਂ ਨੇ ਕਿਹਾ ਕਿ ਇਹ ਗਾਣਾ ਪਿੰਡਾਂ ਦੇ ਚੁਣੇ ਹੋਏ ਨੁਮਾਇੰਦਿਆਂ ਦੀ ਇਜ਼ਤ ਨਾਲ ਖਿਲਵਾੜ ਹੈ, ਜੋ ਪੂਰੇ ਪਿੰਡ ਪਰਵਾਰ ਦੀ ਬੇਇੱਜ਼ਤੀ ਦੇ ਬਰਾਬਰ ਹੈ।

ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਮਨਿੰਦਰ ਸਿੰਘ ਲਖਮੀਰਵਾਲਾ ਤੇ ਜ਼ਿਲ੍ਹਾ ਮਾਨਸਾ ਪ੍ਰਧਾਨ ਜਸਵਿੰਦਰ ਸਿੰਘ ਰਿਆਉਂ ਨੇ ਕਿਹਾ ਕਿ ਸਰਪੰਚ ਕਿਸੇ ਵੀ ਪਿੰਡ ਦਾ ਚੁਣਿਆ ਹੋਇਆ ਨੇਤਾ ਹੁੰਦਾ ਹੈ, ਉਸ ਦੀ ਇਜ਼ਤ 'ਤੇ ਹਮਲਾ ਦਰਅਸਲ ਲੋਕਤੰਤਰ 'ਤੇ ਹਮਲਾ ਹੈ। ਇਨ੍ਹਾਂ ਗਾਇਕਾਂ ਨੂੰ ਅਜਿਹੇ ਗੀਤਾਂ ਰਾਹੀਂ ਨਫ਼ਰਤ ਫੈਲਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਮੀਟਿੰਗ 'ਚ ਨਿਰਣਾ ਕੀਤਾ ਗਿਆ ਕਿ ਗੁਲਾਬ ਸਿੱਧੂ ਮਾਮਲੇ ਵਿੱਚ ਸਰਪੰਚਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਠੋਸ ਫੈਸਲਾ ਕੀਤਾ ਜਾਵੇਗਾ, ਹਰ ਬਲਾਕ ਪੱਧਰ 'ਤੇ ਨਿਯਮਤ ਮੀਟਿੰਗਾਂ ਹੋਣਗੀਆਂ, ਜਿਨ੍ਹਾਂ ਵਿੱਚ ਡੀ ਸੀ ਤੇ ਐੱਸਐੱਸਪੀ ਸਾਹਿਬਾਨਾਂ ਨੂੰ ਮੰਗ ਪੱਤਰ ਦਿੱਤੇ ਜਾਣਗੇ ਤਾਂ ਜੋ ਇਸ ਗੀਤ 'ਤੇ ਬੀਪ ਲੱਗਣ ਤੋਂ ਪਹਿਲਾਂ ਵਾਇਰਲ ਹੋਏ ਗੀਤ ਨੂੰ ਕਿਤੇ ਵੀ ਚੱਲਣ ਤੋਂ ਬੈਨ ਕਰਵਾਉਣ ਲਈ ਕਾਨੂੰਨੀ ਕਾਰਵਾਈ ਹੋ ਸਕੇ। ਯੂਨੀਅਨ ਦੀ ਮਜ਼ਬੂਤੀ ਲਈ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹਾ ਤੇ ਰਾਜ ਪੱਧਰ 'ਤੇ ਸੰਗਠਨਕ ਢਾਂਚਾ ਹੋਰ ਮਜ਼ਬੂਤ ਕੀਤਾ ਜਾਵੇਗਾ। ਜੇਕਰ ਕਿਸੇ ਵੀ ਗਾਇਕ ਜਾਂ ਸ਼ਖ਼ਸ ਵੱਲੋਂ ਸਰਪੰਚਾਂ ਦੀ ਇਜ਼ਤ 'ਤੇ ਹਮਲਾ ਕੀਤਾ ਗਿਆ, ਤਾਂ ਸਾਰੇ ਜ਼ਿਲ੍ਹਿਆਂ ਦੇ ਸਰਪੰਚ ਇਕੱਠੇ ਹੋ ਕੇ ਵਿਰੋਧ ਪ੍ਰਦਰਸ਼ਨ ਕਰਨਗੇ। ਸਰਪੰਚਾਂ ਦੇ ਹੱਕਾਂ ਤੇ ਇਜ਼ਤ ਦੀ ਰੱਖਿਆ ਲਈ ਕਾਨੂੰਨੀ ਤੇ ਸੰਗਠਨਕ ਰਣਨੀਤੀ ਤਿਆਰ ਕੀਤੀ ਜਾਵੇਗੀ। ਮੀਟਿੰਗ ਦੇ ਅੰਤ ਵਿੱਚ ਸਾਰੇ ਪ੍ਰਧਾਨਾਂ ਨੇ ਏਕਤਾ ਤੇ ਭਾਈਚਾਰੇ ਦੀ ਭਾਵਨਾ ਨਾਲ ਸਾਂਝਾ ਬਿਆਨ ਜਾਰੀ ਕੀਤਾ ਤੇ ਜ਼ਿਲ੍ਹਾ ਪ੍ਰਧਾਨ ਮਨਿੰਦਰ ਸਿੰਘ ਲਖਮੀਰਵਾਲਾ ਤੇ ਜਸਵਿੰਦਰ ਸਿੰਘ ਰਿਆਉਂ ਦੇ ਯੋਗ ਨੇਤ੍ਰਤਵ ਲਈ ਧੰਨਵਾਦ ਕੀਤਾ। ਸਾਰੇ ਸਰਪੰਚਾਂ ਨੇ ਸੰਕਲਪ ਲਿਆ ਕਿ ਗਾਇਕਾਂ ਦੀ ਅਪਮਾਨਜਨਕ ਬੋਲਬਾਣੀ ਨੂੰ ਕਦੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਪੰਜਾਬ ਪੱਧਰ 'ਤੇ ਇੱਕਜੁਟ ਹੋ ਕੇ ਆਪਣੀ ਇਜ਼ਤ ਦੀ ਰੱਖਿਆ ਕੀਤੀ ਜਾਵੇਗੀ।


**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

### ਜਾਇਦਾਦ ਵਿਕਰੀ ਨੋਟਿਸ

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।
ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 20.11.2025 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | 1. ਮੈਸ. ਇਲੈਕਟਰੋ ਹੱਟ, ਪਤਾ ਸਾਹਮਣੇ ਸਾਈ ਸਟੂਡੀਓ, ਸਰਕਲ ਰੋਡ, ਰਾਏਕੋਟ ਲੁਧਿਆਣਾ-141109 ਰਾਹੀਂ ਇਸਦੇ ਮਾਲਕ ਸ੍ਰੀ ਸੁਨੀਲ ਕੁਮਾਰ ਬਾਂਸਲ ਪੁੱਤਰ ਬਸੇਸਰ ਲਾਲ ਉਰਫ ਬਸ਼ੇਸ਼ਰ ਲਾਲ ਬਾਂਸਲ ਵਾਸੀ ਮਕਾਨ ਨੰਬਰ 2152, ਵਾਰਡ ਨੰ. 13, ਰਾਏਕੋਟ, ਲੁਧਿਆਣਾ, ਪੰਜਾਬ-141109......................(ਕਰਜ਼ਦਾਰ)<br>ਸ੍ਰੀਮਤੀ ਸੰਤੋਸ਼ ਉਰਫ ਸੰਤੋਸ਼ ਰਾਣੀ, ਪਤਨੀ ਸ੍ਰੀ ਸੁਨੀਲ ਕੁਮਾਰ ਬਾਂਸਲ ਵਾਸੀ ਮਕਾਨ ਨੰਬਰ 2152, ਵਾਰਡ ਨੰ. 13, ਰਾਏਕੋਟ, ਲੁਧਿਆਣਾ, ਪੰਜਾਬ-141109<br>ਸ੍ਰੀ ਹਨੀ ਗੋਇਲ ਪੁੱਤਰ ਸੁਰੇਸ਼ ਕੁਮਾਰ ਗੋਇਲ, ਵਾਸੀ ਮਕਾਨ ਨੰ. 2579, ਮੁਹੱਲਾ ਕੌੜਿਆਂ, ਰਾਏਕੋਟ, ਲੁਧਿਆਣਾ, ਪੰਜਾਬ-141109................... (ਗਰੰਟਰ) |
| ਬਕਾਇਆ ਰਕਮ ODT/099400000007 | 1. Rs. 37,84,055/- (ਅਤੇ ਮਿਤੀ 01.10.2025 ਤੋਂ ਲਾਗੂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਅਚੱਲ ਜਾਇਦਾਦ ਰਕਬਾ 150 ਵਰਗ ਗਜ਼ (5 ਮਰਲੇ) ਪਤਾ ਮੁਹੱਲਾ ਖੇਲਾ ਖੰਗੂੜਾ, ਪੁਰਾਣਾ ਮਕਾਨ ਨੰ. 2152 ਨਵਾਂ ਮਕਾਨ ਨੰ. 24/13 ਰਾਏਕੋਟ ਮਾਲਕ ਸੰਤੋਸ਼ ਰਾਣੀ ਪਤਨੀ ਸੁਨੀਲ ਕੁਮਾਰ ਵਾਈਡ ਸੇਲ ਡੀਡ ਵਸੀਕਾ ਨੰ. 1375 ਮਿਤੀ 14.6.2011 |
| ਰਾਖਵੀਂ ਕੀਮਤ | ਰੁ. 14 ਲੱਖ (ਰੁਪਏ ਚੌਦਾਂ ਲੱਖ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 20-11-2025 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ : ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ ਅਧਾਰ" 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 20.11.2025 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਬਰਾਂਚ ਦਫਤਰ ਰਾਏਕੋਟ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 30.10.2025 — ਅਧਿਕਾਰਤ ਅਫਸਰ


## ਸ਼ਹੀਦੀ ਸ਼ਤਾਬਦੀ ਨੂੰ ਸਮਰਪਤ 8 ਤੇ 9 ਗੁਰਮਤਿ ਕੀਰਤਨ ਸਮਾਗਮ

### ਤਿਆਰੀਆਂ ਸਬੰਧੀ ਸ੍ਰੀ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਦੀ ਮੀਟਿੰਗ



ਮੋਗਾ (ਇਕਬਾਲ ਸਿੰਘ ਖਹਿਰਾ)-ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਪੂਰਨ ਰੂਪ ਵਿੱਚ ਸਮਰਪਿਤ ਸ੍ਰੀ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਮੋਗਾ ਦੀ ਵਿਸ਼ੇਸ਼ ਮੀਟਿੰਗ ਬਲਜੀਤ ਸਿੰਘ ਵਿੱਕੀ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਬੀਬੀ ਕਾਹਨ ਕੌਰ ਮੋਗਾ ਵਿਖੇ ਹੋਈ, ਜਿਸ ਵਿੱਚ ਪੂਰੀ ਲੋਕਾਈ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕਰਦੇ ਹੋਏ ਉਨ੍ਹਾਂ ਦੀ 350 ਸਾਲਾ ਸ਼ਤਾਬਦੀ ਤੇ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਦਾਸ ਜੀ ਦੇ ਪਾਵਨ ਆਗਮਨ ਕੌਰ ਮੋਗਾ ਪੁਰਬ ਨੂੰ ਸਮਰਪਤ ਗੁਰ ਸ਼ਬਦ ਪ੍ਰਚਾਰ ਮਿਸ਼ਨ ਤਹਿਤ 8 ਤੇ 9 ਨਵੰਬਰ ਨੂੰ ਸ਼ਾਮ 5-30 ਵਜੇ ਤੋਂ ਰਾਤ 11-00 ਵਜੇ ਤੱਕ ਕਰਵਾਏ ਜਾ ਰਹੇ ਗੁਰਮਤਿ ਕੀਰਤਨ ਸਮਾਗਮ ਦੀਆਂ ਤਿਆਰੀਆਂ ਲਈ ਅਲੱਗ ਅਲੱਗ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਸੀਸ ਵਿੱਚ ਪਾਰਕਿੰਗ ਤੇ ਜੋੜਿਆ ਦੀ ਸੇਵਾ, ਲੰਗਰ ਵਰਤਾਉਣ ਦੀ ਸੇਵਾ, ਪੰਡਾਲ ਦੀ ਸਜਾਵਟ ਲਈ ਮਾਹਰ ਕਾਰੀਗਰਾਂ ਦੀਆਂ ਸੇਵਾਵਾਂ, ਸਟੇਜ ਤੇ ਪਾਲਕੀ ਸਾਹਿਬ ਦੀ ਸਜਾਵਟ ਅਲੱਗ ਅਲੱਗ ਜੱਥਿਆਂ ਦੀ ਸੇਵਾ ਲਗਾਈ ਗਈ। ਇਹਨਾਂ ਸਾਰੇ ਪ੍ਰਬੰਧਾਂ ਦੀ ਦੇਖ ਰੇਖ ਲਈ ਸਤਨਾਮ ਸਿੰਘ ਬੀ.ਏ. ਅਤੇ ਸਰਬਜੀਤ ਸਿੰਘ ਐਡਵੋਕੇਟ ਦੀ ਨਿਯੁਕਤੀ ਕੀਤੀ ਗਈ। ਇਸ ਸਮੇਂ ਸ੍ਰੀ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਮੋਗਾ ਦੇ ਚੀਫ ਆਰਗੇਨਾਈਜਰ ਭੁਪਿੰਦਰ ਸਿੰਘ ਬਬਲੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਗੁਰਮਤਿ ਕੀਰਤਨ ਸਮਾਗਮ ਵਿੱਚ ਸਿੱਖ ਪੰਥ ਦੇ ਸਿਰਮੌਰ ਕੀਰਤਨੀਏ ਪ੍ਰਿੰਸੀਪਲ ਸੁਖਵੰਤ ਸਿੰਘ ਜੀ ਜਵੱਦੀ ਟਕਸਾਲ ਵਾਲੇ, ਭਾਈ ਜਸਬੀਰ ਸਿੰਘ ਜੀ ਪਾਉਂਟਾ ਸਾਹਿਬ ਵਾਲੇ, ਭਾਈ ਹਰਜੋਤ ਸਿੰਘ ਜ਼ਖ਼ਮੀ ਜਲੰਧਰ ਵਾਲੇ, ਭਾਈ ਅੰਮ੍ਰਿਤਪਾਲ ਸਿੰਘ ਢਪਈ, ਭਾਈ ਸਿਮਰਪ੍ਰੀਤ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗੁਰਦੇਵ ਸਿੰਘ ਜੀ ਕੋਹਾੜਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸੰਦੀਪ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਬਾਬਾ ਸੁੱਚਾ ਸਿੰਘ ਜੀ ਸੰਗੀਤ ਅਕੈਡਮੀ ਜੰਡਿਆਲਾ ਗੁਰੂ ਅਤੇ ਲੁਧਿਆਣਾ ਦੇ ਵਿਦਿਆਰਥੀ ਤੇ ਹੋਰ ਵੀ ਉਚ ਕੋਟੀ ਦੇ ਵਿਦਵਾਨ ਅਤੇ ਧਾਰਮਿਕ ਸ਼ਖਸੀਅਤਾਂ ਇਨ੍ਹਾਂ ਸਮਾਗਮਾਂ ਵਿੱਚ ਸ਼ਿਰਕਤ ਕਰਨਗੀਆ। ਇਸ ਸਮੇਂ ਬਲਜਿੰਦਰ ਸਿੰਘ ਸਹਿਗਲ ਜਨਰਲ ਸਕੱਤਰ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਤਨ ਮਨ ਤੇ ਧਨ ਨਾਲ ਸੇਵਾ ਕਰਨ ਦੀ ਅਪੀਲ ਕੀਤੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਬਲਜੀਤ ਸਿੰਘ ਵਿੱਕੀ ਪ੍ਰਧਾਨ, ਭੁਪਿੰਦਰ ਸਿੰਘ ਬਬਲੂ ਚੀਫ ਆਰਗੇਨਾਈਜਰ, ਸਰਬਜੀਤ ਸਿੰਘ ਐਡਵੋਕੇਟ, ਸਤਨਾਮ ਸਿੰਘ ਬੀ.ਏ., ਬਲਜਿੰਦਰ ਸਿੰਘ ਸਹਿਗਲ, ਭਾਈ ਚਰਨ ਸਿੰਘ ਗੰਭੀ, ਹਰਪ੍ਰੀਤ ਸਿੰਘ ਸਹਿਗਲ, ਸਿਮਰਨ ਸਿੰਘ, ਨਮਨਦੀਪ ਸਿੰਘ, ਸਿਮਰਨਜੀਤ ਸਿੰਘ, ਜੋਧਵੀਰ ਸਿੰਘ, ਜਸਮੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

## ਲੋੜਵੰਦ ਵਿਦਿਆਰਥੀਆਂ ਦੀ ਮਦਦ ਕਰਨਾ ਮੇਰਾ ਜਨੂੰਨ : ਡਾ. ਕੁਲਵਿੰਦਰ ਕੌਰ



ਸਮਰਾਲਾ (ਸੁਰਜੀਤ ਸਿੰਘ)-ਵੱਖ ਵੱਖ ਕਾਲਜਾਂ ਵਿੱਚ ਪੜ੍ਹਾਉਂਦਿਆਂ ਆਪਣੇ 35 ਸਾਲ ਦੇ ਅਰਸੇ ਦੌਰਾਨ ਕਿੰਨੇ ਗਰੀਬ ਵਿਦਿਆਰਥੀਆਂ ਦੀ ਆਰਥਿਕ ਮਦਦ ਕੀਤੀ ਤੇ ਉਨ੍ਹਾਂ ਨੂੰ ਕਾਲਜ ਡ੍ਰੌਪ ਆਊਟ ਹੋਣ ਤੋਂ ਬਚਾਇਆ, ਕੁਝ ਯਾਦ ਨਹੀਂ। ਬਸ ਇੱਕੋ ਚੀਜ਼ ਚੇਤੇ ਰਹੀ ਕਿ ਕੋਈ ਬੱਚਾ ਕਲਮ ਤੇ ਕਿਤਾਬ ਤੋਂ ਵਾਂਝਾ ਨਾ ਰਹੇ। ਇਹ ਗੱਲ ਇੱਥੇ ਸਥਾਨਕ ਮਾਲਵਾ ਕਾਲਜ ਤੋਂ ਆਪਣੀ ਸੇਵਾ ਨਿਵਰਤੀ ਮੌਕੇ ਹਿੰਦੀ ਦੀ ਪ੍ਰੋਫੈਸਰ ਡਾ. ਕੁਲਵਿੰਦਰ ਕੌਰ ਨੇ 'ਨਵਾਂ ਜ਼ਮਾਨਾ' ਨਾਲ ਵਿਸ਼ੇਸ਼ ਗੱਲ ਕਰਦਿਆਂ ਦੱਸੀ। ਉਨ੍ਹਾਂ ਕਿਹਾ ਕਿ ਇਹ ਸਿਲਸਿਲਾ ਸੇਵਾ ਨਿਵਰਤੀ ਉਪਰੰਤ ਰੁਕਣ ਵਾਲਾ ਨਹੀਂ, ਉਹ ਆਉਣ ਵਾਲੇ ਸਮੇਂ ਵਿੱਚ ਲੋਕ ਭਲਾਈ ਦੇ ਕਾਰਜਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਂਦੇ ਰਹਿਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਜ਼ਿੰਦਗੀ ਵਿੱਚ ਅਜਿਹੇ ਮਰਹਲੇ ਵੀ ਆਏ ਹਨ ਕਿ ਜਦੋਂ ਬਹੁਤ ਹੀ ਹੋਣਹਾਰ ਬੱਚੇ ਆਪਣੀ ਪਰਵਾਰਕ ਮਜਬੂਰੀਆਂ ਕਾਰਨ ਪੜ੍ਹਾਈ ਛੱਡ ਕੇ ਮਜ਼ਦੂਰੀ ਕਰਨ ਲਈ ਮਜਬੂਰ ਹੋਣ ਲੱਗੇ ਤਾਂ ਉਨ੍ਹਾਂ ਦੇ ਮਨ ਵਿੱਚ ਆਇਆ ਕਿ ਇਨ੍ਹਾਂ ਮਾਸੂਮ ਹੱਥਾਂ ਵਿੱਚ ਖੁਰਪਾ ਦਾਤਰੀ ਨਹੀਂ ਕਲਮ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਉਹ ਆਪਣੇ ਵਿਦਿਆਰਥੀ ਤੇ ਵਿਦਿਆਰਥਣਾਂ ਦੇ ਹੱਥਾਂ ਵਿਚ ਕਲਮ ਫੜਾਉਣ ਲਈ ਸਫ਼ਲ ਹੋਏ। ਉਨ੍ਹਾਂ ਕਿਹਾ ਕਿ ਗਰੀਬ ਤੇ ਬੇਸਹਾਰਾ ਵਿਦਿਆਰਥੀਆਂ ਦੀ ਮਦਦ ਕਰਨਾ ਮੇਰਾ ਜ਼ਨੂਨ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵਿਦਿਆਰਥੀਆਂ ਵਿਚੋਂ ਅੱਜ ਕੁਝ ਵਿਦਿਆਰਥੀ ਵੱਡੇ ਮੁਕਾਮਾਂ ਤੇ ਪਹੁੰਚ ਕੇ ਸਮਾਜ ਵਿਚ ਚੰਗਾ ਰੁਤਬਾ ਬਣਾ ਸਕੇ ਹਨ। ਉਨ੍ਹਾਂ ਕਿਹਾ ਕਿ ਜਨਮ ਤੋਂ ਕੋਈ ਅਮੀਰ ਜਾਂ ਗਰੀਬ ਨਹੀਂ ਹੁੰਦਾ ਬਲਕਿ ਕੁਝ ਹਾਲਾਤ ਜਨਕ ਮਜਬੂਰੀਆਂ ਹੁੰਦੀਆਂ ਹਨ, ਜੋ ਵਿਅਕਤੀ ਦੀ ਤਰੱਕੀ ਦੇ ਰਾਹ ਵਿਚ ਵਕਤੀ ਤੌਰ 'ਤੇ ਅੜਿੱਕਾ ਬਣ ਕੇ ਖੜ੍ਹੀਆਂ ਹੋ ਜਾਂਦੀਆਂ ਹਨ। ਜ਼ਰੂਰਤ ਹੁੰਦੀ ਹੈ ਮੁਸ਼ਕਲਾਂ ਦਾ ਮੁਕਾਬਲਾ ਕਰਦਿਆਂ ਤੇ ਸੰਘਰਸ਼ ਦੀ ਡਗਰ ਅਖਤਿਆਰ ਕਰਕੇ ਉਨ੍ਹਾਂ ਤੋਂ ਪਾਰ ਜਾਣ ਦੀ ਉਨ੍ਹਾਂ ਕਿਹਾ। ਡਾ. ਕੁਲਵਿੰਦਰ ਕੌਰ ਨੇ ਕਿਹਾ ਕਿ ਲੋੜਵੰਦ ਭਾਵੇਂ ਉਨ੍ਹਾਂ ਦਾ ਵਿਦਿਆਰਥੀ ਹੋਵੇ ਜਾਂ ਕੋਈ ਹੋਰ, ਉਸ ਦੀ ਮਦਦ ਕਰਕੇ ਉਨ੍ਹਾਂ ਨੂੰ ਬਹੁਤ ਖੁਸ਼ੀ ਮਿਲਦੀ ਹੈ। ਡਾ. ਕੁਲਵਿੰਦਰ ਕੌਰ ਸਥਾਨਕ ਮਾਲਵਾ ਕਾਲਜ ਵਿੱਚੋਂ ਆਪਣੀ ਸੇਵਾ ਪੂਰੀ ਕਰਕੇ ਅੱਜ ਸੇਵਾ ਮੁਕਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਅਰਸੇ ਦੌਰਾਨ ਉਨ੍ਹਾਂ ਕਾਲਜ ਦੀ ਜੋ ਸੇਵਾ ਕੀਤੀ, ਉਸ ਲਈ ਉਨ੍ਹਾਂ ਨੂੰ ਬਹੁਤ ਖੁਸ਼ੀ ਹੈ। ਮਿੱਠਬੋਲੜੇ ਸੁਭਾਅ ਦੀ ਇਸ ਪ੍ਰੋਫੈਸਰ ਨੇ ਆਪਣੇ ਵਿਦਿਆਰਥੀਆਂ ਤੇ ਆਪਣੇ ਸਹਿਕਰਮੀਆਂ ਵਿੱਚ ਚੰਗੀ ਮਕਬੂਲੀਅਤ ਹਾਸਲ ਕੀਤੀ। ਮਾਲਵਾ ਕਾਲਜ ਅਲੁਮਿਨੀ ਦੇ ਪ੍ਰਧਾਨ ਤੇ ਡਾ. ਕੁਲਵਿੰਦਰ ਕੌਰ ਦੇ ਪੁਰਾਣੇ ਵਿਦਿਆਰਥੀ ਤੇ ਪ੍ਰਸਿੱਧ ਨਾਟਕਕਾਰ ਰਾਜਵਿੰਦਰ ਸਮਰਾਲਾ ਤੇ ਐਡਵੋਕੇਟ ਗਗਨਦੀਪ ਸ਼ਰਮਾ ਨੇ ਕਿਹਾ ਕਿ ਡਾ. ਕੁਲਵਿੰਦਰ ਕੌਰ ਨੇ ਸਹੀ ਮਾਅਨਿਆਂ ਵਿੱਚ ਇੱਕ ਸਮਰਪਤ ਅਧਿਆਪਕ ਹੋਣ ਦਾ ਫਰਜ਼ ਨਿਭਾਇਆ ਹੈ। ਉਨ੍ਹਾਂ ਕਿਹਾ ਡਾ. ਕੁਲਵਿੰਦਰ ਕੌਰ ਹਮੇਸ਼ਾ ਆਪਣੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਤੇ ਭਵਿੱਖ ਲਈ ਫ਼ਿਕਰਮੰਦ ਰਹੇ ਹਨ। ਉਨ੍ਹਾਂ ਕਦੇ ਕੋਈ ਪੀਰੀਅਡ ਮਿਸ ਨਹੀਂ ਕੀਤਾ, ਇਹੋ ਕਾਰਨ ਰਿਹਾ ਕਿ ਉਨ੍ਹਾਂ ਦੀ ਕਲਾਸ ਦੇ ਨਤੀਜੇ ਹਮੇਸ਼ਾ ਸ਼ਾਨਦਾਰ ਰਹੇ। ਦੋਹਾਂ ਸ਼ਖ਼ਸੀਅਤਾਂ ਨੇ ਡਾ. ਕੁਲਵਿੰਦਰ ਕੌਰ ਦੀ ਕਾਲਜ ਤੋਂ ਸਫ਼ਲ ਵਿਦਾਇਗੀ ਤੇ ਉਨ੍ਹਾਂ ਨੂੰ ਦਿਲੀ ਮੁਬਾਰਕਬਾਦ ਦਿੱਤੀ ਹੈ।


**ਇੰਡਿਯਨ ਬੈਂਕ Indian Bank** — ਇਲਾਹਾਬਾਦ ALLAHABAD
BRANCH: Tagore Nagar, 1105, Kiran Villa, B-Block, Tagore Nagar, Civil Lines, Ludhiana.141001

### ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਇੰਡੀਅਨ ਬੈਂਕ, ਖੰਨਾ ਦੇ ਅਧਿਕਾਰਤ ਅਫਸਰ ਵਜੋਂ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ (54 ਆਫ 2002) ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਸੱਦਾ ਦਿੰਦਿਆਂ ਹੇਠਾਂ ਦਰਸਾਈਆਂ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕੀਤੇ ਸਨ, ਕਿਉਂਕਿ ਸੰਬੰਧਤ ਪਾਰਟੀਆਂ ਰਕਮ ਵਾਪਸ ਮੋੜਨ 'ਚ ਅਸਫਲ ਰਹੀਆਂ ਹਨ, ਜਾਇਦਾਦ ਦੇ ਮਾਲਕ, ਸੰਬੰਧਤ ਪਾਰਟੀਆਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ 'ਤੇ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ। ਸੰਬੰਧਤ ਪਾਰਟੀਆਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਇੰਡੀਅਨ ਬੈਂਕ ਟੈਗੋਰ ਨਗਰ ਬਰਾਂਚ ਲੁਧਿਆਣਾ ਦੀ ਹੇਠਾਂ ਦਰਸਾਈ ਕੁਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| 1. (ਕਰਜ਼ਦਾਰ) ਸਵਰਗੀ ਸ੍ਰੀਮਤੀ ਮੰਜੂ ਪਤਨੀ ਸ੍ਰੀ ਦੀਪੂ ਪਾਂਡੇ (ਸਵਰਗਵਾਸੀ) (ਰਾਹੀਂ ਕਾਨੂੰਨੀ ਵਾਰਸ) ਸ੍ਰੀ ਦੀਪੂ ਪਾਂਡੇ ਪੁੱਤਰ ਸ੍ਰੀ ਜਮਨਾ ਪ੍ਰਸ਼ਾਦ ਪਾਂਡੇ ਵਾਸੀ ਬੀ-1, 264 ਗਲੀ ਨੰ. 3, ਗੁਰੂ ਨਾਨਕਪੁਰਾ, ਸਿਵਲ ਲਾਈਨਜ਼, ਲੁਧਿਆਣਾ, 141001 ਹੋਰ ਪਤਾ : ਮਕਾਨ ਨੰ. ਬੀ-34-6527/67/1 ਪ੍ਰੀਤ ਵਿਹਾਰ ਪਿੰਡ ਜੱਸੀਆਂ, ਲੁਧਿਆਣਾ, 141001<br>2. ਸ੍ਰੀ ਦੀਪੂ ਪਾਂਡੇ ਪੁੱਤਰ ਸ੍ਰੀ ਜਮਨਾ ਪ੍ਰਸ਼ਾਦ ਪਾਂਡੇ | ਸਮੁਚਾ ਜਾਇਦਾਦ ਦਾ ਹਿੱਸਾ ਮਕਾਨ ਨੰ. ਮਕਾਨ ਨੰ. ਬੀ-34-6527/67/1 ਰਕਬਾ 71.11 ਵਰਗ ਗਜ਼ ਖਸਰਾ ਨੰ. 42//12/1/1-19/2-20 ਖਾਤਾ ਨੰ. 338/352, 339/353, ਜਮ੍ਹਾਂਬੰਦੀ ਸਾਲ 2007-2008 ਵਾਕਿਆ ਪ੍ਰੀਤ ਵਿਹਾਰ ਪਿੰਡ ਜੱਸੀਆਂ, ਹੱਦਬਸਤ ਨੰ. 101 ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਜੋ ਸ੍ਰੀਮਤੀ ਮੰਜੂ ਦੇ ਨਾਂਅ ਹੈ ਵਾਇਡ ਵਸੀਕਾ ਨੰ. 135 ਮਿਤੀ 19.05.2020 ਹੱਦਬੰਦੀ ਹੇਠਾਂ ਅਨੁਸਾਰ (ਸੇਲ ਡੀਡ ਅਨੁਸਾਰ) : ਪੂਰਬ : ਦਿਲਰਾਜ ਸਿੰਘ 32', ਪੱਛਮ : ਗਲੀ 20' ਚੌੜੀ, ਉੱਤਰ : ਗਲੀ 20' ਚੌੜੀ, ਦੱਖਣ : ਗੁਆਂਢੀ 20' | 11.08.2025 | 28.10.2025 | ਸੰਕੇਤਕ ਕਬਜ਼ਾ<br>ਰੁ. 19,21,535/- (ਉੱਨੀ ਲੱਖ ਇੱਕੀ ਹਜ਼ਾਰ ਪੰਜ ਸੌ ਪੈਂਤੀ ਰੁਪਏ ਕੇਵਲ) 11.08.2025 ਤੱਕ ਸਮੇਤ ਵਿਆਜ ਹੋਰ ਖਰਚੇ ਜੋ ਵੀ ਹੋਣ |

ਵਾਸੀ ਬੀ-1, 264 ਗਲੀ ਨੰ. 3, ਗੁਰੂ ਨਾਨਕਪੁਰਾ, ਸਿਵਲ ਲਾਈਨਜ਼, ਲੁਧਿਆਣਾ, 141001 ਹੋਰ ਪਤਾ : ਮਕਾਨ ਨੰ. ਬੀ-34-6527/67/1 ਪ੍ਰੀਤ ਵਿਹਾਰ, ਪਿੰਡ ਜੱਸੀਆਂ, ਲੁਧਿਆਣਾ, 141001, 3. ਸਵਰਗੀ ਸ੍ਰੀ ਰਜਿੰਦਰ ਕੁਮਾਰ ਪੁੱਤਰ ਸ੍ਰੀ ਦੀਪੂ ਪਾਂਡੇ (ਸਵਰਗਵਾਸੀ) (ਰਾਹੀਂ ਕਾਨੂੰਨੀ ਵਾਰਿਸ) ਸ੍ਰੀਮਤੀ ਵਿਬਾ ਪਤਨੀ ਸਵਰਗੀ ਸ੍ਰੀ ਰਜਿੰਦਰ ਕੁਮਾਰ ਬੀ-1, 264 ਗਲੀ ਨੰ. 3, ਗੁਰੂ ਨਾਨਕਪੁਰਾ, ਸਿਵਲ ਲਾਈਨਜ਼, ਲੁਧਿਆਣਾ, 141001, ਹੋਰ ਪਤਾ : ਮਕਾਨ ਨੰ. ਬੀ-34-6527/67/1 ਪ੍ਰੀਤ ਵਿਹਾਰ, ਪਿੰਡ ਜੱਸੀਆਂ, ਲੁਧਿਆਣਾ, 141001

ਮਿਤੀ 30.10.2025 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ

31- Oct - Page - 7.qxd 10/30/2025 10:41 PM Page 1



# ਨੁੱਕੜ ਨਾਟਕ ਨਾਲ ਨਸ਼ਿਆਂ ਪ੍ਰਤੀ ਕੀਤਾ ਜਾਗਰੂਕ




**ਜਗਰਾਉਂ (ਅਮਿਤ ਖੰਨਾ)** ਵਿਦਿਆਰਥੀਆਂ ਵਿੱਚ ਨਸ਼ਿਆਂ ਦੇ ਹਾਨੀਕਾਰਕ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿੱਚ ਰੈੱਡ ਆਰਟ ਟੀਮ ਵੱਲੋਂ ਇੱਕ ਨੁੱਕੜ ਨਾਟਕ ਆਯੋਜਤ ਕੀਤਾ।

ਸਮਾਗਮ ਵਿੱਚ ਰਾਜਵੀਰ ਸਿੰਘ, ਜੀਵਨ ਰਾਹੀ ਤੇ ਬਲੀ ਬਲਜੀਤ ਦੁਆਰਾ ਨਾਟਕ ਵਿੱਚ ਦਰਸਾਇਆ ਗਿਆ ਕਿ ਕਿਸ ਤਰ੍ਹਾਂ ਨਸ਼ਿਆਂ ਦੀ ਲਤ ਇੱਕ ਨੌਜਵਾਨ ਦੇ ਸੁਨਹਿਰੇ ਭਵਿੱਖ ਨੂੰ ਅੰਧਕਾਰ ਵਿੱਚ ਧੱਕ ਦਿੰਦੀ ਹੈ। ਮਾਪਿਆਂ ਦੀਆਂ ਉਮੀਦਾਂ ਟੁੱਟ ਜਾਂਦੀਆਂ ਹਨ ਤੇ ਸਮਾਜ ਦੀ ਸ਼ਾਂਤੀ ਵੀ ਖਤਰੇ ਵਿੱਚ ਪੈ ਜਾਂਦੀ ਹੈ।ਉਨ੍ਹਾਂ ਨਾਟਕ ਪ੍ਰਦਰਸ਼ਨ ਕਰਦੇ ਹੋਏ ਇੱਕ ਮਜਬੂਤ ਸਮਾਜਿਕ ਸੁਨੇਹਾ ਦਿੱਤਾ।ਉਨ੍ਹਾਂ ਦੀ ਸ਼ਕਤੀਸ਼ਾਲੀ ਅਦਾਕਾਰੀ ਤੇ ਭਾਵਨਾਤਮਕ ਪੇਸ਼ਕਾਰੀ ਨੇ ਹਰ ਕਿਸੇ ਦੇ ਦਿਲ ਨੂੰ ਛੂਹ ਲਿਆ ਤੇ ਇਹ ਦਰਸਾਇਆ ਕਿ ਨਸਾ ਕਿਸ ਤਰ੍ਹਾਂ ਕਿਸੇ ਵਿਅਕਤੀ ਦੀ ਜ਼ਿੰਦਗੀ ਨੂੰ ਤਬਾਹ ਕਰਦਾ ਹੈ।

ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਰਾਜਪਾਲ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਇੱਕ ਕੈਂਸਰ ਵਾਂਗ ਫੈਲ ਰਿਹਾ ਹੈ, ਜਿਸ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਕੂਲ, ਮਾਪੇ ਤੇ ਬੱਚਿਆਂ ਨੂੰ ਇਕੱਠੇ ਹੋ ਕੇ ਕੰਮ ਕਰਨਾ ਹੋਵੇਗਾ।ਉਨ੍ਹਾਂ ਨਾਟਕ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਨਵੀਂ ਪੀੜ੍ਹੀ ਜਦੋਂ ਜਾਗਰੂਕ ਹੋਵੇਗੀ, ਤਦੋਂ ਹੀ ਪੰਜਾਬ ਨਸ਼ਾ-ਰਹਿਤ ਬਣ ਸਕਦਾ ਹੈ।ਅਧਿਆਪਕਾਂ ਨੇ ਵੀ ਇਸ ਟੀਮ ਦੀ ਮਿਹਨਤ ਦੀ ਤਾਰੀਫ਼ ਕਰਦੇ ਹੋਏ ਕਿਹਾ ਕਿ ਕਲਾਸਰੂਮ ਤੋਂ ਬਾਹਰ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨੈਤਿਕ ਮੁੱਲਾਂ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰਦੀਆਂ ਹਨ।ਮੁਹਿੰਮ 'ਚ ਹਿੱਸਾ ਲੈਣ ਵਾਲੇ ਟੀਮ ਵੱਲੋਂ ਇਹ ਵੀ ਸੁਨੇਹਾ ਦਿੱਤਾ ਕਿ ਉਹ ਆਪਣੇ ਪਰਿਵਾਰ, ਮਿੱਤਰਾਂ ਅਤੇ ਪਿੰਡ-ਮੁਹੱਲੇ ਨੂੰ ਵੀ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ।

ਪ੍ਰਿੰਸੀਪਲ ਰਾਜਪਾਲ ਕੌਰ ਨੇ ਰੈੱਡ ਆਰਟ ਟੀਮ ਦੇ ਇਸ ਅਰਥਪੂਰਨ ਪ੍ਰਯਾਸ ਦੀ ਪ੍ਰਸ਼ੰਸਾ ਕੀਤੀ ਤੇ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਭਾਗੀਦਾਰੀ ਦੀ ਵੀ ਸ਼ਲਾਘਾ ਕੀਤੀ।ਸਕੂਲ ਪ੍ਰਬੰਧਕ ਮੰਡਲ ਨੇ ਵੀ ਇਸ ਉੱਚੇ ਉਦੇਸ਼ ਵਾਲੇ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਅਤੇ ਸਭ ਨੂੰ ਨਸ਼ਾ-ਮੁਕਤ ਸਮਾਜ ਦੀ ਸਥਾਪਨਾ ਵੱਲ ਯੋਗਦਾਨ ਪਾਉਣ ਲਈ ਪ੍ਰੇਰਤ ਕੀਤਾ।

# ਨਗਰ ਕੀਰਤਨ ਦਾ ਸੰਗਰੂਰ ਪੁੱਜਣ 'ਤੇ ਨਿੱਘਾ ਸਵਾਗਤ



**ਸੰਗਰੂਰ, (ਪ੍ਰਵੀਨ ਸਿੰਘ)** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾਂ ਸ਼ਤਾਬਦੀ ਦੇ ਸਬੰਧ ਵਿੱਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਦਾ ਸੰਗਰੂਰ ਵਿਖੇ ਪੁੱਜਣ 'ਤੇ ਸਾਬਕਾ ਕੈਬਨਿਟ ਮੰਤਰੀ ਵਿਜੈ ਇੰਦਰ ਸਿੰਗਲਾ ਵੱਲੋਂ ਬਹੁਤ ਹੀ ਸ਼ਰਧਾ ਅਤੇ ਪ੍ਰੇਮ ਭਾਵ ਨਾਲ ਸਵਾਗਤ ਕੀਤਾ ਗਿਆ।ਸਿੰਗਲਾ ਦੇ ਹਰੀਪੁਰਾ ਸਥਿਤ ਨਿਵਾਸ ਸਥਾਨ ਨੇੜੇ ਵੱਡੀ ਗਿਣਤੀ ਵਿੱਚ ਸਥਾਨਕ ਆਗੂ ਤੇ ਵਲੰਟੀਅਰ ਵੀ ਉਨ੍ਹਾਂ ਦੇ ਨਾਲ ਇਸ ਮੌਕੇ ਭਾਰੀ ਗਿਣਤੀ ਵਿੱਚ ਨਤਮਸਤਕ ਹੋਣ ਲਈ ਮੌਜੂਦ ਰਹੇ।ਸ੍ਰੀ ਵਿਜੈ ਇੰਦਰ ਸਿੰਗਲਾ ਨੇ ਦੱਸਿਆ ਕਿ ਸਮੂਹ ਸਾਧ ਸੰਗਤ 'ਚ ਨਗਰ ਕੀਰਤਨ ਨੂੰ ਲੈ ਕੇ ਭਰਵਾਂ ਉਤਸ਼ਾਹ ਹੈ, ਕਿਉਂਕਿ ਅਜਿਹੇ ਦਿਹਾੜੇ ਸ਼ਤਾਬਦੀਆਂ ਬਾਅਦ ਹੀ ਆਉਂਦੇ ਹਨ ਤੇ ਅਸੀਂ ਸਾਰੇ ਕਰਮਾਂ ਵਾਲੇ ਹਾਂ, ਜੋ ਗੁਰੂ ਸਾਹਿਬਾਨ ਨੇ ਸਾਨੂੰ ਇਸ ਵਿਸ਼ਾਲ ਸ਼ਹੀਦੀ ਨਗਰ ਕੀਰਤਨ ਦੇ ਦਰਸ਼ਨ ਦੀਦਾਰ ਕਰਨ ਤੇ ਨਤਮਸਤਕ ਹੋਣ ਦਾ ਸੁਭਾਗ ਬਖ਼ਸ਼ਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਨੇ ਧਾਰਮਿਕ ਸਦਭਾਵਨਾ ਖ਼ਾਤਰ ਆਪਣੇ ਜੀਵਨ ਦਾ ਬਲਿਦਾਨ ਦਿੱਤਾ, ਜਿਸ ਕਾਰਨ ਉਨ੍ਹਾਂ ਨੂੰ ਹਿੰਦ ਦੀ ਚਾਦਰ ਵੀ ਕਿਹਾ ਜਾਂਦਾ ਹੈ।ਸਾਨੂੰ ਸਾਰਿਆਂ ਨੂੰ ਗੁਰੂ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਦੇ ਹੋਏ ਧਾਰਮਿਕ ਸਦਭਾਵਨਾ, ਏਕਤਾ ਤੇ ਆਪਸੀ ਮਿਲਵਰਤਨ ਬਣਾਕੇ ਰੱਖਣਾ ਚਾਹੀਦਾ ਹੈ ਤਾਂ ਜੁ ਸਮਾਜ ਵਿੱਚ ਆਪਸੀ ਭਾਈਚਾਰਾ ਮਜ਼ਬੂਤ ਬਣਿਆ ਰਹੇ।

# 69ਵੇਂ ਅੰਤਰ-ਜ਼ਿਲ੍ਹਾ ਰਾਜ ਪੱਧਰੀ ਟੇਬਲ ਟੈਨਿਸ ਮੁਕਾਬਲੇ 'ਚ ਜ਼ਿਲ੍ਹਾ ਅੰਮ੍ਰਿਤਸਰ ਜੇਤੂ



**ਪਠਾਨਕੋਟ, (ਦਵਿੰਦਰ ਸਿੰਘ)**-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਆਯੋਜਿਤ 69ਵਾਂ ਅੰਤਰ-ਜ਼ਿਲ੍ਹਾ ਰਾਜ-ਪੱਧਰੀ ਟੇਬਲ ਟੈਨਿਸ ਮੁਕਾਬਲਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਕੁਮਾਰ ਦੀ ਪ੍ਰਧਾਨਗੀ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਅਰੁਣ ਕੁਮਾਰ ਦੀ ਨਿਗਰਾਨੀ ਹੇਠ ਪ੍ਰੈਜ਼ੈਂਟੇਸ਼ਨ ਪਬਲਿਕ ਸਕੂਲ ਵਿਖੇ ਲਗਾਤਾਰ ਤੀਜੇ ਦਿਨ ਵੀ ਜਾਰੀ ਰਿਹਾ।ਤੀਜੇ ਦਿਨ ਹਿੰਦੂ ਸਹਿਕਾਰੀ ਬੈਂਕ ਦੇ ਚੇਅਰਮੈਨ ਸਤੀਸ਼ ਮਹਿੰਦਰੂ ਮੁੱਖ ਮਹਿਮਾਨ ਅਤੇ ਐਡਵੋਕੇਟ ਰਾਕੇਸ਼ ਕੁਮਾਰ ਅਤੇ ਸੀਐੱਸ ਲਾਇਲਪੁਰੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ ।ਮਹਿਮਾਨਾਂ ਦਾ ਸਵਾਗਤ ਪ੍ਰੈਜ਼ੈਂਟੇਸ਼ਨ ਪਬਲਿਕ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਡੀ. ਪੀ. ਸ਼ਰਮਾ, ਚੇਅਰਪਰਸਨ ਰੇਣੂ ਸ਼ਰਮਾ, ਵਾਈਸ ਚੇਅਰਪਰਸਨ ਨਿਵੇਦਿਤਾ ਸੰਧੂ ਅਤੇ ਜਗਬੀਰ ਸੰਧੂ, ਪ੍ਰਿੰ. ਰਵਿੰਦਰ ਕੌਰ ਅਤੇ ਵਾਈਸ ਪ੍ਰਿੰ. ਰੇਣੂਕਾ ਤ੍ਰਿਖਾ ਨੇ ਗੁਲਦਸਤੇ ਭੇਟ ਕਰਕੇ ਕੀਤਾ।ਅੰਡਰ-14 ਲੜਕਿਆਂ ਦੇ ਫਾਈਨਲ ਮੈਚ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਪਹਿਲੇ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੂਜੇ, ਜਲੰਧਰ ਤੀਜੇ ਅਤੇ ਲੁਧਿਆਣਾ ਚੌਥੇ ਸਥਾਨ ਤੇ ਰਿਹਾ।ਅੰਡਰ-17 ਵਰਗ ਦੇ ਮੈਚ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਪਹਿਲੇ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੂਜੇ, ਲੁਧਿਆਣਾ ਤੀਜੇ ਸਥਾਨ ਅਤੇ ਜਲੰਧਰ ਚੌਥੇ ਸਥਾਨ 'ਤੇ ਰਿਹਾ।ਇਸੇ ਤਰ੍ਹਾਂ ਅੰਡਰ-19 ਵਰਗ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਪਹਿਲੇ, ਜਲੰਧਰ ਦੂਜੇ, ਲੁਧਿਆਣਾ ਤੀਜੇ ਅਤੇ ਪਟਿਆਲਾ ਚੌਥੇ ਸਥਾਨ 'ਤੇ ਰਿਹਾ। ਜੇਤੂਆਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ।ਅੰਤ ਵਿੱਚ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਹੈੱਡਮਿਸਟ੍ਰੈਸ ਰਵਿੰਦਰ ਕੌਰ, ਸੁਮਨ ਬਾਲਾ, ਮੋਨਿਕਾ ਮਹਾਜਨ, ਹੈੱਡਮਾਸਟਰ ਰਵੀ ਕਾਂਤ, ਤਕਨੀਕੀ ਮੈਂਬਰ ਹਰੀਸ਼ ਕੁਮਾਰ, ਸੰਜੀਵ ਕੁਮਾਰ, ਮਨਦੀਪ ਸਿੰਘ, ਕੁਲਵਿੰਦਰ ਸਿੰਘ, ਹਰਸਿਮਰਨਜੀਤ ਸਿੰਘ, ਸੁਮੇਸ਼ ਸ਼ਰਮਾ, ਮਾਸਟਰ ਭਜਨ ਦਾਸ, ਅਵਤਾਰ ਸਿੰਘ, ਸੁਲਕਸ਼ਣਾ ਸ਼ਰਮਾ, ਪੂਜਾ ਪਠਾਨੀਆ, ਮ੍ਰਿਦੂ ਭਾਸ਼ਿਣੀ, ਸੁਸ਼ੀਲ ਕੁਮਾਰ, ਪਵਨ ਸਵਾਮੀ, ਮਦਨ ਲਾਲ, ਅੰਮ੍ਰਿਤਪਾਲ ਕੌਰ, ਮਨਜੀਤ ਸਿੰਘ, ਨੇਹਾ ਮਹਾਜਨ, ਰਾਜਕੁਮਾਰ, ਨੀਰਜ ਪਰਾਸ਼ਰ, ਪਵਨ ਕਾਲੀਆ, ਅਸ਼ਵਨੀ ਕੁਮਾਰ ਕਥਲੋਰ, ਅਨੂ, ਸੋਨੂੰ ਆਦਿ ਮੌਜੂਦ ਸਨ।

# ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ 30 ਨਵੰਬਰ ਤੱਕ ਮੈਂਬਰਸ਼ਿਪ ਮੁਹਿੰਮ ਆਰੰਭੇਗੀ: ਝਬਾਲ



ਝਬਾਲ (ਹਰਜਿੰਦਰ ਸਿੰਘ ਸੋਨੀ): ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਸਾਥੀ ਹੰਸਾ ਸਿੰਘ ਬਟਾਲਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਜ਼ਿਲ੍ਹਾ ਸਕੱਤਰ ਮੁਰਾਰੀ ਲਾਲ ਨੇ ਵਿਛੜੇ ਇਨਕਲਾਬੀ ਸਾਥੀਆਂ ਵੀ ਐੱਸ ਅਛੂਤਾ ਨੰਦਨ ਸਾਬਕਾ ਮੁੱਖ ਮੰਤਰੀ ਕੇਰਲਾ, ਬੀਬੀ ਪ੍ਰੀਤਮ ਕੌਰ ਵਿਰਕ ਸਾਬਕਾ ਸੂਬਾਈ ਆਗੂ ਜਨਵਾਦੀ ਇਸਤਰੀ ਸਭਾ ਪੰਜਾਬ, ਫਤੇਹ ਚੰਦ ਸੀ ਟੂ ਆਗੂ ਗੁਰਦਾਸਪੁਰ ਨੂੰ ਭਾਵ ਭਿੰਨੀ ਸ਼ਰਧਾਂਜਲੀ ਦੇ ਕੇ ਸ਼ੁਰੂ ਕੀਤੀ ਗਈ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸੂਬਾਈ ਆਗੂ ਜਸਬੀਰ ਸਿੰਘ ਝਬਾਲ ਨੇ ਜ਼ਿਲ੍ਹਾ ਕਮੇਟੀ ਮੈਂਬਰਾਂ ਨੂੰ 30 ਨਵੰਬਰ ਤੱਕ ਜ਼ਿਲ੍ਹੇ ਦੇ ਪਿੰਡਾਂ ਵਿੱਚ ਜਥੇਬੰਦੀ ਦੀ ਮੈਂਬਰਸ਼ਿਪ ਦੀ ਮੁਹਿੰਮ ਚਲਾਉਣ ਅਤੇ ਜਥੇਬੰਦੀ ਦੇ ਯੂਨਿਟ ਚੋਣਾਂ ਲਈ ਲਾਮਬੰਦੀ ਕਰਨ ਦਾ ਸੱਦਾ ਦਿੱਤਾ। ਕੇਂਦਰੀ ਅਤੇ ਸੂਬਾਈ ਫੰਡ ਯੂਨਿਟਾਂ ਵਿਚੋਂ ਇਕੱਤਰ ਕਰਨ ਦੀ ਅਪੀਲ ਕੀਤੀ।28 ਦਸੰਬਰ ਨੂੰ ਜਥੇਬੰਦੀ ਦੀ ਜ਼ਿਲ੍ਹਾ ਕਾਨਫਰੰਸ ਪਿੰਡ ਗੌਂਸਪੁਰਾ ਵਿਖੇ ਕਰਨ ਦਾ ਫੈਸਲਾ ਕੀਤਾ।ਜਥੇਬੰਦੀ ਦੀ ਜ਼ਿਲ੍ਹਾ ਜਨਰਲ ਬਾਡੀ ਦੀ ਮੀਟਿੰਗ 23 ਨਵੰਬਰ ਨੂੰ ਕਰਕੇ ਜ਼ਿਲ੍ਹਾ ਕਾਨਫਰੰਸ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਜਾਵੇਗਾ। ਮੀਟਿੰਗ ਵਿੱਚ ਸਾਥੀ ਮੁਰਾਰੀ ਲਾਲ, ਧੀਰ ਸਿੰਘ, ਹੰਸਾ ਸਿੰਘ, ਕਸ਼ਮੀਰ ਸਿੰਘ, ਸੁਲੱਖਣ ਮਸੀਹ ਆਦਿ ਹਾਜ਼ਰ ਸਨ।

# ਕਾਂਗਰਸ ਤੇ 'ਆਪ' ਇੱਕ ਵੀ ਕੰਮ ਦੱਸਣ ਜੋ ਉਨ੍ਹਾਂ ਪੰਜਾਬ ਲਈ ਕੀਤਾ ਹੋਵੇ : ਬੀਬੀ ਬਾਦਲ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਆਗੂ ਅਤੇ ਬਠਿੰਡਾ ਦੀ ਸੰਸਦ ਮੈਂਬਰ ਬੀਬੀ ਹਰਸਿਮਰਤ ਕੌਰ ਬਾਦਲ ਨੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਕਿਹਾ ਕਿ ਉਹ ਇੱਕ ਵੀ ਕੰਮ ਦੱਸਣ ਜੋ ਉਨ੍ਹਾਂ ਨੇ ਪੰਜਾਬ ਵਿੱਚ ਕੀਤਾ ਹੋਵੇ। ਉਨ੍ਹਾਂ ਨੇ ਪੰਜਾਬੀਆਂ ਨੂੰ ਉਸ ਖੇਤਰੀ ਪਾਰਟੀ ਦਾ ਸਮਰਥਨ ਕਰਨ ਦੀ ਅਪੀਲ ਕੀਤੀ ਜਿਸ ਨੇ ਹਮੇਸ਼ਾ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਲੜਾਈ ਲੜੀ ਹੈ। ਬਠਿੰਡਾ ਸੰਸਦ ਮੈਂਬਰ ਨੇ ਅਕਾਲੀ ਉਮੀਦਵਾਰ ਪ੍ਰਿੰ. ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿੱਚ ਆਪਣੇ ਹਲਕੇ ਵਿੱਚ ਕਈ ਜਨਸਭਾਵਾਂ ਕੀਤੀਆਂ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ 2027 ਵਿੱਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਕਿਸਾਨਾਂ ਅਤੇ ਗਰੀਬਾਂ ਲਈ ਸ਼ੁਰੂ ਕੀਤੀਆਂ ਵੱਖ-ਵੱਖ ਯੋਜਨਾਵਾਂ ਨੂੰ ਹੋਰ ਅੱਗੇ ਵਧਾਉਣ ਲਈ ਪਾਰਟੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਅਸੀਂ ਬੇਘਰ ਲੋਕਾਂ ਨੂੰ ਘਰ ਦਿਆਂਗੇ, ਬੁਢਾਪਾ ਪੈਨਸ਼ਨ ਵਿੱਚ ਵਾਧਾ ਕੀਤਾ ਜਾਵੇਗਾ ਅਤੇ ਨੌਜਵਾਨਾਂ ਲਈ ਪੰਜ ਲੱਖ ਨੌਕਰੀਆਂ ਦਾ ਪ੍ਰਬੰਧ ਕੀਤਾ ਜਾਵੇਗਾ। ਅਸੀਂ ਸਿਰਫ਼ ਪੰਜਾਬੀਆਂ ਲਈ ਨੌਕਰੀਆਂ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਅਤੇ ਬਾਹਰਲੇ ਲੋਕਾਂ ਨੂੰ ਪੰਜਾਬ ਵਿੱਚ ਜ਼ਮੀਨ ਖਰੀਦਣ ਤੋਂ ਵੀ ਰੋਕ ਲਗਾਵਾਂਗੇ। ਇਸ ਮੌਕੇ ਮੌਜੂਦ ਸੀਨੀਅਰ ਆਗੂਆਂ ਵਿੱਚ ਸ਼ਰਨਜੀਤ ਸਿੰਘ ਢਿੱਲੋਂ, ਰਵਿੰਦਰਪਾਲ ਸਿੰਘ ਬ੍ਰਹਮਪੁਰਾ, ਅਲਵਿੰਦਰਪਾਲ ਸਿੰਘ ਪਖੋਕੇ, ਬੀਬੀ ਹਰਗੋਬਿੰਦ ਕੌਰ, ਗੌਰਵਦੀਪ ਸਿੰਘ ਵਲਟੋਹਾ, ਇਕਬਾਲ ਸਿੰਘ ਸੰਧੂ ਅਤੇ ਸੁਖਪਾਲ ਸਿੰਘ ਨੰਨੂ ਸ਼ਾਮਲ ਸਨ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Vandna w/o Varinder Kumar R/o F/20/371, Majitha Road Nehru Colony, Amritsar have changed my name from Vandna to Vandana.

I, Inderjeet Singh S/o Charan Singh R/o House No. 85, New Colony Aman Nagar Jalandhar Punjab-144004 have changed my name from Inderjit Singh to Inderjeet Singh. My correct Spelling name is Inderjeet Singh.

I, Paramjit Kaur W/o Sewak Singh R/o VPO Booh Hathar Tehsil Patti District Tarn Taran have declare that Paramjit is my Given name and Kaur is my Surname

I, Sajanpreet Singh S/o Ranjit Singh R/o Vill. Chatiwind Lelan PO Akalgarh Dhupaian Amritsar have changed my name from Sajanpreet Singh to Given name Sajanpreet Surname Singh.

I, Harminderjeet Singh S/o Sardool Singh R/o H.No.766, Gali Wadhao Wali, Chowk Pragdass Amritsar have changed my name from Harminderjeet Singh to Harminderjit Singh

I, Harpal Singh S/o Sukhwant Singh R/o Village Bhandal Tehsil Bhikhiwind District Tarn Taran have changed my name from Harpal Singh to Gurjit Singh

I, Tanvi Dhunna W/o Raghav Sarpal R/o 259 Lane No. 9 DR Enclave Airport Road Amritsar have changed my name from Tanvi Dhunna to Tanvi Sarpal Concerned note.

I, Amarjit Singh S/o Labhjinder Singh R/o Kotli Dhole Shah, Amritsar, Punjab-143504 have changed my name from Amarjit Singh to Singh is my surname and Amarjit is my given name.

I, Ashwani Kumar S/o Jai Lal R/o H. No. 143/2, Raj Nagar, Basti Bawa Khel, Jalandhar-1, Punjab declare that Ashwani Kumar and Ashwani Sharma is one and the same person. All concerned note.

I, Sanjay Verma S/o Manjit Singh, R/o Street Number 2, New Rattan Nagar, Jalandhar have changed my name from Sanjay to Sanjay Verma.

I Parminder Verma S/o Sujan Singh Verma R/o H.no 170/1 , Shaheed Udham Singh Nagar, Jalandhar declare that Parminder Verma and Parminder Singh Verma and Parminder Singh is one and same person.

I hitherto known as AKSHAY D/O VIJAY KUMAR, Residing at House Number 47, Street Number 9, Kaki Pind, Jalandhar, Punjab - 144023, have changed my name and shall hereafter be known as AKSHA BAJWA.

I, Preeti W/o Rashpal Singh R/o V.P.O. Talwandi Daddian, Teh. Tanda, Distt. Hoshiarpur, Punjab have changed my name from Preeti to Preet Kaur. All concerned please note.

I, Raveena w/o Anil Kumar r/o H.No. 99, Khotra Road, Shahid Bhagat Singh Nagar, Phagwara, Kapurthala have changed my name to Ravina. All Please Note.

I, Balwinder Kaur w/o Paramjit Singh r/o Vill. Chak Kalan, Tehsil Nakodar, Distt. Jalandhar declare that Given name as Balwinder & Surname as Kaur. All Please Note.

I, Sham Kumar Sharma S/o Mulkh Raj R/o Village Karari, Po. Kishangarh, District Jalandhar, Punjab have changed my name to Sham Kumar. All Please Note.

I, Arvind Trehan S/o Ashok Kumar Trehan R/o E.F-347/2, New Railway Road, Bhagat Singh Chowk, Jalandhar-144001, Punjab have changed my name from Arvind Trehan to Arvind Kumar Trehan. All Please Note.

I, Rajinder Singh S/o Jodh Singh R/o H.No. B-9-629/3, Mohalla Santokhpura, Jalandhar, Punjab have changed my name to Given name as Rajinder & Surname as Singh. All Please Note.

I, Amrik Singh S/o Balwinder Singh R/o House No. 19/589, Fatehgarh Road, Vikram Enclave, Hoshiarpur, Punjab have changed my name from Amrik Singh to Given Name as Amrik & Surname as Singh. Concerned Note.

## Change of Name

I, Pavan Masih S/o Harwinder Singh R/o Village Chak Bahmanian Khurd, Post Office Chak Bahmanian, Tehsil Shahkot, District Jalandhar, Punjab-144702 have changed my name from Pavan Masih to Pavan. All concerned please note.

I, Harvinder Masih S/o Jagtar Singh R/o Village Chak Bahmanian Khurd, Post Office Chak Bahmanian, Tehsil Shahkot, District Jalandhar, Punjab-144702 have changed my name from Harvinder Masih to Harwinder Singh. All concerned please note.

I, Jasbir Singh S/o Surinder Singh R/o VPO. Jamsher Khas, Patti Gillan Di, Distt. Jalandhar, Punjab-144020 have changed my name from Jasbir Singh to Jasvir Singh. All concerned please note.

I, Harpreet Singh S/o Ranjit Singh R/o VPO Naushehra Majja Singh PO Naushehra Majja Singh Distt. Gurdaspur (Punjab) have changed my name from Harpreet Singh to Given Name as Harpreet & Surname as Singh. Concerned Note.

## PUBLIC NOTICE

I, Tulsi W/o Shom Pal R/o H.No. 556, Babu Labh Singh Nagar, Jalandhar, Punjab declare that my daughter Renu is out of my control. I disinherit her from my moveable and immovable properties. I and my family shall not be held responsible for any of hers acts, deeds and things. All please note.

I, Jyoti W/o Raj Kumar R/o H.No. 282, Avtar Nagar, Jalandhar, Punjab declare that my son Charlies Alias Prince & his wife Kamini Adia are out of my control. I disinherit them from my movable and immovable properties. I and my family shall not be held responsible for any of their acts deeds and things. All please note.

## ਆਮ ਸੂਚਨਾ

ਮੈਂ ਦਿਨੇਸ਼ ਸਹਿਗਲ ਪੁੱਤਰ ਸਵਰਗੀ ਚੰਦਰ ਮੋਹਨ ਸਹਿਗਲ ਵਾਸੀ ਸ਼ਾਲੀਮਾਰ ਐਵਨਿਊ ਨੇੜੇ ਸ਼ਾਲੀਮਾਰ ਬਾਗ, ਕਪੂਰਥਲਾ, ਪੰਜਾਬ, ਭਾਰਤ ਦਾ ਹਾਂ ਅਤੇ ਇਹ ਬਿਆਨ ਕਰਦਾ ਹਾਂ ਕਿ ਮੇਰਾ ਨਾਮ ਆਧਾਰ ਕਾਰਡ ਤੇ ਬਾਕੀ ਦਸਤਾਵੇਜ਼ਾਂ ਵਿੱਚ ਦਿਨੇਸ਼ ਸਹਿਗਲ ਹੈ ਤੇ ਮੈਨੂੰ ਦਿਨੇਸ਼ ਕੁਮਾਰ ਦੇ ਨਾਮ ਨਾਲ ਜਾਣਿਆ ਜਾਂਦਾ ਹੈ । ਇਹ ਕਿ ਇਹ ਦੋਵੇਂ ਨਾਮ ਇੱਕ ਹੀ ਆਦਮੀ ਦੇ ਹਨ, ਜੋਕਿ ਸਹੀ ਵਾ ਦੁਰਸਤ ਹਨ। ਕਿਰਪਾ ਕਰਦੇ ਨੋਟ ਕੀਤਾ ਜਾਵੇ।

ਮੈਂ ਰਾਜ ਕੁਮਾਰੀ ਪਤਨੀ ਸਵਰਗੀ ਚੰਦਰ ਮੋਹਨ ਸਹਿਗਲ ਵਾਸੀ ਸ਼ਾਲੀਮਾਰ ਐਵਨਿਊ ਨੇੜੇ ਸ਼ਾਲੀਮਾਰ ਬਾਗ, ਕਪੂਰਥਲਾ, ਪੰਜਾਬ, ਭਾਰਤ ਦੀ ਹਾਂ ਅਤੇ ਇਹ ਬਿਆਨ ਕਰਦੀ ਹਾਂ ਕਿ ਮੇਰਾ ਨਾਮ ਆਧਾਰ ਕਾਰਡ 'ਤੇ ਬਾਕੀ ਦਸਤਾਵੇਜ਼ਾਂ ਵਿੱਚ ਰਾਜ ਕੁਮਾਰੀ ਹੈ ਤੇ ਮੈਨੂੰ ਰਾਜ ਰਾਨੀ ਦੇ ਨਾਮ ਨਾਲ ਜਾਣਿਆ ਜਾਂਦਾ ਹੈ । ਇਹ ਕਿ ਇਹ ਦੋਵੇਂ ਨਾਮ ਇੱਕ ਹੀ ਔਰਤ ਦੇ ਹਨ, ਜੋਕਿ ਸਹੀ ਵਾ ਦੁਰਸਤ ਹਨ। ਕਿਰਪਾ ਕਰਦੇ ਨੋਟ ਕੀਤਾ ਜਾਵੇ।

ਮੈਂ, ਸੁਨੀਤਾ ਰਾਣਾ ਪਤਨੀ ਉਂਕਾਰ ਰਾਣਾ, ਵਾਸੀ ਮਕਾਨ ਨੰ: 28-ਏ, ਨਿਊ ਕਾਂਗੜਾ ਕਾਲੋਨੀ, ਬਟਾਲਾ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੇ ਕੁਝ ਦਸਤਾਵੇਜ਼ਾਂ ਵਿਚ ਮੇਰਾ ਨਾਂਅ ਸੁਨੀਤਾ ਦੇਵੀ ਪਤਨੀ ਉਂਕਾਰ ਚੰਦ ਹੈ ਅਤੇ ਆਧਾਰ ਕਾਰਡ 'ਤੇ ਮੇਰਾ ਨਾਂਅ ਸੁਨੀਤਾ ਰਾਣਾ ਪਤਨੀ ਉਂਕਾਰ ਰਾਣਾ ਚਲਿਆ ਆ ਰਿਹਾ ਹੈ। ਸੁਨੀਤਾ ਦੇਵੀ ਪਤਨੀ ਉਂਕਾਰ ਚੰਦ ਅਤੇ ਸੁਨੀਤਾ ਰਾਣਾ ਪਤਨੀ ਉਂਕਾਰ ਰਾਣਾ ਇਕ ਹੀ ਵਿਅਕਤੀ ਹੈ । (ਯਾਨੀ ਮੇਰੇ ਸੁਨੀਤਾ ਰਾਣਾ ਉਰਫ ਸੁਨੀਤਾ ਦੇਵੀ ਦੇ ਹੀ ਨਾਂਅ ਹਨ)।

ਮੈਂ, ਵੀਨਾ ਰਾਣੀ ਪਤਨੀਂ ਸਵ: ਸੁਰਿੰਦਰ ਵਰਮਾ ਹਾਲ ਪਤਨੀਂ ਅਸ਼ੋਕ ਕੁਮਾਰ, ਵਾਸੀ ਜਨਤਾ ਨਗਰ ਧੂਰੀ (ਸੰਗਰੂਰ) ਆਪਣੀ ਲੜਕੀ ਮੋਨਿਕਾ ਨੂੰ ਮਿਤੀ 22 ਜਨਵਰੀ 2023 ਦੇ ਨਵਾਂ ਜ਼ਮਾਨਾ ਅਤੇ ਬਰਾਈਟ ਪੰਜਾਬ ਐਕਸਪ੍ਰੈੱਸ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰੀ ਲੜਕੀ ਮੇਰੇ ਕਹਿਣੇ ਵਿੱਚ ਹੈ। ਮੈਂ ਆਪਣੀ ਬੇਦਖ਼ਲੀ ਰੱਦ ਕਰਦੀ ਹਾਂ, ਜੋ ਰੱਦ ਸਮਝੀ ਜਾਵੇ।

ਮੱਖਣ ਸਿੰਘ ਪੁੱਤਰ ਭਾਨ ਸਿੰਘ ਦੇ ਨਾਮ ਪਿੰਡ ਸੰਘਰ ਵਿੱਚ ਚੱਲ ਰਿਹਾ ਟਿਊਬਵੈੱਲ ਕੁਨੈਕਸਨ AP69/0350W ਹਰਜਿੰਦਰ ਕੌਰ ਪਤਨੀ ਦਰਬਾਰਾ ਸਿੰਘ ਵਾਸੀ ਸੰਘਰ ਆਪਣੇ ਨਾਮ ਕਰਵਾ ਰਹੀ ਹੈ । ਇਤਰਾਜ਼ਕਰਤਾ 15 ਦਿਨ ਦੇ ਅੰਦਰ ਆਪਣਾ ਇਤਰਾਜ਼ ਉਪ ਮੰਡਰ ਅਫਸਰ ਜੌੜਾ ਛੱਤਰਾਂ ਨੂੰ ਪੇਸ ਕਰ ਸਕਦਾ ਹੈ।

## ਨਾਂਅ ਦੀ ਬਦਲੀ

ਮੈਂ, ਕਮਲਜੀਤ ਕੌਰ ਪਤਨੀ ਰਾਮ ਲੁਭਾਇਆ, ਵਾਸੀ ਪਿੰਡ ਤੇ ਡਾਕਖਾਨਾ ਮਖਸੂਸਪੁਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਨਾਬਾਲਗ ਲੜਕੇ ਦਾ ਨਾਂਅ ਮਨਪ੍ਰੀਤ ਤੋਂ ਬਦਲ ਕੇ ਮਨਪ੍ਰੀਤ ਜੱਸਲ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਮਨਜੀਤ ਕੌਰ ਪਤਨੀ ਸ੍ਰੀ ਸੰਤੋਖ ਲਾਲ, ਵਾਸੀ ਪਿੰਡ ਤੇ ਡਾਕਖਾਨਾ ਮਖਸੂਸਪੁਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਨਾਬਾਲਗ ਪੁੱਤਰ ਦਾ ਨਾਂਅ ਹਰਮਨ ਤੋਂ ਬਦਲ ਕੇ ਹਰਮਨ ਬਾਗਲਾ ਰੱਖ ਲਿਆ ਹੈ।

ਮੈਂ ਵਿਨੋਦ ਕੁਮਾਰ ਪੁੱਤਰ ਰਾਜ ਕੁਮਾਰ ਵਾਸੀ ਪਿੰਡ ਪੱਖੋਵਾਲ ਕੋਠੇ ਡਾਕਖਾਨਾ ਪੰਡੋਰੀ ਮਹੰਤਾਂ ਜਿਲ੍ਹਾ ਗੁਰਦਾਸਪੁਰ (ਪੰਜਾਬ) ਨੇ ਆਪਣਾ ਨਾਮ ਵਿਨੋਦ ਕੁਮਾਰ ਤੋਂ ਬਦਲ ਕੇ ਲਵਪ੍ਰੀਤ ਜੀ ਰੱਖ ਲਿਆ ਹੈ । ਸੰਬੰਧਤ ਨੋਟ ਕਰਨ ।

## ਬੇਦਖਲੀ ਨੋਟਿਸ

ਮੈਂ ਸਵਰਨਾ ਰਾਣੀ ਪਤਨੀ ਮੋਹਨ ਲਾਲ ਵਾਸੀ ਝਾਵਲਾ ਤਹਿਸੀਲ ਗੁਰੂਹਰਸਹਾਏ ਜਿਲਾ ਫਿਰੋਜਪੁਰ ਦੀ ਰਹਿਣ ਵਾਲੀ ਹਾਂ ਮੇਰੇ ਤਿੰਨ ਲੜਕੇ ਰਣਜੀਤ ਕੁਮਾਰ ਗੁਰਮੀਤ ਸਿੰਘ ਰਮਣਦੀਪ ਕੁਮਾਰ ਹਨ ਇਹ ਤਿੰਨੇ ਭਰਾ ਮੇਰੀ ਸਾਂਭ ਸੰਭਾਲ ਨਹੀਂ ਕਰਦੇ ਅਤੇ ਮੇਰੇ ਕਹਿਣੇ ਤੋਂ ਬਾਹਰ ਹਨ ਜਦੋਂ ਕਿ ਗੁਰਮੀਤ ਸਿੰਘ ਸਰਕਾਰੀ ਨੌਕਰੀ ਵੀ ਕਰਦਾ ਹੈ ਮੈਂ ਇਹਨਾਂ ਤਿੰਨਾਂ ਭਰਾਵਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਦਖਲ ਕਰਦੀ ਹਾਂ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜੁੰਮੇ ਵਾਰ ਹੋਵੇਗਾ ।

ਮੈਂ, ਬਲਰਾਜ ਸਿੰਘ ਪੁੱਤਰ ਸਮਸ਼ੇਰ ਸਿੰਘ, ਵਾਸੀ ਪਿੰਡ ਮਾਨਵਾਲਾ (ਸੰਗਰੂਰ) ਆਪਣੇ ਲੜਕੇ ਵਿਸ਼ਵਦੀਪ ਸਿੰਘ, ਨੂੰਹ ਸੁਖਜੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਵਾਲੇ ਖੁੱਦ ਜਿੰਮੇਵਾਰ ਹੋਣਗੇ।

ਮੈਂ ਮਨੋਹਰ ਸਿੰਘ ਸਪੁੱਤਰ ਸ੍ਰ. ਪਿਆਰਾ ਸਿੰਘ ਸਪੁਤਰ ਸ੍ਰ. ਉਜਾਗਰ ਸਿੰਘ ਵਾਸੀ 1947/27, ਗਲੀ ਕੰਬੋਜ ਵਾਲੀ, ਪੁਰਾਣੀ ਲੱਕੜ ਮੰਡੀ, ਅੰਮ੍ਰਿਤਸਰ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਅਤੇ ਉਸਦੀ ਪਤਨੀ ਨੇਹਾ ਮਰਵਾਹਾ ਦੋਨੋਂ ਮੇਰੇ ਕਹਿਣੇ, ਸੁਨਣੇ ਤੋਂ ਬਾਹਰ ਹਨ ਅਤੇ ਲੜਾਈ ਝਗੜਾ ਕਰਦੇ ਰਹਿੰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਚੱਲ, ਅਚੱਲ ਜਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ ਹੈ।

ਮੈਂ ਕੁਲਜੀਤ ਕੌਰ ਪਤਨੀ ਸ੍ਰ. ਮਨੋਹਰ ਸਿੰਘ ਸਪੁੱਤਰ ਸ੍ਰ. ਪਿਆਰਾ ਸਿੰਘ ਵਾਸੀ 1947/27, ਗਲੀ ਕੰਬੋਜ ਵਾਲੀ, ਪੁਰਾਣੀ ਲੱਕੜ ਮੰਡੀ, ਅੰਮ੍ਰਿਤਸਰ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਅਤੇ ਉਸਦੀ ਪਤਨੀ ਨੇਹਾ ਮਰਵਾਹਾ ਦੋਨੋਂ ਮੇਰੇ ਕਹਿਣੇ,ਸੁਨਣੇ ਤੋਂ ਬਾਹਰ ਹਨ ਅਤੇ ਲੜਾਈ ਝਗੜਾ ਕਰਦੇ ਰਹਿੰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਚੱਲ,ਅਚੱਲ ਜਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ ਹੈ।

ਮੈਂ, ਕੀਰਤਨ ਸਿੰਘ ਪੁੱਤਰ ਸ੍ਰੀ ਨਰਜਿੰਦਰ ਸਿੰਘ, ਵਾਸੀ ਮਕਾਨ ਨੰਬਰ 173, ਵਾਰਡ ਨੰਬਰ 15, ਗੁਰੂ ਨਾਨਕ ਪੁਰਾ ਵੈੱਸਟ, ਜਲੰਧਰ- 1, ਚੌਗਿੱਟੀ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਭਾਣਜਾ ਖੁਸ਼ਵੰਤ ਸਿੰਘ ਪੁੱਤਰ ਰੋਸ਼ਨ ਲਾਲ ਜੋ ਮੇਰੀ ਭੈਣ ਬਲਵਿੰਦਰ ਕੌਰ ਦੀ ਮੌਤ ਤੋਂ ਬਾਅਦ ਮੇਰੇ ਕੋਲ ਰਹਿੰਦਾ ਹੈ, ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਸਾਨੂੰ ਤੰਗ-ਪੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਅਸ਼ੋਕ ਕੁਮਾਰ ਪੁੱਤਰ ਸ੍ਰੀ ਕਸ਼ਮੀਰ ਲਾਲ ਵਾਸੀ ਪਿੰਡ ਭਗਵਾਨਪੁਰ, ਡਾਕ: ਲਾਂਬੜਾ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪੰਕਜ ਬਖ਼ਸ਼ੀ ਅਤੇ ਕਾਮਨੀ ਬਖ਼ਸ਼ੀ (ਨੂੰਹ) ਪਤਨੀ ਪੰਕਜ ਬਖ਼ਸ਼ੀ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬਲਰਾਜ ਸਿੰਘ ਪੁੱਤਰ ਸ਼ਮਸ਼ੇਰ ਸਿੰਘ, ਵਾਸੀ ਪਿੰਡ ਮਾਨਵਾਲਾ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਸ਼ਵਦੀਪ ਸਿੰਘ ਅਤੇ ਉਸ ਦੀ ਪਤਨੀ ਸੁਖਜੀਤ ਕੌਰ (ਨੂੰਹ) ਪਤਨੀ ਵਿਸ਼ਵਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸਵਿੰਦਰ ਪੁੱਤਰ ਸ੍ਰੀ ਰਾਜ ਕੁਮਾਰ ਵਾਸੀ ਮ. ਨੰ: 3027, ਗਲੀ ਪੁਲਸ ਚੌਂਕ ਵਾਲੀ, ਨਵੀਂ ਆਬਾਦੀ ਫੈਜ਼ਪੁਰਾ, ਡਾਕਖਾਨਾ ਰਤਨ ਸਿੰਘ ਚੌਂਕ, ਪੁਲਸ ਥਾਣਾ ਮਜੀਠਾ ਰੋਡ, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਪੂਜਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਸਾਡੇ ਨਾਲ ਲੜਾਈ-ਝਗੜਾ ਅਤੇ ਧਮਕੀਆਂ ਦਿੰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ ਅਤੇ ਇਸ ਨਾਲੋਂ ਆਪਣੇ ਸਾਰੇ ਰਿਸ਼ਤੇ ਨਾਤੇ ਤੋੜਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਭੁਪਿੰਦਰ ਜੋਸ਼ੀ ਪੁੱਤਰ ਸ੍ਰੀ ਰਵੀ ਦੱਤ ਅਤੇ ਅਨੀਤਾ ਜੋਸ਼ੀ ਪਤਨੀ ਸ੍ਰੀ ਭੁਪਿੰਦਰ ਜੋਸ਼ੀ, ਵਾਸੀਆਨ ਪਲਾਟ ਨੰ: 96, ਬਲਿਊ ਸਿਟੀ, ਮੀਰਾ ਕੋਟ, ਲੁਹਾਰਕਾ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪ੍ਰਦੀਪ ਜੋਸ਼ੀ ਅਤੇ ਉਸ ਦੀ ਪਤਨੀ ਪਲਵੀ ਜੋਸ਼ੀ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਤੇ ਗਾਲੀ-ਗਲੋਚ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਅਸੀਂ, ਕਮਲਜੀਤ ਕੌਰ ਪਤਨੀ ਮਲਕੀਤ ਸਿੰਘ ਪੁੱਤਰ ਚਾਨਣ ਸਿੰਘ, ਵਾਸੀਆਨ ਪਿੰਡ ਕੂੰਟਾ, ਡਾਕ: ਭੂੰਗਾ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਸਾਡਾ ਲੜਕਾ ਸੌਰਵ ਕੁਮਾਰ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ ਮਨਜੀਤ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਪਿੰਡ ਫੱਤੂਪੁਰ, ਤਹਿਸੀਲ ਫੱਤੂਪੁਰ, ਜਿਲ੍ਹਾ ਗੁਰਦਾਸਪੁਰ । ਮੇਰਾ ਲੜਕਾ ਜੋਬਨਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਇਸ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਲੈਣ ਦੇਣ ਕਰਨ ਵਾਲੇ ਖੁਦ ਜਿੰਮੇਵਾਰ ਹੋਣਗੇ ।

ਮੈਂ, ਰਮਨ ਕੁਮਾਰ ਪੁੱਤਰ ਅਸ਼ੋਕ ਕੁਮਾਰ ਰਾਹੀਂ ਬਜਰੀਆ ਪਿਤਾ ਅਸ਼ੋਕ ਕੁਮਾਰ ਪੁੱਤਰ ਕਾਕਾ ਰਾਮ ਵਾਸੀ ਪਿੰਡ/ਡਾਕਖਾਨਾ ਸੋਹਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ-143519 ਸੂਚਿਤ ਕਰਦਾ ਹਾਂ ਕਿ ਮੇਰੀ ਪੌਤਰੀ ਸੁਨੇਹਾ, ਜੋ ਮੇਰੇ ਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਅਸੀਂ, ਤਿਲਕ ਰਾਜ ਸ਼ਰਮਾ ਪੁੱਤਰ ਸ੍ਰੀ ਹਰੀ ਚੰਦ ਸ਼ਰਮਾ ਅਤੇ ਲਕਸ਼ਮੀ ਸ਼ਰਮਾ ਪਤਨੀ ਤਿਲਕ ਰਾਜ ਸ਼ਰਮਾ, ਵਾਸੀਆਨ ਮਕਾਨ ਨੰਬਰ 641/4, ਨਵੀਂ ਸੜਕ, ਨਜ਼ਦੀਕ ਨਿਰੰਕਾਰੀ ਭਵਨ, ਕਟੜਾ ਕਰਮ ਸਿੰਘ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਤੁਲ ਸ਼ਰਮਾ ਅਤੇ ਉਸ ਦੀ ਪਤਨੀ ਭਾਵਨਾ, ਇਨ੍ਹਾਂ ਨੇ ਲਵ ਮੈਰਿਜ ਕਰਵਾਈ ਹੈ। ਇਹ ਦੋਵੇਂ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਤੰਗ-ਪ੍ਰੇਸ਼ਾਨ ਕਰਦੇ ਹਨ। ਸਾਡੀ ਨੂੰਹ ਭਾਵਨਾ ਜੋ ਆਪਣੀ ਮਨਮਰਜ਼ੀ ਕਰਦੀ ਹੈ ਅਤੇ ਸਾਡੇ ਲੜਕੇ 'ਤੇ ਦਬਾਅ ਪਾਉਂਦੀ ਹੈ ਅਤੇ ਸਾਨੂੰ ਝੂਠੇ ਕੇਸ ਵਿਚ ਫਸਾਉਣ ਦੀਆਂ ਧਮਕੀਆਂ ਦਿੱਤੀ ਹੈ। ਅਸੀਂ ਆਪਣੇ ਲੜਕੇ ਅਤੁਲ ਸ਼ਰਮਾ ਅਤੇ ਉਸ ਦੀ ਪਤਨੀ ਭਾਵਨਾ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਬੀਰਾ ਸਿੰਘ ਪੁੱਤਰ ਲਛਮਣ ਸਿੰਘ, ਵਾਸੀ ਮਕਾਨ ਨੰਬਰ 57, ਪਿੰਡ ਭੈਣੀ ਗਿੱਲਾਂ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਭਣੇਵਾਂ ਪਿੰਦਰ ਸਿੰਘ ਤੇ ਉਸ ਦੀ ਪਤਨੀ ਰਾਜਵਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਹਰਦੇਵ ਸਿੰਘ ਪੁੱਤਰ ਤੇਗਾ ਸਿੰਘ, ਵਾਸੀ ਮਕਾਨ ਨੰ: 5429/19, ਡੈਮਗੰਜ, ਆਬਾਦੀ ਈਦਗਾਹ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੋਹਿਤ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦਾ ਹਾਂ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਬਲਵਿੰਦਰ ਸਿੰਘ ਪੁੱਤਰ ਚਰਨ ਸਿੰਘ ਵਾਸੀ ਪਿੰਡ ਜਗਤਪੁਰ ਖੁਰਦ, ਡਾਕਖਾਨਾ ਪੁਰਾਣਾ ਸ਼ਾਲਾ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਪੁੱਤਰ ਸੰਦੀਪ ਸਿੰਘ ਤੇ ਰਣਜੀਤ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜਸਵੀਰ ਕੌਰ ਪਤਨੀ ਲੇਟ ਕਰਨੈਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਪੱਤੜ ਕਲਾਂ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਪਿੰਦਰ ਸਿੰਘ ਤੂਰ ਅਤੇ ਉਸਦੀ ਪਤਨੀ ਜਸਵੀਰ ਕੌਰ ਅਤੇ ਉਹਨਾਂ ਦਾ ਲੜਕਾ ਜ਼ੋਰਾਵਰ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਮੰਗੂ ਰਾਮ ਪੁੱਤਰ ਰਾਮ ਨਾਥ ਵਾਸੀ ਮੁੱਹਲਾ ਪੀਪਾ ਰੰਗੀ, ਫਗਵਾੜਾ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕੁਲਦੀਪ ਸਿੰਘ ਅਤੇ ਨੂੰਹ ਪੂਜਾ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਲੇਖ ਰਾਜ ਪੁੱਤਰ ਪ੍ਰੀਤਮ ਦਾਸ ਵਾ ਨਛੱਤਰ ਕੌਰ ਪਤਨੀ ਲੇਖ ਰਾਜ ਵਾਸੀਆਨ ਜੱਜਾ ਖੁਰਦ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਦੀਪ ਰਾਮ ਵਾ ਸਾਡੀ ਨੂੰਹ ਅਮਨਦੀਪ ਰਾਣੀ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਵਾ ਸਾਡੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਸੰਬੰਧਿਤ ਨੋਟ ਕਰਨ।

ਮੈ, ਸੁਰਿੰਦਰ ਕੌਰ ਪਤਨੀ ਕੁਲਵੰਤ ਸਿੰਘ ਵਾਸੀ ਮਕਾਨ ਨੰਬਰ 215/19, ਗਲੀ ਸੋਢੀਆਂ, ਚੌਂਕ ਮੋਨੀ, ਅੰਮ੍ਰਿਤਸਰ ਦੀ ਵਸਨੀਕ ਹਾਂ। ਮੇਰਾ ਸ਼ਾਦੀਸ਼ੁਦਾ ਛੋਟਾ ਲੜਕਾ ਕੰਵਲਜੀਤ ਸਿੰਘ ਅਤੇ ਮੇਰੀ ਨੂੰਹ ਦਮਨਜੀਤ ਕੌਰ ਜੋ ਕਿ ਮੇਰੀ ਜਾਇਦਾਦ ਹੜੱਪਣ ਦੀ ਖਾਤਰ ਮੇਰੇ ਨਾਲ ਅਕਸਰ ਲੜਦੇ-ਝਗੜਦੇ ਹਨ ਅਤੇ ਮੇਰੇ ਹਰ ਪ੍ਰਕਾਰ ਦੇ ਕਹਿਣੇ ਸੁਨਣੇ ਤੋਂ ਬਾਹਰ ਹਨ ਜਿਸ ਲਈ ਮੈਂ ਆਪਣੇ ਲੜਕੇ ਕੰਵਲਜੀਤ ਸਿੰਘ ਅਤੇ ਆਪਣੀ ਨੂੰਹ ਦਮਨਜੀਤ ਕੌਰ ਨੂੰ ਉਨ੍ਹਾਂ ਦੀ ਨਬਾਲਗ ਲੜਕੀ ਹਰਜਸ ਕੌਰ ਅਤੇ ਨਬਾਲਗ ਲੜਕੇ ਦਿਵਜੋਤ ਸਿੰਘ ਸਮੇਤ ਆਪਣੀ ਨਿੱਜੀ ਜ਼ਿੰਦਗੀ, ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ, ਇਨ੍ਹਾਂ ਨਾਲ ਮਿਲਵਰਤਣ ਰੱਖਣ ਅਤੇ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਜਿਸ ਵਿਚ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਮੁਖਤਿਆਰ ਸਿੰਘ ਪੁੱਤਰ ਹੰਸਾ ਸਿੰਘ ਵਾਸੀ ਮਕਾਨ ਨੰਬਰ 234, ਮੁਹੱਲਾ ਮਹਿਤਾਬਗੜ੍ਹ, ਕਪੂਰਥਲਾ ਘੋਸ਼ਣਾ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਰਣਜੀਤ ਸਿੰਘ ਨੂੰ ਕਹਿਣੇ ਵਿੱਚੋਂ ਬਾਹਰ ਹੋਣ ਕਰਕੇ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੈਂ ਆਪਣੇ ਲੜਕੇ ਦੀ ਬੇਦਖਲੀ ਵਾਪਸ ਲੈਂਦਾ ਹਾਂ। ਸਮੂਹ ਸਬੰਧਤ ਨੋਟ ਕਰਨ।

ਅਸੀਂ ਪਰਮਜੀਤ ਸਿੰਘ ਪੁੱਤਰ ਸ਼ਿਤਲ ਸਿੰਘ ਵਾ ਜਸਵਿੰਦਰ ਕੌਰ ਪਤਨੀ ਪਰਮਜੀਤ ਸਿੰਘ ਵਾਸੀਆਨ 929, ਸ਼ਿਵਾ ਜੀ ਨਗਰ, ਬਸਤੀ ਦਾਨਿਸ਼ਮੰਦਾ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਕੁਲਵੀਰ ਸਿੰਘ ਵਾ ਉਸਦੀ ਪਤਨੀ ਨੇਹਾ ਡਾਲੀਆ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਬਲਵਿੰਦਰ ਸਿੰਘ ਪੁੱਤਰ ਚਰਨ ਸਿੰਘ ਵਾਸੀ ਪਿੰਡ ਜਗਤਪੁਰ ਖੁਰਦ, ਡਾਕਖਾਨਾ ਪੁਰਾਣਾ ਸ਼ਾਲਾ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਪੁੱਤਰ ਸੰਦੀਪ ਸਿੰਘ ਤੇ ਰਣਜੀਤ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## COURT NOTICE

(U/o 5 Rule 20 CPC)
In the Court of
Sh. Anupam Gupta
Civil Judge (Junior Division)-1, Barnala
CS/1133/2025
CNR No. PBBR02-001744-2025
Next Date :- 27-11-2025
Gurpreet Singh
Vs.
General Public
Publication Issued to :
General Public

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 27.11.2025 at 10:00 A.M.

For details logon to https://highcourtchd.gov.in/?mod=district_notice&district=barnala

Civil Judge (Junior Division)-1, Barnala
Dated this day of 30-10-2025

## COURT NOTICE

(U/o 5 Rule 20 CPC)
In the Court of
Ms. Harpreet Kaur-1
Civil Judge (Senior Division), Jalandhar
CNR No. PBJL02-003697-2025
Next Date :- 05-01-2026
CS/2320/2025
Sukhwinder Kaur
Vs.
Regional Passport Officer
Suit for grant of decree for declaration as prayed for, Suit for grant of decree of Mandatory injunction
Publication Issued to :
General Public
: General Public

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 05-01-2026 at 10:00 a.m.

For details logon to https://highcourtchd.gov.in/?mod=district_notice&district=jalandhar

Civil Judge (Senior Division), Jalandhar
Dated this day of 29-10-2025

## MATA ISHAR KAUR NURSING INSTITUTE
TAMKOT (MANSA)
/9872407525/omedu151505@gmail.com/

**NOTICE**

Semi Online Counselling for leftover seats in GNM Courses (Session 2025-26) for Mata Ishar Kaur Nursing Institute Tamkot, Mansa

It is informed that the process for Semi Online Counselling of leftover seats for Mata Ishar Kaur Nursing Institute Tamkot, Mansa will be conducted at institute level as per following schedule.

Only the candidates, who have completed application in all respects on Counselling admission portal 2025-26 of PNRC and not holding any seat in any institute, shall be allowed to appear in this round. After preparation of merit list no candidate shall be allowed to participate.

| Description | Date |
|---|---|
| Semi Online Counselling and joining of candidates for Mata Ishar Kaur Nursing Institute Tamkot, Mansa | 31.10.2025 |

PNRC Helpline for Counselling
+91 62836-18852 (Mon-Fri, 9am - 5pm) | admissionspnrc@gmail.com

Principal,
Mata Ishar Kaur Nursing Institute
Tamkot (Mansa)

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਗੁਰਦੀਪ ਸਿੰਘ, ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੋਮ, ਡੇਰਾ ਬਾਬਾ ਨਾਨਕ

ਕੇਸ ਅਨੁਵਾਨ

2) ਗੁਰਮੁੱਖ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਪਿੰਡ ਬੱਬ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ

ਬਨਾਮ

2) ਕੁਲਵੰਤ ਸਿੰਘ ਪੁੱਤਰ ਕਿਰਪਾ ਸਿੰਘ ਪੁੱਤਰ ਇੰਦਰ ਸਿੰਘ, 3) ਭਗਤ ਸਿੰਘ ਪੁੱਤਰ ਇੰਦਰ ਸਿੰਘ ਪੁੱਤਰ ਚੰਦਾ ਸਿੰਘ, 4) ਅਜੀਤ ਸਿੰਘ ਹਿੱਸੇਦਾਰ ਆਦਿ ਵਾਸੀਆਨ ਪਿੰਡ ਬੱਬ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ।

ਵਾਕਿਆ ਪਿੰਡ : ਬੱਬ ਕਿਸਮ ਕੇਸ : ਦਰੁਸਤੀ ਗਿਰਦਾਵਰੀ

ਦਰਖਾਸਤ ਬਰਾਏ ਕੇਸ ਦਰੁਸਤੀ ਗਿਰਦਾਵਰੀ ਬਾਬਤ ਜ਼ਮੀਨ ਪਿੰਡ ਬੱਬ ਹ. ਬ. ਨੰਬਰ 376 ਕੁੱਲ ਰਕਬਾ 17 ਕਨਾਲ 07 ਮਰਲੇ ਖੇਵਟ ਨੰਬਰ 31-78, 80, ਖਤੌਨੀ ਨੰਬਰ 140-67, ਖਸਰਾ ਨੰਬਰ 4//21/1(5-2), 9//1(0-6), 9//1/2(0-6), 9//1/3(0-8), 2 ਮਿਨ ਲਹਿੰਦਾ (4-0), 9/1 ਮਿਨ ਲਹਿੰਦਾ (3-4), 4//22(4-1) ਜਮ੍ਹਾਂਬੰਦੀ ਸਾਲ 2020-21, ਵਾਕਿਆ ਪਿੰਡ ਬੱਬ ਹ.ਬ ਨੰਬਰ 376, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ।

ਉਕਤ ਅਨੁਵਾਨ ਕੇਸ ਵਿਚ ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਹੇਠ ਲਿਖੇ ਉੱਤਰਵਾਦੀਆਂ ਦੀ ਇਤਲਾਹ ਸਾਧਾਰਨ ਤਰੀਕੇ ਨਾਲ ਹੋਣੀ ਸੰਭਵ ਨਹੀਂ ਹੈ। ਇਸ ਨੋਟਿਸ ਦੇ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਅਨੁਵਾਨ ਕੇਸ ਨੂੰ ਲੈ ਕੇ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਤਾਰੀਖ ਪੇਸ਼ੀ 18.11.2025 'ਨੂੰ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰ ਸਕਦੇ ਹਨ। ਹਾਜ਼ਰ ਨਾ ਹੋਣ ਦੀ ਸੂਰਤ ਵਿਚ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ। ਬਾਅਦ ਵਿਚ ਕੋਈ ਉਜ਼ਰ/ਇਤਰਾਜ਼ ਨਹੀਂ ਸੁਣਿਆ ਜਾਵੇਗਾ।

ਇਹ ਨੋਟਿਸ ਅੱਜ ਮਿਤੀ 28.10.2025 ਨੂੰ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ।

ਸਹੀ/-ਸਹਾਇਕ ਕੁਲੈਕਟਰ ਦਰਜਾ-2, ਡੇਰਾ ਬਾਬਾ ਨਾਨਕ।

## PUBLIC NOTICE

I, OM PARKASH GUPTA S/o. SH. MALA RAM (Adhaar No. 441766552295), R/O. 34, SWARAN PARK KAPURTHALA ROAD, Jalandhar, Punjab- 144002, by the present notice inform the general public that I am blessed with three children namely Hitesh Gupta, Dinesh Gupta and Neetu Rani. The relation between me and Dinesh Gupta, Neetu Rani are not cordial and they both have no respect for me. Earlier I had executed one registered-Will bearing document no.208 dated 27.05.2016 in favour of my sons namely Hitesh Gupta and Dinesh Gupta. Due to act, conduct and misbehaviour of Dinesh Gupta I had executed one cancellation of Will Deed bearing document No. 2024-25/186/3/1546 dated 11.02.2025 whereby I cancelled the registered Will bearing document No.208 dated 27.05.2016. My son Hitesh Gupta and his wife Rekha Gupta are looking after me and rendering services to me. On 16.07.2025, I, with my free will and sound mind, executed registered Will bearing document No.2025-26/186/3/458 whereby I gave my entire estate to my son Hitesh Gupta. My son Dinesh Gupta and his wife Anchal Kanda are teasing me and made my life a hell. I had already disinherited my son Dinesh Gupta his wife Anchal Kanda their daughter Dinaya Gupta from my movable and immovable properties vide public notice published notice dated 19.10.2024 published in newspapers namely Nawa Zamana and Yugmarg. I had transferred my house bearing no.34, Swaran Park Kapurthala Road, Jalandhar vide transfer deed bearing document No. 2025-26/186/1/2669 dated 23.05.2025 in favour of my son Hitesh Gupta. I had transferred plot measuring 7 1/2 Marlas comprised in Hadbast No. 311, khata No. 428/465, 519/560, 520/561, 521/562, 522/563, Khasra No. 34//12/3, 34//8/2, 34//13, 34//12/2, 34//9/1 as per jamabandi year 2019-20 situated at Raj Nagar, Basti Bawa Khel, Jalandhar vide transfer deed bearing document No.2025-26/187/1/1954 dated 23.05.2025 and plot bearing No.3 measuring 4 marla situated at Madhuban Colony, Jalandhar vide transfer deed bearing No. 2025-26/186/1/2670 dated 23.05.2025 in favour of my son Hitesh Gupta. I am giving this public notice with my sweet will, accord, without any pressure and with sound mind.

Om Parkash

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰ. 433-ਸਿਗ-ਟੀ-50-25-26 ਮਿਤੀ 29/10/2025
ਨਿਵਿਦਾ ਬੰਦ ਹੋਣ ਦੀ ਮਿਤੀ/ਸਮਾਂ: ਨੂੰ 21.11.2025 15:00 ਵਜੇ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-50/25-26 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 21.11.2025 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜ਼ਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ.ਆਈ.ਟੀ.

| | | | |
|---|---|---|---|
| ਕੰਮ ਦਾ ਨਾਮ | ਫਿਰੋਜਪੁਰ ਮੰਡਲ ਉਤੇ ਸਕਾਡਾ ਸੰਚਾਰ ਦੀ ਵਿਸ਼ਵਸਨੀਅਤਾ ਵਿਚ ਸੁਧਾਰ ਦੇ ਲਈ ਅੰਮ੍ਰਿਤਸਰ-ਤਰਨ ਤਾਰਨ, ਬਿਆਸ-ਤਰਨ ਤਾਰਨ ਅਤੇ ਬਟਾਲਾ-ਕਾਦਿਯਾਂ ਵਿਚ ਟੀ ਐਸ ਐਸ / ਐਸਪੀ/ ਐਸ ਐਸ ਪੀ ਦੇ ਲਈ ਓ ਐਫ ਸੀ ਦਾ ਪ੍ਰਾਵਧਾਨ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 21/11/2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 28/10/2025 16:17 |
| ਅੰਦਾਜਨ ਕੀਮਤ | 14994190.55 | ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ) | 07/11/2025 |
| ਬਿਆਨਾ ਰਾਸ਼ੀ (ਰੁ) | 225000.00 | ਕੰਮ ਪੂਰਾ ਕਰਨ ਦਾ ਸਮਾਂ | 3 ਮਹੀਨੇ |

ਨੋਟ: ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸੁਧੀਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ। 3379/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਟਰਾਂਸਪੋਰਟ ਵਿਭਾਗ ਦੀਆਂ 56 ਸੇਵਾਵਾਂ ਸੇਵਾ ਕੇਂਦਰਾਂ ਰਾਹੀਂ ਉਪਲੱਬਧ



**ਸੰਗਰੂਰ, (ਪ੍ਰਵੀਨ ਸਿੰਘ)** ਟਰਾਂਸਪੋਰਟ ਵਿਭਾਗ ਦੀਆਂ ਡਰਾਈਵਿੰਗ ਲਾਇਸੈਂਸ ਤੇ ਵਾਹਨ ਰਜਿਸਟ੍ਰੇਸ਼ਨ ਸਰਟੀਫਿਕੇਟ ਨਾਲ ਸਬੰਧਤ ਕੁੱਲ 56 ਪ੍ਰਮੁੱਖ ਸੇਵਾਵਾਂ ਨੂੰ ਹੁਣ ਪੂਰੀ ਤਰ੍ਹਾਂ ਫੇਸਲੈੱਸ ਕਰ ਦਿੱਤਾ ਗਿਆ ਹੈ।ਇਹ ਸੇਵਾਵਾਂ ਹੈਲਪਲਾਈਨ ਨੰਬਰ 1076 ਉੱਤੇ ਕਾਲ ਕਰ ਕੇ ਸੇਵਾ ਕੇਂਦਰਾਂ ਰਾਹੀਂ ਹਾਸਲ ਕੀਤੀਆਂ ਜਾ ਸਕਦੀਆਂ ਹਨ।ਇਸ ਸਬੰਧੀ ਖੇਤਰੀ ਟਰਾਂਸਪੋਰਟ ਦਫਤਰ ਦੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਵੱਲੋਂ ਸੇਵਾ ਕੇਂਦਰ ਦੇ ਮੁਲਾਜ਼ਮਾਂ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ ਤਾਂ ਜੁ ਲੋਕਾਂ ਨੂੰ ਇਹ ਸੇਵਾਵਾਂ ਪ੍ਰਾਪਤ ਕਰਨ ਵਿੱਚ ਕਿਸੇ ਕਿਸਮ ਦੀ ਦਿੱਕਤ ਨਾ ਆਵੇ। ਖੇਤਰੀ ਟਰਾਂਸਪੋਰਟ ਅਫਸਰ ਸ਼੍ਰੀ ਨਮਨ ਮੜਕਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਦੀ ਸਹੂਲਤ ਦੇ ਮੱਦੇਨਜ਼ਰ ਪਾਰਦਰਸ਼ੀ, ਸੌਖੇ ਢੰਗ ਤੇ ਸਮਾਂਬੱਧ ਤਰੀਕੇ ਨਾਲ ਟਰਾਂਸਪੋਰਟ ਵਿਭਾਗ ਨਾਲ ਸਬੰਧਤ 56 ਸੇਵਾਵਾਂ ਮੁਹਈਆ ਕਰਾਉਣ ਲਈ ਇਹ ਕਦਮ ਚੁੱਕਿਆ ਹੈ, ਜਿਸ ਦਾ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ। ਨਾਗਰਿਕਾਂ ਨੂੰ ਪਹਿਲਾਂ ਡਰਾਈਵਿੰਗ ਲਾਇਸੈਂਸ ਜਾਂ ਵਾਹਨ ਰਜਿਸਟ੍ਰੇਸ਼ਨ ਸਰਟੀਫਿਕੇਟ ਪ੍ਰਾਪਤ ਕਰਨ ਲਈ ਸਾਈਬਰ ਕੈਫ਼ੇ ਜਾਣਾ ਪੈਂਦਾ ਸੀ ਜਾਂ ਖ਼ੁਦ ਆਨਲਾਈਨ ਅਰਜ਼ੀ ਦੇਣੀ ਪੈਂਦੀ ਸੀ।ਅਰਜ਼ੀ ਦੇਣ ਤੋਂ ਬਾਅਦ ਉਨ੍ਹਾਂ ਨੂੰ ਦਸਤਾਵੇਜ਼ ਤਸਦੀਕ ਵਰਗੇ ਕੰਮਾਂ ਲਈ ਕਈ ਵਾਰ ਆਰ.ਟੀ.ਓ. ਦਫ਼ਤਰਾਂ ਦਾ ਚੱਕਰ ਕੱਟਣਾ ਪੈਂਦਾ ਸੀ, ਜਿਸ ਕਾਰਨ ਕਈ ਵਿਅਕਤੀਆਂ ਨੂੰ ਕਾਫ਼ੀ ਮੁਸ਼ਕਲ ਹੁੰਦੀ ਸੀ।

## COURT NOTICE

(U/o 5 Rule 20 CPC)
In the Court of
Mrs. Neetika Verma
Additional District and Sessions Judge-2, Mohali
CNR No. PBSA01-004186-2024
Next Date :- 28-11-2025
Amarjit Singh
Vs.
Karamjit Kaur and ors.
Publication Issued to :
Respondent No. 2 : Kuldeep Singh
Father : Makhan Singh S/o Ronak Singh
Village Mehroli, Tehsil Kharar, Distt. SAS Nagar, Mohali

In above titled case, the defendant(s)/ respondent (s) could not be served. It is ordered that defendant(s)/ respondent(s) should appear in person or through counsel on 28.11.2025 at 10:00 a.m.

For details logon to https://highcourtchd.gov.in/?mod=district_notice&district=mohali

Additional District and Sessions Judge-2, Mohali
Dated this day of 29-10-2025

## COURT NOTICE

(U/o 5 Rule 20 CPC)
In the Court of
Ms. Ekta Sedha
Civil Judge Junior Division-2, Samana
CNR No. PBPTC0-001570-2023
Next Date :- 28-11-2025
State Bank of India
Vs.
Hardeep Singh
Publication Issued to :
Hardeep Singh
Father : Kashmir Singh R/o VPO Shutrana, Tehsil Patran, Distt. Patiala.

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 28.11.2025 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division-2, Samana
Dated this day of 24-10-2025

## AXIS BANK

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
**Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
**Registered Office:** 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

### ਸਰਫੇਸੀ ਐਕਟ 2002 ਦੇ 13 (4) ਤਹਿਤ ਜਾਇਦਾਦ ਦਾ ਕਬਜ਼ਾ ਲੈਣ ਸੰਬੰਧੀ ਨੋਟਿਸ

ਸਕਿਓਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਓਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠ ਲਿਖੇ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਵਰਨਣ ਜਾਇਦਾਦ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਕਰਨ 'ਤੇ ਰਕਮ ਅਤੇ ਉਸ ਉਪਰ ਵਿਆਜ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਐੱਨ ਪੀ ਏ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1. | 1. ਸ੍ਰੀ ਸੋਨੂ ਕੁਮਾਰ ਪੁੱਤਰ ਸ੍ਰੀ ਬਾਵਾ ਰਾਮ (ਕਰਜ਼ਦਾਰ) ਅਤੇ 2. ਸ੍ਰੀਮਤੀ ਕਾਜਲ ਪਤਨੀ ਸੋਨੂ ਕੁਮਾਰ (ਸਹਿ-ਕਰਜ਼ਦਾਰ/ ਰਹਿਣਕਾਰ) | 11 ਮਈ 2025 | 01 ਜੁਲਾਈ 2025 | 29 ਅਕਤੂਬਰ 2025 | ਰੁਪਏ 2898647/- (ਅਠਾਈ ਲੱਖ ਅਠਾਨਵੇਂ ਹਜ਼ਾਰ ਛੇ ਸੌ ਸੰਤਾਲੀ ਰੁਪਏ ਕੇਵਲ) |

### ਰਹਿਣ ਕੀਤੀ ਜਾਇਦਾਦ ਦਾ ਵੇਰਵਾ

ਸਮੁੱਚੀ ਰਿਹਾਇਸ਼ੀ ਜਾਇਦਾਦ/ਮਕਾਨ ਦਾ ਹਿੱਸਾ ਪੁਰਾਣਾ ਖਾਨਾਸ਼ੁਮਾਰੀ ਨੰਬਰ ਬੀ-4/511 ਅਤੇ ਨਵਾਂ ਖਾਨਾਸ਼ੁਮਾਰੀ ਨੰ. ਬੀ-24/235 ਰਕਬਾ 75 ਵਰਗ ਗਜ਼ (3 ਮਰਲੇ) ਪਤਾ : ਮੀਆਂ ਮੁਹੱਲਾ ਬਾਹਰਵਾਰ ਕਪੂਰੀ ਗੇਟ, ਬਟਾਲਾ (ਅੰਦਰੂਨ ਦਰਵਾਜ਼ਾ ਬਟਾਲਾ) ਤਹਿਸੀਲ ਬਟਾਲਾ ਤੇ ਜ਼ਿਲ੍ਹਾ ਗੁਰਦਾਸਪੁਰ ਪੰਜਾਬ, ਜੋ ਕਿ ਸ੍ਰੀਮਤੀ ਕਾਜਲ ਪਤਨੀ ਸੋਨੂ ਕੁਮਾਰ ਦੇ ਨਾਂਅ ਹੈ। ਵਾਈਡ ਸੇਲ ਡੀਡ ਦਸਤਾਵੇਜ਼ ਨੰ. 2021-22/146/1/2126 ਤਰੀਕ 24 ਅਗਸਤ 2021, ਹੱਦਾਂ ਇਸ ਪ੍ਰਕਾਰ ਹਨ : ਪੂਰਬ : ਬਚਨ ਲਾਲ ਦੀ ਜਾਇਦਾਦ, ਪੱਛਮ : ਪ੍ਰੇਮਵੰਤੀ, ਉੱਤਰ : ਰੋਡ/ਗਲੀ, ਦੱਖਣ : ਗਲੀ

ਮਿਤੀ : 31.10.2025
ਸਥਾਨ : ਲੁਧਿਆਣਾ

ਸਹੀ/- (ਅਧਿਕਾਰਤ ਅਫਸਰ)
ਐਕਸਿਸ ਬੈਂਕ ਲਿਮਟਿਡ

## ਗ਼ਦਰੀ ਬਾਬਿਆਂ ਦੀ ਜਨਮ ਭੂਮੀ ਤੋਂ ਕਾਫ਼ਲੇ ਦੇਸ਼ ਭਗਤ ਯਾਦਗਾਰ ਹਾਲ ਪਹੁੰਚਣਗੇ : ਤਲਵਿੰਦਰ ਹੀਰ

**ਮਾਹਿਲਪੁਰ, ਜੇਜੋ ਦੋਆਬਾ (ਸਫ਼ਰੀ, ਨਿਰਮਲ ਸਿੰਘ ਮੁੱਗੋਵਾਲ)**- ਮਹਾਨ ਵੀਰਾਂਗਣਾ ਗ਼ਦਰੀ ਬੀਬੀ ਗੁਲਾਬ ਕੌਰ ਦੇ ਵਿਛੋੜੇ ਦੀ ਸ਼ਤਾਬਦੀ ਨੂੰ ਸਮਰਪਿਤ 34 ਵੇਂ ਮੇਲੇ ਗ਼ਦਰੀ ਬਾਬਿਆਂ ਦੇ ਤੇ ਵੱਧ ਤੋਂ ਵੱਧ ਸਾਥੀਆਂ ਨੂੰ ਕਾਫ਼ਲਿਆਂ ਦੇ ਰੂਪ



ਵਿੱਚ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਪਹੁੰਚਣ ਲਈ ਨਿੱਜੀ ਸੰਪਰਕ ਬਣਾ ਕੇ ਸੱਦਾ ਪੱਤਰ ਸੌਂਪੇ ਜਾ ਚੁੱਕੇ ਹਨ ਤੇ ਲੋਕਪੱਖੀ ਸੰਸਥਾਵਾਂ ਤੇ ਇਨਸਾਫ਼ਪਸੰਦ ਲੋਕਾਂ ਵਲੋਂ ਪੂਰਨ ਭਰੋਸਾ ਦਿਵਾਇਆ ਗਿਆ ਕਿ ਉਹ ਮੇਲੇ ਦੇ ਤਿੰਨੋਂ ਦਿਨ 30 ਅਕਤੂਬਰ ਤੋਂ 1 ਨਵੰਬਰ ਤੱਕ ਕਾਫ਼ਲੇ ਬਣਾ ਕੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਪਹੁੰਚਣਗੇ ਤੇ ਆਪਣੇ ਮਹਾਨ ਸ਼ਹੀਦਾਂ ਨੂੰ ਸਿਜਦਾ ਕਰਕੇ ਉਨਾਂ ਦਾ ਆਸ਼ੀਰਵਾਦ ਪ੍ਰਾਪਤ ਕਰਨਗੇ।ਇਨਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਕੋਟਲਾ ਨੌਧ ਸਿੰਘ(ਬੀਬੀ ਗੁਲਾਬ ਕੌਰ ਦੀ ਪਨਾਹਗਾਹ) ਖੜੌਦੀ, ਲੰਗੇਰੀ,ਨੰਗਲ ਕਲਾਂ, ਮਾਹਿਲਪੁਰ,ਬਾਹੋਵਾਲ,ਜੱਸੋਵਾਲ, ਮਨੋਲੀਆਂ,ਗੜ੍ਹੀ ਮੱਟੋਂ,ਸ਼ਾਹਪੁਰ ਨਿੱਜੀ ਤੌਰ ਤੇ ਜਾ ਕੇ ਦੇਸ਼ ਭਗਤਾਂ ਦੇ ਵਾਰਿਸਾਂ ਨੂੰ ਸੱਦਾ ਪੱਤਰ ਪੁੱਜਦਾ ਕਰਨ ਉਪਰੰਤ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਕੀਤਾ।ਉਨ੍ਹਾਂ ਕਿਹਾ ਕਿ ਗ਼ਦਰੀ ਬਾਬਾ ਹਰਨਾਮ ਸਿੰਘ ਟੁੰਡੀਲਾਟ,ਬਾਬਾ ਅਮਰ ਸਿੰਘ, ਬਾਬਾ ਸ਼ਿਵ ਸਿੰਘ,ਬਾਬਾ ਹਰਜਾਪ ਸਿੰਘ,ਭਾਈ ਬੀਰ ਸਿੰਘ,ਜਰਨੈਲ ਮੂਲਾ ਸਿੰਘ,ਕਰਨਲ ਸਿੰਘ ਸੱਚ, ਭਾਈ ਜਵੰਦ ਸਿੰਘ,ਦਲੀਪ ਸਿੰਘ ਫਾਹਲਾ,ਭਾਈ ਦਲੀਆ ਸਿੰਘ, ਗਿਆਨੀ ਮੋਹਰ ਸਿੰਘ, ਭਾਈ ਪਿਆਰਾ ਸਿੰਘ ਲੰਗੇਰੀ ਤੋਂ ਇਲਾਵਾ ਹੋਰ ਦੇਸ਼ ਭਗਤਾਂ ਦੀ ਜਨਮ ਤੇ ਕਰਮ ਭੂਮੀ ਦੇ ਲੋਕ ਆਪਣਿਆਂ ਪੁਰਖਿਆਂ ਦੇ ਮੇਲੇ ਤੇ ਪਹੁੰਚਣ ਤੇ ਇਤਿਹਾਸਕ ਵਿਰਸੇ ਨੂੰ ਸੰਭਾਲਣ ਲਈ ਉਤਾਵਲੇ ਹਨ।ਜ਼ਿਕਰਯੋਗ ਹੈ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਜਿਹੇ ਮਹਾਨ ਸਿਰਲੱਥ ਯੋਧੇ ਦੇ ਚਰਨਾਂ ਦੀ ਛੋਹ ਪ੍ਰਾਪਤ ਹੋਣਾਂ ਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ ਨਾਨਕਾ ਪਿੰਡ ਮੋਰਾਂਵਾਲੀ ਜਿਲ੍ਹਾ ਹੁਸ਼ਿਆਰਪੁਰ ’ਚ ਹੋਣਾਂ ਬੇਹੱਦ ਮਾਨ ਵਾਲੀ ਗੱਲ ਹੈ।

## ਸਮਾਜਿਕ ਕਾਰਜਾਂ ’ਚ ਸਹਿਯੋਗ ਕਰਨ ਲਈ ਡਾ. ਬਾਲੀ ਸਨਮਾਨਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਪ੍ਰਧਾਨ ਜੇ.ਬੀ. ਬਹਲ ਦੀ ਅਗਵਾਈ ਹੇਠ ਆਯੋਜਿਤ ਇਕ ਸੰਖੇਪ ਸਮਾਰੋਹ ਵਿੱਚ ਸਮਾਜ ਸੇਵੀ ਡਾ. ਐਮ. ਜਮੀਲ ਬਾਲੀ ਨੂੰ ਇੰਡੀਅਨ ਰੈੱਡ ਕਰਾਸ ਸੋਸਾਇਟੀ ਪੰਜਾਬ ਸ਼ਾਖਾ ਦਾ ਸਰਪ੍ਰਸਤ ਬਣਨ ’ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ’ਤੇ ਸੋਸਾਇਟੀ ਦੇ ਚੇਅਰਮੈਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ। ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਚੇਅਰਮੈਨ ਸੰਜੀਵ ਅਰੋੜਾ ਨੇ ਕਿਹਾ ਕਿ ਡਾ. ਜਮੀਲ ਬਾਲੀ ਆਪਣੇ ਆਪ ਵਿੱਚ ਹੀ ਇਕ ਸੰਸਥਾ ਹਨ, ਜੋ ਸਮਾਜ ਸੇਵਾ ਦੇ ਖੇਤਰ ਵਿੱਚ ਕਈ ਸੰਸਥਾਵਾਂ ਨਾਲ ਜੁੜ ਕੇ ਸ਼ਲਾਘਾਯੋਗ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਡਾ. ਬਾਲੀ ਲੋੜਵੰਦ ਬੱਚਿਆਂ ਦੀ ਸਹਾਇਤਾ, ਖੇਡ ਸਮੱਗਰੀ ਵਿਤਰਣ ਕਰਨਾ, ਦਹੇਜ ਪ੍ਰਥਾ, ਨਸ਼ੇ ਵਿਰੁੱਧ ਜਾਗਰੂਕਤਾ, ਪੌਧਾਰੋਪਣ ਅਤੇ ਸਿਹਤ ਸਹੂਲਤਾਂ ਲਈ ਮੈਡੀਕਲ ਕੈਂਪ ਲਗਾਉਣ ਆਦਿ ਖੇਤਰਾਂ ਵਿੱਚ ਸਰਗਰਮ ਹਨ। ਸ੍ਰੀ ਅਰੋੜਾ ਨੇ ਕਿਹਾ ਕਿ ਡਾ. ਬਾਲੀ ਸਮਾਜ ਸੇਵਾ ਨਾਲ ਜੁੜੇ ਲੋਕਾਂ ਲਈ ਪ੍ਰੇਰਣਾ ਸਰੋਤ ਹਨ।ਇਸ ਮੌਕੇ ਡਾ. ਬਾਲੀ ਨੇ ਸੋਸਾਇਟੀ ਦੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਜੋ ਸਨਮਾਨ ਦਿੱਤਾ ਗਿਆ ਹੈ, ਉਸ ਲਈ ਉਹ ਸੁਸਾਇਟੀ ਦੇ ਅਭਾਰੀ ਹਨ ਅਤੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਸੌਂਪੀ ਗਈ ਸਰਪ੍ਰਸਤ ਦੀ ਜ਼ਿੰਮੇਵਾਰੀ ਉਹ ਤਨ, ਮਨ, ਧਨ ਅਤੇ ਇਮਾਨਦਾਰੀ ਨਾਲ ਨਿਭਾਉਣਗੇ।ਇਸ ਮੌਕੇ ਸਕੱਤਰ ਪ੍ਰੋ. ਦਲਜੀਤ ਸਿੰਘ, ਪ੍ਰਿੰ. ਡੀ.ਕੇ. ਸ਼ਰਮਾ, ਅਵਿਨਾਸ਼ ਸੂਦ, ਮਦਨ ਲਾਲ ਮਹਾਜਨ, ਅਸ਼ਵਨੀ ਕੁਮਾਰ ਦੱਤਾ, ਵੀਨਾ ਚੋਪੜਾ, ਓਮ ਵੀਰ, ਰਮਿੰਦਰ ਸਿੰਘ, ਜਸਵੀਰ ਕੌਰ, ਪ੍ਰੋ. ਸੀ.ਵੀ. ਅਰੋੜਾ ਅਤੇ ਹੋਰ ਮੈਂਬਰ ਹਾਜ਼ਰ ਸਨ।

## ਪਾਵਰ ਸਲੈਪ ਮੁਕਾਬਲੇ ਦੇ ਚੈਂਪੀਅਨ ਜੁਝਾਰ ਸਿੰਘ ਸਨਮਾਨਤ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਪਾਵਰ ਸਲੈਪ ਮੁਕਾਬਲੇ ਦੇ ਚੈਂਪੀਅਨ ਸਰਦਾਰ ਜੁਝਾਰ ਟਾਈਗਰ ਸਿੰਘ ਨੂੰ ਹਿਮਾਲਿਆ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਮੁਜਾਫਤ ਵੱਲੋਂ ਸਕੂਲ ਵਿੱਚ ਉਹਨਾਂ ਦੀਆਂ ਵੱਡਮੁੱਲੀਆਂ ਪ੍ਰਾਪਤੀਆਂ ਲਈ ਸਨਮਾਨਤ ਕੀਤਾ ਗਿਆ। ਜੁਝਾਰ ਸਿੰਘ ਜੋ ਕਿ ਪਾਵਰ ਸਲੈਪ ਮੁਕਾਬਲਾ ਜਿੱਤ ਕੇ ਵਿਸ਼ਵ ਪ੍ਰਸਿੱਧ ਹੋ ਗਏ ਹਨ, ਆਪਣੇ ਪਿਤਾ ਬਲਵਿੰਦਰ ਸਿੰਘ, ਛੋਟੇ ਭਰਾ ਅੰਮ੍ਰਿਤਪਾਲ ਸਿੰਘ ਅੰਬੂ ਅਤੇ ਕੁਝ ਦੋਸਤਾਂ ਸਮੇਤ ਹਿਮਾਲਿਆ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਮੁਜਾਫਤ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਸੰਬੋਧਨ ਵੀ ਕੀਤਾ। ਉਹਨਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਉਹਨਾਂ ਨੇ ਚੌਥੀ ਜਮਾਤ ਤੋਂ ਕੁਸ਼ਤੀ ਦੀ ਖੇਡ ਖੇਡਣੀ ਆਰੰਭ ਕਰ ਦਿੱਤੀ ਸੀ ਅਤੇ ਬਹੁਤ ਹੀ ਸਖਤ ਅਨੁਸ਼ਾਸਨ ਵਿੱਚ ਰਹਿ ਕੇ ਹੁਣ ਤੱਕ ਆਪਣੀ ਖੇਡ ਜਾਰੀ ਰੱਖੀ ਹੋਈ ਹੈ। ਜੁਝਾਰ ਸਿੰਘ ਜੀ, ਜਿਨ੍ਹਾਂ ਨੇ ਆਪਣੀ ਦਸਵੀਂ ਤੱਕ ਦੀ ਪੜ੍ਹਾਈ ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚਮਕੌਰ ਸਾਹਿਬ ਤੋਂ ਕੀਤੀ ਅਤੇ ਉਸ ਉਪਰੰਤ ਬਾਰ੍ਹਵੀਂ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਚਮਕੌਰ ਸਾਹਿਬ ਤੋਂ ਪਾਸ ਕੀਤੀ। ਉਹਨਾਂ ਨੇ ਵਿਦਿਆਰਥੀਆਂ ਨੂੰ ਨਵੇਂ ਅਨੁਸ਼ਾਸਨ ਵਿੱਚ ਰਹਿੰਦੇ ਹੋਏ ਆਪਣਾ ਵਿਦਿਆਰਥੀ ਜੀਵਨ ਸਫ਼ਲ ਬਣਾਉਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਇਲਾਕੇ ਦੇ ਸੀਨੀਅਰ ਪੱਤਰਕਾਰ ਅਮਰਜੀਤ ਸਿੰਘ ਕਲਸੀ ਨੇ ਵੀ ਬੱਚਿਆਂ ਨੂੰ ਸੰਬੋਧਨ ਕੀਤਾ ਅਤੇ ਸਰਦਾਰ ਜੁਝਾਰ ਸਿੰਘ ਦੇ ਜੀਵਨ ਬਾਰੇ ਚਾਨਣਾ ਪਾਇਆ। ਸਕੂਲ ਦੇ ਡਾਇਰੈਕਟਰ ਸਰਦਾਰ ਮਨਜਿੰਦਰ ਸਿੰਘ ਸੈਣੀ ਨੇ ਸਰਦਾਰ ਜੁਝਾਰ ਸਿੰਘ ਅਤੇ ਉਹਨਾਂ ਦੇ ਪਰਿਵਾਰ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਹਨਾਂ ਨੇ ਨਾ ਕੇਵਲ ਆਪਣੇ ਪਰਿਵਾਰ ਦਾ ਨਾਂ ਰੋਸ਼ਨ ਕੀਤਾ ਹੈ ਸਗੋਂ ਆਪਣੀ ਮਾਤ ਭੂਮੀ ਸ੍ਰੀ ਚਮਕੌਰ ਸਾਹਿਬ, ਆਪਣੇ ਦੇਸ਼ ਅਤੇ ਸਿੱਖ ਕੌਮ ਦਾ ਨਾਂ ਸਾਰੀ ਦੁਨੀਆ ਵਿੱਚ ਉੱਚਾ ਕੀਤਾ ਹੈ। ਸਕੂਲ ਮੈਨੇਜਮੈਂਟ ਅਤੇ ਸਟਾਫ ਵੱਲੋਂ ਸਰਦਾਰ ਜੁਝਾਰ ਟਾਈਗਰ ਸਿੰਘ ਦਾ ਇੱਕ ਸਿਰੋਪਾਓ, ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੀ ਸਕੂਲ ਵੱਲੋਂ ਤਿਆਰ ਕੀਤੀ ਗਈ ਇੱਕ ਆਕਰਸ਼ਿਤ ਫੋਟੋ ਅਤੇ ਨਗਦ ਰਾਸ਼ੀ ਨਾਲ ਸਨਮਾਨ ਕੀਤਾ ਗਿਆ।



## ਵਿੱਤ ਮੰਤਰੀ ਨੇ ਕਰਮਚਾਰੀ ਯੂਨੀਅਨਾਂ ਨੂੰ ਜਾਇਜ਼ ਮੰਗਾਂ ਦੇ ਹੱਲ ਦਾ ਦਿੱਤਾ ਭਰੋਸਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮਨਿਸਟੀਰੀਅਲ ਸੇਵਾਵਾਂ ਕੇਡਰ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਚਿੰਤਾਵਾਂ ਦੇ ਹੱਲ ਵੱਲ ਕਦਮ ਪੁੱਟਦਿਆਂ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਜੋ ਕਿ ਮੁਲਾਜ਼ਮਾਂ ਦੇ ਮੁੱਦਿਆਂ ਬਾਰੇ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਬੁੱਧਵਾਰ ਨੂੰ ਇਥੇ ਕਿਹਾ ਕਿ ਕੈਬਨਿਟ ਸਬ-ਕਮੇਟੀ ਵੱਖ-ਵੱਖ ਵਿਭਾਗਾਂ ਵਿੱਚ ਮਨਿਸਟੀਰੀਅਲ ਸੇਵਾਵਾਂ ਕੇਡਰ ਲਈ ਇੱਕਸਾਰ ਸੇਵਾ ਨਿਯਮ ਬਣਾਉਣ ਦੀ ਸੰਭਾਵਨਾ ਦਾ ਅਧਿਐਨ ਕਰਨ ਲਈ ਇੱਕ ਕਮੇਟੀ ਬਨਾਉਣ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਿਫਾਰਸ਼ ਕਰੇਗੀ ਤਾਂ ਜੋ ਇੰਨ੍ਹਾਂ ਮੁਲਾਜ਼ਮਾਂ ਦੀਆਂ ਸੇਵਾਵਾਂ ਦੇ ਮਾਹੌਲ ਵਿੱਚ ਇਕਸਾਰਤਾ ਲਿਆਉਣ ਦੇ ਨਾਲ-ਨਾਲ ਕਿਸੇ ਵੀ ਤਰ੍ਹਾਂ ਦੇ ਮੌਜੂਦਾ ਵਖਰੇਵੇਂ ਨੂੰ ਦੂਰ ਕੀਤਾ ਜਾ ਸਕੇ।ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਕਈ ਮੰਗਾਂ ਪਹਿਲਾਂ ਹੀ ਪ੍ਰਕਿਰਿਆ ਅਧੀਨ ਹਨ। ਉਨ੍ਹਾਂ ਜਵਾਬਦੇਹ ਅਤੇ ਪਾਰਦਰਸ਼ੀ ਸ਼ਾਸਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਯੂਨੀਅਨ ਦੀਆਂ ਹੋਰ ਜਾਇਜ਼ ਮੰਗਾਂ ਨੂੰ ਵੀ ਜਲਦੀ ਹੱਲ ਕੀਤਾ ਜਾਵੇਗਾ।ਵਿੱਤ ਮੰਤਰੀ ਵੱਲੋਂ ਇਸ ਤੋਂ ਇਲਾਵਾ ਸਿੱਖਿਆ ਵਿਭਾਗ ਦੀਆਂ ਤਿੰਨ ਯੂਨੀਅਨਾਂ ਜਿਨ੍ਹਾਂ ਵਿੱਚ ਮਾਸਟਰ ਕੇਡਰ ਯੂਨੀਅਨ, ਐਲੀਮੈਂਟਰੀ ਟੀਚਰਜ਼ ਯੂਨੀਅਨ ਅਤੇ ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ ਸ਼ਾਮਲ ਹਨ, ਨਾਲ ਵੀ ਮੀਟਿੰਗਾਂ ਕੀਤੀਆਂ ਗਈਆਂ। ਵਿੱਤ ਮੰਤਰੀ ਨੇ ਪੰਜਾਬ ਪੁਲਿਸ ਕੋਰੋਨਾ ਵਾਰੀਅਰਜ਼ ਯੂਨੀਅਨ ਦੇ ਨੁਮਾਇੰਦਿਆਂ ਨਾਲ ਵੀ ਮੁਲਾਕਾਤ ਕੀਤੀ। ਉਨ੍ਹਾਂ ਦੇ ਮੁੱਦਿਆਂ ਨੂੰ ਵਿਸਥਾਰ ਨਾਲ ਸੁਣਦਿਆਂ ਵਿੱਤ ਮੰਤਰੀ ਨੇ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਮੰਗਾਂ ’ਤੇ ਹਮਦਰਦੀ ਨਾਲ ਵਿਚਾਰ ਕੀਤਾ ਜਾਵੇਗਾ।



ਮੀਟਿੰਗਾਂ ਵਿੱਚ ਮੌਜੂਦ ਯੂਨੀਅਨ ਆਗੂਆਂ ਵਿੱਚ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਤੋਂ ਗੁਰਨਾਮ ਸਿੰਘ ਵਿਰਕ, ਤਰਸੇਮ ਭੱਠਲ ਅਤੇ ਅਨਿਰੁਧ ਮੋਦਗੁਲ, ਮਾਸਟਰ ਕੇਡਰ ਯੂਨੀਅਨ ਤੋਂ ਬਲਜਿੰਦਰ ਸਿੰਘ ਧਾਲੀਵਾਲ, ਗੁਰਮੀਤ ਸਿੰਘ ਭੁੱਲਰ, ਦਲਜੀਤ ਸਿੰਘ ਸਬਰਵਾਲ ਅਤੇ ਅਮਰਬੀਰ ਸਿੰਘ; ਐਲੀਮੈਂਟਰੀ ਟੀਚਰਜ਼ ਯੂਨੀਅਨ ਤੋਂ ਹਰਜਿੰਦਰਪਾਲ ਸਿੰਘ ਪੰਨੂ, ਸਤਬੀਰ ਸਿੰਘ ਰੌਣੀ, ਹਰਕ੍ਰਿਸ਼ਨ ਸਿੰਘ ਮੁਹਾਲੀ ਅਤੇ ਗੁਰਿੰਦਰ ਸਿੰਘ ਘੁੱਲੇਵਾਲੀ; ਕੱਚੇ ਅਧਿਆਪਕ ਯੂਨੀਅਨ ਤੋਂ ਵਿਕਾਸ ਸਾਹਨੀ, ਲਖਵਿੰਦਰ ਕੌਰ, ਅਮਨਦੀਪ ਕੌਰ; ਅਤੇ ਪੰਜਾਬ ਪੁਲਿਸ ਕਰੋਨਾ ਵਾਰੀਅਰਜ਼ ਯੂਨੀਅਨ ਤੋਂ ਅਮਰਜੀਤ ਸਿੰਘ, ਗੁਰਬਾਜ ਸਿੰਘ, ਪਵਨਬੀਰ ਸਿੰਘ ਅਤੇ ਜਗਰੂਪ ਸਿੰਘ ਸ਼ਾਮਲ ਹੋਏ।

## ਐੱਲ ਪੀ ਯੂ ਨੇ ਅੰਤਰਰਾਸ਼ਟਰੀ ਸੰਮੇਲਨ ’ਚ 60 ਤੋਂ ਵੱਧ ਪ੍ਰਤੀਨਿਧੀਆਂ ਦੀ ਕੀਤੀ ਮੇਜ਼ਬਾਨੀ

**ਜਲੰਧਰ (ਸ਼ੈਲੀ ਐਲਬਰਟ)**- ਗਲੋਬਲ ਸਿੱਖਿਆ ਵਿੱਚ ਕ੍ਰਾਂਤੀ ਲਿਆਉਂਦੇ ਹੋਏ, ਚੌਥਾ ਸਾਲਾਨਾ ਅੰਤਰਰਾਸ਼ਟਰੀ ਸੰਮੇਲਨ ਅਤੇ ਗਲੋਬਲ ਸੰਮੇਲਨ 2025 ਗਲੋਬਲ ਸਿੱਖਿਆ ਸਹਿਯੋਗ ‘ਅੰਤਰਰਾਸ਼ਟਰੀਕਰਨ ਦੀ ਪੁਨਰ ਕਲਪਨਾ- ਉੱਚ ਸਿੱਖਿਆ ਦੇ ਭਵਿੱਖ ਨੂੰ ਇਕੱਠੇ ਆਕਾਰ ਦੇਣਾ’ ਥੀਮ ਦੇ ਤਹਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਵਿਖੇ ਸ਼ੁਰੂ ਹੋਇਆ। ਅਮਰੀਕਾ, ਯੂਕੇ, ਰੂਸ, ਨਾਰਵੇ, ਦੱਖਣੀ ਕੋਰੀਆ, ਬੰਗਲਾਦੇਸ਼, ਜਰਮਨੀ, ਇਟਲੀ, ਕੈਨੇਡਾ ਅਤੇ ਹੋਰ ਬਹੁਤ ਸਾਰੇ ਦੇਸ਼ਾਂ ਸਮੇਤ 15 ਦੇਸ਼ਾਂ ਦੀਆਂ 25 ਯੂਨੀਵਰਸਿਟੀਆਂ ਦੀ ਨੁਮਾਇੰਦਗੀ ਕਰਨ ਵਾਲੇ 60 ਤੋਂ ਵੱਧ ਅੰਤਰਰਾਸ਼ਟਰੀ ਪ੍ਰਤੀਨਿਧੀਆਂ ਨੇ ਸਿੱਖਿਆ ਵਿੱਚ ਨਵੀਆਂ ਭਵਿੱਖੀ ਦਿਸ਼ਾਵਾਂ ’ਤੇ ਚਰਚਾ ਕਰਨ ਲਈ ਤਿੰਨ ਦਿਨਾਂ ਗਲੋਬਲ ਕਾਨਫਰੰਸ ਵਿੱਚ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਉਦਘਾਟਨ ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਸੰਸਥਾਪਕ ਚਾਂਸਲਰ, ਕਰਨਲ ਡਾ. ਰਸ਼ਮੀ ਮਿੱਤਲ, ਪ੍ਰੋ-ਚਾਂਸਲਰ, ਡਾ. ਜਸਪਾਲ ਸਿੰਘ ਸੰਧੂ, ਵਾਈਸ ਚਾਂਸਲਰ, ਡਾ. ਅਮਨ ਮਿੱਤਲ, ਐਲਪੀਯੂ ਦੇ ਵਾਈਸ ਪ੍ਰੈਜ਼ੀਡੈਂਟ, ਅਤੇ ਡਾ. ਲੋਵੀਰਾਜ ਗੁਪਤਾ, ਪ੍ਰੋ-ਵਾਈਸ ਚਾਂਸਲਰ ਨੇ ਕੀਤਾ। ਆਪਣੇ ਸੰਬੋਧਨ ਵਿੱਚ, ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਦੁਨੀਆ ਭਰ ਤੋਂ ਮੌਜੂਦ ਸਾਰੇ ਡੈਲੀਗੇਟ ਨਾ ਸਿਰਫ਼ ਭਾਗੀਦਾਰ ਹਨ, ਸਗੋਂ ਇੱਕ ਨਵੀਂ ਗਲੋਬਲ ਸਿੱਖਿਆ ਪ੍ਰਣਾਲੀ ਦੇ ਸਹਿ-ਨਿਰਮਾਤਾ ਵੀ ਹਨ। ਰੂਸ ਦੀ ਐਚਐਸਈ ਯੂਨੀਵਰਸਿਟੀ ਦੀ ਡਾਇਰੈਕਟਰ ਡਾ. ਅੰਨਾ ਤਿਸ਼ੇਤਸਕਾਇਆ ਨੇ ਕਿਹਾ ਕਿ ਸਿੱਖਿਆ ਅਤੇ ਸੱਭਿਆਚਾਰ ਹਮੇਸ਼ਾ ਲੋਕਾਂ ਨੂੰ ਇਕੱਠੇ ਲਿਆਉਂਦੇ ਹਨ, ਅਤੇ ਇਹ ਇਕੱਠ ਸਿੱਖਣ ਅਤੇ ਆਪਸੀ ਵਿਕਾਸ ਲਈ ਇੱਕ ਵਧੀਆ ਮਾਧਿਅਮ ਹੈ। ਅਮਰੀਕਾ ਦੀ ਡਰੇਕ ਯੂਨੀਵਰਸਿਟੀ ਦੇ ਪ੍ਰਧਾਨ ਡਾ. ਮਾਰਟੀ ਮਾਰਟਿਨ ਨੇ ਕਿਹਾ ਕਿ ਏ ਆਈ ਸੀ ਜੀ ਐੱਸ ਵਰਗੇ ਸਮਾਗਮ ਵਿਦਿਅਕ ਸੰਸਥਾਵਾਂ ਅਤੇ ਦੇਸ਼ਾਂ ਵਿਚਕਾਰ ਸਥਾਈ ਸਬੰਧ ਬਣਾਉਣ ਲਈ ਮਹੱਤਵਪੂਰਨ ਹਨ। ਇਸ ਸੰਮੇਲਨ ਵਿੱਚ ਐਲਪੀਯੂ ਅਤੇ ਗਲੋਬਲ ਸੰਸਥਾਵਾਂ ਵਿਚਕਾਰ ਅੱਠ ਮੁੱਖ ਸਮਝੌਤਿਆਂ (ਐੱਮ ਓ ਯੂ) ’ਤੇ ਦਸਤਖਤ ਕੀਤੇ ਗਏ, ਜਿਸ ਨਾਲ ਅੰਤਰਰਾਸ਼ਟਰੀ ਸਿੱਖਿਆ ਭਾਈਵਾਲੀ ਪ੍ਰਤੀ ਆਪਣੀ ਵਚਨਬੱਧਤਾ ਹੋਰ ਮਜ਼ਬੂਤ ਹੋਈ।




## ਹਲਕਾ ਸੰਗਠਨ ਇੰਚਾਰਜ ਪਵਨਜੀਤ ਸਿੱਧੂ ਸਨਮਾਨਤ

**ਬੰਗਾ (ਅਵਤਾਰ ਕਲੇਰ)** ਵਿਧਾਨ ਸਭਾ ਹਲਕਾ ਬੰਗਾ ਤੋਂ ਆਮ ਆਦਮੀ ਪਾਰਟੀ ਦੇ ਸੰਗਠਨ ਇੰਚਾਰਜ ਪਵਨਜੀਤ ਸਿੰਘ ਸਿੱਧੂ ਦਾ ਪਿੰਡ ਗਹਿਲ ਮਜਾਰੀ ਵਿਖੇ ਹਲਕਾ ਬੰਗਾ ਦਾ ਸੰਗਠਨ ਇੰਚਾਰਜ ਬਣਨ ਤੇ ਸਨਮਾਨ ਕੀਤਾ ਗਿਆ। ਪਵਨਜੀਤ ਸਿੰਘ ਸਿੱਧੂ ਨੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਦੋਂ ਤੋਂ ਸੂਬੇ ਅੰਦਰ ਸੱਤਾ ਸੰਭਾਲੀ ਹੈ ਉਸ ਦਿਨ ਤੋਂ ਲੈ ਕੇ ਅੱਜ ਤੱਕ ਜੋ ਕੰਮ ਪਿਛਲੇ 78 ਸਾਲਾਂ ਵਿੱਚ ਸੂਬੇ ਅੰਦਰ ਨਹੀਂ ਹੋਏ ਸਨ ਉਹ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕਰਕੇ ਵਿਖਾਏ ਹਨ।



ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦਾ ਸਰਬ ਪੱਖੀ ਵਿਕਾਸ ਕਰਵਾ ਕੇ ਪੰਜਾਬ ਨੂੰ ਦੇਸ਼ ਅੰਦਰ ਵਿਕਾਸ ਪੱਖੋਂ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਦੇ ਹਰ ਵਰਗ ਦੇ ਲੋਕਾਂ ਨੂੰ ਹਰ ਸਹੂਲਤ ਮੁਹੱਈਆ ਕਰਾਈ ਹੈ ਜਿਸ ਦਾ ਸੂਬੇ ਦੇ ਲੋਕ ਪੂਰੀ ਤਰਾ ਲਾਭ ਲੈ ਰਹੇ ਹਨ। ਉਹਨਾਂ ਤਰਨਤਾਰਨ ਜ਼ਿਮਨੀ ਚੋਣ ਤੇ ਬੋਲਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੂਬੇ ਦੇ ਹਰ ਹਲਕੇ ਵਿੱਚ ਵਿਕਾਸ ਕਾਰਜ ਕਰਵਾਏ ਹਨ ਤੇ ਵਿਕਾਸ ਕਾਰਜਾਂ ਦੇ ਚਲਦੇ ਪਾਰਟੀ ਤਰਨਤਾਰਨ ਵਿਚ ਰਿਕਾਰਡ ਤੋੜ ਜਿੱਤ ਪ੍ਰਾਪਤ ਕਰੇਗੀ। ਇਸ ਮੌਕੇ ਸਤਪਾਲ ਮਹੇ, ਧਰਮਵੀਰ ਮਹੇ, ਗੁਰਿੰਦਰ ਸਿੰਘ, ਸੰਜੀਵ ਕੁਮਾਰ, ਜਸਪਾਲ ਰਾਮ, ਸੁੱਖਾ ਰਾਮ, ਦੀਪਕ ਕੁਮਾਰ, ਇੰਦਰਜੀਤ ਸਿੰਘ, ਗਗਨਦੀਪ ਸਿੰਘ, ਅਸ਼ੋਕ ਕੁਮਾਰ, ਹਰਮੇਸ਼ ਲਾਲ, ਸੁਮਿਤ ਆਦਿ ਹਾਜ਼ਰ ਸਨ।

## ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ



**ਮਾਹਿਲਪੁਰ (ਸ.ਫਰੀ)** ਹੁਸ਼ਿਆਰਪੁਰ ਤੋਂ ਚੰਡੀਗੜ੍ਹ ਜਾਣ ਵਾਲੇ ਮੁੱਖ ਮਾਰਗ ਤੇ ਪੈਂਦੇ ਪਿੰਡ ਟੂਟੋਮੁਜਾਰਾ ਮਾਰਕਫੈਡ ਨਜ਼ਦੀਕ ਇਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ,ਜਿਸ ਦੀ ਉਮਰ ਕਰੀਬ 40 ਸਾਲ ਹੈ। ਥਾਣਾ ਮਾਹਿਲਪੁਰ ’ਚ ਤਾਇਨਾਤ ਸਬੰਧਤ ਏ ਐਸ ਆਈ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਪਹਿਚਾਣ ਲਈ 72 ਘੰਟੇ ਵਾਸਤੇ ਮੁਰਦਾ ਘਰ ਸਿਵਲ ਹਸਪਤਾਲ ਗੜ੍ਹਸ਼ੰਕਰ ਰੱਖਿਆ ਗਿਆ ਹੈ।

## 2 ਸਾਲ ਪਹਿਲਾਂ ਹੀ ਜਗਰਾਉਂ-ਨਕੋਦਰ ਟੋਲ ਪਲਾਜ਼ਾ ਬੰਦ ਕਰਵਾਇਆ : ਮਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਮੁੱਖ ਮੰਤਰੀ ਭਗਵੰਤ ਮਾਨ ਨੇ 2 ਸਾਲ ਪਹਿਲਾਂ ਹੀ ਪਬਲਿਕ ਹਿੱਤ ਵਿਚ ਮਈ 2027 ਤੱਕ ਚੱਲਣ ਵਾਲੇ ਜਗਰਾਉਂ- ਨਕੋਦਰ ਟੋਲ ਪਲਾਜ਼ਾ ਬੰਦ ਕਰਵਾ ਦਿੱਤਾ ਹੈ ਜਿਥੇ ਰੋਜ਼ਾਨਾ 3 ਲੱਖ ਰੁਪਏ ਲੋਕਾਂ ਨੂੰ ਦੇਣੇ ਪੈਂਦੇ ਸੀ। ਹੁਣ ਤੱਕ ਆਮ ਆਦਮੀ ਪਾਰਟੀ ਆਪਣੇ ਕਾਰਜਕਾਲ ਵਿੱਚ 19 ਟੋਲ ਪਲਾਜ਼ੇ ਬੰਦ ਕਰਵਾ ਚੁੱਕੀ ਹੈ। ਹਲਕਾ ਨਕੋਦਰ ਦੇ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਸੀ ਐਮ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਲਵਾ ਅਤੇ ਦੋਆਬਾ ਨੂੰ ਜੋੜਨ ਵਾਲੇ ਇਸ ਹਾਈਵੇਅ ਤੋਂ ਲੰਘਣ ਵਾਲੇ ਲੋਕਾਂ ਲਈ ਇਹ ਬਹੁਤ ਖੁਸ਼ੀ ਦੀ ਖ਼ਬਰ ਹੈ। ਉਹਨਾਂ ਕਿਹਾ ਕਿ ਨਕੋਦਰ ਇਲਾਕੇ ਦੇ ਕਾਰੋਬਾਰੀਆਂ ਨੂੰ ਇਸ ਦਾ ਬਹੁਤ ਲਾਭ ਮਿਲੇਗਾ ਜਿਹਨਾਂ ਦੀ ਪੁਰਜੋਰ ਮੰਗ ਨੂੰ ਬੂਰ ਪਿਆ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਲਗਾਤਾਰ ਹਰ ਵਰਗ ਦੀ ਤਰੱਕੀ ਲਈ ਦਿਨ ਰਾਤ ਕਾਰਜਸ਼ੀਲ ਹੈ। ਬੀਬੀ ਮਾਨ ਨੇ ਕਿਹਾ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਨਿਭਾਅ ਰਹੀ ਹੋਣ ਕਰਕੇ ਲੋਕ ਰਵਾਇਤੀ ਪਾਰਟੀਆਂ ਨੂੰ ਛੱਡ ਕੇ ‘ਆਪ’ ਦਾ ਹਿੱਸਾ ਬਣ ਰਹੇ ਹਨ।



## ਮੰਡਲੀਆਂ ਮਰਿਆਦਾ ’ਚ ਰਹਿ ਕੇ ਹਨੂੰਮਾਨ ਸਰੂਪਾਂ ਦੀਆਂ ਝਾਕੀਆਂ ਕੱਢਣ : ਵੀਰ ਪ੍ਰਤਾਪ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੁਰਾਈ ਉੱਤੇ ਚੰਗਿਆਈ ਦੀ ਜਿੱਤ, ਹਿੰਦੂਆਂ ਦੇ ਪਵਿੱਤਰ ਤਿਉਹਾਰ ਦੁਸਹਿਰੇ ਵਿੱਚ ਹਨੂੰਮਾਨ ਕਮੇਟੀਆਂ ਦੁਆਰਾ ਕੱਢੀਆਂ ਜਾਣ ਵਾਲੀਆਂ ਹਨੂੰਮਾਨ ਸਰੂਪਾਂ ਦੀਆਂ ਝਾਕੀਆਂ ਦੌਰਾਨ ਸਨਾਤਨ ਧਰਮ ਅਤੇ ਭਗਵਾਨ ਹਨੂੰਮਾਨ ਦੀ ਮਰਿਆਦਾ ਦਾ ਪਾਲਣ ਕਰਨ ਹਨੂੰਮਾਨ ਕਮੇਟੀਆਂ, ਇਹ ਗੱਲ ਸਮਾਜਿਕ ਅਤੇ ਵਾਤਾਵਰਣ ਪ੍ਰੇਮੀ ਠਾਕੁਰ ਵੀਰ ਪ੍ਰਤਾਪ ਨੇ ਕਹੀ। ਠਾਕੁਰ ਵੀਰ ਪ੍ਰਤਾਪ ਨੇ ਕਿਹਾ ਕਿ ਹਨੂੰਮਾਨ ਮੰਡਲੀਆਂ ਦੁਆਰਾ ਕੱਢੀਆਂ ਜਾਣ ਵਾਲੀਆਂ ਸ਼ੋਭਾ ਯਾਤਰਾਵਾਂ ਵਿੱਚ ਹਨੂੰਮਾਨ ਜੀ ਦੇ ਸਰੂਪ ਦੇ ਸਿਰ ਦੇ ਉੱਪਰ ਪਟਾਖੇ ਚਲਾਉਣਾ ਹਨੂੰਮਾਨ ਜੀ ਦੀ ਮਰਿਆਦਾ ਦੇ ਵਿਰੁੱਧ ਹੈ। ਉੱਥੇ ਹੀ ਇਨ੍ਹਾਂ ਝਾਕੀਆਂ ਦੌਰਾਨ ਸੜਕਾਂ ’ਤੇ ਜਾਣ ਬੁੱਝ ਕੇ ਜਾਮ ਲਗਾ ਕੇ ਆਮ ਜਨਤਾ ਨੂੰ ਪਰੇਸ਼ਾਨ ਕਰਨਾ ਅਤੇ ਸ਼ੋਭਾ ਯਾਤਰਾਵਾਂ ਦੌਰਾਨ ਆਪਸੀ ਝਗੜੇ, ਮਾਰ-ਕੁਟਾਈ ਕਰਨਾ ਵੀ ਹਨੂੰਮਾਨ ਜੀ ਦੀ ਮਰਿਆਦਾ ਦੇ ਵਿਰੁੱਧ ਹੈ, ਇਸ ਗੱਲ ਦਾ ਹਨੂੰਮਾਨ ਮੰਡਲਾਂ ਦੇ ਅਹੁਦੇਦਾਰ ਅਤੇ ਹਨੂੰਮਾਨ ਸੇਵਕ ਧਿਆਨ ਰੱਖਣ। ਠਾਕੁਰ ਵੀਰ ਪ੍ਰਤਾਪ ਰਾਣਾ ਨੇ ਕਿਹਾ ਕਿ ਸਾਡੇ ਤਿਉਹਾਰਾਂ ਨੂੰ ਤਾਂ ਪਹਿਲਾਂ ਹੀ ਕੁਝ ਦੂਸਰੇ ਧਰਮਾਂ ਦੁਆਰਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਅਸੀਂ ਆਪਣੀ ਮਰਿਆਦਾ ਨੂੰ ਛਿਕੇ ਟੰਗ ਕੇ ਉਨ੍ਹਾਂ ਲੋਕਾਂ ਨੂੰ ਹੋਰ ਮੌਕਾ ਦੇ ਰਹੇ ਹਾਂ ਕਿ ਉਹ ਸਾਨੂੰ ਨਿਸ਼ਾਨਾ ਬਣਾਉਣ। ਇਹ ਬੇਨਤੀ ਠਾਕੁਰ ਵੀਰ ਪ੍ਰਤਾਪ ਨੇ ਹੁਸ਼ਿਆਰਪੁਰ ਦੀਆਂ ਹਨੂੰਮਾਨ ਕਮੇਟੀਆਂ, ਮੰਡਲ ਪ੍ਰਧਾਨਾਂ ਅਤੇ ਰਾਮਲੀਲਾ ਕਮੇਟੀ ਦੇ ਅਹੁਦੇਦਾਰਾਂ ਨੂੰ ਕੀਤੀ ਹੈ, ਨਾ ਕਿ ਪ੍ਰਸ਼ਾਸਨ ਨੂੰ।

## ਪਰਾਲੀ ਨੂੰ ਨਾ ਸਾੜਿਆ ਜਾਵੇ, ਐੱਸ ਡੀ ਐੱਮ ਵੱਲੋਂ ਕਿਸਾਨਾਂ ਨੂੰ ਅਪੀਲ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਸਰਕਾਰ ਵੱਲੋਂ ਖੇਤਾਂ ’ਚ ਫਸਲਾਂ ਦੀ ਰਹਿੰਦ-ਖੂਹੰਦ ਦੇ ਸੁਚੱਜੇ ਪ੍ਰਬੰਧਨ ਅਤੇ ਪਰਾਲੀ ਨੂੰ ਨਾ ਸਾੜਨ ਲਈ ਕੀਤੇ ਜਾ ਰਹੇ ਜਾਗਰੂਕਤਾ ਉਪਰਾਲਿਆਂ ਦੀ ਲੜੀ ਤਹਿਤ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਪਿੰਡ ਗੜ੍ਹਪਧਾਣਾ, ਗੜ੍ਹੁੱਪੜ, ਅਤੇ ਉੜਾਪੜ ਵਿਖੇ ਕਿਸਾਨਾਂ ਨੂੰ ਵਾਤਾਵਰਣ ਅਤੇ ਮਨੁੱਖੀ ਸਿਹਤ ਦੇ ਸੰਦਰਭ ਵਿੱਚ ਪਰਾਲੀ ਤੇ ਨਾੜ ਦੇ ਖੇਤਾਂ ਵਿੱਚ ਹੀ ਪ੍ਰਬੰਧਨ ਦੀ ਅਪੀਲ ਕੀਤੀ ਗਈ।ਐੱਸ ਡੀ ਐੱਮ ਅਨਮਜਯੋਤ ਕੌਰ, ਡੀ ਐੱਸ ਪੀ ਰਾਜ ਕੁਮਾਰ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਪਿੰਡ ਦੇ ਮੋਹਤਬਰਾਂ ਦੀ ਮੌਜੂਦਗੀ ਵਿੱਚ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨ ਤੋਂ ਜਾਣੂ ਕਰਵਾਇਆ । ਐੱਸ ਡੀ ਐਮ ਅਨਮਜਯੋਤ ਕੌਰ ਨੇ ਕਿਹਾ ਕਿ ਫਸਲਾਂ ਦੀ ਰਹਿੰਦ-ਖੂਹੰਦ ਨੂੰ ਸਾੜਨ ਨਾਲ ਜਿੱਥੇ ਵਾਤਾਵਰਣ ਦਾ ਨੁਕਸਾਨ ਹੁੰਦਾ ਹੈ ਉੱਥੇ ਨਾਲ ਹੀ ਮਿੱਤਰ ਕੀੜਿਆਂ, ਮਿੱਟੀ ਦੀ ਉਪਜਾਊ ਸ਼ਕਤੀ ਦੇ ਨਾਲ-ਨਾਲ ਮਨੁੱਖੀ ਸਿਹਤ ’ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਤਾਂ ਵਿੱਚ ਹੀ ਪਰਾਲੀ ਦੇ ਪ੍ਰਬੰਧਨ ਲਈ ਖੇਤੀਬਾੜੀ ਵਿਭਾਗ ਰਾਹੀਂ ਵੱਖ-ਵੱਖ ਮਸ਼ੀਨਾਂ ਉਪਲਬਧ ਕਰਵਾਇਆਂ ਜਾ ਰਹੀਆਂ ਹਨ ਤਾਂ ਜੋ ਨਾੜ ਆਦਿ ਦਾ ਵਧੀਆ ਢੰਗ ਨਾਲ ਨਿਪਟਾਰਾ ਕੀਤਾ ਜਾ ਸਕੇ।ਐੱਸ ਡੀ ਐੱਮ ਨੇ ਦੱਸਿਆ ਕਿ ਪਰਾਲੀ ਸਾੜ੍ਹਨ ਨਾਲ ਵਾਤਾਵਰਣ ਦੂਸ਼ਿਤ ਹੋਣ ਤੋਂ ਇਲਾਵਾ ਲੋਕਾਂ ਲਈ ਸਿਹਤ ਸਮੱਸਿਆਵਾਂ ਵੀ ਪੈਦਾ ਕਰਦਾ ਹੈ ਜਿਸ ਦੇ ਮੱਦੇਨਜਰ ਸਾਰਿਆਂ ਨੂੰ ਜਨਤਕ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਮਾੜੇ ਰੁਝਾਨ ਨੂੰ ਬੰਦ ਕਰਨਾ ਚਾਹੀਦਾ ਹੈ।



## ਡਾ. ਰਵਜੋਤ ਨੇ ਮੇਘਾਲਿਆ ਦੇ ਮੁੱਖ ਮੰਤਰੀ ਨੂੰ ਸ਼ਹੀਦੀ ਦਿਵਸ ਸਮਾਗਮ ’ਚ ਸ਼ਾਮਿਲ ਹੋਣ ਦਾ ਦਿੱਤਾ ਰਸਮੀ ਸੱਦਾ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬੀ ਐੱਸ ਸੈਣੀ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਨਾਏ ਜਾ ਰਹੇ 350 ਸਾਲਾ ਸ਼ਹੀਦੀ ਦਿਵਸ ਸਮਾਗਮ ਸਬੰਧੀ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਮੇਘਾਲਿਆ ਦੇ ਮੁੱਖ ਮੰਤਰੀ ਕੋਨਰਾਡ ਕੇ. ਸੰਗਮਾ ਨਾਲ ਮੁਲਾਕਾਤ ਕੀਤੀ। ਇਸ ਮੌਕੇ ਡਾ. ਰਵਜੋਤ ਸਿੰਘ ਨੇ ਮੁੱਖ ਮੰਤਰੀ ਸੰਗਮਾ ਨੂੰ ਰਸਮੀ ਸੱਦਾ ਪੱਤਰ ਸੌਂਪਦੇ ਹੋਏ ਉਨ੍ਹਾਂ ਨੂੰ ਇਸ ਇਤਿਹਾਸਕ ਸਮਾਰੋਹ ਵਿਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ।ਡਾ. ਰਵਜੋਤ ਨੇ ਮੁਲਾਕਾਤ ਦੌਰਾਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ, ਬਲੀਦਾਨ ਅਤੇ ਮਾਨਵਤਾ ਪ੍ਰਤੀ ਉਨ੍ਹਾਂ ਦੇ ਵਿਲੱਖਣ ਯੋਗਦਾਨ ’ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਇਹ ਆਯੋਜਨ ਕੇਵਲ ਪੰਜਾਬ ਹੀ ਨਹੀਂ ਬਲਕਿ ਪੂਰੇ ਦੇਸ਼ ਅਤੇ ਵਿਸ਼ਵ ਪੱਧਰ ’ਤੇ ਸ਼ਾਂਤੀ ਅਤੇ ਧਾਰਮਿਕ ਸਹਿਣਸ਼ੀਲਤਾ ਦਾ ਸੰਦੇਸ਼ ਦੇਣ ਵਾਲਾ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਇਨ੍ਹਾਂ ਸਮਾਰੋਹਾਂ ਨੂੰ ਇਤਿਹਾਸਕ ਅਤੇ ਯਾਦਗਾਰ ਬਣਾਉਣ ਲਈ ਪੂਰੀ ਤਿਆਰੀ ਕੀਤੀ ਜਾ ਰਹੀ ਹੈ।ਇਸ ਮੌਕੇ ਡਾ. ਰਵਜੋਤ ਸਿੰਘ ਨੇ ਸ੍ਰੀ ਸੰਗਮਾ ਨੂੰ ਪ੍ਰੋਗਰਾਮ ਦੀ ਵਿਸਥਾਰਤ ਰੂਪ ਰੇਖਾ, ਸੱਭਿਆਚਾਰਕ ਪੇਸ਼ਕਾਰੀਆਂ, ਧਾਰਮਿਕ ਦੀਵਾਨਾਂ ਅਤੇ ਸਮਾਜਿਕ ਸਮਾਗਮਾਂ ਦੀ ਜਾਣਕਾਰੀ ਵੀ ਦਿੱਤੀ। ਮੁੱਖ ਮੰਤਰੀ ਕੋਨਰਾਡ ਕੇ. ਸੰਗਮਾ ਨੇ ਇਸ ਸੱਦੇ ਨੂੰ ਬੜੇ ਆਦਰ ਨਾਲ ਸਵੀਕਾਰ ਕੀਤਾ। ਉਨ੍ਹਾਂ ਪੰਜਾਬ ਸਰਕਾਰ ਦੇ ਇਸ ਅਧਿਆਤਮਕ ਅਤੇ ਪ੍ਰੇਰਨਾਦਾਇਕ ਆਯੋਜਨ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਦੇਸ਼ ਦੀ ਏਕਤਾ ਅਤੇ ਭਾਈਚਾਰੇ ਨੂੰ ਹੋਰ ਮਜ਼ਬੂਤ ਕਰਦੇ ਹਨ।



## ਲਿਵਾਸਾ ਹਸਪਤਾਲ ਨਵਾਂਸ਼ਹਿਰ ਨੇ ਟਰਾਮਾ ਟੀਮ ਦਾ ਐਲਾਨ ਕੀਤਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਜਾਨਲੇਵਾ ਸਥਿਤੀਆਂ ਵਿੱਚ ਮਰੀਜ਼ਾਂ ਨੂੰ ਜਲਦੀ ਅਤੇ ਮਾਹਰ ਡਾਕਟਰੀ ਦੇਖਭਾਲ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਦੇ ਅਨੁਸਾਰ, ਲਿਵਾਸਾ ਹਸਪਤਾਲ, ਨਵਾਂਸ਼ਹਿਰ ਨੇ ਬੁੱਧਵਾਰ ਨੂੰ ਆਪਣੀ ਟਰਾਮਾ-ਰੈਡੀ ਟੀਮ ਦਾ ਐਲਾਨ ਕੀਤਾ, ਜੋ 24 ਘੰਟੇ ਐਮਰਜੈਂਸੀ ਅਤੇ ਉੱਨਤ ਮਹੱਤਵਪੂਰਨ ਦੇਖਭਾਲ ਸੇਵਾਵਾਂ ਪ੍ਰਦਾਨ ਕਰੇਗੀ । ਟੀਮ ਵਿੱਚ ਸੀਨੀਅਰ ਨਿਊਰੋਸਰਜਰੀ ਸਲਾਹਕਾਰ ਡਾ. ਗੌਰਵ ਰਾਏ ਸ਼ਰਮਾ ਤੇ ਹੋਰ ਸ਼ਾਮਲ ਹਨ । ਸੀਨੀਅਰ ਸਲਾਹਕਾਰ ਕ੍ਰਿਟੀਕਲ ਕੇਅਰ ਅਤੇ ਅਨਥੀਸੀਆ ਮਾਹਿਰ ਡਾ. ਸਮੀਰ ਸ਼ਰਮਾ, ਕ੍ਰਿਟੀਕਲ ਕੇਅਰ ਅਤੇ ਆਈ ਸੀ ਯੂ ਸੇਵਾਵਾਂ ਦੀ ਅਗਵਾਈ ਕਰਨਗੇ।ਟੀਮ ਦੇ ਹੋਰ ਮੈਂਬਰਾਂ ਵਿੱਚ ਜਨਰਲ ਅਤੇ ਲੈਪਰੋਸਕੋਪਿਕ ਸਰਜਰੀ ਸਲਾਹਕਾਰ ਡਾ. ਸੁਨੀਲ ਗਰਗ, ਯੂਰੋਲੋਜੀ ਸਲਾਹਕਾਰ ਡਾ. ਅਮਿਤ ਸੰਧੂ, ਆਰਥੋਪੈਡਿਕਸ ਸਲਾਹਕਾਰ ਡਾ. ਆਕਾਸ਼ਦੀਪ ਸਿੰਘ, ਪਲਾਸਟਿਕ ਅਤੇ ਪੁਨਰ ਨਿਰਮਾਣ ਸਰਜਰੀ ਸਲਾਹਕਾਰ ਡਾ. ਆਸ਼ੀਸ਼ ਕੁੰਡਲ ਅਤੇ ਕ੍ਰਿਟੀਕਲ ਕੇਅਰ ਅਨਥੀਸੀਆ ਸਲਾਹਕਾਰ ਡਾ. ਅਨਿੰਦਰਦੀਪ ਵਾਂਡਰ ਸ਼ਾਮਲ ਹਨ।



## ਕਰਾਟੇ ਚੈਂਪੀਅਨਸ਼ਿਪ ’ਚ ਇਨੋਸੈਂਟ ਹਾਰਟਸ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲ ਗ੍ਰੀਨ ਮਾਡਲ ਟਾਊਨ, ਲੋਹਾਰਾਂ ਅਤੇ ਕੈਂਟ-ਜੰਡਿਆਲਾ ਰੋਡ — ਦੇ ਵਿਦਿਆਰਥੀਆਂ ਨੇ ਹਾਲ ਹੀ ਵਿੱਚ ਆਯੋਜਿਤ ਕਰਾਟੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇੰਡੀਆ ਓਪਨ ਇੰਟਰਨੈਸ਼ਨਲ ਕਰਾਟੇ-ਡੋ ਚੈਂਪੀਅਨਸ਼ਿਪ 2025, ਜੋ 26 ਅਕਤੂਬਰ ਨੂੰ ਬਟਾਲਾ ਵਿੱਚ ਹੋਈ, ਵਿੱਚ ਸਕੂਲ ਦੇ ਨੌਜਵਾਨ ਖਿਡਾਰੀਆਂ ਨੇ ਆਪਣੀ ਵਿਲੱਖਣ ਪ੍ਰਤਿਭਾ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।69ਵੀਂ ਪੀ.ਐਸ.ਈ.ਬੀ. ਜ਼ਿਲ੍ਹਾ ਕਰਾਟੇ ਚੈਂਪੀਅਨਸ਼ਿਪ (ਬਾਲਕ ਵਰਗ) 2025 ਵਿੱਚ ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਦੇ ਵਿਦਿਆਰਥੀਆਂ ਨੇ ਉਤਕ੍ਰਿਸ਼ਟ ਹੁਨਰ ਅਤੇ ਦ੍ਰਿੜ੍ਹ ਸੰਕਲਪ ਦਾ ਪ੍ਰਦਰਸ਼ਨ ਕੀਤਾ। ਹੇਮਨਵੀਰ ਸਿੰਘ (ਯੂ-17, 64 ਕਿਲੋ) ਅਤੇ ਅਨਹਦਵੀਰ ਸਿੰਘ (ਯੂ -14, 40 ਕਿਲੋ) ਨੇ ਸੋਨੇ ਦੇ ਤਗਮੇ ਜਿੱਤ ਕੇ ਰਾਜ ਟੀਮ ਵਿੱਚ ਆਪਣਾ ਸਥਾਨ ਪੱਕਾ ਕੀਤਾ।ਇੰਨੋਸੈਂਟ ਹਾਰਟਸ ਸਕੂਲ, ਲੋਹਾਰਾਂ ਦੇ ਵਿਦਿਆਰਥੀਆਂ ਨੇ ਵੀ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕੀਤਾ, ਭਾਵਨਾ (ਯੂ-17) ਨੇ ਸੋਨਾ, ਹਿਤੇਨ ਗਿੱਲ (ਯੂ-17) ਨੇ ਚਾਂਦੀ ਦਾ ਤਗਮਾ ਜਿੱਤਿਆ, ਜਦਕਿ ਅਭੀਜੀਤ ਸਿੰਘ (ਯੂ -17), ਕ੍ਰਿਸ਼ਨਾ (ਯੂ -14) ਅਤੇ ਸਕਸ਼ਮ (ਯੂ-14) ਨੇ ਆਪਣੇ-ਆਪਣੇ ਵਰਗਾਂ ਵਿੱਚ ਕਾਂਸੇ ਦੇ ਤਮਗੇ ਜਿੱਤੇ।ਕੈਂਟ.-ਜੰਡਿਆਲਾ ਰੋਡ ਕੈਂਪਸ ਤੋਂ ਜੈਸ਼ ਪਾਲ ਨੇ ਸੋਨੇ ਦਾ ਤਮਗਾ ਅਤੇ ਪ੍ਰਥਮ ਸੂਦ ਨੇ ਚਾਂਦੀ ਦਾ ਤਮਗਾ ਜਿੱਤ ਕੇ ਸਕੂਲ ਦਾ ਮਾਣ ਵਧਾਇਆ।




## ਮੰਡੀਆਂ ’ਚ ਝੋਨੇ ਦੀ ਆਮਦ 100 ਲੱਖ ਮੀਟਰਿਕ ਟਨ ਤੋਂ ਪਾਰ : ਕਟਾਰੂਚੱਕ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ 100 ਲੱਖ ਮੀਟਰਿਕ ਟਨ (ਐਲ ਐਮ ਟੀ) ਦੇ ਅੰਕੜੇ ਨੂੰ ਪਾਰ ਕਰ ਗਈ ਹੈ, ਜਿਸ ਵਿੱਚੋਂ 97 ਐਲ ਐਮ ਟੀ ਤੋਂ ਵੱਧ ਫ਼ਸਲ ਦੀ ਖਰੀਦ ਕਰ ਲਈ ਗਈ ਹੈ।ਫ਼ਸਲ ਦੀ ਤੇਜ਼ੀ ਨਾਲ ਖ਼ਰੀਦ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਕਿਸਾਨ-ਪੱਖੀ ਨੀਤੀਆਂ ਦਾ ਪ੍ਰਮਾਣ ਦੱਸਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸੇ ਵੀ ਕੋਈ ਮੁਸ਼ਕਲ ਦਰਪੇਸ਼ ਨਾ ਆਵੇ। ਜਿੱਥੋਂ ਤੱਕ ਫ਼ਸਲ ਦੀ ਚੁਕਾਈ ਦਾ ਸਵਾਲ ਹੈ, ਖ਼ਰੀਦੀ ਗਈ ਫਸਲ ਵਿੱਚੋਂ 77 ਐਲ ਐਮ ਟੀ ਤੋਂ ਵੱਧ ਦੀ ਚੁਕਾਈ ਕੀਤੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਫ਼ਸਲ ਦੀ ਅਦਾਇਗੀ ਦੇ ਸਬੰਧ ਵਿੱਚ ਕਿਸਾਨਾਂ ਦੇ ਖਾਤਿਆਂ ’ਚ 21000 ਕਰੋੜ ਰੁਪਏ ਤੋਂ ਵੱਧ ਦੀ ਰਕਮ ਤਬਦੀਲ ਕਰ ਦਿੱਤੀ ਗਈ ਹੈ।

## ਸ੍ਰੀ ਗੁਰੂ ਤੇਗ ਬਹਾਦਰ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸੈਮੀਨਾਰ

**ਨੰਗਲ, ਭਲਾਣ (ਹਰਭਜਨ ਢਿੱਲੋਂ)**- ਸ੍ਰੀ ਗੁਰੂ ਤੇਗ ਬਹਾਦਰ ਦੇ ਸ਼ਹੀਦੀ ਨੂੰ ਦਿਹਾੜੇ ਸਮਰਪਿਤ ਸਰਕਾਰੀ ਆਈ ਟੀ ਆਈ ਨੰਗਲ ਵਿਖੇ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਹ ਸੈਮੀਨਾਰ ਤਕਨੀਕੀ ਸਿੱਖਿਆਂ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ ਅਤੇ ਡਾਇਰੈਕਟਰ ਤਕਨੀਕੀ ਸਿੱਖਿਆਂ ਅਤੇ ਉਦਯੋਗਿਕ ਸਿਖਲਾਈ ਵਿਭਾਗ ਵਲੋਂ ਜਾਰੀ ਹੁਕਮਾਂ ਅਨੁਸਾਰ ਕਰਵਾਏ ਗਏ। ਇਸ ਸੈਮੀਨਾਰ ਵਿੱਚ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸੂਬਾ ਪ੍ਰਧਾਨ ਹਰਜੀਤ ਸਿੰਘ ਅਤੇ ਸੂਬਾ ਸਕੱਤਰ ਹਰਮੋਹਿੰਦਰ ਸਿੰਘ ਵਲੋਂ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ਗਈ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਸਟਾਫ਼ ਨੂੰ ਗੁਰੂ ਸਾਹਿਬ ਦੇ ਜੀਵਨ ਸੰਦੇਸ਼ਾਂ, ਉਨ੍ਹਾਂ ਦੇ ਬਲਿਦਾਨ ਅਤੇ ਮਨੁੱਖਤਾ ਪ੍ਰਤੀ ਉਨ੍ਹਾਂ ਦੇ ਯੋਗਦਾਨ ਬਾਰੇ ਜਾਣੂ ਕਰਵਾਉਣਾ ਸੀ। ਸੈਮੀਨਾਰ ਦੀ ਸ਼ੁਰੂਆਤ ਮੌਕੇ ਸਿੱਖਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਨਾਲ ਸਬੰਧਤ ਵਿਸ਼ੇਸ਼ ਧਾਰਮਿਕ ਦਸਤਾਵੇਜੀ ਫਿਲਮ ਵਿਖਾਈ ਗਈ, ਜਿਸ ਨਾਲ ਪੂਰੇ ਪ੍ਰੋਗਰਾਮ ਦਾ ਮਾਹੌਲ ਆਧਿਆਤਮਿਕ ਹੋ ਗਿਆ। ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਹਰਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਧਰਮ ਅਤੇ ਸੱਚਾਈ ਦੀ ਰੱਖਿਆ ਲਈ ਬਲਿਦਾਨ ਦਿੱਤਾ ਪਰ ਸਿਧਾਂਤਾਂ ਨਾਲ ਸਮਝੌਤਾ ਨਹੀਂ ਕੀਤਾ। ਉਨ੍ਹਾਂ ਦਾ ਬਲਿਦਾਨ ਸਾਰੀ ਮਨੁੱਖਤਾ ਲਈ ਪ੍ਰੇਰਣਾ ਸ੍ਰੋਤ ਹੈ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਹਰਮੋਹਿੰਦਰ ਸਿੰਘ ਨੇ ਗੁਰੂ ਜੀ ਦੇ ਉਪਦੇਸ਼ਾਂ ਉੱਤੇ ਵਿਸਤਾਰ ਨਾਲ ਚਰਚਾ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਗੁਰੂ ਜੀ ਦੀਆਂ ਸਿੱਖਿਆਵਾਂ ਸਹਿਣਸ਼ੀਲਤਾ ਅਤੇ ਭਾਈਚਾਰਕ ਸਾਂਝ ਲਈ ਬਹੁਤ ਮਹੱਤਵ ਰੱਖਦੀਆਂ ਹਨ। ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਨੇ ਮਹਿਮਾਨਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਅਸੀ ਆਪਣੀ ਵਿਰਾਸਤ ਨਾਲ ਜੁੜਦੇ ਹਾਂ ਅਤੇ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬਾਂ ਦੇ ਰਾਹ ਤੇ ਤੁਰਨ ਲਈ ਪ੍ਰੇਰਿਤ ਕਰਦੇ ਹਨ। ਗੁਰੂ ਜੀ ਦੀ ਸ਼ਹਾਦਤ ਨੂੰ ਸਿੱਜਦਾ ਕਰਦਿਆਂ ਉਨਾਂ ਕਿਹਾ ਕਿ ਗੁਰੂ ਜੀ ਵਲੋਂ ਜਬਰ ਅਤੇ ਜੁਲਮ ਦੇ ਖਿਲਾਫ ਆਪਣੀ ਸ਼ਹਾਦਤ ਦੇ ਕੇ ਹਿੰਦੂ ਧਰਮ ਦੀ ਰਾਖੀ ਕੀਤੀ।ਇਸ ਮੌਕੇ ਟਰੇਨਿੰਗ ਅਫਸਰ ਅਸ਼ਵਨੀ ਕੁਮਾਰ, ਟਰੇਨਿੰਗ ਅਫਸਰ ਅਜੈ ਕੁਮਾਰ, ਟਰੇਨਿੰਗ ਅਫਸਰ ਸੰਜੀਵ ਕੁਮਾਰ ਮੱਲੀ, ਟਰੇਨਿੰਗ ਅਫਸਰ ਗੁਰਮੇਲ ਸਿੰਘ, ਬਲਜੀਤ ਸਿੰਘ ਜੇਤੇਵਾਲ, ਗੁਰਦੀਪ ਕੁਮਾਰ, ਦਲਜੀਤ ਸਿੰਘ, ਵਰਿੰਦਰ ਸਿੰਘ, ਮਨੋਜ ਕੁਮਾਰ, ਅਸੋਕ ਕੁਮਾਰ, ਹਰਜੋਤ ਸਿੰਘ, ਰਾਹੁਲ, ਗਿਤਾਜਲੀ ਸ਼ਰਮਾ, ਸੰਦੀਪ ਕੁਮਾਰ, ਮਨਿੰਦਰ ਸਿੰਘ,ਰਿਸ਼ੀਪਾਲ ਤੇ ਸਮੂਹ ਸਟਾਫ਼ ਮੈਂਬਰਾਂ ਹਾਜ਼ਰ ਸਨ।



## ਸੱਲ ਪਰਵਾਰ ਨੇ ਭੁੱਲਾਰਾਈ ਵਿੱਚ ਲਗਾਇਆ ਅੱਖਾਂ ਦਾ ਮੁਫਤ ਕੈਂਪ

**ਫਗਵਾੜਾ (ਡਾ ਰਮਨ)** ਐਨ.ਆਰ.ਆਈ. ਸੱਲ ਪਰਿਵਾਰ ਨੇ ਡਾ. ਰਾਜਨ ਆਈ ਕੇਅਰ ਫਗਵਾੜਾ ਦੇ ਸਹਿਯੋਗ ਨਾਲ ਭੁੱਲਾਰਾਈ ਸਥਿਤ ਗੁਰਦੁਆਰਾ ਸ਼ਹੀਦਾਂ (ਬਾਈਪਾਸ) ਵਿਖੇ ਅੱਖਾਂ ਦੀ ਮੁਫ਼ਤ ਜਾਂਚ ਅਤੇ ਸਰਜਰੀ ਦਾ ਕੈਂਪ ਲਗਾਇਆ। ਕੈਂਪ ਦੌਰਾਨ ਲਗਭਗ 535 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਅਤੇ ਐਨਕਾਂ ਪ੍ਰਦਾਨ ਕੀਤੀਆਂ ਗਈਆਂ। ਅੱਖਾਂ ਦੇ ਮਾਹਿਰ ਡਾ. ਐਸ. ਰਾਜਨ ਦੀ ਟੀਮ ਦੁਆਰਾ ਸਰਜਰੀ ਲਈ ਚੁਣੇ ਗਏ 29 ਮਰੀਜ਼ਾਂ ਦੀ ਅੱਖਾਂ ’ਚ ਲੈਂਜ ਪਾ ਕੇ ਨਵੀਂ ਰੌਸ਼ਨੀ ਦਿੱਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਪਹੁੰਚੇ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ, ਸਾਹਿੱਤਕਾਰ ਗੁਰਮੀਤ ਪਲਾਹੀ ਅਤੇ ਮਾਰਕੀਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਨੇ ਸੱਲ ਪਰਿਵਾਰ ਅਤੇ ਡਾ. ਰਾਜਨ ਆਈ ਕੇਅਰ ਦੁਆਰਾ ਸਾਂਝੇ ਤੌਰ ’ਤੇ ਆਯੋਜਿਤ ਪ੍ਰੋਜੈਕਟ ਦੀ ਸ਼ਲਾਘਾ ਕੀਤੀ। ਪ੍ਰਬੰਧਕਾਂ ਨੇ ਪਤਵੰਤਿਆਂ ਤੋਂ ਇਲਾਵਾ ਡਾ. ਐਸ. ਰਾਜਨ ਅਤੇ ਉਨ੍ਹਾਂ ਦੀ ਪੂਰੀ ਟੀਮ ਦਾ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸੁਖਵਿੰਦਰ ਸਿੰਘ ਸੱਲ, ਬਲਵਿੰਦਰ ਸਿੰਘ, ਜੱਸਾ ਸੱਲ, ਰਣਜੀਤ ਸਿੰਘ ਮੈਨੇਜਰ ਅਤੇ ਹੋਰ ਪਤਵੰਤੇ ਵੀ ਹਾਜਰ ਸਨ।




## ਖਾਦੀ ਮੰਡਲ ਵੱਲੋਂ ‘ਖਾਦੀ ਖਰੀਦੋ ਤੇ ਖਾਦੀ ਪਹਿਨੋ’ ਦਾ ਸੁਨੇਹਾ ਵੰਡਦੀ ਰੈਲੀ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਖਾਦੀ ਕਮਿਸ਼ਨ ਚੰਡੀਗੜ੍ਹ ਦੇ ਦਿਸ਼ਾ ਨਿਰਦੇਸ਼ਾਂ ਹੇਠ ਤੇ ਕੁਲਥਮ ਖਾਦੀ ਮੰਡਲ ਬੰਗਾ ਦੀ ਪਹਿਲ ਤੇ ਸਥਾਨਕ ਦੁਆਬਾ ਸਿੱਖ ਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ, ਸਟਾਫ ਤੇ ਸਮਾਜ ਸੇਵਕਾਂ ਦੇ ਸਹਿਯੋਗ ਨਾਲ ਸਵਦੇਸ਼ੀ ਅਪਣਾਓ, ਖਾਦੀ ਖਰੀਦੋ ਤੇ ਖਾਦੀ ਪਹਿਨੋ ਦਾ ਸੁਨੇਹਾ ਵੰਡਦੀ ਰੈਲੀ ਦਾ ਆਯੋਜਿਨ ਕੀਤਾ ਗਿਆ। ਰੈਲੀ ਨੂੰ ਝੰਡੀ ਦੇਣ ਦੀ ਰਸਮ ਪ੍ਰਿੰਸੀਪਲ ਪਰਵਿੰਦਰ ਸਿੰਘ ਜੱਸੋਮਜਾਰਾ, ਜੇ ਐੱਸ ਗਿੱਦਾ ਵੱਲੋਂ ਸਾਂਝੇ ਤੌਰ ’ਤੇ ਨਿਭਾਈ ਗਈ । ਦੇਸ਼ ਭਗਤੀ ਤੇ ਸਵਦੇਸ਼ੀ ਜਜ਼ਬੇ ਦਾ ਸੰਦੇਸ਼ ਸਾਂਝਾ ਕਰਦੀ ਰੈਲੀ ਨੂੰ ਝੰਡੀ ਦੇਣ ਦੀ ਰਸਮ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਦੇ ਪ੍ਰਧਾਨ ਜੇ ਐਸ ਗਿੱਦਾ ਤੇ ਪ੍ਰਿੰਸੀਪਲ ਪਰਵਿੰਦਰ ਸਿੰਘ ਜੱਸੋਮਜਾਰਾ ਨੇ ਸਾਂਝੇ ਰੂਪ ਵਿੱਚ ਅਦਾ ਕੀਤੀ । ਰੈਲੀ ਵਿੱਚ ਸਵਦੇਸ਼ੀ ਅਪਣਾਓ , ਖਾਦੀ ਖਰੀਦੋ ਤੇ ਖਾਦੀ ਪਹਿਨੋ , ਭਾਰਤ ਦੇਸ ਮਹਾਨ ਦੇ ਨਾਹਰੇ ਗੂੰਜ ਰਹੇ ਸਨ। ਜ਼ਿਕਰਯੋਗ ਹੈ ਕਿ ਦੇਸ ਦੇ ਖਾਦੀ-ਕਮਿਸ਼ਨ ਵਲੋਂ ਕੌਮੀ ਪੱਧਰ ਤੇ ਅਕਤੂਬਰ ਮਹੀਨਾ ਗਾਂਧੀ-ਜਯੰਤੀ ਲਈ ਸਮਰਪਿਤ ਕੀਤਾ ਜਾਂਦਾ ਹੈ ਤੇ ਸਵਦੇਸ਼ੀ ਅਪਣਾਓ ਪ੍ਰੇਰਨਾ ਰੈਲੀਆਂ, ਸੈਮੀਨਾਰਾਂ ਦਾ ਆਯੋਜਿਨ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਵਿਦਿਆਰਥੀਆਂ ਨੇ ਹੱਥਾਂ ਵਿੱਚ ਜਾਗਰੂਕਤਾ ਤਖਤੀਆਂ ਤੇ ਬੈਨਰ ਚੁੱਕੇ ਹੋਏ ਸਨ। ਇਸ ਮੌਕੇ ਐਸ ਗਿੱਦਾ, ਬੀਰਬਲ ਤੱਖੀ, ਦੇਸ ਰਾਜ ਬਾਲੀ, ਵਾਸਦੇਵ ਪ੍ਰਦੇਸੀ ਸਮਾਜ ਸੇਵੀ ਹਾਜਰ ਸਨ। ਸਕੂਲ ਵਲੋਂ ਪ੍ਰਿੰਸੀਪਲ ਪਰਵਿੰਦਰ ਸਿੰਘ ਰਾਣਾ ਦੀ ਅਗਵਾਈ ਵਿੱਚ ਹਰਵਿੰਦਰ ਸਿੰਘ ਸਾਬਕਾ ਪ੍ਰਿੰਸੀਪਲ, ਲਹਿੰਬਰ ਸਿੰਘ ਮੈਨੇਜਰ, ਮਹਿੰਦਰ ਸਿੰਘ ਸੈਕਟਰੀ, ਜਸਕਰਨ ਸਿੰਘ ਚਾਹਲ,ਮਹਿੰਦਰਪਾਲ, ਸੁਰਜੀਤ ਸਿੰਘ,ਪ੍ਰਿਅੰਕਾ, ਪਾਇਲ ਤੇ ਤਮੰਨਾ ਹਾਜਰ ਸਨ। ਸਮਾਜ ਸੇਵਕਾਂ ਨੇ ਦੇਸ਼ ਵਿੱਚ ਬਣੇ ਕਪੜਿਆਂ ਦੀ ਵਰਤੋਂ ਨੂੰ ਵਧਾਉਣ ਦੀ ਪ੍ਰੇਰਨਾ ਕੀਤੀ। ਰੈਲੀ ਵਿੱਚ ਪ੍ਰਿੰਸੀਪਲ ਪਰਵਿੰਦਰ ਸਿੰਘ ਜੱਸੋਮਜਾਰਾ, ਉਪਕਾਰ ਪ੍ਰਧਾਨ ਜੇ ਐਸ ਗਿੱਦਾ,ਬੀਰਬਲ ਤੱਖੀ, ਬਲਵੀਰ ਸਿੰਘ ਸੰਘਾ,ਵਾਸਦੇਵ ਪ੍ਰਦੇਸੀ, ਖਾਦੀ ਮੰਡਲ ਵਲੋਂ ਗੁਰਦਿਆਲ ਚੰਦ ਮੈਨੇਜਰ , ਅਸ਼ਵਨੀ ਕੁਮਾਰ ਹਾਜਰ ਸਨ। ਸਕੂਲ ਵਲੋਂ ਪ੍ਰਿੰਸੀਪਲ ਪਰਵਿੰਦਰ ਸਿੰਘ ਰਾਣਾ ਦੀ ਅਗਵਾਈ ਵਿੱਚ ਹਰਵਿੰਦਰ ਸਿੰਘ ਸਾਬਕਾ ਪ੍ਰਿੰਸੀਪਲ, ਲਹਿੰਬਰ ਸਿੰਘ ਮੈਨੇਜਰ, ਮਹਿੰਦਰ ਸਿੰਘ ਸੈਕਟਰੀ, ਜਸਕਰਨ ਸਿੰਘ ਚਾਹਲ, ਮਹਿੰਦਰਪਾਲ, ਸੁਰਜੀਤ ਸਿੰਘ, ਪ੍ਰਭਾਤ, ਸਤਿੰਦਰ ਕੌਰ, ਕਮਲਜੀਤ ਕੌਰ, ਮਨਪ੍ਰੀਤ ਕੌਰ, ਮੈਡਮ ਭੂਮਿਕਾ, ਪੂਜਾ, ਮੋਨਾ, ਨੀਤੂ ਰਾਣੀ, ਮਨਜੀਤ ਕੌਰ, ਦੀਵੰਸ਼ੀ,ਵੰਦਨਾ, ਕੁਲਵਿੰਦਰ ਕੌਰ, ਸੁਨੀਤਾ ਦੇਵੀ, ਰਮਨਦੀਪ ਕੌਰ, ਸਰਬਜੀਤ ਕੌਰ, ਕੋਮਲ ਰਾਣੀ, ਪ੍ਰਿਅੰਕਾ, ਪਾਇਲ ਤੇ ਤਮੰਨਾ ਹਾਜਰ ਸਨ।



## ਸਾਨੂੰ ਰਾਜਾ ਹਰੀਸ਼ ਚੰਦਰ ਦੇ ਦਰਸਾਏ ਮਾਰਗ ਤੇ ਚੱਲਣਾ ਚਾਹੀਦੈ : ਵਿੱਕੀ ਮਹਿੰਦੂ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ੍ਰੀ ਹਰੀਸ਼ ਚੰਦਰ ਡਰਾਮਾਟਿਕ ਕਲੱਬ ਅਹਿਆਪੁਰ ਦੇ ਪ੍ਰਧਾਨ ਰਾਕੇਸ਼ ਕੁਮਾਰ ਦੀ ਅਗਵਾਈ ਵਿੱਚ ਸੱਤਿਆਵਾਦੀ ਰਾਜਾ ਹਰੀਸ਼ ਚੰਦਰ ਦੀ ਜੀਵਨੀ ਤੇ ਆਧਾਰਿਤ ਅਹਿਆਪੁਰ ਵਿਖੇ 2 ਰੋਜ਼ਾ ਨਾਟਕ ਦਾ ਆਯੋਜਨ ਕੀਤਾ ਗਿਆ ਜਿਸ ਦਾ ਉਦਘਾਟਨ ਉੱਘੇ ਸਮਾਜ ਸੇਵੀ ਤੇ ‘ਆਪ’ ਨੇਤਾ ਵਿੱਕੀ ਮਹਿੰਦਰੂ ਨੇ ਕੀਤਾ। ਇਸ ਮੌਕੇ ਤੇ ਉਨ੍ਹਾਂ ਨਾਲ ਮਨੀਸ਼ ਸੋਂਧੀ ਅਤੇ ਰਾਮ ਮੰਦਿਰ ਦੇ ਮਹੰਤ ਸ੍ਰੀ ਚੰਦਰ ਗਿਰੀ ਜੋਨਾ ਅਖਾੜੇ ਵਾਲੇ ਹਾਜ਼ਰ ਸਨ। ਮੁੱਖ ਮਹਿਮਾਨ ਵਿੱਕੀ ਮਹਿੰਦਰੂ ਨੇ ਕਿਹਾ ਕਿ ਸੱਤਿਆਵਾਦੀ ਰਾਜਾ ਹਰੀਸ਼ ਚੰਦਰ ਨੇ ਆਪਣਾ ਸਾਰਾ ਜੀਵਨ ਸੱਚਾਈ ਦੀ ਰਾਹ ’ਤੇ ਚਲਦੇ ਹੋਏ ਗੁਜ਼ਾਰ ਦਿੱਤੀ। ਉਨ੍ਹਾਂ ਕਿਹਾ ਕਿ ਰਾਜਾ ਹਰੀਸ਼ ਚੰਦਰ ਨੇ ਆਪਣੀ ਪੂਰੀ ਜਿੰਦਗੀ ਪ੍ਰਭੂ ਦਾ ਨਾਮ ਸਿਮਰਨ ਕਰਦੇ ਹੋਏ ਲੋਕਾਂ ਨੂੰ ਵੀ ਸੱਚਾਈ ਦੇ ਰਾਹ ਤੇ ਚਲਦੇ ਹੋਏ ਨਾਮ ਸਿਮਰਨ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ਸੀ। ਇਸ 2 ਰੋਜ਼ਾ ਨਾਟਕ ਦੌਰਾਨ ਵੀਰ ਕ੍ਰਿਸ਼ਨਾ ਕਲੱਬ ਅਹਿਆਪੁਰ ਵੱਲੋਂ ਸੱਤਿਆਵਾਦੀ ਹਰੀਸ਼ ਚੰਦਰ ਤੇ ਅਧਾਰਿਤ ਵੱਖ-ਵੱਖ ਸਰੂਪਾਂ ਵਿੱਚ ਕਲਾਕਾਰਾਂ ਨੇ ਉਨ੍ਹਾਂ ਦੀ ਜੀਵਨੀ ਸਬੰਧੀ ਬੜੇ ਸੁਚੱਜੇ ਢੰਗ ਨਾਲ ਰੋਸ਼ਨੀ ਪਾਈ। ਕਲੱਬ ਦੇ ਪ੍ਰਧਾਨ ਰਕੇਸ਼ ਕੁਮਾਰ ਅਤੇ ਸਮੂਹ ਕਲੱਬ ਮੈਂਬਰਾਂ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਵੀਰ ਕ੍ਰਿਸ਼ਨਾ ਕਲੱਬ ਦੇ ਪ੍ਰਧਾਨ ਰਾਜ ਅਹਿਆਪੁਰੀ, ਮੰਨਾ ਮਹਿਰਾ, ਅਰੁਣ ਪੁਰੀ, ਨਾਮਧਾਰੀ ਗੁਰਮੁਖ ਸਿੰਘ, ਆਸ਼ੂ ਵੈਦ, ਬਲਦੇਵ ਰਾਜ, ਲਛਮਣ ਦਾਸ, ਸਾਹਿਲ ਸ਼ਰਮਾ, ਸਤੀਸ਼ ਬੱਬੂ, ਰਮੇਸ਼ ਸ਼ਰਮਾ, ਕੁਨਾਲ ਚਾਵਲਾ, ਨਵਦੀਪ ਸਿੰਘ, ਨੀਰਜ ਵਰਮਾ, ਕਰਨ ਅਰੋੜਾ, ਪਰਮਜੀਤ ਗਿੱਲ, ਮਨਦੀਪ ਪਲਟਾ ਅਤੇ ਹੋਰ ਹਾਜ਼ਰ ਸਨ।



## ਹੈੱਲਥ ਵਰਕਰਾਂ ਦੀ ਜਥੇਬੰਦੀ ਦੀ ਸਿਹਤ ਮੰਤਰੀ ਨਾਲ ਅਹਿਮ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**- ਸਿਹਤ ਵਿਭਾਗ ਵਿੱਚ ਕੰਮ ਕਰਦੇ ਮੁਲਾਜਮਾ ਦੀ ਪ੍ਰਮੁਖ ਜਥੇਬੰਦੀ ਮਲਟੀਪਰਪਜ਼ ਹੈਲਥ ਇੰਪਲਾਈਜ ਮੇਲ ਫੀਮੇਲ ਯੂਨੀਅਨ ਪੰਜਾਬ ਅਤੇ 2211 ਹੈਡ ਕੰਟਰੇਕਟ ਮਲਟੀਪਰਪਜ ਹੈਲਥ ਇੰਪਲਾਈਜ਼ ਫੀਮੇਲ ਯੂਨੀਅਨ ਪੰਜਾਬ ਦੀ ਇੱਕ ਅਹਿਮ ਮੀਟਿੰਗ ਸੂਬਾਈ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ ਅਤੇ ਸਰਬਜੀਤ ਕੌਰ ਨਵਾ ਸਹਿਰ ਦੀ ਅਗਵਾਈ ਹੇਠ 6 ਮੈਂਬਰੀ ਵਫਦ ਦੀ ਇਕ ਅਹਿਮ ਮੀਟਿੰਗ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਸਿਹਤ ਤੇ ਪਰਿਵਾਰ ਭਲਾਈ ਕੈਬਨਿੰਟ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਪੈਨਲ ਮੀਟਿੰਗ ਹੋਈ। ਮੀਟਿੰਗ ਵਿੱਚ ਪ੍ਰਮੁੱਖ ਸਿਹਤ ਸਕੱਤਰ ਪੰਜਾਬ ਕੁਮਾਰ ਰਹੁਲ, ਡਾਇਰੈਕਟਰ ਤੇ ਸਿਹਤ ਪਰਿਵਾਰ ਭਲਾਈ ਡਾ. ਹਤਿੰਦਰ ਕੌਰ, ਡਾਇਰੈਕਟਰ ਸਿਹਤ ਸੇਵਾਵਾ ਪਰਿਵਾਰ ਭਲਾਈ ਡਾ. ਸਲਾਰੀਆ, ਡਾਇਰੈਕਟਰ ਐੱਨ ਐੱਚ ਐਮ ਡਾ ਬਲਵਿੰਦਰ ਕੌਰ ਹਾਜ਼ਰ ਸਨ। ਸਿਹਤ ਮੰਤਰੀ ਨੇ ਮੁੱਖ ਮੰਗ ਮਾਨਯੋਗ ਹਾਈਕੋਰਟ ਦੇ ਫੈਸਲੇ ਮੁਤਾਬਕ ਕੰਟਰੇਕਟ ਹੈਲਥ ਵਰਕਰ ਫੀਮੇਲ 2211 ਹੈਡ ਨੂੰ ਬਰਾਬਰ ਕੰਮ ਬਰਾਬਰ ਤਨਖਾਹ ਦੇਣ ਦਾ ਵਿਸਵਾਸ਼ ਦੁਆਇਆ। ਇਸ ਸਬੰਧੀ ਫਾਈਲ ਵਿੱਤ ਵਿਭਾਗ ਤੋਂ ਕਲੀਅਰ ਹੋ ਚੁਕੀ ਹੈ, ਇੱਕ ਦੋ ਸੋਧਾ ਕਰਕੇ ਵਿੱਤ ਵਿਭਾਗ ਤੋਂ ਤੁਰੰਤ ਮਨਜ਼ੂਰੀ ਲਈ ਜਾ ਰਹੀ ਹੈ। ਇਸ ਮੌਕੇ ਦਫਤਰੀ ਸਟਾਫ ਸਮੇਤ ਜਥੇਬੰਦੀ ਆਗੂ, ਗੁਰਦੀਪ ਕੌਰ, ਨਿੰਦਰ ਕੌਰ ਸੰਗਰੂਰ, ਗੁਰਜੀਤ ਕੌਰ, ਸਮੇਤ ਹੋਰ ਆਗੂ ਹਾਜਰ ਸਨ।



31 Oct Page 9.qxd 10/30/2025 10:38 PM Page 1



# 'ਆਪ' ਆਗੂ ਤੇ ਮੰਦਰ ਵਿਖੇ ਗੋਲੀਬਾਰੀ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪਿੰਡ ਅਗੰਮਪੁਰ ਦੇ ਰਹਿਣ ਵਾਲੇ ਆਮ ਆਦਮੀ ਪਾਰਟੀ ਦੇ ਆਗੂ ਨਿਤਿਨ ਨੰਦਾ 'ਤੇ ਮੰਦਰ ਵਿਖੇ ਭੋਜਨ ਕਰਦੇ ਸਮੇਂ ਗੋਲੀਬਾਰੀ ਕੀਤੀ ਗਈ। ਜ਼ਖ਼ਮੀ ਹਾਲਤ ਵਿੱਚ ਲੋਕਾਂ ਵਲੋਂ ਉਹਨਾਂ ਨੂੰ ਤੁਰੰਤ ਸਥਾਨਕ ਹਸਪਤਾਲ ਪਹੁੰਚਾਇਆ ਗਿਆ, ਜਿਥੋਂ ਫਿਰ ਡਾਕਟਰਾਂ ਵਲੋਂ ਉਹਨਾਂ ਨੂੰ ਚੰਡੀਗੜ੍ਹ ਪੀਜੀਆਈ ਰੈਫਰ ਕਰ ਦਿੱਤਾ ਗਿਆ। ਡਾਕਟਰੀ ਸੂਤਰਾਂ ਅਨੁਸਾਰ ਹੁਣ ਉਹਨਾਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ। ਨਿਤਿਨ ਨੰਦਾ ਦੇ ਭਰਾ ਹਰੀਕ੍ਰਿਸ਼ਨ ਨੰਦਾ ਨੇ ਦੱਸਿਆ ਕਿ ਇਹ ਹਮਲਾ ਲੰਬੇ ਸਮੇਂ ਤੋਂ ਚੱਲ ਰਹੇ ਜਾਇਦਾਦੀ ਝਗੜੇ ਦਾ ਨਤੀਜਾ ਹੈ। ਉਹਨਾਂ ਕਿਹਾ ਮਾਨਯੋਗ ਅਦਾਲਤ ਵਿਚ ਇਸ ਸਬੰਧੀ ਕੇਸ ਚਲ ਰਿਹਾ ਹੈ ਜਿਸ ਦਾ ਫੈਸਲਾ ਸਾਡੇ ਹੱਕ ਵਿਚ ਹੋਣ ਦੀ ਪੂਰੀ ਸੰਭਾਵਨਾ ਹੈ। ਇਸ ਤੋਂ ਡਰਦਿਆਂ ਉਨ੍ਹਾ ਵਲੋ ਮੇਰੇ ਭਰਾ ਨੂੰ ਜਾਨੋਂ ਮਾਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਇਸ ਸਬੰਧੀ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਐੱਸ ਪੀ ਗੁਰਦੀਪ ਸਿੰਘ ਗੋਸਲ ਨੇ ਕਿਹਾ ਕਿ ਜਿਵੇਂ ਹੀ ਪੁਲਸ ਨੂੰ ਘਟਨਾ ਦੀ ਸੂਚਨਾ ਮਿਲੀ ਤਾਂ ਐੱਸ ਐੱਚ ਓ ਦਾਨਿਸ਼ਵੀਰ ਸਿੰਘ ਅਤੇ ਡੀ ਐੱਸ ਪੀ ਜਸ਼ਨਦੀਪ ਸਿੰਘ ਵੱਡੀ ਪੁਲਸ ਟੀਮ ਸਮੇਤ ਤੁਰੰਤ ਮੌਕੇ 'ਤੇ ਪਹੁੰਚ ਗਏ। ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਗੋਲੀਬਾਰੀ ਵਿੱਚ ਸਾਬਕਾ ਚੰਡੀਗੜ੍ਹ ਪੁਲਸ ਡੀ ਐੱਸ ਪੀ ਦਿਲਸ਼ੇਰ ਸਿੰਘ, ਰਾਮ ਕੁਮਾਰ ਅਤੇ ਇੱਕ ਅਣਪਛਾਤਾ ਵਿਅਕਤੀ ਸ਼ਾਮਲ ਹਨ। ਹਾਲਾਂਕਿ ਪੁਲਸ ਨੇ ਕਿਹਾ ਕਿ ਪੜਤਾਲ ਜਾਰੀ ਹੈ। ਉਨ੍ਹਾਂ ਕਿਹਾ ਪੂਰੇ ਇਲਾਕੇ ਦੀ ਨਾਕਾਬੰਦੀ ਕਰ ਦਿੱਤੀ ਗਈ ਹੈ। ਦੋਸ਼ੀ ਬਚ ਨਹੀਂ ਸਕਦੇ ਤੇ ਜਲਦ ਗ੍ਰਿਫਤਾਰ ਕਰ ਲਏ ਜਾਣਗੇ।

# ਜੱਬੋਵਾਲ ਵਿਖੇ ਪਰਾਲੀ ਪ੍ਰਬੰਧਨ ਸੰਬੰਧੀ ਜਾਗਰੂਕਤਾ ਕੈਂਪ




**ਹੁਸ਼ਿਆਰਪੁਰ : ( ਬਲਵੀਰ ਸਿੰਘ ਸੈਣੀ )**— ਪਿਛਲੇ ਸਾਲਾਂ ਦੀ ਤਰ੍ਹਾਂ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਕਿਸਾਨਾਂ ਲਈ ਪਰਾਲੀ ਪ੍ਰਬੰਧਨ ਸਬੰਧੀ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਪਿੰਡਾਂ ਵਿਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਸਹਿਯੋਗ ਨਾਲ ਹੁਸ਼ਿਆਰਪੁਰ ਬਲਾਕ ਦੇ ਪਿੰਡ ਜੱਬੋਵਾਲ ਵਿਖੇ ਬਲਾਕ ਪੱਧਰੀ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੀ ਸ਼ੁਰੂਆਤ ਵਿੱਚ ਖੇਤੀਬਾੜੀ ਵਿਕਾਸ ਅਫ਼ਸਰ, ਹੁਸ਼ਿਆਰਪੁਰ-2 ਬਲਾਕ ਧਰਮਵੀਰ ਸ਼ਾਰਦ ਨੇ ਆਏ ਹੋਏ ਕਿਸਾਨ ਵੀਰਾਂ ਦਾ ਸਵਾਗਤ ਅਤੇ ਸੰਬੋਧਨ ਕਰਦਿਆਂ ਕਿਸਾਨਾਂ ਨੂੰ ਇਸ ਵਾਰ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਸਾਨ ਵੀਰਾਂ ਨੂੰ ਕਿਹਾ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਹਰ ਸੰਭਵ ਮਦਦ ਦੇਣ ਲਈ ਹਮੇਸ਼ਾ ਤਤਪਰ ਹੈ। ਕਿਸਾਨਾਂ ਨੂੰ ਸੰਬੋਧਿਤ ਕਰਦਿਆਂ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਕ੍ਰਿਸ਼ੀ ਵਿਗਿਆਨ ਕੇਂਦਰ ਡਾ. ਮਨਿੰਦਰ ਸਿੰਘ ਬੌਂਸ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕੀਤਾ ਅਤੇ ਪਰਾਲੀ ਨੂੰ ਸੰਭਾਲਣ ਦੇ ਲਾਭ ਵੀ ਦੱਸੇ । ਸਹਿਯੋਗੀ ਪ੍ਰੋਫੈਸਰ (ਪਸ਼ੂ ਵਿਗਿਆਨ) ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਡਾ. ਪਰਮਿੰਦਰ ਸਿੰਘ ਨੇ ਪਰਾਲੀ ਵਿੱਚ ਮੌਜੂਦ ਵੱਖ-ਵੱਖ ਤੱਤਾਂ ਦੀ ਮਹੱਤਤਾ ਤੇ ਉਨ੍ਹਾਂ ਦੀ ਸੰਭਾਲ ਬਾਰੇ ਜ਼ੋਰ ਦਿੱਤਾ ।

# ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ 'ਚ ਲੱਗੀਆਂ ਬੱਚਿਆਂ ਦੀਆਂ ਰੌਣਕਾਂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੀ ਸਿੱਖਿਆ ਅਤੇ ਖੇਡ ਕ੍ਰਾਂਤੀ ਤਹਿਤ ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੱਥੇ ਸਕੂਲ ਆਫ਼ ਐਮੀਨੈਂਸ ਫੇਸ-3 ਬੀ 1 ਮੋਹਾਲੀ ਵਿਖੇ ਚੱਲ ਰਹੀਆਂ ਜ਼ਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ ਦੇ ਦੂਜੇ ਦਿਨ ਬੱਚਿਆਂ ਦੀਆਂ ਰੌਣਕਾਂ ਲੱਗੀਆਂ ਰਹੀਆਂ। ਡੀ ਈ ਓ (ਐਲੀਮੈਂਟਰੀ) ਦਰਸ਼ਨਜੀਤ ਸਿੰਘ ਦੀ ਅਗਵਾਈ ਹੇਠ ਅਤੇ ਡਿਪਟੀ ਡੀ ਈ ਓ (ਐਲੀਮੈਂਟਰੀ) ਪਰਮਿੰਦਰ ਕੌਰ, ਜ਼ਿਲ੍ਹਾ ਖੇਡ ਕਨਵੀਨਰ ਬਲਜੀਤ ਸਿੰਘ ਸਨੇਟਾ, ਸਹਾਇਕ ਖੇਡ ਕਨਵੀਨਰ ਜਗਦੀਪ ਸਿੰਘ ਕਲੋਲੀ ਅਤੇ ਸਮੁੱਚੀ ਜ਼ਿਲ੍ਹਾ ਖੇਡ ਕਮੇਟੀ, ਸਮੂਹ ਬਲਾਕਾਂ ਦੇ ਬੀ ਪੀ ਈ ਓਜ਼, ਬਲਾਕ ਖੇਡ ਅਫ਼ਸਰਾਂ ਦੇ ਅਣਥੱਕ ਯਤਨਾਂ ਸਦਕਾ ਅੱਜ ਵੱਡੀਆਂ ਖੇਡਾਂ ਵਿੱਚ ਕਬੱਡੀ ਨੈਸ਼ਨਲ, ਕਬੱਡੀ ਸਰਕਲ, ਖੋ ਖੋ,ਬੈਡਮਿੰਟਨ, ਹਾਕੀ,ਹੈਂਡਬਾਲ, ਕੁਸ਼ਤੀ ਦੇ ਪਹਿਲੇ ਰਾਊਂਡ ਦੇ ਮੁਕਾਬਲੇ ਸੰਪੂਰਨ ਹੋਏ। ਇਸ ਮੌਕੇ ਵਿਸ਼ੇਸ਼ ਮਹਿਮਾਨ ਜਿਨ੍ਹਾਂ ਨੇ ਖੇਡਾਂ ਵਿੱਚ ਪਹੁੰਚ ਕੇ ਬੱਚਿਆਂ ਲਈ ਰਿਫਰੈਸ਼ਮੈਂਟ ਲਈ ਵੱਡਮੁਲਾ ਯੋਗਦਾਨ ਦਿੱਤਾ ਤੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਜਿਨ੍ਹਾਂ ਵਿੱਚ ਗੁਰਪ੍ਰੀਤ ਸਿੰਘ ਐੱਮ ਡੀ 'ਨਿਸ਼ਚੈ ਚੈਰੀਟੇਬਲ ਟਰੱਸਟ' ਜ਼ੀਰਕਪੁਰ, ਹਰੀਸ਼ ਖੰਨਾ ਐੱਮ ਡੀ 'ਆਰ ਕੇ ਡਿਵੈਲਪਰ', ਅਮਨਪ੍ਰੀਤ ਸਿੰਘ ਉੱਘੇ ਸਮਾਜ ਸੇਵੀ, ਬਲਜੀਤ ਸਿੰਘ ਜ਼ਖ਼ਮੀ



ਉੱਘੇ ਸਮਾਜ ਸੇਵੀ, ਰੂਪਾ ਸੋਹਾਣਾ ਉੱਘੇ ਸਮਾਜ ਸੇਵੀ ਅਤੇ ਖੇਡ ਪ੍ਰਮੋਟਰ, ਸੁਖਦਰਸ਼ਨ ਸਿੰਘ ਢਿੱਲੋਂ ਗਰੁੱਪ, ਸ਼ਮਸ਼ੇਰ ਰਾਣਾ ਪਿੰਡ ਤੋਗਾਂ ਨੇ ਸ਼ਿਰਕਤ ਕੀਤੀ।ਮੁਕਾਬਲੇ ਜਿਨ੍ਹਾਂ ਵਿੱਚ ਫੁੱਟਬਾਲ ਮੁੰਡੇ ਅਤੇ ਕੁੜੀਆਂ ਬਲਾਕ ਕੁਰਾਲੀ, ਹਾਕੀ ਮੁੰਡੇ ਡੇਰਾਬਸੀ-1, ਹਾਕੀ ਕੁੜੀਆਂ ਖਰੜ-1, ਯੋਗਾ ਮੁੰਡੇ ਅਤੇ ਕੁੜੀਆਂ ਖਰੜ-3, ਜਿਮਨਾਸਟਿਕ ਖਰੜ-3, ਨੇ ਪਹਿਲੇ ਸਥਾਨ ਪ੍ਰਾਪਤ ਕੀਤੇ। ਇਸ ਮੌਕੇ ਸਮੁੱਚੀ ਜ਼ਿਲ੍ਹਾ ਖੇਡ ਕਮੇਟੀ ਨੇ ਆਪਣੀ ਡਿਊਟੀ ਨੂੰ ਬਾਖੂਬੀ ਨਿਭਾਇਆ, ਜਿਨ੍ਹਾਂ ਵਿੱਚ ਸੈਂਟਰ ਹੈੱਡ ਟੀਚਰਾਂ ਵਿੱਚ ਜਸਵੀਰ ਸਿੰਘ, ਜਗਦੇਵ ਸਿੰਘ, ਦਵਿੰਦਰ ਸਿੰਘ, ਗੁਰਪ੍ਰੀਤ ਪਾਲ ਸਿੰਘ, ਬਲਬੀਰ ਸਿੰਘ, ਵਿਪਿਨ ਕੁਮਾਰ, ਖੁਸ਼ਪ੍ਰੀਤ ਸਿੰਘ, ਭਗਵੰਤ ਸਿੰਘ,ਜਨਕ ਰਾਜ, ਰਾਜਿੰਦਰ ਸਿੰਘ, ਹਰਜੀਤ ਸਿੰਘ,ਹੈੱਡ ਟੀਚਰਾਂ ਅਤੇ ਹੋਰਨਾਂ ਟੀਚਰਾਂ ਵਿੱਚ ਸਤਿੰਦਰਪਾਲ ਕੌਰ, ਮਨਜੀਤ ਕੌਰ, ਡਾ.ਅਦਿੱਤੀ ਬੰਸਲ, ਮਨਜੋਤ ਸਿੰਘ ਕਲੇਰ, ਮੋਨਿਕਾ ਵਾਸਲ ਤੋਂ ਇਲਾਵਾ ਬੱਚਿਆਂ ਨਾਲ਼ ਆਏ ਅਧਿਆਪਕ ਹਾਜ਼ਰ ਸਨ।

# ਵਾਰਡਬੰਦੀ 'ਚ ਯੋਗਦਾਨ ਯਕੀਨੀ ਬਣਾਉਣ ਸ਼ਹਿਰ ਵਾਸੀ : ਕਮਿਸ਼ਨਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕਮਿਸ਼ਨਰ, ਨਗਰ ਨਿਗਮ ਹੁਸਿਆਰਪੁਰ ਜਯੋਤੀ ਬਾਲਾ ਮੱਟੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਸ਼ਹਿਰ ਦੀ ਵਾਰਡਬੰਦੀ ਲਈ ਸ਼ਹਿਰ ਵਿਚ ਵੱਖ-ਵੱਖ ਟੀਮਾਂ ਲਗਾਈਆਂ ਗਈਆਂ ਹਨ, ਜਿਹੜੀਆਂ ਘਰ-ਘਰ ਜਾ ਕੇ ਸਹਿਰ ਵਾਸੀਆਂ ਦੀ ਜਨਗਣਨਾ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸ਼ਹਿਰ ਵਾਸੀ ਕਿਸੇ ਕਾਰਨ ਆਪਣੇ ਘਰ ਦੇ



ਮੈਂਬਰਾਂ ਦੀ ਗਿਣਤੀ ਉਕਤ ਟੀਮਾਂ ਨੂੰ ਦਰਜ ਨਹੀਂ ਕਰਵਾ ਸਕਿਆ, ਤਾਂ ਉਹ ਨਗਰ ਨਿਗਮ ਹੁਸ਼ਿਆਰਪੁਰ ਦੇ ਕਮਰਾ ਨੰਬਰ 5 ਵਿਖੇ ਸੁਪਰਡੈਂਟ ਕੁਲਵਿੰਦਰ ਸਿੰਘ ਨੂੰ ਮਿਲ ਕੇ ਆਪਣੇ ਘਰ ਦੇ ਵਿਅਕਤੀਆਂ ਦੀ ਗਿਣਤੀ ਦਰਜ ਕਰਵਾ ਸਕਦਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵਾਰਡਬੰਦੀ ਵਿਚ ਆਪਣਾ ਵੱਧ ਤੋਂ ਵੱਧ ਯੋਗਦਾਨ ਦੇਣਾ ਯਕੀਨੀ ਬਣਾਉਣ।

# ਸੀ ਟੀ ਗਰੁੱਪ ਵੱਲੋਂ ਪੀ ਓ ਪੀ ਕਾਸਟਿੰਗ ਤੈਕਨੀਕ 'ਤੇ ਐਕਸਪਰਟ ਟਾਕ ਤੇ ਵਰਕਸ਼ਾਪ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਫ਼ਿਜ਼ੀਓਥੈਰੇਪੀ ਵਿਭਾਗ ਵੱਲੋਂ ਫ੍ਰੈਕਚਰ ਕੇਸਾਂ ਵਿੱਚ ਪੀ ਓ ਪੀ ਕਾਸਟਿੰਗ ਤਕਨੀਕ ਵਿਸ਼ੇ 'ਤੇ ਇੱਕ ਐਕਸਪਰਟ



ਟਾਕ ਕਮ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਦਾ ਮਕਸਦ ਵਿਦਿਆਰਥੀਆਂ ਨੂੰ ਆਰਥੋਪੀਡਿਕ ਦੇਖਭਾਲ ਅਤੇ ਪੁਨਰਵਾਸ ਨਾਲ ਜੁੜੀ ਹਕੀਕਤੀ ਸਿੱਖਿਆ ਦੇਣਾ ਸੀ। ਇਹ ਸੈਸ਼ਨ ਡਾ. ਤਰੁਣਦੀਪ ਸਿੰਘ (ਐੱਮ ਬੀ ਬੀ ਐੱਸ, ਐੱਮ ਐੱਸ, ਡੀ ਐੱਨ ਬੀ, ਐੱਮ ਐੱਨ ਏ ਐੱਮ ਐੱਸ-ਆਰਥੋਪੀਡਿਕਸ), ਮੈਡੀਕਲ ਡਾਇਰੈਕਟਰ, ਰਣਜੀਤ ਹਸਪਤਾਲ ਅਤੇ ਸਾਬਕਾ ਰਜਿਸਟਰਾਰ, ਪੀ ਜੀ ਆਈ ਰੋਹਤਕ ਵੱਲੋਂ ਲੈਕਚਰ ਦਿੱਤਾ ਗਿਆ। ਉਨ੍ਹਾਂ ਨੇ ਪਲਾਸਟਰ ਆਫ਼ ਪੈਰਿਸ ਕਾਸਟਿੰਗ ਦੀ ਪ੍ਰਕਿਰਿਆ ਤੇ ਉਸ ਦੇ ਸਿਧਾਂਤਾਂ ਬਾਰੇ ਵਿਸਥਾਰ ਨਾਲ ਤੇ ਇੰਟਰਐਕਟਿਵ ਢੰਗ ਨਾਲ ਜਾਣਕਾਰੀ ਸਾਂਝੀ ਕੀਤੀ। ਡਾ. ਤਰੁਣਦੀਪ ਨੇ ਸਟੀਕਤਾ, ਮਰੀਜ਼ ਦੀ ਸੁਵਿਧਾ ਅਤੇ ਫ੍ਰੈਕਚਰ ਤੋਂ ਬਾਅਦ ਫਿਜ਼ੀਓਥੈਰੇਪਿਸਟ ਦੀ ਭੂਮਿਕਾ ਦੇ ਮਹੱਤਵ 'ਤੇ ਜ਼ੋਰ ਦਿੱਤਾ।ਇਸ ਮੌਕੇ 'ਤੇ ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਵਾਇਸ ਚੇਅਰਮੈਨ ਹਰਪ੍ਰੀਤ ਸਿੰਘ, ਡਾ. ਸ਼ਿਵ ਕੁਮਾਰ (ਡਾਇਰੈਕਟਰ), ਡਾ. ਸੰਗਰਾਮ ਸਿੰਘ (ਡਾਇਰੈਕਟਰ, ਅਕੈਡਮਿਕ ਆਪਰੇਸ਼ਨਜ਼), ਫਿਜ਼ੀਓਥੈਰੇਪੀ ਵਿਭਾਗ ਦੇ ਮੁਖੀ ਡਾ. ਅਰੁਣ, ਅਸਿਸਟੈਂਟ ਡੀਨ ਡਾ. ਐਨਾ ਅਤੇ ਵਿਭਾਗ ਦੇ ਫੈਕਲਟੀ ਮੈਂਬਰ ਹਾਜ਼ਰ ਸਨ।

# ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਹੜ੍ਹ ਪੀੜਤ ਕਿਸਾਨਾਂ ਲਈ ਬੀਜ

**ਅਜਨਾਲਾ (ਸੁੱਖਦਿੰਦਰ ਸਿੰਘ ਰਾਜ)**- ਅਨੰਦਪੁਰ ਸਾਹਿਬ ਤੋਂ ਕਿਸਾਨ ਆਗੂ ਮਾਸਟਰ ਬਲਬੀਰ ਸਿੰਘ ਦੀ ਅਗਵਾਈ ਹੇਠ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਵਿਸ਼ੇਸ਼ ਟੀਮ ਨੇ ਬੁੱਧਵਾਰ ਨੂੰ ਇਥੇ ਡਿਆਲ ਭੱਟੀ ਕਿਸਾਨ



ਸਭਾ ਦੇ ਕੈਂਪ ਵਿਚ ਹੜ੍ਹ ਪੀੜਤ ਕਾਸ਼ਤਕਾਰਾਂ ਲਈ ਰਕਮ ਭੇਂਟ ਕਰਦਿਆਂ ਕਿਹਾ ਕਿ ਇਸ ਰਾਸ਼ੀ ਦਾ ਪੀ.ਏ.ਯੂ. ਲੁਧਿਆਣਾ ਯੂਨੀਵਰਸਿਟੀ ਦਾ ਮਨਜ਼ੂਰ ਸ਼ੁਦਾ ਬੀਜ ਖਰੀਦ ਕੇ ਉਹਨਾਂ ਕਾਸ਼ਤਕਾਰਾਂ ਵਿੱਚ ਵੰਡਿਆ ਜਾਵੇ ਜਿਨ੍ਹਾਂ ਨੂੰ ਪੰਜਾਬ ਸਰਕਾਰ - ਖੇਤੀਬਾੜੀ ਵਿਭਾਗ ਵੱਲੋਂ ਇਸ ਕਰਕੇ ਨਹੀਂ ਦਿੱਤਾ ਜਾਣਾ ਕਿਉਂਕਿ ਉਹਨਾਂ ਦੀ ਮਾਲ ਵਿਭਾਗ ਦੇ ਰਿਕਾਰਡ 'ਤੇ ਜ਼ਮੀਨ ਨਹੀਂ ਬੋਲਦੀ। ਇਸ ਟੀਮ ਦਾ ਸਵਾਗਤ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਯਕੀਨ ਦਿਵਾਇਆ ਕਿ ਇਸ ਰਕਮ ਦਾ ਬੀਜ ਲੈ ਕੇ ਸਬੰਧਤ ਹੜ੍ਹ ਪੀੜਤ ਕਾਸ਼ਤਕਾਰ ਨੂੰ ਹੀ ਦਿੱਤਾ ਜਾਵੇਗਾ ! ਟੀਮ ਦੇ ਮੈਂਬਰਾਂ ਵਿੱਚ ਸਮਾਜ ਸੇਵਕ ਕਿਸਾਨ ਆਗੂ ਧਰਮਪਾਲ ਸੈਣੀ, ਲੰਬੜਦਾਰ ਪਰਮਿੰਦਰ ਸਿੰਘ , ਸੈਕਟਰੀ ਹਜ਼ਾਰਾ ਸਿੰਘ ਲਸਾੜੀ ਤੋਂ ਇਲਾਵਾ ਸਰਪੰਚ ਹਰਦਿਆਲ ਸਿੰਘ ਡਿਆਲ ਭੱਟੀ , ਸਾਬਕਾ ਸਰਪੰਚ ਅਮਰੀਕ ਸਿੰਘ ਡਿਆਲ ਭੱਟੀ, ਸਮਾਜ ਸੇਵਕ ਬਲਵਿੰਦਰ ਸਿੰਘ, ਪ੍ਰੋ. ਮਾਲਕ ਸਿੰਘ ਗੁਰਾਲਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ , ਸਭਾ ਦੇ ਵਿੱਤ ਸਕੱਤਰ ਗਾਇਕ ਗੁਰਪਾਲ ਗਿੱਲ ਸੈਦਪੁਰ, ਗਿਆਨੀ ਗੁਰਦੇਵ ਸਿੰਘ ਜਿੰਦਰ ਸਿੰਘ , ਹਰਭਜਨ ਸਿੰਘ ਮਹਿਲਾਂਵਾਲਾ, ਨਿਹੰਗ ਗੁਰਮੇਜ ਸਿੰਘ, ਨਿਰਮਲ ਸਿੰਘ, ਹਰਜਿੰਦਰ ਸਿੰਘ ਆਦਿ ਸ਼ਾਮਿਲ ਸਨ !

# ਐੱਨ ਐੱਸ ਯੂ ਆਈ ਜਲੰਧਰ ਪ੍ਰਧਾਨ ਦੀ ਨਿਯੁਕਤੀ 'ਤੇ ਭੰਬਲਭੂਸਾ

**ਗੁਰਾਇਆ (ਬਿੰਦਰ ਸੁੰਮਨ)**: ਐਨ.ਐਸ.ਯੂ. ਆਈ ਜਲੰਧਰ ਦੇ ਜ਼ਿਲ੍ਹਾ ਪ੍ਰਧਾਨ ਦੀ ਨਿਯੁਕਤੀ ਸਬੰਧੀ ਦੋ ਵੱਖ-ਵੱਖ ਬਿਆਨ ਸਾਹਮਣੇ ਆਉਣ ਤੋਂ ਬਾਅਦ ਨੈਸ਼ਨਲ ਸਟੂਡੈਂਟਸ ਯੂਨੀਅਨ ਆਫ਼ ਇੰਡੀਆ (ਐਨ.ਐਸ.ਯੂ.ਆਈ) ਦੀ ਪੰਜਾਬ ਇਕਾਈ ਦੇ ਅੰਦਰ ਇੱਕ ਵਿਵਾਦ ਖੜ੍ਹਾ ਹੋ ਗਿਆ ਹੈ। 27 ਅਕਤੂਬਰ ਨੂੰ ਐਨ.ਐਸ.ਯੂ.ਆਈ ਪੰਜਾਬ ਦੇ ਪ੍ਰਧਾਨ ਈਸ਼ਰਪ੍ਰੀਤ ਸਿੰਘ ਸਿੱਧੂ ਨੇ ਇੱਕ ਪ੍ਰੈਸ ਰਿਲੀਜ਼ ਜਾਰੀ ਕਰਕੇ ਮਯਾਨ ਕੁਮਾਰ ਨੂੰ ਐਨ.ਐਸ.ਯੂ.ਆਈ ਜਲੰਧਰ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਨਿਯੁਕਤ ਕਰਨ ਦਾ ਐਲਾਨ ਕੀਤਾ। ਦੋ ਦਿਨਾਂ ਦੇ ਅੰਦਰ ਨਵੀਂ ਦਿੱਲੀ ਵਿੱਚ ਐਨ.ਐਸ.ਯੂ.ਆਈ ਦੇ ਰਾਸ਼ਟਰੀ ਮੁੱਖ ਦਫ਼ਤਰ ਤੋਂ 29 ਅਕਤੂਬਰ, 2025 ਨੂੰ ਇੱਕ ਸਪੱਸ਼ਟੀਕਰਨ ਜਾਰੀ ਕੀਤਾ ਗਿਆ। ਇਸ ਵਿੱਚ, ਐਨ.ਐਸ.ਯੂ.ਆਈ ਦੇ ਰਾਸ਼ਟਰੀ ਸਕੱਤਰ ਅਤੇ ਪੰਜਾਬ ਦੇ ਇੰਚਾਰਜ ਮੁਨੀਸ਼ਵਰ ਸ਼ਰਮਾ ਨੇ ਉਕਤ ਨਿਯੁਕਤੀ ਨੂੰ ਅਗਲੇ ਹੁਕਮਾਂ ਤੱਕ ਰੱਦ ਘੋਸ਼ਿਤ ਕੀਤਾ ਹੈ। ਸ਼ਰਮਾ ਦੁਆਰਾ ਜਾਰੀ ਕੀਤੇ ਬਿਆਨ ਅਨੁਸਾਰ, ਇਹ ਨਿਯੁਕਤੀ ਐਨ.ਐਸ.ਯੂ.ਆਈ ਦੇ ਰਾਸ਼ਟਰੀ ਪ੍ਰਧਾਨ ਸ਼੍ਰੀ ਵਰੁਣ ਚੌਧਰੀ ਅਤੇ ਸੂਬਾ ਇੰਚਾਰਜ ਦੀ ਜਾਣਕਾਰੀ ਜਾਂ ਪ੍ਰਵਾਨਗੀ ਤੋਂ ਬਿਨਾਂ ਕੀਤੀ ਗਈ ਸੀ।

# ਪ੍ਰਾਇਮਰੀ ਹੈੱਲਥ ਸੈਂਟਰ ਮਹਿਤਪੁਰ ਵੱਲੋਂ 7 ਦਿਨਾ ਸਿਹਤ ਜਾਂਚ ਕੈਂਪ

**ਮਹਿਤਪੁਰ (ਰਾਜਾ)**- ਸਿਵਲ ਸਰਜਨ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਹੇਸ਼ ਪ੍ਰਭਾਕਰ ਦੀ ਰਹਿਨੁਮਾਈ ਹੇਠ ਪ੍ਰਾਇਮਰੀ ਹੈਲਥ ਸੈਂਟਰ ਮਹਿਤਪੁਰ ਵੱਲੋਂ ਪੂਰੇ ਬਲਾਕ ਵਿੱਚ ਐਂਟੀ-ਡੇਂਗੂ ਸਰਵੇਲੈਂਸ ਅਭਿਆਨ ਤਹਿਤ 7 ਦਿਨਾਂ (ਇੱਕ ਹਫ਼ਤੇ) ਦਾ ਸਿਹਤ ਜਾਂਚ ਕੈਂਪ ਆਯੋਜਿਤ ਕੀਤਾ ਗਿਆ। ਇਸ ਮੁਹਿੰਮ ਹੇਠ



ਪਿੰਡਾਂ ਦੇ ਲੋਕਾਂ ਦੇ ਖੂਨ ਦੇ ਨਮੂਨੇ ਲੈ ਕੇ ਡੇਂਗੂ ਤੇ ਮਲੇਰੀਆ ਦੀ ਜਾਂਚ ਕੀਤੀ ਜਾ ਰਹੀ ਹੈ।ਇਸ ਮੈਡੀਕਲ ਕੈਂਪ ਵਿੱਚ ਡਾ. ਮਨਮੀਤ, ਡਾ. ਮਨਿੰਦਰ, ਲੈਬ ਟੈਕਨੀਸ਼ਨ ਹਰਪਾਲ ਸਿੰਘ, ਸਿਹਤ ਕਰਮਚਾਰੀ ਵਰਿੰਦਰ ਅਤੇ ਰੁਪਿੰਦਰ ਸਿੰਘ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ।

# ਵਿਦਿਆਰਥੀਆਂ ਨੇ ਸੋਨਾਲੀਕਾ ਇੰਡਸਟਰੀਜ਼ ਦਾ ਉਦਯੋਗਿਕ ਦੌਰਾ ਕੀਤਾ



**ਮਾਹਿਲਪੁਰ (ਸ਼ਫ਼ਰੀ)**- ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪੋਸਟ ਗ੍ਰੈਜੂਏਟ ਕਾਮਰਸ ਵਿਭਾਗ ਦੇ ਅਧਿਆਪਕਾਂ ਦੀ ਅਗਵਾਈ ਹੇਠ ਵਿਭਾਗ ਦੇ ਐਮ ਕਾਮ ਅਤੇ ਬੀ ਬੀ ਏ ਦੇ ਵਿਦਿਆਰਥੀਆਂ ਨੇ ਸੋਨਾਲੀਕਾ ਇੰਡਸਟਰੀਜ ਹੁਸ਼ਿਆਰਪੁਰ ਦਾ ਵਿਸ਼ੇਸ਼ ਉਦਯੋਗਿਕ ਟੂਰ ਲਗਾਇਆ। ਇਸ ਮੌਕੇ ਵਿਦਿਆਰਥੀਆਂ ਨੇ ਸੋਨਾਲੀਕਾ ਇੰਡਸਟਰੀਜ ਯੂਨਿਟ ਦੇ ਵੱਖ ਵੱਖ ਸੈਕਸ਼ਨਾਂ ਵਿੱਚ ਉਕਤ ਉਦਯੋਗਿਕ ਇਕਾਈ ਦੀਆਂ ਕੰਮ ਕਾਰ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਹਾਸਿਲ ਕੀਤੀ। ਇਸ ਮੌਕੇ ਵਿਦਿਆਰਥੀਆਂ ਨੇ ਸੋਨਾਲੀਕਾ ਇੰਡਸਟਰੀਜ ਦੇ ਪ੍ਰਬੰਧਕੀ ਢਾਂਚੇ ਅਤੇ ਉਤਪਾਦਨ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਿਲ ਕੀਤੀ ਅਤੇ ਸਬੰਧਤ ਸਟਾਫ ਨਾਲ ਵਿਸ਼ੇਸ਼ ਸੰਵਾਦ ਰਚਾਇਆ। ਇਸ ਮੌਕੇ ਸੋਨਾਲੀਕਾ ਯੂਨਿਟ ਦੇ ਅਧਿਕਾਰੀਆਂ ਨੇ ਵਿਦਿਆਰਥੀਆਂ ਵੱਲੋਂ ਯੂਨਿਟ ਦੇ ਉਤਪਾਦਨੀ ਢਾਂਚੇ ਸਬੰਧੀ ਪੁੱਛੇ ਸਵਾਲਾਂ ਦੇ ਜਵਾਬ ਦਿੱਤੇ ਅਤੇ ਅਤੇ ਉਕਤ ਇੰਡਸਟਰੀਜ ਦੀ ਸਮੁੱਚੀ ਕਾਰਜਸ਼ੀਲਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਕਮਰਸ ਵਿਭਾਗ ਦੇ ਅਧਿਆਪਕ ਪ੍ਰੋ ਬਿਮਲਾ ਜਸਵਾਲ, ਡਾ ਰਾਕੇਸ਼ ਕੁਮਾਰ, ਪ੍ਰੋ ਅਮਰਜੋਤੀ, ਪ੍ਰੋ ਗੁਰਪ੍ਰੀਤ ਕੌਰ, ਪ੍ਰੋ ਅੰਜਲੀ ਸਮੇਤ ਐਮ ਕਾਮ ਅਤੇ ਬੀ ਬੀ ਏ ਦੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਵਿਦਿਆਰਥੀਆਂ ਦੇ ਮਾਸ ਕਾਊਂਸਲਿੰਗ ਪ੍ਰੋਗਰਾਮ ਦੀ ਸ਼ੁਰੂਆਤ ਸੰਬੰਧੀ ਮੀਟਿੰਗ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹਾ ਬਿਊਰੋ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਲੋਂ ਜ਼ਿਲ੍ਹਾ ਸਿੱਖਿਆ ਅਫਸਰ ਦੇ ਸਹਿਯੋਗ ਨਾਲ ਜਲਦ ਹੀ ਜ਼ਿਲ੍ਹਾ ਮੋਹਾਲੀ ਦੇ ਵਿੱਚ ਮਾਸ ਕਾਊਸਲਿੰਗ ਪ੍ਰੋਗਰਾਮ ਸ਼ੁਰੂ ਕੀਤੇ ਜਾਣੇ ਹਨ।ਡਿਪਟੀ ਡਾਇਰੈਕਟਰ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ,



ਐੱਸ.ਏ.ਐੱਸ ਨਗਰ, ਹਰਪ੍ਰੀਤ ਸਿੰਘ ਮਾਨਸ਼ਾਹੀਆ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਦੀ ਅਗਵਾਈ ਹੇਠ ਮਾਸ ਕਾਊਂਸਲਿੰਗ ਦੀ ਮੀਟਿੰਗ ਜ਼ਿਲ੍ਹਾ ਰੋਜ਼ਗਾਰ ਉਤਪੱਤੀ , ਹੁਨਰ ਵਿਕਾਸ ਅਤੇ ਸਿਖਲਾਈ ਦਫਤਰ ਵਿਖੇ ਕੀਤੀ ਗਈ। ਜਿਸ ਵਿੱਚ ਮਹਾਰਾਜਾ ਰਣਜੀਤ ਸਿੰਘ ਇੰਸਟੀਚਿਊਟ/ਸੀ.ਪਾਈਟ/ ਪੋਲੀਟੈਕਨੀਕਲ ਕਾਲਜ/ਆਈ. ਟੀ. ਆਈ. ਤੇ ਵੱਖ ਵੱਖ ਸਕੂਲਾਂ ਦੇ ਨੁਮਾਇੰਦਿਆਂ ਵਲੋਂ ਭਾਗ ਲਿਆ ਗਿਆ।ਸ੍ਰੀ ਹਰਪ੍ਰੀਤ ਸਿੰਘ ਮਾਨਸ਼ਾਹੀਆਂ,ਡਿਪਟੀ ਡਾਇਰੈਕਟਰ ਜ਼ਿਲ੍ਹਾ ਰੋਜ਼ਗਾਰ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਦਿਸ਼ਾ ਨਿਰਦੇਸ਼ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਐਸ.ਏ.ਐਸ ਨਗਰ ਦੇ ਜ਼ਿਲ੍ਹਾ ਬਿਊਰੋ ਰੋਜ਼ਗਾਰ ਜਨਰੇਸ਼ਨ, ਸਕਿੱਲ ਡਿਵੈਲਪਮੈਂਟ ਅਤੇ ਟ੍ਰੇਨਿੰਗ ਦੇ ਸਹਿਯੋਗ ਨਾਲ ਸਿੱਖਿਆ ਵਿਭਾਗ ਦੇ ਸਕੂਲਾਂ ਵਿੱਚ ਨੌਂਵੀ ਤੋਂ ਬਾਰ੍ਹਵੀਂ ਜਮਾਤਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਮਾਸ ਕਾਊਂਸਲਿੰਗ ਪ੍ਰੋਗਰਾਮ ਤਹਿਤ ਪੜ੍ਹਾਈ ਲਈ ਭਵਿੱਖ ਵਿੱਚ ਵੱਖ ਵੱਖ ਸਟਰੀਮਾਂ ਦੀ ਚੋਣ ਅਤੇ ਉਨ੍ਹਾਂ ਸਬੰਧੀ ਨੌਕਰੀਆਂ ਅਤੇ ਕਿੱਤਿਆਂ ਤੇ ਵਿਸ਼ੇਸ਼ ਤੌਰ 'ਤੇ ਆਰਮਡ ਫੋਰਸਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ ।

# ਡਿਪਟੀ ਕਮਿਸ਼ਨਰ ਵੱਲੋਂ ਸੁਲਤਾਨਪੁਰ ਲੋਧੀ ਵਿਖੇ ਪ੍ਰਕਾਸ਼ ਪੁਰਬ ਸੰਬੰਧੀ ਤਿਆਰੀਆਂ ਦਾ ਜਾਇਜ਼ਾ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਵੱਲੋਂ ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕੀਤੇ ਜਾਣ ਵਾਲੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਐਸ ਡੀ ਐਮ ਅਲਕਾ



ਕਾਲੀਆ, ਲੋਕ ਨਿਰਮਾਣ ਵਿਭਾਗ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਨੇੜੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਚੱਲ ਰਹੇ ਕੰਮਾਂ ਨੂੰ ਤੁਰੰਤ ਮੁਕੰਮਲ ਕਰਨ ਤਾਂ ਜੋ ਸੰਗਤ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਸ੍ਰੀ ਪੰਚਾਲ ਨੇ ਐਸ ਡੀ ਐਮ ਸੁਲਤਾਨਪੁਰ ਲੋਧੀ ਅਲਕਾ ਕਾਲੀਆ ਨੂੰ ਨਿਰਦੇਸ਼ ਦਿੱਤੇ ਕਿ ਉਹ ਪ੍ਰਕਾਸ਼ ਪੁਰਬ ਦੀਆਂ ਤਿਆਰੀਆਂ ਲਈ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਤਾਂ ਜੋ ਸੰਗਤ ਦੀ ਸਹੂਲਤ ਲਈ ਕਰਵਾਏ ਜਾ ਰਹੇ ਕੰਮਾਂ ਨੂੰ ਜਲਦ ਪੂਰਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪੁਲਿਸ ਦੇ ਅਧਿਕਾਰੀ ਸੰਗਤ ਲਈ ਆਵਾਜਾਈ ਤੇ ਪਾਰਕਿੰਗ ਦੇ ਢੁਕਵੇਂ ਪ੍ਰਬੰਧ ਕਰਨ। ਉਨ੍ਹਾਂ ਕਿਹਾ ਕਿ ਲੋੜ ਅਨੁਸਾਰ ਕਪੂਰਥਲਾ - ਸੁਲਤਾਨਪੁਰ ਲੋਧੀ ਵਾਇਆ ਫੱਤੂਢੀਂਗਾ, ਕਪੂਰਥਲਾ-ਸੁਲਤਾਨਪੁਰ ਲੋਧੀ ਵਾਇਆ ਰੇਲ ਕੋਚ ਫੈਕਟਰੀ, ਲੋਹੀਆਂ-ਸੁਲਤਾਨਪੁਰ ਲੋਧੀ ਸੜਕ ਉੱਪਰ ਪਾਰਕਿੰਗਾਂ ਬਣਾਈਆਂ ਜਾਣ।4 ਨਵੰਬਰ ਨੂੰ ਗੁਰਦੁਆਰਾ ਸ੍ਰੀ ਸੰਤ ਘਾਟ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੱਕ ਸਜਾਏ ਜਾਣ ਵਾਲੇ ਨਗਰ ਕੀਰਤਨ ਲਈ ਉਨ੍ਹਾਂ ਰਸਤੇ ਦੀ ਸਾਫ ਸਫਾਈ , ਬਿਜਲੀ ਦੀਆਂ ਤਾਰਾਂ ਨੂੰ ਉੱਚਾ ਕਰਨ ਆਦਿ ਬਾਰੇ ਵੀ ਸਬੰਧਿਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਦੇ ਨਿਰਦੇਸ਼ ਦਿੱਤੇ ।

# ਝੋਨੇ ਦੀ ਲਿਫਟਿੰਗ ਦਾ 80 ਫੀਸਦੀ ਕੰਮ ਮੁਕੰਮਲ : ਐੱਸ ਡੀ ਐੱਮ



**ਫਗਵਾੜਾ (ਡਾ. ਰਮਨ)**- ਫਗਵਾੜਾ ਦੀਆਂ ਮੰਡੀਆਂ 'ਚ ਝੋਨੇ ਦੀ ਚਲ ਰਹੀ ਖਰੀਦ ਸਬੰਧੀ ਸਮੀਖਿਆ ਲਈ ਉਪ ਮੰਡਲ ਮੈਜਿਸਟਰੇਟ ਜਸ਼ਨਜੀਤ ਸਿੰਘ ਨੇ ਆਪਣੇ ਦਫਤਰ ਵਿੱਚ ਇਕ ਮੀਟਿੰਗ ਕੀਤੀ ਜਿਸ ਵਿੱਚ ਤਹਿਸੀਲਦਾਰ ਫਗਵਾੜਾ ਤੋਂ ਇਲਾਵਾ ਖੁਰਾਕ ਤੇ ਸਪਲਾਈ ਅਫਸਰ, ਸਕੱਤਰ ਮਾਰਕਿਟ ਕਮੇਟੀ ਫਗਵਾੜਾ, ਖੇਤਬਾੜੀ ਅਫਸਰ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਖਰੀਦ ਸਬੰਧੀ ਜਾਇਜ਼ਾ ਲੈਣ ਉਪਰੰਤ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਐੱਸ ਡੀ ਐੱਮ ਜਸ਼ਨਜੀਤ ਸਿੰਘ ਨੇ ਦੱਸਿਆ ਕਿ ਫਗਵਾੜਾ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ ਹੋ ਰਹੀ ਹੈ ਅਤੇ ਖਰੀਦੇ ਗਏ ਝੋਨੇ ਦੀ 80 ਫੀਸਦੀ ਲਿਫਟਿੰਗ ਹੋ ਚੁੱਕੀ ਹੈ। ਬਾਰਦਾਨੇ ਦੀ ਕੋਈ ਕਮੀ ਨਹੀਂ ਹੈ ਤੇ ਫਸਲ ਦੀ ਖਰੀਦ ਲਈ ਲੋੜੀਂਦੇ ਸਾਰੇ ਪ੍ਰਬੰਧ ਕੀਤੇ ਗਏ ਹਨ। ਉਹਨਾਂ ਦੱਸਿਆ ਕਿ ਕਿਸਾਨਾਂ ਨੂੰ ਸਮੇਂ ਸਿਰ ਅਦਾਇਗੀ ਯਕੀਨੀ ਬਣਾਈ ਗਈ ਹੈ। ਮੀਟਿੰਗ ਦੌਰਾਨ ਹਾਜ਼ਰ ਰਹੇ ਅਧਿਕਾਰੀਆਂ ਨੇ ਭਰੋਸਾ ਦਿੱਤਾ ਹੈ ਕਿ ਝੋਨੇ ਦੀ ਖਰੀਦ ਅਤੇ ਲਿਫਟਿੰਗ ਆਦਿ ਨੂੰ ਲੈ ਕੇ ਕਿਸਾਨਾਂ ਤੇ ਆੜ੍ਹਤੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

# ਨਗਰ ਕੀਰਤਨ ਭਲਕੇ

**ਫਿਲੌਰ (ਨਿਰਮਲ)**- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੂਰਵ ਦੇ ਪਵਿੱਤਰ ਦਿਹਾੜੇ ਸਬੰਧ ਫਿਲੌਰ ਦੀਆਂ ਸੰਗਤਾਂ ਵੱਲੋਂ ਵਿਸ਼ਾਲ ਨਗਰ ਕੀਰਤਨ 1 ਨਵੰਬਰ ਨੂੰ ਸਵੇਰੇ 9 ਵਜੇ ਗੁਰਦੁਆਰਾ ਸ੍ਰੀ ਤਖਤਗੜ੍ਹ ਸਾਹਿਬ ਫਿਲੌਰ ਤੋਂ ਆਰੰਭ ਹੋਵੇਗਾ ਜੋ ਪਿੰਡ ਗੜ੍ਹਾ, ਬੁਰਜ ਪੁਖਤਾ, ਗੁਲਾਬ ਵਾਲਾ, ਤੇਹਿੰਗ, ਬਛੋਵਾਲ, ਸੈਫਾਬਾਦ, ਪੁਲਸ ਕਲੋਨੀ, ਗੁਰਦੁਆਰਾ ਬਾਉਲੀ ਸਾਹਿਬ, ਰਵਿਦਾਸਪੁਰਾ, ਨੰਗਲ,ਰਾਮਗੜ੍ਹ ਦੀ ਪਰਿਕਰਮਾ ਕਰਦਾ ਹੋਇਆ ਫਿਲੌਰ ਸ਼ਹਿਰ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਤਖਤਗੜ੍ਹ ਸਾਹਿਬ ਵਿਖੇ ਸਮਾਪਤ ਹੋਵੇਗਾ ।



# ਖ਼ੂਨਦਾਨ ਕੈਂਪ 2 ਨੂੰ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸਵ: ਕਾਮਰੇਡ ਐਚ.ਐਲ. ਪਰਵਾਨਾ ਦੇ ਜਨਮ ਦਿਨ ਸਬੰਧੀ ਪਿੰਡ ਬੱਡਲਾ ਦੇ ਜਿੰਮ 'ਚ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਵਲੋਂ ਵਿਸ਼ਾਲ ਖ਼ੂਨਦਾਨ ਕੈਂਪ 2 ਨਵੰਬਰ ਦਿਨ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰੋਸ਼ਨ ਲਾਲ ਤੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਮੌਕੇ ਹਲਕਾ ਵਿਧਾਇਕ ਚੱਬੇਵਾਲ ਡਾ: ਇਸ਼ਾਂਕ ਕੁਮਾਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

# ਆਰ ਟੀ ਓ ਦਫਤਰ ਦੀਆਂ ਸੇਵਾਵਾਂ ਹੁਣ ਮਿਲਣਗੀਆਂ ਘਰ ਬੈਠੇ : ਜਲਾਲਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਨੇ ਆਰ ਟੀ ਓ ਦਫਤਰ ਦੀਆਂ ਸਾਰੀਆਂ ਸੇਵਾਵਾਂ ਘਰ ਬੈਠੇ ਦੇਣੀਆਂ ਸ਼ੁਰੂ ਕਰ ਦਿੱਤੀਆਂ ਹਨ। ਇਸੇ ਕੜੀ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਅਰਵਿੰਦ ਕੇਜਰੀਵਾਲ ਨੇ ਇਸ ਦਾ ਰਸਮੀ ਉਦਘਾਟਨ ਕੱਲ ਲੁਧਿਆਣਾ ਵਿਖੇ ਕੀਤਾ। ਉਹਨਾਂ ਨੇ ਲੁਧਿਆਣਾ ਦੇ ਆਰ ਟੀ ਓ ਦਫਤਰ ਨੂੰ ਤਾਲਾ ਲਗਾ ਕੇ ਇਸ ਦੀ ਸ਼ੁਰੂਆਤ ਕੀਤੀ ਅਤੇ ਕਿਹਾ ਕਿ ਹੁਣ 56 ਤਰ੍ਹਾਂ ਦੀਆਂ ਸੇਵਾਵਾਂ ਲਈ ਦਫਤਰ ਆਉਣ ਦੀ ਲੋੜ ਨਹੀਂ ਪਵੇਗੀ। ਇਸ ਨਾਲ ਨਾ ਸਿਰਫ ਆਮ ਲੋਕਾਂ ਦੀ ਖੱਜਲ ਖੁਆਰੀ ਬਚੇਗੀ ਬਲਕਿ ਇਸ ਨਾਲ ਰਿਸ਼ਵਤ ਤੇ ਵੀ ਪੂਰੀ ਤਰ੍ਹਾਂ ਲਗਾਮ ਲੱਗੇਗੀ। ਇਹ ਸੇਵਾਵਾਂ ਹੁਣ ਜ਼ਿਲ੍ਹੇ ਦੇ ਸੁਵਿਧਾ ਕੇਂਦਰ



ਜਾ ਆਨਲਾਈਨ ਅਤੇ 1076 ਨੰਬਰ ਡਾਇਲ ਕਰਕੇ ਵੀ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਸਿਰਫ ਡਰਾਈਵਿੰਗ ਲਾਈਸੈਂਸ ਦੀ ਫੋਟੋ ਕਰਵਾਉਣ ਜਾਂ ਆਰ ਸੀ ਰਿਨਿਊ ਕਰਾਉਣ ਦੇ ਲਈ ਹੀ ਲੋਕਾਂ ਨੂੰ ਦਫਤਰ ਵਿਖੇ ਆਣਾ ਪਵੇਗਾ। ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਲੋਕਾਂ ਦੇ ਵਿੱਚ ਬਹੁਤ ਜਿਆਦਾ ਖੁਸ਼ੀ ਪਾਈ ਜਾ ਰਹੀ ਹੈ। ਸਤਨਾਮ ਜਲਾਲਪੁਰ ਨੇ ਭਗਵੰਤ ਸਿੰਘ ਮਾਨ ਦਾ ਇਸ ਲਈ ਸ਼ੁਕਰੀਆ ਅਦਾ ਕੀਤਾ।

# ਮੋਦੀ ਦੀ ਅਗਵਾਈ ਹੇਠ ਭਾਰਤ ਬਣ ਰਿਹਾ ਵੱਡੀ ਆਰਥਕ ਸ਼ਕਤੀ : ਮੁੱਖ ਮੰਤਰੀ

**ਚੰਡੀਗੜ੍ਹ** - ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਿਸ ਤੇਜੀ ਨਾਲ ਅੱਜ ਭਾਰਤ ਪ੍ਰਗਤੀ ਦੇ ਮਾਰਗ 'ਤੇ ਵੱਧ ਰਿਹਾ ਹੈ, ਉਸ ਦੇ ਪਿੱਛੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਦੂਰਦਰਸ਼ੀ ਅਗਵਾਈ ਅਤੇ ਕੇਂਦਰ ਸਰਕਾਰ ਦੀ ਕ੍ਰਾਂਤੀਕਾਰੀ ਨੀਤੀਆਂ ਪ੍ਰਮੁੱਖ ਭੂਮਿਕਾ ਨਿਭਾ ਰਹੀਆਂ ਹਨ। ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਦੇਸ਼ ਨੇ ਇੱਕ ਰਾਸ਼ਟਰ, ਇੱਕ ਟੈਕਸ ਦੀ ਅਵਧਾਰਣਾ ਨੂੰ ਸਾਕਾਰ ਕਰਦੇ ਹੋਏ ਜੀ ਐਸ ਟੀ ਲਾਗੂ ਕੀਤਾ, ਜਿਸ ਨਾਲ ਪੂਰਾ ਭਾਰਤ ਇੱਕ ਏਕੀਕ੍ਰਿਤ ਬਾਜਾਰ ਵਿੱਚ ਬਦਲ ਗਿਆ ਹੈ। ਜੀ ਐਸ ਟੀ ਸੁਧਾਰਾਂ ਨਾਲ ਨਾ ਸਿਰਫ ਅਰਥਵਿਵਸਥਾ ਨੂੰ ਨਵੀਂ ਗਤੀ ਮਿਲੀ ਹੈ, ਸਗੋਂ ਸੂਬਿਆਂ ਦੇ ਵਿੱਚ ਵਪਾਰ ਆਸਾਨ ਹੋਇਆ ਹੈ। ਮੁੱਖ ਮੰਤਰੀ ਬੁੱਧਵਾਰ ਨੂੰ ਬਿਹਾਰ ਦੇ ਪਟਨਾ ਵਿੱਚ ਬਿਹਾਰ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਵੱਲੋਂ ਆਯੋਜਿਤ ਪ੍ਰੋਗਰਾਮ ਨੂੰ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਡਿਜੀਟਲ ਇੰਡੀਆ ਮੁਹਿੰਮ ਤਹਿਤ ਯੂ ਪੀ ਆਈ ਤੋਂ ਲੈ ਕੇ ਡੀ ਬੀ ਟੀ ਤੱਕ ਡਿਜੀਟਲ ਲੇਣ-ਦੇਣ ਦੀ ਕ੍ਰਾਂਤੀ ਨੇ ਪਾਰਦਰਸ਼ਿਤਾ ਨੂੰ ਪ੍ਰੋਤਸਾਹਨ ਦਿੱਤਾ ਹੈ ਅਤੇ ਭ੍ਰਿਸ਼ਟਾਚਾਰ 'ਤੇ ਰੋਕ ਲਗਾਈ ਹੈ। ਉਨ੍ਹਾਂ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ, ਸੜਕ, ਰੇਲ, ਏਅਰਪੋਰਟ ਅਤੇ ਬੰਦਰਗਾਹਾਂ ਦੇ ਨਿਰਮਾਣ ਵਿੱਚ ਵਿਲੱਖਣ ਨਿਵੇਸ਼ ਹੋਇਆ ਹੈ। ਇਹ ਬਿਹਤਰੀਨ ਕਨੈਕਟੀਵਿਟੀ, ਉਦਯੋਗਪਤੀਆਂ ਲਈ ਵਪਾਰ ਅਤੇ ਲਾਜਿਸਟਿਕਸ ਦੀ ਲਾਗਤ ਨੂੰ ਘੱਟ ਕਰ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਸਾਨੂੰ ਵਿਕਸਿਤ ਭਾਰਤ-2047 ਦਾ ਟੀਚਾ ਦਿੱਤਾ ਹੈ। ਇਸ ਟੀਚੇ ਦੀ ਪ੍ਰਾਪਤੀ ਲਈ ਸਾਨੂੰ ਆਪਣੇ ਸੂਬਿਆਂ ਨੂੰ ਵਿਕਸਿਤ ਕਰਨਾ ਹੋਵੇਗਾ। ਹਰਿਆਣਾ ਅਤੇ ਬਿਹਾਰ ਨੂੰ ਮਿਲ ਕੇ ਦੇਸ਼ ਦੀ ਪ੍ਰਗਤੀ ਦੀ ਗਤੀ ਨੂੰ ਤੇਜ ਕਰਨਾ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਅੱਜ ਇੱਥੇ ਆ ਕੇ ਉਨ੍ਹਾਂ ਨੂੰ ਬਿਹਾਰ ਦੀ ਮਿੱਟੀ ਦੀ ਖੁਸ਼ਬੂ ਅਤੇ ਹਰਿਆਣਾ ਦੀ ਉਦਮਸ਼ੀਲਤਾ ਦੀ ਭਾਵਨਾ ਦਾ ਇੱਕ ਵਿਲੱਖਣ ਸੰਗਮ ਦੇਖਣ ਨੂੰ ਮਿਲ ਰਿਹਾ ਹੈ।

# ਚੌਕਸੀ ਜਾਗਰੂਕਤਾ ਹਫਤੇ ਤਹਿਤ ਸੈਮੀਨਾਰ

**ਮਾਹਿਲਪੁਰ (ਸ਼ਫ਼ਰੀ)**- ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਦੇਸ਼ ਦੇ ਲੋਹ ਪੁਰਸ਼ ਆਜ਼ਾਦੀ ਸੰਗਰਾਮੀਏ ਵੱਲਭ ਭਾਈ ਪਟੇਲ ਦੇ ਜਨਮ ਦਿਵਸ ਨੂੰ ਸਮਰਪਿਤ ਚੌਕਸੀ ਜਾਗਰੂਕਤਾ ਹਫਤੇ ਤਹਿਤ ਸਥਾਨਕ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਇੱਕ ਸੈਮੀਨਾਰ ਦਾ ਆਯੋਜਨ ਕੀਤਾ




ਗਿਆ। ਇਸ ਮੌਕੇ ਐਸ ਐਸ ਪੀ ਹਰਪ੍ਰੀਤ ਸਿੰਘ ਮੰਡੇਰ ਵਿਜੀਲੈਂਸ ਬਿਊਰੋ ਜਲੰਧਰ ਰੇਂਜ, ਐਸ ਪੀ ਮੇਜਰ ਸਿੰਘ ਪੰਜਾਬ ਬਿਊਰੋ ਇਨਵੈਸਟੀਗੇਸ਼ਨ, ਐਸ ਡੀ ਐਮ ਸੰਜੀਵ ਕੁਮਾਰ ਅਤੇ ਡੀ ਐਸ ਪੀ ਮਨਦੀਪ ਸਿੰਘ ਸੇਖੋਂ ਵਿਜੀਲੈਂਸ ਬਿਊਰੋ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਅਜਿਹੇ ਸਮਾਰੋਹਾਂ ਦਾ ਹਿੱਸਾ ਬਣ ਕੇ ਵੱਧ ਤੋਂ ਵੱਧ ਗਿਆਨਵਾਨ ਹੋਣ ਦੀ ਪ੍ਰੇਰਨਾ ਦਿੱਤੀ ਐਸ ਐਸ ਪੀ ਹਰਪ੍ਰੀਤ ਸਿੰਘ ਮੰਡੇਰ ਨੇ ਵਿਜੀਲੈਂਸ ਬਿਊਰੋ ਦੇ ਕੰਮਕਾਰ ਦੇ ਢੰਗ, ਭ੍ਰਿਸ਼ਟਾਚਾਰ ਵਿਰੋਧੀ ਕਾਰਵਾਈਆਂ ਸੰਬੰਧੀ ਕਾਰਜਸ਼ੀਲ ਐਕਟਾਂ ਦੀ ਜਾਣਕਾਰੀ ਦਿੱਤੀ। ਇਸ ਮੌਕੇ ਐਸ ਪੀ ਮੇਜਰ ਸਿੰਘ ਨੇ ਰਿਸ਼ਵਤ ਖੋਰੀ ਨੂੰ ਸਮਾਜ ਲਈ ਵੱਡਾ ਸਰਾਪ ਦੱਸਿਆ। ਉਨ੍ਹਾਂ ਕਿਹਾ ਕਿ ਬਿਊਰੋ ਵੱਲੋਂ 2 ਨਵੰਬਰ ਤੱਕ ਮਨਾਏ ਜਾ ਰਹੇ ਇਸ ਜਾਗਰੂਕਤਾ ਹਫਤੇ ਦਾ ਮੁੱਖ ਉਦੇਸ਼ ਸਮਾਜਿਕ ਚੇਤਨਾ ਪੈਦਾ ਕਰਨਾ ਹੈ । ਐਸ ਡੀ ਐਮ ਸੰਜੀਵ ਕੁਮਾਰ ਨੇ ਵਿਦਿਆਰਥੀਆਂ ਨੂੰ ਚੰਗੇ ਸਮਾਜ ਦੀ ਉਸਾਰੀ ਦਾ ਸੱਦਾ ਦਿੱਤਾ ਅਤੇ ਭ੍ਰਿਸ਼ਟਾਚਾਰ ਵਿਰੁੱਧ ਹਰ ਤਰ੍ਹਾਂ ਦੇ ਸਹਿਯੋਗ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡੀ ਐਸ ਪੀ ਮਨਦੀਪ ਸਿੰਘ ਸੇਖੋਂ ਦੀ ਅਗਵਾਈ ਹੇਠ ਹੋਏ ਸਹੁੰ ਚੁੱਕ ਸਮਾਰੋਹ ਵਿੱਚ ਵਿਦਿਆਰਥੀਆਂ ਨੇ ਜ਼ਿੰਦਗੀ ਵਿੱਚ ਕਦੇ ਵੀ ਰਿਸ਼ਵਤ ਨਾ ਲੈਣ ਅਤੇ ਨਾ ਹੀ ਰਿਸ਼ਵਤ ਦੇ ਕੇ ਕੰਮ ਕਰਵਾਉਣ ਦਾ ਸੰਕਲਪ ਲਿਆ। ਇਸ ਮੌਕੇ ਮੈਡਮ ਸਾਕਸ਼ੀ ਸ਼ਰਮਾ ਇੰਸਪੈਕਟਰ ਵਿਜੀਲੈਂਸ ਬਿਊਰੋ ਨੇ ਵਿਜੀਲੈਂਸ ਬਿਊਰੋ ਦੇ ਉਦੇਸ਼ ਅਤੇ ਕਾਰਵਾਈ ਬਾਰੇ ਵਿਦਿਆਰਥੀ ਨਾਲ ਜਾਣਕਾਰੀ ਸਾਂਝੀ ਕੀਤੀ। ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਸਕੱਤਰ ਪ੍ਰੋਫੈਸਰ ਅਪਿੰਦਰ ਸਿੰਘ ਦੀ ਅਗਵਾਈ ਹੇਠ ਹੋਏ ਸਨਮਾਨ ਸਮਰੋਹ ਮੌਕੇ ਬੁਲਾਰਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

# 33 ਵਾਂ ਕੁਸ਼ਤੀ ਦੰਗਲ 5 ਨੂੰ


**ਐੱਸ ਏ.ਐੱਸ. ਨਗਰ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਹਰ ਸਾਲ ਦੀ ਤਰ੍ਹਾਂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਮੌਕੇ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦੀ ਪ੍ਰੇਰਨਾ ਸਦਕਾ ਮਿਤੀ 5 ਨਵੰਬਰ ਨੂੰ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ 33 ਵਾਂ ਯਾਦਗਾਰੀ ਕੁਸ਼ਤੀ ਦੰਗਲ ਦਾ ਆਯੋਜਨ ਕੀਤਾ ਜਾ ਰਿਹਾ ਹੈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਅਤੇ ਸਤਵਿੰਦਰ ਸਿੰਘ ਸੋਢੀ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਦੇ ਦਿਹਾੜੇ ਤੇ ਕੁਸ਼ਤੀ ਦੰਗਲ ਦੁਪਹਿਰ 1 ਵਜੇ ਅਰੰਭ ਹੋਵੇਗਾ। ਉਨ੍ਹਾਂ ਦੱਸਿਆ ਇਸ ਕੁਸ਼ਤੀ ਦੰਗਲ ਵਿੱਚ ਪਹਿਲੀ ਝੰਡੀ ਦੀ ਕੁਸ਼ਤੀ ਮਿਰਜਾ ਈਰਾਨ ਅਤੇ ਭੁਪਿੰਦਰ ਅਜਨਾਲਾ ਵਿਚਕਾਰ, ਦੂਜੀ ਝੰਡੀ ਦੀ ਕੁਸ਼ਤੀ ਤਾਲਬ ਬਾਬਾ ਫਲਾਈ ਅਤੇ ਜਲਾਲ ਈਰਾਨ ਵਿਚਕਾਰ, ਤੀਜੀ ਝੰਡੀ ਦੀ ਕੁਸ਼ਤੀ ਜੋਂਟੀ ਗੁੱਜਰ ਦਿੱਲੀ ਅਤੇ ਅਸੀਸ ਮਾਮੂਪੁਰ ਵਿਚਕਾਰ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਇਸ ਕੁਸ਼ਤੀ ਦੰਗਲ ਵਿੱਚ ਦੇਸ਼ ਵਿਦੇਸ਼ ਦੇ ਉੱਘੇ ਅਤੇ ਨਾਮੀ ਪਹਿਲਵਾਨ ਆਪਣੀ ਕੁਸ਼ਤੀ ਦੇ ਜੌਹਰ ਵਿਖਾਉਣਗੇ। ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ 33ਵਾਂ ਯਾਦਗਾਰੀ ਕੁਸ਼ਤੀ ਦੰਗਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਸੈਕਟਰ 79 ਦੇ ਅਮੈਟੀ ਸਕੂਲ ਦੇ ਨੇੜੇ ਕਰਵਾਇਆ ਜਾ ਰਿਹਾ ਹੈ।

# ਜ਼ਿਮਨੀ ਚੋਣ 'ਚ ਹਰਮੀਤ ਸੰਧੂ ਹੀ ਸਰਵ-ਪ੍ਰਵਾਨਿਤ ਨੇਤਾ : ਪ੍ਰਦੀਪ ਦੁੱਗਲ



**ਗੁਰਾਇਆ (ਬਿੰਦਰ ਸੁੰਮਨ)**- ਤਰਨ ਤਾਰਨ ਹਲਕੇ ਦੀ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਵਲੋਂ ਚਲਾਈ ਜਾ ਰਹੀ ਡੋਰ ਟੂ ਡੋਰ ਮੁਹਿੰਮ ਦੌਰਾਨ ਪਾਰਟੀ ਦੇ ਜ਼ਿਲ੍ਹਾ ਜਲੰਧਰ ਦੇ ਦਿਹਾਤੀ ਪ੍ਰਧਾਨ ਪ੍ਰਦੀਪ ਦੁੱਗਲ ਨੇ ਕਿਹਾ ਕਿ ਤਰਨ ਤਾਰਨ ਦੇ ਲੋਕ ਹਰਮੀਤ ਸੰਧੂ ਨੂੰ ਆਪਣੇ ਵਿਧਾਇਕ ਵਜੋਂ ਦੇਖਣਾ ਚਾਹੁੰਦੇ ਹਨ। ਉਨ੍ਹਾਂ ਨੇ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਵਲੋਂ ਚਲਾਈਆਂ ਜਾ ਰਹੀਆ ਲੋਕ ਭਲਾਈ ਯੋਜਨਾਵਾਂ ਨੇ ਲੋਕਾਂ ਦੇ ਜੀਵਨ ਨੂੰ ਬਦਲ ਦਿੱਤਾ ਹੈ ਤੇ ਹੁਣ ਤਰਨ ਤਾਰਨ ਦੇ ਨਾਗਰਿਕ ਵੀ ਹਰਮੀਤ ਸੰਧੂ ਵਰਗੇ ਸਮਰਪਿਤ ਅਤੇ ਇਮਾਨਦਾਰ ਨੇਤਾ ਨੂੰ ਚੁਣ ਕੇ ਆਪ ਨੂੰ ਹੋਰ ਮਜਬੂਤ ਕਰਨਾ ਚਾਹੁੰਦੇ ਹਨ । ਇਸ ਮੌਕੇ ਤੇ ਕਰਤਾਰ ਪੁਰ ਹਲਕੇ ਦੇ ਵਿਧਾਇਕ ਬਲਕਾਰ ਸਿੰਘ ਤੇ ਸ਼ਾਹਕੋਟ ਹਲਕੇ ਇੰਚਾਰਜ ਪਰਮਿੰਦਰ ਸਿੰਘ ਪੰਡੋਰੀ ਵੀ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵਿਸ਼ਵਾਸ ਦੀ ਰਾਜਨੀਤੀ ਸਥਾਪਿਤ ਕੀਤੀ ਹੈ ਅਤੇ ਤਰਨ ਤਾਰਨ ਦੇ ਨਾਗਰਿਕ ਵੀ ਇਸੇ ਤਰ੍ਹਾਂ ਪਾਰਟੀ ਨੂੰ ਜਿੱਤ ਨਾਲ ਨਿਵਾਜਣਗੇ।

# ਵਿਲੇਜ਼ ਡਿਫੈਂਸ ਕਮੇਟੀਆਂ ਨੂੰ ਦਿੱਤੀ ਜਾਵੇਗੀ ਵਿਸ਼ੇਸ਼ ਟ੍ਰੇਨਿੰਗ : ਚੱਬੇਵਾਲ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਨੂੰ ਦੁਬਾਰਾ 'ਰੰਗਲਾ ਪੰਜਾਬ' ਬਣਾਉਣ ਲਈ ਠੋਸ ਕਦਮ ਚੁੱਕ ਰਹੀ ਹੈ। ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ ' ਮੁਹਿੰਮ ਦੇ ਤਹਿਤ ਨਸ਼ਾ ਮੁਕਤੀ ਮੋਰਚਾ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿੱਚ ਲੋਕਾਂ ਨੂੰ ਇੱਕਜੁੱਟ ਕਰ ਰਿਹਾ ਹੈ, ਤਾਂ ਜੋ ਸਮਾਜ ਵਿੱਚੋਂ ਇਸ ਬੁਰਾਈ ਨੂੰ ਪੂਰੀ ਤਰ੍ਹਾਂ ਖ਼ਤਮ ਕੀਤਾ ਜਾ ਸਕੇ। ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਨਸ਼ਾ ਮੁਕਤੀ ਮੋਰਚਾ ਦੇ ਨੁਮਾਇੰਦਿਆਂ ਅਤੇ ਅਧਿਕਾਰੀਆਂ ਦੀ ਇੱਕ ਮਹੱਤਵਪੂਰਨ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਜ਼ਿਲ੍ਹੇ ਦੀਆਂ ਗ੍ਰਾਮ ਰੱਖਿਆ ਕਮੇਟੀਆਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ, ਤਾਂ ਜੋ ਉਹ ਆਪਣੇ-ਆਪਣੇ ਖੇਤਰਾਂ ਵਿੱਚ ਨਸ਼ਾਖੋਰੀ ਦੇ ਖਾਤਮੇ ਲਈ ਵਧੇਰੇ ਸਰਗਰਮ ਭੂਮਿਕਾ ਨਿਭਾ ਸਕਣ। ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਵੀ ਉਨ੍ਹਾਂ ਨਾਲ ਮੌਜੂਦ ਸਨ।ਉਨ੍ਹਾਂ ਕਿਹਾ ਕਿ ਹੁਣ ਤੱਕ ਸੂਬੇ ਵਿੱਚ 21 ਹਜ਼ਾਰ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ ਅਤੇ 34 ਹਜ਼ਾਰ ਤੋਂ ਵੱਧ ਨਸ਼ਾ ਤਸਕਰਾਂ ਨੂੰ ਸਲਾਖ਼ਾਂ ਪਿੱਛੇ ਭੇਜਿਆ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਨ੍ਹਾਂ ਮਾਮਲਿਆਂ ਵਿੱਚ 97 ਫੀਸਦੀ ਸਜ਼ਾ ਦਰ ਸਰਕਾਰ ਦੀ ਦ੍ਰਿੜਤਾ ਅਤੇ ਨਿਆਇਕ ਕਾਰਵਾਈ ਦੀ ਗੰਭੀਰਤਾ ਨੂੰ ਦਰਸਾਉਂਦੀ ਹੈ।

# ਭਾਰਤ ਪੈਟਰੋਲੀਅਮ ਨੇ ਕੈਗ ਦਿੱਲੀ ਨੂੰ 2-0 ਨਾਲ ਹਰਾ ਕੇ ਕਵਾਰਟਰ ਫਾਇਨਲ 'ਚ ਪ੍ਰਵੇਸ਼ ਕੀਤਾ

**ਜਲੰਧਰ (ਸ਼ੈਲੀ ਐਲਬਰਟ)**- ਭਾਰਤ ਪੈਟਰੋਲੀਅਮ ਮੁੰਬਈ ਨੇ ਕੈਗ ਦਿੱਲੀ ਨੂੰ 2-0 ਨਾਲ ਅਤੇ ਇੰਡੀਅਨ ਨੇਵੀ ਨੇ ਇੰਡੀਅਨ ਆਇਲ ਮੁੰਬਈ ਨੂੰ ਸਖਤ ਮੁਕਾਬਲੇ ਮਗਰੋਂ 2-1 ਦੇ ਫਰਕ ਨਾਲ ਹਰਾ ਕੇ 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਕਵਾਰਟਰ ਫਾਇਨਲ ਵਿੱਚ ਪ੍ਰਵੇਸ਼ ਕਰ ਲਿਆ। ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਚਲ ਰਹੇ ਟੂਰਨਾਮੈਂਟ ਦੇ ਛੇਵੇਂ ਦਿਨ ਲੀਗ ਦੌਰ ਦੇ ਆਖਰੀ ਦੋ ਮੈਚ ਖੇਡੇ ਗਏ।ਪਹਿਲਾ ਲੀਗ ਮੈਚ ਪੂਲ ਸੀ ਵਿੱਚ ਭਾਰਤ ਪੈਟਰੋਲੀਅਮ ਮੁੰਬਈ ਅਤੇ ਕੈਗ ਦਿੱਲੀ ਦੇ ਦਰਮਿਆਨ ਖੇਡਿਆ ਗਿਆ। ਭਾਰਤ ਪੈਟਰੋਲੀਅਮ ਵਲੋਂ 19ਵੇਂ ਮਿੰਟ ਵਿੱਚ ਪਰਮਵੀਰ ਸਿੰਘ ਨੇ ਗੋਲ ਕਰਕੇ ਸਕੋਰ 1-0 ਕੀਤਾ। ਖੇਡ ਦੇ 27ਵੇਂ ਮਿੰਟ ਵਿੱਚ ਭਾਰਤ ਪੈਟਰੋਲੀਅਮ ਦੇ ਸ਼ਾਹਰੁਖ ਅਲੀ ਨੇ ਗੋਲ ਕਰਕੇ ਸਕੋਰ 2-0 ਕਰਕੇ ਮੈਚ ਜਿੱਤ ਲਿਆ। ਭਾਰਤ ਪੈਟਰਲੀਅਮ ਨੇ ਇਹ ਮੈਚ ਜਿੱਤ ਕੇ ਤਿੰਨ ਅੰਕ ਹਾਸਲ ਹਾਸਲ ਕਰਕੇ ਕਵਾਰਟਰ ਫਾਇਨਲ ਵਿੱਚ ਪ੍ਰਵੇਸ਼ ਕੀਤਾ। ਦੂਜਾ ਲੀਗ ਮੈਚ ਪੂਲ ਏ ਵਿੱਚ ਸਾਬਕਾ ਜੇਤੂ ਇੰਡੀਅਨ ਆਇਲ ਮੁੰਬਈ ਅਤੇ ਇੰਡੀਅਨ ਨੇਵੀ ਮੁੰਬਈ ਦਰਮਿਆਨ ਖੇਡਿਆ ਗਿਆ। ਖੇਡ ਦੇ ਤੀਜੇ ਕਵਾਰਟਰ ਦੇ 45ਵੇਂ ਮਿੰਟ ਵਿੱਚ ਇੰਡੀਅਨ ਆਇਲ ਦੇ ਅਫਾਨ ਯੂਸਫ ਨੇ ਪੈਨਲਟੀ ਕਾਰਨਰ ਰਾਹੀਂ ਗੋਲ ਕਰਕੇ ਸਕੋਰ 1-0 ਕੀਤਾ। ਖੇਡ ਦੇ ਚੌਥੇ ਕਵਾਰਟਰ ਦੇ 49ਵੇਂ ਮਿੰਟ ਵਿੱਚ ਸ਼ੁਸ਼ੀਲ ਧਨਵਾਰ ਨੇ ਪੈਨਲਟੀ ਸਟਰੋਕ ਰਾਹੀਂ ਗੋਲ




ਕਰਕੇ ਸਕਰ 1-1 ਕੀਤਾ।ਖੇਡ ਦੇ ਆਖਰੀ ਮਿੰਟ ਵਿੱਚ ਇੰਡੀਅਨ ਨੇਵੀ ਮੁੰਬਈ ਦੇ ਕੇ ਸਿਲਵਾ ਰਾਜ ਨੇ ਗੋਲ ਕਰਕੇ ਸਕੋਰ 2-1 ਕਰਕੇ ਮੈਚ ਜਿੱਤ ਕੇ ਲੀਗ ਦੌਰ ਵਿੱਚ ਦੋ ਮੈਚਾਂ ਤੋਂ ਬਾਅਦ 6 ਅੰਕਾਂ ਨਾਲ ਪਹਿਲਾ ਸਥਾਨ ਹਾਸਲ ਕੀਤਾ ਜਦਕਿ ਇੰਡੀਅਨ ਆਇਲ ਨੇ ਲੀਗ ਦੌਰ ਦੇ ਦੋ ਮੈਚਾਂ ਤੋਂ ਬਾਅਦ ਤਿੰਨ ਅੰਕਾਂ ਨਾਲ ਦੂਜਾ ਸਥਾਨ ਹਾਸਲ ਕਰਕੇ ਕਵਾਰਟਰ ਫਾਇਨਲ ਵਿੱਚ ਪ੍ਰਵੇਸ਼ ਕੀਤਾ।ਮੈਚਾਂ ਦੇ ਮੁੱਖ ਮਹਿਮਾਨ ਉਲੰਪੀਅਨ ਸੁਰਿੰਦਰ ਸਿੰਘ ਸੋਢੀ, ਸੰਦੀਪ ਰਿਸ਼ੀ ਆਈਏਐਸ ਕਮਿਸ਼ਨਰ ਨਗਰ ਨਿਗਮ ਨੇ ਟੀਮਾਂ ਨਾਲ ਜਾਣ ਪਛਾਣ ਕੀਤੀ। ਇਸ ਮੌਕੇ ਤੇ ਲਖਵਿੰਦਰ ਪਾਲ ਸਿੰਘ ਖਹਿਰਾ, ਇਕਬਾਲ ਸਿੰਘ ਸੰਧੂ, ਸੁਰਿੰਦਰ ਸਿੰਘ ਭਾਪਾ, ਗੁਰਵਿੰਦਰ ਸਿੰਘ ਗੁੱਲੂ, ਰਾਮ ਪ੍ਰਤਾਪ, ਪ੍ਰੋਫੈਸਰ ਕ੍ਰਿਪਾਲ ਸਿੰਘ ਮਠਾਰੂ, ਐਲ ਆਰ ਨਈਅਰ, ਕੁਲਵਿੰਦਰ ਥਿਆੜਾ, ਅਵਤਾਰ ਸਿੰਘ, ਸੁਰਿੰਦਰ ਸਿੰਘ, ਗੌਰਵ ਅਗਰਵਾਲ, ਬਲਜੀਤ ਸਿੰਘ ਉਲੰਪੀਅਨ ਸੁਰਜੀਤ ਸਿੰਘ ਦੇ ਵੱਡੇ ਭਰਾ, ਹਰਿੰਦਰ ਸੰਘਾ, ਗੁਰਿੰਦਰ ਸੰਘਾ, ਰਣਬੀਰ ਟੁੱਟ, ਨਰਿੰਦਰ ਪਾਲ ਸਿੰਘ ਜੱਜ, ਨੱਥਾ ਸਿੰਘ ਗਾਖਲ, ਗੌਰਵ ਮਹਾਜਨ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਤਰਨ ਤਾਰਨ ਜ਼ਿਮਨੀ ਚੋਣ 'ਚ 'ਆਪ' ਦੀ ਜਿੱਤ ਨਿਸਚਿਤ : ਲਖਵੀਰ ਸਿੰਘ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਤਰਨਤਾਰਨ ਵਿਧਾਨ ਸਭਾ ਹਲਕੇ ਵਿੱਚ 11 ਨਵੰਬਰ ਨੂੰ ਹੋ ਰਹੀ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਹਲਕਾ ਨਕੋਦਰ ਦੇ ਸੀਨੀਅਰ



ਆਗੂ, ਨੂਰਮਹਿਲ ਮਾਰਕੀਟ ਕਮੇਟੀ ਦੇ ਚੇਅਰਮੈਨ ਲਖਵੀਰ ਸਿੰਘ ਸੀਰ ਉੱਪਲ ਨੇ ਕਿਹਾ ਕਿ ਇਹ ਚੋਣ ਕੇਵਲ ਕਿਸੇ ਉਮੀਦਵਾਰ ਦੀ ਨਹੀਂ, ਸਗੋਂ ਵਿਕਾਸ, ਇਮਾਨਦਾਰੀ ਤੇ ਸੱਚਾਈ ਦੀ ਲੜਾਈ ਹੈ। ਉਨ੍ਹਾਂ ਕਿਹਾ ਕਿ ਤਰਨ ਤਾਰਨ ਹਲਕੇ ਦੇ ਲੋਕ ਸਮਝਦਾਰ ਹਨ ਅਤੇ ਉਹ ਜਾਣਦੇ ਹਨ ਕਿ ਕੌਣ ਉਨ੍ਹਾਂ ਦੇ ਹਿੱਤਾਂ ਦੀ ਸਿਆਸਤ ਕਰਦਾ ਹੈ ਤੇ ਕੌਣ ਸਿਰਫ਼ ਚੋਣਾਂ ਦੇ ਸਮੇਂ ਆ ਕੇ ਵਾਅਦੇ ਕਰਦਾ ਹੈ। ਲਖਵੀਰ ਸਿੰਘ ਸੀਰ ਉੱਪਲ ਨੇ ਕਿਹਾ ਕਿ ਇਸ ਹਲਕੇ ਤੋਂ ਪਹਿਲਾਂ ਵੀ ਆਮ ਆਦਮੀ ਪਾਰਟੀ ਦਾ ਵਿਧਾਇਕ ਚੁਣਿਆ ਗਿਆ ਸੀ ਜਿਸ ਨੇ ਹਲਕੇ ਦੇ ਵਿਕਾਸ ਲਈ ਬੇਮਿਸਾਲ ਕੰਮ ਕੀਤੇ ਸਨ। ਉਹਨਾਂ ਦੇ ਅਚਾਨਕ ਦੇਹਾਂਤ ਕਾਰਨ ਹੁਣ ਜ਼ਿਮਨੀ ਚੋਣ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਾਰੇ ਵਰਕਰ ਇਕਜੁੱਟ ਹੋ ਕੇ ਇਸ ਚੋਣ ਨੂੰ ਜਿੱਤਣ ਲਈ ਜੁੱਟੇ ਹੋਏ ਹਨ ਅਤੇ ਲੋਕਾਂ ਦਾ ਰੁਝਾਨ ਵੀ ਆਮ ਆਦਮੀ ਪਾਰਟੀ ਵੱਲ ਸਾਫ਼ ਦਿੱਸ ਰਿਹਾ ਹੈ।

## ਢਾਬੇ ਦੀ ਆੜ 'ਚ ਚਲਦਾ ਸੀ ਦੇਹ ਵਪਾਰ ਦਾ ਧੰਦਾ, ਅੱਠ ਕਾਬੂ



ਬਰੇਟਾ (ਰੀਤਵਾਲ)-ਸਥਾਨਕ ਸ਼ਹਿਰ ਦੇ ਨਜ਼ਦੀਕ ਪਿੰਡ ਕਿਸ਼ਨਗੜ੍ਹ-ਬਹਾਦਰਪੁਰ ਰੋਡ 'ਤੇ ਸਥਿਤ ਇੱਕ ਢਾਬਾ ਚਾਲਕ ਵੱਲੋਂ ਢਾਬੇ ਦੀ ਆੜ ਹੇਠ ਦੇਹ ਵਪਾਰ ਦਾ ਧੰਦਾ ਚਲਾਇਆ ਜਾ ਰਿਹਾ ਸੀ।ਜਿਸ ਦੀ ਭਿਣਕ ਪੁਲਸ ਨੂੰ ਲੱਗਦਿਆਂ ਢਾਬੇ 'ਤੇ ਪ੍ਰੇਡ ਕੇ ਮੌਕੇ 'ਤੇ ਚੱਲ ਰਹੇ ਦੇਹ ਵਪਾਰ ਦੇ ਧੰਦੇ ਦੌਰਾਨ ਢਾਬਾ ਮਾਲਕ ਸਮੇਤ ਅੱਠ ਵਿਅਕਤੀਆਂ ਨੂੰ ਕਾਬੂ ਕਰਨ ਦੀ ਖਬਰ ਹੈ। ਜਿਹਦੇ ਵਿੱਚ ਪੰਜ ਔਰਤਾਂ ਸ਼ਾਮਲ ਹਨ। ਢਾਬਾ ਚਾਲਕ ਕਿਰਨਜੀਤ ਕੌਰ ਅਬੋਹਰ ਸ਼ਹਿਰ ਦੀ ਰਹਿਣ ਵਾਲੀ ਦੱਸੀ ਜਾ ਰਹੀ ਹੈ ਜੋ ਪਿਛਲੇ ਸਮੇਂ ਤੋਂ ਪਿੰਡ ਕਿਸ਼ਨਗੜ੍ਹ ਬਹਾਦਰਪੁਰ ਰੋਡ 'ਤੇ ਢਾਬੇ ਦੀ ਆੜ ਹੇਠ ਦੇਹ ਵਪਾਰ ਦਾ ਧੰਦਾ ਚਲਾ ਰਹੀ ਸੀ ਜੋ ਅੱਜ ਪੁਲਸ ਦੇ ਅੜਿੱਕੇ ਆ ਗਈ।ਬੁਢਲਾਡਾ ਦੀ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਨੇ ਕਾਰਵਾਈ ਆਰੰਭ ਦਿੱਤੀ ਹੈ।

## ਦੇਵ ਮਾਨ ਨੇ ਸੁੱਖੇਵਾਲ ਤੋਂ ਟੋਡਰਵਾਲ ਤੱਕ ਬਣਨ ਵਾਲੀ ਸੜਕ ਦਾ ਰੱਖਿਆ ਨੀਂਹ ਪੱਥਰ



ਨਾਭਾ (ਵਰਿੰਦਰ ਵਰਮਾ)-ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀਆਂ ਸੜਕਾਂ ਦੀ ਕਾਇਆ ਕਲਪ ਕਰਨ ਦੇ ਲਈ ਕਰੋੜਾਂ ਰੁਪਏ ਦਾ ਬਜਟ ਦਿੱਤਾ ਜਾ ਰਿਹਾ ਤਾਂ ਜੋ ਸੜਕ ਹਾਦਸਿਆਂ ਵਿੱਚ ਕਮੀ ਹੋਵੇ ਅਤੇ ਲੋਕਾਂ ਨੂੰ ਕਿਸੇ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਦੇ ਤਹਿਤ ਨਾਭਾ ਬਲਾਕ ਦੇ ਪਿੰਡ ਸੁੱਖੇਵਾਲ ਤੋਂ ਪਿੰਡ ਟੋਡਰਵਾਲ ਤੱਕ 8 ਕਿਲੋਮੀਟਰ ਸੜਕ ਦਾ ਨੀਂਹ ਪੱਥਰ ਰੱਖਿਆ।ਜਿਸ 'ਤੇ ਕਰੀਬ ਡੇਢ ਕਰੋੜ ਰੁਪਏ ਦਾ ਖਰਚਾ ਆਵੇਗਾ।ਵਿਧਾਇਕ ਦੇਵ ਮਾਨ ਨੇ ਕਿਹਾ ਕਿ ਸੜਕਾਂ ਦੀ ਕਾਇਆ ਕਲਪ ਕਰਨ ਦੇ ਲਈ ਮੁੱਖ ਮੰਤਰੀ ਵੱਲੋਂ ਵਿਸ਼ੇਸ਼ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਉਸ ਦਾ ਕੰਮ ਸ਼ੁਰੂ ਵੀ ਕਰਵਾ ਦਿੱਤਾ ਗਿਆ ਹੈ।ਅਸੀਂ ਨਾਲੋ ਨਾਲ ਚੈੱਕ ਵੀ ਕਰ ਰਹੇ ਹਾਂ।ਅੱਜ ਮੇਰਾ ਜਨਮ ਦਿਨ ਵੀ ਹੈ ਅਤੇ ਅੱਜ ਮੈਂ ਨਵੀਂ ਸੜਕ ਦਾ ਉਦਘਾਟਨ ਕੀਤਾ ਹੈ ਅਤੇ ਜੋ ਕਿ ਆਉਣ ਵਾਲੇ ਸਮੇਂ ਵਿੱਚ ਤਿਆਰ ਹੋ ਜਾਵੇਗੀ।ਇਸ ਮੌਕੇ ਪਿੰਡ ਨਿਵਾਸੀ ਧਰਮਿੰਦਰ ਸਿੰਘ ਸੁੱਖੇਵਾਲ ਨੇ ਕਿਹਾ ਕਿ ਜੋ ਪੰਜਾਬ ਸਰਕਾਰ ਵੱਲੋਂ ਨਵੀਆਂ ਸੜਕਾਂ ਬਣਾਈਆਂ ਜਾ ਰਹੀਆਂ ਨੇ ਬਹੁਤ ਹੀ ਸ਼ਲਾਘਾਯੋਗ ਕਦਮ ਹੈ ਕਿਉਂਕਿ ਪਹਿਲਾਂ ਕਿਸੇ ਵੀ ਸਰਕਾਰ ਨੇ ਇਹ ਉਪਰਾਲਾ ਨਹੀਂ ਕੀਤਾ। ਅਸੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਧੰਨਵਾਦ ਕਰਦੇ ਹਾਂ। ਇਸ ਮੌਕੇ ਉਨ੍ਹਾਂ ਦੇ ਨਾਲ ਐਸ ਡੀ ਓ ਵਿਕਾਸ ਬਾਂਸਲ, ਲਖਵਿੰਦਰ ਸਿੰਘ ਜੇ ਈ, ਮਨਦੀਪ ਸਿੰਘ ਪੀ ਏ, ਧਰਮ ਪਤਨੀ ਵਿਧਾਇਕ ਦੇਵ ਮਾਨ, ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ, ਮਨਪ੍ਰੀਤ ਸਿੰਘ ਧਾਰੋਂਕੀ, ਜਸਵਿੰਦਰ ਸਿੰਘ ਅੱਚਲ ਸਰਪੰਚ, ਜੱਗਾ ਸਿੰਘ ਵੈਟਰਨਰੀ ਇੰਸਪੈਕਟਰ, ਅਮਨਦੀਪ ਸਿੰਘ ਕੋਟ ਪ੍ਰਧਾਨ ਸਰਪੰਚ ਯੂਨੀਅਨ, ਹਰਪ੍ਰੀਤ ਸਿੰਘ ਪ੍ਰੀਤ ਸੀਨੀਅਰ ਕੌਂਸਲਰ, ਜਸਵੀਰ ਸਿੰਘ ਵਜੀਦਪੁਰ, ਮਨਜੋਤ ਸਿੰਘ ਲੱਧਾਹੇੜੀ ਯੂਥ ਪ੍ਰਧਾਨ, ਸੁਖਦੀਪ ਸਿੰਘ ਖਹਿਰਾ, ਪ੍ਰਭਜੋਤ ਸਿੰਘ ਸੋਸ਼ਲ ਮੀਡੀਆ ਇੰਚਾਰਜ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਛੱਠ ਪੂਜਾ ਤਿਉਹਾਰ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਮੌਕਾ : ਮਨੋਜ ਉਪਲ



ਮਾਲੇਰਕੋਟਲਾ (ਅਸਗਰ ਪਰਿਹਾਰ)-ਠੰਡੀ ਸੜਕ ਸਥਿਤ ਇੰਡਸਟਰੀ ਏਰੀਆ ਵਿਖੇ ਛੱਠ ਪੂਜਾ ਦਾ ਤਿਉਹਾਰ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ। ਮਿਊਂਸਪਲ ਕੌਂਸਲਰ ਸ੍ਰੀ ਮਨੋਜ ਉਪਲ ਨੇ ਇਸ ਮੌਕੇ ਸ਼ਿਰਕਤ ਕੀਤੀ। ਉਨ੍ਹਾਂ ਪ੍ਰਵਾਸੀ ਭਾਈਚਾਰੇ ਨੂੰ ਛੱਠ ਪੂਜਾ ਮਹਾਂਉਤਸਵ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਪਿਆਰਾ ਸ਼ਹਿਰ ਹੈ ਤੇ ਇਥੇ ਮੁਲਕ ਦੇ ਸਾਰੇ ਤਿਉਹਾਰ ਉਤਸ਼ਾਹ ਨਾਲ ਮਨਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅਸੀਂ ਛੱਠੀ ਮਾਤਾ ਅੱਗੇ ਪ੍ਰਾਰਥਨਾ ਕਰਦੇ ਹਾਂ ਕਿ ਸਾਡੇ ਦੇਸ਼ ਅਤੇ ਸਮਾਜ 'ਤੇ ਕ੍ਰਿਪਾ ਬਣਾ ਕੇ ਰੱਖੋ। ਉਨ੍ਹਾਂ ਕਿਹਾ ਕਿ ਛੱਠ ਪੂਜਾ ਦੇ ਤਿਉਹਾਰ ਮੌਕੇ ਸਾਨੂੰ ਆਪਸੀ ਭਾਈਚਾਰਾ ਹੋਰ ਮਜ਼ਬੂਤ ਕਰਨਾ ਚਾਹੀਦਾ। ਇਸ ਮੌਕੇ ਚੰਦਰਭਾਨ ਮੁੱਖੀਆ, ਦਿਨੇਸ਼ ਕੁਮਾਰ, ਅਕਾਸ਼ ਕੁਮਾਰ, ਮਹੇਸ਼ ਕੁਮਾਰ, ਰਾਜਾ ਪਾਸਵਾਨ, ਰਾਹੁਲ ਪਾਸਵਾਨ, ਸਾਗਰ ਕੁਮਾਰ, ਸੁਨੀਲ ਸ਼ਰਮਾ, ਸ਼ੰਕਰ ਯਾਦਵ, ਮੁਹੰਮਦ ਲਾਲ ਪ੍ਰਧਾਨ ਆਦਿ ਵੀ ਮੌਜੂਦ ਸਨ।

## ਸ਼ਹੀਦੀ ਸ਼ਤਾਬਦੀ ਨੌਜਵਾਨਾਂ ਵੱਲੋਂ ਵੱਡੀ ਪੱਧਰ 'ਤੇ ਮਨਾਈ ਜਾਵੇਗੀ : ਸਰਨਾ



ਜਗਰਾਉਂ (ਸੰਜੀਵ ਅਰੋੜਾ)-ਨੌਵੇਂ ਪਾਤਸ਼ਾਹ, ਹਿੰਦ ਦੀ ਚਾਦਰ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨਗਰ ਕੀਰਤਨ ਨੌਜਵਾਨ ਸੇਵਾ ਸੁਸਾਇਟੀ ਜਗਰਾਉਂ ਵੱਲੋਂ ਵੱਡੀ ਪੱਧਰ 'ਤੇ ਮਨਾਈ ਜਾਵੇਗੀ। ਇਸ ਸਬੰਧੀ ਨੌਜਵਾਨਾਂ ਦੀ ਅਹਿਮ ਮੀਟਿੰਗ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਵਿਖੇ ਹੋਈ, ਜਿਸ 'ਚ ਸ਼ਤਾਬਦੀ ਮਨਾਉਣ ਸਬੰਧੀ ਵਿਚਾਰਾਂ ਹੋਈਆਂ। ਇਸ ਮੌਕੇ ਹਰਵਿੰਦਰ ਸਿੰਘ ਸਰਨਾ, ਅਮਨਪ੍ਰੀਤ ਸਿੰਘ ਸੰਨ੍ਹੀ ਮੰਦ ਤੇ ਤਰਨਪ੍ਰੀਤ ਸਿੰਘ ਖ਼ਾਲਸਾ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਪੂਰੇ ਸੰਸਾਰ ਅੰਦਰ ਵੱਡੀ ਪੱਧਰ 'ਤੇ ਮਨਾਈ ਜਾ ਰਹੀ ਹੈ, ਉਸੇ ਤਹਿਤ ਜਗਰਾਉਂ 'ਚ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਵਿਖੇ ਮਨਾਈ ਜਾਵੇਗੀ, ਜਿਸ 'ਚ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਿੱਖ ਯੂਥ ਵੈੱਲਫੇਅਰ ਸੁਸਾਇਟੀ ਦਾ ਵੀ ਸਹਿਯੋਗ ਲਿਆ ਜਾਵੇਗਾ। ਇਸ ਮੌਕੇ ਸਿਮਰਨਪ੍ਰੀਤ ਸਿੰਘ ਕਾਕੂ ਕੋਹਲੀ, ਇਸ਼ਮੀਤ ਸਿੰਘ, ਮੰਗਲ ਸਿੰਘ, ਗੋਬਿੰਦ, ਜਸ਼ਨਪ੍ਰੀਤ ਸਿੰਘ, ਦਵਿੰਦਰ ਸਿੰਘ ਬਿੰਦਰ ਭੰਡਾਰੀ, ਰਿੰਕਲ ਕੋਹਲੀ, ਮੰਗਾ ਸਿੰਘ ਤੇ ਮੰਗਲ ਸਿੰਘ ਆਦਿ ਹਾਜ਼ਰ ਸਨ।

## ਯੂਨੀਵਰਸਿਟੀ ਕਾਲਜ 'ਚ ਖ਼ੂਨਦਾਨ ਕੈਂਪ ਲਗਾਇਆ



ਧੂਰੀ (ਬਿੰਨੀ ਗਰਗ)-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੀ ਅਗਵਾਈ ਵਿੱਚ ਰੈੱਡ ਰਿਬਨ ਕਲੱਬ ਤੇ ਐੱਨ.ਐੱਸ.ਐੱਸ. ਯੂਨਿਟਾਂ ਨੇ ਰੋਟਰੀ ਕਲੱਬ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ।ਕੈਂਪ ਦੀ ਸ਼ੁਰੂਆਤ ਕਾਲਜ ਪ੍ਰਿੰਸੀਪਲ ਨੇ ਖ਼ੂਨ ਦਾਨ ਕਰਕੇ ਕੀਤੀ।ਇਸ ਤੋਂ ਬਾਅਦ ਕਾਲਜ ਸਟਾਫ਼ ਤੇ ਐੱਨ.ਐੱਸ.ਐੱਸ. ਵਲੰਟੀਅਰਾਂ ਨੇ ਖ਼ੂਨ ਦਾਨ ਕੀਤਾ। ਕੈਂਪ ਦੌਰਾਨ ਕੁੱਲ 36 ਯੂਨਿਟ ਖ਼ੂਨ ਦਾਨ ਕੀਤਾ ਗਿਆ।ਰੋਟਰੀ ਕਲੱਬ ਦੇ ਪ੍ਰਧਾਨ ਮੱਖਣ ਲਾਲ ਗਰਗ, ਡਾ. ਰਮੇਸ਼ ਸ਼ਰਮਾ, ਸਕੱਤਰ ਰਾਜਨ ਗਰਗ, ਸੀ. ਐੱਸ. ਮੁਸਾਫ਼ਿਰ, ਮਦਨ ਲਾਲ ਸ਼ਰਮਾ, ਸੰਜੇ ਗਰਗ, ਨਗੇਸ਼ ਬਾਂਸਲ, ਰਜਨੀਸ਼ ਗਰਗ ਰਜਨੀ, ਖ਼ਜ਼ਾਨਚੀ ਹੁਕਮ ਚੰਦ ਸਿੰਗਲਾ ਨੇ ਖ਼ੂਨ ਦਾਨ ਕਰਨ ਵਾਲਿਆਂ ਨੂੰ ਰਿਫਰੈਸ਼ਮੈਂਟ ਤੇ ਮੈਡਲ ਦਿੱਤੇ।ਬਲੱਡ ਬੈਂਕ ਸਿਵਲ ਹਸਪਤਾਲ ਸੰਗਰੂਰ ਤੋਂ ਡਾ. ਪੱਲਵੀ ਗਰਗ ਦੀ ਅਗਵਾਈ ਵਿੱਚ ਪਹੁੰਚੀ ਮੈਡੀਕਲ ਟੀਮ ਨੇ ਕੈਂਪ ਨੂੰ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ।ਰੈੱਡ ਰਿਬਨ ਕਲੱਬ ਦੇ ਕਨਵੀਨਰ ਡਾ. ਗਗਨਦੀਪ ਸਿੰਘ, ਐੱਨ.ਐੱਸ.ਐੱਸ. ਰੈਗੂਲਰ ਤੇ ਸੈੱਲਫ਼ ਫਾਈਨਾਂਸ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਤੇ ਡਾ. ਊਸ਼ਾ ਰਾਣੀ ਤੋਂ ਇਲਾਵਾ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਕਰਾਟਿਆਂ 'ਚ ਪਟਿਆਲਾ ਦੀਆਂ ਖਿਡਾਰਨਾਂ ਨੇ ਜਿੱਤੀ ਓਵਰਆਲ ਟਰਾਫ਼ੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਸੰਜੀਵ ਸ਼ਰਮਾ ਦੇ ਦਿਸ਼ਾ ਨਿਰਦੇਸ਼ ਤੇ ਉੱਪ-ਜ਼ਿਲ੍ਹਾ ਸਿੱਖਿਆ ਅਫਸਰ ਡਾ. ਰਵਿੰਦਰਪਾਲ ਸਿੰਘ ਦੀ ਅਗਵਾਈ ਹੇਠ ਲੜਕੀਆਂ ਦੇ ਅੰਤਰ ਜ਼ਿਲ੍ਹਾ ਕਰਾਟੇ ਮੁਕਾਬਲੇ ਕਰਵਾਏ ਜਾ ਰਹੇ ਹਨ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਡੀ ਐੱਸ ਸੀ ਡਾ. ਦਲਜੀਤ ਸਿੰਘ ਨੇ ਦੱਸਿਆ ਅੰਡਰ-14 ਲੜਕੀਆਂ ਦੇ ਕਰਾਟੇ ਮੁਕਾਬਲੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਪੀ ਐੱਮ ਸ੍ਰੀ ਸਰਕਾਰੀ ਕੋ-ਐੱਡ. ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ ਪਟਿਆਲਾ ਵਿਖੇ ਕਰਵਾਏ ਗਏ।ਬੁੱਧਵਾਰ ਹੋਏ ਕਰਾਟੇ ਮੁਕਾਬਲੇ ਅੰਡਰ-14 ਲੜਕੀਆਂ ਵਿੱਚ ਪਟਿਆਲਾ ਨੇ 30 ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕਰਕੇ ਓਵਰਆਲ ਟਰਾਫ਼ੀ ਜਿੱਤੀ, ਲੁਧਿਆਣਾ ਨੇ 17 ਅੰਕਾਂ ਨਾਲ ਦੂਜਾ ਤੇ ਸੰਗਰੂਰ ਨੇ 14 ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਖਿਡਾਰਨਾਂ ਨੂੰ ਟਰਾਫ਼ੀ ਤੇ ਮੈਡਲ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਅਬਜ਼ਰਵਰ ਰਜਨੀਸ਼ ਨੰਦਾ, ਰਾਜੇਸ਼ ਕੁਮਾਰ, ਨਿਖਿਲ ਹੰਸ, ਅਰਮਾਨ ਸਿੰਘ ਕੋਚ, ਰਾਜੇਸ਼ ਕੁਮਾਰ ਜਲੰਧਰ, ਅਮਨਿੰਦਰ ਸਿੰਘ ਬਾਬਾ, ਬਲਵਿੰਦਰ ਸਿੰਘ ਜੱਸਲ, ਰਜਿੰਦਰ ਸੈਣੀ, ਗੁਰਪ੍ਰੀਤ ਸਿੰਘ ਟਿਵਾਣਾ, ਤਰਸੇਮ ਸਿੰਘ, ਗੁਰਪ੍ਰੀਤ ਸਿੰਘ ਝੰਡਾ, ਗੁਰਪਿਆਰ ਸਿੰਘ, ਸ਼ੰਕਰ ਨੇਗੀ, ਹਰਦੀਪ ਸਿੰਘ, ਸੁਰਿੰਦਰਪਾਲ ਸਿੰਘ, ਸਤਵਿੰਦਰ ਸਿੰਘ ਕੋਚ, ਮੁਹੰਮਦ ਸ਼ਾਹਿਦ ਹਨੀਫ, ਬਿਪਨ ਚੰਦ, ਬਲਕਾਰ ਸਿੰਘ, ਰਕੇਸ਼ ਲਚਕਾਣੀ ਤੇ ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਗੱਜੂਮਾਜਰਾ ਹਾਜ਼ਰ ਸਨ।

# ਕਿਲੋਮੀਟਰ ਸਕੀਮ ਤਹਿਤ ਬੱਸਾਂ ਪਾਉਣਾ ਗਲਤ : ਚਾਹਲ, ਕੋਕਰੀ



ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਦੇ ਅਹੁਦੇਦਾਰਾਂ ਦੀ ਇਕੱਤਰਤਾ ਬੱਸ ਅੱਡਾ ਵਿਖੇ ਹੋਈ। ਮੀਟਿੰਗ ਦੌਰਾਨ ਸੂਬਾ ਪ੍ਰਧਾਨ ਦੀਦਾਰ ਸਿੰਘ ਮੰਡ, ਸੂਬਾ ਸਕੱਤਰ ਗੁਰਜੰਟ ਸਿੰਘ ਕੋਕਰੀ, ਚੇਅਰਮੈਨ ਜਗਦੀਸ਼ ਸਿੰਘ ਚਾਹਲ, ਸੁਰਿੰਦਰ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਚਾਰ ਸਾਲ ਪੂਰੇ ਹੋਣ ਵਾਲੇ ਹਨ, ਪਰ ਮੁਲਾਜ਼ਮ ਤੇ ਪੈਨਸ਼ਨਰਾਂ ਦੀ ਇੱਕ ਵੀ ਮੰਗ ਸਰਕਾਰ ਨੇ ਪੂਰੀ ਨਹੀਂ ਕੀਤੀ।ਜਥੇਬੰਦੀ ਦੇ ਗੁਰਪ੍ਰੀਤ ਧੂੜ, ਸਤਨਾਮ ਗਿੱਲ, ਮੱਖਣ ਸਿੰਘ, ਬਲਰਾਜ ਸਿੰਘ, ਪੈਨਸ਼ਨਰ ਆਗੂ ਭੁਪਿੰਦਰ ਸਿੰਘ ਸੇਖੋਂ, ਪੋਹਲਾ ਸਿੰਘ ਬਰਾੜ ਹਾਜ਼ਰ ਸਨ।ਆਗੂਆਂ ਨੇ ਕਿਹਾ ਕਿ ਸਰਕਾਰੀ ਅਦਾਰਿਆਂ ਦਾ ਸਰਕਾਰ ਭੋਗ ਪਾਉਣ ਦੇ ਰਾਹ ਤੇਜ਼ੀ ਨਾਲ ਤੁਰੀ ਹੋਈ ਹੈ। ਮਾਨ ਸਰਕਾਰ ਦੀ ਬਾਜ਼ ਅੱਖ ਸਰਕਾਰੀ ਵਿਭਾਗਾਂ ਦੀਆਂ ਜ਼ਮੀਨਾਂ ਵੇਚਣ 'ਤੇ ਹੈ, ਜਿਸਦੀ ਕਾਰਵਾਈ ਛੇਤੀ ਨਾਲ ਨੇਪਰੇ ਚਾੜ੍ਹੀ ਜਾ ਰਹੀ ਹੈ, ਜਿਸਦੇ ਖਿਲਾਫ਼ 2 ਨਵੰਬਰ ਨੂੰ ਬਿਜਲੀ ਬੋਰਡ ਕਰਮਚਾਰੀ, ਪੈਨਸ਼ਰ, ਕਿਸਾਨ, ਵਿਭਾਗਾਂ ਦੀਆਂ ਟਰੇਡ ਯੂਨੀਅਨਾਂ ਬਿਜਲੀ ਮੰਤਰੀ ਦੇ ਖ਼ਿਲਾਫ਼ ਲੁਧਿਆਣਾ ਵਿਖੇ ਰਿਹਾਇਸ਼ 'ਤੇ ਵੱਡਾ ਧਰਨਾ ਦਿੱਤਾ ਜਾ ਰਿਹਾ ਹੈ।ਇਸ ਤਰ੍ਹਾਂ ਮੁਲਾਜ਼ਮ ਆਪਣੀਆਂ ਆਰਥਿਕ ਮੰਗਾਂ ਦੇ ਨਾਲ਼ ਨਾਲ਼ ਪਬਲਿਕ ਅਦਾਰਿਆਂ ਨੂੰ ਬਚਾਉਣ ਦੀ ਲੜਾਈ ਵੀ ਲੜ ਰਹੇ ਹਨ।

ਪੰਜਾਬ ਸਰਕਾਰ ਠੇਕੇ 'ਤੇ ਰੱਖੇ ਕਾਮਿਆਂ ਨੂੰ ਛੇਤੀ ਪੱਕਾ ਕਰਨ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੇ ਨਾਂਅ ਉਪਰ ਸੱਤਾ ਵਿੱਚ ਆਈ, ਪਰ ਸਿਵਾਏ ਮੀਟਿੰਗਾਂ ਦੇ ਅਮਲੀ ਰੂਪ ਵਿੱਚ ਕੱਖ ਨਹੀਂ ਹੋਇਆ।ਲੰਘੇ ਚਾਰ ਸਾਲਾਂ ਵਿੱਚ ਇੱਕ ਵੀ ਨਵੀਂ ਬੱਸ ਰੋਡਵੇਜ਼ ਵਿਭਾਗ 'ਚ ਨਹੀਂ ਪਾਈ ਗਈ। ਸਗੋਂ ਹੁਣ ਕਿਲੋਮੀਟਰ ਬੱਸਾਂ ਪਾਉਣ ਲਈ ਸਰਕਾਰ ਬਜ਼ਿਦ ਹੈ, ਜਿਸ ਨਾਲ ਸਿੱਧੇ ਰੂਪ 'ਚ ਲੋਕਾਂ ਦਾ ਰੋਜ਼ਗਾਰ ਪ੍ਰਭਾਵਤ ਹੋਣਾ ਹੈ।ਮਹਿਕਮੇ ਦੀਆਂ ਵਰਕਸ਼ਾਪਾਂ ਬੇਹਦ ਖਸਤਾ ਹਾਲ ਹਨ।

ਇਨ੍ਹਾਂ ਦੇ ਨਵੀਨੀਕਰਨ ਲਈ ਬਜਟ 'ਚ ਜੋ 20 ਕਰੋੜ ਰੁਪਏ ਰੱਖੇ ਸਨ, ਉਹ ਵੀ ਸਰਕਾਰ ਦੀ ਲਾਪ੍ਰਵਾਹੀ ਕਰਕੇ ਵਾਪਸ ਹੋ ਗਏ ਹਨ।ਔਰਤਾਂ ਦੇ ਮੁਫ਼ਤ ਸਫ਼ਰ ਸਹੂਲਤ ਦਾ ਲਗਭਗ ਇੱਕ ਹਜ਼ਾਰ ਕਰੋੜ ਰੁਪਈਆ ਸਰਕਾਰ ਵੱਲ ਬਕਾਇਆ ਖੜਾ ਹੈ। ਸਪੇਅਰ ਪਾਰਟ ਦੀ ਸਥਿਤੀ ਇਹ ਹੈ ਕਿ ਮਾਮੂਲੀ ਨੁਕਸ ਕਰਕੇ ਵੀ ਬੱਸ ਹਫ਼ਤਾ ਹਫ਼ਤਾ ਵਰਕਸ਼ਾਪ ਵਿੱਚ ਹੀ ਖੜੀ ਰਹਿੰਦੀ ਹਨ, ਜਿਸ ਨਾਲ ਰੋਜ਼ਾਨਾ ਲਗਭਗ 01 ਲੱਖ ਕਿਲੋਮੀਟਰ ਮਿਸ ਹੋ ਰਿਹਾ ਹੈ, ਜਿਸਦਾ ਸਿੱਧਾ ਲਾਭ ਨਿੱਜੀ ਟਰਾਂਸਪੋਰਟ ਨੂੰ ਦਿੱਤਾ ਜਾ ਰਿਹਾ ਹੈ।

## ਸੀਟੂ ਦੀ 17ਵੀਂ ਸੂਬਾ ਕਾਨਫਰੰਸ ਸੰਗਰੂਰ 'ਚ 25-26 ਨੂੰ

ਬਰਨਾਲਾ (ਰਾਜਿੰਦਰ ਬਰਾੜ)-ਸੀਟੂ ਦੀ 17ਵੀਂ ਸੂਬਾ ਕਾਨਫਰੰਸ 25-26 ਨੂੰ ਸੰਗਰੂਰ ਵਿਖੇ ਕਰਵਾਈ ਜਾ ਰਹੀ ਹੈ। ਇਸ ਸਬੰਧੀ ਤਰਕਸ਼ੀਲ ਭਵਨ ਵਿਖੇ ਬਰਨਾਲਾ ਮਲੇਰਕੋਟਲਾ ਸਮੇਤ ਸਾਂਝੀ ਜ਼ਿਲ੍ਹਾ ਸਵਾਗਤੀ ਕਮੇਟੀ ਸੰਗਰੂਰ ਦੀ ਵਧਾਈ ਹੋਈ ਮੀਟਿੰਗ ਵਿੱਚ ਸੀਟੂ ਦੇ ਸੂਬਾ ਪ੍ਰਧਾਨ ਸਾਥੀ ਮਹਾ ਸਿੰਘ ਰੋੜੀ ਤੇ ਜਰਨਲ ਸਕੱਤਰ ਚੰਦਰ ਸ਼ੇਖਰ ਨੇ ਇਹ ਜਾਣਕਾਰੀ ਦਿੱਤੀ।ਕਮੇਟੀ ਦੀ ਮੀਟਿੰਗ ਚੇਅਰਮੈਨ ਸਾਥੀ ਮੇਜਰ ਸਿੰਘ ਪੁੰਨਾਵਾਲ ਤੇ ਜੋਗਿੰਦਰ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਦੀ ਕਾਰਵਾਈ ਇੰਦਰਪਾਲ ਪੁੰਨਾਵਾਲ ਨੇ ਚਲਾਈ।ਕਮੇਟੀ ਦੇ ਵਿੱਤ ਸਕੱਤਰ ਮਨਦੀਪ ਕੁਮਾਰੀ ਸੰਗਰੂਰ ਦੀ ਹਾਜ਼ਰੀ ਵਿੱਚ ਮਾਨਯੋਗ ਸਰਬਸਾਥੀ ਮੁਕੰਦ ਸਿੰਘ ਬਰਨਾਲਾ, ਹਰਜੀਤ ਸਿੰਘ ਬੌਬੀ, ਬਲਵੰਤ ਸਿੰਘ ਠੀਕਰੀਵਾਲ, ਲੈਕਚਰਾਰ ਭੁਪਿੰਦਰ ਸਿੰਘ ਬਡਬਰ, ਹਰਨੇਕ ਸਿੰਘ ਸੰਘੇੜਾ ਨੂੰ ਜ਼ਿਲ੍ਹਾ ਸਵਾਗਤ ਦੀ ਕਮੇਟੀ ਦੇ ਨਵੇਂ ਮੈਂਬਰ ਬਣਾ ਕੇ ਕਮੇਟੀ ਦਾ ਵਿਸਥਾਰ ਕੀਤਾ ਗਿਆ।ਇਸ ਸਮੇਂ ਜ਼ਿਲ੍ਹਾ ਕਮੇਟੀ ਮੈਂਬਰ ਸਾਥੀ ਸ਼ੇਰ ਸਿੰਘ ਫਰਵਾਹੀ, ਹਰਪਾਲ ਕੌਰ ਬਰਨਾਲਾ, ਮਾਨ ਸਿੰਘ ਗੁਰਮਾ, ਨਵਤੇਜ ਸਿੰਘ ਹੈਪੀ ਭੱਠਲਾਂ ਤੋਂ ਇਲਾਵਾ ਰਾਮ ਸਿੰਘ ਸੋਹੀਆਂ, ਸਤਵੀਰ ਸਿੰਘ ਤੁੰਗਾਂ, ਰਘਵਿੰਦਰ ਸਿੰਘ ਭਵਾਨੀਗੜ੍ਹ, ਕਿਰਪਾਲ ਸਿੰਘ ਕੰਗਣਵਾਲ ਵਗੈਰਾ ਵੀ ਹਾਜ਼ਰ ਸਨ।

## 205 ਗ੍ਰਾਮ ਹੈਰੋਇਨ ਸਮੇਤ ਦੋ ਗ੍ਰਿਫ਼ਤਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਸਦਰ ਫ਼ਿਰੋਜ਼ਪੁਰ ਤੇ ਥਾਣਾ ਕੁੱਲਗੜ੍ਹੀ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 205 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਸਦਰ ਫ਼ਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਲਈ ਰਵਾਨਾ ਸੀ ਤਾਂ ਇਸ ਦੌਰਾਨ ਖਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਕਰਮਜੀਤ ਸਿੰਘ ਉਰਫ਼ ਕਰਮੀ ਪੁੱਤਰ ਬਲਵੰਤ ਸਿੰਘ ਵਾਸੀ ਚਾਂਦੀਵਾਲਾ ਫ਼ਿਰੋਜ਼ਪੁਰ ਨੂੰ ਬੰਨ੍ਹ ਦਰਿਆ ਸਤਲੁੱਜ ਨੇੜੇ ਪਿੰਡ ਗੁਲਾਮ ਹੁਸੈਨਵਾਲਾ ਤੋਂ 200 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਥਾਣਾ ਕੁੱਲਗੜ੍ਹੀ ਪੁਲਸ ਦੇ ਐੱਸਆਈ ਪ੍ਰਵੀਨ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਮੇਨ ਗੇਟ ਗੁਰਦੁਆਰਾ ਜਾਮਨੀ ਸਾਹਿਬ ਮੋਗਾ ਫ਼ਿਰੋਜ਼ਪੁਰ ਰੋਡ ਦੇ ਸਾਹਮਣੇ ਲਿੰਕ ਰੋਡ ਸਤੀਏ ਵਾਲਾ ਨੂੰ ਜਾ ਰਹੀ ਸੀ ਤਾਂ ਲਿੰਕ ਰੋਡ 'ਤੇ ਸਥਿਤ ਖਾਲੀ ਗੋਦਾਮ ਕੋਲ ਪੁੱਜੇ ਤਾਂ ਇਕ ਸ਼ੱਕੀ ਮੋਨਾ ਨੌਜਵਾਨ ਭਾਰਤ ਭੂਸ਼ਣ ਪੁੱਤਰ ਸਤਪਾਲ ਚੰਦ ਵਾਸੀ ਮਕਾਨ ਨੰਬਰ 185, ਗਲੀ ਨੰਬਰ 2 ਆਜ਼ਾਦ ਨਗਰ ਸਿਟੀ ਫ਼ਿਰੋਜ਼ਪੁਰ ਪੁਲਸ ਦੀ ਗੱਡੀ ਨੂੰ ਵੇਖ ਕੇ ਘਬਰਾ ਕੇ ਖਿਸਕਣ ਲੱਗਾ ਤਾਂ ਉਸ ਨੂੰ ਕਾਬੂ ਕਰਕੇ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਸੜਕਾਂ 'ਤੇ ਮੌਤ ਬਣ ਕੇ ਘੁੰਮ ਰਹੇ ਲਾਵਾਰਿਸ ਪਸ਼ੂ, ਪ੍ਰਸ਼ਾਸਨ ਬੇਖ਼ਬਰ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਸ਼ਹਿਰ ਦੀਆਂ ਸੜਕਾਂ 'ਤੇ ਲਾਵਾਰਿਸ ਪਸ਼ੂ ਮੌਤ ਬਣ ਕੇ ਘੁੰਮ ਰਹੇ ਹਨ ਅਤੇ ਠੰਢ ਦੇ ਮੌਸਮ ਵਿਚ ਪੈਣ ਵਾਲੀ ਧੁੰਦ ਵਿਚ ਖ਼ਤਰਾ ਹੋਰ ਜ਼ਿਆਦਾ ਵਧਣ ਵਾਲਾ ਹੈ। ਪਿਛਲੇ ਲੰਮੇ ਸਮੇਂ ਤੋਂ ਲਾਵਾਰਿਸ ਪਸ਼ੂਆਂ ਦੀ ਸਮੱਸਿਆ ਨਾਲ ਜੂਝ ਰਹੇ ਸ਼ਹਿਰ ਵਾਸੀਆਂ ਨੂੰ ਫਿਲਹਾਲ ਇਸ ਸਮੱਸਿਆ ਤੋਂ ਰਾਹਤ ਮਿਲਦੀ ਵਿਖਾਈ ਨਹੀਂ ਦੇ ਰਹੀ ਅਤੇ ਨਗਰ ਕੌਂਸਲ ਵੀ ਇਸ ਪਾਸੇ ਹੱਥ 'ਤੇ ਹੱਥ ਧਰੀ ਸਭ ਕੁਝ ਵੇਖ ਰਹੀ ਹੈ ਅਤੇ ਕਿਸੇ ਵੱਡੇ ਹਾਦਸੇ ਹੋਣ ਦੀ ਉਡੀਕ ਵਿਚ ਹੈ। ਸ਼ਹਿਰ ਵਿੱਚ ਬੇਸਹਾਰਾ ਪਸ਼ੂ ਵੱਡੇ ਝੁੰਡਾਂ ਵਿਚ ਘੁੰਮ ਰਹੇ ਹਨ। ਸ਼ਹਿਰ ਦੀ ਹਰ ਸੜਕ, ਗਲੀ, ਮੁਹੱਲੇ ਵਿਚ ਇਨ੍ਹਾਂ ਦੀ ਭਰਮਾਰ ਹੈ।ਮੁੱਖ ਸੜਕਾਂ 'ਤੇ ਝੁੰਡ ਬਣਾ ਕੇ ਖੜ੍ਹ ਬੇਸਹਾਰਾ ਪਸ਼ੂ ਕਿਸੇ ਵੇਲੇ ਵੀ ਆਪਸ ਵਿਚ ਭਿੜ ਜਾਂਦੇ ਹਨ ਅਤੇ ਰਾਹਗੀਰਾਂ ਲਈ ਖ਼ਤਰਾ ਬਣ ਜਾਂਦੇ ਹਨ। ਅਜਿਹੇ ਵਿਚ ਬੱਚਿਆਂ, ਔਰਤਾਂ ਅਤੇ ਬਜ਼ੁਰਗਾਂ ਨੂੰ ਇਨ੍ਹਾਂ ਕੋਲੋ ਲੰਘਣ ਵਿਚ ਜਿਆਦਾ ਪ੍ਰੇਸ਼ਾਨੀ ਹੁੰਦੀ ਹੈ। ਇਸ ਤੋਂ ਇਲਾਵਾ ਸ਼ਹਿਰ ਵਿਚ ਥਾਂ-ਥਾਂ ਲੱਗੇ ਕੂੜੇ ਦੇ ਢੇਰਾਂ ਤੇ ਮੂੰਹ ਮਾਰਦੇ ਹਨ ਅਤੇ ਸਾਰਾ ਕੂੜਾ ਕਰਕਟ ਇਧਰ ਉਧਰ ਸੁੱਟਦੇ ਹਨ। ਸਰਕਾਰੀ ਗਊਸ਼ਾਲਾ ਤੋਂ ਇਲਾਵਾ ਸ਼ਹਿਰ ਵਿਚ ਚਾਰ ਗਊਸ਼ਾਲਾਵਾਂ ਬਣੀਆਂ ਹੋਈਆਂ ਹਨ ਪਰ ਉਥੇ ਵੀ ਸਿਰਫ ਗਊਆਂ ਹੀ ਰੱਖੀਆਂ ਜਾ ਰਹੀਆਂ ਹਨ, ਪ੍ਰੰਤੂ ਇਨ੍ਹਾਂ ਬੇਸਹਾਰਾ ਪਸ਼ੂਆਂ ਲਈ ਕੋਈ ਥਾਂ ਨਹੀਂ ਹੈ।

ਸ਼ਹਿਰ ਵਾਸੀ ਗੁਰਦੇਵ ਸਿੰਘ ਅਤੇ ਹਰਨਾਮ ਸਿੰਘ ਨੇ ਦੱਸਿਆ ਕਿ ਸ਼ਾਮ ਦੇ ਸਮੇਂ ਸੜਕਾਂ ਤੇ ਇਨ੍ਹਾਂ ਪਸ਼ੂਆਂ ਦੇ ਕਈ ਝੁੰਡ ਬੈਠੇ ਰਹਿੰਦੇ ਹਨ ਅਤੇ ਕਈ ਵਾਰ ਇਹ ਵਿਖਾਈ ਵੀ ਨਹੀਂ ਦਿੰਦੇ, ਅਜਿਹੇ ਵਿਚ ਕਈ ਵਾਰ ਹਾਦਸੇ ਹੋ ਰਹੇ ਹਨ। ਉਨ੍ਹਾਂ ਪ੍ਰਸ਼ਾਸਨ ਅਤੇ ਨਗਰ ਕੌਂਸਲ ਤੋਂ ਮੰਗ ਕੀਤੀ ਕਿ ਸ਼ਹਿਰ ਵਾਸੀਆਂ ਨੂੰ ਇਨ੍ਹਾਂ ਬੇਸਹਾਰਾਂ ਪਸ਼ੂਆਂ ਦੀ ਸਮੱਸਿਆ ਤੋਂ ਰਾਹਤ ਦਵਾਈ ਜਾਵੇ, ਤਾਂ ਜੋ ਲੋਕਾਂ ਨੂੰ ਕੁਝ ਸੁੱਖ ਦਾ ਸਾਹ ਮਿਲੇ।

# ਵਿਧਾਇਕ ਬਾਜ਼ੀਗਰ ਵੱਲੋਂ ਅਗਵਾ ਤੇ ਕੁੱਟਮਾਰ ਦਾ ਮਾਮਲਾ ਸਾਜ਼ਿਸ਼ ਕਰਾਰ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)

ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਉਸ ਦੇ ਪੁੱਤਰਾਂ ਤੇ ਕੁਝ ਹੋਰ ਵਿਅਕਤੀਆਂ ਵਿਰੁੱਧ ਗੁਆਂਢੀ ਸੂਬਾ ਹਰਿਆਣਾ ਵਿੱਚ ਅਗਵਾ ਕਰਕੇ ਕੁੱਟਮਾਰ ਕਰਨ ਦੇ ਦੋਸ਼ਾਂ ਤਹਿਤ ਮੰਗਲਵਾਰ ਨੂੰ ਕੈਥਲ ਜ਼ਿਲ੍ਹੇ ਵਿੱਚ ਪੁਲਸ ਕੇਸ ਦਰਜ ਕੀਤਾ ਗਿਆ ਹੈ।

ਇਸ ਮਾਮਲੇ ਵਿੱਚ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਦੋਸ਼ਾਂ ਦਾ ਖੰਡਨ ਕਰਦਿਆਂ ਮਾਮਲੇ ਨੂੰ ਗਿਣੀ ਮਿੱਥੀ ਸਾਜਿਸ਼ ਤਹਿਤ ਅੰਜਾਮ ਦੇਣ ਦੇ ਦੋਸ਼ ਲਗਾਉਂਦੇ ਹੋਏ ਦੋਸ਼ ਸਾਬਤ ਹੋ ਜਾਣ ਦੀ ਸੂਰਤ ਵਿੱਚ ਜਿੱਥੇ ਸਿਆਸਤ ਛੱਡ ਦੇਣ ਦਾ ਐਲਾਨ ਕੀਤਾ ਹੈ ਉਥੇ ਦੋਸ਼ ਲਗਾਉਣ ਵਾਲੇ ਵਿਅਕਤੀ ਨੂੰ ਅਪਰਾਧੀ ਬਿਰਤੀ ਵਾਲਾ ਕਰਾਰ ਦਿੱਤਾ ਹੈ।ਪਾਤੜਾਂ ਵਿਖੇ ਵਿਧਾਇਕ ਬਾਜ਼ੀਗਰ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਉਹਨਾਂ ਦੀ ਕਿਸੇ ਵਿਅਕਤੀ ਨਾਲ ਕੋਈ ਰੰਜਿਸ਼ ਨਹੀਂ ਸਗੋਂ ਪਿਛਲੇ ਕਰੀਬ ਇੱਕ ਸਾਲ ਤੋਂ ਉਹਨਾਂ ਦੇ ਪਿੰਡ ਕਰੀਮ ਨਗਰ ਉਰਫ ਚਿੱਚੜਵਾਲਾ ਦਾ ਵਾਸੀ ਗੁਰਚਰਨ ਰਾਮ ਸੋਸ਼ਲ ਮੀਡੀਆ ਉੱਤੇ ਉਹਨਾਂ ਦਾ ਅਕਸ ਖਰਾਬ ਕਰਨ ਦੇ ਮਕਸਦ ਨਾਲ ਭੰਡੀ ਪ੍ਰਚਾਰ ਕਰਨ ਵਿੱਚ ਲੱਗਾ ਹੋਇਆ ਹੈ। ਉਹਨਾਂ ਗੁਰਚਰਨ ਰਾਮ ਖ਼ਿਲਾਫ਼ ਪੰਜਾਬ ਦੇ ਵੱਖ-ਵੱਖ ਥਾਣਿਆਂ ਵਿੱਚ ਦਰਜ ਦਰਜਨ ਦੇ ਕਰੀਬ ਅਪਰਾਧੀ ਮਾਮਲਿਆਂ ਦੀ ਸੂਚੀ ਦਿਖਾਉਂਦਿਆਂ ਦੱਸਿਆ ਕਿ ਇਹਨਾਂ ਵਿੱਚੋਂ ਪੁਲਸ ਕੇਸ ਧੋਖਾਧੜੀ, ਠੱਗੀ ਅਤੇ ਚੋਰੀਆਂ ਵਰਗੇ ਸੰਗੀਨ ਜੁਰਮਾਂ ਤਹਿਤ ਦਰਜ ਹੋਏ ਹਨ। ਉਹਨਾਂ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ 2022 ਵਿੱਚ ਸੱਤਾ ਵਿੱਚ ਆਈ ਹੈ ਜਦੋਂ ਕਿ ਗੁਰਚਰਨ ਰਾਮ ਦੇ ਵਿਰੁੱਧ ਦਰਜ ਕੇਸਾਂ ਵਿੱਚ ਅੱਧੇ ਤੋਂ ਵੱਧ ਕੇਸ 2016 ਤੋਂ 2021 ਦੇ ਵਿਚਕਾਰਲੇ ਸਮੇਂ ਵਿੱਚ ਦਰਜ ਹੋਏ ਹਨ। ਗੁਰਚਰਨ ਰਾਮ ਵੱਲੋਂ ਸਮੇਂ ਸਮੇਂ ਉੱਤੇ ਵਿਧਾਇਕ ਖਿਲਾਫ ਸੋਸ਼ਲ ਮੀਡੀਆ ਉੱਤੇ ਲਗਾਏ ਗਏ ਦੋਸ਼ਾਂ ਸਮੇਂ ਧਾਰੀ ਰੱਖੀ ਚੁੱਪ ਸਬੰਧੀ ਸਵਾਲ ਤੇ ਉਹਨਾਂ ਕਿਹਾ ਕਿ ਜਦੋਂ ਕੋਈ ਸੱਤਾ ਧਿਰ ਵਿੱਚ ਹੁੰਦਾ ਹੈ ਤਾਂ ਉਸ ਖਿਲਾਫ਼ ਬਹੁਤ ਸਾਰੇ ਲੋਕਾਂ ਵੱਲੋਂ ਦੋਸ਼ ਲਗਾਏ ਜਾਂਦੇ ਹਨ। ਹਰ ਦੋਸ਼ ਦਾ ਜਵਾਬ ਦੇਣਾ ਜ਼ਰੂਰੀ ਨਹੀਂ ਹੁੰਦਾ। ਇਸ ਲਈ ਉਹ ਲੰਬਾ ਸਮਾਂ ਚੁੱਪ ਰਹੇ ਪਰ ਹੁਣ ਜਦੋਂ ਗੁਰਚਰਨ ਰਾਮ ਨੇ ਇੱਕ ਝੂਠਾ ਪ੍ਰਾਪੇਗੰਡਾ ਕਰਕੇ ਉਹਨਾਂ ਤੇ ਉਹਨਾਂ ਦੇ ਪੁੱਤਰਾਂ ਸਮੇਤ ਕੁਝ ਹੋਰ ਸਮਰਥਕਾਂ ਨੂੰ ਝੂਠੇ ਮੁੱਕਦਮੇ ਵਿੱਚ ਫਸਾਉਣ ਦੀ ਸਾਜ਼ਿਸ਼ ਰਚੀ ਹੈ ਤਾਂ ਉਹ ਮੀਡੀਆ ਵਿੱਚ ਆਏ ਹਨ।

ਉਹਨਾਂ ਦਾਅਵਾ ਕੀਤਾ ਕਿ ਉਹਨਾਂ ਦੇ ਪਰਵਾਰ ਦੇ ਕਿਸੇ ਵੀ ਜੀਅ ਵਿਰੁੱਧ ਅੱਜ ਤੱਕ ਕੋਈ ਕੇਸ ਦਰਜ ਨਹੀਂ ਅਤੇ ਹੁਣ ਵੀ ਉਹਨਾਂ ਨੂੰ ਪੂਰਾ ਭਰੋਸਾ ਹੈ ਕਿ ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ ਹੋ ਜਾਵੇਗਾ। ਉਹਨਾਂ ਕੇਸ ਪਿੱਛੇ ਕਿਸੇ ਡੂੰਘੀ ਸਾਜਿਸ਼ ਹੋਣ ਦੀਆਂ ਸੰਭਾਵਨਾਵਾਂ ਪ੍ਰਗਟ ਕਰਦਿਆਂ ਕਿਹਾ ਕਿ ਇਨਸਾਫ ਦੀ ਮੰਗ ਨੂੰ ਲੈ ਕੇ ਉਹ ਹਰਿਆਣਾ ਪੁਲਿਸ ਨੂੰ ਕੇਸ ਦੀ ਬਰੀਕੀ ਨਾਲ ਜਾਂਚ ਕਰਨ ਲਈ ਬੇਨਤੀ ਕਰਨ ਦੇ ਨਾਲ ਨਾਲ ਗੁਰਚਰਨ ਰਾਮ ਖਿਲਾਫ਼ ਅਦਾਲਤੀ ਚਾਰਾਜੋਈ ਕਰਨਗੇ।

## ਗੁਰੂ ਕਾਸ਼ੀ ਕੈਂਪਸ 'ਚ ਖੋਜ ਵਿਧੀ ਵਰਕਸ਼ਾਪ ਦਾ ਆਰੰਭ

ਤਲਵੰਡੀ ਸਾਬੋ (ਜਗਦੀਪ ਗਿੱਲ)-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਤੇ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਹਫ਼ਤਾਵਾਰੀ ਖੋਜ ਵਿਧੀ ਵਰਕਸ਼ਾਪ ਦਾ ਆਰੰਭ ਕੀਤਾ ਗਿਆ।ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਵਿੱਚ ਖੋਜ ਪ੍ਰਤੀ ਰੁਚੀ ਪੈਦਾ ਕਰਨਾ ਤੇ ਉਨ੍ਹਾਂ ਨੂੰ ਵਿਗਿਆਨਕ ਖੋਜ ਪ੍ਰਕਿਰਿਆ ਨਾਲ ਜਾਣੂ ਕਰਵਾਉਣਾ ਹੈ। ਵਰਕਸ਼ਾਪ ਦੀ ਸ਼ੁਰੂਆਤੀ ਬੈਠਕ ਵਿੱਚ ਮੁੱਖ ਬੁਲਾਰੇ ਵਜੋਂ ਬੂਟਾ ਸਿੰਘ ਬਰਾੜ ਫਾਰਮਰ ਪ੍ਰੋਫੈਸਰ ਤੇ ਮੁਖੀ ਪੰਜਾਬੀ ਯੂਨੀਵਰਸਿਟੀ ਰਿਜਨਲ ਸੈਂਟਰ ਬਠਿੰਡਾ ਨੇ ਸ਼ਿਰਕਤ ਕੀਤੀ ਤੇ ਦੂਸਰੀ ਬੈਠਕ ਦੇ ਮੁੱਖ ਬੁਲਾਰੇ ਫਾਰਮਰ ਪ੍ਰੋਫੈਸਰ ਤੇ ਡਾਇਰੈਕਟਰ ਪਰਮਜੀਤ ਸਿੰਘ ਢੀਂਗਰਾ ਪੰਜਾਬ ਯੂਨੀਵਰਸਿਟੀ ਰਿਜਨਲ ਸੈਂਟਰ ਮੁਕਤਸਰ ਰਹੇ। ਭਾਸ਼ਾਵਾਂ ਵਿਭਾਗ ਦੇ ਮੁਖੀ ਡਾ. ਸੰਦੀਪ ਰਾਣਾ ਨੇ ਮੁੱਖ ਬੁਲਾਰਿਆਂ ਤੇ ਮਹਿਮਾਨਾਂ ਦਾ ਸਵਾਗਤ ਕੀਤਾ।ਵਰਕਸ਼ਾਪ ਦੇ ਕੋਆਰਡੀਨੇਟਰ ਤੇ ਮੰਚ ਸੰਚਾਲਕ ਡਾ. ਸੁਨੀਤਾ ਰਾਣੀ ਨੇ ਮੁੱਖ ਬੁਲਾਰਿਆਂ ਦੀ ਜਾਣ ਪਛਾਣ ਕਰਵਾਈ ਤੇ ਵਿਦਿਆਰਥੀਆਂ ਨੂੰ ਵਰਕਸ਼ਾਪ ਦੇ ਉਦੇਸ਼ਾਂ ਪ੍ਰਤੀ ਜਾਣੂ ਕਰਵਾਇਆ।ਪ੍ਰੋ. ਬੂਟਾ ਸਿੰਘ ਬਰਾੜ ਨੇ ਖੋਜ ਵਿਧੀ ਦੇ ਮੂਲ ਸਿਧਾਂਤਾਂ, ਖੋਜ ਤਰੀਕਿਆਂ ਤੇ ਵਿਗਿਆਨਕ ਦ੍ਰਿਸ਼ਟੀਕੋਣ ਬਾਰੇ ਜਾਣਕਾਰੀ ਦਿੱਤੀ।ਪ੍ਰੋ. ਪਰਮਜੀਤ ਸਿੰਘ ਢੀਂਗਰਾ ਨੇ ਖੇਤਰੀ ਖੋਜ ਦੀ ਮਹੱਤਤਾ ਉੱਤੇ ਚਾਨਣਾ ਪਾਇਆ।ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਡਾਇਰੈਕਟਰ ਪ੍ਰੋ. ਅਮਨਦੀਪ ਸਿੰਘ ਨੇ ਇਸ ਵਰਕਸ਼ਾਪ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਕਾਰਜਕ੍ਰਮ ਵਿਦਿਆਰਥੀਆਂ ਦੇ ਵਿੱਦਿਅਕ ਵਿਕਾਸ ਲਈ ਬਹੁਤ ਲਾਭਦਾਇਕ ਸਿੱਧ ਹੁੰਦੇ ਹਨ। ਅੰਤ ਵਿੱਚ ਪ੍ਰੋਫੈਸਰ ਕੁਮਾਰ ਸੁਸ਼ੀਲ ਨੇ ਪਹੁੰਚੇ ਹੋਏ ਵਿਦਵਾਨਾਂ ਦਾ ਧੰਨਵਾਦ ਕੀਤਾ। ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ ਬਲਦੇਵ ਸਿੰਘ ਨੇ ਖੋਜ ਦੀ ਮਹੱਤਤਾ 'ਤੇ ਚਾਨਣਾ ਪਾਇਆ।ਇਸ ਦੌਰਾਨ ਸਮੂਹ ਸਟਾਫ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ।

## ਬਧੌਛੀ ਕਲਾਂ ਵਾਸੀਆਂ ਨੂੰ ਵਿਧਾਇਕ ਨੇ ਦਿੱਤੀ ਲਾਇਬ੍ਰੇਰੀ ਦੀ ਸੁਗਾਤ

### ਨੌਜਵਾਨ ਵਰਗ ਮੋਬਾਈਲਾਂ ਤੋਂ ਧਿਆਨ ਹਟਾ ਕੇ ਕਿਤਾਬਾਂ ਨਾਲ ਜੁੜੇ : ਰਾਏ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਹਲਕਾ ਫਤਿਹਗੜ੍ਹ ਸਾਹਿਬ ਦੇ ਪਿੰਡ ਬਧੌਛੀ ਕਲਾ ਵਿਖੇ ਇਕ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਗਿਆ। ਕਰੀਬ 10.60 ਲੱਖ ਰੁਪਏ ਦੀ ਲਾਗਤ ਦੇ ਨਾਲ ਬਣ ਕੇ ਤਿਆਰ ਹੋਈ ਲਾਈਬ੍ਰੇਰੀ ਬਹੁਤ ਹੀ ਸ਼ਾਨਦਾਰ ਦਿਖ ਪੇਸ਼ ਕਰ ਰਹੀ ਹੈ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਉਦਘਾਟਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਗਿਆ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਜੀ ਦੀ ਯੋਗ ਅਗਵਾਈ ਦੇ ਸਦਕਾ ਪਿੰਡਾਂ ਦੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ।ਇਸ ਲੜੀ ਤਹਿਤ ਪਿੰਡ ਬਧੌਛੀ ਕਲਾਂ ਵਿੱਚ ਇੱਕ ਨਵੀਂ ਲਾਇਬ੍ਰੇਰੀ ਉਸਾਰੀ ਗਈ ਹੈ, ਜੋ ਬਹੁਤ ਹੀ ਸ਼ਾਨਦਾਰ ਤੇ ਸ਼ਾਂਤਮਈ ਮਾਹੌਲ ਪ੍ਰਦਾਨ ਕਰਦੀ ਹੈ।ਨੌਜਵਾਨ ਵਰਗ ਨੂੰ ਆਪਣਾ ਧਿਆਨ ਮੋਬਾਈਲਾਂ ਤੂੰ ਹਟਾ ਕੇ ਕਿਤਾਬਾਂ ਦੇ ਨਾਲ ਜੁੜਨਾ ਚਾਹੀਦਾ ਹੈ।ਇੰਨੇ ਵਧੀਆ ਮਾਹੌਲ ਵਿੱਚ ਬੈਠ ਕੇ ਪੜ੍ਹਨਾ ਵਧੀਆ ਲੱਗੇਗਾ।ਇਸ ਮੌਕੇ ਪਿੰਡ ਦੇ ਸਰਪੰਚ ਤਜਿੰਦਰ ਸਿੰਘ ਵੱਲੋਂ ਵਿਧਾਇਕ ਲਖਬੀਰ ਸਿੰਘ ਰਾਏ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨੰਬਰਦਾਰ ਦਿਲਬਾਗ ਸਿੰਘ, ਸੁਸਾਇਟੀ ਪ੍ਰਧਾਨ ਹਰਚਰਨ ਸਿੰਘ, ਲਵਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਸਕਿੰਦਰ ਸਿੰਘ, ਗੁਰਪਾਲ ਸਿੰਘ, ਮੀਨਾ ਰਾਣੀ, ਪ੍ਰਵੀਨ ਕੌਰ, ਕੁਲਵੰਤ ਕੌਰ, ਜੀਤ ਸਿੰਘ (ਸਾਰੇ ਪੰਚ), ਸਰਪੰਚ ਹਰਪਾਲ ਸਿੰਘ ਸਰਪੰਚ ਰਾਜਦੀਪ ਰਾਜੂ ਸਰਪੰਚ ਗੁਰਜੰਟ ਸਿੰਘ, ਕਰਮਜੀਤ ਸਿੰਘ ਜੋਗੀ ਆਦਿ ਹਾਜ਼ਰ ਸਨ।

# 95 ਲੱਖ ਦੀ ਲਾਗਤ ਵਾਲੇ ਖਾਲ ਨਾਲ ਹੋਵੇਗਾ 500 ਏਕੜ ਨੂੰ ਫਾਇਦਾ : ਕਾਕਾ ਬਰਾੜ

### ਕਿਸਾਨ ਬੋਲੇ; 40 ਸਾਲਾਂ ਬਾਅਦ ਹੋਈ ਸੁਣਵਾਈ, ਹੁਣ ਲੱਗੇਗਾ ਖੇਤਾਂ ਨੂੰ ਪੂਰਾ ਪਾਣੀ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)-ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਪਿੰਡ ਕੋਟਲੀ ਦੇਵਨ ਦੇ ਮੁਕਤਸਰ ਰਜਬਾਹਾ ਦੇ ਮੋਘਾ ਨੰ 28557 ਆਰ ਦੇ ਖਾਲ ਦੀ ਮੁੜ ਉਸਾਰੀ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ।ਇਸ ਦੌਰਾਨ ਕਿਸਾਨਾਂ ਵਿੱਚ ਭਾਰੀ ਜੋਸ਼ ਪਾਇਆ ਗਿਆ ਤੇ ਸੂਬਾ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਕਿਸਾਨਾਂ ਨੂੰ ਸਿੰਚਾਈ ਲਈ ਪੂਰਾ ਪਾਣੀ ਮੁਹੱਈਆ ਕਰਵਾਉਣਾ ਸਰਕਾਰ ਦੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਕਰੀਬ 40 ਸਾਲ ਬਾਅਦ ਹੋ ਰਹੀ ਇਸ ਖਾਲ ਦੀ ਮੁੜ ਉਸਾਰੀ ਨਾਲ ਕਿਸਾਨਾਂ ਨੂੰ ਸਿੰਚਾਈ ਕਰਨ ਵਿੱਚ ਵੱਡੀ ਸਹੂਲਤ ਮਿਲੇਗੀ ਤੇ ਉਨ੍ਹਾਂ ਦੀ ਫਸਲ ਦਾ ਝਾੜ ਵੀ ਵਧੇਗਾ।ਉਨ੍ਹਾਂ ਦੱਸਿਆ ਕਿ ਇਸ ਖਾਲ ਦੀ ਮੁੜ ਉਸਾਰੀ 'ਤੇ ਲਗਭਗ 95 ਲੱਖ ਰੁਪਏ ਦੀ ਲਾਗਤ ਆਵੇਗੀ, ਜਿਸ ਨਾਲ ਕਰੀਬ 500 ਏਕੜ ਦੀ ਰਕਬੇ ਨੂੰ ਪਾਣੀ ਲੱਗੇਗਾ।ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਸਰਕਾਰ ਵੱਲੋਂ ਪਹਿਲਾਂ ਹੀ ਕਿਸਾਨਾਂ ਨੂੰ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ ਤੇ ਹੁਣ ਸਿੰਚਾਈ ਸਹੂਲਤਾਂ ਨੂੰ ਵੀ ਬਿਹਤਰ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਖੇਤੀਬਾੜੀ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਤੇ ਸਰਕਾਰ ਹਮੇਸ਼ਾ ਉਨ੍ਹਾਂ ਨਾਲ ਖੜ੍ਹੀ ਹੈ।ਉਨ੍ਹਾਂ ਇਹ ਵੀ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਸਰਕਾਰ ਵੱਲੋਂ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਹਨ ਤੇ ਪਿੰਡਾਂ ਦੀਆਂ ਸੜਕਾਂ, ਗਲੀਆਂ ਤੇ ਹੋਰ ਬੁਨਿਆਦੀ ਢਾਂਚੇ ਨੂੰ ਵੀ ਸੁਧਾਰਿਆ ਜਾ ਰਿਹਾ ਹੈ।ਵਿਧਾਇਕ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਪਿੰਡਾਂ ਦੇ ਵਿਕਾਸ ਲਈ ਹੋਰ ਕਈ ਉਪਰਾਲੇ ਕੀਤੇ ਜਾਣਗੇ।

ਇਸ ਮੌਕੇ ਪਿੰਡ ਵਾਸੀਆਂ ਨੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਧੰਨਵਾਦ ਕੀਤਾ ਤੇ ਸਰਕਾਰ ਦੀਆਂ ਕਿਸਾਨ ਪੱਖੀ ਨੀਤੀਆਂ ਦੀ ਸ਼ਲਾਘਾ ਕੀਤੀ।ਅੰਤ ਵਿੱਚ ਲੱਡੂ ਵੰਡਕੇ ਖੁਸ਼ੀ ਮਨਾਈ ਗਈ।ਇਸ ਮੌਕੇ ਪੈਸਟੀਸਾਈਡ ਯੂਨੀਅਨ ਦੇ ਪ੍ਰਧਾਨ ਅਜਵਿੰਦਰ ਸਿੰਘ ਰਾਜੂ ਪੂਨੀਆ, ਹਰਮਨਦੀਪ ਸਿੰਘ ਮੈਂਬਰ, ਤਰਸੇਮ ਸਿੰਘ ਢਿੱਲੋਂ ਮੈਂਬਰ, ਸੁਖਪਾਲ ਸਿੰਘ, ਗੁਰਜੀਤ ਸਿੰਘ, ਗੁਰਜੰਟ ਸਿੰਘ ਸਾਬਕਾ ਸਰਪੰਚ, ਅਜਮੇਰ ਸਿੰਘ, ਮੱਖਣ ਸਿੰਘ, ਨੈਬ ਸਿੰਘ ਪੂਨੀਆਂ, ਜਸਕਰਨ ਸਿੰਘ ਕਾਲਾ ਬਾਬਾ, ਪ੍ਰਮਾਤਮਾ ਸਿੰਘ, ਰਾਜਦੀਪ ਸਿੰਘ, ਜਗਦੇਵ ਸਿੰਘ, ਆਪ ਸੰਗਠਨ ਇੰਚਾਰਜ ਜਸਵੰਤ ਸੰਧੂ ਆਦਿ ਹਾਜ਼ਰ ਸਨ।

## ਪ੍ਰਕਾਸ਼ ਪੁਰਬ ਸੰਬੰਧੀ ਪ੍ਰਭਾਤ ਫੇਰੀ ਭਲਕ ਤੋਂ : ਬਾਬਾ ਸ਼ੁੱਧ ਸਿੰਘ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਮਾਛੀਵਾੜਾ ਦੀ ਫਰੈਂਡਜ਼ ਕਾਲੋਨੀ ਵਿਖੇ ਪ੍ਰਭਾਤ ਫੇਰੀ 1 ਨਵੰਬਰ ਤੋਂ ਸ਼ੁਰੂ ਹੋਵੇਗੀ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਬਾਬਾ ਸ਼ੁੱਧ ਸਿੰਘ ਟੂਸੇ ਨੇ ਦੱਸਿਆ ਕਿ ਫਰੈਂਡਜ਼ ਕਾਲੋਨੀ, ਬੈਂਕ ਕਾਲੋਨੀ ਤੇ ਮਾਛੀਵਾੜਾ ਸਾਹਿਬ ਦੀ ਸਮੂਹ ਸਾਧ ਸੰਗਤ ਦੇ ਸਹਿਯੋਗ ਸਦਕਾ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਦੀ ਖੁਸ਼ੀ ਵਿੱਚ 1 ਤੋਂ 5 ਨਵੰਬਰ ਤੱਕ ਪ੍ਰਭਾਤ ਫੇਰੀਆਂ ਕੀਤੀਆਂ ਜਾਣਗੀਆਂ, ਜਿਸ ਵਿੱਚ ਭਾਰੀ ਗਿਣਤੀ ਸੰਗਤਾਂ ਸ਼ਾਮਲ ਹੋਣਗੀਆਂ। ਉਨ੍ਹਾਂ ਕਿਹਾ ਕਿ ਸੰਗਤਾਂ ਪ੍ਰਭਾਤ ਫੇਰੀਆਂ 'ਤੇ ਨਾਮ ਸਿਮਰਨ ਕਰਨਗੀਆਂ। ਸੰਗਤਾਂ ਲਈ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਜਾਣਗੇ।

## ਪੰਜਾਬ ਘੱਟ ਗਿਣਤੀ ਕਮਿਸ਼ਨ ਪੰਜਾਬ ਦੀ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੀਟਿੰਗ



ਮਾਲੇਰਕੋਟਲਾ (ਅਸਗਰ ਪਰਿਹਾਰ)-ਪੰਜਾਬ ਘੱਟ ਗਿਣਤੀ ਕਮਿਸ਼ਨ ਪੰਜਾਬ ਦੀ ਪਟਿਆਲਾ ਜ਼ਿਲਾ ਪ੍ਰਸ਼ਾਸਨ ਨਾਲ ਮੀਟਿੰਗ ਹੋਈ।ਜਿਸ 'ਚ ਘੱਟ ਗਿਣਤੀ ਭਾਈਚਾਰੇ ਵਲੋਂ ਆਈਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਦੀ ਸਮੀਖਿਆ ਕੀਤੀ ਗਈ।ਮੀਟਿੰਗ ਦੀ ਅਗਵਾਈ ਕਮਿਸ਼ਨ ਦੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਨੇ ਕੀਤੀ।ਮੀਟਿੰਗ 'ਚ ਏ.ਡੀ.ਸੀ, ਐਸ.ਪੀ, ਬੀ ਡੀ ਪੀ ਓ, ਕਾਰਪੋਰੇਸ਼ਨ ਦਫਤਰ, ਸਿੱਖਿਆ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਹੋਰ ਵੀ ਸੀਨੀਅਰ ਅਧਿਕਾਰੀ ਮੌਜੂਦ ਸਨ।ਇਸ ਮੌਕੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਨੇ ਕਿਹਾ ਕਿ ਕਮਿਸ਼ਨ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਘੱਟ ਗਿਣਤੀ ਭਾਈਚਾਰੇ ਦੀਆਂ ਜਾਇਜ਼ ਸ਼ਿਕਾਇਤਾਂ ਨੂੰ ਸੁਣਿਆ ਜਾਵੇ ਅਤੇ ਉਨ੍ਹਾਂ ਦਾ ਹੱਲ ਤੁਰੰਤ ਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਜਾਵੇ।ਕਮਿਸ਼ਨ ਦੇ ਮੈਂਬਰ ਨਦੀਮ ਅਨਵਾਰ ਖਾਨ ਨੇ ਕਿਹਾ ਕਿ ਇਹ ਸਾਡਾ ਸੰਵਿਧਾਨਕ ਫਰਜ਼ ਹੈ ਕਿ ਸਭ ਨੂੰ ਬਰਾਬਰੀ ਦਾ ਹੱਕ ਮਿਲੇ ਅਤੇ ਖਾਸਕਰ ਜੋ ਘੱਟ ਗਿਣਤੀ ਭਾਈਚਾਰਾ ਪਿਛੜਿਆ ਹੋਇਆ ਹੈ ਉਸ ਤੱਕ ਸਰਕਾਰ ਦੀਆਂ ਭਲਾਈ ਸਕੀਮਾਂ ਪਹੁੰਚ ਸਕਣ।ਇਸ ਮੌਕੇ ਕਮਿਸ਼ਨ ਦੇ ਹੋਰ ਮੈਂਬਰਾਂ 'ਚ ਇਸਲਾਮ ਅਲੀ, ਦਰਸ਼ਨ ਮੈਥੀਊ, ਜੌਨ ਮਸੀਹ ਅਤੇ ਰਾਜੇਸ਼ ਜੈਨ ਵੀ ਮੌਜੂਦ ਸਨ। ਉਨ੍ਹਾਂ ਤੋਂ ਇਲਾਵਾ ਇਮਤਿਆਜ ਖਾਂ, ਮੁਫਤੀ ਰਾਸ਼ਿਦ, ਵਕੀਲ ਖਾਨ, ਆਰਿਫ ਖਾਨ, ਸ਼ਰੀਫ ਬੋਸ ਆਦਿ ਨੇ ਵੀ ਮੀਟਿੰਗ ਵਿਚ ਹਿੱਸਾ ਲਿਆ।

## ਸ਼ਿਵਾਲਿਕ ਮਾਡਲ ਸਕੂਲ 'ਚ ਅੰਤਰ ਹਾਊਸ ਪ੍ਰਸ਼ਨੋਤਰੀ ਮੁਕਾਬਲੇ



ਜਗਰਾਉਂ (ਸੰਜੀਵ ਅਰੋੜਾ)-ਸ਼ਿਵਾਲਿਕ ਮਾਡਲ ਸਕੂਲ ਵੱਲੋਂ ਅੰਤਰ ਹਾਊਸ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਗਏ। ਇਸ ਮੁਕਾਬਲੇ ਦਾ ਵਿਸ਼ਾ 'ਤਾਜ਼ਾ ਘਟਨਾਵਾਂ' ਸਨ। ਮੁਕਾਬਲੇ ਵਿੱਚ ਸਾਰੇ ਹਾਊਸ-ਅਰਥ ਹਾਊਸ, ਓਸ਼ਨ ਹਾਊਸ, ਸਕਾਈ ਹਾਊਸ ਅਤੇ ਫਲੇਮ ਹਾਊਸ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਹਰ ਹਾਊਸ ਵੱਲੋਂ ਛੇ ਵਿਦਿਆਰਥੀਆਂ ਦੀ ਟੀਮ ਨੇ ਆਪਣਾ-ਆਪਣਾ ਗਿਆਨ ਦਰਸਾਇਆ। ਜੱਜ ਦੀ ਭੂਮਿਕਾ ਉੱਪ ਪ੍ਰਧਾਨ ਇਸ਼ਿਤਾ ਗੁਪਤਾ ਤੇ ਮੈਡਮ ਰੇਣੂ ਮਿਗਲਾਨੀ ਵੱਲੋਂ ਨਿਭਾਈ ਗਈ। ਪ੍ਰਸ਼ਨੋਤਰੀ ਮੁਕਾਬਲਾ ਤਿੰਨ ਦੌਰਾਂ ਵਿੱਚ ਵਾਰਮ ਅੱਪ ਰਾਊਂਡ, ਰੈਪਿਡ ਫਾਇਰ ਰਾਊਂਡ ਤੇ ਬਜ਼ਰ ਰਾਊਂਡ ਕਰਵਾਇਆ ਗਿਆ। ਸਾਰੇ ਹਾਊਸਾਂ ਵਿੱਚ ਸਖਤ ਮੁਕਾਬਲਾ ਸੀ। ਆਖਰ ਅਰਥ ਹਾਊਸ ਤੇ ਸਕਾਈ ਹਾਊਸ ਵਿੱਚ ਟਾਈ-ਅੱਪ ਰਾਊਂਡ ਹੋਇਆ। ਦੋਨਾਂ ਹਾਊਸਾਂ ਵਿੱਚ ਮੁਕਾਬਲੇ ਦੌਰਾਨ ਬੜੇ ਮੁਸ਼ਕਿਲ ਪ੍ਰਸ਼ਨ ਪੁੱਛੇ ਗਏ, ਜਿਸ ਵਿੱਚ ਅਰਥ ਹਾਊਸ ਨੇ ਆਪਣਾ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਸਕਾਈ ਹਾਊਸ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਮੈਡਮ ਨੀਲਮ ਸ਼ਰਮਾ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਗਿਆਨ, ਤਰਕਸ਼ੀਲਤਾ ਤੇ ਤੇਜ਼ ਸੋਚਣ ਦੀ ਯੋਗਤਾ ਵਿਕਸਿਤ ਕਰਦੇ ਹਨ। ਉਨ੍ਹਾਂ ਨੇ ਸਾਰੇ ਹਾਊਸਾਂ ਦੀ ਪ੍ਰਸੰਸਾ ਕੀਤੀ ਤੇ ਵਿਦਿਆਰਥੀਆਂ ਨੂੰ ਅੱਗੇ ਵੀ ਉਤਸ਼ਾਹ ਨਾਲ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਨਰਿੰਦਰ ਕੁਮਾਰ, ਨੀਰਜ ਕੁਮਾਰ, ਬਲਵਿੰਦਰ ਸਿੰਘ ਤੇ ਰਜਿੰਦਰ ਕੁਮਾਰ ਹਾਜ਼ਰ ਸਨ। ਅੰਤ ਵਿੱਚ ਜਿੱਤਣ ਵਾਲੀਆਂ ਟੀਮਾਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

## ਜ਼ਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ 'ਚ ਖੋ-ਖੋ ਮੁੰਡੇ ਰਾਮਗੜ੍ਹ ਚੂੰਘਾ ਦੀ ਹੂੰਝਾ ਫੇਰ ਜਿੱਤ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਰਾਮਗੜ੍ਹ ਚੂੰਘਾ ਦੇ ਖੋ-ਖੋ ਮੁੰਡਿਆਂ ਦੇ ਇੱਕ ਤਰਫ਼ਾ ਮੈਚ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਦੀ ਜਾਣਕਾਰੀ ਬੀਪੀਈਓ ਮੁਕਤਸਰ-1 ਜਗਦੀਪ ਸਿੰਘ ਦੇ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਰਾਮਗੜ੍ਹ ਚੂੰਘਾ ਦੇ ਸਮੂਹ ਸਟਾਫ਼ ਨੇ ਬਹੁਤ ਮਿਹਨਤ ਨਾਲ ਤਿਆਰੀ ਕਰਵਾ ਕੇ ਸਾਰੇ ਮੈਚਾਂ ਵਿੱਚ ਇਕ ਤਰਫ਼ਾ ਮੈਚ ਪ੍ਰਦਰਸ਼ਨ ਕਰਕੇ ਜੇਤੂ ਬਣੇ।ਇਸ ਟੀਮ ਦੇ ਜੇਤੂ ਹੋਣ ਦਾ ਸਿਹਰਾ ਖੇਡ ਇੰਚਾਰਜ ਇੰਦਰਜੀਤ ਸਿੰਘ ਨੂੰ ਜਾਂਦਾ ਹੈ, ਜਿਨ੍ਹਾਂ ਨੇ ਗਰਮੀ ਦੀਆਂ ਛੁੱਟੀਆਂ ਵਿੱਚ ਵੀ ਖੋ-ਖੋ ਟੀਮ ਦੀ ਪੂਰੀ ਤਨਦੇਹੀ ਨਾਲ ਤਿਆਰੀ ਕਰਵਾਈ।ਇਸ ਤੋਂ ਇਲਾਵਾ ਗ੍ਰਾਮ ਪੰਚਾਇਤ, ਪਿੰਡ ਵਾਸੀ, ਐੱਸ ਐੱਮ ਸੀ ਮੈਂਬਰ ਤੇ ਮਾਪਿਆਂ ਨੇ ਪਿੰਡ ਵਿੱਚ ਆਉਣ 'ਤੇ ਖਿਡਾਰੀਆਂ ਤੇ ਅਧਿਆਪਕਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਬੱਚਿਆਂ ਤੇ ਅਧਿਆਪਕਾਂ ਨੂੰ ਸਨਮਾਨਤ ਕੀਤਾ।

## ਮਿਸ਼ਨ ਆਗੂਆਂ ਡੀ ਐੱਮ ਓ ਨਾਲ ਕੀਤਾ ਦੁੱਖ ਸਾਂਝਾ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਮੁਕਤਸਰ ਵਿਕਾਸ ਮਿਸ਼ਨ ਦੇ ਸਹਿਯੋਗੀ ਤੇ ਸਾਬਕਾ ਜ਼ਿਲ੍ਹਾ ਮੰਡੀ ਅਫਸਰ ਮਲਕੀਤ ਸਿੰਘ ਪੈਂਕ ਦੀ ਧਰਮ ਪਤਨੀ ਜੋਗਿੰਦਰ ਕੌਰ (75) ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ।ਇਲਾਕੇ ਭਰ ਦੇ ਰਾਜਨੀਤਕ, ਧਾਰਮਿਕ ਅਤੇ ਸਮਾਜਿਕ ਆਗੂਆਂ ਸਮੇਤ ਵੱਖ-ਵੱਖ ਅਧਿਕਾਰੀਆਂ/ਕਰਮਚਾਰੀਆਂ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੇ ਪੈਂਕ ਪਰਵਾਰ ਨਾਲ ਦੁੱਖ ਪ੍ਰਗਟਾਇਆ ਹੈ।ਇਸੇ ਤਰ੍ਹਾਂ ਮਿਸ਼ਨ ਦੇ ਉੱਚ ਪੱਧਰੀ ਆਗੂਆਂ ਦੇ ਵਫ਼ਦ ਨੇ ਸਥਾਨਕ ਕੋਟਕਪੂਰਾ ਰੋਡ ਸਥਿਤ ਮਲਕੀਤ ਸਿੰਘ ਪੈਂਕ ਦੇ ਗ੍ਰਹਿ ਵਿਖੇ ਜਾ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠਲੇ ਇਸ ਵਫ਼ਦ ਵਿੱਚ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ ਤੇ ਪੈਟਰਨ ਡਾ. ਸੁਰਿੰਦਰ ਗਿਰਧਰ ਸਮੇਤ ਅਮਰ ਨਾਥ ਸੇਰਸੀਆ, ਬਲਜੀਤ ਸਿੰਘ ਕੋਅਪ੍ਰੇਟਿਵ, ਪ੍ਰੋ. ਕੁਲਵੰਤ ਸ਼ਰਮਾ ਤੇ ਨਰਿੰਦਰ ਕਾਕਾ ਆਦਿ ਸ਼ਾਮਲ ਸਨ।ਇਸ ਮੌਕੇ ਪੈਂਕ ਪਰਵਾਰ ਦੇ ਵੱਡੇ ਭਰਾ ਗੁਰਬਚਨ ਸਿੰਘ ਤੋਂ ਇਲਾਵਾ ਨਗੀਨ ਚੰਦ ਸ਼ਰਮਾ, ਗੁਰਦੀਪ ਸਿੰਘ ਕੱਦੂ, ਪਵਨ ਕੁਮਾਰ, ਰਾਮ ਸਿੰਘ ਤੇ ਰਣਜੀਤ ਸਿੰਘ ਆਦਿ ਮੌਜੂਦ ਸਨ। ਸਵ: ਜੋਗਿੰਦਰ ਕੌਰ ਨਮਿੱਤ ਅੰਤਿਮ ਅਰਦਾਸ ਤੇ ਪਾਠ ਦਾ ਭੋਗ ਆਉਂਦੇ 4 ਨਵੰਬਰ ਨੂੰ ਦੁਪਹਿਰ 12:00 ਤੋਂ 1:00 ਵਜੇ ਤੱਕ ਸਥਾਨਕ ਬਠਿੰਡਾ ਰੋਡ ਸਥਿਤ ਸ਼ਾਂਤੀ ਭਵਨ ਵਿਖੇ ਪਵੇਗਾ।

## ਹੋਲੀ ਹਾਰਟ ਸਕੂਲ ਦੀ ਸ਼ਰਨ ਕੌਰ ਦਾ ਭਾਸ਼ਣ ਪ੍ਰਤੀਯੋਗਤਾ 'ਚ ਸ਼ਾਨਦਾਰ ਪ੍ਰਦਰਸ਼ਨ



ਅਜੀਤਵਾਲ (ਨਛੱਤਰ ਸੰਧੂ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਦੀ ਹੋਣਹਾਰ ਵਿਦਿਆਰਥਣ ਸ਼ਰਨ ਕੌਰ ਸਪੁੱਤਰੀ ਸਰਦਾਰ ਪ੍ਰਭਜੋਤ ਸਿੰਘ ਨੇ ਭਾਸ਼ਣ ਪ੍ਰਤੀਯੋਗਤਾ ਮੋਗਾ ਵਿਖੇ ਹਿੱਸਾ ਲੈ ਕੇ ਸਭ ਦਾ ਮਨ ਮੋਹ ਲਿਆ।ਸ਼ਰਨ ਕੌਰ ਨੇ ਆਪਣੇ ਸੁਚਿੰਤਿਤ ਵਿਚਾਰਾਂ, ਪ੍ਰਭਾਵਸ਼ਾਲੀ ਅਵਾਜ਼ ਤੇ ਆਤਮ ਵਿਸ਼ਵਾਸ ਨਾਲ ਪ੍ਰਸਤੁਤੀ ਦੇ ਕੇ ਦਰਸ਼ਕਾਂ ਤੋਂ ਜ਼ੋਰਦਾਰ ਤਾਲੀਆਂ ਵਸੂਲ ਕੀਤੀਆਂ।ਇਸ ਮੁਕਾਬਲੇ ਦੌਰਾਨ ਸ਼ਰਨ ਕੌਰ ਨੇ ਸਮਾਜਿਕ ਤੇ ਸਿੱਖਿਆ ਸੰਬੰਧੀ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ, ਜਿਸ ਨਾਲ ਉਸ ਦੀ ਸੋਚਣ ਸਮਝਣ ਦੀ ਸਮਰੱਥਾ ਤੇ ਬੋਲਣ ਦਾ ਅੰਦਾਜ਼ ਸਭ ਨੂੰ ਬਹੁਤ ਪਸੰਦ ਆਇਆ।ਸਕੂਲ ਦੀ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਤੇ ਅਧਿਆਪਕ ਮੰਡਲ ਵੱਲੋਂ ਸ਼ਰਨ ਕੌਰ ਨੂੰ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਗਈ ਤੇ ਭਵਿੱਖ ਵਿੱਚ ਹੋਰ ਸਫਲਤਾਵਾਂ ਹਾਸਲ ਕਰਨ ਦੀ ਕਾਮਨਾ ਕੀਤੀ ਗਈ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਸਟਾਫ ਵੱਲੋਂ ਵਿਦਿਆਰਥਣ ਨੂੰ ਵਧਾਈ ਦਿੱਤੀ ਗਈ।

## ਪੰਜਾਬੀ 'ਵਰਸਿਟੀ ਵਿਖੇ ਸਾਲਾਨਾ ਅਥਲੈਟਿਕਸ ਮੀਟ ਆਰੰਭ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬੀ ਯੂਨੀਵਰਸਿਟੀ ਦੇ ਖੇਡ ਵਿਭਾਗ ਵੱਲੋਂ ਕਰਵਾਈ ਜਾ ਰਹੀ 62ਵੀਂ ਸਾਲਾਨਾ ਅਥਲੈਟਿਕਸ ਮੀਟ ਅੱਜ ਆਰੰਭ ਹੋ ਗਈ ਹੈ, ਜਿਸ ਦਾ ਉਦਘਾਟਨ ਉਪ ਕੁਲਪਤੀ ਡਾ. ਜਗਦੀਪ ਸਿੰਘ ਨੇ ਕੀਤਾ।ਉਪ ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਮੌਕੇ ਬੋਲਦਿਆਂ ਵਿਦਿਆਰਥੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਕਾਦਮਿਕ ਖੇਤਰ ਵਿੱਚ ਪ੍ਰਾਪਤੀਆਂ ਕਰਨ ਦੇ ਨਾਲ਼-ਨਾਲ਼ ਖੇਡਾਂ ਦੇ ਖੇਤਰ ਵੱਲ ਵੀ ਜੁੜੇ ਰਹਿਣ ਦਾ ਆਪਣਾ ਇੱਕ ਵਿਸ਼ੇਸ਼ ਮਹੱਤਵ ਹੈ।ਉਨ੍ਹਾਂ ਵਿਗਿਆਨਕ ਦ੍ਰਿਸ਼ਟੀਕੋਣ ਤੋਂ ਵੱਖ ਵੱਖ ਹਵਾਲੇ ਦਿੰਦਿਆਂ ਦੱਸਿਆ ਕਿ ਖੇਡਾਂ ਦੇ ਖੇਤਰ ਨਾਲ਼ ਜੁੜਨਾ ਵਿਦਿਆਰਥੀਆਂ ਦੇ ਮਾਨਸਿਕ ਵਿਕਾਸ ਵਿਕਾਸ ਵਿੱਚ ਸਹਾਈ ਸਿੱਧ ਹੁੰਦਾ ਹੈ।ਉਨ੍ਹਾਂ ਇਸ ਗੱਲ ਉੱਤੇ ਖ਼ੁਸ਼ੀ ਪ੍ਰਗਟਾਈ ਕਿ ਪੰਜਾਬੀ ਯੂਨੀਵਰਸਿਟੀ ਖੇਡਾਂ ਦੇ ਖੇਤਰ ਵਿੱਚ ਹਮੇਸ਼ਾ ਹੀ ਦੇਸ਼ ਦੀਆਂ ਮੋਹਰੀ ਸੰਸਥਾਵਾਂ ਵਿੱਚ ਸ਼ੁਮਾਰ ਰਹੀ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਇਹ ਅਹਿਦ ਲੈਣਾ ਚਾਹੀਦਾ ਹੈ ਕਿ ਪੰਜਾਬੀ ਯੂਨੀਵਰਸਿਟੀ ਦੀ ਇਸ ਚੜ੍ਹਤ ਨੂੰ ਭਵਿੱਖ ਵਿੱਚ ਵੀ ਬਰਕਰਾਰ ਰੱਖਿਆ ਜਾਵੇ।ਖੇਡ ਵਿਭਾਗ ਦੇ ਡਾਇਰੈਕਟਰ ਡਾ. ਗੁਰਦੀਪ ਕੌਰ ਰੰਧਾਵਾ ਨੇ ਦੱਸਿਆ ਕਿ ਐਥਲੈਟਿਕਸ ਮੀਟ ਵਿੱਚ ਪੰਜਾਬੀ ਯੂਨੀਵਰਸਿਟੀ ਨਾਲ ਜੁੜੇ ਵੱਖ ਵੱਖ ਕਾਲਜਾਂ ਤੋਂ 300 ਦੇ ਕਰੀਬ ਲੜਕੀਆਂ ਤੇ 400 ਦੇ ਕਰੀਬ ਲੜਕੇ ਵੱਖ-ਵੱਖ ਈਵੈਂਟਸ ਵਿੱਚ ਭਾਗ ਲੈ ਰਹੇ ਹਨ।ਐਥਲੈਟਿਕਸ ਮੀਟ ਦੇ ਪਹਿਲੇ ਦਿਨ 800 ਮੀਟਰ ਦੌੜ ਵਿੱਚ ਪੰਜਾਬੀ ਯੂਨੀਵਰਸਿਟੀ ਕੈਂਪਸ ਤੋਂ ਅਕਾਸ਼ਦੀਪ ਸਿੰਘ ਨੇ 1:50:97 ਦੇ ਸਮੇਂ ਨਾਲ਼ ਨਵਾਂ ਰਿਕਾਰਡ ਬਣਾਇਆ।

## ਪੈਨਸ਼ਨਰ ਐਂਡ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਦੀ ਮਾਸਿਕ ਇਕੱਤਰਤਾ



ਪੱਟੀ (ਬਲਦੇਵ ਸਿੰਘ ਸੰਧੂ)-ਪੈਨਸ਼ਨਰ ਐਂਡ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ ਹਰਜਿੰਦਰ ਸਿੰਘ ਜੰਡ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਸਤਵੰਤ ਕੌਰ ਗਿੱਲ ਅਤੇ ਰੂਪਾ ਦੇਵੀ ਦੇ ਬੇਵਕਤ ਵਿਛੋੜਾ ਦੇਣ 'ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦੇ ਹੋਏ ਪੱਟੀ ਤਹਸੀਲ ਦੇ ਜਨਰਲ ਸਕੱਤਰ ਜਗਤਾਰ ਸਿੰਘ ਆਸਲ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਦੀ ਘੋਰ ਨਿੰਦਾ ਕੀਤੀ। ਇਸ ਮੌਕੇ ਚੌਧਰੀ ਮੋਹਨ ਸਿੰਘ ਅਤੇ ਮਲਕੀਤ ਸਿੰਘ ਨੇ ਧੂਰੀ ਰੈਲੀ ਲਈ ਵੱਧ ਚੜ੍ਹ ਕੇ ਚੱਲਣ ਦੀ ਪੈਨਸ਼ਨਰਾਂ ਨੂੰ ਅਪੀਲ ਕੀਤੀ। ਜ਼ਿਲਾ ਸਕੱਤਰ ਸਤਪਾਲ ਸ਼ਰਮਾ ਨੇ ਕਿਹਾ ਕਿ 16 ਨਵੰਬਰ ਦੀ ਧੂਰੀ ਰੈਲੀ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਮੀਟਿੰਗ ਵਿੱਚ ਚਾਨਣ ਸਿੰਘ, ਗੋਪਾਲ ਸਿੰਘ, ਦਰਸ਼ਨ ਸਿੰਘ, ਦਰਸ਼ਨ ਸਿੰਘ ਪਟਵਾਰੀ, ਗੁਰਮੀਤ ਸਿੰਘ, ਓਮ ਪ੍ਰਕਾਸ਼, ਧਰਮ ਸਿੰਘ ਵਲਟੋਹਾ, ਕਾਬਲ ਸਿੰਘ ਆਸਲ, ਗੁਰਦੀਪ ਸਿੰਘ ਪਟਵਾਰੀ, ਮਨਜੀਤ ਕੌਰ, ਅਨੂਪ ਸਿੰਘ, ਪ੍ਰਗਟ ਸਿੰਘ ਸਰਹਾਲੀ, ਬਿਕਰਮ ਸਿੰਘ, ਸੁੱਖਾ ਸਿੰਘ, ਪ੍ਰਭ ਦਿਆਲ ਸਿੰਘ, ਗਿਰਧਾਰੀ ਲਾਲ, ਅਵਤਾਰ ਸਿੰਘ, ਨਿਸ਼ਾਨ ਸਿੰਘ, ਬੀਰ ਮਸੀਹ, ਸੁਰਜੀਤ ਸਿੰਘ, ਜਸਵੰਤ ਸਿੰਘ ਪਟਵਾਰੀ ਹਾਜ਼ਰ ਸਨ।

## ਆਰ ਟੀ ਓ 'ਚ ਸਾਲਾਨਾ 29 ਲੱਖ ਅਰਜ਼ੀਆਂ ਵਾਲਾ ਕੰਮ ਹੁਣ ਘਰ ਬੈਠੇ ਹੋਵੇਗਾ: ਹਰਮੀਤ ਸੰਧੂ



ਤਰਨਤਾਰਨ (ਨ ਜ਼ ਸ)-ਆਪ ਦੇ ਸੀਨੀਅਰ ਆਗੂ ਅਤੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਪੰਜਾਬ ਵਿੱਚ ਫੇਸਲੈੱਸ ਆਰਟੀਓ ਸੇਵਾਵਾਂ ਦੀ ਸ਼ੁਰੂਆਤ ਨੂੰ ਇੱਕ ਇਤਿਹਾਸਕ ਅਤੇ ਇਨਕਲਾਬੀ ਕਦਮ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੁਧਿਆਣਾ ਵਿਖੇ ਆਰਟੀਓ ਦਫ਼ਤਰ ਨੂੰ ਪ੍ਰਤੀਕਾਤਮਕ ਤੌਰ 'ਤੇ ਤਾਲਾ ਲਾ ਕੇ ਸੂਬੇ ਵਿੱਚੋਂ ਭ੍ਰਿਸ਼ਟਾਚਾਰ, ਪ੍ਰੇਸ਼ਾਨੀਆਂ ਅਤੇ ਵਿਚੋਲੀਆ ਸਿਸਟਮ ਦੇ ਖਾਤਮੇ ਦਾ ਐਲਾਨ ਕਰ ਦਿੱਤਾ ਹੈ।ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਹਰਮੀਤ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਜਿੱਥੇ ਆਮ ਲੋਕਾਂ ਨੂੰ ਟਰਾਂਸਪੋਰਟ ਵਿਭਾਗ ਨਾਲ ਸਬੰਧਤ ਕੰਮਾਂ ਲਈ ਸਰਕਾਰੀ ਦਫ਼ਤਰਾਂ ਦੇ ਧੱਕੇ ਨਹੀਂ ਖਾਣੇ ਪੈਣਗੇ।

ਉਨ੍ਹਾਂ ਕਿਹਾ ਕਿ ਹੁਣ ਸਿਰਫ਼ 1076 ਨੰਬਰ ਡਾਇਲ ਕਰਨ 'ਤੇ ਸਰਕਾਰੀ ਕਰਮਚਾਰੀ ਖੁਦ ਲੋਕਾਂ ਦੇ ਘਰ ਆ ਕੇ ਕੰਮ ਕਰਨਗੇ। ਆਪ ਆਗੂ ਨੇ ਕਿਹਾ ਕਿ ਡਰਾਈਵਿੰਗ ਲਾਇਸੈਂਸ ਅਤੇ ਵਾਹਨ ਰਜਿਸਟ੍ਰੇਸ਼ਨ ਸਰਟੀਫਿਕੇਟ ਨਾਲ ਸਬੰਧਤ ਕੁੱਲ 56 ਪ੍ਰਮੁੱਖ ਸੇਵਾਵਾਂ ਨੂੰ ਪੂਰੀ ਤਰ੍ਹਾਂ ਫੇਸਲੈੱਸ ਕਰ ਦਿੱਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਭ੍ਰਿਸ਼ਟਾਚਾਰ, ਪ੍ਰੇਸ਼ਾਨੀਆਂ ਅਤੇ ਵਿਚੋਲਿਆਂ ਤੋਂ ਅਸਲੀ ਆਜ਼ਾਦੀ ਮਿਲੀ ਹੈ।

## ਖ਼ਰਚਾ ਅਬਜ਼ਰਵਰ ਮਨਜ਼ੂਰਉੱਲ ਹਸਨ ਨੇ ਐੱਸ ਐੱਸ ਟੀ ਟੀਮਾਂ ਵੱਲੋਂ ਕੀਤੀ ਜਾ ਰਹੀ ਚੈਕਿੰਗ ਦਾ ਲਿਆ ਜਾਇਜ਼ਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਉਪ ਚੋਣ ਸਬੰਧੀ ਚੋਣ ਕਮਿਸ਼ਨ ਵੱਲੋਂ ਤਾਇਨਾਤ ਕੀਤੇ ਗਏ ਖ਼ਰਚਾ ਅਬਜ਼ਰਵਰ ਮਨਜ਼ੂਰਉੱਲ ਹਸਨ ਵੱਲੋਂ ਜ਼ਿਲ੍ਹੇ ਵਿੱਚ ਤੈਨਾਤ ਐੱਸਐੱਸਟੀ (ਸਟੈਟਿਕ ਸਰਵੇਲੈਂਸ ਟੀਮਾਂ) ਵੱਲੋਂ ਕੀਤੀ ਜਾ ਰਹੀ ਚੈਕਿੰਗ ਦਾ ਜਾਇਜ਼ਾ ਲਿਆ ਗਿਆ। ਐੱਸਐੱਸਟੀ (ਸਟੈਟਿਕ ਸਰਵੇਲੈਂਸ ਟੀਮਾਂ) ਵੱਲੋਂ ਜ਼ਿਲ੍ਹੇ ਭਰ ਵਿੱਚ ਵਿਸ਼ੇਸ਼ ਨਾਕੇ ਲਗਾ ਕੇ ਚੋਣ ਦੌਰਾਨ ਨਕਦੀ, ਸ਼ਰਾਬ ਅਤੇ ਹੋਰ ਸਮਾਨ ਦੀ ਆਵਾਜਾਈ ਉੱਤੇ ਨਿਗਰਾਨੀ ਕਰ ਰਹੀਆਂ ਹਨ, ਤਾਂ ਜੋ ਚੋਣ ਪ੍ਰਕਿਰਿਆ ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਸੰਪੰਨ ਹੋ ਸਕੇ।ਖ਼ਰਚਾ ਅਬਜ਼ਰਵਰ ਹਸਨ ਨੇ ਪਿੰਡ ਗੋਹਲਵੜ ਅਤੇ ਉਸਮਾ ਵਿਖੇ ਪਹੁੰਚ ਕੇ ਐੱਸਐੱਸਟੀ ਟੀਮਾਂ ਵੱਲੋਂ ਕੀਤੀ ਜਾ ਰਹੀ ਚੈਕਿੰਗ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਟੀਮਾਂ ਵੱਲੋਂ ਕੀਤੇ ਜਾ ਰਹੇ ਸੁਚੇਤ ਤੇ ਪ੍ਰਭਾਵਸ਼ਾਲੀ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਟੀਮ ਮੈਂਬਰਾਂ ਨੂੰ ਨਿਰਦੇਸ਼ ਦਿੱਤੇ ਕਿ ਸਾਰੀ ਚੈਕਿੰਗ ਪੂਰੀ ਨਿਰਪੱਖਤਾ, ਪਾਰਦਰਸ਼ੀਤਾ ਅਤੇ ਪੇਸ਼ਾਵਾਰਾਨਾ ਤਰੀਕੇ ਨਾਲ ਕੀਤੀ ਜਾਵੇ।ਉਨ੍ਹਾਂ ਨੇ ਚੋਣ ਕਮਿਸ਼ਨ ਆਫ ਇੰਡੀਆ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ 'ਤੇ ਵੀ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਉਪ ਚੋਣ ਤਰਨ ਤਾਰਨ ਪੂਰੀ ਤਰ੍ਹਾਂ ਆਜ਼ਾਦਾਨਾ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹੀ ਜਾਵੇਗੀ।

## ਸਰਹੱਦੀ ਖੇਤਰ ਨੂੰ ਤੋਹਫਾ, ਬਿਕਰਾਊਰ 'ਚ ਖੁੱਲ੍ਹੇਗਾ ਸਰਕਾਰੀ ਕਾਲਜ: ਧਾਲੀਵਾਲ



ਅੰਮ੍ਰਿਤਸਰ/ਅਜਨਾਲਾ (ਜਸਬੀਰ ਸਿੰਘ ਪੱਟੀ, ਸੁਖਤਿੰਦਰ ਸਿੰਘ ਰਾਜੂ)-ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਐਲਾਨ ਕੀਤਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਦੇ ਉਦਮ ਨਾਲ ਸਰਹੱਦੀ ਵਿਧਾਨ ਸਭਾ ਹਲਕਾ ਅਜਨਾਲਾ 'ਚ ਪਿੰਡ ਬਿਕਰਾਊਰ ਵਿਖੇ 15 ਏਕੜ ਰਕਬੇ 'ਚ 15 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਸਰਕਾਰੀ ਕਾਲਜ ਮਨਜ਼ੂਰ ਕੀਤਾ ਹੈ। ਇਸ ਸਰਹੱਦੀ ਖੇਤਰ ਦੇ 50-55 ਦੇ ਕਰੀਬ ਪਿੰਡਾਂ ਦੀਆਂ ਲੜਕੀਆਂ ਤੇ ਲੜਕੇ, ਜੋ ਉਚੇਰੀ ਸਿੱਖਿਆ ਤੋਂ ਵਾਂਝੇ ਸਨ, ਉਹ ਵੀ ਹੁਣ ਕਾਲਜ 'ਚ ਸ਼ੁਰੂ ਕਰਵਾਏ ਜਾਣ ਵਾਲੇ ਕੰਪਿਊਟਰ, ਆਰਟੀਫਿਸ਼ਲ ਇੰਟੈਲੀਜੈਂਸ ਆਦਿ ਕੋਰਸਾਂ ਨਾਲ ਸਮੇਂ ਦੇ ਹਾਣੀ ਬਣ ਕੇ ਮਜ਼ਦੂਰੀ ਤੇ ਛੋਟੇ ਮੋਟੇ ਕੰਮਾਂ ਤੋਂ ਸਵੈ ਰੁਜ਼ਗਾਰ ਧੰਦਿਆਂ ਦੇ ਸਮਰੱਥ ਹੋਣ ਕਰਕੇ ਡਿਜੀਟਲ ਇੰਡੀਆ ਦੇ ਸਫਰ 'ਚ ਸ਼ਾਮਲ ਹੋਣਗੇ।ਧਾਲੀਵਾਲ ਨੇ ਇਹ ਐਲਾਨ ਪਾਰਟੀ ਦੇ ਹਲਕਾ ਪੱਧਰੀ ਮੁੱਖ ਦਫ਼ਤਰ ਵਿਖੇ ਸਰਹੱਦੀ ਖੇਤਰ ਬਲੜਵਾਲ ਦੇ ਨੇੜੇ ਤੇੜੇ ਦੇ ਪਿੰਡਾਂ ਦੇ ਵੱਡੀ ਗਿਣਤੀ 'ਚ ਪੁੱਜੇ ਸਰਪੰਚਾਂ ਦੀ ਮੌਜੂਦਗੀ 'ਚ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਬਿਕਰਾਊਰ ਵਿਖੇ ਨਵਾਂ ਸਰਕਾਰੀ ਕਾਲਜ ਖੋਲ੍ਹੇ ਜਾਣ ਨਾਲ ਪੰਜਾਬ 'ਚ ਸਰਕਾਰੀ ਕਾਲਜਾਂ ਦੀ ਗਿਣਤੀ ਵੱਧ ਕੇ 48 ਹੋ ਜਾਵੇਗੀ। ਵਿਧਾਇਕ ਧਾਲੀਵਾਲ ਨੇ ਬਿਕਰਾਊਰ ਵਿਖੇ 15 ਏਕੜ ਪੰਚਾਇਤੀ ਜ਼ਮੀਨ ਕਾਲਜ ਲਈ ਸਰਕਾਰ ਨੂੰ ਸੌਂਪੇ ਜਾਣ ਬਦਲੇ ਸਰਪੰਚ ਲੱਖਾ ਸਿੰਘ ਨੂੰ ਸਨਮਾਨਿਤ ਕੀਤਾ ਤੇ ਗ੍ਰਾਮ ਪੰਚਾਇਤ ਦਾ ਧੰਨਵਾਦ ਕੀਤਾ।ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਹਲਕਾ ਪੱਧਰੀ ਸਿੱਖਿਆ ਕੋਆਰਡੀਨੇਟਰ ਐਡਵੋਕੇਟ ਅਮਨਦੀਪ ਕੌਰ ਧਾਲੀਵਾਲ, ਨਗਰ ਪੰਚਾਇਤ ਪ੍ਰਧਾਨ ਭੱਟੀ ਜਸਪਾਲ ਸਿੰਘ ਢਿਲੋਂ, ਸ਼ਹਿਰੀ ਪ੍ਰਧਾਨ ਤੇ ਚੇਅਰਮੈਨ ਅਮਿਤ ਔਲ, ਓਐੱਸਡੀ ਚਰਨਜੀਤ ਸਿੰਘ ਸਿੱਧੂ, ਦਫਤਰ ਸਕੱਤਰ ਗੁਰਜੰਟ ਸਿੰਘ ਸੋਹੀ, ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਸਰਪੰਚ ਜਗਤਾਰ ਸਿੰਘ , ਸਰਪੰਚ ਮਨਜਿੰਦਰ ਸਿੰਘ ਸੈਦੋਗਾਜ਼ੀ, ਸਮੇਤ ਦਰਜਨਾਂ ਸਰਪੰਚ ਤੇ ਪੰਚ ਮੌਜੂਦ ਸਨ।

## ਡੀ ਏ ਪੀ ਖਾਦ ਦੀ ਕਿੱਲਤ ਨੂੰ ਲੈ ਕੇ ਬੀਕੇਯੂ ਏਕਤਾ ਉਗਰਾਹਾਂ ਵੱਲੋਂ ਧਰਨਾ



ਪੱਟੀ (ਬਲਦੇਵ ਸਿੰਘ ਸੰਧੂ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਡੀਏਪੀ ਅਤੇ ਯੂਰੀਆ ਖਾਦ ਦੀ ਕਿੱਲਤ ਨੂੰ ਲੈ ਕੇ ਟੋਲ ਪਲਾਜ਼ਾ ਵਿਰਮਾਮ (ਕੁੱਲਨੰਗਲ) ਪਰਚੀ ਮੁਕਤ ਕੀਤਾ ਗਿਆ। ਇਸ ਮੌਕੇ ਸੀਨੀਅਰ ਆਗੂ ਪਰਮਿੰਦਰ ਸਿੰਘ ਪੰਡੋਰੀ ਵੜੈਚ ਅਤੇ ਜਗਜੀਵਨ ਸਿੰਘ ਤਲਵੰਡੀ (ਬਲਾਕ ਪ੍ਰਧਾਨ) ਨੇ ਕਿਹਾ ਕਿ ਪਹਿਲਾਂ ਹੜ੍ਹਾਂ ਨੇ ਪੰਜਾਬ ਨੂੰ ਬਹੁਤ ਵੱਡੀ ਮਾਰ ਮਾਰੀ ਹੈ। ਪਰ ਸਰਕਾਰ ਦਾ ਇਨ੍ਹਾਂ ਮਸਲਿਆਂ ਵੱਲ ਕੋਈ ਧਿਆਨ ਨਹੀਂ ਹੈ । ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਸ਼ਮੀਰ ਸਿੰਘ ਧਗੋਈ ਅਤੇ ਜਥੇਦਾਰ ਸੰਤੋਖ ਸਿੰਘ ਪੱਟੀ ਨੇ ਕਿਹਾ ਕਿ ਕਣਕ ਦੀ ਬਿਜਾਈ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ ਪਰ ਡੀਏਪੀ ਖਾਦ ਦੀ ਬਹੁਤ ਵੱਡੀ ਕਿੱਲਤ ਹੈ। ਦੁਕਾਨਾਂ ਤੇ ਸੁਸਾਇਟੀਆਂ ਵਿੱਚ ਬਿਲਕੁਲ ਵੀ ਖਾਦ ਨਹੀਂ ਮਿਲ ਰਹੀ। ਕਿਸਾਨੀ ਇਸ ਸਮੇਂ ਗੰਭੀਰ ਸੰਕਟ ਵਿੱਚੋਂ ਗੁਜ਼ਰ ਰਹੀ ਹੈ।ਆਗੂਆਂ ਕਿਹਾ ਕਿ ਡੀ ਏ ਪੀ ਦੇ ਨਾਲ ਯੂਰੀਆ ਖਾਦ ਨਹੀਂ ਮਿਲ ਰਹੀ। ਇਸ ਮੌਕੇ ਧਰਨੇ 'ਤੇ ਪਹੁੰਚੇ ਪ੍ਰਸ਼ਾਸਨ ਅਤੇ ਖੇਤੀਬਾੜੀ ਮਹਿਕਮੇ ਦੇ ਅਧਿਕਾਰੀਆਂ ਨੇ ਵਿਸ਼ਵਾਸ ਦਿਵਾਇਆ ਕਿ ਕਿਸਾਨਾਂ ਦੇ ਖਾਦ ਅਤੇ ਹੋਰ ਮਸਲੇ ਪਹਿਲ ਦੇ ਅਧਾਰ 'ਤੇ ਹੱਲ ਕੀਤੇ ਜਾਣਗੇ। ਕਿਸਾਨ ਆਗੂਆਂ ਨੇ ਭਰੋਸੇ 'ਤੇ ਬਾਅਦ ਧਰਨਾ ਮੁਲਤਵੀ ਕਰ ਦਿੱਤਾ। ਇਸ ਮੌਕੇ ਮੰਗਲ ਸਿੰਘ ਗੰਗਲ, ਕੁਲਬੀਰ ਜੇਠੂਵਾਲ, ਕੁਲਦੀਪ ਸਿੰਘ ਨੰਗਲ, ਗੁਰਮੁੱਖ ਸਿੰਘ ਚਵਿੰਡਾ, ਨਿਰਵੈਰ ਸਿੰਘ ਪਠਾਨ ਨੰਗਲ, ਸਤਿੰਦਰ ਸਿੰਘ, ਹਰਪਾਲ ਸਿੰਘ ਕੰਦੋਵਾਲੀ, ਲਖਵਿੰਦਰ ਸਿੰਘ ਮੂਧਲ, ਮੇਜਰ ਸਿੰਘ ਵੇਗੇਵਾਲ, ਬਲਦੇਵ ਸਿੰਘ ਮਾਛੀਨੰਗਲ, ਰਣਜੀਤ ਸਿੰਘ ਕੰਗ, ਮਨਪ੍ਰੀਤ ਹਮਜਾ, ਇੰਦਰਜੀਤ ਸਿੰਘ ਭਕਨਾ, ਬਲਵੰਤ ਸਿੰਘ ਤਾਜੇਚੱਕ, ਜਗਦੀਸ਼ ਸਿੰਘ ਖੁਸੀਪੁਰ ਅਤੇ ਨੇਕ ਸਿੰਘ ਆਦਿ ਹਾਜ਼ਰ ਸਨ।

## ਅਕਾਲੀ ਦਲ ਨੂੰ ਝਟਕਾ: ਅੱਧਾ ਦਰਜਨ ਅਕਾਲੀ ਪਰਿਵਾਰ ਆਪ 'ਚ ਸ਼ਾਮਲ



ਤਰਨਤਾਰਨ, (ਪ੍ਰਿਤਪਾਲ ਸਿੰਘ)-ਤਰਨਤਾਰਨ ਜ਼ਿਮਨੀ ਚੋਣ ਤੋਂ ਪਹਿਲਾਂ ਆਮ ਆਦਮੀ ਪਾਰਟੀ (ਆਪ) ਨੂੰ ਉਸ ਸਮੇਂ ਵੱਡਾ ਹੁਲਾਰਾ ਮਿਲਿਆ ਜਦੋਂ ਅਕਾਲੀ ਦਲ ਦੇ ਸੈਂਕੜੇ ਪਰਿਵਾਰ 'ਆਪ' ਵਿੱਚ ਸ਼ਾਮਲ ਹੋ ਗਏ।ਸ਼ਾਮਲ ਹੋਣ ਵਾਲਿਆਂ ਵਿੱਚ ਜ਼ਿੰਦਾ ਸਿੰਘ, ਹਰਮੇਲ ਸਿੰਘ, ਗੁਰਮੀਤ ਸਿੰਘ, ਸਾਬਾ ਸਿੰਘ, ਸੁਰਜੀਤ ਸਿੰਘ ਅਤੇ ਕੁਲਵੰਤ ਸਿੰਘ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਉਹ ਮਾਨ ਸਰਕਾਰ ਦੇ ਲੋਕ-ਪੱਖੀ ਸ਼ਾਸਨ ਅਤੇ ਇਮਾਨਦਾਰ ਕਾਰਜਸ਼ੈਲੀ ਤੋਂ ਬਹੁਤ ਪ੍ਰੇਰਿਤ ਹਨ, ਜਿਸ ਨੇ ਉਨ੍ਹਾਂ ਨੂੰ ਰਵਾਇਤੀ ਪਾਰਟੀ ਛੱਡਣ ਅਤੇ ਆਪ ਦੇ ਨਵੇਂ ਪੰਜਾਬ ਦੇ ਦ੍ਰਿਸ਼ਟੀਕੋਣ ਦਾ ਸਮਰਥਨ ਕਰਨ ਲਈ ਪ੍ਰੇਰਿਤ ਕੀਤਾ।ਆਪ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਪਾਰਟੀ ਆਗੂਆਂ ਰਜਿੰਦਰ ਸਿੰਘ, ਗੁਰਵਿੰਦਰ ਸਿੰਘ, ਗੁਰਦੇਵ ਸਿੰਘ ਲਾਖਨਾ, ਹਰਜੀਤ ਸੰਧੂ, ਬਲਵਿੰਦਰ ਜਹੋਲ ਅਤੇ ਨਵਜੋਤ ਜਰਗ ਨੇ ਨਵੇਂ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਸ਼ੈਰੀ ਕਲਸੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਇੱਕੋ ਇੱਕ ਸੱਚੀ ਪਾਰਟੀ ਹੈ, ਜਿੱਥੇ ਹਰ ਵਿਅਕਤੀ ਨੂੰ ਸਤਿਕਾਰ ਅਤੇ ਮਿਲਦਾ ਹੈ।

## 9 ਪਿਸਤੌਲਾਂ ਸਮੇਤ 3 ਹਥਿਆਰ ਸਮੱਗਲਰ ਗ੍ਰਿਫ਼ਤਾਰ



ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿਮ ਦੌਰਾਨ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਤਿੰਨ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚਲ ਰਹੀ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਮੈਗਜ਼ੀਨਾਂ ਸਮੇਤ ਨੌਂ ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ।ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਦਵਿੰਦਰ ਸਿੰਘ, ਵਾਸੀ ਪਿੰਡ ਭੰਗਵਾਂ, ਅੰਮ੍ਰਿਤਸਰ ਦਿਹਾਤੀ, ਪਰਮਜੀਤ ਸਿੰਘ ਉਰਫ਼ ਪੰਮਾ ਅਤੇ ਹਰਮੀਤ ਸਿੰਘ ਉਰਫ਼ ਮੀਤੂ, ਦੋਵੇਂ ਵਾਸੀ ਭਿੰਡੀ ਔਲਖ, ਵਾਸੀ ਅੰਮ੍ਰਿਤਸਰ ਦਿਹਾਤੀ ਵਜੋਂ ਹੋਈ ਹੈ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ ਅਧਾਰਤ ਤਸਕਰ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਬਰਾਮਦ ਕੀਤੇ ਗਏ ਹਥਿਆਰ ਪੰਜਾਬ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਤੇਜ਼ ਕਰਨ ਲਈ ਨਾਮੀ ਗੈਂਗਸਟਰ ਜੋਬਨਜੀਤ ਸਿੰਘ ਉਰਫ਼ ਬਿੱਲਾ ਮੰਗਾ ਦੇ ਕਰੀਬੀ ਸਾਥੀ ਸ਼ੇਰਪ੍ਰੀਤ ਸਿੰਘ ਉਰਫ਼ ਗੁਲਾਬਾ ਨੂੰ ਸਪਲਾਈ ਕੀਤੇ ਜਾਣੇ ਸਨ।ਡੀਜੀਪੀ ਨੇ ਕਿਹਾ ਕਿ ਸੀਆਈ ਅੰਮ੍ਰਿਤਸਰ ਨੂੰ ਵਿਦੇਸ਼ ਅਧਾਰਤ ਨਾਮੀ ਗੈਂਗਸਟਰ ਜੋਬਨਜੀਤ ਸਿੰਘ ਉਰਫ਼ ਬਿੱਲਾ ਮੰਗਾ, ਜੋ ਆਪਣੇ ਕਾਰਕੁਨਾਂ ਪਰਮਜੀਤ ਸਿੰਘ ਉਰਫ਼ ਪੰਮਾ ਅਤੇ ਹਰਮੀਤ ਸਿੰਘ ਉਰਫ਼ ਮੀਤੂ ਰਾਹੀਂ ਸੂਬੇ ਵਿੱਚ ਗੈਂਗ ਚਲਾ ਰਿਹਾ ਸੀ, ਬਾਰੇ ਖਾਸ ਜਾਣਕਾਰੀ ਮਿਲੀ ਸੀ।ਇਸ ਸਬੰਧੀ ਕੇਸ ਦਰਜ ਕੀਤਾ ਗਿਆ ਹੈ।

## ਕੰਡੀਲਾ ਬਲਾਕ ਕਾਦੀਆਂ ਵਿਖੇ ਸੈਂਟਰ ਪੱਧਰੀ ਖੇਡਾਂ ਕਰਵਾਈਆਂ ਗਈਆਂ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਸਰਕਾਰੀ ਪ੍ਰਾਇਮਰੀ ਸਕੂਲ ਕੰਡੀਲਾ ਬਲਾਕ ਕਾਦੀਆਂ ਵਿਖੇ ਸੈਂਟਰ ਪੱਧਰੀ ਸਕੂਲਾਂ ਦੀਆਂ ਖੇਡਾਂ ਕਰਵਾਈਆਂ ਗਈਆਂ। ਰਾਜਵਿੰਦਰ ਕੌਰ ਸਿੱਧੂ ਸੈਂਟਰ ਮੁੱਖ ਅਧਿਆਪਿਕਾ ਨੇ ਮੁੱਖ ਮਹਿਮਾਨ ਵਜੋਂ ਹਾਜ਼ਰੀ ਭਰੀ। 100 ਮੀਟਰ, 200 ਮੀਟਰ, 400 ਮੀਟਰ ਦੌੜਾਂ, ਖੋ-ਖੋ ਲੜਕੇ ਅਤੇ ਲੜਕੀਆਂ ਲੌਂਗ ਜੰਪ, ਗੋਲਾ ਸੁੱਟਣਾ, ਕਬੱਡੀ ਲੜਕੇ, ਰੱਸਾ ਖਿੱਚਣਾ, ਫੁੱਟਬਾਲ, 100 ਮੀਟਰ ਦੌੜਾਂ ਵਿੱਚੋਂ ਪਰਵਿੰਦਰ ਸਿੰਘ ਕੰਡੀਲਾ ਪਹਿਲਾ ਸਥਾਨ, ਗਰੇਵ ਨਾਥਪੁਰ ਦੂਸਰਾ ਸਥਾਨ, ਸਿਮਰਨਜੀਤ ਸਿੰਘ ਨੱਥੂ ਖਹਿਰਾ ਨੇ ਤੀਸਰਾ ਸਥਾਨ ਹਾਸਿਲ ਕੀਤਾ। 100 ਮੀਟਰ ਵਿੱਚੋਂ ਜਸਮੀਤ ਕੌਰ ਰਾਮਪੁਰ ਪਹਿਲਾ ਸਥਾਨ, ਅਨਮੋਲ ਰਾਮਪੁਰ ਨੇ ਦੂਸਰਾ ਸਥਾਨ ਅਤੇ ਸਹਿਜਪ੍ਰੀਤ ਕੌਰ ਡੱਲਾ ਨੇ ਤੀਸਰਾ ਸਥਾਨ ਹਾਸਿਲ ਕੀਤਾ। 400 ਮੀਟਰ ਦੌੜਾਂ ਵਿੱਚ ਸਿਮਰਨਜੀਤ ਸਿੰਘ ਨੱਥੂ ਖਹਿਰਾ ਨੇ ਪਹਿਲਾ ਸਥਾਨ ਅਤੇ ਵੰਸ਼ ਨਾਥਪੁਰ ਨੇ ਦੂਸਰਾ ਸਥਾਨ ਅਤੇ ਪਰਵਿੰਦਰ ਸਿੰਘ ਕੰਡੀਲਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਲੜਕੀਆਂ ਜਸਪ੍ਰੀਤ ਕੌਰ 400 ਮੀਟਰ ਵਿੱਚ ਪਹਿਲਾ, ਅਨਮੋਲ ਨੇ ਦੂਜਾ ਸਥਾਨ ਅਤੇ ਗੀਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ। ਪਹਿਲੇ, ਦੂਜੇ ਅਤੇ ਤੀਸਰੇ ਸਥਾਨ ਵਿੱਚ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਪਾ ਕੇ ਸੈਂਟਰ ਮੁੱਖ ਅਧਿਆਪਕਾਂ ਵੱਲੋਂ ਸਨਮਾਨਿਤ ਕੀਤਾ ਗਿਆ। ਸੈਂਟਰ ਦੀ ਮੁੱਖ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਵਿਦਿਆਰਥੀਆਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ। ਇਸ ਮੌਕੇ ਪਿੰਡ ਦੇ ਪਤਵੰਤੇ ਸੱਜਣਾਂ ਤੋਂ ਇਲਾਵਾ ਬਲਰਾਮ ਜੀਤ ਸਿੰਘ ਵੱਸੀ, ਤਰਸੇਮ ਲਾਲ ਜਜਰਾ, ਰਣਜੀਤ ਸਿੰਘ ਕਾਹਲੋਂ, ਕੁਲਜੀਤ ਸਿੰਘ, ਗੁਰਪਿੰਦਰ ਸਿੰਘ, ਦੇਸਰਾਜ, ਬਲਜਿੰਦਰ ਸਿੰਘ, ਮੈਡਮ ਰਵਿੰਦਰ ਕੌਰ, ਰਾਜਵੀਰ ਕੌਰ, ਮੈਡਮ ਸ਼ਾਲੂ, ਸੁਮਨ ਬਾਲਾ, ਸੁਖਜੀਤ ਕੌਰ, ਵਨੀਤਾ ਕੌਰ, ਸ਼ਰਨ ਬੀਰ ਕੌਰ, ਗੁਰਪ੍ਰੀਤ ਕੌਰ, ਰਾਜਵਿੰਦਰ ਕੌਰ, ਗੁਰਪ੍ਰੀਤ ਸਿੰਘ, ਹਰਪਾਲ ਸਿੰਘ ਆਦਿ ਅਧਿਆਪਕ ਮੌਜੂਦ ਸਨ।

## ਸੁਖਜਿੰਦਰ ਸਿੰਘ ਬੀ ਡੀ ਪੀ ਓ ਸਰਬਸੰਮਤੀ ਨਾਲ ਪ੍ਰਧਾਨ ਬਣੇ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਬੀ. ਡੀ. ਪੀ. ਓ. ਐਸੋਸੀਏਸ਼ਨ ਗੁਰਦਾਸਪੁਰ ਦੀ ਮੀਟਿੰਗ ਹੋਈ, ਜਿਸ ਵਿੱਚ ਸੁਖਜਿੰਦਰ ਸਿੰਘ ਬੀ. ਡੀ. ਪੀ. ਓ. ਫਤਹਿਗੜ੍ਹ ਚੂੜੀਆਂ ਨੂੰ ਸਰਬਸੰਮਤੀ ਨਾਲ ਬੀਡੀਪੀਓ ਐਸੋਸੀਏਸ਼ਨ ਜ਼ਿਲਾ ਗੁਰਦਾਸਪੁਰ ਦਾ ਪ੍ਰਧਾਨ ਚੁਣਿਆ ਗਿਆ।ਇਸ ਮੌਕੇ ਅਮਨਦੀਪ ਕੌਰ ਬੀ. ਡੀ. ਪੀ. ਓ. ਡੇਰਾ ਬਾਬਾ ਨਾਨਕ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਬੀਡੀਪੀਓ ਬਲਜੀਤ ਸਿੰਘ ਨੂੰ ਖ਼ਜ਼ਾਨਚੀ ਚੁਣਿਆ ਗਿਆ।ਇਸ ਮੌਕੇ ਬੀ. ਡੀ. ਪੀ. ਓ. ਸੁਖਜੀਤ ਸਿੰਘ ਬਾਜਵਾ, ਬੀ. ਡੀ. ਪੀ. ਓ. ਦਿਲਬਾਗ ਸਿੰਘ ਸੰਧੂ, ਬੀ. ਡੀ. ਪੀ. ਓ. ਨਿਰਮਲ ਸਿੰਘ, ਬੀ. ਡੀ. ਪੀ. ਓ. ਸੁਰਜੀਤ ਸਿੰਘ, ਮੈਡਮ ਰਾਜਵਿੰਦਰ ਕੌਰ, ਬੀ. ਡੀ. ਪੀ. ਓ. ਨਰਿੰਦਰ ਸਿੰਘ ਖਹਿਰਾ, ਬੀ. ਡੀ. ਪੀ. ਓ. ਮੈਡਮ ਪਰਮਜੀਤ ਕੌਰ ਤੇ ਸਮੂਹ ਸਟਾਫ ਹਾਜ਼ਰ ਸੀ।

## ਸੰਧੂ ਨੂੰ ਲੋਕ ਮਿਲਣੀ 'ਚ ਮਿਲਿਆ ਲੋਕਾਂ ਦਾ ਭਰਵਾਂ ਹੁੰਗਾਰਾ



ਤਰਨ ਤਾਰਨ, (ਪ੍ਰਿਤਪਾਲ ਸਿੰਘ)—ਤਰਨ ਤਾਰਨ ਤੋਂ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਪਿੰਡ ਚੱਕ ਸਿਕੰਦਰ ਵਿੱਚ ਸਰਪੰਚ ਸਰਦਾਰ ਸੁਖਰਾਜ ਸਿੰਘ ਅਤੇ ਸਾਬਕਾ ਸਰਪੰਚ ਨਿਸ਼ਾਨ ਸਿੰਘ ਦੀ ਅਗਵਾਈ ਹੇਠ ਹੋਈ ਲੋਕ ਮਿਲਣੀ (ਜਨਤਕ ਮੀਟਿੰਗ) ਦੌਰਾਨ ਭਰਵਾਂ ਜਨਤਕ ਹੁੰਗਾਰਾ ਮਿਲਿਆ।ਇਸ ਸਮਾਗਮ ਵਿੱਚ ਪੂਰੇ ਪਿੰਡ ਦੇ ਮਰਦਾਂ, ਔਰਤਾਂ ਅਤੇ ਬਜ਼ੁਰਗਾਂ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਆਪ ਆਗੂ ਪ੍ਰਤੀ ਆਪਣਾ ਵਿਸ਼ਵਾਸ ਅਤੇ ਸਮਰਥਨ ਪ੍ਰਗਟ ਕਰਨ ਲਈ ਸ਼ਿਰਕਤ ਕੀਤੀ।ਇਕੱਠ ਨੂੰ ਸੰਬੋਧਨ ਕਰਦਿਆਂ ਹਰਮੀਤ ਸਿੰਘ ਸੰਧੂ ਨੇ ਪਿੰਡ ਵਾਸੀਆਂ ਦਾ ਉਨ੍ਹਾਂ ਦੇ ਪਿਆਰ, ਉਤਸ਼ਾਹ ਅਤੇ ਆਸ਼ੀਰਵਾਦ ਲਈ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਮੈਂ ਚੱਕ ਸਿਕੰਦਰ ਦੇ ਲੋਕਾਂ ਦਾ ਉਨ੍ਹਾਂ ਦੇ ਅਥਾਹ ਪਿਆਰ ਅਤੇ ਅਟੁੱਟ ਵਿਸ਼ਵਾਸ ਲਈ ਤਹਿ ਦਿਲੋਂ ਧੰਨਵਾਦੀ ਹਾਂ।ਮੈਂ ਉਨ੍ਹਾਂ ਦਾ ਰਿਣੀ ਰਹਾਂਗਾ ਅਤੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਆਪਣੀ ਆਵਾਜ਼ ਬੁਲੰਦ ਕਰਦਾ ਰਹਾਂਗਾ।ਸੰਧੂ ਨੇ ਅੱਗੇ ਕਿਹਾ ਕਿ ਤਰਨਤਾਰਨ ਦੇ ਲੋਕਾਂ ਵੱਲੋਂ ਮਿਲਿਆ ਬੇਮਿਸਾਲ ਸਮਰਥਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੇ ਇਮਾਨਦਾਰ ਸ਼ਾਸਨ ਅਤੇ ਲੋਕ-ਪੱਖੀ ਨੀਤੀਆਂ ਵਿੱਚ ਉਨ੍ਹਾਂ ਦੇ ਵਧਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਰਾਜਨੀਤੀ ਦੀ ਪਰਿਭਾਸ਼ਾ ਨੂੰ ਬਦਲ ਦਿੱਤਾ ਹੈ, ਜਿਸ ਵਿੱਚ ਸੱਤਾ ਨਾਲੋਂ ਸੇਵਾ ਅਤੇ ਖਾਲੀ ਵਾਅਦਿਆਂ ਨਾਲੋਂ ਵਿਕਾਸ ਨੂੰ ਤਰਜੀਹ ਦਿੱਤੀ ਗਈ ਹੈ।

## ਨੜਾਂਵਾਲੀ ਵਿਖੇ ਗੁੱਜਰ ਭਾਈਚਾਰੇ ਨੇ ਬੰਨ੍ਹੀਆਂ ਪਰਾਲੀ ਦੀਆਂ ਗੱਠਾਂ



ਗੁਰਦਾਸਪੁਰ, (ਜਨਕ ਮਹਾਜਨ)-ਡਿਪਟੀ ਕਮਿਸ਼ਨਰ ਆਦਿੱਤਿਆ ਉੱਪਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹੇ ਅੰਦਰ ਕਿਸਾਨਾਂ ਨੂੰ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ ਹੈ, ਉਸ ਦੇ ਨਾਲ ਪਰਾਲੀ ਪ੍ਰਬੰਧਨ ਲਈ ਵੀ ਉਤਸ਼ਾਹਿਤ ਕੀਤਾ ਗਿਆ ਹੈ, ਜਿਸ ਨੂੰ ਜ਼ਿਲ੍ਹਾ ਵਾਸੀਆਂ ਵਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ ਹੈ। ਪਰਾਲੀ ਪ੍ਰਬੰਧਨ ਤਹਿਤ ਕਿਸਾਨਾਂ ਦੇ ਨਾਲ ਗੁੱਜਰ ਭਾਈਚਾਰੇ ਵਲੋਂ ਵੀ ਪਸ਼ੂਆਂ ਦੇ ਚਾਰੇ ਆਦਿ ਲਈ ਝੋਨੇ ਦੀ ਫਸਲ ਦੀ ਕਟਾਈ ਤੋਂ ਬਾਅਦ ਰਹਿੰਦ ਖੂੰਹਦ/ਪਰਾਲੀ ਇਕੱਠੀ ਕੀਤੀ ਜਾ ਰਹੀ ਹੈ। ਪਿੰਡ ਨੜਾਂਵਾਲੀ ਵਿਖੇ ਪਰਾਲੀ ਦੀਆਂ ਗੱਠਾਂ ਇਕੱਠੀਆਂ ਕਰ ਰਹੇ ਕਰੀਮ ਨੇ ਦੱਸਿਆ ਕਿ ਫਸਲ ਦੀ ਰਹਿੰਦ ਖੂੰਹਦ ਨੂੰ ਸਾੜਨਾ ਨਹੀਂ ਚਾਹੀਦਾ ਹੈ ਕਿ ਸਗੋਂ ਪਰਾਲੀ ਨੂੰ ਸੰਭਾਲ ਕੇ ਪਸ਼ੂਆਂ ਦੇ ਚਾਰੇ ਆਦਿ ਲਈ ਵਰਤੋਂ ਵਿੱਚ ਲਿਆਉਣਾ ਚਾਹੀਦਾ ਹੈ। ਇਸ ਮੌਕੇ ਗੱਲ ਕਰਦਿਆਂ ਡਾ. ਹਰਜਿੰਦਰ ਸਿੰਘ ਬੇਦੀ,ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਪ੍ਰਸ਼ਾਸਨ ਦੀ ਸਮੁੱਚੀ ਟੀਮ ਫੀਲਡ ਵਿਚ ਜਾ ਕੇ ਕਿਸਾਨਾਂ ਨਾਲ ਰਾਬਤਾ ਕਰਕੇ ਪਰਾਲੀ ਦੀ ਸਾਂਭ ਸੰਭਾਲ ਲਈ ਜਾਗਰੂਕ ਕਰ ਰਹੀ ਹੈ।

## ਕਾਮਰੇਡ ਕਰਨੈਲ ਸਿੰਘ ਨੰਬਰਦਾਰ ਨਹੀਂ ਰਹੇ



ਬਟਾਲਾ (ਤਰਲੋਕ ਬੱਗਾ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੇ ਸਤਿਕਾਰਤ ਬੁਜ਼ਰਗ ਆਗੂ ਬਰਾਂਚ ਸਕੱਤਰ ਕਰਨੈਲ ਸਿੰਘ ਨੰਬਰਦਾਰ ਨਵਾਂ ਪਿੰਡ ਮਿਲਖੀਵਾਲ ਸਦੀਵੀ ਵਿਛੋੜਾ ਦੇ ਗਏ ਹਨ।ਜ਼ਿਕਰਯੋਗ ਹੈ ਕਿ ਕਾਮਰੇਡ ਕਰਨੈਲ ਸਿੰਘ ਨੰਬਰਦਾਰ ਸ਼ਹੀਦ ਕਾਮਰੇਡ ਹਰਪਾਲ ਸਿੰਘ ਦੇ ਚਾਚਾ ਅਤੇ ਕਾਮਰੇਡ ਸ਼ਮਸ਼ੇਰ ਸਿੰਘ ਨਵਾਂ ਪਿੰਡ ਦੇ ਦਾਦਾ ਜੀ ਸਨ।ਸਾਥੀ ਕਰਨੈਲ ਸਿੰਘ ਨੰਬਰਦਾਰ ਪਹਿਲਾਂ ਸੀਪੀਆਈ (ਐੱਮ) ਨਾਲ ਜੁੜੇ, ਉਸ ਤੋਂ ਬਾਅਦ ਸੀਪੀਐੱਮ ਪੰਜਾਬ ਤੇ ਆਰਐੱਮਪੀਆਈ ਨਾਲ ਅੰਤਿਮ ਸਾਹਾਂ ਤੱਕ ਜੁੜੇ ਰਹੇ।ਆਰਐੱਮਪੀਆਈ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਘਬੀਰ ਸਿੰਘ ਪਕੀਵਾਂ, ਜ਼ਿਲ੍ਹਾ ਪ੍ਰਧਾਨ ਕਾਮਰੇਡ ਸ਼ਿਵ ਕੁਮਾਰ ਪਠਾਨਕੋਟ, ਸੂਬਾ ਕਮੇਟੀ ਮੈਂਬਰ ਧਿਆਨ ਸਿੰਘ ਠਾਕੁਰ, ਉੱਘੇ ਸਮਾਜ ਸੇਵੀ ਵੈਦ ਪ੍ਰੇਮ ਸਿੰਘ ਨੇ ਕਾਮਰੇਡ ਕਰਨੈਲ ਸਿੰਘ ਨੰਬਰਦਾਰ ਦੇ ਬੇਦਾਗ਼ ਜੀਵਨ ਨੂੰ ਸਿਜਦਾ ਕਰਦਿਆਂ ਪਾਰਟੀ ਦਾ ਲਾਲ ਝੰਡਾ ਪਾ ਕੇ ਅੰਤਿਮ ਵਿਦਾਇਗੀ ਦਿੰਦਿਆਂ ਕਿਹਾ ਕਿ ਕਾਮਰੇਡ ਕਰਨੈਲ ਸਿੰਘ ਨੰਬਰਦਾਰ ਨੇ ਤਾ ਉਮਰ ਕਮਿਊਨਿਸਟ ਲਹਿਰ ਦੇ ਲੇਖੇ ਲਾਈ ਅਤੇ ਮਜ਼ਦੂਰਾਂ ਤੇ ਟਰੇਡ ਜਥੇਬੰਦੀਆਂ ਦੇ ਘੋਲਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਬਤੌਰ ਨੰਬਰਦਾਰ ਆਪਣੇ ਪਿੰਡ ਤੇ ਇਲਾਕੇ ਦੇ ਗਰੀਬ ਲੋਕਾਂ ਦੇ ਕੰਮ ਇਮਾਨਦਾਰੀ ਨਾਲ ਕੀਤੇ।ਕਾਮਰੇਡ ਕਰਨੈਲ ਨੰਬਰਦਾਰ ਦੀ ਮੌਤ ਨਾਲ ਪਰਿਵਾਰ ਦੇ ਨਾਲ-ਨਾਲ ਕਮਿਊਨਿਸਟ ਲਹਿਰ ਨੂੰ ਵੱਡਾ ਘਾਟਾ ਪਿਆ ਹੈ।ਉਪਰੋਕਤ ਆਗੂਆਂ ਤੋਂ ਇਲਾਵਾ ਇਕਬਾਲ ਸਿੰਘ ਸਰਪੰਚ ਨਵਾਂ ਪਿੰਡ, ਸ਼ਿੰਦਰਪਾਲ ਬਿਸ਼ਨਕੋਟ, ਕੰਵਲਜੀਤ ਸਿੰਘ ਸਾਬਕਾ ਸਰਪੰਚ, ਰਣਜੀਤ ਸਿੰਘ ਰਾਣਾ, ਅਸ਼ੋਕ ਕੁਮਾਰ ਸਾਬਕਾ ਸਰਪੰਚ, ਕੁਲਦੀਪ ਸਿੰਘ ਸਾਬਕਾ ਪੰਚ, ਰਣਜੀਤ ਸਿੰਘ, ਕੁਲਦੀਪ ਸਿੰਘ, ਗੁਰਨਾਮ ਸਿੰਘ, ਇੰਦਰਜੀਤ, ਜਸਵਿੰਦਰ ਸਿੰਘ ਛਿੱਤ, ਬਲਵਿੰਦਰ ਮਿਸ਼ਰਪੁਰਾ ਆਦਿ ਸਾਥੀਆਂ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਅੰਤਿਮ ਅਰਦਾਸ 7 ਨਵੰਬਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਨਵਾਂ ਪਿੰਡ ਮਿਲਖੀਵਾਲ ਨੇੜੇ ਕਿਲ੍ਹਾ ਲਾਲ ਸਿੰਘ ਵਿਖੇ ਹੋਵੇਗੀ।

## ਚੋਰਾਂ ਵੱਲੋਂ ਦਿਨ-ਦਿਹਾੜੇ ਘਰ 'ਚੋਂ 14 ਟੀਨ ਰੀਫਾਇੰਡ ਦੇ ਚੋਰੀ



ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ ਸ਼ਹਿਰ ਸਥਿਤ ਸਿਨੇਮਾ ਵਾਲੀ ਗਲੀ ਵਿੱਚ ਰਹਿਣ ਵਾਲੇ ਪ੍ਰਵਾਸੀਆਂ ਦੇ ਘਰੋਂ 12 ਟੀਨ ਰੀਫਾਇੰਡ ਤੇਲ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੀੜਤ ਬਬਲੂ ਪੁੱਤਰ ਬਹਾਊ ਵਾਸੀ ਯੂ. ਪੀ. ਹਾਲ ਵਾਸੀ ਸਿਨੇਮਾ ਵਾਲੀ ਗਲੀ ਗੁਰਦਾਸਪੁਰ ਨੇ ਦੱਸਿਆ ਕਿ ਉਹ ਆਪਣੇ ਰਿਸ਼ਤੇਦਾਰਾਂ ਨਾਲ ਪੁਲਸ ਲਾਈਨ ਰੋਡ 'ਤੇ ਛੋਲੇ ਭਠੂਰਿਆਂ ਦੀ ਰੇਹੜੀ ਲਗਾਉਂਦਾ ਹੈ ਅਤੇ ਸ਼ਾਮ ਨੂੰ ਆਪਣੇ ਸਾਥੀਆਂ ਸਮੇਤ ਸਿਨੇਮੇ ਵਾਲੀ ਗਲੀ ਵਿੱਚ ਕਿਰਾਏ 'ਤੇ ਲਏ ਮਕਾਨ ਵਿੱਚ ਰਹਿੰਦਾ ਹੈ। 24 ਅਕਤੂਬਰ ਨੂੰ ਸਵੇਰੇ ਆਪਣੇ ਘਰ ਤੋਂ ਦੁਕਾਨ 'ਤੇ ਆ ਗਏ ਅਤੇ ਜਦ ਸ਼ਾਮ ਨੂੰ ਘਰ ਵਾਪਸ ਜਾ ਕੇ ਵੇਖਿਆ ਤਾਂ ਚੋਰ ਬਾਹਰ ਵਾਲਾ ਲੋਹੇ ਦਾ ਗੇਟ ਟੱਪ ਕੇ ਅੰਦਰਲੇ ਪਾਸੇ ਲੱਕੜੀ ਦਾ ਦਰਵਾਜ਼ਾ ਤੋੜ ਕੇ 12 ਟੀਨ ਤੇਲ ਦੇ ਲੈ ਗਏ ਸਨ। ਅਗਲੇ ਦਿਨ ਫਿਰ ਦੋ ਟੀਨ ਚੋਰੀ ਕਰਕੇ ਲੈ ਗਏ। 14 ਟੀਨ ਤੇਲ ਦੀ ਕੀਮਤ ਲਗਭਗ 35000 ਰੁਪਏ ਬਣਦੀ ਹੈ। ਪੀੜਤ ਨੇ ਦੱਸਿਆ ਕਿ ਚੋਰੀ ਦੀ ਸੂਚਨਾ ਥਾਣਾ ਸਿਟੀ ਪੁਲਸ ਨੂੰ ਦੇ ਦਿੱਤੀ ਗਈ ਹੈ ਪਰ ਕਾਰਵਾਈ ਕੋਈ ਨਹੀਂ ਹੋਈ। ਪੀੜਤ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਮੈਨੂੰ ਇਨਸਾਫ ਦਿਵਾਇਆ ਜਾਵੇ।

## ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਦਾਣਾ ਮੰਡੀਆਂ 'ਚ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



ਦੀਨਾਨਗਰ-(ਬਲਵਿੰਦਰ ਸਿੰਘ ਬਿੱਲਾ)-ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਦੀਨਾਨਗਰ ਦੀ ਮੁੱਖ ਅਨਾਜ ਮੰਡੀ ਅਵਾਂਖਾ ਦਾ ਦੌਰਾ ਕਰਕੇ ਮੰਡੀ ਅੰਦਰ ਚੱਲ ਰਹੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਅਤੇ ਪਾਰਟੀ ਦੇ ਅਹੁਦੇਦਾਰ ਵੀ ਉਨ੍ਹਾਂ ਦੇ ਨਾਲ ਸਨ।ਖਰੀਦ ਪ੍ਰਬੰਧਾਂ ਦੀ ਸਮੀਖਿਆ ਮਗਰੋਂ ਸੰਤੁਸ਼ਟੀ ਦਾ ਪ੍ਰਗਟਾਵਾ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੰਡੀਆਂ ਅੰਦਰ ਝੋਨੇ ਦੀ ਖਰੀਦ ਦੇ ਪੰਜਾਬ ਸਰਕਾਰ ਵੱਲੋਂ ਸੁਚੱਜੇ ਪ੍ਰਬੰਧ ਕੀਤੇ ਹੋਏ ਹਨ ਅਤੇ ਝੋਨੇ ਦੀ ਖਰੀਦ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਮੰਡੀਆਂ ਅੰਦਰ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਔਕੜ ਨਹੀਂ ਆਉਣ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਖਰੀਦੇ ਗਏ ਝੋਨੇ ਦੀ ਲਿਫਟਿੰਗ ਦੇ ਵੀ ਪ੍ਰਬੰਧ ਵਧੀਆ ਹਨ।

## ਬਾਬਾ ਨਾਮਦੇਵ ਜੀ ਦਾ ਜਨਮ ਦਿਹਾੜਾ ਭਲਕੇ ਮਨਾਇਆ ਜਾਵੇਗਾ: ਬਲਕਾਰ ਸਿੰਘ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸ੍ਰੀ ਗੁਰੂ ਰਵਿਦਾਸ ਸਭਾ ਧਾਰੀਵਾਲ ਰਜਿ. 202 ਵੱਲੋਂ ਬਾਬਾ ਨਾਮਦੇਵ ਜੀ ਦਾ ਜਨਮ ਦਿਹਾੜਾ 1 ਨਵੰਬਰ ਦਿਨ ਸਨਿੱਚਰਵਾਰ ਨੂੰ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਧਾਰੀਵਾਲ ਵਿਖੇ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਸ੍ਰੀ ਗੁਰੂ ਰਵਿਦਾਸ ਸਭਾ ਦੀ ਅਹਿਮ ਮੀਟਿੰਗ ਸਭਾ ਦੇ ਪ੍ਰਧਾਨ ਪ੍ਰਕਾਸ਼ ਚੰਦ ਅਤੇ ਸਕੱਤਰ ਬਲਕਾਰ ਸਿੰਘ ਦੀ ਅਗਵਾਈ ਹੇਠ ਗੁਰੂ ਰਵਿਦਾਸ ਧਰਮਸ਼ਾਲਾ ਧਾਰੀਵਾਲ ਵਿਖੇ ਹੋਈ। ਸਭਾ ਦੇ ਪ੍ਰਧਾਨ ਗਿਆਨੀ ਮਾਸਟਰ ਪ੍ਰਕਾਸ਼ ਚੰਦ ਅਤੇ ਜਨਰਲ ਸਕੱਤਰ ਬਲਕਾਰ ਸਿੰਘ ਸਮੇਤ ਹੋਰ ਅਹੁਦੇਦਾਰਾਂ ਨੇ ਦੱਸਿਆ ਕਿ ਸਭਾ ਵਲੋਂ ਗੁਰੂ ਰਵਿਦਾਸ ਧਰਮਸ਼ਾਲਾ ਵਿੱਚ ਪਹਿਲੀ ਵਾਰੀ ਬਾਬਾ ਨਾਮਦੇਵ ਜੀ ਦਾ ਜਨਮ ਦਿਹਾੜਾ ਮਨਾਇਆ ਜਾ ਰਿਹਾ ਹੈ। ਸੇਵਾਦਾਰਾਂ ਦੀਆਂ ਡਿਊਟੀ ਲਗਾ ਦਿੱਤੀਆਂ ਹਨ। ਸਮਾਗਮ ਦੌਰਾਨ ਮਹਾਰਾਜ ਸ੍ਰੀ ਸ੍ਰੀ 108 ਸੁਆਮੀ ਗੁਰਦੀਪ ਗਿਰੀ ਜੀ ਪਠਾਨਕੋਟ ਵਾਲੇ ਗੁਰਬਾਣੀ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਬਾਬਾ ਨਾਮਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਉਣਗੇ। ਸੇਵਾ ਮੁਕਤ ਐੱਸਡੀਓ ਭਾਈ ਚਮਨ ਸਿੰਘ ਸੋਹਲ ਸ਼ਬਦ ਕੀਰਤਨ ਕਰਨਗੇ। ਉਪਰੰਤ ਗੁਰੂ ਦਾ ਲੰਗਰ ਅਤੁੱਟ ਵਰਤੇਗਾ। ਮੀਟਿੰਗ ਵਿੱਚ ਸਭਾ ਦੇ ਪ੍ਰਧਾਨ ਮਾਸਟਰ ਪ੍ਰਕਾਸ਼ ਚੰਦ, ਜਨਰਲ ਸਕੱਤਰ ਬਲਕਾਰ ਸਿੰਘ, ਪ੍ਰੈੱਸ ਸਕੱਤਰ ਭਜਨ ਸਿੰਘ, ਰਿਟਾ. ਸੂਬੇਦਾਰ ਬਚਨ ਲਾਲ, ਖਜਾਨਚੀ ਅਜੈ ਕੁਮਾਰ ਸੋਨੂੰ, ਰਾਕੇਸ਼ ਟੇਲਰ, ਮਦਨ ਸਿੰਘ, ਸੁਰਿੰਦਰ ਪਾਲ ਸਿੰਘ, ਦੁਰਗਾ ਦਾਸ, ਮੰਗਤ ਰਾਮ, ਬਲਕਾਰ ਸਿੰਘ ਮੂਲਿਆਂਵਾਲ, ਧਰਮ ਪਾਲ, ਸਤਪਾਲ, ਸੋਨੀਆ, ਰਾਣੋ ਆਦਿ ਤੋਂ ਇਲਾਵਾ ਵੀ ਸਭਾ ਦੇ ਮੈਂਬਰ ਹਾਜ਼ਰ ਸਨ।

## ਬੱਸ ਦੀ ਲਪੇਟ 'ਚ ਆਉਣ ਨਾਲ ਦੋ ਮੋਟਰਸਾਈਕਲ ਸਵਾਰਾਂ ਦੀ ਮੌਤ



ਗੁਰਦਾਸਪੁਰ (ਜਨਕ ਮਹਾਜਨ)-ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਲਮੀਨ ਕਰਾਲ ਦੇ ਇਕ ਔਰਤ ਅਤੇ ਇਕ ਨੌਜਵਾਨ ਦੀ ਪਰਮਾਨੰਦ ਨਜ਼ਦੀਕ ਬੱਸ ਦੀ ਲਪੇਟ ਵਿਚ ਆਉਣ ਕਰਕੇ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਵਿਪਨ ਕੁਮਾਰੀ ਪਤਨੀ ਬਲਵਿੰਦਰ ਸਿੰਘ ਨੇ ਆਪਣੀ ਸੱਸ ਰੀਟਾ ਦੀ ਅੱਖ ਦਾ ਆਪ੍ਰੇਸ਼ਨ ਚੌਹਾਨ ਹਸਪਤਾਲ ਕੋਟਲੀ ਵਿਖੇ ਕਰਵਾਇਆ ਸੀ, ਜਿਸ ਨੂੰ ਉਹ ਕਿਸੇ ਰਿਸ਼ਤੇਦਾਰ ਕੋਲ ਛੱਡ ਕੇ ਆਪਣੇ ਪਤੀ ਦੇ ਦੋਸਤ ਸੁਸ਼ੀਲ ਕੁਮਾਰ ਪੁੱਤਰ ਜੋਗਿੰਦਰ ਪਾਲ ਵਾਸੀ ਕਰਾਲ ਨਾਲ ਵਾਪਸ ਆਪਣੇ ਪਿੰਡ ਮੋਟਰਸਾਈਕਲ 'ਤੇ ਪਰਤ ਰਹੇ ਸਨ। ਜਦ ਉਹ ਜੀ. ਟੀ. ਰੋਡ ਸਥਿਤ ਪਿੰਡ ਪਰਮਾਨੰਦ ਨੇੜੇ ਚੱਕ ਪੋਸਟ ਨਜਦੀਕ ਪੁੱਜੇ ਤਾਂ ਪਠਾਨਕੋਟ ਵਾਲੀ ਸਾਈਡ ਤੋਂ ਆਉਂਦੀ ਤੇਜ਼ ਰਫ਼ਤਾਰ ਬੱਸ ਨੇ ਜ਼ਬਰਦਸਤ ਟੱਕਰ ਮਾਰ ਕੀਤੀ ਜਿਸ ਨਾਲ ਦੋਵਾਂ ਦੀ ਮੌਕੇ 'ਤੇ ਮੌਤ ਹੋ ਗਈ। ਹਾਦਸੇ ਮਗਰੋਂ ਬੱਸ ਚਾਲਕ ਮੌਕੇ ਤੋਂ ਬੱਸ ਛੱਡ ਕੇ ਫਰਾਰ ਹੋ ਗਿਆ। ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਗਈ ਕਿ ਬੱਸ ਮਾਲਕਾਂ ਖ਼ਿਲਾਫ਼ ਕਾਰਵਾਈ ਕਰਕੇ ਪੀੜਤਾਂ ਨੂੰ ਢੁੱਕਵਾਂ ਮੁਆਵਜ਼ਾ ਦਿਵਾਇਆ ਜਾਵੇ।

## ਵਿਧਾਇਕ ਟੌਂਗ ਨੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਦਾ ਮੁਫਤ ਬੀਜ ਵੰਡਿਆ



ਬਿਆਸ (ਪਰਮਜੀਤ ਸਿੰਘ ਰੱਖੜਾ)- ਵਿਧਾਇਕ ਦਲਬੀਰ ਸਿੰਘ ਟੌਂਗ ਹਲਕਾ ਬਾਬਾ ਬਕਾਲਾ ਸਾਹਿਬ ਵੱਲੋਂ ਬਲਾਕ ਰਈਆ ਦੇ ਵੱਖ-ਵੱਖ ਹੜ੍ਹ ਪ੍ਰਭਾਵਿਤ ਪਿੰਡ ਸੇਰੋਂ ਬਾਘਾ, ਸੇਰੋਂ ਨਿਗਾਹ, ਕੋਟ ਮਹਿਤਾਬ ਅਤੇ ਵਜ਼ੀਰ ਭੁੱਲਰ ਦੇ ਕਿਸਾਨਾਂ ਨੂੰ ਪੰਜਾਬ ਸਰਕਾਰ ਦੀ ਤਰਫੋਂ ਉੱਚ ਕੁਆਲਿਟੀ ਦੇ ਸੁਧਰੇ ਮਿਆਰੀ ਕਣਕ ਦੇ ਬੀਜ ਦੀ ਵੰਡ ਕੀਤੀ ਗਈ।ਵਿਧਾਇਕ ਟੌਂਗ ਨੇ ਦੱਸਿਆ ਕਿ ਪੰਜਾਬ ਸਰਕਾਰ ਹੜ੍ਹ ਪ੍ਰਭਾਵਿਤ ਕਿਸਾਨਾਂ ਦੀ ਹਰ ਪੱਖੋਂ ਮਦਦ ਕਰਨ ਲਈ ਵਚਨਬੱਧ ਹੈ ਅਤੇ ਉਨ੍ਹਾਂ ਵੱਲੋਂ ਪਿਛਲੇ ਦਿਨੀਂ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਕਿਸਾਨਾਂ ਨੂੰ ਮੁਆਵਜ਼ੇ ਦੇ ਚੈੱਕ ਵੀ ਵੰਡੇ ਗਏ ਸਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਇਸ ਸਕੰਟ ਦੇ ਸਮੇਂ ਕਿਸਾਨਾਂ ਨਾਲ ਡਟ ਕੇ ਖੜ੍ਹੀ ਹੈ ਅਤੇ ਸੰਕਟ ਨੂੰ ਦੂਰ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡ ਰਹੀ, ਜਿਸ ਤਹਿਤ ਪੰਜਾਬ ਭਰ ਵਿੱਚ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ 74 ਕਰੋੜ ਰੁਪਏ ਮੁੱਲ ਦਾ 2 ਲੱਖ ਕੁਇੰਟਲ ਸੁਧਰਿਆ ਹੋਇਆ ਕਣਕ ਦਾ ਬੀਜ ਕਿਸਾਨਾਂ ਨੂੰ ਮੁਫ਼ਤ ਵੰਡ ਰਹੀ ਹੈ।ਇਸ ਮੌਕੇ ਡਾ. ਰਸ਼ਪਾਲ ਸਿੰਘ ਬੰਡਾਲਾ, ਭੂਮੀ ਪਰਖ ਅਫਸਰ ਬਲਾਕ ਬਾਬਾ ਬਕਾਲਾ ਸਾਹਿਬ (ਰਈਆ) ਬਲਜਿੰਦਰ ਸਿੰਘ ਏਡੀਓ, ਪ੍ਰਭਜੋਤ ਸਿੰਘ, ਸਤਵੰਤ ਕੌਰ, ਤਲਵਿੰਦਰ ਸਿੰਘ ਏਈਓ, ਸਰਪੰਚ ਕਰਮਜੀਤ ਸਿੰਘ, ਮੀਡੀਆ ਇੰਚਾਰਜ ਵਿਸ਼ਾਲ ਮੰਨਣ, ਸੁਖਜਿੰਦਰ ਸਿੰਘ, ਸਤਿਕਰਤਾਰ ਸਿੰਘ, ਨਿਸ਼ਾਨ ਸਿੰਘ, ਸੁਖਰਾਜ ਸਿੰਘ, ਸੁਦੀਪ ਸਿੰਘ ਬੀਟੀਐੱਮ, ਤਨਵੀਰ ਸਿੰਘ, ਰਾਹੁਲ ਸਿੰਘ, ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਅਗਾਂਹਵਧੂ ਕਿਸਾਨ ਹਾਜ਼ਰ ਸਨ।

## ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਵਫਦ ਨੇ ਵਿੱਤ ਮੰਤਰੀ ਚੀਮਾ ਨਾਲ ਕੀਤੀ ਮੀਟਿੰਗ



ਫ਼ਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)-ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਵਫ਼ਦ ਦੀ ਮੀਟਿੰਗ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਬੜੇ ਹੀ ਸੁਖਾਵੇਂ ਮਾਹੌਲ ਵਿੱਚ ਵੱਖ-ਵੱਖ ਵਿਭਾਗਾਂ ਦੇ ਸਕੱਤਰਾਂ, ਡੀ. ਪੀ. ਆਈ ਸੈਕੰਡਰੀ ਗੁਰਿੰਦਰ ਸਿੰਘ ਸੋਢੀ ਦੀ ਹਾਜ਼ਰੀ ਵਿੱਚ ਸੂਬਾ ਪ੍ਰਧਾਨ ਬਲਜਿੰਦਰ ਸਿੰਘ ਧਾਲੀਵਾਲ, ਗੁਰਮੀਤ ਸਿੰਘ ਭੁੱਲਰ, ਅਮਰਬੀਰ ਸਿੰਘ ਰੰਧਾਵਾ ਮੁਰੀਦਕੇ ਅਤੇ ਦਲਜੀਤ ਸਿੰਘ ਸੱਭਰਵਾਲ ਮੀਤ ਪ੍ਰਧਾਨ ਨਾਲ ਹੋਈ।ਮੀਟਿੰਗ ਵਿੱਚ ਵਿੱਤੀ ਮੰਗਾਂ ਦੇ ਨਾਲ-ਨਾਲ ਵਿਭਾਗੀ ਮੰਗਾਂ 'ਤੇ ਵੀ ਵਿਚਾਰ ਚਰਚਾ ਕੀਤੀ ਗਈ। ਜਥੇਬੰਦੀ ਵੱਲੋਂ 2.59 ਗੁਣਾਕ ਦੇਣ ਦੇ ਮਸਲੇ 'ਤੇ ਗੱਲਬਾਤ ਕਰਦੇ ਹੋਏ ਵਿੱਤ ਮੰਤਰੀ ਨੇ ਆਪਣੇ ਸਪਸ਼ਟੀਕਰਨ ਵਿੱਚ ਦੱਸਿਆ ਕਿ 2.59 ਗੁਣਾਕ ਦੀ ਮੰਗ ਬਿਲਕੁਲ ਜਾਇਜ਼ ਹੈ ਅਤੇ ਇਹ ਮਸਲਾ ਪਹਿਲਾਂ ਹੀ ਸਰਕਾਰ ਦੇ ਵਿਚਾਰ ਅਧੀਨ ਹੈ।ਉਨ੍ਹਾਂ ਵੱਲੋਂ ਇਸ ਦਾ ਨਿਪਟਾਰਾ ਇੱਕ ਮਹੀਨੇ ਵਿੱਚ ਕਰਨ ਦਾ ਭਰੋਸਾ ਦਿੱਤਾ ਗਿਆ।ਇਸ ਤੋਂ ਇਲਾਵਾ ਡੀ. ਏ. ਦੀਆਂ ਬਕਾਇਆ ਕਿਸ਼ਤਾਂ ਸਬੰਧੀ ਮੰਗ ਤੇ ਵਿੱਤ ਮੰਤਰੀ ਵੱਲੋਂ ਜ਼ਿਮਨੀ ਚੋਣ ਦੇ ਚੱਲਦਿਆਂ ਚੋਣ ਕਮਿਸ਼ਨ ਤੋਂ ਆਗਿਆ ਲੈ ਕੇ ਡੀ. ਏ. ਦੀ ਕੁਝ ਕਿਸ਼ਤ ਜਾਰੀ ਕਰਨ ਲਈ 15 ਦਿਨ ਦਾ ਸਮਾਂ ਮੰਗਿਆ ਗਿਆ।ਜਥੇਬੰਦੀ ਵੱਲੋਂ ਬਾਰਡਰ ਅਲਾਊਂਸ ਅਤੇ ਬਾਰਡਰ ਕੇਡਰ ਨੂੰ ਇੰਕਰੀਮੈਂਟ ਦੇਣ ਸਬੰਧੀ ਗੱਲਬਾਤ ਕਰਦੇ ਹੋਏ ਵਿੱਤ ਮੰਤਰੀ ਵੱਲੋਂ ਬਾਰਡਰ ਭੱਤਾ ਦੇਣ ਦੀ ਮੰਗ ਨੂੰ ਵੀ ਜਾਇਜ਼ ਠਹਿਰਾਉਂਦੇ ਹੋਏ ਡੀ. ਪੀ. ਆਈ (ਸੈਕੰਡਰੀ ਸਿੱਖਿਆ) ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।ਐੱਸਐੱਸਏ/ਰਮਸਾ ਦੀਆਂ ਛੁੱਟੀਆਂ ਲੈਂਥ ਆਫ ਸਰਵਿਸ ਦੇ ਹਿਸਾਬ ਨਾਲ ਦੇਣ ਸਬੰਧੀ ਮੌਕੇ ਤੇ ਨਿਰਦੇਸ਼ ਜਾਰੀ ਕੀਤੇ।ਏਸੀਪੀ/ਪੇਂਡੂ ਭੱਤਾ ਅਤੇ ਹੋਰ ਭੱਤਿਆਂ ਨੂੰ ਪੇ ਕਮਿਸ਼ਨ ਦੇ ਭਾਗ 2 ਅਤੇ 3 ਦੀ ਰਿਪੋਰਟ ਅਨੁਸਾਰ 15 ਦਿਨਾਂ ਵਿੱਚ ਜਨਤਕ ਕਰਦਿਆਂ ਜਾਰੀ ਕੀਤੇ ਜਾਣ ਦਾ ਭਰੋਸਾ ਦਿੱਤਾ ਗਿਆ।ਵਿੱਤ ਮੰਤਰੀ ਵੱਲੋਂ ਡੀਪੀਆਈ ਸੈਕੰਡਰੀ ਨੂੰ ਇਵਜ਼ੀ ਛੁੱਟੀਆਂ ਵਾਲਾ ਪੱਤਰ ਵੀ ਤੁਰੰਤ ਜਾਰੀ ਕਰਨ ਦੇ ਹੁਕਮ ਦਿੱਤੇ ਗਏ।

## 'ਆਪ ਦੀ ਸਰਕਾਰ, ਆਪ ਦਾ ਐੱਮ ਐੱਲ ਏ' ਨਾਅਰਾ ਲੋਕਾਂ ਦੇ ਘਰ-ਘਰ ਗੂੰਜਿਆ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਤੋਂ ਜ਼ਿਲ੍ਹਾ ਮੀਡੀਆ ਇੰਚਾਰਜ ਅਤੇ ਮੈਂਬਰ, ਰਾਮਗੜ੍ਹੀਆ ਵੈੱਲਫੇਅਰ ਬੋਰਡ (ਪੰਜਾਬ ਸਰਕਾਰ) ਸਤਨਾਮ ਸਿੰਘ ਮਠਾੜੂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਤਰਨ ਤਾਰਨ ਇਲੈਕਸ਼ਨ ਵਿੱਚ 'ਆਪ ਦੀ ਸਰਕਾਰ, ਆਪ ਦਾ ਐੱਮਐੱਲਏ' ਦਾ ਨਾਰਾ ਹੁਣ ਹਰ ਘਰ ਦੀ ਆਵਾਜ਼ ਬਣ ਚੁੱਕਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਲੋਕਪ੍ਰਿਯਤਾ ਅਤੇ ਉਨ੍ਹਾਂ ਦੇ ਵਿਕਾਸਮੁੱਖ ਵਿਜ਼ਨ ਨੇ ਵੱਡੇ ਮਾਰਜਿਨ ਨਾਲ ਜਿੱਤ ਨਿਸ਼ਚਤ ਕਰ ਦਿੱਤੀ ਹੈ।ਮਠਾੜੂ ਨੇ ਕਿਹਾ ਕਿ ਹਰਮੀਤ ਸਿੰਘ ਸੰਧੂ ਤਰਨ ਤਾਰਨ ਦੇ ਤਿੰਨ ਵਾਰ ਵਿਧਾਇਕ ਰਹਿ ਚੁੱਕੇ ਹਨ ਅਤੇ ਉਹਨਾਂ ਦੀ ਸਾਫ-ਸੁਥਰੀ ਸ਼ਵੀ, ਲੋਕਾਂ ਨਾਲ ਜੁੜਾਅ ਅਤੇ ਵਿਕਾਸ ਪ੍ਰਤੀ ਨਿਸ਼ਠਾ ਕਰਕੇ ਜਨਤਾ ਦਾ ਵਿਸ਼ਵਾਸ ਉਨ੍ਹਾਂ 'ਤੇ ਬੇਹੱਦ ਮਜ਼ਬੂਤ ਹੈ।ਇਸ ਮੌਕੇ ਬਲਾਕ ਪ੍ਰਧਾਨ ਸੁਰਜੀਤ ਸਿੰਘ ਖ਼ਾਲਸਾ, ਰਾਜਾ, ਮੈਂਬਰ ਹਰਜਿੰਦਰ ਸਿੰਘ, ਰਜਿੰਦਰ ਕੁਮਾਰ, ਜੀਤ ਸਿੰਘ ਨਾਮਧਾਰੀ, ਹਰਜੀਤ ਸਿੰਘ ਕਰਾਲੀਆ ਅਤੇ ਹੋਰ ਸਾਥੀ ਹਾਜ਼ਰ ਸਨ ।

## ਸ਼੍ਰੋਮਣੀ ਵਾਲਮੀਕੀ ਤੀਰਥ ਪ੍ਰਬੰਧਕ ਕਮੇਟੀ ਨੇ ਅੰਮ੍ਰਿਤਸਰ 'ਚ ਵਾਪਰੀਆਂ ਘਟਨਾਵਾਂ 'ਤੇ ਚਿੰਤਾ ਪ੍ਰਗਟਾਈ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਸ਼੍ਰੋਮਣੀ ਵਾਲਮੀਕੀ ਤੀਰਥ ਪ੍ਰਬੰਧਕ ਕਮੇਟੀ ਨੇ ਹਾਲ ਹੀ ਵਿੱਚ ਪਾਵਨ ਵਾਲਮੀਕੀ ਤੀਰਥ, ਅੰਮ੍ਰਿਤਸਰ ਵਿੱਚ ਘਟੀਆਂ ਘਟਨਾਵਾਂ 'ਤੇ ਆਪਣੀ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ।ਕਮੇਟੀ ਦੇ ਸੰਸਥਾਪਕ ਅਤੇ ਪ੍ਰਧਾਨ ਬਲਦੇਵ ਸਿੰਘ ਮਹਾਰਾਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮੰਦਰ ਦੇ ਅੰਦਰ ਜੋ ਦੁਖਦਾਈ ਘਟਨਾ ਵਾਪਰੀ ਹੈ, ਉਸ ਨਾਲ ਸਾਰੇ ਵਾਲਮੀਕੀ ਸਮਾਜ ਦੇ ਮਨ ਨੂੰ ਗਹਿਰੀ ਠੇਸ ਪਹੁੰਚੀ ਹੈ।ਉਨ੍ਹਾਂ ਕਿਹਾ ਕਿ ਧਵਜਾਰੋਹਣ ਦੀ ਪ੍ਰਕਿਰਿਆ ਜਿਸ ਤਰੀਕੇ ਨਾਲ ਕੀਤੀ ਗਈ, ਉਹ ਪੂਰੀ ਤਰ੍ਹਾਂ ਗਲਤ ਅਤੇ ਪਾਵਨ ਮੰਦਰ ਦੀ ਮਰਿਆਦਾ ਨੂੰ ਤੋੜਨ ਵਾਲੀ ਰਹੀ ਹੈ, ਜੋ ਬਹੁਤ ਹੀ ਨਿੰਦਣਯੋਗ ਹੈ।ਅੰਮ੍ਰਿਤਸਰ ਦੇ ਡੀ. ਸੀ. ਅਤੇ ਪੁਲਸ ਪ੍ਰਸ਼ਾਸਨ ਨੇ ਇਸ ਮਾਮਲੇ ਨੂੰ ਸੁਲਝਾਉਣ ਲਈ 2 ਦਿਨ ਦਾ ਸਮਾਂ ਲਿਆ ਹੈ, ਇਸ ਲਈ ਸ਼੍ਰੋਮਣੀ ਵਾਲਮੀਕੀ ਤੀਰਥ ਪ੍ਰਬੰਧਕ ਕਮੇਟੀ ਸਾਰੇ ਧਰਮ-ਪ੍ਰੇਮੀ ਵਾਲਮੀਕੀ ਅਨੁਯਾਈਆਂ ਨੂੰ ਅਪੀਲ ਕਰਦੀ ਹੈ ਕਿ ਉਹ ਪੁਲਸ ਪ੍ਰਸ਼ਾਸਨ 'ਤੇ ਵਿਸ਼ਵਾਸ ਰੱਖਣ ਅਤੇ ਸ਼ਾਂਤੀ ਦਾ ਮਾਰਗ ਅਪਣਾਉਣ, ਕਿਸੇ ਵੀ ਤਰ੍ਹਾਂ ਦੀ ਗਲਤ ਭਾਸ਼ਾ ਜਾਂ ਇਕ-ਦੂਜੇ 'ਤੇ ਕਟਾਖਸ਼ ਕਰਨ ਤੋਂ ਬਚਣ।

## ਰਣਜੀਤ ਆਜ਼ਾਦ ਕਾਂਝਲਾ 'ਪੰਜਾਬੀ ਮਾਂ ਬੋਲੀ ਦਾ ਮਾਣ' ਐਵਾਰਡ ਨਾਲ ਸਨਮਾਨਿਤ



ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)- ਮਾਤ ਭਾਸ਼ਾ ਦਿਵਸ ਮੌਕੇ ਪਿਛਲੇ 40 ਸਾਲਾਂ ਤੋਂ ਨਿਰੰਤਰ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਚਰਚਿੱਤ ਸਾਹਿਤਕ ਸੰਸਥਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਮਰਹੂਮ ਸ: ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਲਾਇਬਰੇਰੀ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਸਰਬਾਂਗੀ ਲੇਖਕ ਰਣਜੀਤ ਆਜ਼ਾਦ 'ਕਾਂਝਲਾ' ਧੂਰੀ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਸੀਨੀ: ਮੀਤ ਪ੍ਰਧਾਨ ਮੱਖਣ ਭੈਣੀਵਾਲਾ, ਸੁਖਦੇਵ ਸਿੰਘ ਭੁੱਲਰ ਸਾ: ਸੀ: ਮੈਨੇਜਰ ਪੰਜਾਬ ਸਕੂਲ ਸਿੱਖਿਆ ਬੋਰਡ ਅਤੇ ਮੈਡਮ ਸੁਖਵੰਤ ਕੌਰ ਵੱਸੀ ਪ੍ਰਧਾਨ ਮਹਿਲਾ ਵਿੰਗ ਆਦਿ ਸੁਸ਼ੋਭਿਤ ਹੋਏ। ਇਸ ਮੌਕੇ ਸਰਬਾਂਗੀ ਲੇਖਕ ਰਣਜੀਤ ਆਜ਼ਾਦ 'ਕਾਂਝਲਾ' ਨੂੰ ਪੰਜਾਬੀ ਸਾਹਿਤ ਵਿੱਚ ਸੇਵਾਵਾਂ ਨਿਭਾਉਣ ਬਦਲੇ ਸਭਾ ਵੱਲੋਂ 'ਪੰਜਾਬੀ ਮਾਂ ਬੋਲੀ ਦਾ ਮਾਣ' ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ। ਉਪਰੰਤ ਹੋਏ ਕਵੀ ਦਰਬਾਰ ਵਿੱਚ ਅਮਨ ਢਿੱਲੋਂ ਕਸੇਲ, ਸੁਖਵੰਤ ਕੌਰ ਵੱਸੀ, ਅਮਰਜੀਤ ਸਿੰਘ ਰਤਨਗੜ੍ਹ, ਡਾ: ਕੁਲਵੰਤ ਸਿੰਘ ਬਾਠ, ਸਰਬਜੀਤ ਸਿੰਘ ਪੱਡਾ, ਬਲਵਿੰਦਰ ਸਿੰਘ ਅਠੌਲਾ, ਕੈਪਟਨ ਸਿੰਘ ਮਹਿਤਾ, ਸਕੱਤਰ ਸਿੰਘ ਪੁਰੇਵਾਲ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਮਾ: ਮਨਜੀਤ ਸਿੰਘ ਕੰਬੋ, ਭਗਵੰਤ ਸਿੰਘ ਆਦਿ ਨੇ ਕਾਵਿ ਰਚਨਾਵਾਂ ਪੇਸ਼ ਕੀਤੀਆਂ ।

31 Oct Page 12.qxd 10/30/2025 10:37 PM Page 1



# ਚੋਰੀ ਤੇ ਲੁੱਟਖੋਹ ਕਰਨ ਵਾਲੇ ਦੋ ਦੋਸ਼ੀ ਕੀਤੇ ਗ੍ਰਿਫਤਾਰ



**ਮੋਹਾਲੀ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਹਰਮਨਦੀਪ ਸਿੰਘ ਹਾਂਸ, ਆਈ.ਪੀ.ਐਸ. ਸੀਨੀਅਰ ਕਪਤਾਨ ਪੁਲਿਸ ਜ਼ਿਲ੍ਹਾ ਐਸ.ਏ.ਐਸ. ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮੋਹਾਲੀ ਪੁਲਿਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿਮ ਦੌਰਾਨ ਸ਼੍ਰੀ ਸੌਰਵ ਜਿੰਦਲ ਪੀ.ਪੀ.ਐਸ. ਕਪਤਾਨ ਪੁਲਿਸ (ਜਾਂਚ), ਸ਼੍ਰੀ ਤਲਵਿੰਦਰ ਸਿੰਘ ਪੀ.ਪੀ.ਐਸ. ਕਪਤਾਨ ਪੁਲਿਸ (ਅਪਰੇਸ਼ਨ), ਸ਼੍ਰੀ ਜਤਿੰਦਰ ਸਿੰਘ ਚੌਹਾਨ ਪੀ.ਪੀ.ਐਸ. ਉਪ-ਕਪਤਾਨ ਪੁਲਿਸ (ਜਾਂਚ) ਜ਼ਿਲ੍ਹਾ ਐਸ.ਏ.ਐਸ. ਨਗਰ ਦੀ ਨਿਗਰਾਨੀ ਹੇਠ ਇੰਸਪੈਕਟਰ ਹਰਮਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਦੀ ਟੀਮ ਵੱਲੋਂ 2 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ ਖੋਹੇ 4 ਮੋਬਾਇਲ ਫੋਨ ਅਤੇ ਚੋਰੀ ਕੀਤੇ 04 ਮੋਟਰਸਾਈਕਲ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਗ੍ਰਿਫਤਾਰ ਦੋਸ਼ੀਆਂ ਵਿੱਚ ਗੁਰਭੇਜ ਸਿੰਘ ਉਰਫ ਗੁਰੀ ਉਰਫ ਵਿਪਨ ਪੁੱਤਰ ਛਿੰਦਾ ਸਿੰਘ ਵਾਸੀ ਪਿੰਡ ਢਿੰਪਾ ਵਾਲ਼ੀ ਥਾਣਾ ਅਰਨੀਵਾਲ਼ਾ, ਜਿਲਾ ਫਾਜਿਲਕਾ ਤੇ ਸੀਰਤ ਕੁਮਾਰ ਪੁੱਤਰ ਬਵਨੇਸ਼ ਕੁਮਾਰ ਵਾਸੀ ਝਗੜਾ ਕਲੋਨੀ ਨੇੜੇ ਕਲੋਨੀ ਸ਼ਾਹਬਾਦ, ਥਾਣਾ ਸ਼ਾਹਬਾਦ, ਜਿਲਾ ਕੁਰੂਕਸ਼ੇਤਰ ਹਰਿਆਣਾ ਸ਼ਾਮਿਲ ਹਨ।

# ਕੁਸ਼ਤੀ ਦੇ ਜੇਤੂ ਖਿਡਾਰੀਆਂ ਦਾ ਲੋਕ ਭਲਾਈ ਮੰਚ ਵੱਲੋਂ ਸਨਮਾਨ

**ਗੁਰਾਇਆ (ਬਿੰਦਰ ਸੁੰਮਨ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਦੇ ਪਹਿਲਵਾਨਾਂ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਚੱਲ ਰਹੀ ਅੰਤਰ ਕਾਲਜ ਕੁਸ਼ਤੀ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਭਾਰ ਵਰਗਾਂ ਵਿੱਚ 3 ਸੋਨ ਤਗਮੇ ਹਾਸਿਲ ਕੀਤੇ।ਕਾਲਜ ਵਿਖੇ ਵਿਦਿਆਰਥੀਆਂ ਦੀ ਸਰਬਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਕਾਲਜ ਦੇ ਵਿਦਿਆਰਥੀ ਖਿਡਾਰੀਆਂ ਨੇ ਸਮੇਂ-ਸਮੇਂ ਤੇ ਹੋਈਆਂ ਖੇਡਾਂ ਵਿੱਚ ਹਿੱਸਾ ਲਿਆ ਅਤੇ ਅੰਤਰ-ਰਾਸ਼ਟਰੀ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਵੀ ਨਾਮਣਾ ਖੱਟ ਕੇ ਕਾਲਜ ਦਾ ਨਾਮ ਰੋਸ਼ਨ ਕੀਤਾ ਹੈ। ਉਪਰੋਕਤ ਮੁਕਾਬਲਿਆਂ ਵਿੱਚ ਕਾਲਜ ਦੇ ਤਿੰਨ ਪਹਿਲਵਾਨਾਂ ਸੂਰਜ, ਜਸਟਿਨ ਸਿੱਧੂ ਤੇ ਕਰਨਵੀਰ ਨੇ ਆਪਣੇ ਸ਼ੁਰੂਆਤੀ ਮੁਕਾਬਲਿਆਂ ਤੋਂ ਲੈਕੇ ਫਾਈਨਲ ਤੱਕ ਵਿਰੋਧੀ ਪਹਿਲਵਾਨਾਂ ਨੂੰ ਇੱਕ ਵੀ ਪੁਆਇੰਟ ਨਹੀਂ ਲੈਣ ਦਿੱਤਾ। ਇਹਨਾਂ ਮੁਕਾਬਲਿਆਂ ਵਿੱਚ ਸੂਰਜ ਨੇ 70 ਕਿਲੋਗ੍ਰਾਮ ਭਾਰ ਵਰਗ ਫਰੀ ਸਟਾਈਲ ਕੁਸ਼ਤੀ ਵਿੱਚ ਆਪਣੇ ਵਿਰੋਧੀ ਪਹਿਲਵਾਨ ਨੂੰ 10-0 ਨਾਲ, ਕਰਨਵੀਰ ਨੇ 92 ਕਿਲੋਗ੍ਰਾਮ ਭਾਰ ਵਰਗ ਫਰੀ ਸਟਾਈਲ ਕੁਸ਼ਤੀ ਦੇ ਪਹਿਲਵਾਨ ਨੂੰ 10-0 ਨਾਲ ਅਤੇ ਜਸਟਿਨ ਸਿੱਧੂ ਨੇ 130 ਕਿਲੋਗ੍ਰਾਮ ਭਾਰ ਵਰਗ ਗਰੀਕੋ ਰੋਮਨ ਕੁਸ਼ਤੀ ਮੁਕਾਬਲੇ ਵਿੱਚ ਵਿਰੋਧੀ ਖਿਡਾਰੀ ਨੂੰ 10-0 ਨਾਲ ਹਰਾ ਕੇ ਸੋਨ ਤਗਮੇ ਹਾਸਿਲ ਕੀਤੇ। ਲੋਕ ਭਲਾਈ ਮੰਚ ਦੇ ਮੁਖੀ ਵੱਲੋਂ ਇਸ ਮੌਕੇ ਸਾਜਨ ਕੋਚ ਸਾਹਿਬ ਦਾ ਵਿਸ਼ੇਸ਼ ਸਨਮਾਨ ਕੀਤਾ ਅਤੇ ਅਤੇ ਉਨ੍ਹਾਂ ਦੀ ਇਸ ਪ੍ਰਾਪਤੀ ਵਿੱਚ ਖ਼ਾਸ ਸਮੂਲੀਅਤ ਦਾ ਜ਼ਿਕਰ ਕੀਤਾ।ਇਸ ਮੌਕੇ ਸ.ਤਰਸੇਮ ਸਿੰਘ (ਲੋਕ ਭਲਾਈ ਮੰਚ ਦੇ ਸਕੱਤਰ) ਅਤੇ ਮੈਂਬਰਾਂ ਨੇ ਜੇਤੂ ਪਹਿਲਵਾਨਾਂ ਨੂੰ 20-20 ਹਜ਼ਾਰ ਰੁਪਏ ਨਗਦ ਰਾਸ਼ੀ ਇਨਾਮ ਵਜੋਂ ਦਿੱਤੀ ਅਤੇ ਅੱਗੇ ਤੋਂ ਵੀ ਵਧੀਆ ਖੇਡ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਸ੍ਰੀ ਮੱਖਣ ਲਾਲ ਪੱਲਣ (ਚੇਅਰਮੈਨ ਸੈਣ ਸਮਾਜ ਵੈਲਫ਼ੇਅਰ ਬੋਰਡ ਪੰਜਾਬ) ਨੇ ਕਿਹਾ ਕਿ ਇਹ ਪ੍ਰਿੰਸੀਪਲ( ਡਾ.) ਜਗਸੀਰ ਸਿੰਘ ਬਰਾੜ ਦੀਆਂ ਕੋਸ਼ਿਸ਼ਾਂ ਦੀ ਪ੍ਰਾਪਤੀ ਹੈ ਅਤੇ ਕਾਲਜ ਦੀ ਖੇਡ ਵਿਭਾਗ ਤੇ ਵਿਦਿਆਰਥੀਆਂ ਦੀ ਮਿਹਨਤ ਦਾ ਨਤੀਜਾ ਹੈ।



# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਭਲਕੇ

**ਜਲੰਧਰ (ਸ਼ੈਲੀ ਐਲਬਰਟ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਲੰਧਰ ਸ਼ਹਿਰ ਵਿੱਚ 1 ਨਵੰਬਰ ਨੂੰ ਸਜਾਏ ਜਾ ਰਹੇ ਨਗਰ ਕੀਰਤਨ ਅਤੇ ਪ੍ਰਕਾਸ਼ ਪੁਰਬ ਸਬੰਧੀ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿੱਖ ਸਭਾਵਾਂ, ਸੇਵਾ ਸੁਸਾਇਟੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਅਤੇ ਸੁਚਾਰੂ ਟ੍ਰੈਫਿਕ ਵਿਵਸਥਾ ਯਕੀਨੀ ਬਣਾਉਣ ਦੀਆਂ ਹਦਾਇਤਾਂ ਕੀਤੀਆਂ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਦੀ ਸਹੂਲਤ ਲਈ ਰੂਟ ਪਲਾਨ ਵੀ ਤਿਆਰ ਕਰਨ ਲਈ ਕਿਹਾ। ਮੀਟਿੰਗ ਦੌਰਾਨ ਡਾ. ਅਗਰਵਾਲ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਗਰ ਕੀਰਤਨ ਦੇ ਪੂਰੇ ਰੂਟ 'ਤੇ ਸਾਫ-ਸਫਾਈ, ਪ੍ਰਮੁੱਖ ਥਾਵਾਂ ਅਤੇ ਚੌਕਾਂ ਦੀ ਸਜਾਵਟ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।



ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਨਗਰ ਕੀਰਤਨ ਦੇ ਰੂਟ ਦਾ ਦੌਰਾ ਕੀਤਾ ਜਾਵੇ ਅਤੇ ਜੇਕਰ ਕਿਤੇ ਸੜਕ ਦੀ ਮੁਰੰਮਤ, ਸਟ੍ਰੀਟ ਲਾਈਟਾਂ, ਬਿਜਲੀ ਦੀਆਂ ਨੀਵੀਆਂ ਤਾਰਾਂ ਨੂੰ ਉੱਚਾ ਕਰਨ ਸਮੇਤ ਹੋਰ ਕਿਸੇ ਕਿਸਮ ਦੀ ਵਿਵਸਥਾ ਦੀ ਲੋੜ ਹੈ, ਤਾਂ ਤੁਰੰਤ ਕਰਵਾਈ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਲੋੜੀਂਦੀਆਂ ਮੈਡੀਕਲ ਟੀਮਾਂ, ਪੀਣ ਵਾਲੇ ਪਾਣੀ, ਆਰਜ਼ੀ ਟਾਇਲੈਟਸ, ਫਾਇਰ ਬ੍ਰਿਗੇਡ, ਨਿਰਵਿਘਨ ਬਿਜਲੀ ਸਪਲਾਈ ਸਮੇਤ ਹੋਰ ਜ਼ਰੂਰੀ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਦੀਆਂ ਹਦਾਇਤਾਂ ਕੀਤੀਆਂ।

ਨਗਰ ਕੀਰਤਨ ਦਾ ਰੂਟ : ਵੱਖ-ਵੱਖ ਸਿੰਘ ਸਭਾਵਾਂ ਅਤੇ ਪ੍ਰਬੰਧਕ ਕਮੇਟੀ ਦੇ ਨੁਮਾਇੰਦਿਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੱਸਿਆ ਕਿ ਨਗਰ ਕੀਰਤਨ 1 ਨਵੰਬਰ ਨੂੰ ਸਵੇਰੇ 10 ਵਜੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮੁਹੱਲਾ ਗੋਬਿੰਦਗੜ੍ਹ ਤੋਂ ਆਰੰਭ ਹੋਵੇਗਾ ਅਤੇ ਐਸ ਡੀ ਕਾਲਜ, ਭਾਰਤ ਸੋਡਾ ਵਾਟਰ, ਮੰਡੀ ਫੈਂਟਨਗੰਜ, ਗੁਰਦੁਆਰਾ ਦੀਵਾਨ ਅਸਥਾਨ, ਮਿਲਾਪ ਚੌਕ, ਫਗਵਾੜਾ ਗੇਟ, ਭਗਤ ਸਿੰਘ ਚੌਕ, ਪੰਜ ਪੀਰ, ਖਿੰਗਰਾ ਗੇਟ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਚੌਕ, ਅੱਡਾ ਹੁਸ਼ਿਆਰਪੁਰ, ਮਾਈ ਹੀਰਾ ਗੇਟ, ਪਟੇਲ ਚੌਕ, ਬਸਤੀ ਅੱਡਾ ਜੀ.ਟੀ. ਰੋਡ, ਭਗਵਾਨ ਵਾਲਮੀਕਿ ਚੌਕ, ਰੈਣਕ ਬਾਜ਼ਾਰ ਤੋਂ ਹੁੰਦਾ ਹੋਇਆ ਗੁਰਦੁਆਰਾ ਦੀਵਾਨ ਅਸਥਾਨ ਸੈਂਟਰਲ ਟਾਊਨ ਵਿਖੇ ਸੰਪੂਰਨ ਹੋਵੇਗਾ।

# ਅਧਿਕਾਰੀ ਸਿੱਧੀ ਬਿਜਾਈ ਦੀਆਂ ਸੰਭਾਵਨਾਵਾਂ ਨੂੰ ਤਲਾਸ਼ਣ : ਖੇਤੀਬਾੜੀ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸੂਬੇ ਵਿੱਚ ਵੱਧ ਤੋਂ ਵੱਧ ਫਸਲਾਂ ਵਿੱਚ ਸਿੱਧੀ ਬਆਈ ਦੀ ਸੰਭਾਵਨਾਵਾਂ ਨੂੰ ਤਲਾਸ਼ਣ ਤਾਂ ਜੋ ਸਿੰਚਾਈ ਲਈ ਪਾਣੀ ਅਤੇ ਜੁਤਾਈ 'ਤੇ ਆਉਣ ਵਾਲੇ ਖਰਚ ਨੂੰ ਬਚਾਇਆ ਜਾ ਸਕੇ, ਇਸ ਨਾਲ ਕਿਸਾਨ ਦੀ ਫਸਲ ਨੂੰ ਤਿਆਰ ਕਰਨ ਲਈ ਆਉਣ ਵਾਲੀ ਲਾਗਤ ਵਿੱਚ ਵੀ ਕਮੀ ਆਵੇਗੀ। ਰਾਣਾ ਇੱਥੇ ਆਪਣੇ ਦਫਤਰ ਵਿੱਚ ਖੇਤੀਬਾੜੀ, ਬਾਗਬਾਨੀ, ਹਰਿਆਣਾ ਰਾਜ ਵੇਅਰਹਾਊਸ ਨਿਗਮ ਲਿਮੀਟੇਡ ਅਤੇ ਹਰਿਆਣਾ ਰਾਜ ਖੇਤੀਬਾੜੀ ਮਾਰਕਟਿੰਗ ਬੋਰਡ ਨਾਲ ਸਬੰਧਿਤ ਬਜਟ ਐਲਾਨਾਂ ਅਤੇ ਸਰਕਾਰ ਦੇ ਸੰਕਲਪ ਪੱਤਰ ਦੇ ਵਾਅਦਿਆਂ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਖੇਤੀਬਾੜੀ ਮੰਤਰੀ ਨੇ ਮੇਰਾ ਪਾਣੀ, ਮੇਰੀ ਵਿਰਾਸਤ ਯੋਜਨਾ ਦੀ ਸਮੀਖਿਆ ਕਰਦੇ ਹੋਏ ਕਿਹਾ ਕਿ ਪਾਣੀ ਦੀ ਗਿਣਤੀ ਸੀਮਤ ਹੈ, ਇਸ ਲਈ ਕਿਸਾਨਾਂ ਨੂੰ ਘੱਟ ਪਾਣੀ ਨਾਲ ਤਿਆਰ ਹੋਣ ਵਾਲੀ ਫਸਲਾਂ ਦੇ ਵੱਲੋਂ ਪ੍ਰੋਤਸਾਹਿਤ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਪੰਚਕੁਲਾ ਜਿਲ੍ਹਾ ਦੇ ਪਹਾੜੀ ਖੇਤਰ ਮੋਰਨੀ ਦੇ ਕਿਸਾਨਾਂ ਲਈ ਵਿਸ਼ੇਸ਼ ਕਾਰਜ ਯੋਜਨਾ ਬਨਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਛੋਟੇ-ਛੋਟੇ ਢਲਾਨ ਵਾਲੇ ਖੇਤਰਾਂ ਵਿੱਚ ਕਿਸਾਨ ਆਪਣੀ ਚੰਗੀ ਫਸਲ ਲੈ ਸਕਣ।

# ਬੁੱਢਾ ਦਲ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਤਿੰਨ ਰੋਜ਼ਾ ਗੁਰਮਤਿ ਸਮਾਗਮ ਸੰਪੂਰਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੈਨੇਜਰ ਸ. ਪਰਮਜੀਤ ਸਿੰਘ ਬਾਜਵਾ ਨੇ ਜਾਣਕਾਰੀ ਦੇਂਦਿਆਂ ਦਸਿਆ ਕਿ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਲੋਂ ਬੁੱਢਾ ਦਲ ਦੇ ਸਥਾਪਨਾ ਦਿਵਸ, 350 ਸਾਲਾ ਸ਼ਹੀਦੀ ਸ਼ਤਾਬਦੀ ਦਿਵਸ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਅਤੇ 350 ਸਾਲਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ਼ਤਾਬਦੀ ਗੁਰਯਾਈ ਦਿਵਸ ਨੂੰ ਸਮਰਪਿਤ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਨਾਂਦੇੜ ਵਿਖੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਜਥੇਦਾਰ ਤਖ਼ਤ ਸ੍ਰੀ ਹਜ਼ੂਰ ਸਾਹਿਬ ਅਤੇ ਵੱਖ-ਵੱਖ ਸੰਪਰਦਾਵਾਂ, ਨਿਹੰਗ ਸਿੰਘ ਦਲਾਂ ਅਤੇ ਕਾਰਸੇਵਾ ਵਾਲਿਆਂ ਸੰਤ ਮਹਾਂਪੁਰਸ਼ਾਂ ਦੇ ਸਹਿਯੋਗ ਨਾਲ ਤਿੰਨ ਰੋਜ਼ਾ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਦੀ 28 ਅਕਤੂਬਰ ਨੂੰ ਭਲੀਭਾਂਤ ਸੰਪੂਰਨਤਾ ਹੋਈ। ਸ੍ਰੀ ਹਜ਼ੂਰ ਸਾਹਿਬ ਵਿਖੇ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਤ ਰਹਿਰਾਸ ਸਾਹਿਬ ਦੀ ਸਮਾਪਤੀ ਉਪਰੰਤ ਮਹਾਨ ਕੀਰਤਨ ਦਰਬਾਰ ਵਿੱਚ ਵੱਡੀ ਪੱਧਰ ਤੇ ਜੁੜੀ ਸੰਗਤ ਨੂੰ ਸਿੰਘ ਸਾਹਿਬ ਜਥੇਦਾਰ ਗਿ. ਕੁਲਦੀਪ ਸਿੰਘ ਗੜਗਜ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੁੱਢਾ ਦਲ ਦੇ ਸਥਾਪਨਾ ਦਿਵਸ ਦੇ ਸਮਾਗਮ ਵਿੱਚ ਤੁਸੀਂ ਏਨੀ ਵੱਡੀ ਪੱਧਰ ਤੇ ਦੂਰ ਦੁਰਾਡੇ ਥਾਵਾਂ ਤੋਂ ਪੁੱਜੇ, ਜਿਸ ਲਈ ਮੈਂ ਸੰਗਤ ਅਤੇ ਬਾਬਾ ਬਲਬੀਰ ਸਿੰਘ ਨੂੰ ਵਧਾਈ ਦੇਂਦਾ ਹਾਂ। ਉਨ੍ਹਾਂ ਕਿਹਾ ਸਿੱਖ ਗੁਰਮਤਿ ਇਤਿਹਾਸ ਵਿੱਚ ਬੁੱਢਾ ਦਲ ਦਾ ਨਾਮ ਸੁਨਹਿਰੀ ਸ਼ਬਦਾਂ ਵਿੱਚ ਦਰਜ ਹੈ। ਬੁੱਢਾ ਦਲ ਦੇ ਹੀ ਦਸ ਮੁਖੀ ਸਾਹਿਬਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਰਹੇ ਹਨ। ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਨੇ ਦਲ ਪੰਥ ਦਾ ਇਤਿਹਾਸ ਸੰਗਤਾਂ ਨਾਲ ਸਾਂਝਾ ਕੀਤਾ ਕੀਰਤਨ ਦਰਬਾਰ ਸਮੇਂ ਦਿਤੇ ਸਹਿਯੋਗ ਲਈ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ, ਬਾਬਾ ਬਲਵਿੰਦਰ ਸਿੰਘ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਕੀ ਬੋਰਡ, ਮੈਂਬਰਾਂ, ਪ੍ਰਬੰਧਕਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਪੁਜੇ ਸੰਤ ਮਹਾਪੁਰਸ਼ਾ, ਨਿਹੰਗ ਸਿੰਘ ਦਲਪੰਥ ਦੇ ਮੁਖੀਆਂ ਅਤੇ ਹੋਰ ਸੰਪਰਦਾਵਾਂ ਤੋਂ ਪੁਜੀਆਂ ਸਖ਼ਸ਼ੀਅਤਾਂ ਦਾ ਧੰਨਵਾਦ ਕੀਤਾ। ਸਟੇਜ ਦੀ ਸੇਵਾ ਬਾਬਾ ਵਿਨੋਦ ਸਿੰਘ ਨੇ ਬਾਖੂਬੀ ਨਿਭਾਈ।



# ਸੋਲਰ ਰੂਫ਼ਟਾਪ ਸਮਰਥਾ ਜਾਣਨ ਲਈ ਹੋਵੇਗਾ ਡਿਜੀਟਲ ਸਰਵੇ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਵੱਲੋਂ ਇੱਕ ਮਹੱਤਵਪੂਰਣ ਵਾਤਾਵਰਣੀਕ ਪਹਿਲ ਕਰਦਿਆਂ ਬੈਂਗਲੁਰੂ ਦੀ ਪ੍ਰਸਿੱਧ ਗੈਰ-ਮੁਨਾਫਾ ਸੰਗਠਨ ਸੈਂਟਰ ਫੋਰ ਸਟਡੀ ਆਫ ਸਾਇੰਸ, ਟੈਕਨਾਲੋਜੀ ਐਂਡ ਪਾਲਸੀ (ਸੀ ਐੱਸ ਟੀ ਈ ਪੀ) ਨਾਲ ਐੱਮ ਓ ਯੂ ਸਾਈਨ ਕੀਤਾ ਗਿਆ। ਇਸ ਸਮਝੌਤੇ ਦਾ ਮਕਸਦ ਹੁਸ਼ਿਆਰਪੁਰ ਨੂੰ ਇੱਕ ਨੈੱਟ-ਜ਼ੀਰੋ ਅਤੇ ਕਲਾਈਮੇਟ ਰੇਜ਼ੀਲੀਅੰਟ ਸਿਟੀ ਵਜੋਂ ਵਿਕਸਤ ਕਰਨ ਲਈ ਵਿਸਤ੍ਰਿਤ ਰੋਡਮੈਪ ਤਿਆਰ ਕਰਨਾ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਹ ਭਾਗੀਦਾਰੀ ਜ਼ਿਲ੍ਹੇ ਦੇ ਸਥਾਈ ਵਿਕਾਸ ਵੱਲ ਇਕ ਇਤਿਹਾਸਕ ਕਦਮ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਹੇਠ ਸੀਐਸਟੀਈਪੀ ਸੰਗਠਨ ਹੁਸ਼ਿਆਰਪੁਰ ਲਈ ਇੱਕ ਸੰਪੂਰਨ ਕਲਾਈਮੇਟ ਐਕਸ਼ਨ ਯੋਜਨਾ ਤਿਆਰ ਕਰੇਗਾ, ਜਿਸ ਵਿੱਚ ਡਿਜੀਟਲ ਸਰਵੇਅ ਅਤੇ ਸੋਲਰ ਰੂਫ਼ਟਾਪ ਸਮਰਥਾ ਮੈਪਿੰਗ ਵੀ ਸ਼ਾਮਲ ਹੈ। ਇਸ ਸਰਵੇਅ ਰਾਹੀਂ ਸ਼ਹਿਰ ਦੀਆਂ ਇਮਾਰਤਾਂ 'ਤੇ ਸੂਰਜੀ ਉਰਜਾ ਉਤਪਾਦਨ ਦੀ ਸੰਭਾਵਨਾ ਦਾ ਵਿਗਿਆਨਕ ਮੁਲਾਂਕਣ ਕੀਤਾ ਜਾਵੇਗਾ, ਜਿਸ ਨਾਲ ਭਵਿੱਖ 'ਚ ਸੂਰਜੀ ਉਰਜਾ ਦੇ ਉਪਯੋਗ ਨੂੰ ਪ੍ਰੋਤਸਾਹਨ ਮਿਲੇਗਾ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਜਿਲ੍ਹਾ ਪ੍ਰਸ਼ਾਸਨ ਦਾ ਟੀਚਾ ਆਉਣ ਵਾਲੇ ਸਾਲਾਂ ਵਿੱਚ ਹੁਸ਼ਿਆਰਪੁਰ ਨੂੰ ਪੰਜਾਬ ਦਾ ਪਹਿਲਾ ਕਲਾਈਮੇਟ ਰੇਜ਼ੀਲੀਅੰਟ ਮਾਡਲ ਜਿਲ੍ਹਾ ਬਣਾਉਣ ਦਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਉਰਜਾ ਦੱਖਤਾ ਵਧੇਗੀ, ਕਾਰਬਨ ਉਤਸਰਜਨ ਵਿੱਚ ਕਮੀ ਆਵੇਗੀ ਅਤੇ ਵਾਤਾਵਰਣ ਸੁਰੱਖਿਆ ਨੂੰ ਨਵੀਂ ਦਿਸ਼ਾ ਮਿਲੇਗੀ।



# ਕੌਮੀ ਲੋਕ ਅਦਾਲਤ 13 ਦਸੰਬਰ ਨੂੰ : ਪ੍ਰਿਆ ਸੂਦ

**ਬਲਾਚੌਰ/ਬੰਗਾ (ਜਸਵਿੰਦਰ ਬੈਂਸ, ਅਵਤਾਰ ਕਲੇਰ)**- ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਅਤੇ ਮਾਣਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਦੇ ਪ੍ਰਾਪਤ ਹੁਕਮਾਂ ਤਹਿਤ ਜ਼ਿਲ੍ਹਾ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਸ੍ਰੀਮਤੀ ਪ੍ਰਿਆ ਸੂਦ ਵੱਲੋਂ ਦੱਸਿਆ ਕਿ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਨਿਰਦੇਸ਼ਾਂ ਅਨੁਸਾਰ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ , ਐੱਸ ਏੇਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਦਾਲਤੀ ਤੇ ਪ੍ਰੀ-ਲਿਟੀਗੇਟਿਵ ਪੜਾਅ ਤੇ ਆਏ ਰਾਜੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਨ ਲਈ ਜ਼ਿਲ੍ਹੇ 'ਚ 13 ਦਸੰਬਰ 2025 ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ । ਉਨ੍ਹਾਂ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਪੈਨਸ਼ਨ ਕੇਸ ਸਮੇਤ ਸੇਵਾਵਾਂ ਦੇ ਕੇਸ, ਜਮੀਨ ਗ੍ਰਹਿਣ ਦੇ ਕੇਸ, ਰੈਵਿਨਿਊ ਦੇ ਕੇਸ, ਬੀ.ਐਸ.ਐਨ.ਐਲ ਦੇ ਕੇਸ, ਬੀਮਾ ਕੰਪਨੀ ਦੇ ਨਾਲ ਸਬੰਧਤ ਕੇਸ, ਵਿੱਤੀ ਫਾਈਨਾਸ ਦੇ ਕੇਸ, ਧਾਰਾ 138 ਅਧੀਨ ਐੱਨ ਆਈ ਐਕਟ ਕੇਸ, ਪੈਸੇ ਦੀ ਵਸੂਲੀ ਦੇ ਕੇਸ, ਬੈਂਕ ਲੋਨ ਨਾਲ ਸਬੰਧਤ ਕੇਸ, ਪਾਣੀ ਦੇ ਬਿੱਲ, ਕ੍ਰਿਮੀਨਲ ਕਪਾਉਂਡੇਬਲ ਕੇਸ, ਚੈੱਕ ਬਾਉਂਸ ਨਾਲ ਸਬੰਧਿਤ ਕੇਸ, ਮੋਟਰ ਐਕਸੀਡੈਂਟ ਕਲੇਮ ਕੇਸ, ਟ੍ਰਿਬਿਊਨਲ ਨਾਲ ਸਬੰਧਿਤ ਕੇਸ, ਵਿਵਾਹਿਤ ਝਗੜੇ, ਟ੍ਰੈਫਿਕ ਚਲਾਨ, ਲੇਬਰ ਵਿਵਾਦ ਦੇ ਕੇਸ, ਜਨਤਕ ਉਪਯੋਗਤਾ ਸੇਵਾਵਾਂ ਨਾਲ ਸਬੰਧਤ ਵਿਵਾਦ ਜਿਵੇਂ ਕਿ ਬਿਜਲੀ ਅਤੇ ਪਾਣੀ ਦੇ ਬਿੱਲਾਂ ਦੇ ਕੇਸ ਅਤੇ ਹੋਰ ਰਾਜੀਨਾਮਾ ਯੋਗ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ ।



# ਸ੍ਰੀ ਹਨੂਮਤ ਆਈ ਐਮ ਟੀ ਨੇ ਸ਼ਬਦ ਗਾਇਨ ਮੁਕਾਬਲੇ 'ਚ ਹਾਸਲ ਕੀਤਾ ਤੀਜਾ ਸਥਾਨ

**ਗੁਰਾਇਆ (ਬਿੰਦਰ ਸੁੰਮਨ)**- ਸ੍ਰੀ ਹਨੂਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ) ਦੀ ਟੀਮ ਨੇ ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਪੀ ਟੀ ਯੂ) ਦੁਆਰਾ ਆਯੋਜਿਤ ਯੂਥ ਫੈਸਟੀਵਲ ਦੌਰਾਨ ਸ਼ਬਦ ਗਾਇਨ ਮੁਕਾਬਲੇ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਕਾਲਜ ਦੀ ਟੀਮ ਨੇ ਯੂਨੀਵਰਸਿਟੀ ਵਲੋਂ ਕਰਵਾਏ ਯੂਥ ਫੈਸਟੀਵਲ ਦੌਰਾਨ ਉੱਤਰੀ ਜ਼ੋਨ ਦੇ ਸ਼ਬਦ ਗਾਇਨ ਮੁਕਾਬਲੇ ਵਿੱਚ ਹਿੱਸਾ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਹ ਪ੍ਰਾਪਤੀ ਕੀਤੀ ਹੈ, ਜੋ ਕਿ ਉਨ੍ਹਾਂ ਦੇ ਵਿਦਿਅਕ ਅਦਾਰੇ ਲਈ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਕਾਲਜ ਟੀਮ ਦੇ ਮੈਂਬਰਾਂ ਬੀਬੀਏ ਭਾਗ-3 ਦੀ ਵਿਦਿਆਰਥਣ ਰਮਨੀਤ ਕੌਰ, ਬੀਸੀਏ ਭਾਗ-3 ਦੀ ਵਿਦਿਆਰਥਣ ਗੁਰਸ਼ਰਨ ਜੀਤ ਕੌਰ, ਬੀਸੀਏ ਭਾਗ-1 ਦੀ ਵਿਦਿਆਰਥਣ ਸਿਮਰਨਜੀਤ ਕੌਰ, ਬੀਐਚਐਮਸੀਟੀ ਭਾਗ-5 ਦੇ ਵਿਦਿਆਰਥੀ ਬਲਜੀਤ ਅਤੇ ਇਸੇ ਵਿਭਾਗ ਦੇ ਹਰਜੀਤ ਕੁਮਾਰ ਨੂੰ ਉਹਨਾਂ ਦੀ ਪ੍ਰਾਪਤੀ ਲਈ ਸ਼ੁੱਭ ਇੱਛਾਵਾਂ ਦਿੰਦਿਆਂ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਵੀ ਪ੍ਰੇਰਿਤ ਕੀਤਾ।




# ਕਿਸਾਨਾਂ ਦੇ ਮਸਲੇ ਹੱਲ ਕਰਣ ਲਈ 'ਆਪ ਕਿਸਾਨ ਵਿੰਗ' ਬੇਹਤਰੀਨ ਪਲੇਟਫਾਰਮ : ਚੱਬੇਵਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਚੱਬੇਵਾਲ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਚੱਬੇਵਾਲ ਦੇ ਪਾਰਟੀ ਦੇ ਕਿਸਾਨ ਵਿੰਗ ਦੇ ਮੈਂਬਰਾਂ ਨਾਲ ਇਕ ਅਹਿਮ ਬੈਠਕ ਕੀਤੀ, ਜਿਸ ਵਿਚ ਹੁਸ਼ਿਆਰਪੁਰ ਦੇ ਪਾਰਲੀਮੈਂਟ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਵੀ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਇਲਾਕੇ ਦੇ ਕਿਸਾਨਾਂ ਨੂੰ ਦਰਪੇਸ਼ ਸਮੱਸਿਆਵਾਂ, ਹਾਲੀਆ ਬਾਰਿਸ਼ਾਂ ਅਤੇ ਹੜ੍ਹਾਂ ਨਾਲ ਹੋਏ ਨੁਕਸਾਨ ਅਤੇ ਮੰਡੀਆਂ ਵਿਚ ਚਾਲ ਰਹੀ ਝੋਨੇ ਦੀ ਖਰੀਦ ਬਾਰੇ ਵਿਸਥਾਰ ਨਾਲ ਚਰਚਾ ਹੋਈ। ਮੀਟਿੰਗ ਦੌਰਾਨ ਡਾ. ਰਾਜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦਾ ਕਿਸਾਨ ਵਿੰਗ ਕਿਸਾਨਾਂ ਦੀ ਆਵਾਜ਼ ਹੈ, ਜੋ ਜ਼ਮੀਨੀ ਪੱਧਰ 'ਤੇ ਜਾ ਕੇ ਉਨ੍ਹਾਂ ਦੀਆਂ ਹਕੀਕਤੀ ਮੁਸ਼ਕਲਾਂ ਨੂੰ ਸਮਝਦਾ ਹੈ ਤੇ ਸਰਕਾਰ ਤੱਕ ਪਹੁੰਚਾਉਂਦਾ ਹੈ। ਵਿਧਾਇਕ ਡਾ. ਇਸ਼ਾਂਕ ਨੇ ਕਿਹਾ ਕਿ ਹੜ੍ਹ ਅਤੇ ਬਾਰਿਸ਼ ਕਾਰਨ ਚੱਬੇਵਾਲ ਖੇਤਰ ਦੇ ਕਿਸਾਨਾਂ ਦੀਆਂ ਵੀ ਫਸਲਾਂ ਨੁਕਸਾਨੀਆਂ ਗਈਆਂ ਸਨ। ਉਨ੍ਹਾਂ ਨੇ ਦੱਸਿਆ ਕਿ ਰਾਜ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਕਿਸਾਨਾਂ ਲਈ ਮੁਆਵਜ਼ੇ ਜਾਰੀ ਕਰਣ ਦੀ ਪ੍ਰਕਿਰਿਆ ਜਾਰੀ ਹੈ ਅਤੇ ਅਤੇ ਜਿਹੜੇ ਕਿਸਾਨਾਂ ਨੂੰ ਮੁਆਵਜ਼ਾ ਨਹੀਂ ਮਿਲਿਆ ਹੈ, ਉਹਨਾਂ ਤੱਕ ਵੀ ਸਹਾਇਤਾ ਰਕਮ ਜਲਦ ਪਹੁੰਚ ਜਾਵੇਗੀ । ਮੀਟਿੰਗ ਵਿੱਚ ਚੱਬੇਵਾਲ ਕਿਸਾਨ ਵਿੰਗ ਦੇ ਹਲਕਾ ਕੋਆਰਡੀਨੇਟਰ ਪਰਮਿੰਦਰ ਸਿੰਘ ਮਿੰਟੂ ਨੇ ਹੋਰਨਾਂ ਵਿੰਗ ਮੈਂਬਰਾਂ ਨਾਲ ਭਾਗ ਲਿਆ ਅਤੇ ਡਾ ਇਸ਼ਾਂਕ ਨਾਲ ਚੱਬੇਵਾਲ ਮੰਡੀਆਂ ਵਿੱਚ ਪੀਣ ਵਾਲੇ ਪਾਣੀ, ਸਫਾਈ, ਤੇ ਬਿਜਲੀ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਣ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ।



# ਸਕੂਲ ਕਰਮਚਾਰੀ ਭਲਕੇ ਕਰਨਗੇ ਵਿਸ਼ਾਲ ਰੈਲੀ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**- ਪੰਜਾਬ ਦੇ ਸਾਰੇ 484 ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਹਜ਼ਾਰਾਂ ਅਧਿਆਪਕ ਅਤੇ ਹੋਰ ਕਰਮਚਾਰੀ, ਹਜ਼ਾਰਾਂ ਪੈਨਸ਼ਨਰਾਂ ਦੇ ਨਾਲ, 1 ਨਵੰਬਰ ਨੂੰ ਤਰਨਤਾਰਨ ਦੇ ਗਾਂਧੀ ਪਾਰਕ ਰੇਲਵੇ ਰੋਡ 'ਤੇ ਇੱਕ ਵਿਸ਼ਾਲ ਰੋਸ਼ ਰੈਲੀ ਕਰਨਗੇ ਤਾਂ ਜੋ ਪੰਜਾਬ ਵਿੱਤ ਵਿਭਾਗ ਵੱਲੋਂ ਰਾਜ ਦੇ ਸਹਾਇਤਾ ਪ੍ਰਾਪਤ ਸਕੂਲ ਕਰਮਚਾਰੀਆਂ ਲਈ ਸੱਤ ਮਹੀਨਿਆਂ ਤੋਂ ਤਨਖਾਹਾਂ ਜਾਰੀ ਕਰਨ ਵਿੱਚ ਅਸਫਲ ਰਹਿਣ ਦੇ ਵਿਰੋਧ ਵਿੱਚ ਰੋਸ ਪ੍ਰਗਟ ਕੀਤਾ ਜਾ ਸਕੇ। ਰੈਲੀ ਤੋਂ ਬਾਅਦ, ਇਕੱਠੇ ਹੋਏ ਸਾਰੇ ਲੋਕ ਉੱਥੋਂ ਆਮ ਆਦਮੀ ਪਾਰਟੀ ਦਫਤਰ ਤੱਕ ਇੱਕ ਵਿਸ਼ਾਲ ਰੋਸ ਮਾਰਚ ਕਰਨਗੇ, ਜਿਸ ਵਿੱਚ ਰਾਜ ਸਰਕਾਰ ਤੋਂ ਸਹਾਇਤਾ ਪ੍ਰਾਪਤ ਸਕੂਲ ਕਰਮਚਾਰੀ ਵਿਰੋਧੀ ਪੱਤਰ ਵਾਪਸ ਲੈਣ ਅਤੇ ਇਨ੍ਹਾਂ ਸਕੂਲਾਂ ਨੂੰ ਤੁਰੰਤ ਗ੍ਰਾਂਟਾਂ ਜਾਰੀ ਕਰਨ ਦੀ ਜ਼ੋਰਦਾਰ ਮੰਗ ਕੀਤੀ ਜਾਵੇਗੀ। ਇਹ ਫੈਸਲਾ ਯੂਨੀਅਨ ਦੀ ਸੂਬਾ ਪੱਧਰੀ ਮੀਟਿੰਗ ਵਿੱਚ ਲਿਆ ਗਿਆ।ਇਹ ਗੱਲ ਧਿਆਨ ਦੇਣ ਯੋਗ ਹੈ ਕਿ ਵਿੱਤ ਵਿਭਾਗ ਦੇ ਆਡਿਟ ਕਾਰਨ, 1967 ਤੋਂ ਗ੍ਰਾਂਟ-ਇਨ-ਏਡ ਸਕੀਮ ਅਧੀਨ ਕੰਮ ਕਰ ਰਹੇ ਸਹਾਇਤਾ ਪ੍ਰਾਪਤ ਸਕੂਲ ਕਰਮਚਾਰੀਆਂ ਨੂੰ ਮਿਲਣ ਵਾਲੀਆਂ ਗ੍ਰਾਂਟਾਂ ਅਪ੍ਰੈਲ 2025 ਤੋਂ ਰੋਕ ਦਿੱਤੀਆਂ ਗਈਆਂ ਹਨ। ਸੱਤ ਮਹੀਨਿਆਂ ਤੋਂ ਗ੍ਰਾਂਟਾਂ ਜਾਰੀ ਨਾ ਹੋਣ ਕਾਰਨ ਹਜ਼ਾਰਾਂ ਸਹਾਇਤਾ ਪ੍ਰਾਪਤ ਸਕੂਲ ਕਰਮਚਾਰੀਆਂ ਦੀ ਵਿੱਤੀ ਸਥਿਤੀ ਵਿਗੜ ਗਈ ਹੈ। ਵੱਖ-ਵੱਖ ਮੰਤਰੀਆਂ ਅਤੇ ਵਿਭਾਗੀ ਅਧਿਕਾਰੀਆਂ ਨਾਲ ਵਾਰ-ਵਾਰ ਮੀਟਿੰਗਾਂ ਕਰਨ ਦੇ ਬਾਵਜੂਦ, ਤਰਨ ਤਾਰਨ ਹਲਕੇ ਦੇ ਕਰਮਚਾਰੀ ਮੰਤਰੀਆਂ ਤੋਂ ਗ੍ਰਾਂਟਾਂ ਜਾਰੀ ਕਰਵਾਉਣ ਦੇ ਆਪਣੇ ਯਤਨਾਂ ਵਿੱਚ ਅਸਫਲ ਰਹੇ ਹਨ।



# ਖੂਨਦਾਨ ਕੈਂਪ ਦਾ ਸਫਲ ਆਯੋਜਨ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਸੁਖਮਣੀ ਗਰੁੱਪ ਆਫ ਇੰਸਟੀਚਿਊਸ਼ਨਜ਼ (ਐੱਸ ਐੱਸ ਜੀ ਆਈ), ਡੇਰਾ ਬੱਸੀ ਵੱਲੋਂ ਪੀ ਜੀ ਆਈ ਐੱਮ ਈ ਆਰ ਚੰਡੀਗੜ੍ਹ ਤੇ ਐੱਚ ਡੀ ਐੱਫਸੀ. ਬੈਂਕ ਦੇ ਸਹਿਯੋਗ ਨਾਲ ਇੱਕ ਖੂਨਦਾਨ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਕੈਂਪ ਦੀ ਰਚਨਾ ਐੱਨ ਐੱਸ ਐੱਸ ਵਿੰਗ ਅਤੇ ਰੈੱਡ ਰਿਬਨ ਕਲੱਬ ਵੱਲੋਂ ਕੀਤੀ ਗਈ, ਜਿਸ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨੇ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ। ਕੈਂਪ ਦੌਰਾਨ 100 ਤੋਂ ਵੱਧ ਰਕਤਦਾਤਾਵਾਂ ਨੇ ਅੱਗੇ ਆ ਕੇ ਖੂਨਦਾਨ ਕੀਤਾ ਅਤੇ ਮਨੁੱਖਤਾ ਦੀ ਇਸ ਮਹਾਨ ਸੇਵਾ ਵਿੱਚ ਯੋਗਦਾਨ ਪਾਇਆ।

# ਯੂਥ ਫੈਸਟੀਵਲ 'ਚ ਐੱਸ ਡੀ ਕਾਲਜ ਦਾ ਪ੍ਰਦਰਸ਼ਨ ਸ਼ਾਨਦਾਰ

**ਸੁਲਤਾਨਪੁਰ ਲੋਧੀ (ਹਨੀ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਵਲੋਂ ਆਯੋਜਿਤ ਯੂਥ ਫੈਸਟੀਵਲ ਵਿਚ ਹਿੱਸਾ ਲੈਂਦਿਆਂ ਸਥਾਨਕ ਐਸ.ਡੀ .ਕਾਲਜ ਫਾਰ ਵੂਮੈਨ ਦਾ। ਪ੍ਰਦਰਸ਼ਨ ਸ਼ਾਨਦਾਰ ਰਿਹਾ । ਜੋਨ ਡੀ, ਵਿੱਚ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਵਿਦਿਆਰਥਣਾਂ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ । ਪੋਸਟਰ ਮੇਕਿੰਗ ਮੁਕਾਬਲੇ ਵਿਚ ਬੀ ਏ ਭਾਗ ਪਹਿਲਾ ਦੀ ਵਿਦਿਆਰਥਣ ਸ਼ਿਵਾਨੀ ਨੇ ਤੀਸਰੇ ਸਥਾਨ 'ਤੇ ਕਬਜ਼ਾ ਕੀਤਾ । ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਨੇ ਫੈਸਟੀਵਲ ਵਿਚ ਹਿੱਸਾ ਲੈਣ ਵਾਲੀਆਂ ਵਿਦਿਆਰਥਣਾਂ ਦੀ ਹੌਸਲਾ ਅਫਜਾਈ ਕੀਤੀ ਅਤੇ ਜੇਤੂ ਵਿਦਿਆਰਥਣ ਸ਼ਿਵਾਨੀ ਨੂੰ ਸਨਮਾਨਤ ਕੀਤਾ । ਇਸ ਮੌਕੇ ਮੈਡਮ ਰਜਿੰਦਰ ਕੌਰ, ਮੈਡਮ ਰਜਨੀ ਬਾਲਾ, ਮੈਡਮ ਰਾਜਬੀਰ ਕੌਰ, ਮੈਡਮ ਕਸ਼ਮੀਰ ਕੌਰ, ਮੈਡਮ ਰੀਟਾ, ਮੈਡਮ ਰਾਜਵਿੰਦਰ ਕੌਰ, ਮੈਡਮ ਹਰਲੀਨ ਕੌਰ, ਮੈਡਮ ਸੋਨਮਪ੍ਰੀਤ ਕੌਰ, ਮੈਡਮ ਜਸਵਿੰਦਰ ਕੌਰ, ਮੈਡਮ ਅਰਪਨਦੀਪ ਕੌਰ, ਮੈਡਮ ਅਮਨਪ੍ਰੀਤ ਕੌਰ, ਮੈਡਮ ਮਨਦੀਪ ਕੌਰ, ਮੈਡਮ ਸਲਵਿੰਦਰਜੀਤ ਕੌਰ ਆਦਿ ਸਟਾਫ਼ ਮੈਂਬਰ ਹਾਜਰ ਸਨ ।



# ਵਿਦਿਆਰਥੀਆਂ ਨੇ ਗੁਰਦੁਆਰਾ ਬੇਰ ਸਾਹਿਬ ਦੇ ਕੀਤੇ ਦਰਸ਼ਨ



**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਗੁਰਦੁਆਰਾ ਸ਼੍ਰੀ ਬੇਰ ਸਾਹਿਬ ਵਿਖੇ ਨਤਮਸਤਕ ਹੋਏ । ਪ੍ਰੀ ਪ੍ਰਾਈਮਰੀ ਤੋਂ ਲੈਕੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਪਵਿੱਤਰ ਸਥਾਨ ਦੇ ਦਰਸ਼ਨ ਕੀਤੇ ਅਤੇ ਵਾਹਿਗੁਰੂ ਦਾ ਆਸ਼ੀਰਵਾਦ ਲਿਆ। ਇਸ ਮੌਕੇ ਭਾਈ ਹਰਜਿੰਦਰ ਸਿੰਘ ਨੇ ਇਸ ਇਤਿਹਾਸਕ ਪਵਿੱਤਰ ਅਸਥਾਨ ਅਤੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਵਿਦਿਆਰਥੀਆਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਪ੍ਰਿੰਸੀਪਲ ਰੇਨੂੰ ਅਰੋੜਾ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਇਸ ਫੇਰੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਛੋਟੀ ਉਮਰ ਵਿੱਚ ਅਰਦਾਸ ਕਰਨ ਦੀ ਆਦਤ ਪਾਉਣਾ, ਸਰਵ ਸ਼ਕਤੀਮਾਨ ਦਾ ਆਸ਼ੀਰਵਾਦ ਪ੍ਰਾਪਤ ਕਰਨਾ ਅਤੇ ਇਹਨਾਂ ਪਵਿੱਤਰ ਸਥਾਨਾਂ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਸੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ, ਅਤੇ ਪ੍ਰਿੰਸੀਪਲ ਅਰੋੜਾ ਨੇ ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਨੂੰ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ।

# ਵਿਧਵਾ ਤੇ ਨਿਆਸ਼ਰਿਤ ਔਰਤਾਂ ਨੂੰ ਵਿੱਤੀ ਸਹਾਇਤਾ ਵਜੋਂ 693 ਕਰੋੜ ਦੀ ਰਾਸ਼ੀ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰੇਕ ਵਰਗ ਦੀ ਭਲਾਈ ਅਤੇ ਸਮਾਜਿਕ ਨਿਆਂ ਲਈ ਵਚਨਬੱਧ ਹੈ। ਇਸ ਕੜੀ ਵਿੱਚ ਸਰਕਾਰ ਵੱਲੋਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਆਰਥਿਕ ਸਹਾਰਾ ਤੇ ਜੀਵਨ ਵਿੱਚ ਸੁਖਾਲਾ ਲਿਆਉਣ ਵਾਸਤੇ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਸੇ ਤਹਿਤ, ਸਮਾਜਿਕ ਸੁਰੱਖਿਆ ਯੋਜਨਾ ਅਧੀਨ ਉਨ੍ਹਾਂ ਦੇ ਹਿੱਤ ਵਿੱਚ ਵੱਡੀ ਵਿੱਤੀ ਰਕਮ ਜਾਰੀ ਕੀਤੀ ਗਈ ਹੈ।ਇਹ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਚਾਲੂ ਵਿੱਤੀ ਸਾਲ ਦੌਰਾਨ ਪੰਜਾਬ ਸਰਕਾਰ ਵੱਲੋਂ ਹੁਣ ਤੱਕ ?693.04 ਕਰੋੜ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ।ਉਨ੍ਹਾਂ ਨੇ ਦੱਸਿਆ ਕਿ ਸੂਬੇ ਦੀਆਂ 6 ਲੱਖ 65 ਹਜ਼ਾਰ 994 ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਇਸ ਸਕੀਮ ਅਧੀਨ ਵਿੱਤੀ ਸਹਾਇਤਾ ਦਾ ਲਾਭ ਮਿਲ ਰਿਹਾ ਹੈ।

# ਤਿੰਨ ਰੋਜ਼ਾ ਬਲਾਕ ਪ੍ਰਾਇਮਰੀ ਸਕੂਲ ਖੇਡਾਂ ਸ਼ੁਰੂ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਦੇ ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸ੍ਰੀ ਅਨੰਦਪੁਰ ਸਾਹਿਬ ਬਲਾਕ ਦੀਆਂ ਤਿੰਨ ਰੋਜ਼ਾ ਪ੍ਰਾਇਮਰੀ ਖੇਡਾਂ ਸਥਾਨਕ ਸ੍ਰੀ ਮਾਰਸ਼ਲ ਆਰਟ ਅਕੈਡਮੀ ਵਿਖੇ ਸ਼ਾਨਦਾਰ ਤਰੀਕੇ ਨਾਲ ਸ਼ੁਰੂ ਹੋ ਗਈਆਂ ਜਿਸ ਦਾ ਰਸਮੀ ਉਦਘਾਟਨ ਜਿਲਾ ਸਿੱਖਿਆ ਅਫਸਰ ਸ਼ਮਸ਼ੇਰ ਸਿੰਘ ਵੱਲੋਂ ਕੀਤਾ ਗਿਆ। ਉਹਨਾਂ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਬੋਲਦਿਆਂ ਕਿਹਾ ਕਿ ਖੇਡਾਂ ਦਾ ਮਨੁੱਖੀ ਜੀਵਨ ਵਿੱਚ ਵੱਡਾ ਰੋਲ ਹੁੰਦਾ ਹੈ, ਇਸ ਲਈ ਅਧਿਆਪਕ ਸਿੱਖਿਆ ਦੇ ਨਾਲ ਨਾਲ ਹਰੇਕ ਵਿਦਿਆਰਥੀ ਦੀ ਖੇਡਾਂ ਵਿੱਚ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਤਾਂ ਜੋ ਵਿਦਿਆਰਥੀ ਦਾ ਸਰਵਪੱਖੀ ਵਿਕਾਸ ਹੋ ਸਕੇ। ਖੇਡਾਂ ਦੇ ਕਨਵੀਨਰ ਮਨਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਤਿੰਨ ਰੋਜ਼ਾ ਖੇਡਾਂ ਦੇ ਪਹਿਲੇ ਦਿਨ ਅਥਲੈਟਿਕ ਬੈਡਮਿੰਟਨ ਅਤੇ ਕੁਸ਼ਤੀ ਦੇ ਮੁਕਾਬਲੇ ਕਰਵਾਏ ਗਏ , 100 ਮੀਟਰ ਦੌੜ ਮੁੰਡਿਆਂ ਦੇ ਵਿੱਚ ਸੰਨੀ ਕੁਮਾਰ ਮਾਂਗੇਵਾਲ ਸੈਂਟਰ ਪਹਿਲੇ ਜੋਬਨਵੀਰ ਸਿੰਘ ਸ੍ਰੀ ਦਸਮੇਸ਼ ਅਕੈਡਮੀ ਦੂਸਰੇ ਜਦਕਿ ਪਰਮਪ੍ਰੀਤ ਸਿੰਘ ਅਪਰ ਥਲੂ ਤੀਸਰੇ ਸਥਾਨ ਤੇ ਰਿਹਾ, 100 ਮੀਟਰ ਕੁੜੀਆਂ ਦੇ ਵਿੱਚ ਸੰਜਨਾਦੀਪ ਕੌਰ ਆਦਰਸ਼ ਸਕੂਲ ਸੈਂਟਰ ਪਹਿਲੇ, ਸਿਮਰਨ ਕੁਮਾਰੀ ਲੋਧੀਪੁਰ, ਸ਼ਹਨੂਰ ਕੌਰ ਗੰਭੀਰਪੁਰ ਤੀਸਰੇ ਸਥਾਨ ਤੇ ਰਹੀ, 200 ਮੀਟਰ ਦੌੜ ਮੁੰਡਿਆਂ ਵਿੱਚ ਜੋਬਨਬੀਰ ਸਿੰਘ ਦਸਮੇਸ਼ ਅਕੈਡਮੀ ਪਹਿਲੇ, ਅਰੁਣ ਭਾਨੁਪਲੀ ਦੂਸਰੇ ਜਦ ਕਿ ਸੰਨੀ ਕੁਮਾਰ ਮਾਗੇਵਾਲ ਤੀਸਰੇ ਸਥਾਨ ਤੇ ਰਿਹਾ, 200 ਮੀਟਰ ਕੁੜੀਆਂ ਵਿੱਚ ਸੰਜਨਾ ਦੀਪ ਕੌਰ ਅਦਰਸ਼ ਸਕੂਲ ਪਹਿਲੇ, ਕਾਜਲ ਜਿੰਦਵੜੀ ਦੂਸਰੇ, ਸ਼ਹਿਨੂਰ ਗੰਭੀਰਪੁਰ ਤੀਸਰੇ ਸਥਾਨ ਤੇ ਰਹੀ, 600 ਮੀਟਰ ਮੁੰਡੇ ਰਘਵ ਸ਼ਰਮਾ ਰਾਮਪੁਰ ਜਜਰ ਪਹਿਲੇ, ਸਾਰਥਕ ਸਿੰਘ ਰਾਣਾ ਨਾਲੋਵਾਲ ਦੂਸਰੇ ਸਥਾਨ ਤੇ, ਲਵਪ੍ਰੀਤ ਸਿੰਘ ਜਿੰਦੜੀ ਤੀਸਰੇ ਸਥਾਨ ਤੇ ਰਿਹਾ, 600 ਮੀਟਰ ਕੁੜੀਆਂ ਵਿੱਚ ਖੁਸ਼ਪ੍ਰੀਤ ਕੌਰ ਢਾਹੇ ਪਹਿਲੇ ਸਥਾਨ ਤੇ, ਸ਼ਨੂਰ ਗੰਭੀਰਪਰ ਦੂਸਰੇ ਸਥਾਨ ਤੇ ਜਦ ਕੇ ਤੁਲਸੀ ਤੀਸਰੇ ਸਥਾਨ ਤੇ ਰਹੀ, ਗੋਲਾ ਸੁੱਟਣ ਮੁੰਡਿਆ ਦੇ ਮੁਕਾਬਲਿਆਂ ਵਿੱਚ ਸੰਨੀ ਕੁਮਾਰ ਮਾਂਗੇਵਾਲ ਪਹਿਲੇ, ਚੰਦਨ ਖਾਲਸਾ ਸਕੂਲ ਦੂਸਰੇ ਜਦਕਿ ਸ਼ਖਸਦੀਪ ਆਦਰਸ਼ ਸਕੂਲ ਤੇਸਰੇ ਸਥਾਨ ਤੇ ਰਿਹਾ, ਗੋਲਾ ਸੁੱਟਣ ਕੁੜੀਆਂ ਦੇ ਮੁਕਾਬਲੇ ਵਿੱਚ ਕਾਜਲ ਪਹਿਲੇ ਸਥਾਨ ਤੇ ਗੁਰਲੀਨ ਕੌਰ ਅਗੰਮਪੁਰ ਦੂਸਰੇ ਜਦ ਕੇ ਗੁਰਸੀਰਤ ਕੌਰ ਗੰਭੀਰਪੁਰ ਅੱਪਰ ਤੀਸਰੇ ਸਥਾਨ ਤੇ ਰਹੀ।ਇਸ ਮੌਕੇ ਕਮਲਜੀਤ ਕੌਰ, ਸੁਨੀਤਾ ਧਿਮਾਨ, ਨੀਲਮ ਪਾਮਾ, ਬਲਜਿੰਦਰ ਸਿੰਘ ਢਿੱਲੋਂ, ਕੁਲਦੀਪ ਸਿੰਘ ਪਰਮਾਰ, ਪਰਮਜੀਤ ਕੁਮਾਰ ਸੁਰਿੰਦਰ ਕਾਲੀਆ, ਜਸਕਰਨ ਸਿੰਘ, ਜਸਬੀਰ ਕੌਰ, ਜੋਗਾ ਸਿੰਘ ਅੰਮ੍ਰਿਤਪਾਲ ਸਿੰਘ, ਗੁਰਚਰਨ ਸਿੰਘ, ਅਵਤਾਰ ਸਿੰਘ ਭੱਠਲ, ਮਦਨ ਲਾਲ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।



# ਵਿਸ਼ਵ ਸਟ੍ਰੋਕ ਦਿਵਸ ਮਨਾਇਆ

**ਕਪੂਰਥਲਾ (ਮਨਜੀਤ ਮਾਨ)**- ਸਿਵਲ ਸਰਜਨ ਕਪੂਰਥਲਾ ਡਾ. ਸੰਜੀਵ ਭਗਤ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਵਿਖੇ ਵਿਸ਼ਵ ਸਟ੍ਰੋਕ ਦਿਵਸ ਮਨਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਨੇ ਦੱਸਿਆ ਕਿ ਵਿਸ਼ਵ ਸਟ੍ਰੋਕ ਦਿਵਸ ਮਨਾਉਣ ਦਾ ਮੁੱਖ ਮਕਸਦ ਲੋਕਾਂ ਨੂੰ ਸਟ੍ਰੋਕ ਦੇ ਸ਼ੁਰੂਆਤੀ ਲੱਛਣਾਂ ਦੀ ਪਛਾਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਬਾਰੇ ਜਾਣਕਾਰੀ ਦੇਣਾ ਸੀ। ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਟ੍ਰੋਕ ਮੌਤ ਅਤੇ ਅਸਮਰੱਥਤਾ ਦੇ ਮੁੱਖ ਕਾਰਨਾਂ 'ਚੋਂ ਇੱਕ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮੇਂ 'ਤੇ ਪਹਿਚਾਣ ਹੋ ਜਾਵੇ ਅਤੇ ਤੁਰੰਤ ਯੋਗ ਇਲਾਜ ਮਿਲ ਜਾਵੇ ਤਾਂ ਜੀਵਨ ਬਚਾਇਆ ਜਾ ਸਕਦਾ ਹੈ ਅਤੇ ਗੰਭੀਰ ਨੁਕਸਾਨ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਮੈਡੀਕਲ ਅਫਸਰ ਡਾ. ਮਿਲਾਪ ਸਿੰਘ ਨੇ ਸਟਾਫ ਅਤੇ ਆਏ ਹੋਏ ਮਰੀਜ਼ਾਂ 'ਤੇ ਆਮ ਲੋਕਾਂ ਨੂੰ ਸਟ੍ਰੋਕ ਤੋਂ ਬਚਾਅ ਅਤੇ ਇਸ ਦੇ ਸਮੇਂ-ਸਿਰ ਇਲਾਜ ਸੰਬੰਧੀ ਵਿਸਥਾਰ ਨਾਲ ਦੱਸਿਆ।ਸਟ੍ਰੋਕ ਉਸ ਵੇਲੇ ਹੁੰਦਾ ਹੈ ਜਦੋਂ ਦਿਮਾਗ ਨੂੰ ਖੂਨ ਦੀ ਸਪਲਾਈ ਰੁਕ ਜਾਂਦੀ ਹੈ ਜਾਂ ਘਟ ਜਾਂਦੀ ਹੈ, ਜਿਸ ਨਾਲ ਦਿਮਾਗੀ ਕੋਸ਼ਿਕਾਵਾਂ ਨੂੰ ਨੁਕਸਾਨ ਪਹੁੰਚਦਾ ਹੈ।



# ਪ੍ਰਕਾਸ਼ ਦਿਹਾੜੇ ਸੰਬੰਧੀ ਪ੍ਰਭਾਤ ਫੇਰੀਆਂ ਸ਼ੁਰੂ

**ਅੱਡਾ ਸਰਾਂ (ਜਸਵੀਰ ਕਾਜਲ)**- ਪਹਿਲੀ ਪਾਤਸ਼ਾਹੀ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ 556 ਸਾਲਾਂ ਪ੍ਰਕਾਸ਼ ਦਿਹਾੜੇ ਸਬੰਧੀ ਪਿੰਡ ਕੰਧਾਲਾ ਜੱਟਾਂ ਵਿਖੇ ਪ੍ਰਬੰਧਕ ਕਮੇਟੀ ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਚੜ੍ਹਦੀ ਪੱਤੀ ਵੱਲੋਂ ਸਮੂਹ ਨਗਰ ਨਿਵਾਸੀ ਸਾਧ ਸੰਗਤ ਤੇ ਐੱਨ ਆਰ ਆਈ ਸਾਧ ਸੰਗਤ ਦੇ ਸਹਿਯੋਗ ਨਾਲ ਪਹਿਲੀ ਪ੍ਰਭਾਤ ਫੇਰੀ ਦੀ ਆਰੰਭਤਾ ਕੀਤੀ ਗਈ।ਪ੍ਰਭਾਤ ਫੇਰੀ ਦੀ ਆਰੰਭਤਾ ਅੰਮ੍ਰਿਤ ਵੇਲੇ 4 ਵਜੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਕੀਤੀ ਗਈ। ਪ੍ਰਭਾਤ ਫੇਰੀ ਵਿੱਚ ਵੱਖ-ਵੱਖ ਪੜਾਵਾਂ ਵਿੱਚ ਸੇਵਕਾਂ ਵੱਲੋਂ ਚਾਹ, ਪਕੌੜੇ, ਮਠਿਆਈਆਂ ਦੇ ਲੰਗਰ ਲਗਾਏ ਗਏ। ਪ੍ਰਕਾਸ਼ ਦਿਹਾੜਾ ਮਨਾਉਣ ਸਬੰਧੀ ਬਾਬਾ ਅਵਤਾਰ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਚੜ੍ਹਦੀ ਪੱਤੀ, ਕਮੇਟੀ ਪ੍ਰਧਾਨ ਗੁਰਵਿੰਦਰ ਸਿੰਘ ਗਿੱਤਾ, ਇੰਦਰਜੀਤ ਸਿੰਘ ਧਾਲੀਵਾਲ, ਮਨਜੀਤ ਸਿੰਘ ਸੈਕਰਟਰੀ ,ਮਨਜੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਧਾਲੀਵਾਲ ਅਤੇ ਪ੍ਰਬੰਧਕ ਸੇਵਾਦਾਰਾਂ ਪ੍ਰੋਗਰਾਮਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ 3 ਨਵੰਬਰ ਤੱਕ 5 ਪ੍ਰਭਾਤ ਫੇਰੀਆਂ ਕੱਢੀਆਂ ਜਾਣਗੀਆਂ, 3 ਨਵੰਬਰ ਸਵੇਰੇ 10 ਵਜੇ ਸ੍ਰੀ ਆਖੰਡ ਪਾਠ ਆਰੰਭ ਕੀਤੇ ਜਾਣਗੇ,5 ਨਵੰਬਰ ਨੂੰ ਭੋਗ ਪਾਉਣ ਉਪਰੰਤ ਕਾਕਾ ਮਨਰਾਜ ਸਿੰਘ ਧਾਲੀਵਾਲ ਅਤੇ ਕਾਕਾ ਸਾਹਿਜਪਾਲ ਸਿੰਘ ਧਾਲੀਵਾਲ ਦਾ ਕੀਰਤਨੀ ਜੱਥਾ , ਭਾਈ ਇੰਦਰਜੀਤ ਸਿੰਘ ਕਵੀਸ਼ਰ ਜਥਾ ਅਤੇ ਸਾਥੀ ਕੰਧਾਲਾ ਜੱਟਾਂ ਵਾਲੇ, ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕਰੇਗਾ । ਗੁਰੂ ਦਾ ਲੰਗਰ ਅਤੁੱਟ ਵਰਤੇਗਾ । ਸਵੇਰੇ 11 ਵਜੇ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਜਾਵੇਗਾ। ਜਿਸ ਵਿੱਚ ਸੰਤ ਬਾਬਾ ਮੱਖਣ ਸਿੰਘ ਜੀ ਮਹਾਂਪੁਰਸ਼ ਦਰੀਏ ਵਾਲੇ ਕੱਥਾ ਨਾਲ ਅਤੇ ਜੱਥੇਦਾਰ ਉਂਕਾਰ ਸਿੰਘ ਮਾਨ ਦਾ ਇੰਟਰਨੈਸ਼ਨਲ ਢਾਡੀ ਜੱਥਾ ਢਾਡੀ ਵਾਰਾਂ ਨਾਲ ਸੰਗਤਾਂ ਨਿਹਾਲ ਕਰਨਗੇ ਅਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਿਓਰੇ ਤੇ ਝਾਤ ਪਾ ਕੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨਗੇ।



# ਵਿਜੀਲੈਂਸ ਜਾਗਰੂਕਤਾ ਹਫਤਾ ਤਹਿਤ ਵਿਸ਼ੇਸ਼ ਸੈਮੀਨਾਰ

**ਫਗਵਾੜਾ (ਡਾ ਰਮਨ)**- ਮੁੱਖ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ ਦੇ ਹੁਕਮ ਅਨੁਸਾਰ ਤੇ ਹਰਪ੍ਰੀਤ ਸਿੰਘ, ਐੱਸ ਐੱਸ ਪੀ ਵਿਜੀਲੈਂਸ ਬਿਊਰੋ, ਰੇਂਜ ਜਲੰਧਰ ਦੇ ਦਿਸ਼ਾ ਨਿਰਦੇਸ਼ਾ ਤਹਿਤ ਵਿਜੀਲੈਂਸ ਬਿਊਰੋ, ਯੂਨਿਟ ਕਪੂਰਥਲਾ ਵੱਲੋ 27 ਅਕਤੂਬਰ ਤੋਂ 2 ਨਵੰਬਰ ਤੱਕ ਵਿਜੀਲੈਸ ਜਾਗਰੂਕ ਹਫਤਾ ਮਨਾਇਆ ਜਾ ਰਿਹਾ ਹੈ ਜਿਸ ਸਬੰਧੀ ਪੀਰਾਮਿਡ ਕਾਲਜ ਜੀ ਟੀ ਰੋਡ ਫਗਵਾੜਾ ਵਿਖੇ ਭ੍ਰਿਸ਼ਟਾਚਾਰ ਨੂੰ ਰੋਕਣ ਸੰਬੰਧੀ ਆਮ ਪਬਲਿਕ ਨੂੰ ਜਾਗਰੂਕ ਕਰਨ ਲਈ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਵਿਵੇਕ ਮਿੱਤਲ ਡਾਇਰੈਕਟਰ ਪੀਰਾਮਿਡ ਕਾਲਜ, ਜੋਗਿੰਦਰ ਪਾਲ ਡੀ.ਐਸ.ਪੀ. ਵਿਜੀਲੈਂਸ ਬਿਊਰੋ, ਕਪੂਰਥਲਾ, ਰਾਕੇਸ਼ ਕੁਮਾਰ ਮਹਾਜਨ ਐਚ.ਓ.ਡੀ, ਰਵਿੰਦਰ ਰਾਏ ਡਿਪਟੀ ਡੀ.ਏ ਫਗਵਾੜਾ, ਗੁਰਦੀਪ ਸਿੰਘ, ਇੰਸਪੈਕਟਰ ਪ੍ਰੀਤੀ ,ਵਿਜੀਲੈਂਸ ਬਿਊਰੋ, ਕਪੂਰਥਲਾ ਵਿਜੀਲੈਂਸ ਬਿਊਰੋ, ਕਪੂਰਥਲਾ ਦੇ ਸਮੂਹ ਕਰਮਚਾਰੀ ਅਤੇ ਕਾਲਜ ਦੇ ਪ੍ਰੋਫੈਸਰ ਅਤੇ ਵਿਦਿਆਰਥੀ ਸ਼ਾਮਲ ਹੋਏ ਇਸ ਤੋ ਇਲਾਵਾ ਸਮਾਗਮ ਵਿੱਚ ਆਏ ਕਾਲਜ ਦੇ ਪ੍ਰੋਫੈਸਰਾ ਅਤੇ ਵਿਦਿਆਰਥੀਆ ਨੂੰ ਭ੍ਰਿਸ਼ਟਾਚਾਰ ਰੋਕਣ ਸਬੰਧੀਂ ਜਾਗਰੂਕ ਕੀਤਾ ਗਿਆ।

# ਰਿਆਤ ਬਾਹਰਾ ਪ੍ਰੋਫੈਸ਼ਨਲ 'ਵਰਸਿਟੀ 'ਚ 'ਹੋਪਸ-2025' ਅੰਤਰਰਾਸ਼ਟਰੀ ਕਾਨਫਰੰਸ ਸੰਪੰਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ ਫਾਰਮਾਸਿਊਟਿਕਲ ਸਾਇੰਸਜ਼ ਵੱਲੋਂ 'ਹੋਪਸ-2025' ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ ਗਿਆ।ਕਾਨਫਰੰਸ ਦੀ ਸ਼ੁਰੂਆਤ ਡਾ. ਮਨਿੰਦਰ ਪਾਲ ਸਿੰਘ, ਡਾਇਰੈਕਟਰ-ਪ੍ਰਿੰਸੀਪਲ ਅਤੇ ਕਨਵੀਨਰ ਦੇ ਸਵਾਗਤੀ ਸੰਬੋਧਨ ਨਾਲ ਹੋਈ। ਉਨ੍ਹਾਂ ਦੱਸਿਆ ਕਿ ਇਹ ਸਮਾਗਮ ਇੰਡਿਅਨ ਫਾਰਮੇਸੀ ਗ੍ਰੈਜੂਏਟਸ ਐਸੋਸੀਏਸ਼ਨ (ਆਈ ਪੀ ਜੀ ਏ), ਪੰਜਾਬ ਸਟੇਟ ਬ੍ਰਾਂਚ ਦੇ ਸਹਿਯੋਗ ਨਾਲ ਹੋਇਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪ੍ਰੋ. (ਡਾ.) ਰਾਜੀਵ ਸੂਦ, ਵਾਈਸ ਚਾਂਸਲਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼, ਫਰੀਦਕੋਟ, ਮੌਜੂਦ ਸਨ, ਜਦਕਿ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਗੁਰਵਿੰਦਰ ਸਿੰਘ ਬਾਹਰਾ ਨੇ ਆਪਣੇ ਸੰਬੋਧਨ ਵਿੱਚ ਅਨੁਸੰਧਾਨ, ਨਵਚੇਤਨਾ ਅਤੇ ਵਿਭਾਗੀ ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਫਾਰਮਾਸਿਊਟਿਕਲ ਸਿੱਖਿਆ ਅਤੇ ਹੈਲਥ ਸਿਸਟਮ ਨੂੰ ਮਜ਼ਬੂਤ ਬਣਾਉਣ ਲਈ ਗਲੋਬਲ ਐਕਸੀਲੈਂਸ ਦੀ ਦਿਸ਼ਾ ਵਿੱਚ ਅੱਗੇ ਵਧ ਰਹੀ ਹੈ।ਡਾ. ਚੰਦਰ ਮੋਹਨ ਨੇ ਆਯੋਜਕ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੰਚ ਵਿਗਿਆਨਕ ਅਦਾਨ-ਪ੍ਰਦਾਨ ਅਤੇ ਨਵੇਂ ਵਿਚਾਰਾਂ ਦੇ ਵਿਕਾਸ ਲਈ ਪ੍ਰਭਾਵਸ਼ਾਲੀ ਮੌਕਾ ਪ੍ਰਦਾਨ ਕਰਦੇ ਹਨ।ਸਮਾਗਮ ਵਿੱਚ ਆਈਪੀਜੀਏ ਪੰਜਾਬ ਸਟੇਟ ਬ੍ਰਾਂਚ ਦੇ ਪ੍ਰਧਾਨ ਪ੍ਰੋ. (ਡਾ.) ਸੁਰੇਸ਼ ਕੁਮਾਰ ਅਤੇ ਜਨਰਲ ਸਕੱਤਰ ਪ੍ਰੋ. (ਡਾ.) ਬਲਜੀਤ ਸਿੰਘ ਖੁਰਾਨਾ ਆਪਣੀ ਪੂਰੀ ਟੀਮ ਸਮੇਤ ਮੌਜੂਦ ਸਨ।ਪਲੇਨਰੀ ਸੈਸ਼ਨਾਂ ਵਿੱਚ ਦੇਸ਼ ਤੇ ਵਿਦੇਸ਼ ਦੇ ਪ੍ਰਸਿੱਧ ਵਿਦਵਾਨਾਂ ਨੇ ਵਿਚਾਰ ਸਾਂਝੇ ਕੀਤੇ।




# ਪੰਜਾਬ 'ਚ 1,400 ਕਰੋੜ ਦਾ ਨਿਵੇਸ਼ ਕਰੇਗੀ ਫਾਰਮਾਸਿਊਟੀਕਲਜ਼ ਕੰਪਨੀ : ਸੰਜੀਵ ਅਰੋੜਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਸਾਲਾਨਾ 2300 ਕਰੋੜ ਰੁਪਏ ਦੇ ਟਰਨਓਵਰ ਵਾਲੀ ਕੰਪਨੀ ਆਈ ਓ ਐੱਲ ਕੈਮੀਕਲਜ਼ ਐਂਡ ਫਾਰਮਾਸਿਊਟੀਕਲਜ਼ ਲਿਮਟਿਡ ਪੰਜਾਬ ਵਿੱਚ 1,400 ਕਰੋੜ ਰੁਪਏ ਦਾ ਨਿਵੇਸ਼ ਕਰਨ ਜਾ ਰਹੀ ਹੈ। ਕੰਪਨੀ ਨੇ ਜ਼ਿਲ੍ਹਾ ਬਰਨਾਲਾ ਦੇ ਪਿੰਡ ਬਡਬਰ ਵਿੱਚ ਇੱਕ ਨਵੀਂ ਐਕਟਿਵ ਫਾਰਮਾਸਿਊਟੀਕਲ ਇੰਗਰੀਡੀਐਂਟ (ਏ.ਪੀ.ਆਈ.) ਨਿਰਮਾਣ ਸਹੂਲਤ ਸਥਾਪਤ ਕਰਨ ਦੀ ਯੋਜਨਾ ਬਣਾਈ ਹੈ। ਇਸ ਸਹੂਲਤ ਨਾਲ 2,000 ਪੰਜਾਬੀਆਂ ਨੂੰ ਰੁਜ਼ਗਾਰ ਦੇ ਮੌਕੇ ਮਿਲਣਗੇ। ਮੀਡੀਆ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਲਈ ਵਾਤਾਵਰਣ ਸਬੰਧੀ ਪ੍ਰਵਾਨਗੀ ਮਿਲ ਗਈ ਹੈ ਅਤੇ ਸਹੂਲਤ ਸਥਾਪਤ ਕਰਨ ਲਈ ਜ਼ਮੀਨ ਕੰਪਨੀ ਦੇ ਕਬਜ਼ੇ ਅਧੀਨ ਹੈ। ਆਈ.ਓ.ਐਲ. ਕੈਮੀਕਲਜ਼ ਐਂਡ ਫਾਰਮਾਸਿਊਟੀਕਲਜ਼ ਲਿਮਟਿਡ ਭਾਰਤ ਦੇ ਮੋਹਰੀ ਐਕਟਿਵ ਫਾਰਮਾਸਿਊਟੀਕਲ ਇੰਗ੍ਰੇਡੀਐਂਟਸ (ਏ.ਪੀ.ਆਈ.) ਅਤੇ ਵਿਸ਼ੇਸ਼ ਰਸਾਇਣ ਨਿਰਮਾਤਾਵਾਂ ਵਿੱਚੋਂ ਇੱਕ ਹੈ। ਇਹ ਕੰਪਨੀ ਦਰਦ, ਬੁਖਾਰ ਅਤੇ ਸੋਜ ਦੇ ਇਲਾਜ ਲਈ ਵਿਆਪਕ ਤੌਰ ਤੇ ਵਰਤੀ ਜਾਂਦੀ ਨਾਲ-ਸਟੀਰੌਇਡਲ ਐਂਟੀ-ਇਨਫਲੇਮੇਟਰੀ ਡਰੱਗ (ਐਨ.ਐਸ.ਏ.ਆਈ.ਡੀ.) ਆਈਬਿਊਪ੍ਰੋਫੇਨ ਬਣਾਉਣ ਵਾਲੀ ਦੁਨੀਆ ਦੀ ਸਭ ਤੋਂ ਵੱਡੀ ਨਿਰਮਾਤਾ ਕੰਪਨੀ ਵੀ ਹੈ।



## ਜਨਮ ਦਿਨ ਮੁਬਾਰਕ



ਗੌਰੀਸ਼ ਵਰਮਾ, ਜਲੰਧਰ